ਵੀਰਵਾਰ, 23 ਜੁਲਾਈ, 2026
8 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 52

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 23 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

# ਵਕਤ ਨਾ ਬਰਬਾਦ ਕਰੋ, ਅਸੀਂ ਵੀਡੀਓ ਨਹੀਂ ਦੇਖਣੀਆਂ : ਚੀਫ ਜਸਟਿਸ

## ਦਿੱਲੀ 'ਚ ਪੁਲਸ ਜਬਰ ਖ਼ਿਲਾਫ਼ ਪਟੀਸ਼ਨ 'ਤੇ ਫੌਰੀ ਸੁਣਵਾਈ ਤੋਂ ਨਾਂਹ



**ਨਵੀਂ ਦਿੱਲੀ (ਨ ਜ਼ ਸ) :** ਸੰਸਦ ਵੱਲ ਮਾਰਚ ਦੌਰਾਨ ਵਿਦਿਆਰਥੀਆਂ 'ਤੇ ਪੁਲਸ ਕਾਰਵਾਈ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਨੂੰ ਤੁਰੰਤ ਸੂਚੀਬੱਧ ਕਰਨ ਦੀ ਬੇਨਤੀ ਨੂੰ ਸੁਪਰੀਮ ਕੋਰਟ ਨੇ ਬੁੱਧਵਾਰ ਠੁਕਰਾ ਦਿੱਤਾ। ਇਹ ਮਾਮਲਾ ਚੀਫ ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਤੇ ਜਸਟਿਸ ਵੀ. ਮੋਹਨਾ ਦੀ ਬੈਂਚ ਅੱਗੇ ਰੱਖਿਆ ਗਿਆ ਸੀ।

ਵਕੀਲ ਨੇ ਕਿਹਾ, 'ਮੇਰੇ ਕੋਲ ਪੁਲਸ ਦੀ ਬੇਰਹਿਮੀ ਬਾਰੇ ਵੀਡੀਓ ਵੀ ਹਨ... ਜੇ ਇਸ ਨੂੰ ਕੱਲ੍ਹ (ਵੀਰਵਾਰ) ਸੂਚੀਬੱਧ ਕੀਤਾ ਜਾ ਸਕੇ... ਵਿਦਿਆਰਥੀ ਉੱਥੇ ਹਨ।' ਉਨ੍ਹਾ ਕਿਹਾ ਕਿ ਪ੍ਰਦਰਸ਼ਨ ਦੌਰਾਨ ਵਿਦਿਆਰਥੀਆਂ ਨਾਲ ਪੁਲਸ ਵੱਲੋਂ ਬੇਰਹਿਮੀ ਕੀਤੀ ਗਈ ਅਤੇ ਹੋਰ ਕਿਹਾ ਕਿ ਪਟੀਸ਼ਨ ਵਿੱਚ ਤਿੰਨ ਅਰਜ਼ੋਈਆਂ ਸ਼ਾਮਲ ਹਨ।

ਚੀਫ ਜਸਟਿਸ ਨੇ ਕਿਹਾ ਕਿ ਬੈਂਚ ਮੈਨਸ਼ਨਿੰਗ ਪੜਾਅ 'ਤੇ ਵੀਡੀਓ ਫੁਟੇਜ਼ ਦੀ ਜਾਂਚ ਕਰਨ ਲਈ ਤਿਆਰ ਨਹੀਂ। ਉਨ੍ਹਾਂ ਕਿਹਾ, 'ਸਾਨੂੰ ਵੀਡੀਓਜ਼ ਵਿੱਚ ਕੋਈ ਦਿਲਚਸਪੀ ਨਹੀਂ, ਸਾਡੇ ਕੋਲ ਦੇਖਣ ਦਾ ਸਮਾਂ ਨਹੀਂ... ਅਸੀਂ ਵੀਡੀਓ ਨਹੀਂ ਦੇਖਣਾ ਚਾਹੁੰਦੇ।' ਜਦੋਂ ਵਕੀਲ ਨੇ ਦੁਹਰਾਇਆ ਕਿ ਵਿਦਿਆਰਥੀਆਂ ਦੀ ਕੁੱਟਮਾਰ ਕੀਤੀ ਗਈ ਹੈ ਅਤੇ ਦੁਬਾਰਾ ਵੀਡੀਓ ਸਬੂਤਾਂ ਦਾ ਹਵਾਲਾ ਦਿੱਤਾ, ਤਾਂ ਚੀਫ ਜਸਟਿਸ ਨੇ ਕਿਹਾ, 'ਸਾਡਾ ਸਮਾਂ ਬਰਬਾਦ ਨਾ ਕਰੋ। ਅਸੀਂ ਕੋਈ ਵੀ ਵੀਡੀਓ ਨਹੀਂ ਦੇਖਣਾ ਚਾਹੁੰਦੇ।'

ਬੁਧਵਾਰ 650 ਤੋਂ ਵੱਧ ਵਕੀਲਾਂ ਨੇ ਇੱਕ ਬਿਆਨ ਜਾਰੀ ਕਰਕੇ ਵਿਦਿਆਰਥੀ ਮਾਰਚ 'ਤੇ ਪੁਲਸ ਦੀ ਕਾਰਵਾਈ ਨੂੰ ਸੰਵਿਧਾਨਕ ਕਦਰਾਂ-ਕੀਮਤਾਂ 'ਤੇ ਹਮਲਾ ਦੱਸਿਆ ਅਤੇ ਸੁਪਰੀਮ ਕੋਰਟ ਬਾਰ ਐਸੋਸੀਏਸ਼ਨ ਨੇ ਪੁਲਸ ਕਾਰਵਾਈ ਦੀ ਨਿਰਪੱਖ ਅਤੇ ਸਮਾਂਬੱਧ ਜਾਂਚ ਦੀ ਮੰਗ ਕੀਤੀ, ਭਾਵੇਂ ਕਿ ਸੁਪਰੀਮ ਕੋਰਟ ਨੇ ਪੁਲਸ ਕਾਰਵਾਈ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਤੁਰੰਤ ਸੁਣਵਾਈ ਤੋਂ ਇਨਕਾਰ ਕਰ ਦਿੱਤਾ, ਕਿਉਂਕਿ ਦਿੱਲੀ ਹਾਈ ਕੋਰਟ ਇਸਦੀ ਪਹਿਲਾਂ ਹੀ ਸੁਣਵਾਈ ਕਰ ਰਹੀ ਹੈ।

ਸੀਨੀਅਰ ਵਕੀਲਾਂ ਸਮੇਤ 650 ਤੋਂ ਵੱਧ ਵਕੀਲਾਂ ਦੇ ਸਮੂਹ ਨੇ ਪ੍ਰਦਰਸ਼ਨਕਾਰੀਆਂ ਨਾਲ ਇਕਜੁੱਟਤਾ ਪ੍ਰਗਟ ਕੀਤੀ ਅਤੇ ਅਧਿਕਾਰੀਆਂ ਨੂੰ ਜ਼ੋਰ ਦੇ ਕੇ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਜ਼ਿਆਦਾ ਤਾਕਤ ਦੀ ਵਰਤੋਂ ਲਈ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹ ਬਣਾਉਣ। ਸੁਪਰੀਮ ਕੋਰਟ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੀਨੀਅਰ ਵਕੀਲ ਵਿਕਾਸ ਸਿੰਘ ਨੇ ਕਿਹਾ ਕਿ ਪੁਲਸ ਕਾਰਵਾਈ ਨਾਲ ਕਈ ਵਿਦਿਆਰਥੀ ਅਤੇ ਕਾਨੂੰਨੀ ਭਾਈਚਾਰੇ ਦੇ ਮੈਂਬਰ ਜ਼ਖਮੀ ਹੋਏ ਹਨ, ਜਿਨ੍ਹਾਂ ਵਿੱਚ ਐਸੋਸੀਏਸ਼ਨ ਦੇ ਮੈਂਬਰ ਵੀ ਸ਼ਾਮਲ ਹਨ। ਐਸੋਸੀਏਸ਼ਨ ਦੇ ਸਕੱਤਰ ਪ੍ਰੱਗਿਆ ਬਘੇਲ ਵੱਲੋਂ ਜਾਰੀ ਮਤੇ ਵਿੱਚ ਕਿਹਾ ਗਿਆ ਹੈ, "ਸ਼ਾਂਤਮਈ ਵਿਦਿਆਰਥੀਆਂ ਅਤੇ ਬਾਰ ਦੇ ਮੈਂਬਰਾਂ ਵਿਰੁੱਧ ਬੇਹਿਸਾਬੀ ਤਾਕਤ ਦੀ ਵਰਤੋਂ ਬਹੁਤ ਪਰੇਸ਼ਾਨ ਕਰਨ ਵਾਲੀ ਹੈ ਅਤੇ ਇੱਕ ਲੋਕਤੰਤਰੀ ਸਮਾਜ ਵਿੱਚ ਪੂਰੀ ਤਰ੍ਹਾਂ ਅਸਵੀਕਾਰਨਯੋਗ ਹੈ।"

ਬਾਰ ਬਾਡੀ ਨੇ ਸੰਬੰਧਤ ਅਧਿਕਾਰੀਆਂ ਨੂੰ ਇਸ ਘਟਨਾ ਦੀ ਤੁਰੰਤ, ਨਿਰਪੱਖ ਅਤੇ ਸਮਾਂਬੱਧ ਜਾਂਚ ਕਰਨ, ਜ਼ਿਆਦਾ ਤਾਕਤ ਦੀ ਵਰਤੋਂ ਲਈ ਜ਼ਿੰਮੇਵਾਰ ਲੋਕਾਂ ਦੀ ਪਛਾਣ ਕਰਨ ਅਤੇ ਕਾਨੂੰਨ ਅਨੁਸਾਰ ਢੁਕਵੀਂ ਕਾਰਵਾਈ ਸ਼ੁਰੂ ਕਰਨ ਦੀ ਅਪੀਲ ਕੀਤੀ।

ਇਸਨੇ ਅਧਿਕਾਰੀਆਂ ਨੂੰ ਸਾਰੇ ਜ਼ਖਮੀ ਵਿਦਿਆਰਥੀਆਂ ਅਤੇ ਕਾਨੂੰਨੀ ਭਾਈਚਾਰੇ ਦੇ ਮੈਂਬਰਾਂ ਲਈ ਢੁਕਵੇਂ ਡਾਕਟਰੀ ਇਲਾਜ ਅਤੇ ਸਹਾਇਤਾ ਨੂੰ ਯਕੀਨੀ ਬਣਾਉਣ ਦੀ ਮੰਗ ਵੀ ਕੀਤੀ, ਨਾਲ ਹੀ ਅਜਿਹੀਆਂ ਘਟਨਾਵਾਂ ਨੂੰ ਦੁਬਾਰਾ ਨਾ ਹੋਣ ਤੋਂ ਰੋਕਣ ਲਈ ਜ਼ਰੂਰੀ ਕਦਮ ਚੁੱਕਣ ਦੀ ਮੰਗ ਕੀਤੀ। ਮਤੇ ਵਿੱਚ ਕਿਹਾ ਗਿਆ ਹੈ : ਐਸੋਸੀਏਸ਼ਨ ਸਾਰੇ ਜ਼ਖਮੀਆਂ ਨਾਲ ਏਕਤਾ ਵਿੱਚ ਖੜ੍ਹੀ ਹੈ ਅਤੇ ਸੰਵਿਧਾਨਕ ਅਧਿਕਾਰਾਂ, ਮਨੁੱਖੀ ਸਨਮਾਨ ਅਤੇ ਕਾਨੂੰਨ ਦੇ ਰਾਜ ਦੀ ਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੀ ਹੈ।

## ਸਰਕਾਰ ਵੱਲੋਂ ਚਰਚਾ ਦੀ ਪੇਸ਼ਕਸ਼, ਆਪੋਜ਼ੀਸ਼ਨ ਸਿੱਖਿਆ ਮੰਤਰੀ ਦੇ ਅਸਤੀਫੇ 'ਤੇ ਅੜੀ

**ਨਵੀਂ ਦਿੱਲੀ :** ਪੇਪਰ ਲੀਕ ਮੁੱਦੇ 'ਤੇ ਵਿਰੋਧੀ ਧਿਰ ਦੇ ਹਮਲੇ ਦੇ ਵਿਚਕਾਰ ਸਰਕਾਰ ਨੇ ਬੁੱਧਵਾਰ ਕਿਹਾ ਕਿ ਉਹ ਇਸ ਮਾਮਲੇ 'ਤੇ ਲੋਕ ਸਭਾ ਵਿੱਚ ਵਿਸਤ੍ਰਿਤ ਚਰਚਾ ਕਰਨ ਲਈ ਤਿਆਰ ਹੈ, ਨਾਲ ਹੀ ਇਹ ਸਪੱਸ਼ਟ ਕੀਤਾ ਕਿ ਸੜਕਾਂ 'ਤੇ ਪ੍ਰਦਰਸ਼ਨ ਕਰਨ ਨਾਲ ਕੋਈ ਨਤੀਜਾ ਨਹੀਂ ਨਿਕਲੇਗਾ। ਜਿਵੇਂ ਹੀ ਲੋਕ ਸਭਾ ਪਹਿਲਾਂ ਮੁਅੱਤਲ ਹੋਣ ਤੋਂ ਬਾਅਦ ਦੁਪਹਿਰ 12 ਵਜੇ ਦੁਬਾਰਾ ਜੁੜੀ, ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੂੰ ਬਿਆਨ ਦੇਣ ਲਈ ਕਿਹਾ, ਪਰ ਕਾਂਗਰਸ ਆਗੂ ਕੇ ਸੀ ਵੇਣੂਗੋਪਾਲ ਨੇ ਇਹ ਦਾਅਵਾ ਕਰਨ ਲਈ ਦਖ਼ਲ ਦਿੱਤਾ ਕਿ ਵਿਰੋਧੀ ਧਿਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਵੀ ਮੰਗ ਕਰ ਰਹੀ ਹੈ। ਵੇਣੂਗੋਪਾਲ ਨੇ ਕਿਹਾ, 'ਸਾਡੀ ਮੰਗ ਸਪੱਸ਼ਟ ਹੈ। ਜਦੋਂ ਪੂਰਾ ਦੇਸ਼ ਸਾਡੇ ਵਿਦਿਆਰਥੀਆਂ ਦਾ ਦਰਦ ਮਹਿਸੂਸ ਕਰ ਰਿਹਾ ਹੈ, ਸਦਨ ਦੇ ਬਾਕੀ ਸਾਰੇ ਕੰਮਕਾਜ ਨੂੰ ਇਕ ਪਾਸੇ ਰੱਖਿਆ ਜਾਣਾ ਚਾਹੀਦਾ ਹੈ ਅਤੇ ਇਸ ਭਖਦੇ ਮੁੱਦੇ ਨੂੰ ਸੰਸਦ ਲਈ ਸਭ ਤੋਂ ਪਹਿਲੀ ਤਰਜੀਹ ਬਣਾਇਆ ਜਾਣਾ ਚਾਹੀਦਾ ਹੈ।' ਰਿਜਿਜੂ ਨੇ ਕਿਹਾ ਕਿ ਸਰਕਾਰ ਨੀਟ ਪੇਪਰ ਲੀਕ ਮੁੱਦੇ 'ਤੇ ਚਰਚਾ ਕਰਨ ਲਈ ਤਿਆਰ ਹੈ, ਪਰ ਸਪੀਕਰ ਨੂੰ ਉਸ ਨਿਯਮ, ਮਿਤੀ ਅਤੇ ਮਿਆਦ ਬਾਰੇ ਫੈਸਲਾ ਕਰਨ ਲਈ ਸਾਰੀਆਂ ਪਾਰਟੀਆਂ ਦੇ ਫਲੋਰ ਲੀਡਰਾਂ ਨਾਲ ਮੀਟਿੰਗ ਕਰਨੀ ਪਵੇਗੀ, ਜਿਸ ਤਹਿਤ ਚਰਚਾ ਕੀਤੀ ਜਾਵੇਗੀ।

## 'ਸਭ ਯਾਦ ਰਖਾ ਜਾਏਗਾ...'



**ਨਵੀਂ ਦਿੱਲੀ :** ਮਸ਼ਹੂਰ ਪਲੇਅਬੈਕ ਗਾਇਕ ਅਰਿਜੀਤ ਸਿੰਘ ਦਿੱਲੀ ਦੇ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਦੇ ਸਮਰਥਨ 'ਚ ਨਿੱਤਰ ਆਏ ਹਨ। ਉਨ੍ਹਾ ਵਿਦਿਆਰਥੀਆਂ ਦੇ 'ਚਲੋ ਸੰਸਦ' ਮਾਰਚ ਦੌਰਾਨ ਦਿੱਲੀ ਪੁਲਸ ਵੱਲੋਂ ਕੀਤੀ ਗਈ ਬਰਬਰੀਅਤ ਦੀ ਤਿੱਖੀ ਨਿੰਦਾ ਕੀਤੀ ਹੈ। ਅਰਿਜੀਤ ਸਿੰਘ ਨੇ 'ਐਕਸ' (ਟਵਿੱਟਰ) 'ਤੇ ਇੱਕ ਤੋਂ ਬਾਅਦ ਇੱਕ ਕਈ ਪੋਸਟਾਂ ਸਾਂਝੀਆਂ ਕਰਦਿਆਂ ਲਿਖਿਆ, 'ਯਾਰ ਅਬ ਤੋ ਸਟੂਡੈਂਟਸ ਕੋ ਮਾਰ ਰਹੇ ਹੈਂ ਯਹਾਂ ਆਪ ਲੋਗ... ਕਯੀ ਆਪ ਕੋ ਸ਼ਰਮ ਨਹੀਂ ਆਤੀ ? ' ਇੱਕ ਹੋਰ ਪੋਸਟ ਵਿੱਚ ਗਾਇਕ ਨੇ ਲੀਡਰਾਂ 'ਤੇ ਨਿਸ਼ਾਨਾ ਸਾਧਦਿਆਂ ਲਿਖਿਆ, 'ਹੈਲੋ ਨੇਤਾ, ਮੰਤਰੀ!! ਕਯਾ ਚਲ ਰਹਾ ਹੈ ਭਾਈ!! ਅਪਨੇ ਆਪ ਕੋ ਭਗਵਾਨ ਸਮਝ ਲਿਆ ਹੈ ਕਯਾ ? ' ਇਸ ਦੇ ਨਾਲ ਹੀ ਉਸ ਨੇ ਤਾੜਨਾ ਕਰਦਿਆਂ ਲਿਖਿਆ, 'ਹਰ ਚੀਜ਼ ਯਾਦ ਰੱਖੀ ਜਾਏਗੀ! ਯਾਦ ਰਖਨਾ। ਦੁਨੀਆ ਮੇਂ ਸਿਰਫ ਤਬਦੀਲੀ ਹੀ ਅਟੱਲ ਹੈ।'

# ਕਿਸਾਨਾਂ ਨੇ ਟੋਲ ਪਲਾਜ਼ੇ ਫ੍ਰੀ ਕਰਵਾਏ



ਧਰਨੇ ਨੂੰ ਸੰਬੋਧਨ ਕਰਦੇ ਹੋਏ ਸੂਰਤ ਸਿੰਘ ਧਰਮਕੋਟ। ਨਾਲ ਖੜ੍ਹੇ ਕਿਸਾਨ ਆਗੂ ਬਲਦੇਵ ਸਿੰਘ ਜ਼ੋਸਨ, ਵਰਿੰਦਰਪਾਲ ਕਾਲਾ, ਸੁਨੀਲ ਕੁਮਾਰ ਤੇ ਹੋਰ।

**ਸ਼ਾਹਕੋਟ (ਗਿਆਨ ਸੈਦਪੁਰੀ) :** ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨ ਅਤੇ ਮਜ਼ਦੂਰ ਮਾਰੂ ਨੀਤੀਆਂ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਵੱਲੋਂ ਬੁੱਧਵਾਰ ਪੰਜਾਬ ਭਰ 'ਚ ਟੋਲ ਪਲਾਜ਼ੇ 3 ਘੰਟੇ ਲਈ ਫ੍ਰੀ ਕਰਵਾਏ ਗਏ। ਜ਼ਿਲ੍ਹਾ ਜਲੰਧਰ ਅਤੇ ਮੋਗਾ ਦੇ ਕਿਸਾਨਾਂ ਵੱਲੋਂ ਦਰਿਆ ਸਤਲੁਜ ਦੇ ਕਾਵਾਂ ਵਾਲੇ ਪੱਤਣ ਦੇ ਨਾਲ ਲੱਗਦੇ ਟੋਲ ਪਲਾਜ਼ੇ ਨੂੰ ਟੋਲ ਮੁਕਤ ਕੀਤਾ ਗਿਆ। ਤੈਅ ਸਮੇਂ ਅਨੁਸਾਰ ਇੱਥੇ 3 ਵਜੇ ਤੱਕ ਰੋਸ ਪ੍ਰਦਰਸ਼ਨ ਕੀਤਾ ਗਿਆ। ਵੱਖ-ਵੱਖ ਬੁਲਾਰਿਆਂ ਨੇ ਜਿੱਥੇ ਪੰਜਾਬ ਦੀ ਜਵਾਨੀ ਦੇ ਵਿਦੇਸ਼ਾਂ ਵਿੱਚ ਵੱਸ ਜਾਣ ਦੇ ਰੁਝਾਨ 'ਤੇ ਚਿੰਤਾ ਦਾ ਪ੍ਰਗਟਾਵਾ ਕੀਤਾ, ਉੱਥੇ ਪ੍ਰਦੂਸ਼ਣ ਦੇ ਵਧਣ, ਧਰਤੀ ਹੇਠਲੇ ਪਾਣੀ ਦੇ ਪੱਧਰ ਤੇ ਨਸ਼ਿਆ ਦੇ ਮਾਰੂ ਅਸਰ ਦਾ ਵੀ ਵਿਸਥਾਰ ਨਾਲ ਜ਼ਿਕਰ ਕੀਤਾ। ਬੁਲਾਰਿਆਂ ਦੱਸਿਆ ਕਿ ਪਿਛਲੇ ਸਮੇਂ ਲੈਂਡ ਪੂਲਿੰਗ ਦੀ ਨੀਤੀ ਕਿਸਾਨਾਂ, ਮਜ਼ਦੂਰਾਂ ਦੇ ਵੱਡੇ ਵਿਰੋਧ ਕਾਰਨ ਰੱਦ ਕਰਨੀ ਪਈ ਸੀ। ਉਸ ਨੀਤੀ ਵਿੱਚ ਕੁਝ ਸੋਧਾਂ ਕਰਕੇ ਦੁਬਾਰਾ ਲੋਕ-ਮਾਰੂ ਕਦਮ ਚੁੱਕਿਆ ਜਾ ਰਿਹਾ ਹੈ। ਇਸ ਨੀਤੀ ਤਹਿਤ ਪੰਜਾਬ ਦੀ ਉਪਜਾਊ ਜ਼ਮੀਨ ਕਾਰਪੋਰੇਟ ਘਰਾਣਿਆਂ ਨੂੰ ਦਿੱਤੀ ਜਾਵੇਗੀ। ਇਹ ਪੰਜਾਬ ਦੇ ਭਵਿੱਖ ਨੂੰ ਤਬਾਹ ਕਰਨ ਵਾਲਾ ਕਦਮ ਹੋਵੇਗਾ। ਇਹ ਨੀਤੀ ਕਿਸਾਨ ਅਤੇ ਖੇਤ ਮਜ਼ਦੂਰਾਂ ਦਾ ਉਜਾੜਾ ਤਾਂ ਕਰੇਗੀ ਹੀ, ਨਾਲ ਹੀ ਪਿੰਡਾਂ ਦੀ ਸਮਾਜਿਕ ਬਣਤਰ ਅਤੇ ਪੰਜਾਬ ਦੇ ਸੱਭਿਆਚਾਰ 'ਤੇ ਵੀ ਨਾਂਹ-ਪੱਖੀ ਅਸਰ ਪਵੇਗਾ। ਦੂਸਰੇ ਪਾਸੇ ਮੋਦੀ ਸਰਕਾਰ ਪੂਰੀ ਤਰਾਂ ਟਰੰਪ ਅੱਗੇ ਗੋਡੇ ਟੇਕੀ ਬੈਠੀ ਹੈ। ਭਾਰਤ ਵਿੱਚ ਆਮ ਤੌਰ 'ਤੇ ਛੋਟੀ ਕਿਸਾਨੀ ਖੇਤੀ ਕਰਦੀ ਹੈ। ਇਹ ਅਮਰੀਕਾ ਦੀਆਂ ਵੱਡੀਆਂ ਕੰਪਨੀਆਂ ਦਾ ਮੁਕਾਬਲਾ ਨਹੀਂ ਕਰ ਸਕਦੀ। ਟੋਲ਼ ਮੁਕਤ ਕਰਨ ਦੇ ਐਕਸ਼ਨ ਵਿੱਚ ਸੰਯੁਕਤ ਕਿਸਾਨ ਮੋਰਚੇ ਨਾਲ ਬਹੁਤ ਸਾਰੀਆਂ ਜਥੇਬੰਦੀਆਂ ਨੇ ਏਕੇ ਨੂੰ ਮਜ਼ਬੂਤ ਕਰਨ ਦਾ ਵੀ ਅਹਿਦ ਕੀਤਾ। ਕਾਵਾਂ ਵਾਲੇ ਪੱਤਣ 'ਤੇ ਇਕੱਤਰ ਹੋਈਆਂ ਜਥੇਬੰਦੀਆਂ ਵਿੱਚ ਕੁਲ ਹਿੰਦ ਕਿਸਾਨ ਸਭਾ (ਦੋਵੇਂ), ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ), ਬੀ ਕੇ ਯੂ (ਕ੍ਰਾਂਤੀਕਾਰੀ), ਬੀ ਕੇ ਯੂ (ਕਾਦੀਆਂ), ਬੀ ਕੇ ਯੂ (ਪੰਜਾਬ), ਬੀ ਕੇ ਯੂ (ਲੱਖੋਵਾਲ), ਜਮਹੂਰੀ ਕਿਸਾਨ ਸਭਾ ਤੇ ਬੀ ਕੇ ਯੂ (ਖਹਿਰਾ) ਆਦਿ ਸ਼ਾਮਲ ਸਨ। ਟੋਲ਼ ਪਲਾਜ਼ੇ 'ਤੇ ਹੋਏ ਇੱਕਠ ਨੂੰ ਸੰਬੋਧਨ ਕਰਨ ਵਾਲੇ ਆਗੂਆਂ ਵਿੱਚ ਕੁਲ ਹਿੰਦ ਕਿਸਾਨ ਸਭਾ (1936) ਦੇ ਸੀਨੀਅਰ ਆਗੂ ਸੂਰਤ ਸਿੰਘ ਧਰਮਕੋਟ, ਸੰਦੀਪ ਅਰੋੜਾ ਮਹਿਤਪੁਰ, ਗੁਰਮੀਤ ਸਿੰਘ ਡੋਡ, ਮੋਹਣ ਸਿੰਘ ਬੱਲ (ਬੀ ਕੇ ਯੂ ਉਗਰਾਹਾਂ), ਵਰਿੰਦਰਪਾਲ ਸਿੰਘ ਕਾਲਾ, ਧਰਮਿੰਦਰ ਸਿੰਘ (ਕੁਲ ਹਿੰਦ ਕਿਸਾਨ ਸਭਾ), ਬਲਦੇਵ ਸਿੰਘ ਜੋਸਨ, ਬੂਟਾ ਸਿੰਘ ਮੁਰੀਦਵਾਲ ਬੀ ਕੇ ਯੂ (ਲੱਖੋਵਾਲ), ਸੁਰਜੀਤ ਸਿੰਘ ਬੀ ਕੇ ਯੂ (ਡਕੌਂਦਾ), ਮੇਜਰ ਸਿੰਘ (ਜਮਹੂਰੀ ਕਿਸਾਨ ਸਭਾ), ਸਤਨਾਮ ਸਿੰਘ ਢੁੱਡੀਕੇ (ਕਿਰਤੀ ਕਿਸਾਨ ਯੂਨੀਅਨ), ਸੁਖਵਿੰਦਰ ਸਿੰਘ (ਬੀ ਕੇ ਯੂ ਰਾਜੇਵਾਲ), ਕੁਲਜੀਤ ਸਿੰਘ (ਬੀ ਕੇ ਯੂ ਕਾਦੀਆਂ), ਜਸਵੰਤ ਸਿੰਘ (ਬੀ ਕੇ ਯੂ), ਗੁਰਦੇਵ ਸਿੰਘ (ਉਗਰਾਹਾਂ), ਜੱਸਾ ਸਿੰਘ (ਰਾਜੇਵਾਲ), ਬਲਦੇਵ ਸਿੰਘ (ਲੱਖੋਵਾਲ), ਰਮਨਦੀਪ ਸਿੰਘ ਸਮਰਾ ਤੇ ਭੁਪਿੰਦਰ ਸਿੰਘ (ਮੋਗਾ) ਸ਼ਾਮਲ ਸਨ। ਰੋਸ ਪ੍ਰਦਰਸ਼ਨ ਵਿੱਚ ਹੋਰਨਾਂ ਤੋਂ ਇਲਾਵਾ ਗੁਰਜੀਤ ਸਿੰਘ ਫਤਿਹਪੁਰ, ਜਤਿੰਦਰ ਸਿੰਘ ਫਤਿਹਪੁਰ, ਬਲਕਾਰ ਸਿੰਘ ਫਾਜਲਵਾਲ, ਜਸਵੀਰ ਸਿੰਘ, ਨਿੱਕੂ ਧੰਜੂ, ਸੁਖਵਿੰਦਰ ਸਿੰਘ ਕਾਂਗਣਾ, ਬੂੜ ਸਿੰਘ ਜੋਧਾ, ਰੂਪਾ ਜੋਧਾ, ਕਰਮਜੀਤ ਦੰਮਣ, ਗੁਲਜ਼ਾਰ ਸਿੰਘ, ਸੰਤੋਖ ਸਿੰਘ ਸਿੱਧੜ, ਸੋਨੂੰ ਬਾਜਵਾ, ਮੰਗਲ ਸਿੰਘ ਕੋਠਾ ਤੇ ਕਰਨਦੀਪ ਸਿੰਘ ਆਦਿ ਮੌਜੂਦ ਸਨ।

## ਅਮਰੀਕਾ ਜੈਨਰਿਕ ਦਵਾਈਆਂ 'ਤੇ ਟੈਰਿਫ ਲਾਏਗਾ, ਭਾਰਤ ਨੂੰ ਵੱਜੇਗੀ ਵੱਡੀ ਸੱਟ

**ਵਾਸ਼ਿੰਗਟਨ (ਨ ਜ਼ ਸ) :** ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਬੁੱਧਵਾਰ ਦਰਾਮਦ ਕੀਤੀਆਂ ਜਾਣ ਵਾਲੀਆਂ ਜੈਨਰਿਕ ਦਵਾਈਆਂ 'ਤੇ ਟੈਰਿਫ ਨੂੰ ਦੋ ਸਾਲਾਂ ਲਈ ਜ਼ੀਰੋ ਫੀਸਦੀ ਰੱਖਣ ਤੋਂ ਬਾਅਦ ਅਗਸਤ 2028 ਵਿੱਚ ਵਧਾ ਕੇ 100 ਫੀਸਦੀ ਅਤੇ ਉਸ ਤੋਂ ਬਾਅਦ 200 ਫੀਸਦੀ ਕਰਨ ਦੀ ਯੋਜਨਾ ਦਾ ਐਲਾਨ ਕੀਤਾ, ਜਿਸ ਨਾਲ ਦਵਾਈਆਂ ਦੇ ਨਿਰਮਾਣ ਨੂੰ ਅਮਰੀਕਾ ਵਿੱਚ ਵਾਪਸ ਲਿਆਂਦਾ ਜਾ ਸਕੇਗਾ। ਇਹ ਕਦਮ ਭਾਰਤ ਨੂੰ ਪ੍ਰਭਾਵਤ ਕਰ ਸਕਦਾ ਹੈ। ਭਾਰਤ ਅਮਰੀਕਾ ਨੂੰ ਜੈਨਰਿਕ ਦਵਾਈਆਂ ਦਾ ਸਭ ਤੋਂ ਵੱਡਾ ਨਿਰਯਾਤਕ ਹੈ। ਟਰੂਥ ਸੋਸ਼ਲ 'ਤੇ ਇੱਕ ਪੋਸਟ ਵਿੱਚ ਟਰੰਪ ਨੇ ਕਿਹਾ ਕਿ 1 ਅਗਸਤ ਤੋਂ ਅਮਰੀਕਾ ਦੇਸ਼ ਵਿੱਚ ਲਿਆਂਦੀਆਂ ਜਾਣ ਵਾਲੀਆਂ ਸਾਰੀਆਂ ਜੈਨਰਿਕ ਦਵਾਈਆਂ 'ਤੇ ਦੋ ਸਾਲਾਂ ਲਈ ਜ਼ੀਰੋ ਫੀਸਦੀ ਟੈਰਿਫ ਜਾਰੀ ਰੱਖੇਗਾ, ਜਿਸ ਤੋਂ ਬਾਅਦ ਇਸ ਨੂੰ ਇੱਕ ਸਾਲ ਲਈ 100 ਫੀਸਦੀ ਅਤੇ ਉਸ ਤੋਂ ਬਾਅਦ 200 ਫੀਸਦੀ ਕਰ ਦਿੱਤਾ ਜਾਵੇਗਾ। 2025 ਵਿੱਚ ਭਾਰਤ ਨੇ ਅਮਰੀਕਾ ਨੂੰ 9.7 ਅਰਬ ਅਮਰੀਕੀ ਡਾਲਰ ਦੀਆਂ ਫਾਰਮਾਸਿਊਟੀਕਲਸ ਦਾ ਨਿਰਯਾਤ ਕੀਤਾ, ਜੋ ਕਿ ਇਸ ਦੇ ਕੁੱਲ 25.8 ਅਰਬ ਅਮਰੀਕੀ ਡਾਲਰ ਦੇ ਗਲੋਬਲ ਫਾਰਮਾ ਨਿਰਯਾਤ ਦਾ 38 ਪ੍ਰਤੀਸ਼ਤ ਬਣਦਾ ਹੈ।

## ਅਨੰਤਨਾਗ 'ਚ ਹੌਲਦਾਰ ਸ਼ਹੀਦ

**ਸ੍ਰੀਨਗਰ :** ਅਨੰਤਨਾਗ ਦੇ ਲਾਲ ਚੌਕ ਵਿੱਚ ਬੁੱਧਵਾਰ ਦੁਪਹਿਰੇ ਅੱਤਵਾਦੀ ਹਮਲੇ ਵਿੱਚ ਹੌਲਦਾਰ ਸ਼ਹੀਦ ਹੋ ਗਿਆ। ਅਮਰਨਾਥ ਯਾਤਰਾ ਦੀ ਸੁਰੱਖਿਆ ਡਿਊਟੀ 'ਤੇ ਤਾਇਨਾਤ ਹੌਲਦਾਰ ਆਸ਼ਿਕ ਹੁਸੈਨ ਹਮਲੇ ਵਿੱਚ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਤੁਰੰਤ ਸਰਕਾਰੀ ਮੈਡੀਕਲ ਕਾਲਜ ਹਸਪਤਾਲ ਲਿਜਾਇਆ ਗਿਆ। ਡਾਕਟਰਾਂ ਨੇ ਹਸਪਤਾਲ ਪਹੁੰਚਣ 'ਤੇ ਹੁਸੈਨ ਨੂੰ ਮ੍ਰਿਤਕ ਐਲਾਨ ਦਿੱਤਾ। ਲਸ਼ਕਰ-ਏ-ਤਈਬਾ ਦੇ ਮੁੱਖ ਸੰਗਠਨ 'ਦੀ ਰਜ਼ਿਸਟੈਂਸ ਫਰੰਟ' ਨੇ ਸੋਸ਼ਲ ਮੀਡੀਆ ਪੋਸਟ ਰਾਹੀਂ ਇਸ ਹਮਲੇ ਦੀ ਜ਼ਿੰਮੇਵਾਰੀ ਲਈ ਹੈ।

## 'ਆਜ਼ਾਦੀ ਆਜ਼ਾਦੀ' ਦੇ ਨਾਅਰੇ ਲਾਉਣ ਤੋਂ ਰੋਕਿਆ

ਨਵੀਂ ਦਿੱਲੀ : ਕਾਕਰੋਚ ਜਨਤਾ ਪਾਰਟੀ ਨੇ ਪ੍ਰਦਰਸ਼ਨ ਦੌਰਾਨ 'ਆਜ਼ਾਦੀ ਆਜ਼ਾਦੀ' ਦੇ ਨਾਅਰੇ ਲਗਾਉਣ 'ਤੇ ਪਾਬੰਦੀ ਦਾ ਐਲਾਨ ਕੀਤਾ ਹੈ। ਪਾਰਟੀ ਦੇ ਬੁਲਾਰੇ ਆਸ਼ੂਤੋਸ਼ ਰੰਕਾ ਨੇ ਕਿਹਾ, "ਸ਼ਹੀਦ ਭਗਤ ਸਿੰਘ ਅਤੇ ਮਹਾਤਮਾ ਗਾਂਧੀ ਸਾਨੂੰ ਪਹਿਲਾਂ ਹੀ ਆਜ਼ਾਦੀ ਦੇ ਚੁੱਕੇ ਹਨ। ਇਸ ਦੀ ਬਜਾਏ, ਸਾਨੂੰ 'ਭਾਰਤ ਮਾਤਾ ਕੀ ਜੈ' ਦੇ ਨਾਅਰੇ ਲਗਾਉਣੇ ਚਾਹੀਦੇ ਹਨ।"

# 'ਚੰਦਾ ਚੋਰੀ ਇਮਾਨਦਾਰੀ ਦੇ ਪਤਨ ਦਾ ਸਿਖਰ'

**ਪ੍ਰਯਾਗਰਾਜ (ਨ ਜ਼ ਸ) :** ਅਯੁੱਧਿਆ ਵਿੱਚ ਰਾਮ ਮੰਦਰ ਵਿੱਚ ਚੰਦੇ ਦੇ ਗਬਨ ਦੇ ਮੁੱਦੇ ਨੂੰ ਉਠਾਉਂਦੇ ਹੋਏ ਇਲਾਹਾਬਾਦ ਹਾਈ ਕੋਰਟ ਦੇ ਜਸਟਿਸ ਅਤੁਲ ਸ੍ਰੀਧਰਨ ਨੇ ਟਿੱਪਣੀ ਕੀਤੀ ਹੈ ਕਿ ਜਿਹੜੇ ਲੋਕ ਇਸ ਘਟਨਾ ਤੋਂ ਬੇਪਰਵਾਹ ਹਨ, ਉਨ੍ਹਾਂ ਨੂੰ ਕੋਈ ਵੀ ਚੀਜ਼ ਸ਼ਰਮਸਾਰ ਨਹੀਂ ਕਰ ਸਕਦੀ।

ਫਾਜ਼ਲ ਜੱਜ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਅਪਰਾਧਾਂ ਲਈ ਮੌਤ ਦੀ ਸਜ਼ਾ ਦਾ ਸੁਝਾਅ ਵੀ ਦਿੱਤਾ। ਯੂ ਪੀ ਸਰਕਾਰ ਦੀਆਂ ਹਾਲ ਹੀ ਦੀਆਂ ਬੁਲਡੋਜ਼ਰ ਕਾਰਵਾਈਆਂ 'ਤੇ ਸਖ਼ਤ ਟਿੱਪਣੀਆਂ ਕਰਦਿਆਂ ਜਸਟਿਸ ਸ੍ਰੀਧਰਨ ਨੇ ਨਾਲ ਹੀ ਭਾਰਤੀ ਸੰਸਥਾਵਾਂ ਨੂੰ ਪੀੜਤ ਕਰ ਰਹੇ ਪ੍ਰਣਾਲੀਗਤ ਭ੍ਰਿਸ਼ਟਾਚਾਰ ਦੀ ਆਲੋਚਨਾ ਕੀਤੀ ਅਤੇ ਨੋਟ ਕੀਤਾ ਕਿ ਰਾਮ ਮੰਦਰ ਵਿੱਚ ਚੰਦੇ ਦੀ ਹਾਲ ਹੀ ਦੀ ਚੋਰੀ ਭਾਰਤੀਆਂ ਦੀ ਇਮਾਨਦਾਰੀ ਦੇ ਸਭ ਤੋਂ ਹੇਠਲੇ ਪੱਧਰ ਨੂੰ ਦਰਸਾਉਂਦੀ ਹੈ। ਇਸ ਬਾਰੇ ਵਿਸਤਾਰ ਨਾਲ ਦੱਸਦਿਆਂ ਉਨ੍ਹਾ ਕਿਹਾ ਕਿ ਇੱਕ ਆਮ ਭਾਰਤੀ ਨੇ ਭ੍ਰਿਸ਼ਟਾਚਾਰ ਨੂੰ ਸਧਾਰਨ ਮੰਨ ਲਿਆ ਹੈ ਅਤੇ ਫੜੇ ਜਾਣ ਤੱਕ ਇਸ ਨੂੰ ਹੁਣ ਗਲਤ ਨਹੀਂ ਸਮਝਦਾ। ਉਨ੍ਹਾ ਅੱਗੇ ਟਿੱਪਣੀ ਕੀਤੀ ਕਿ ਇੱਥੋਂ ਤੱਕ ਕਿ ਇਹ ਤੱਥ ਵੀ ਕਿ ਭਾਰਤ ਟਰਾਂਸਪੇਰੈਂਸੀ ਇੰਟਰਨੈਸ਼ਨਲ ਦੀ 2025 ਦੀ ਰਿਪੋਰਟ ਵਿੱਚ 182 ਦੇਸ਼ਾਂ ਵਿੱਚੋਂ 91ਵੇਂ ਸਥਾਨ 'ਤੇ ਹੈ, ਸਾਨੂੰ ਸ਼ਰਮਸਾਰ ਨਹੀਂ ਕਰਦਾ। 'ਚੰਦਾ-ਚੋਰੀ' ਦੇ ਵਿਵਾਦ ਦਾ ਹਵਾਲਾ ਦਿੰਦਿਆਂ, ਜਸਟਿਸ ਸ੍ਰੀਧਰਨ ਨੇ ਕਿਹਾ, 'ਰਾਮ ਮੰਦਰ ਵਿੱਚ ਚੰਦੇ ਦੀ ਚੋਰੀ ਨਾਲ ਸੰਬੰਧਤ ਹਾਲ ਹੀ ਦਾ ਵਿਵਾਦ ਊਠ ਦੀ ਪਿੱਠ 'ਤੇ ਆਖਰੀ ਤਿਣਕਾ ਹੈ। ਉਨ੍ਹਾਂ ਲੋਕਾਂ ਨੂੰ ਕੋਈ ਚੀਜ਼ ਸ਼ਰਮਸਾਰ ਨਹੀਂ ਕਰ ਸਕਦੀ, ਜੋ ਰਾਮ ਮੰਦਰ ਵਿੱਚ ਹੋਈ ਚੋਰੀ ਤੋਂ ਬੇਪਰਵਾਹ ਰਹਿੰਦੇ ਹਨ, ਜੋ ਕਿ ਭਾਰਤੀਆਂ ਦੀ ਇਮਾਨਦਾਰੀ ਦੇ ਪਤਨ ਦੀ ਸਿਖਰ ਨੂੰ ਦਰਸਾਉਂਦੀ ਹੈ।' ਇਸ ਬਾਰੇ ਚਿੰਤਾ ਪ੍ਰਗਟ ਕਰਦਿਆਂ ਕਿ ਸਮਾਜ ਵਿੱਚ ਭ੍ਰਿਸ਼ਟਾਚਾਰ ਕਿੰਨੀ ਡੂੰਘਾਈ ਨਾਲ ਆਮ ਹੋ ਚੁੱਕਾ ਹੈ, ਜੱਜ ਨੇ ਇੱਥੋਂ ਤੱਕ ਸੁਝਾਅ ਦਿੱਤਾ ਕਿ ਰਾਜ ਨੂੰ ਦੋਸ਼ੀਆਂ ਲਈ ਮੌਤ ਦੀ ਸਜ਼ਾ ਸ਼ਾਮਲ ਕਰਨ ਲਈ ਭ੍ਰਿਸ਼ਟਾਚਾਰ ਰੋਕੂ ਕਾਨੂੰਨ 1988 ਵਿੱਚ ਸੋਧ ਕਰਨ ਬਾਰੇ ਵਿਚਾਰ ਕਰਨਾ ਚਾਹੀਦਾ ਹੈ। ਇਹ ਸਖਤ ਟਿੱਪਣੀਆਂ ਜਸਟਿਸ ਸ੍ਰੀਧਰਨ ਦੇ 51 ਪੰਨਿਆਂ ਦੇ ਉਸ ਫੈਸਲੇ ਵਿੱਚ ਆਈਆਂ, ਜੋ 'ਬੁਲਡੋਜ਼ਰ ਜਸਟਿਸ' ਦੇ ਮੁੱਦੇ ਅਤੇ ਮਿਉਂਸਪਲ ਕੋਡ ਦੀ ਉਲੰਘਣਾ ਦੇ ਬਹਾਨੇ ਦੋਸ਼ੀਆਂ ਦੇ ਘਰਾਂ ਨੂੰ ਢਾਹੁਣ ਨਾਲ ਨਜਿੱਠਣ ਵਾਲੇ ਵੰਡਵੇਂ ਫੈਸਲੇ ਦਾ ਹਿੱਸਾ ਸਨ।

ਇਨ੍ਹਾਂ ਢਾਹੁਣ ਦੀਆਂ ਕਾਰਵਾਈਆਂ ਦਾ ਸੰਦਰਭ ਤੈਅ ਕਰਦਿਆਂ ਜੱਜ ਨੇ ਕਿਹਾ ਕਿ ਕਿਸੇ ਅਪਰਾਧ ਤੋਂ ਤੁਰੰਤ ਬਾਅਦ ਘਰ ਨੂੰ ਢਾਹੁਣਾ ਵੱਡੇ ਪੱਧਰ 'ਤੇ ਬੁਲਡੋਜ਼ਰ ਜਸਟਿਸ ਦੀ ਖੁਰਾਕ 'ਤੇ ਪਲੇ ਸਮਾਜ ਦੀ ਮਹਿਸੂਸ ਕੀਤੀ ਗਈ ਖੂਨ ਦੀ ਪਿਆਸ ਨੂੰ ਸ਼ਾਂਤ ਕਰਨ ਲਈ ਹੈ।

ਉਨ੍ਹਾ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸੁਪਰੀਮ ਕੋਰਟ ਦੇ ਫੈਸਲਿਆਂ ਦੇ ਬਾਵਜੂਦ ਢਾਹੁਣ ਦੀਆਂ ਕਾਰਵਾਈਆਂ ਬੇਖੌਫ਼ ਜਾਰੀ ਹਨ, ਜਿਵੇਂ ਕਿ ਇਹ ਫੈਸਲੇ ਮੌਜੂਦ ਹੀ ਨਹੀਂ ਹਨ ਜਾਂ ਰਾਜ ਨੂੰ ਪੂਰਾ ਯਕੀਨ ਹੈ ਕਿ ਦੇਸ਼ ਦੀ ਸਭ ਤੋਂ ਉੱਚੀ ਅਦਾਲਤ ਦੁਆਰਾ ਤੈਅ ਕੀਤੇ ਗਏ ਕਾਨੂੰਨ ਦੀ ਉਲੰਘਣਾ ਕਰਨ 'ਤੇ ਉਨ੍ਹਾਂ ਨੂੰ ਕਿਸੇ ਵੀ ਮਾੜੇ ਨਤੀਜੇ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਤੋਂ ਇਲਾਵਾ, ਇਹ ਜਾਂਚ ਕਰਦੇ ਹੋਏ ਕਿ ਅਣਅਧਿਕਾਰਤ ਬਣਤਰਾਂ ਪਹਿਲੇ ਸਥਾਨ 'ਤੇ ਕਿਵੇਂ ਹੋਂਦ ਵਿੱਚ ਆਉਂਦੀਆਂ ਹਨ, ਜਸਟਿਸ ਸ੍ਰੀਧਰਨ ਨੇ ਨੋਟ ਕੀਤਾ ਕਿ ਕੋਈ ਵੀ ਰਿਹਾਇਸ਼ੀ ਸਥਾਨ ਰਾਤੋ-ਰਾਤ ਨਹੀਂ ਬਣਦਾ। ਉਨ੍ਹਾ ਕਿਹਾ, 'ਜਿਨ੍ਹਾਂ ਅਧਿਕਾਰੀਆਂ ਦੀ ਇਹ ਡਿਊਟੀ ਹੈ ਕਿ ਅਜਿਹੀਆਂ ਬਣਤਰਾਂ ਨੂੰ ਨਾ ਬਣਨ ਦਿੱਤਾ ਜਾਵੇ, ਉਹ ਬਿਲਡਰ ਨੂੰ ਪ੍ਰਾਪਤ ਸਿਆਸੀ ਜਾਂ ਨੌਕਰਸ਼ਾਹੀ ਦੇ ਸਮਰਥਨ ਕਾਰਨ ਜਾਂ ਬੇਈਮਾਨੀ ਕਾਰਨ ਜਾਣਬੁੱਝ ਕੇ ਆਪਣੀਆਂ ਅੱਖਾਂ ਬੰਦ ਕਰ ਲੈਂਦੇ ਹਨ।'

ਅਦਾਲਤ ਨੇ ਅੱਗੇ ਨੋਟ ਕੀਤਾ ਕਿ ਗੈਰ-ਕਾਨੂੰਨੀ ਘਰਾਂ ਦੀ ਸਿਰਜਣਾ ਉਨ੍ਹਾਂ ਬੇਈਮਾਨ ਅਧਿਕਾਰੀਆਂ ਦੁਆਰਾ ਆਸਾਨ ਬਣਾਈ ਜਾਂਦੀ ਹੈ, ਜੋ ਬਿਲਡਰਾਂ ਤੋਂ ਰਿਸ਼ਵਤ ਲੈਂਦੇ ਹਨ ਅਤੇ ਆਖਰੀ ਖਰੀਦਦਾਰ ਨੂੰ ਕਾਨੂੰਨ ਦੀ ਪਾਲਣਾ ਭੁਗਤਣ ਅਤੇ ਦਹਾਕਿਆਂ ਬਾਅਦ ਅਚਾਨਕ ਬੇਦਖਲੀ ਦਾ ਸਾਹਮਣਾ ਕਰਨ ਲਈ ਛੱਡ ਦਿੰਦੇ ਹਨ। ਇਸ ਸੰਦਰਭ ਵਿੱਚ ਜਸਟਿਸ ਸ੍ਰੀਧਰਨ ਨੇ ਸਪੱਸ਼ਟ ਤੌਰ 'ਤੇ ਟਿੱਪਣੀ ਕੀਤੀ ਕਿ ਰਾਜ ਮਿਲੀਭੁਗਤ ਦੁਆਰਾ ਅਤੇ ਇਨ੍ਹਾਂ ਬਣਤਰਾਂ ਨੂੰ ਪਾਣੀ ਅਤੇ ਬਿਜਲੀ ਵਰਗੀਆਂ ਪ੍ਰਭੂਸੱਤਾ ਸੁਵਿਧਾਵਾਂ ਪ੍ਰਦਾਨ ਕਰਕੇ ਉਲੰਘਣਾ ਕਰਨ ਵਾਲਿਆਂ ਦੀ ਸਰਗਰਮੀ ਨਾਲ ਸਹਾਇਤਾ ਕਰਨ ਲਈ ਅਪਰਾਧ ਵਿੱਚ ਭਾਈਵਾਲ ਹੈ।

ਉਨ੍ਹਾ ਇਹ ਵੀ ਕਿਹਾ ਕਿ ਇਮਾਨਦਾਰੀ ਦੀ ਇਹ ਸਮੂਹਕ ਗੈਰ-ਮੌਜੂਦਗੀ ਵਿਕਾਸ ਅਥਾਰਟੀਆਂ ਸਮੇਤ ਹਰ ਸੰਸਥਾ ਨੂੰ ਪ੍ਰਭਾਵਤ ਕਰਦੀ ਹੈ। ਜਸਟਿਸ ਸ੍ਰੀਧਰਨ ਨੇ ਚਿਤਾਵਨੀ ਦਿੱਤੀ ਕਿ ਦੇਸ਼ ਵਿੱਚ ਫੈਲਿਆ ਭ੍ਰਿਸ਼ਟਾਚਾਰ ਕੁਝ ਕੁ ਹੱਥਾਂ ਵਿੱਚ ਦੌਲਤ ਦੀ ਗੈਰ-ਕਾਨੂੰਨੀ ਕੇਂਦਰਤ ਕਰਨ ਵੱਲ ਲੈ ਜਾਵੇਗਾ, ਅਮੀਰ ਅਤੇ ਗਰੀਬ ਵਿਚਕਾਰ ਪਾੜੇ ਨੂੰ ਚੌੜਾ ਕਰੇਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਸਿਵਲ ਅਸ਼ਾਂਤੀ ਦੀ ਸਕ੍ਰਿਪਟ ਲਿਖੇਗਾ। ਜਸਟਿਸ ਸ੍ਰੀਧਰਨ ਨੇ ਰਾਜ ਨੂੰ ਸਿਸਟਮ ਨੂੰ ਸਾਫ ਕਰਨ ਲਈ ਸਖ਼ਤ ਵਿਧਾਨਕ ਕਦਮ ਚੁੱਕਣ ਦੀ ਅਪੀਲ ਕੀਤੀ। ਉਨ੍ਹਾ ਕਿਹਾ, 'ਜੇ ਰਾਜ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ ਅਤੇ ਭਾਰਤ ਨੂੰ ਬੇਈਮਾਨੀ ਦੀ ਦਲਦਲ ਵਿੱਚੋਂ ਬਾਹਰ ਕੱਢਣ ਬਾਰੇ ਸੱਚਮੁੱਚ ਗੰਭੀਰ ਹੈ, ਤਾਂ ਇਸ ਨੂੰ ਭ੍ਰਿਸ਼ਟਾਚਾਰ ਦੇ ਦੋਸ਼ੀਆਂ ਲਈ ਮੌਤ ਦੀ ਸਜ਼ਾ ਨੂੰ ਸ਼ਾਮਲ ਕਰਨ ਲਈ ਭ੍ਰਿਸ਼ਟਾਚਾਰ ਰੋਕੂ ਕਾਨੂੰਨ 1988 ਵਿੱਚ ਸੋਧ ਕਰਨ ਬਾਰੇ ਵਿਚਾਰ ਕਰਨਾ ਚਾਹੀਦਾ ਹੈ।

# 'ਛਾਤਰੋਂ ਕੀ ਗੂੰਜ' ਮੁਹਿੰਮ ਨੂੰ ਦੇਸ਼-ਵਿਆਪੀ ਬਣਾਉਣ ਦਾ ਫੈਸਲਾ

**ਨਵੀਂ ਦਿੱਲੀ (ਨ ਜ਼ ਸ) :** ਵਿਦਿਆਰਥੀਆਂ 'ਤੇ ਹੋਈ ਪੁਲਸ ਕਾਰਵਾਈ ਦੇ ਵਿਰੋਧ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਿਵਾਸ ਅੱਗੇ ਦਿੱਤੇ ਧਰਨੇ ਤੋਂ ਅਗਲੇ ਹੀ ਦਿਨ ਬੁੱਧਵਾਰ ਕਾਂਗਰਸ ਨੇ ਆਪਣੀ 'ਛਾਤਰੋਂ ਕੀ ਗੂੰਜ' ਮੁਹਿੰਮ ਨੂੰ ਦੇਸ਼ ਭਰ ਵਿੱਚ ਵਧਾ ਦਿੱਤਾ ਹੈ। ਪਾਰਟੀ ਨੇ ਸੀਨੀਅਰ ਆਗੂਆਂ ਨੂੰ ਦੇਸ਼ ਭਰ ਦੇ ਕਾਲਜਾਂ, ਯੂਨੀਵਰਸਿਟੀਆਂ ਅਤੇ ਕੋਚਿੰਗ ਸੈਂਟਰਾਂ 'ਚ ਪਹੁੰਚ ਕੇ ਪੇਪਰ ਲੀਕ, ਪ੍ਰੀਖਿਆਵਾਂ 'ਚ ਦੇਰੀ, ਮਹਿੰਗੀ ਹੁੰਦੀ ਸਿੱਖਿਆ ਅਤੇ ਬੇਰੁਜ਼ਗਾਰੀ ਵਰਗੇ ਗੰਭੀਰ ਮੁੱਦਿਆਂ 'ਤੇ ਵਿਦਿਆਰਥੀਆਂ ਨਾਲ ਸਿੱਧੀ ਗੱਲਬਾਤ ਕਰਨ ਦੇ ਨਿਰਦੇਸ਼ ਦਿੱਤੇ ਹਨ।

ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ ਪਾਰਟੀ ਨੇਤਾਵਾਂ ਨੂੰ ਭੇਜੇ ਇੱਕ ਅਹਿਮ ਸੁਨੇਹੇ 'ਚ ਕਿਹਾ ਕਿ ਦੇਸ਼ ਦਾ ਨੌਜਵਾਨ ਅਤੇ ਵਿਦਿਆਰਥੀ ਲਗਾਤਾਰ ਹੋ ਰਹੇ ਪੇਪਰ ਲੀਕ, ਭਰਤੀ ਪ੍ਰਕਿਰਿਆ 'ਚ ਅਨਿਸ਼ਚਿਤਤਾ ਅਤੇ ਵਧਦੀ ਬੇਰੁਜ਼ਗਾਰੀ ਤੋਂ ਬੇਹੱਦ ਪ੍ਰੇਸ਼ਾਨ ਹਨ। ਉਨ੍ਹਾ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਸਿੱਖਿਆ ਪ੍ਰਣਾਲੀ ਦੀ ਜਵਾਬਦੇਹੀ ਤੈਅ ਕਰਨਾ ਅਤੇ ਵਿਦਿਆਰਥੀਆਂ ਦੇ ਭਵਿੱਖ ਦੀ ਰਾਖੀ ਲਈ ਸਰਕਾਰ 'ਤੇ ਜਨਤਕ ਦਬਾਅ ਬਣਾਉਣਾ ਹੈ।

ਰਾਹੁਲ ਗਾਂਧੀ ਨੇ 17 ਜੂਨ ਨੂੰ ਰਾਜਸਥਾਨ ਦੇ ਕੋਟਾ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ, ਜਿਸ ਤੋਂ ਬਾਅਦ 17 ਜੁਲਾਈ ਨੂੰ ਦੇਹਰਾਦੂਨ ਵਿੱਚ ਵੀ ਸਮਾਗਮ ਕਰਵਾਇਆ ਗਿਆ। ਰਾਹੁਲ ਗਾਂਧੀ ਨੇ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਮੌਜੂਦਾ ਸਰਕਾਰ ਦੀ ਦੇਖ-ਰੇਖ ਹੇਠ ਫੇਲ ਰਹੇ 'ਸ਼ੋਸ਼ਣਕਾਰੀ ਅੱਡੇ' ਤੋਂ ਮੁਕਤ ਕਰਵਾਉਣ ਦਾ ਸੱਦਾ ਦਿੱਤਾ ਹੈ।

ਕਾਂਗਰਸ ਨੇ ਦੋਸ਼ ਲਗਾਇਆ ਕਿ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਨਿਵਾਸ ਬਾਹਰ ਪ੍ਰਦਰਸ਼ਨ ਦੌਰਾਨ ਦਿੱਲੀ ਪੁਲਸ ਵੱਲੋਂ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ, ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਵਾਡਰਾ ਸਮੇਤ ਹੋਰ ਸੀਨੀਅਰ ਨੇਤਾਵਾਂ ਨਾਲ ਧੱਕਾਮੁੱਕੀ ਅਤੇ ਬਦਸਲੂਕੀ ਕੀਤੀ ਗਈ। ਪਾਰਟੀ ਨੇ ਕਿਹਾ ਕਿ ਨੌਜਵਾਨਾਂ ਦੇ ਹੱਕਾਂ ਲਈ ਖੜ੍ਹੇ ਹੋਣਾ ਉਨ੍ਹਾਂ ਦੀ ਸਮੂਹਕ ਜ਼ਿੰਮੇਵਾਰੀ ਹੈ, ਜਿਸ ਤਹਿਤ ਅੱਜ ਦੇਸ਼ ਭਰ ਦੀਆਂ ਵਿਦਿਅਕ ਸੰਸਥਾਵਾਂ ਵਿੱਚ ਵਿਸ਼ੇਸ਼ ਗੱਲਬਾਤ ਪ੍ਰੋਗਰਾਮ ਉਲੀਕੇ ਗਏ ਹਨ।

## ਸੰਸਦ 'ਚ ਕੰਮ ਰੋਕੂ ਮਤੇ ਪੇਸ਼

**ਨਵੀਂ ਦਿੱਲੀ :** ਸੰਸਦ ਦੇ ਅੰਦਰ ਕਾਲੇ ਕੱਪੜੇ ਪਾ ਕੇ ਕਾਂਗਰਸ ਦੀ ਅਗਵਾਈ ਹੇਠ ਵਿਰੋਧੀ ਪਾਰਟੀਆਂ ਨੇ ਬੁੱਧਵਾਰ ਨੂੰ ਫਿਰ ਤੋਂ ਕੇਂਦਰ ਉੱਤੇ ਹਾਲ ਹੀ ਦੇ ਪ੍ਰਦਰਸ਼ਨਾਂ ਦੌਰਾਨ ਵਿਦਿਆਰਥੀਆਂ ਅਤੇ ਸੰਸਦ ਮੈਂਬਰਾਂ ਨਾਲ ਧੱਕਾਮੁੱਕੀ ਨੂੰ ਲੈ ਕੇ ਹਮਲਾ ਬੋਲਿਆ। ਕਾਂਗਰਸ ਦੇ ਸੰਸਦ ਮੈਂਬਰਾਂ ਨੇ ਦੋਵਾਂ ਸਦਨਾਂ ਵਿੱਚ ਨੀਟ ਪੇਪਰ ਲੀਕ, ਵਿਦਿਆਰਥੀਆਂ ਉੱਤੇ ਪੁਲਸ ਕਾਰਵਾਈ ਅਤੇ ਪ੍ਰੀਖਿਆ ਸੰਕਟ ਉੱਤੇ ਚਰਚਾ ਦੀ ਮੰਗ ਕਰਦਿਆਂ ਨੋਟਿਸ ਦਿੱਤੇ। ਕਾਂਗਰਸ ਦੇ ਰਾਜ ਸਭਾ ਮੈਂਬਰ ਡਾ. ਸਈਅਦ ਨਾਸਿਰ ਹੁਸੈਨ ਨੇ ਰਾਜ ਸਭਾ ਵਿੱਚ ਨਿਯਮ 267 ਤਹਿਤ ਇੱਕ ਨੋਟਿਸ ਸੌਂਪਿਆ, ਜਿਸ ਵਿੱਚ ਭਾਰਤ ਦੀ ਪ੍ਰੀਖਿਆ ਪ੍ਰਣਾਲੀ ਵਿੱਚ ਇੱਕ 'ਪ੍ਰਣਾਲੀਗਤ ਸੰਕਟ' ਵਜੋਂ ਵਰਣਨ ਕੀਤੀ ਗਈ ਸਥਿਤੀ ਉੱਤੇ ਚਰਚਾ ਕਰਨ ਲਈ ਦਿਨ ਦੇ ਕੰਮਕਾਜ ਨੂੰ ਮੁਅੱਤਲ ਕਰਨ ਦੀ ਮੰਗ ਕੀਤੀ ਗਈ। ਲੋਕ ਸਭਾ ਵਿੱਚ ਕਾਂਗਰਸ ਦੇ ਸੰਸਦ ਮੈਂਬਰ ਹਿਬੀ ਈਡਨ ਨੇ 20 ਜੁਲਾਈ ਨੂੰ ਸੰਸਦ ਨੇੜੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਵਿਰੁੱਧ ਪੁਲਸ ਕਾਰਵਾਈ ਬਾਰੇ ਚਰਚਾ ਕਰਨ ਲਈ ਕੰਮ ਰੋਕੂ ਮਤੇ ਦਾ ਨੋਟਿਸ ਦਿੱਤਾ।

## ਮੁੱਖ ਮੰਤਰੀ ਤੀਰਥ ਯਾਤਰਾ ਬੱਸ 'ਤੇ ਹਮਲਾ ਕਾਂਗਰਸੀਆਂ ਨੇ ਕੀਤਾ : ਬਲਤੇਜ ਪੰਨੂ




**ਚੰਡੀਗੜ੍ਹ, (ਨ ਜ਼ ਸ) :** ਆਮ ਆਦਮੀ ਪਾਰਟੀ ਪੰਜਾਬ ਨੇ ਮੰਗਲਵਾਰ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਚੱਲ ਰਹੀ ਬੱਸ 'ਤੇ ਹੋਏ ਹਮਲੇ ਦੀ ਪੁਰਜ਼ੋਰ ਨਿੰਦਾ ਕੀਤੀ ਹੈ। ਪਾਰਟੀ ਨੇ ਕਿਹਾ ਕਿ ਇਹ ਘਟਨਾ ਕਾਂਗਰਸੀ ਵਰਕਰਾਂ ਵੱਲੋਂ ਅੰਜਾਮ ਦਿੱਤੀ ਗਈ ਹੈ, ਜੋ ਇਸ ਜਨ ਭਲਾਈ ਪਹਿਲਕਦਮੀ ਦੀ ਵਧਦੀ ਲੋਕਪ੍ਰਿਯਤਾ ਅਤੇ ਸਫਲਤਾ ਤੋਂ ਬੁਖਲਾ ਗਏ ਹਨ।

'ਆਪ' ਆਗੂ ਸ਼ਮਿੰਦਰ ਸਿੰਘ ਖਿੰਡਾ ਨਾਲ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਵਿਰੋਧੀ ਧਿਰਾਂ ਤੋਂ ਭਗਵੰਤ ਮਾਨ ਸਰਕਾਰ ਦੀਆਂ ਭਲਾਈ ਯੋਜਨਾਵਾਂ ਦੀ ਸਫਲਤਾ ਬਰਦਾਸ਼ਤ ਨਹੀਂ ਹੋ ਰਹੀ। ਪੰਨੂ ਨੇ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਪੁਲਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਦੋ ਵਿਅਕਤੀਆਂ ਗੁਰਪਿੰਦਰ ਸਿੰਘ ਉਰਫ਼ ਲਾਲੀ ਅਤੇ ਬਲਜੀਤ ਸਿੰਘ ਸ਼ੀਸ਼ਾ ਦੇ ਸੰਬੰਧ ਕਾਂਗਰਸ ਨਾਲ ਹਨ। ਕਾਂਗਰਸ ਨਾਲ ਜੁੜੇ ਦੋ ਹੋਰ ਵਿਅਕਤੀਆਂ ਸੰਨੀ ਅਤੇ ਹਰਪ੍ਰੀਤ ਸਿੰਘ ਨੇ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਰਹਿ ਗਈ ਕੱਲ੍ਹ ਦੀ ਗੱਲ ਤਾਂ ਕੱਲ੍ਹ ਨਾਲੇ,
ਖਬਰ ਕੁਝ ਅੱਜ ਦੀ ਹੋਸ਼ ਉਡਾਏ ਬੇਲੀ।
ਖਬਰ ਐਸੀ ਕਿ ਮਨੋਂ ਜਿਹੀ ਹੂਕ ਨਿਕਲੀ,
ਸੁਣਾਉਣੀ ਏਦਾਂ ਦੀ ਕੱਲ੍ਹ ਨਾ ਆਏ ਬੇਲੀ।
ਚੰਗੀ ਖਬਰ ਦੀ ਹੋਵੇ ਨਹੀਂ ਅਰਜ਼ ਪੂਰੀ,
ਅਰਜ਼ੋਈਆਂ ਵਿੱਚ ਲੰਘਦਾ ਵਕਤ ਜਾਏ।
ਮਾੜੀ ਰਹਿਬਰਾਂ ਦੀ ਏਥੇ ਨਸਲ ਜਿਹੜੀ,
ਕਰਦੀ ਪਾਪ ਨਹੀਂ ਕਦੀ ਪਛਤਾਏ ਬੇਲੀ।
ਸੁਣਿਆ ਏਹੋ ਕਿ ਵਕਤ ਬੇਰਹਿਮ ਹੁੰਦਾ,
ਕਹਿਣ-ਸੁਣਨ ਦੀ ਇਹੀ ਹੈ ਗੱਲ ਬੇਲੀ।
ਭੋਗਦਾ ਰਹਿੰਦੜਾ ਨਿੱਤ ਗਰੀਬ-ਗੁਰਬਾ,
ਚੋਰ ਉਚੱਕਿਆਂ ਦੇ ਖੜਕਣ ਟੱਲ ਬੇਲੀ।

-ਤੀਸ ਮਾਰ ਖਾਂ

# ਏ ਆਈ ਨੂੰ ਮੁੱਖ ਵਿਸ਼ੇ ਵਜੋਂ ਸ਼ਾਮਲ ਕਰਨ ਵਾਲਾ ਪੰਜਾਬ ਪਹਿਲਾ ਸੂਬਾ ਬਣਿਆ : ਬੈਂਸ

**ਚੰਡੀਗੜ੍ਹ, (ਗੁਰਜੀਤ ਬਿੱਲਾ, ਸੁਰਜੀਤ ਸੁਮਨ)**

ਸਕੂਲੀ ਸਿੱਖਿਆ ਵਿੱਚ ਅਹਿਮ ਤਬਦੀਲੀ ਲਿਆਉਣ ਦੇ ਉਦੇਸ਼ ਨਾਲ, ਪੰਜਾਬ ਪਹਿਲੀ ਤੋਂ 12ਵੀਂ ਜਮਾਤ ਤੱਕ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਨੂੰ ਮੁੱਖ ਵਿਸ਼ੇ ਵਜੋਂ ਸ਼ੁਰੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ। ਪੰਜਾਬ ਸਕੂਲ ਸਿੱਖਿਆ ਬੋਰਡ 'ਸਰਬੱਤ.ਏਆਈ' ਪ੍ਰੋਜੈਕਟ ਤਹਿਤ ਪੜਾਅਵਾਰ ਤਰੀਕੇ ਨਾਲ ਇਸ ਪਾਠਕ੍ਰਮ ਨੂੰ ਲਾਗੂ ਕਰੇਗਾ, ਜੋ ਕਿ ਦੇਸ਼ ਵਿੱਚ ਸਭ ਤੋਂ ਵੱਡੇ ਸੂਬਾ-ਪੱਧਰੀ ਏ ਆਈ ਸਿੱਖਿਆ ਮਿਸ਼ਨਾਂ ਵਿੱਚੋਂ ਇੱਕ ਹੈ ਅਤੇ ਪੰਜਾਬ ਨੂੰ ਭਵਿੱਖੀ ਸਿੱਖਿਆ ਵਿੱਚ ਦੇਸ਼ ਦੇ ਮੋਹਰੀ ਸੂਬੇ ਵਜੋਂ ਸਥਾਪਿਤ ਕਰਦਾ ਹੈ।ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦਿੱਲੀ ਦੇ ਸਾਬਕਾ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਨਾਲ ਮਿਲ ਕੇ ਸਿੱਖਿਆ ਮਾਹਿਰਾਂ, ਤਕਨਾਲੋਜੀ ਭਾਈਵਾਲਾਂ ਅਤੇ ਸਕੂਲ ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਇਸ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ।

ਸ੍ਰੀ ਬੈਂਸ ਨੇ ਕਿਹਾ, 'ਸਿੱਖਿਆ ਪਾਠਕ੍ਰਮ ਸਿੰਗਾਪੁਰ, ਫਿਨਲੈਂਡ, ਯੂਏਈ ਅਤੇ ਅਮਰੀਕਾ ਤੋਂ ਕੌਮਾਂਤਰੀ ਬਹਿਤਰੀਨ ਅਭਿਆਸਾਂ ਦਾ ਅਧਿਐਨ ਉਪਰੰਤ ਵਿਕਸਤ ਕੀਤਾ ਗਿਆ ਹੈ। ਇਸਨੂੰ ਯੂਨੈਸਕੋ ਦੇ ਐਥੀਕਲ ਏ ਆਈ ਫਰੇਮਵਰਕ ਨਾਲ ਜੋੜਿਆ ਗਿਆ ਹੈ ਤਾਂ ਜੋ ਸਾਡੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਮਿਆਰਾਂ ਦੀ ਤਰਜ਼ 'ਤੇ ਆਰਟੀਫੀਸ਼ੀਅਲ



ਇੰਟੈਲੀਜੈਂਸ ਦੀ ਜ਼ਿੰਮੇਵਾਰ, ਸੁਰੱਖਿਅਤ ਅਤੇ ਨੈਤਿਕ ਵਰਤੋਂ ਸਿੱਖਣਾ ਯਕੀਨੀ ਬਣਾਇਆ ਜਾ ਸਕੇ।' ਹਰਜੋਤ ਬੈਂਸ ਨੇ ਦੱਸਿਆ ਕਿ ਪਹਿਲੇ ਪੜਾਅ ਵਿੱਚ ਅੱਠਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਕੀਤਾ ਜਾਵੇਗਾ, ਜਿਸ ਵਿੱਚ ਸਰਕਾਰੀ ਅਤੇ ਮਾਨਤਾ ਪ੍ਰਾਪਤ ਪ੍ਰਾਈਵੇਟ ਸਕੂਲਾਂ ਵਿੱਚ ਕੰਪਿਊਟਰ ਸਾਇੰਸ ਵਿਸ਼ੇ ਨਾਲ ਏ ਆਈ ਨੂੰ ਜੋੜਿਆ ਜਾਵੇਗਾ।ਵਿਦਿਆਰਥੀਆਂ ਨੂੰ ਲਾਈਵ ਆਨਲਾਈਨ ਕਲਾਸਾਂ, ਰਿਕਾਰਡ ਕੀਤੇ ਲੈਕਚਰਾਂ, ਪ੍ਰੋਜੈਕਟ-ਆਧਾਰਿਤ ਸਿਖਲਾਈ, ਨਿਰੰਤਰ ਮੁਲਾਂਕਣ ਅਤੇ ਇੱਕ ਸਮਰਪਿਤ ਲਰਨਿੰਗ ਮੈਨੇਜਮੈਂਟ ਸਿਸਟਮ (ਐਲ ਐਮ ਐਸ) ਰਾਹੀਂ ਸਿਖਲਾਈ ਦਿੱਤੀ ਜਾਵੇਗੀ।ਇਸ ਤੋਂ ਬਾਅਦ ਦੂਜੇ ਪੜਾਅ ਵਿੱਚ ਪਹਿਲੀ ਤੋਂ ਸੱਤਵੀਂ ਜਮਾਤ ਤੱਕ ਏ ਆਈ ਸਿੱਖਿਆ ਨੂੰ ਸ਼ਾਮਲ ਕੀਤਾ ਜਾਵੇਗਾ।

ਇਸ ਪ੍ਰੋਗਰਾਮ ਤੋਂ 25,172 ਸਕੂਲਾਂ ਅਤੇ 31.5 ਲੱਖ ਵਿਦਿਆਰਥੀਆਂ ਨੂੰ ਲਾਭ ਮਿਲੇਗਾ।ਪਹਿਲੇ ਪੜਾਅ ਵਿੱਚ 12,424 ਕੰਪਿਊਟਰ ਸਾਇੰਸ ਅਧਿਆਪਕ ਇਸ ਦੇ ਲਾਗੂਕਰਨ ਦੀ ਅਗਵਾਈ ਕਰਨਗੇ, ਜਦਕਿ ਸਾਰੇ ਵਿਸ਼ਿਆਂ ਦੇ 2 ਲੱਖ ਤੋਂ ਵੱਧ ਅਧਿਆਪਕਾਂ ਨੂੰ ਪੜ੍ਹਾਉਣ, ਸਿੱਖਣ ਅਤੇ ਮੁਲਾਂਕਣ ਵਿੱਚ ਏ.ਆਈ. ਨੂੰ ਸ਼ਾਮਲ ਕਰਨ ਲਈ ਹੌਲੀ-ਹੌਲੀ ਸਿਖਲਾਈ ਦਿੱਤੀ ਜਾਵੇਗੀ।ਦਿੱਲੀ ਦੇ ਸਾਬਕਾ ਸਿੱਖਿਆ ਮੰਤਰੀ ਅਤੇ ਆਪ ਪੰਜਾਬ ਪ੍ਰਭਾਰੀ

• ਬਾਕੀ ਸਫਾ 2 'ਤੇ

## ਸਿੱਖਿਆ ਖੇਤਰ 'ਚ ਨੰਬਰ ਵਨ ਬਣ ਰਿਹੈ ਪੰਜਾਬ : ਕੇਜਰੀਵਾਲ, ਮਾਨ

**ਨਵੀਂ ਦਿੱਲੀ (ਨ ਜ਼ ਸ) :** ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਮਿਲ ਰਹੀ ਸ਼ਾਨਦਾਰ ਸਿੱਖਿਆ ਦੀ ਬਦੌਲਤ ਨੀਟ ਕਲੀਅਰ ਕਰਨ ਵਾਲੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਹੈ। ਕੇਜਰੀਵਾਲ ਨੇ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ 881 ਬੱਚਿਆਂ ਨੇ ਨੀਟ ਦਾ ਇਮਤਿਹਾਨ ਕਲੀਅਰ ਕੀਤਾ ਹੈ। ਨੀਟ ਦਾ ਪੇਪਰ ਬਹੁਤ ਔਖਾ ਹੁੰਦਾ ਹੈ ਅਤੇ ਸਰਕਾਰੀ ਸਕੂਲਾਂ ਵਿੱਚ ਗਰੀਬਾਂ ਦੇ ਬੱਚੇ ਪੜ੍ਹਦੇ ਹਨ। 2022 ਵਿੱਚ ਸਾਡੀ ਸਰਕਾਰ ਆਉਣ ਤੋਂ ਪਹਿਲਾਂ 100 ਤੋਂ ਵੀ ਘੱਟ ਬੱਚਿਆਂ ਨੇ ਨੀਟ ਕਲੀਅਰ ਕੀਤਾ ਸੀ, ਪਰ ਇਸ ਵਾਰ 881 ਬੱਚਿਆਂ ਨੇ ਸਫਲਤਾ ਹਾਸਲ ਕੀਤੀ ਹੈ।ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹੁਣ ਰਿਕਸ਼ੇ ਵਾਲਿਆਂ ਅਤੇ ਮਜ਼ਦੂਰਾਂ ਦੇ ਬੱਚੇ ਡਾਕਟਰ ਬਣਨਗੇ ਅਤੇ ਉਨ੍ਹਾਂ ਦਾ ਭਵਿੱਖ ਸੁਨਹਿਰੀ ਹੋਵੇਗਾ। ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਨੇ ਕਿਹਾ ਸੀ ਕਿ ਸਿੱਖਿਆ ਉਸ ਸ਼ੇਰਨੀ ਦੇ ਦੁੱਧ ਵਾਂਗ ਹੈ, ਜੋ ਇਸ ਨੂੰ ਪੀਵੇਗਾ, ਉਹ ਦਹਾੜੇਗਾ। ਅਸੀਂ ਡਾ. ਅੰਬੇਡਕਰ ਦਾ ਸੁਪਨਾ ਪੂਰਾ ਕਰ ਰਹੇ ਹਾਂ। ਮੈਂ ਉਨ੍ਹਾਂ ਸਾਰੇ ਬੱਚਿਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦੇਣਾ ਚਾਹੁੰਦਾ ਹਾਂ, ਜਿਨ੍ਹਾਂ ਸਵੇਰੇ 3-4 ਵਜੇ ਦਾ ਅਲਾਰਮ ਲਗਾ ਕੇ ਆਪਣੇ ਬੱਚਿਆਂ ਨੂੰ ਪੜ੍ਹਨ ਲਈ ਜਗਾਇਆ ਅਤੇ ਉਨ੍ਹਾਂ ਦਾ ਉਤਸ਼ਾਹ ਵਧਾਇਆ। ਮਾਨ ਨੇ ਕਿਹਾ ਕਿ ਪੰਜਾਬ ਹੁਣ ਸਿੱਖਿਆ ਦੇ ਖੇਤਰ ਵਿੱਚ ਨੰਬਰ ਇੱਕ ਬਣ ਰਿਹਾ ਹੈ।

# ਕਿਸਾਨਾਂ ਨੇ ਪੰਜਾਬ ਭਰ 'ਚ ਤਿੰਨ ਘੰਟੇ ਟੋਲ ਫਰੀ ਕਰਕੇ ਕੇਂਦਰ ਨੂੰ ਦਿੱਤਾ ਸਖ਼ਤ ਸੰਦੇਸ਼










**ਮੋਗਾ (ਇਕਬਾਲ ਸਿੰਘ ਖਹਿਰਾ)** ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ 22 ਜੁਲਾਈ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਪੰਜਾਬ ਭਰ ਦੇ ਟੋਲ ਪਲਾਜ਼ਿਆਂ ਨੂੰ ਮੁਫ਼ਤ ਕਰਕੇ ਭਾਰਤ-ਅਮਰੀਕਾ ਵਪਾਰ ਸਮਝੌਤੇ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਧਰਨੇ ਲਗਾਏ ਗਏ। ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਔਰਤਾਂ ਅਤੇ ਆਮ ਲੋਕਾਂ ਨੇ ਸ਼ਮੂਲੀਅਤ ਕਰਦਿਆਂ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਅਤੇ ਕਿਸਾਨ ਵਿਰੋਧੀ ਨੀਤੀਆਂ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਗਟਾਇਆ। ਧਰਨੇ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਆਗੂ ਨਿਰਭੈ ਸਿੰਘ ਢੁੱਡੀਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਜਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਬੀ ਕੇ ਯੂ ਲੱਖੋਵਾਲ, ਅਮਰਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਬੀ ਕੇ ਯੂ ਉਗਰਾਹਾਂ, ਪ੍ਰਗਟ ਸਿੰਘ ਸਾਫੂਵਾਲਾ ਜ਼ਿਲ੍ਹਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਜਸਵਿੰਦਰ ਸਿੰਘ ਕਾਲੇ ਕੇ ਬੀਕੇਯੂ ਡਕੌਂਦਾ, ਕਸ਼ਮੀਰ ਸਿੰਘ ਭੇਖਾ ਜਿਲ੍ਹਾ ਮੀਤ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਜਗਜੀਤ ਸਿੰਘ ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਜਨਰਲ ਸੈਕਟਰੀ, ਗੁਰਨੇਕ ਸਿੰਘ ਦੌਲਤਪੁਰਾ ਬਲਾਕ ਪ੍ਰਧਾਨ ਬੀ ਕੇ ਯੂ ਪੰਜਾਬ ਸਮੇਤ ਵੱਡੀ ਗਿਣਤੀ 'ਚ ਕਿਸਾਨ ਆਗੂਆਂ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਅਮਰੀਕਾ ਵਪਾਰ ਸਮਝੌਤਾ ਦੇਸ਼ ਦੀ ਖੇਤੀਬਾੜੀ, ਡੇਅਰੀ ਸੈਕਟਰ, ਪਸ਼ੂ ਪਾਲਣ, ਛੋਟੇ ਉਦਯੋਗਾਂ, ਵਪਾਰ ਅਤੇ ਪੇਂਡੂ ਆਰਥਿਕਤਾ ਲਈ ਗੰਭੀਰ ਖ਼ਤਰਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਬਹੁ-ਕੌਮੀ ਕੰਪਨੀਆਂ ਅਤੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਦੇ ਹਿੱਤਾਂ ਨਾਲ ਸਮਝੌਤਾ ਕਰ ਰਹੀ ਹੈ, ਜਿਸ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਕੇਂਦਰ ਸਰਕਾਰ ਨੇ ਕਿਸਾਨਾਂ ਅਤੇ ਆਮ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਅਣਡਿੱਠਾ ਕੀਤਾ ਤਾਂ ਦੇਸ਼ ਭਰ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ। ਸੰਚਾਲਨ ਕਮੇਟੀ ਮੈਂਬਰ ਬਲੌਰ ਸਿੰਘ ਘੱਲ ਕਲਾਂ ਬੀ ਕੇ ਯੂ ਉਗਰਾਹਾਂ, ਜਸਮੇਲ ਸਿੰਘ ਰਾਜੇਆਣਾ ਕਿਰਤੀ ਕਿਸਾਨ ਯੂਨੀਅਨ, ਬਲਕਰਨ ਸਿੰਘ ਢਿੱਲੋਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਚਮਕੌਰ ਸਿੰਘ ਰੋਡੇ ਕਿਰਤੀ ਕਿਸਾਨ ਯੂਨੀਅਨ, ਰਵਿੰਦਰ ਸਿੰਘ ਭੋਲਾ ਜਿਲਾ ਜਨਰਲ ਸਕੱਤਰ ਤੇ ਅਕਬਰ ਚੜਿੱਕ, ਤੀਰਥ ਸਿੰਘ ਘੱਲ ਕਲਾਂ, ਇਕਬਾਲ ਸਿੰਘ ਸਿੰਘਾਂਵਾਲਾ, ਕੁਲਦੀਪ ਕੌਰ ਕੁੱਸਾ ਜਿਲ੍ਹਾ ਮੀਤ ਪ੍ਰਧਾਨ, ਛਿੰਦਰਪਾਲ ਕੌਰ ਕਿਰਤੀ ਕਿਸਾਨ ਯੂਨੀਅਨ, ਲਖਵਿੰਦਰ ਸਿੰਘ ਰੌਲੀ ਲੱਖੋਵਾਲ, ਹਰਜੀਤ ਸਿੰਘ ਮਨਾਵਾਂ ਲੱਖੋਵਾਲ, ਗੁਰਬੀਰ ਸਿੰਘ ਰਾਜੇਆਣਾ, ਸੁਖਜੀਤ ਸਿੰਘ, ਸੁਖਮੰਦਰ ਸਿੰਘ, ਮਲਕੀਤ ਸਿੰਘ, ਪਰਵਿੰਦਰ ਸਿੰਘ, ਮੰਦਰਜੀਤ ਸਿੰਘ ਮਨਾਵਾਂ, ਮੁਖਤਿਆਰ ਸਿੰਘ, ਹਰਬੰਸ ਸਿੰਘ, ਕੁਲਵਿੰਦਰ ਸਿੰਘ, ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ, ਮੇਜਰ ਸਿੰਘ, ਜਗਮੋਹਣ ਸਿੰਘ, ਸੁਰਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਭੁਪਿੰਦਰ ਸਿੰਘ, ਜਸਪਾਲ ਸਿੰਘ, ਮਨਪ੍ਰੀਤ ਕੌਰ, ਕਰਮਜੀਤ ਕੌਰ ਹਿੰਮਤਪੁਰਾ, ਸਿਮਰਨਜੀਤ ਕੌਰ, ਬਲਜਿੰਦਰ ਕੌਰ, ਨਛੱਤਰ ਕੌਰ, ਕੁਲਦੀਪ ਕੌਰ, ਸੁਖਦੀਪ ਕੌਰ, ਮਨਜੀਤ ਕੌਰ, ਅਮਰਜੀਤ ਕੌਰ, ਬਲਜੀਤ ਕੌਰ, ਜਗਵਿੰਦਰ ਕੌਰ ਰਾਜੇਆਣਾ, ਕੁਲਵੰਤ ਕੌਰ, ਬਲਜੀਤ ਕੌਰ, ਭੁਪਿੰਦਰ ਕੌਰ, ਜਸਪਾਲ ਕੌਰ, ਚਮਕੌਰ ਸਿੰਘ ਦੇਸ਼ ਸਿੰਘ, ਬਲਰਾਜ ਸਿੰਘ, ਮਹਿੰਦਰ ਸਿੰਘ, ਗੁਰਦਿੱਤ ਸਿੰਘ, ਆਤਮਾ ਸਿੰਘ, ਜੀਤ ਸਿੰਘ, ਲਖਬੀਰ ਸਿੰਘ, ਜਰਨੈਲ ਸਿੰਘ, ਅਜਮੇਰ ਸਿੰਘ, ਬਲਤੇਜ ਸਿੰਘ, ਹਰਜਿੰਦਰ ਸਿੰਘ ਕੋਟਲਾ ਰਾਏ ਕਾ, ਗੁਰਮੀਤ ਸਿੰਘ, ਲਖਵੀਰ ਸਿੰਘ ਸਾਬਕਾ ਸਰਪੰਚ ਸੰਧੂਆਣਾ, ਬਲਜੀਤ ਸਿੰਘ, ਚਰਨਜੀਤ ਸਿੰਘ,







ਨਛੱਤਰ ਸਿੰਘ, ਗੁਰਤੇਜ ਸਿੰਘ, ਆਦਿ ਵੱਡੀ ਗਿਣਤੀ ਕਿਸਾਨ ਆਗੂ ਹਾਜ਼ਰ ਸਨ।

**ਪਾਤੜਾਂ ( ਨਿਸ਼ਾਨ ਸਿੰਘ ਬਣਵਾਲਾ)** - ਭਾਰਤ ਅਮਰੀਕਾ ਕਰ ਮੁਕਤ ਵਪਾਰ ਸਮਝੌਤੇ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਨੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚੋਂ ਲੰਘਦੇ ਦਿੱਲੀ ਜੰਮੂ ਕੱਟੜਾ ਐਕਸਪ੍ਰੈਸ ਵੇਅ ਦੇ ਘੱਗਾ ਟੋਲ ਪਲਾਜਾ ਅਤੇ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਪਿੰਡ ਗੋਬਿੰਦਪੁਰਾ ਪੈਂਦ ਟੋਲ ਪਲਾਜ਼ਾ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਇਹਨਾਂ ਪ੍ਰਦਰਸ਼ਨਾਂ ਦੌਰਾਨ ਪੰਜਾਬ ਤੋਂ ਦਿੱਲੀ ਜਾਣ ਵਾਲੇ ਵਾਹਨ 12 ਤੋਂ ਤਿੰਨ ਵਜੇ ਤੱਕ ਬਿਨਾਂ ਪਰਚੀ ਤੋਂ ਲੰਘੇ।ਰੋਸ ਪ੍ਰਦਰਸ਼ਨਾਂ ਦੌਰਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਕੁਲ ਹਿੰਦ ਕਿਸਾਨ ਸਭਾ 1936, ਜਮਹੂਰੀ ਕਿਸਾਨ ਸਭਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ (ਬੁੱਟਰ) ਦੇ ਵਰਕਰਾਂ ਨੇ ਸ਼ਮੂਲੀਅਤ ਕਰਦਿਆਂ ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਕਰ ਮੁਕਤ ਸਮਝੌਤੇ ਨੂੰ ਖਤਮ ਕਰਵਾਉਣ ਲਈ ਸੰਘਰਸ਼ ਜਾਰੀ ਰੱਖਣ ਦਾ ਅਹਿਦ ਲਿਆ ਗਿਆ। ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਕੁੱਲ ਹਿੰਦ ਕਿਸਾਨ ਸਭਾ 1936 ਦੇ ਸੂਬਾ ਡਿਪਟੀ ਜਨਰਲ ਸਕੱਤਰ ਕੁਲਵੰਤ ਸਿੰਘ ਮੌਲਵੀਵਾਲਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਹਰਿਆਊ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਬਰਾਸ ਬਲਾਕ ਪ੍ਰਧਾਨ ਅਮਰੀਕ ਸਿੰਘ ਘੱਗਾ, ਜਮਹੂਰੀ ਕਿਸਾਨ ਸਭਾ ਦੇ ਆਗੂ ਮਲਕੀਤ ਸਿੰਘ ਨਿਆਲ, ਹਰਭਜਨ ਸਿੰਘ ਧੂਹੜ ਅਤੇ ਮਹਿਲਾ ਕਿਸਾਨ ਆਗੂ ਚਰਨਜੀਤ ਕੌਰ ਧੂੜੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਅਮਰੀਕਾ ਦੀਆਂ ਕਿਸਾਨ ਵਿਰੋਧੀ ਨੀਤੀਆਂ ਅੱਗੇ ਗੋਡੇ ਟੇਕ ਚੁੱਕੀ ਹੈ। ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕਰ ਮੁਕਤ ਸਮਝੌਤੇ ਉੱਤੇ ਦਸਤਖਤ ਕੀਤੇ ਜਾਣ ਨਾਲ ਦੇਸ਼ ਦੀ ਕਿਸਾਨੀ ਤਬਾਹ ਹੋ ਜਾਵੇਗੀ ਜਦੋਂ ਕਿ ਭਾਰਤ ਇੱਕ ਖੇਤੀ ਪ੍ਰਧਾਨ ਦੇਸ਼ ਹੈ ਤੇ ਇਸ ਦੀ ਆਰਥਿਕਤਾ ਖੇਤੀ ਉੱਤੇ ਨਿਰਭਰ ਕਰਦੀ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਖੇਤ ਮਜ਼ਦੂਰ ਆਗੂ ਰਾਮ ਚੰਦ ਚੁਨਾਗਰਾ, ਜਗਜੀਤ ਸਿੰਘ ਦੁਗਾਲ, ਸਾਹਿਬ ਸਿੰਘ ਦੁਤਾਲ, ਸੂਬੇਦਾਰ ਨਰਾਤਾ ਸਿੰਘ, ਬਲਵੀਰ ਸਿੰਘ ਦੇਧਨਾ, ਸੁਖਦੇਵ ਸਿੰਘ ਨਿਆਲ, ਗੁਰਜੰਟ ਸਿੰਘ ਬਣਵਾਲਾ, ਜਾਨਪਾਲ ਸਿੰਘ ਕਾਂਗਥਲਾ, ਸ਼ੁਬੇਗ ਸਿੰਘ ਸ਼ੁਤਰਾਣਾ ਆਦਿ ਹਾਜ਼ਰ ਸਨ।




**ਚੌਕੀਮਾਨ ( ਇੰਜੀ ਬਲਬੀਰ ਸਿੰਘ ਮਾਨ )**– ਅਮਰੀਕਾ ਭਾਰਤ ਟ੍ਰੇਡ ਸੰਧੀ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਵੱਲੋਂ ਦੇਸ਼ ਭਰ ਵਿੱਚ ਬੁੱਧਵਾਰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਤਿੰਨ ਘੰਟੇ ਟੋਲ ਪਲਾਜੇ ਟੋਲ ਮੁਕਤ ਕਰਨ ਦੀ ਲੜੀ ਤਹਿਤ,ਸਮੂਹ ਕਿਸਾਨ ਜਥੇਬੰਦੀਆਂ ਤੇ ਸਹਿਯੋਗੀ ਜਥੇਬੰਦੀਆਂ ਨੇ ਮੋਗਾ- ਲੁਧਿਆਣਾ ਨੈਸ਼ਨਲ ਹਾਈਵੇ ਤੇ ਸਥਿਤ ਚੌਂਕੀਮਾਨ ਟੋਲ ਪਲਾਜਾ 'ਤੇ ਵਿਸ਼ਾਲ ਧਰਨਾ ਦੇ ਕੇ ਆਪਣਾ ਰੋਸ ਪ੍ਰਦਰਸ਼ਨ ਕੀਤਾ । ਤਿੰਨ ਘੰਟੇ ਟੋਲ ਪਲਾਜਾ ਟੋਲ ਮੁਕਤ ਕਰਕੇ ਬੀ ਜੇ ਪੀ ਦੀ ਸਰਕਾਰ ਨੂੰ ਮੂੰਹ ਤੋੜਵਾ ਜਵਾਬ ਦਿੰਦਿਆਂ ਅਮਰੀਕਾ ਨਾਲ ਵਪਾਰ ਸੰਧੀ ਦਾ ਵਿਰੋਧ ਕੀਤਾ । ਇਸ ਮੌਕੇ ਭਾਜਪਾ ਦੀ ਸਰਕਾਰ ਦਾ ਪਿੱਟ ਸਿਆਪਾ ਕਰਦਿਆਂ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ ਚਮਕੌਰ ਸਿੰਘ ਬਰਮੀ, ਰਜਿੰਦਰ ਸਿੰਘ ਬੋਪਾ ਰਾਏ, ਜੋਗਿੰਦਰ ਸਿੰਘ ਮਲਸੀਹਾਂ ਬਾਜਣ, ਸਤਨਾਮ ਸਿੰਘ ਮੋਰਗਿਮਾ ,ਜਗਦੇਵ ਸਿੰਘ ਲਲਤੋਂ , ਮਨਜਿੰਦਰ ਸਿੰਘ ,ਹਰਦਿਆਲ ਸਿੰਘ ਘੁਮਾਣ ,ਗੁਰਚਰਨ ਸਿੰਘ ਮਾਨ, ਆਤਮਾ ਸਿੰਘ ਮਾਨ ,ਅਮਨਦੀਪ ਮਾਨ , ਬਲਰਾਜ ਸਿੰਘ ਕੋਟਉਮਰਾ ਆਦਿ ਨੇ ਕੇਂਦਰ ਦੀ ਮੋਦੀ ਸਰਕਾਰ ਨੂੰ ਕਿਹਾ ਕਿ ਦੇਸ਼ ਵੇਚਣ ਵਾਲੀ ਸਰਕਾਰ ਨੂੰ ਚੱਲਦਾ ਕਰਕੇ ਹੀ ਦਮ ਲਵਾਂਗੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)** – ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਵਿਰੁੱਧ ਟੋਲ ਮੁਕਤ ਕਰਨ ਅਤੇ ਭਾਜਪਾ ਦੇ ਆਗੂਆਂ ਦੇ ਘਰਾਂ ਅੱਗੇ ਧਰਨੇ ਦੇਣ ਦੇ ਦਿੱਤੇ ਸੱਦੇ ਤਹਿਤ ਵੀਰਵਾਰ ਨੂੰ ਜ਼ਿਲਾ ਬਠਿੰਡਾ ਅੰਦਰ ਸ਼ਾਮਿਲ ਜਥੇਬੰਦੀਆਂ ਵੱਲੋਂ ਲਹਿਰਾ ਬੇਗਾ, ਜੀਦਾ, ਬੱਲੂਆਣਾ, ਜੱਸੀ ਅਤੇ ਸ਼ੇਖਪੁਰਾ ਵਿਖੇ ਟੋਲ ਪਲਾਜਿਆਂ ਤੇ ਧਰਨੇ ਦੇ ਕੇ 12 ਵਜੇ ਤੋਂ 3 ਵਜੇ ਤੱਕ ਟੋਲ ਮੁਕਤ ਕੀਤਾ ਗਿਆ। ਇਕੱਠਾਂ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ,ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਧਨੇਰ) ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਬੁਰਜ ਗਿੱਲ) ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਜਮਹੂਰੀ ਕਿਸਾਨ ਸਭਾ ਦੇ ਜ਼ਿਲਾ ਪ੍ਰਧਾਨ ਸੁਖਵਿੰਦਰ ਸਿੰਘ ਧਾਲੀਵਾਲ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ (ਟਕੈਤ) ਦੇ ਸੂਬਾ ਜਨਰਲ ਸਕੱਤਰ ਸਰੂਪ ਸਿੰਘ ਸਿੱਧੂ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਵਰਨ ਸਿੰਘ ਪੂਹਲੀ, ਭਾਰਤੀ ਕਿਸਾਨ ਯੂਨੀਅਨ ਏਕਤਾ ਮਾਲਵਾ (ਹੀਰ ਕੇ) ਦੇ ਸੂਬਾ ਜਨਰਲ ਸਕੱਤਰ ਗੁਰਤੇਜ ਸਿੰਘ ਬੱਲੋ ਨੇ ਕਿਹਾ ਕਿ ਅਮਰੀਕਾ ਵੱਲੋਂ ਆਪਣੇ ਦੇਸ਼ ਦੇ ਸਰਮਾਏਦਾਰਾਂ ਦਾ ਭਾਰਤ ਦੀ ਖੇਤੀ ਅਤੇ ਸਾਰੇ ਕਾਰੋਬਾਰਾਂ 'ਤੇ ਕਬਜਾ ਕਰਵਾਉਣ ਦੀ ਨੀਤੀ ਅਨੁਸਾਰ ਜੇਕਰ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਸਿਰੇ ਚੜਦਾ ਹੈ ਤਾਂ ਸਾਰੇ ਲੋਕਾਂ ਦੇ ਕਾਰੋਬਾਰ ਖਤਰੇ ਵਿੱਚ ਪੈ ਜਾਣਗੇ ਕਿਉਂਕਿ ਇਕੱਲਾ ਖੇਤੀ, ਖੇਤੀ ਨਾਲ ਜੁੜੇ ਧੰਦੇ ਹੀ ਨਹੀਂ ਚੌਪਟ ਹੋਣਗੇ, ਇਸ ਨਾਲ ਸਮੁੱਚੇ ਕਾਰੋਬਾਰ ਤਬਾਹ ਹੋਣੇ ਹਨ ਤੇ ਖੇਤੀ ਦੇ ਸਹਾਇਕ ਧੰਦੇ ਜਿਵੇਂ ਡੇਅਰੀ ਦੇ ਧੰਦੇ ਅਤੇ ਹੋਰ ਸਹਾਇਕ ਧੰਦੇ ਹਨ ਉਹਨਾਂ ਸਾਰਿਆਂ 'ਤੇ ਖਤਰਾ ਹੋਵੇਗਾ ਕਿਉਂਕਿ ਸਮਝੌਤੇ ਤਹਿਤ ਪਹਿਲਾਂ ਅਮਰੀਕਾ ਦੇ ਕਿਸਾਨਾਂ ਵੱਲੋਂ ਤਿਆਰ ਅਨਾਜ ਮੱਕੀ, ਸੋਇਆਬੀਨ, ਦੁੱਧ ਅਤੇ ਪਸ਼ੂਆਂ ਦੀ ਫੀਡ ਵਿੱਚ ਵਰਤਣ ਲਈ ਖਲ ਭਾਰਤ ਵਿੱਚ ਇਥੋਂ ਦੀ ਫਸਲ ਦੇ ਮੁਕਾਬਲੇ ਘੱਟ ਰੇਟਾਂ ਵਿੱਚ ਮਾਰਕੀਟ ਵਿੱਚ ਲਿਆਂਦੀ ਜਾਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਇਸ ਨਾਲ ਭਾਰਤ ਦਾ ਕਿਸਾਨ ਅਮਰੀਕਾ ਦੇ ਕਿਸਾਨ ਦਾ ਮੁਕਾਬਲਾ ਨਹੀਂ ਕਰ ਸਕਦਾ ਕਿਉਂਕਿ ਅਮਰੀਕਾ ਆਪਣੇ ਦੇਸ਼ ਦੇ ਕਿਸਾਨਾਂ ਨੂੰ ਵੱਡੀ ਪੱਧਰ 'ਤੇ ਸਬਸਿਡੀਆਂ ਦਿੰਦਾ ਹੈ। ਇਸ ਤੋਂ ਇਲਾਵਾ ਬੀ ਕੇ ਯੂ ਏਕਤਾ ਉਗਰਾਹਾਂ ਤੋਂ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਹਰਿੰਦਰ ਕੌਰ ਬਿੰਦੂ,ਬੀ ਕੇ ਯੂ ਡਕੌਂਦਾ ਧਨੇਰ ਤੋਂ ਹਰਵਿੰਦਰ ਸਿੰਘ ਕੋਟਲੀ, ਬੀ ਕੇ ਯੂ ਡਕੌਂਦਾ ਬੁਰਜ ਗਿੱਲ ਤੋਂ ਰਾਜਮਹਿੰਦਰ ਸਿੰਘ ਕੋਟਭਾਰਾ,ਟੋਲ ਪਲਾਜ਼ਾ ਵਰਕਰ ਯੂਨੀਅਨ ਦੇ ਸੂਬਾ ਸਕੱਤਰ ਜਸਪ੍ਰੀਤ ਸਿੰਘ, ਪੀ ਐਸ ਯੂ ਸ਼ਹੀਦ ਰੰਧਾਵਾ ਤੋਂ ਬਿੰਦਰ ਬਠਿੰਡਾ, ਸਾਬਕਾ ਸੈਨਿਕ ਵੈਲਫੇਅਰ ਯੂਨੀਅਨ ਦੇ ਆਗੂ ਨੇ ਵੀ ਸੰਬੋਧਨ ਕੀਤਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ )**- ਸੰਯੁਕਤ ਕਿਸਾਨ ਮੋਰਚਾ ਪਟਿਆਲਾ ਦੇ ਸੱਦੇ 'ਤੇ ਬੁੱਧਵਾਰ ਨੂੰ ਪਟਿਆਲੇ ਜਿਲੇ ਨਾਲ ਸੰਬੰਧਿਤ ਸਾਰੇ ਟੋਲ ਪਲਾਜੇ ਪਰਚੀ ਮੁਕਤ ਕੀਤੇ ਗਏ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਧਰੇੜੀ ਜੱਟਾਂ ਟੋਲ ਪਲਾਜਾ 'ਤੇ ਇਕੱਤਰ ਹੋ ਕੇ 12 ਤੋਂ 3 ਵਜੇ ਤੱਕ ਇਹ ਟੋਲ ਪਲਾਜਾ ਪਰਚੀ ਮੁਕਤ ਰੱਖਿਆ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਚੇਤਾਵਨੀ ਭਰੇ ਲਹਿਜੇ ਨਾਲ ਕਿਹਾ ਕਿ ਜੇਕਰ ਸਰਕਾਰ ਨੇ ਅਮਰੀਕਾ ਨਾਲ ਕਰ ਮੁਕਤ ਡੀਲ ਕਰਨ ਤੋਂ ਪਿੱਛੇ ਨਾ ਹਟੀ ਤਾਂ ਇਸ ਦੇ ਸਿੱਟੇ ਸਰਕਾਰ ਨੂੰ ਭੁਗਤਣੇ ਪੈਣਗੇ ਕਿਸਾਨ ਆਗੂਆਂ ਨੇ ਚਿੰਤਾ ਜਹਿਰ ਕਰਦਿਆਂ ਕਿਹਾ ਕਿ ਇਹ ਡੀਲ ਲਾਗੂ ਹੋ ਜਾਣ ਨਾਲ ਜਿੱਥੇ ਸਮੁੱਚੇ ਦੇਸ਼ ਦੀ ਖੇਤੀ ਪ੍ਰਭਾਵਿਤ ਹੋਏਗੀ ਉਥੇ ਦੁੱਧ,ਮਾਸ ਅਤੇ ਹੋਰ ਸਹਾਇਕ ਧੰਦੇ ਵੀ ਇਸ ਤੋਂ ਬਚ ਨਹੀਂ ਸਕਣਗੇ । ਇਕੱਤਰਤਾ ਨੂੰ ਡਾ. ਦਰਸ਼ਨ ਪਾਲ, ਬਲਰਾਜ ਜੋਸ਼ੀ, ਦਰਸ਼ਨ ਬੇਲੂ ਮਾਜਰਾ, ਬੂਟਾ ਸਿੰਘ ਸ਼ਾਦੀਪੁਰ, ਧਰਮਪਾਲ ਸੀਲ, ਪਵਨ ਕੁਮਾਰ ਸੋਗਲ ਪੁਰ,ਸੁਰਜੀਤ ਸਿੰਘ ਲਚਕਾਣੀ,ਹਰਿੰਦਰ ਸਿੰਘ ਲਾਖਾ, ਸੁਖਵਿੰਦਰ ਸਿੰਘ ਲਾਲੀ,ਗੁਰਵਿੰਦਰ ਸਿੰਘ ਧੂਮਾ,ਪਰਮਿੰਦਰ ਸਿੰਘ ਤੇ ਜਸਪਾਲ ਚੌਧਰੀ ਰਾਜਗੜ੍ਹ ਆਦਿ ਆਗੂਆਂ ਨੇ ਸੰਬੋਧਨ ਕੀਤਾ । ਦਿੱਲੀ ਅਤੇ ਸ਼ੰਭੂ ਤੇ ਹੋਏ ਕਿਸਾਨਾਂ, ਵਿਦਿਆਰਥੀ ਤੇ ਨੌਜਵਾਨਾਂ ਦੇ ਜਬਰ ਦੇ ਖਿਲਾਫ ਨਿਖੇਧੀ, ਮਤਾ ਮੁਲਾਜ਼ਮ ਆਗੂ ਜਸਬੀਰ ਖੋਖਰ ਨੇ ਪੇਸ਼ ਕੀਤੇ ਜਿਸ ਨੂੰ ਸਮੁੱਚੇ ਲੋਕਾਂ ਵੱਲੋਂ ਰੋਹ ਭਰਭੂਰ ਨਾਹਰਿਆਂ ਨਾਲ ਪਾਸ ਕੀਤਾ ਅੰਤ ਵਿੱਚ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਦੇ ਨਾਲ ਹੀ ਕਿਸਾਨ ਆਗੂਆਂ ਨੇ ਪਟਿਆਲਾ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪਟਿਆਲਾ ਪ੍ਰਸ਼ਾਸਨ ਕਿਸਾਨਾਂ ਦੇ ਮਸਲੇ ਹੱਲ ਨਹੀਂ ਕਰ ਰਿਹਾ ਤੇ ਟਾਲ ਮਟੋਲ ਦੀ ਨੀਤੀ ਤੇ ਚੱਲ ਰਿਹਾ ਹੈ । ਸਟੇਜ ਸਕੱਤਰ ਦੀ ਕਾਰਵਾਈ ਰਾਜ ਕਿਸਨ ਨੂਰ ਖੇੜੀਆਂ ਤੇ ਜਸਵਿੰਦਰ ਸਿੰਘ ਬਾਰਨ ਨੇ ਸਾਂਝੇ ਤੌਰ 'ਤੇ ਚਲਾਈ।

**ਸਮਰਾਲਾ, (ਸੁਰਜੀਤ ਸਿੰਘ)**- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ), ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਅਤੇ ਆਲ ਇੰਡੀਆ ਕਿਸਾਨ ਸਭਾ 1936 ਸਮੇਤ ਹੋਰ ਕਿਸਾਨ ਜਥੇਬੰਦੀਆਂ ਵੱਲੋਂ ਘੁਲਾਲ ਟੋਲ ਪਲਾਜਾ 3 ਘੰਟੇ ਲਈ ਫਰੀ ਕੀਤਾ ਗਿਆ। ਇਸ ਮੌਕੇ ਪਹੁੰਚੇ ਕਿਸਾਨ ਆਗੂਆਂ ਜਿਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਬਲਬੀਰ ਸਿੰਘ ਰਾਜੇਵਾਲ, ਹਰਿੰਦਰ ਸਿੰਘ ਲੱਖੋਵਾਲ ਸ਼ਾਮਿਲ ਹਨ, ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤੀ ਹਾਕਮਾਂ ਵੱਲੋਂ ਅਮਰੀਕਾ ਅਤੇ ਹੋਰ ਸਾਮਰਾਜੀ ਮੁਲਕਾਂ ਦੇ ਦਬਾਅ ਅਧੀਨ ਕੀਤਾ ਜਾ ਰਿਹਾ ਸਮਝੌਤਾ ਭਾਰਤ ਦੀ ਖੇਤੀ, ਡੇਅਰੀ, ਪ੍ਰਚੂਨ ਕਾਰੋਬਾਰ, ਵਪਾਰ ਅਤੇ ਛੋਟੇ ਉਦਯੋਗ ਦੇ ਗਲ ਅੰਗੂਠਾ ਦੇਣ ਜਾ ਰਿਹਾ ਹੈ। ਧਰਨੇ ਨੂੰ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਮੇਹਲੋਂ ਸਰਪ੍ਰਸਤ, ਪਰਮਿੰਦਰ ਸਿੰਘ ਪਾਲ ਮਾਜਰਾ ਸੂਬਾ ਜਨਰਲ ਸਕੱਤਰ, ਮਨਜੀਤ ਸਿੰਘ ਢੀਡਸਾਂ ਜ਼ਿਲ੍ਹਾ ਪ੍ਰਧਾਨ, ਦਲਜੀਤ ਸਿੰਘ ਊਰਨਾ ਬਲਾਕ ਸਮਰਾਲਾ ਸਕੱਤਰ ਬੀ. ਕੇ. ਯੂ. (ਲੱਖੋਵਾਲ), ਬੀ. ਕੇ. ਯੂ. (ਰਾਜੇਵਾਲ) ਦੇ ਸੁਖਵਿੰਦਰ ਸਿੰਘ ਭੱਟੀਆਂ ਸੂਬਾ ਮੀਤ ਪ੍ਰਧਾਨ, ਕੁਲਵਿੰਦਰ ਸਿੰਘ ਬਲਾਕ ਪ੍ਰਧਾਨ, ਪ੍ਰਗਟ ਸਿੰਘ ਕੋਟ ਪਨੈਚ, ਬੀ. ਕੇ. ਯੂ. (ਉਗਰਾਹਾਂ) ਦੇ ਬਲਵੰਤ ਸਿੰਘ ਘੁਡਾਣੀ, ਸਾਧੂ ਸਿੰਘ ਪੰਜੇਟਾ, ਕੁਲਦੀਪ ਸਿੰਘ ਗਰੇਵਾਲ, ਬੀ. ਕੇ. ਯੂ. (ਕਾਦੀਆਂ) ਦੇ ਹਰਦੀਪ ਸਿੰਘ ਗਿਆਸਪੁਰਾ ਜ਼ਿਲ੍ਹਾ ਪ੍ਰਧਾਨ, ਮਨਪ੍ਰੀਤ ਸਿੰਘ ਘੁਲਾਲ ਜ਼ਿਲ੍ਹਾ ਸਕੱਤਰ, ਜਮਹੂਰੀ ਕਿਸਾਨ ਸਭਾ ਦੇ ਲਛਮਣ ਸਿੰਘ ਕੂੰਮ ਕਲਾਂ, ਸੁਖਮਿੰਦਰ ਸਿੰਘ ਰਤਨਗੜ੍ਹ, ਕੁੱਲ ਹਿੰਦ ਕਿਸਾਨ ਸਭਾ ਦੇ ਜਸਵੀਰ ਸਿੰਘ ਝੱਜ, ਜੰਗ ਸਿੰਘ ਸਿਰਥਲਾ, ਆਤਮਾ ਸਿੰਘ, ਆਦਿ ਨੇ ਵੀ ਸੰਬੋਧਨ ਕੀਤਾ ਅਤੇ ਅਗਲੇ ਲੰਮੇ ਅਤੇ ਜਾਨ ਹੂਲਵੇਂ ਸ਼ੰਘਰਸਾਂ ਲਈ ਤਿਆਰ ਰਹਿਣ ਲਈ ਦਾ ਸੱਦਾ ਦਿੱਤਾ।

**ਰਾਏਕੋਟ (ਸੰਤੋਖ ਗਿੱਲ)**-ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਨੇ ਰਾਏਕੋਟ ਵਿਖੇ ਭਾਜਪਾ ਦਫ਼ਤਰ ਸਾਹਮਣੇ ਧਰਨਾ ਦੇ ਕੇ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਪ੍ਰਸਤਾਵਿਤ ਕਰ-ਮੁਕਤ ਵਪਾਰ ਸਮਝੌਤੇ ਦਾ ਤਿੱਖਾ ਵਿਰੋਧ ਕੀਤਾ। ਕਿਸਾਨ ਆਗੂਆਂ ਨੇ ਦੋਸ਼ ਲਾਇਆ ਕਿ ਇਹ ਸਮਝੌਤਾ ਪੰਜਾਬ ਦੀ ਖੇਤੀਬਾੜੀ, ਫ਼ਸਲੀ ਵਿਭਿੰਨਤਾ ਅਤੇ ਕਿਸਾਨਾਂ ਦੀ ਆਰਥਿਕਤਾ ਲਈ ਗੰਭੀਰ ਖ਼ਤਰਾ ਸਾਬਤ ਹੋ ਸਕਦਾ ਹੈ। ਧਰਨੇ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਾਧੂ ਸਿੰਘ ਅੱਚਰਵਾਲ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਮਰੀਕਾ ਦੇ ਦਬਾਅ ਹੇਠ ਕਰ-ਮੁਕਤ ਵਪਾਰ ਸਮਝੌਤਾ ਕਰਨ ਵੱਲ ਵੱਧ ਰਹੀ ਹੈ, ਜਿਸ ਦੇ ਨਤੀਜੇ ਵਜੋਂ ਪੰਜਾਬ ਦੀ ਕਿਸਾਨੀ ਤਬਾਹ ਹੋ ਜਾਵੇਗੀ। ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਲਾਡੀ ਅਤੇ ਬੂਟਾ ਸਿੰਘ ਚੱਕਰ ਨੇ ਕਿਹਾ ਕਿ ਅਮਰੀਕਾ ਤੋਂ ਮੱਕੀ ਦੀ ਦਰਾਮਦ ਖੁੱਲ੍ਹੇ ਤੌਰ 'ਤੇ ਹੋਣ ਨਾਲ ਪੰਜਾਬ ਦਾ ਕਿਸਾਨ ਬਰਬਾਦ ਹੋ ਜਾਵੇਗਾ । ਇਸ ਮੌਕੇ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਅਮਰ ਸਿੰਘ ਜਲਾਲਦੀਵਾਲ, ਜਮਹੂਰੀ ਕਿਸਾਨ ਸਭਾ ਦੇ ਗੁਰਦੀਪ ਸਿੰਘ ਕਲਸੀ, ਕਰਤਾਰ ਰਾਮ, ਜਲੌਰ ਸਿੰਘ, ਗੁਰਚਰਨ ਸਿੰਘ, ਬਲੌਰ ਸਿੰਘ, ਰਾਜ ਸਿੰਘ, ਜਿੰਦਰ ਸਿੰਘ, ਦਰਸ਼ਨ ਸਿੰਘ, ਬਲਵਿੰਦਰ ਸਿੰਘ, ਰਣਜੀਤ ਸਿੰਘ ਜੀਤਾ, ਅਮਰਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਅਤੇ ਵਰਕਰ ਹਾਜ਼ਰ ਸਨ।

## ਅਮਨਦੀਪ ਕੌਰ ਨੇ ਬਤੌਰ ਸਾਇੰਸ ਮਾਸਟਰ ਪਹਿਲੀ ਹਾਜ਼ਰੀ ਲਾਈ



**ਬੋਹਾ (ਨਿਰੰਜਣ ਬੋਹਾ)** -ਅਮਨਦੀਪ ਕੌਰ ਪੁੱਤਰੀ ਸੰਤੋਖ ਸਾਗਰ (ਐਮ.ਸੀ) ਨੇ ਬਾਰਡਰ ਏਰੀਏ ਤੋਂ ਬਦਲੀ ਹੋਣ 'ਤੇ 22 ਜੁਲਾਈ ਨੂੰ ਖੇਤਰ ਦੇ ਪਿੰਡ ਰਾਮ ਵਾਲਾ ਦੇ ਸਰਕਾਰੀ ਹਾਈ ਸਕੂਲ ਵਿਚ ਬਤੌਰ ਸਾਇੰਸ ਮਾਸਟਰ ਵਜੋਂ ਆਪਣੀ ਸੇਵਾਵਾਂ ਦੇਣ ਲਈ ਹੈਡ ਮਾਸਟਰ ਗੁਰਜੰਟ ਗੁਰਜੰਟ ਸਿੰਘ , ਇੰਚਾਰਜ ਹੈਡ ਮਾਸਟਰ ਕਸ਼ਮੀਰ ਦੀ ਹਾਜ਼ਰੀ ਵਿਚ ਪਹਿਲੀ ਹਾਜ਼ਰੀ ਲਾਈ । ਇਸ ਸਮੇਂ ਉਚੇਚੇ ਤੌਰ 'ਤੇ ਪਹੁੰਚੇ ਸ਼ਹੀਦ ਜਗਸੀਰ ਸਿੰਘ ਸਕੂਲ ਆਫ ਐਮੀਨੈਂਸ ਬੋਹਾ ਦੇ ਪ੍ਰਿੰਸੀਪਲ ਹਰਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਅਮਨਦੀਪ ਕੌਰ ਬਹੁਤ ਹੀ ਹੋਣਹਾਰ ਤੇ ਮਿਹਨਤੀ ਅਧਿਆਪਕਾ ਹੈ । ਨਗਰ ਪੰਚਾਇਤ ਬੋਹਾ ਦੇ ਪ੍ਰਧਾਨ ਜਗਸੀਰ ਸਿੰਘ ਜੱਗਾ ਨੇ ਕਿਹਾ ਕਿ ਇਕ ਚੰਗਾ ਅਧਿਆਪਕ ਵਿਦਿਆਰਥੀਆਂ ਦਾ ਭਵਿੱਖ ਸੁਆਰਣ ਵਿਚ ਬਹੁਤ ਅਹਿਮ ਭੂਮਿਕਾ ਨਿਭਾਉਂਦਾ ਹੈ ।

## ਸਮਾਜ ਸੇਵਕ ਬਲਵੀਰ ਲਹਿਰਾ ਨੇ ਸਾਥੀਆਂ ਸਮੇਤ ਗਲੀ ਦੀ ਕੀਤੀ ਸਫ਼ਾਈ



**ਮੁੱਖੂ (ਰਛਪਾਲ ਸਿੰਘ ਸੰਧੂ) :-** ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਨਗਰ ਪੰਚਾਇਤ ਮੁੱਖੂ ਦੇ ਸਫਾਈ ਸੇਵਕਾਂ ਅਤੇ ਸੀਵਰਮੈਨਾਂ ਵੱਲੋਂ ਅਣਮਿੱਥੇ ਸਮੇਂ ਲਈ ਕੰਮ ਛੱਡ ਹੜਤਾਲ ਕੀਤੀ ਹੋਈ ਹੈ। ਜਿਸ ਕਾਰਨ ਸ਼ਹਿਰ ਵਿੱਚ ਵੱਖ ਵੱਖ ਥਾਵਾਂ 'ਤੇ ਗੰਦਗੀ ਦੇ ਢੇਰ ਲੱਗੇ ਹੋਣ ਕਾਰਨ ਸ਼ਹਿਰ ਵਿੱਚ ਲੋਕਾਂ ਨੂੰ ਗੰਦਗੀ ਤੇ ਬਦਬੂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਨੂੰ ਭਿਆਨਕ ਬੀਮਾਰੀਆਂ ਤੋਂ ਬਚਾਉਣ ਲਈ ਸਮਾਜ ਸੇਵਕ ਬਲਵੀਰ ਲਹਿਰਾ ਵੱਲੋਂ ਆਪਣੇ ਸਾਥੀਆਂ ਨਾਲ ਗਲੀ ਵਿੱਚ ਸਫਾਈ ਕੀਤੀ ਗਈ। ਇਸ ਮੌਕੇ ਸਮਾਜ ਸੇਵਕ ਬਲਵੀਰ ਲਹਿਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਆਪਣੇ ਮੁਹੱਲੇ ਦੇ ਨੌਜਵਾਨਾਂ ਨੂੰ ਨਾਲ ਲੈ ਕੇ ਗਲੀ ਦੀ ਸਫਾਈ ਕੀਤੀ ਹੈ ਤਾਂ ਜੋ ਬਰਸਾਤਾਂ ਦਾ ਮੌਸਮ ਹੋਣ ਕਾਰਨ ਇਸ ਗੰਦਗੀ ਕਾਰਨ ਬਿਮਾਰੀ ਫੈਲਣ ਦੇ ਖਤਰੇ ਤੋਂ ਬਚਿਆ ਜਾ ਸਕੇ। ਬਲਵੀਰ ਲਹਿਰਾ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸਫਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ ਤਾਂ ਜੋ ਕਸਬੇ ਵਿੱਚ ਸਫਾਈ ਦਾ ਕੰਮ ਸ਼ੁਰੂ ਹੋ ਸਕੇ।

## ਚੋਰਾਂ ਨੇ ਪ੍ਰਵਾਸੀ ਔਰਤ ਦੇ ਘਰ ਨੂੰ ਇਕ ਮਹੀਨੇ 'ਚ ਚੌਥੀ ਵਾਰ ਬਣਾਇਆ ਨਿਸ਼ਾਨਾ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਵਜੀਦਕੇ ਖੁਰਦ ਵਿਖੇ ਅਣਪਛਾਤਿਆਂ ਵੱਲੋਂ ਇੱਕ ਪ੍ਰਵਾਸੀ ਭਾਰਤੀ ਧਰਮਿੰਦਰ ਕੌਰ ਪੁੱਤਰੀ ਸੇਵਾ ਸਿੰਘ ਦੇ ਘਰ ਨੂੰ ਇੱਕ ਮਹੀਨੇ ਦੇ ਅੰਦਰ ਚੌਥੀ ਵਾਰ ਨਿਸ਼ਾਨਾ ਬਣਾ ਕੇ ਘਰ ਅੰਦਰ ਪਏ ਸਮਾਨ ਦੀ ਫਰੋਲਾ-ਫਰਾਲੀ ਅਤੇ ਭੰਨਤੋੜ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇਸ ਘਟਨਾ ਨੂੰ ਅੰਜਾਮ ਦੇਣ ਪਹੁੰਚੇ ਚਾਰ ਵਿਅਕਤੀਆਂ 'ਚੋਂ ਦੋ ਜਣਿਆਂ ਨੂੰ ਪਿੰਡ ਵਾਸੀਆਂ ਵੱਲੋਂ ਦਬੋਚ ਕੇ ਪੁਲਿਸ ਹਵਾਲੇ ਕੀਤਾ ਗਿਆ। ਮਕਾਨ ਮਾਲਕ ਧਰਮਿੰਦਰ ਕੌਰ ਦੀ ਛੋਟੀ ਭੈਣ ਜਗਜੀਵਨ ਕੌਰ ਜਿੱਥੇ ਰਹਿ ਰਹੀ ਸੀ ਉਥੇ 16 ,18, 20 ਤੇ 21 ਜੂਨ ਦੀਆਂ ਰਾਤਾਂ ਨੂੰ ਲਗਾਤਾਰ ਚੋਰਾਂ ਵਲੋਂ ਨਿਸ਼ਾਨਾ ਬਣਾਇਆ ਗਿਆ। 40 ਹਜ਼ਾਰ ਨਕਦੀ ਅਤੇ ਹੋਰ ਸਾਜ਼ੋ ਸਮਾਨ ਚੋਰੀ ਕੀਤਾ ਗਿਆ। 16 ਜੂਨ ਤੋਂ ਬਾਅਦ ਪੀੜਤ ਜਗਜੀਵਨ ਕੌਰ ਆਪਣੀ ਜਾਨ ਬਚਾਉਣ ਲਈ ਘਰੋਂ ਬੇਘਰ ਹੋ ਕੇ ਰਹਿਣ ਲਈ ਮਜ਼ਬੂਰ ਹੈ। ਇਸੇ ਦੌਰਾਨ ਬੀਤੀ ਰਾਤ 12 ਵਜੇ ਦੇ ਕਰੀਬ ਚਾਰ ਚੋਰ ਘਰ ਅੰਦਰ ਦਾਖਲ ਹੋਏ ਅਤੇ ਉਨ੍ਹਾਂ ਵੱਲੋਂ ਦਾਖਲ ਹੋਣ ਲਈ ਪੌੜੀ ਦਾ ਸਹਾਰਾ ਲੈਣ ਦੀ ਕੋਸ਼ਿਸ਼ ਕੀਤੀ ਗਈ। ਇਹ ਖੜਕਾ ਸੁਣ ਕੇ ਆਲੇ-ਦੁਆਲੇ ਦੇ ਘਰਾਂ ਨੂੰ ਪਤਾ ਲੱਗਿਆ ਤਾਂ ਉਨ੍ਹਾਂ ਇਕੱਠੇ ਹੋ ਕੇ ਫੜਨ ਦੀ ਕੋਸ਼ਿਸ਼ ਕੀਤੀ, ਇਸ ਦੌਰਾਨ ਘਰ ਅੰਦਰ ਮੌਜੂਦ ਦੋ ਲੜਕਿਆਂ ਨੂੰ ਮੌਕੇ ਤੋਂ ਦਬੋਚ ਕੇ ਪੁਲਿਸ ਥਾਣਾ ਠੁੱਲੀਵਾਲ ਦੇ ਹਵਾਲੇ ਕਰ ਦਿੱਤਾ, ਜਦ ਕਿ ਦੋ ਵਿਅਕਤੀ ਘਰ ਅੰਦਰੋਂ ਐਲ.ਸੀ.ਡੀ., ਪੱਖੇ ਅਤੇ ਹੋਰ ਸਾਜ਼ੋ-ਸਮਾਨ ਚੋਰੀ ਕਰਕੇ ਫ਼ਰਾਰ ਹੋ ਗਏ।

## ਫਿਰੋਜ਼ਪੁਰ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ 'ਚ ਦਾਖਲੇ ਸ਼ੁਰੂ





**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਫਿਰੋਜ਼ਪੁਰ—ਮੋਗਾ ਰੋਡ ਸਥਿਤ ਫਿਰੋਜ਼ਪੁਰ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਐਫ.ਸੀ.ਈ.ਟੀ.) ਵਿੱਚ ਅਕਾਦਮਿਕ ਸੈਸ਼ਨ 2026—27 ਲਈ ਵੱਖ-ਵੱਖ ਪ੍ਰੋਫੈਸ਼ਨਲ ਅਤੇ ਤਕਨੀਕੀ ਕੋਰਸਾਂ ਵਿੱਚ ਦਾਖਲਾ ਪ੍ਰਕਿਰਿਆ ਜਾਰੀ ਹੈ। ਕਾਲਜ ਪ੍ਰਬੰਧਕਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਖ਼ਰੀ ਮਿਤੀ ਤੋਂ ਪਹਿਲਾਂ ਦਾਖਲਾ ਲੈ ਕੇ ਆਪਣੀ ਸੀਟ ਪੱਕੀ ਕਰ ਲੈਣ। ਕਾਲਜ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ ਨੇ ਦੱਸਿਆ ਕਿ ਅਕਾਦਮਿਕ ਸੈਸ਼ਨ 2026—27 ਲਈ ਦਾਖਲੇ ਸ਼ੁਰੂ ਹਨ। ਦਾਖਲਿਆਂ ਦੀ ਆਖ਼ਰੀ ਮਿਤੀ 14 ਅਗਸਤ ਨਿਰਧਾਰਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇੱਛੁਕ ਵਿਦਿਆਰਥੀ ਕਾਲਜ ਕੈਂਪਸ ਵਿੱਚ ਪਹੁੰਚ ਕੇ ਦਾਖਲੇ, ਫੀਸ, ਸਕਾਲਰਸ਼ਿਪ, ਹੋਸਟਲ, ਆਵਾਜਾਈ ਅਤੇ ਹੋਰ ਸਹੂਲਤਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

## ਵਿਦਿਆਰਥੀਆਂ 'ਤੇ ਲਾਠੀਚਾਰਜ ਦੇ ਵਿਰੋਧ 'ਚ ਕੇਂਦਰ ਸਰਕਾਰ ਦਾ ਪੁਤਲਾ ਸਾੜਿਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**-ਪਿੰਡ ਠੁੱਲੀਵਾਲ ਵਿਖੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੀ ਇਕਾਈ ਵੱਲੋਂ ਦਿੱਲੀ ਦੇ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਉੱਪਰ ਹੋਏ ਲਾਠੀਚਾਰਜ ਦੇ ਵਿਰੋਧ ਵਿੱਚ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਜਥੇਬੰਦੀ ਦੇ ਆਗੂਆਂ ਅਤੇ ਵਰਕਰਾਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਮੋਦੀ ਸਰਕਾਰ ਦਾ ਪੁਤਲਾ ਸਾੜ ਕੇ ਆਪਣਾ ਰੋਸ ਪ੍ਰਗਟ ਕੀਤਾ। ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਨਾਜਰ ਸਿੰਘ ਠੁੱਲੀਵਾਲ, ਇਕਾਈ ਪ੍ਰਧਾਨ ਮੇਵਾ ਸਿੰਘ ਭੱਠੀ, ਭੋਲਾ ਸਿੰਘ, ਅਮਰੀਕ ਸਿੰਘ, ਪਿਆਰਾ ਸਿੰਘ ਬਾਠ, ਜਸਪਾਲ ਸਿੰਘ ਸੋਹੀ, ਹਮੀਰ ਸਿੰਘ ਮਾਂਗਟ, ਇਸਤਰੀ ਆਗੂ ਬਲਜੀਰ ਕੌਰ ਅਤੇ ਚਰਨਜੀਤ ਕੌਰ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਸ਼ਾਂਤਮਈ ਢੰਗ ਨਾਲ ਆਪਣੀ ਗੱਲ ਰੱਖਣ ਦਾ ਸੰਵਿਧਾਨਕ ਅਧਿਕਾਰ ਹੈ, ਪਰ ਕੇਂਦਰ ਸਰਕਾਰ ਲੋਕਾਂ ਦੀ ਆਵਾਜ਼ ਸੁਣਨ ਦੀ ਬਜਾਏ ਦਮਨਕਾਰੀ ਨੀਤੀਆਂ ਅਪਣਾ ਰਹੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਉੱਪਰ ਲਾਠੀਚਾਰਜ ਕਰਨਾ ਬੇਹੱਦ ਨਿੰਦਣਯੋਗ ਹੈ ਤੇ ਇਸ ਨਾਲ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਠੇਸ ਪਹੁੰਚੀ ਹੈ।ਆਗੂਆਂ ਨੇ ਕਿਹਾ ਕਿ ਕਿਸਾਨ, ਮਜ਼ਦੂਰ, ਨੌਜਵਾਨ ਅਤੇ ਵਿਦਿਆਰਥੀ ਆਪਣੇ ਜਾਇਜ਼ ਹੱਕਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਜ਼ਬਰ ਦਾ ਰਾਹ ਅਪਣਾ ਰਹੀ ਹੈ।

## ਹੜਤਾਲ ਕਾਰਨ ਸਫ਼ਾਈ ਵਿਵਸਥਾ ਠੱਪ, ਕੂੜੇ ਦੇ ਢੇਰਾਂ ਨਾਲ ਵਧੀਆਂ ਲੋਕਾਂ ਦੀਆਂ ਮੁਸ਼ਕਲਾਂ



**ਦੋਰਾਹਾ, (ਹਰਮਿੰਦਰ ਸੇਠ)**-ਆਊਟਸੋਰਸ ਪ੍ਰਬੰਧ ਅਧੀਨ ਕੰਮ ਕਰ ਰਹੇ ਸਫ਼ਾਈ ਕੁਮਚਾਰੀਆਂ ਦੀ ਚੱਲ ਰਹੀ ਹੜਤਾਲ ਦਾ ਅਸਰ ਹੁਣ ਸ਼ਹਿਰ ਦੇ ਹਰ ਹਿੱਸੇ ਵਿੱਚ ਸਪੱਸ਼ਟ ਤੌਰ 'ਤੇ ਨਜ਼ਰ ਆ ਰਿਹਾ ਹੈ।ਗਲੀਆਂ, ਮੁਹੱਲਿਆਂ, ਮੁੱਖ ਬਾਜ਼ਾਰਾਂ, ਬੱਸ ਅੱਡੇ, ਜਨਤਕ ਥਾਵਾਂ ਤੇ ਰਿਹਾਇਸ਼ੀ ਇਲਾਕਿਆਂ ਵਿੱਚ ਕੂੜੇ ਦੇ ਢੇਰ ਲੱਗਣ ਕਾਰਨ ਸਫ਼ਾਈ ਪ੍ਰਬੰਧ ਬੁਰੀ ਤਰ੍ਹਾਂ ਪ੍ਰਭਾਵਤ ਹੋ ਗਿਆ ਹੈ।ਬਰਸਾਤੀ ਮੌਸਮ ਦੌਰਾਨ ਇਕੱਠੇ ਹੋਏ ਕੂੜੇ ਤੋਂ ਉੱਠ ਰਹੀ ਬਦਬੂ, ਗੰਦਾ ਪਾਣੀ ਤੇ ਮੱਛਰ-ਮੱਖੀਆਂ ਦੀ ਵੱਧ ਰਹੀ ਗਿਣਤੀ ਕਾਰਨ ਲੋਕਾਂ ਵਿੱਚ ਡੇਂਗੂ, ਮਲੇਰੀਆ ਤੇ ਹੋਰ ਛੂਤ ਦੀਆਂ ਬਿਮਾਰੀਆਂ ਫੈਲਣ ਦਾ ਡਰ ਵੀ ਬਣਿਆ ਹੋਇਆ ਹੈ। ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਸਫ਼ਾਈ ਕੁਮਚਾਰੀਆਂ ਦੀਆਂ ਮੰਗਾਂ ਕਈ ਸਾਲਾਂ ਤੋਂ ਲਟਕ ਰਹੀਆਂ ਹਨ, ਪਰ ਹਰ ਸਰਕਾਰ ਵੱਲੋਂ ਸਿਰਫ਼ ਭਰੋਸੇ ਹੀ ਦਿੱਤੇ ਜਾਂਦੇ ਹਨ।ਜਦੋਂ ਵੀ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਤਾਂ ਕੁਮਚਾਰੀਆਂ ਨੂੰ ਹੜਤਾਲ ਦਾ ਰਾਹ ਅਪਣਾਉਣਾ ਪੈਂਦਾ ਹੈ, ਜਿਸ ਦਾ ਸਿੱਧਾ ਅਸਰ ਆਮ ਲੋਕਾਂ 'ਤੇ ਪੈਂਦਾ ਹੈ।ਲੋਕਾਂ ਦਾ ਮੰਨਣਾ ਹੈ ਕਿ ਜੇਕਰ ਸਮੇਂ ਸਿਰ ਗੱਲਬਾਤ ਕਰਕੇ ਮਸਲੇ ਦਾ ਹੱਲ ਕੱਢਿਆ ਜਾਵੇ ਤਾਂ ਨਾ ਕੁਮਚਾਰੀਆਂ ਨੂੰ ਸੜਕਾਂ 'ਤੇ ਉਤਰਨਾ ਪਵੇ ਅਤੇ ਨਾ ਹੀ ਲੋਕਾਂ ਨੂੰ ਗੰਦਗੀ ਵਿਚਕਾਰ ਰਹਿਣ ਲਈ ਮਜਬੂਰ ਹੋਣਾ ਪਵੇ।ਹੜਤਾਲ ਕਾਰਨ ਘਰ-ਘਰ ਤੋਂ ਕੂੜਾ ਚੁੱਕਣ ਦੀ ਸੇਵਾ ਵੀ ਠੱਪ ਹੋ ਗਈ ਹੈ।ਕਈ ਇਲਾਕਿਆਂ ਵਿੱਚ ਪਿਛਲੇ ਕਈ ਦਿਨਾਂ ਤੋਂ ਕੂੜਾ ਨਹੀਂ ਚੁੱਕਿਆ ਗਿਆ, ਜਿਸ ਕਾਰਨ ਲੋਕ ਘਰਾਂ ਦੇ ਬਾਹਰ ਜਾਂ ਖਾਲੀ ਪਲਾਟਾਂ ਵਿੱਚ ਕੂੜਾ ਸੁੱਟਣ ਲਈ ਮਜਬੂਰ ਹਨ।ਮੁੱਖ ਬਜ਼ਾਰ ਵਿੱਚ ਵੀ ਕੂੜੇ ਦੇ ਢੇਰ ਲੱਗਣ ਨਾਲ ਦੁਕਾਨਦਾਰਾਂ ਅਤੇ ਖਰੀਦਦਾਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਹ ਹੜਤਾਲ ਹੋਰ ਲੰਬੀ ਚੱਲੀ ਤਾਂ ਸਥਿਤੀ ਹੋਰ ਵੀ ਗੰਭੀਰ ਹੋ ਸਕਦੀ ਹੈ।ਸਥਾਨਕ ਨਿਵਾਸੀਆਂ ਦਾ ਕਹਿਣਾ ਹੈ ਕਿ ਸਫ਼ਾਈ ਵਰਗੀ ਬੁਨਿਆਦੀ ਸੇਵਾ ਦਾ ਵਾਰ-ਵਾਰ ਪ੍ਰਭਾਵਤ ਹੋਣਾ ਕਿਸੇ ਵੀ ਸ਼ਹਿਰ ਲਈ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਦਾ ਮੰਨਣਾ ਹੈ ਕਿ ਸਫ਼ਾਈ ਕਰਮਚਾਰੀ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲੰਬੇ ਸਮੇਂ ਤੱਕ ਲਟਕਾਉਣ ਦੀ ਬਜਾਏ ਗੰਭੀਰਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ।

## ਤਲਵੰਡੀ ਸਾਬੋ ਜੋਨ ਦੀਆਂ ਗਰਮ ਰੁੱਤ ਸਕੂਲੀ ਖੇਡਾਂ ਸ਼ਾਨੋ ਸ਼ੌਕਤ ਨਾਲ ਸ਼ੁਰੂ



**ਤਲਵੰਡੀ ਸਾਬੋ (ਜਗਦੀਪ ਗਿੱਲ)** - ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਮਮਤਾ ਖੁਰਾਣਾ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜੋਨਲ ਪ੍ਰਧਾਨ ਰਮੇਸ਼ ਕੁਮਾਰ ਮੁੱਖ ਅਧਿਆਪਕ ਸਹਸ ਲੇਲੇਵਾਲਾ ਦੀ ਅਗਵਾਈ ਵਿੱਚ ਤਲਵੰਡੀ ਸਾਬੋ ਜੋਨ ਦੀਆਂ 70 ਵੀਆਂ ਗਰਮ ਰੁੱਤ ਖੇਡਾਂ ਦਾ ਅਗਾਜ਼ ਸ਼ਾਨੋ ਸ਼ੌਕਤ ਨਾਲ ਹੋਇਆ। ਟੂਰਨਾਮੈਂਟ ਸਬੰਧੀ ਜਾਣਕਾਰੀ ਦਿੰਦਿਆਂ ਜੋਨਲ ਜਨਰਲ ਸਕੱਤਰ ਹਰਮੰਦਰ ਸਿੰਘ ਪੀ ਟੀ ਆਈ ਲਾਲੇਆਣਾ ਨੇ ਦੱਸਿਆ ਕਿ ਜੋਨ ਤਲਵੰਡੀ ਸਾਬੋ ਦੀਆਂ ਇਹ ਗਰਮ ਰੁੱਤ ਖੇਡਾਂ ਖਾਲਸਾ ਸ ਸ ਸ ਸ ਤਲਵੰਡੀ ਸਾਬੋ, ਮਾਤਾ ਸਾਹਿਬ ਗਰਲਜ ਕਾਲਜ ਤਲਵੰਡੀ ਸਾਬੋ, ਸ੍ਰੀ ਦਸਮੇਸ਼ ਪ ਬ ਸ ਸ ਤਲਵੰਡੀ ਸਾਬੋ,ਸ ਸ ਸ ਸ ਬੰਗੀ ਕਲਾਂ,ਸਹਸ ਗਾਟਵਾਲੀ ਅਤੇ ਸਸਸਸ ਰਾਮਸਰਾ ਵਿਖੇ ਹੋ ਰਹੀਆਂ ਹਨ।ਪਹਿਲਾ ਗੇੜ ਦੀਆਂ ਖੇਡਾਂ ਕ੍ਰਿਕਟ, ਵਾਲੀਵਾਲ, ਕਬੱਡੀ (ਸਰਕਲ), ਹੈਂਡਬਾਲ, ਬੈਡਮਿੰਟਨ, ਕੁਸ਼ਤੀਆਂ ਮਾਰਸ਼ਲ ਆਰਟ ਅਤੇ ਯੋਗਾ ਮਿਤੀ 22-07-2026 ਤੋਂ 25-7-2026 ਤੱਕ ਅਤੇ ਬਾਕੀ ਰਹਿੰਦੀਆਂ ਖੇਡਾਂ ਮਿਤੀ 27-7-2026 ਤੋਂ 30-07-2026 ਤੱਕ ਕਰਵਾਈਆਂ ਜਾਣਗੀਆਂ।

## ਨਰਮੇ ਦੀ ਫ਼ਸਲ 'ਤੇ ਚਿੱਟੀ ਮੱਖੀ ਤੇ ਭੂਰੀ ਜੂੰ ਦਾ ਹਮਲਾ, ਕਿਸਾਨ ਚਿੰਤਤ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ/ਪਰਮਜੀਤ) :** ਨਰਮੇ ਦੀ ਫ਼ਸਲ 'ਤੇ ਚਿੱਟੀ ਮੱਖੀ ਦਾ ਹਮਲਾ ਕਿਸਾਨਾਂ ਦੀ ਚਿੰਤਾ ਵਧਾ ਰਿਹਾ ਹੈ।ਜ਼ਿਲ੍ਹੇ 'ਚ ਸੀਜ਼ਨ ਦੌਰਾਨ 12 ਹਜ਼ਾਰ ਹੈਕਟੇਅਰ ਰਕਬੇ 'ਚ ਨਰਮੇ ਦੀ ਬਿਜਾਈ ਹੋਈ ਹੈ, ਪਰ ਲਗਾਤਾਰ ਪੈ ਰਹੀ ਗਰਮੀ ਤੇ ਮੀਂਹ ਨਾ ਪੈਣ ਕਾਰਨ ਚਿੱਟੀ ਮੱਖੀ ਦੇ ਨਾਲ-ਨਾਲ ਭੂਰੀ ਜੂੰ ਨੇ ਵੀ ਫ਼ਸਲ 'ਤੇ ਦੋਹਰਾ ਹਮਲਾ ਕਰ ਦਿੱਤਾ ਹੈ।ਕਿਸਾਨਾਂ ਤੇ ਖੇਤੀ ਮਾਹਿਰਾਂ ਦਾ ਕਹਿਣਾ ਹੈ ਕਿ ਇਸ ਵਾਰ ਮੌਸਮ ਨੇ ਸਭ ਤੋਂ ਵੱਧ ਨੁਕਸਾਨ ਕੀਤਾ ਹੈ।ਤਾਪਮਾਨ ਲਗਾਤਾਰ ਵਧ ਰਿਹਾ ਹੈ ਅਤੇ ਨਮੀ ਦੀ ਕਮੀ ਹੈ।ਨਹਿਰੀ ਪਾਣੀ ਵੀ ਸਮੇਂ ਸਿਰ ਨਹੀਂ ਮਿਲ ਰਿਹਾ, ਜਿਸ ਕਾਰਨ ਚਿੱਟੀ ਮੱਖੀ ਤੇਜ਼ੀ ਨਾਲ ਪਣਪ ਰਹੀ ਹੈ। ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਗੋਬਿੰਦ ਸਿੰਘ ਕੋਟਲੀ ਨੇ ਦੱਸਿਆ ਕਿ ਉਹ 11 ਏਕੜ ਰਕਬੇ 'ਚ ਠੇਕੇ 'ਤੇ ਨਰਮੇ ਦੀ ਖੇਤੀ ਕਰ ਰਹੇ ਹਨ।ਇਸ ਵਾਰ ਨਰਮੇ ਦੀ ਫ਼ਸਲ 'ਤੇ ਦੋਹਰਾ ਹਮਲਾ ਹੋ ਰਿਹਾ ਹੈ।ਮੀਂਹ ਨਾ ਪੈਣ ਕਾਰਨ ਇੱਕ ਪਾਸੇ ਚਿੱਟੀ ਮੱਖੀ ਅਤੇ ਦੂਜੇ ਪਾਸੇ ਭੂਰੀ ਜੂੰ ਦਾ ਹਮਲਾ ਹੋਇਆ ਹੈ, ਜਿਸ ਨਾਲ ਨਰਮੇ ਦੇ ਪੱਤੇ ਇਕੱਠੇ ਹੋ ਕੇ ਸੜ ਰਹੇ ਹਨ ਅਤੇ ਇਸ ਨਾਲ ਫ਼ਸਲ ਦਾ ਝਾੜ ਪ੍ਰਭਾਵਿਤ ਹੋਵੇਗਾ।ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਮਿਲਣ ਦਾ ਇੱਕ ਨਿਸ਼ਚਿਤ ਸਮਾਂ ਹੁੰਦਾ ਹੈ, ਜਿਸ ਕਾਰਨ ਖੇਤਾਂ ਨੂੰ ਪੂਰਾ ਪਾਣੀ ਨਹੀਂ ਮਿਲ ਪਾ ਰਿਹਾ। ਉੱਪਰੋਂ ਮੀਂਹ ਨਾ ਪੈਣ ਕਾਰਨ ਫ਼ਸਲ 'ਤੇ ਚਿੱਟੀ ਮੱਖੀ ਅਤੇ ਭੂਰੀ ਜੂੰ ਦਾ ਹਮਲਾ ਹੋਰ ਤੇਜ਼ ਹੋ ਗਿਆ ਹੈ। ਕਿਸਾਨ ਰਾਜਵਿੰਦਰ ਸਿੰਘ ਰਾਜਾ ਨੇ ਕਿਹਾ ਕਿ ਚਿੱਟੀ ਮੱਖੀ ਕਾਰਨ ਨਰਮੇ ਦੀ ਫ਼ਸਲ ਨੂੰ ਭਾਰੀ ਨੁਕਸਾਨ ਪਹੁੰਚ ਰਿਹਾ ਹੈ।ਖੇਤੀਬਾੜੀ ਵਿਭਾਗ ਦੇ ਕਹਿਣ 'ਤੇ ਸਪਰੇਅ ਵਗੈਰਾ ਤਾਂ ਕਰ ਰਹੇ ਹਾਂ, ਪਰ ਜਿੰਨਾ ਚਿਰ ਮੀਂਹ ਨਹੀਂ ਪੈਂਦਾ, ਓਨਾ ਚਿਰ ਕੋਈ ਬਹੁਤਾ ਫ਼ਰਕ ਪੈਣ ਵਾਲਾ ਨਹੀਂ ਹੈ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਬਲਵਿੰਦਰ ਸਿੰਘ ਨੇ ਕਿਹਾ ਕਿ ਅੱਜ ਤੋਂ ਕੁੱਝ ਸਮਾਂ ਪਹਿਲਾਂ ਪੰਜਾਬ ਅੰਦਰ ਖਾਸ ਕਰ ਮਾਲਵਾ ਏਰੀਆ 'ਚ ਕਪਾਹ ਦੀ ਫ਼ਸਲ ਬਹੁਤ ਵਧੀਆ ਹੁੰਦੀ ਸੀ, ਪਰ ਸਾਡੀਆਂ ਸਰਕਾਰਾਂ ਤੇ ਕਾਰਪੋਰੇਟ ਘਰਾਣਿਆਂ ਨੇ ਮਿਲ ਕੇ ਸਾਡੇ ਦੇਸੀ ਬੀਜ ਨੂੰ ਖਤਮ ਕਰਕੇ ਉਸ ਦੀ ਥਾਂ ਬੀਟੀ ਕਾਟਨ ਦੇ ਬੀਜ ਲਿਆਂਦੇ ਤਾਂ ਜੁ ਕਿਸਾਨਾਂ ਦੀ ਬੀਜ ਦੇ ਤੌਰ ਤੇ ਅਤੇ ਪੈਸਟੀਸਾਈਡ ਦੇ ਤੌਰ 'ਤੇ ਲੁੱਟ ਕੀਤੀ ਜਾ ਸਕੇ।ਪਿੰਡ ਲੱਖੇਵਾਲੀ, ਭਾਗਸਰ, ਨੰਦਗੜ੍ਹ, ਗੰਧੜ ਤੇ ਹੋਰ ਪਿੰਡਾਂ ਦੇ ਵਿੱਚੋਂ ਪਤਾ ਲੱਗਾ ਹੈ ਕਿ ਨਰਮੇ ਦੀ ਫਸਲ 'ਤੇ ਚਿੱਟਾ ਮੱਛਰ ਬਹੁਤ ਬੁਰੀ ਤਰ੍ਹਾਂ ਪ੍ਰਭਾਵਤ ਕਰ ਰਿਹਾ ਹੈ, ਜਿਸ ਨਾਲ ਨਰਮੇ ਦੀ ਫਸਲ ਝਾੜ ਘਟਣ ਦਾ ਖਦਸ਼ਾ ਹੈ।ਕਿਰਤੀ ਕਿਸਾਨ ਯੂਨੀਅਨ ਵੱਲੋਂ ਲੰਮੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਸਾਡੇ ਪੁਰਾਣੇ ਦੇਸੀ ਬੀਜ ਸਾਨੂੰ ਦਿੱਤੇ ਜਾਣ ਅਤੇ ਝੋਨੇ ਦੀ ਫ਼ਸਲ ਤੋਂ ਕਿਸਾਨੀ ਦਾ ਖਹਿੜਾ ਛੁਡਾਇਆ ਜਾਵੇ ਤਾਂ ਜੁ ਕਿਸਾਨ ਦੁਬਾਰਾ ਖੁਸ਼ਹਾਲ ਹੋ ਸਕੇ। ਕੀੜਿਆਂ ਦੇ ਲਗਾਤਾਰ ਹਮਲਿਆਂ ਤੇ ਲਾਗਤ ਵਧਣ ਕਾਰਨ ਕਿਸਾਨ ਹੁਣ ਦੂਜੀਆਂ ਫ਼ਸਲਾਂ ਵੱਲ ਮੁੜ ਰਹੇ ਹਨ।ਇਸੇ ਕਾਰਨ ਨਰਮੇ ਹੇਠਲਾ ਰਕਬਾ ਘਟ ਕੇ ਹੁਣ ਸਿਰਫ਼ 12 ਹਜ਼ਾਰ ਹੈਕਟੇਅਰ ਰਹਿ ਗਿਆ ਹੈ।



## ਸਫਾ 1 ਦੇ ਬਾਕੀ...

### ਏ ਆਈ ਨੂੰ ਮੁੱਖ ਵਿਸ਼ੇ ਵਜੋਂ ਸ਼ਾਮਲ ਕਰਨ ਵਾਲਾ ਪੰਜਾਬ ਪਹਿਲਾ ਸੂਬਾ ਬਣਿਆ : ਬੈਂਸ

ਮਨੀਸ਼ ਸਿਸੋਦੀਆ ਨੇ ਕਿਹਾ, 'ਪੰਜਾਬ ਨੇ ਇਸ ਪ੍ਰੋਜੈਕਟ ਦੀ ਸ਼ੁਰੂਆਤ ਨਾਲ ਇਤਿਹਾਸ ਰਚ ਦਿੱਤਾ ਹੈ ਅਤੇ ਆਪਣੇ ਆਪ ਨੂੰ ਏਆਈ ਸਿੱਖਿਆ ਲਈ ਇੱਕ ਕੌਮੀ ਮਾਪਦੰਡ ਵਜੋਂ ਸਥਾਪਿਤ ਕੀਤਾ ਹੈ।ਇਹ ਪਹਿਲਕਦਮੀ ਵਿਦਿਆਰਥੀਆਂ ਨੂੰ ਸਿਰਫ਼ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰਨ ਲਈ ਹੀ ਨਹੀਂ, ਸਗੋਂ ਇਸ ਨਾਲ ਨਵੀਨੀਕਰਨ, ਏ.ਆਈ. ਨਾਲ ਸਿਰਜਣ ਅਤੇ ਤਕਨਾਲੋਜੀ-ਅਧਾਰਤ ਭਵਿੱਖ ਵਿੱਚ ਅਗਵਾਈ ਕਰਨ ਲਈ ਤਿਆਰ ਕਰਨ ਲਈ ਰਾਜ ਦੀ ਵਚਨਬੱਧਤਾ ਦੀ ਨੂੰ ਦੁਹਰਾਉਂਦਾ ਹੈ।' ਪੀ ਐੱਸ ਈ ਬੀ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਏ ਆਈ ਨੂੰ ਪੰਜਾਬ ਦੇ ਮੌਜੂਦਾ ਲਾਜ਼ਮੀ ਕੰਪਿਊਟਰ ਸਾਇੰਸ ਪਾਠਕ੍ਰਮ ਦੇ ਮੁੱਖ ਹਿੱਸੇ ਵਜੋਂ ਸ਼ਾਮਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੰਪਿਊਟਰ ਸਾਇੰਸ ਵਿਸ਼ੇ ਦੇ ਨਤੀਜੇ ਹੁਣ ਵਿਦਿਆਰਥੀਆਂ ਦੇ ਬੋਰਡ ਸਰਟੀਫਿਕੇਟਾਂ 'ਤੇ ਵੀ ਦਰਜ ਹੋਣਗੇ। ਉਨ੍ਹਾਂ ਅੱਗੇ ਕਿਹਾ, 'ਸਵਾਲ ਇਹ ਨਹੀਂ ਹੈ ਕਿ ਕੀ ਏ.ਆਈ. ਸਿੱਖਿਆ ਨੂੰ ਆਕਾਰ ਦੇਵੇਗੀ, ਸਗੋਂ ਇਹ ਹੈ ਕਿ ਅਸੀਂ ਇਸ ਨੂੰ ਜ਼ਿੰਮੇਵਾਰੀ ਅਤੇ ਦੂਰਅੰਦੇਸ਼ੀ ਨਾਲ ਕਿਵੇਂ ਆਕਾਰ ਦਿੰਦੇ ਹਾਂ।' ਇਸ ਪੈਨਲ ਵਿੱਚ ਨੀਵ ਏਆਈ ਤੋਂ ਸ੍ਰੀ ਅਰਜੁਨ ਬੇਦੀ, ਇੰਟੇਲ ਤੋਂ ਸ੍ਰੀਮਤੀ ਸ਼ਵੇਤਾ ਖੁਰਾਣਾ, ਗੂਗਲ ਤੋਂ ਸ੍ਰੀ ਹੇਮੰਤ ਭੱਲਾ, ਐਮਾਜ਼ਾਨ ਵੈੱਬ ਸਰਵਿਸਿਜ਼ ਤੋਂ ਪ੍ਰਦੀਪ ਝੁਨਝੁਨਵਾਲਾ, ਕੈਨਵਾ ਤੋਂ ਸ੍ਰੀਮਤੀ ਸਾਗਰੀ ਚੈਟਰਜੀ ਅਤੇ ਐਫਏਐਆਈ ਤੋਂ ਸ੍ਰੀਮਤੀ ਆਯੂਸ਼ੀ ਆਨੰਦ ਸ਼ਾਮਲ ਸਨ, ਜਿਨ੍ਹਾਂ ਨੇ ਏਆਈ ਸਿੱਖਿਆ ਨੂੰ ਮਜ਼ਬੂਤ ਕਰਨ ਅਤੇ ਪ੍ਰੀਖਿਆ ਵਿੱਚ ਪੱਖਪਾਤ ਨਾ ਹੋਣਾ ਯਕੀਨੀ ਬਣਾਉਣ ਲਈ ਉਪਾਅ ਸੁਝਾਏ।ਇਸ ਮੌਕੇ ਡਾਇਰੈਕਟਰ ਸਕੂਲ ਸਿੱਖਿਆ (ਸੀਨੀਅਰ ਸੈਕੰਡਰੀ) ਐਸ ਐਸ ਬੱਲ, ਡਾਇਰੈਕਟਰ ਐੱਸ ਸੀ ਈ ਆਰ ਟੀ ਮੈਡਮ ਕਿਰਨ ਸ਼ਰਮਾ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਮੁੱਖ ਮੰਤਰੀ ਤੀਰਥ ਯਾਤਰਾ ਬੱਸ 'ਤੇ ਹਮਲਾ ਕਾਂਗਰਸੀਆਂ ਨੇ ਕੀਤਾ : ਬਲਤੇਜ ਪੰਨੂ

ਦੋਸ਼ੀਆਂ ਨੂੰ ਛੁਡਵਾਉਣ ਅਤੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਰੋਕਣ ਲਈ ਪੁਲਸ 'ਤੇ ਦਬਾਅ ਪਾਉਣ ਦੀ ਕੋਸ਼ਿਸ਼ ਕੀਤੀ। ਉਨ੍ਹਾ ਕਿਹਾ ਕਿ ਪੁਲਸ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਦੋਸ਼ੀਆਂ ਨੂੰ ਕਿਸ ਨੇ ਉਕਸਾਇਆ ਸੀ ਅਤੇ ਇਸ ਹਮਲੇ ਪਿੱਛੇ ਕੀ ਵੱਡੀ ਸਾਜ਼ਿਸ਼ ਸੀ। ਖਿੰਡਾ ਨੇ ਦੱਸਿਆ ਕਿ ਆਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਅਤੇ ਸ੍ਰੀ ਦਰਬਾਰ ਸਾਹਿਬ ਸਮੇਤ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਕੇ 3.5 ਲੱਖ ਤੋਂ ਵੱਧ ਸ਼ਰਧਾਲੂ ਇਸ ਸਕੀਮ ਦਾ ਲਾਭ ਉਠਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਸਰਕਾਰ ਹਰਿਦੁਆਰ, ਰਿਸ਼ੀਕੇਸ਼, ਮਥੁਰਾ, ਵ੍ਰਿੰਦਾਵਨ, ਖਾਟੂ ਸ਼ਿਆਮ ਅਤੇ ਸਾਲਾਸਰ ਧਾਮ ਲਈ ਵੀ ਧਾਰਮਿਕ ਯਾਤਰਾ ਸੇਵਾਵਾਂ ਸ਼ੁਰੂ ਕਰੇਗੀ।

## ਗੁਰਸਾਂਝ ਜੌੜਾ ਦੇ ਜਨਮ ਦਿਨ 'ਤੇ ਪਾਣੀ ਦੀਆਂ ਬੋਤਲਾਂ ਦਿੱਤੀਆਂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵੱਲੋਂ ਸੰਚਾਲਿਤ 10 ਬਾਲ ਸੰਸਕਾਰ ਕੇਂਦਰਾਂ ਦੇ ਵਿਦਿਆਰਥੀਆਂ ਨੂੰ ਲਾਇਨਜ਼ ਕਲੱਬ ਦੇ ਮੈਂਬਰ ਸ਼ੁਭਮ ਜੌੜਾ ਨੇ ਆਪਣੇ ਪੁੱਤਰ ਗੁਰਸਾਂਝ ਜੌੜਾ ਦੇ ਜਨਮਦਿਨ 'ਤੇ ਵਾਟਰ ਬੋਤਲਾਂ ਭੇਟ ਕਰਕੇ ਸਮਾਜ ਸੇਵਾ ਦਾ ਪ੍ਰੇਰਨਾਦਾਇਕ ਸੰਦੇਸ਼ ਦਿੱਤਾ।ਵਿੱਦਿਆ ਮੰਦਰ ਵੱਲੋਂ ਸੰਚਾਲਿਤ ਇਨ੍ਹਾਂ 10 ਬਾਲ ਸੰਸਕਾਰ ਕੇਂਦਰਾਂ ਵਿੱਚ ਮਾਂ ਸਰਸਵਤੀ ਬਾਲ ਸੰਸਕਾਰ ਕੇਂਦਰ, ਲਾਲਾ ਹਰ ਗੋਪਾਲ ਦਾਸ ਬਾਲ ਸੰਸਕਾਰ ਕੇਂਦਰ, ਸ੍ਰੀ ਨਾਰਾਇਣ ਬਾਲ ਸੰਸਕਾਰ ਕੇਂਦਰ, ਸ੍ਰੀ ਗੁਰੂ ਗੋਬਿੰਦ ਸਿੰਘ ਬਾਲ ਸੰਸਕਾਰ ਕੇਂਦਰ, ਮਾਂ ਸ਼ਾਰਦਾ ਬਾਲ ਸੰਸਕਾਰ ਕੇਂਦਰ ਤੇ ਸ੍ਰੀ ਕ੍ਰਿਸ਼ਨ ਬਾਲ ਸੰਸਕਾਰ ਕੇਂਦਰ ਰਾਮਪੁਰਾ ਫੂਲ ਵਿਖੇ, ਬਾਬਾ ਧਿਆਨ ਦਾਸ ਜੀ ਬਾਲ ਸੰਸਕਾਰ ਕੇਂਦਰ ਪਿੰਡ ਢਿਪਾਲੀ ਵਿਖੇ, ਗੁਰੂ ਅਰਜਨ ਦੇਵ ਜੀ ਬਾਲ ਸੰਸਕਾਰ ਕੇਂਦਰ ਅਤੇ ਬਾਬਾ ਫੂਲਚੰਦ ਜੀ ਬਾਲ ਸੰਸਕਾਰ ਕੇਂਦਰ ਪਿੰਡ ਫੂਲ ਵਿਖੇ ਅਤੇ ਸ੍ਰੀ ਹਰਸ਼ ਕੁਮਾਰ ਬਾਲ ਸੰਸਕਾਰ ਕੇਂਦਰ ਪਿੰਡ ਬਾਲਿਆਂਵਾਲੀ ਵਿਖੇ ਸੰਚਾਲਤ ਕੀਤੇ ਜਾ ਰਹੇ ਹਨ। ਲਾਇਨਜ਼ ਕਲੱਬ ਦੇ ਸੈਕਟਰੀ ਕੈਲਾਸ਼ ਕੌਸ਼ਿਕ, ਮੈਂਬਰ ਰਾਜ ਕੁਮਾਰ, ਐਡਵੋਕੇਟ ਦਿਨੇਸ਼ ਕੁਮਾਰ, ਪਰਮਦੀਪ ਸਿੰਘ ਬੇਦੀ ਤੇ ਦੀਪਕ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਲਾਇਨਜ਼ ਕਲੱਬ ਦੇ ਪ੍ਰਧਾਨ ਪਵਨ ਕੁਮਾਰ ਖੋਖਰ ਨੇ ਇਸ ਸੇਵਾ ਕਾਰਜ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਜਨਮਦਿਨ ਵਰਗੇ ਖੁਸ਼ੀ ਦੇ ਮੌਕਿਆਂ ਨੂੰ ਸਮਾਜ ਸੇਵਾ ਨਾਲ ਜੋੜਨਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਵਿਦਿਆ ਭਾਰਤੀ ਵੱਲੋਂ ਸੰਚਾਲਿਤ ਬਾਲ ਸੰਸਕਾਰ ਕੇਂਦਰ ਲੋੜਵੰਦ ਤੇ ਆਰਥਿਕ ਤੌਰ 'ਤੇ ਪਿਛੜੇ ਪਰਵਾਰਾਂ ਦੇ ਬੱਚਿਆਂ ਨੂੰ ਸਿੱਖਿਆ ਅਤੇ ਸੰਸਕਾਰ ਪ੍ਰਦਾਨ ਕਰਕੇ ਸਮਾਜ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਵੀ ਹਾਜ਼ਰ ਸਨ।ਮੈਨੇਜਰ ਗੁਰਪ੍ਰੀਤ ਸਿੰਘ ਨੇ ਸਮੂਹ ਪ੍ਰਬੰਧਕ ਸੰਮਤੀ ਵੱਲੋਂ ਗੁਰਸਾਂਝ ਜੌੜਾ ਨੂੰ ਜਨਮਦਿਨ ਦੀਆਂ ਹਾਰਦਿਕ ਵਧਾਈਆਂ ਦਿੰਦਿਆਂ ਸ਼ੁਭਮ ਜੌੜਾ ਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਕੀਤੇ ਗਏ ਇਸ ਸੇਵਾ ਕਾਰਜ ਦੀ ਸ਼ਲਾਘਾ ਕੀਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਐੱਸ ਕੇ ਐੱਮ ਦੇ ਸੱਦੇ 'ਤੇ ਕਿਸਾਨਾਂ ਕੱਥੂਨੰਗਲ, ਰਛਪਾਲਵਾਂ ਤੇ ਭੱਗੂਪੁਰ ਟੋਲ ਪਲਾਜ਼ੇ ਤਿੰਨ ਘੰਟੇ ਲਈ ਕੀਤੇ ਟੋਲ ਮੁਕਤ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)-** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਰਤ-ਅਮਰੀਕਾ ਵਪਾਰ ਸਮਝੌਤਾ ਵਾਰਤਾ ਰੱਦ ਕਰਵਾਉਣ ਅਤੇ ਪੰਜਾਬ ਸਰਕਾਰ ਵੱਲੋਂ ਉਪਜਾਊ ਜ਼ਮੀਨਾਂ ਖੋਹਣ ਲਈ ਲਿਆਂਦੀ ਗਈ ਲੈਂਡ ਪੂਲਿੰਗ ਨੀਤੀ ਦੇ ਵਿਰੋਧ ਵਿੱਚ ਪੰਜਾਬ ਭਰ ਦੇ ਟੋਲ ਪਲਾਜ਼ਿਆਂ ਨੂੰ ਪਰਚੀ ਮੁਕਤ ਕੀਤਾ ਗਿਆ।ਇਸੇ ਤਹਿਤ ਕੱਥੂਨੰਗਲ (ਵਰਿਆਮ ਨੰਗਲ) ਟੋਲ ਪਲਾਜ਼ਾ ਵਿਖੇ ਕਿਸਾਨਾਂ, ਖੇਤ ਮਜ਼ਦੂਰਾਂ, ਔਰਤਾਂ ਅਤੇ ਵੱਖ-ਵੱਖ ਜਨਤਕ ਜਥੇਬੰਦੀਆਂ ਦਾ ਵਿਸ਼ਾਲ ਇਕੱਠ ਹੋਇਆ।ਇਸ ਮੌਕੇ ਕਸ਼ਮੀਰ ਸਿੰਘ ਧੰਗਈ, ਬਲਕਾਰ ਸਿੰਘ ਦੁਧਾਲਾ, ਰਣਬੀਰ ਸਿੰਘ ਮਜੀਠਾ, ਜਸਪਾਲ ਸਿੰਘ ਨਾਗ ਪ੍ਰਧਾਨਗੀ ਮੰਡਲ ਨੇ ਅਗਵਾਈ ਕੀਤੀ।ਇਸ ਮੌਕੇ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਭਾਰਤ-ਅਮਰੀਕਾ ਵਪਾਰ ਸਮਝੌਤਾ ਦੇਸ਼ ਦੀ ਕਿਸਾਨੀ, ਖੁਰਾਕੀ ਸੁਰੱਖਿਆ ਅਤੇ ਆਤਮਨਿਰਭਰਤਾ ਲਈ ਗੰਭੀਰ ਖ਼ਤਰਾ ਹੈ।ਇਸ ਮੌਕੇ ਲਖਵਿੰਦਰ ਸਿੰਘ ਮੰਜਿਆਂਵਾਲੀ, ਜਸਪਾਲ ਸਿੰਘ ਧੰਗਈ, ਬਾਬਾ ਜਗਜੀਵਨ ਸਿੰਘ ਤਲਵੰਡੀ, ਮਾਸਟਰ ਅਮਰੀਕ ਸਿੰਘ, ਕਰਨੈਲ ਸਿੰਘ, ਮਾਸਟਰ ਹਰਭਜਨ ਸਿੰਘ, ਕਾਮਰੇਡ ਗੁਲਜ਼ਾਰ ਸਿੰਘ, ਸ਼ੇਰੇ ਪੰਜਾਬ ਸਿੰਘ, ਜਗਪਰੀਤ ਸਿੰਘ, ਨਿਰੰਜਣ ਸਿੰਘ ਗਿੱਲ, ਤਸਵੀਰ ਸਿੰਘ ਜੇਠੂਵਾਲ, ਫੌਜੀ, ਰਾਜਗੁਰਿੰਦਰ ਸਿੰਘ ਲਾਡੀ, ਰਜਿੰਦਰ ਸਿੰਘ ਜਾਈ, ਹਰਜੀਤ ਸਿੰਘ ਸ਼ਹਿਜ਼ਾਦਾ, ਸੁੱਚਾ ਸਿੰਘ ਅਜਨਾਲਾ, ਬਚਨ ਸਿੰਘ ਧੰਗੇਈ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਬਾਬਾ ਰਾਜਨ ਸਿੰਘ, ਪਰਗਟ ਧਰਮਕੋਟ, ਪਿਸ਼ੌਰਾ ਸਿੰਘ ਬੋਬਾ, ਦਲਬੀਰ ਸਿੰਘ ਮੱਲੂਵਿੰਡ, ਟਹਿਲ ਸਿੰਘ ਚੇਤਨਪੁਰਾ, ਬਲਦੇਵ ਸਿੰਘ ਮਾਝੀ ਨੰਗਲ, ਅਮਰੀਕ ਸਿੰਘ ਸੰਗਤਪੁਰਾ, ਬਲਦੇਵ ਸਿੰਘ ਮਾਝੀ ਨੰਗਲ, ਜਸਬੀਰ ਸਿੰਘ ਚੇਤਨਪੁਰਾ, ਦਲਜੀਤ ਸਿੰਘ ਚੇਤਨਪੁਰਾ, ਅਮਰਜੀਤ ਸਿੰਘ ਚੇਤਨਪੁਰਾ, ਸੁਖਦੇਵ ਸਿੰਘ, ਨਿਰਵੈਰ ਸਿੰਘ, ਦਵਿੰਦਰ ਸਿੰਘ, ਕਰਨੈਲ ਸਿੰਘ ਕਾਦੀਆਂ, ਕਸ਼ਮੀਰ ਸਿੰਘ, ਸਰਪੰਚ ਲਖਵਿੰਦਰ ਸਿੰਘ ਭੰਜੋਟੀ, ਬਲਵਿੰਦਰ ਦੁਧਾਲਾ, ਹਰਜਿੰਦਰ ਟੀਐਸਯੂ, ਜੋਗਿੰਦਰ ਚਵਿੰਡਾ, ਮਾਸਟਰ ਹਰਭਜਨ ਸਿੰਘ, ਜਗਤਾਰ ਸਿੰਘ ਮੱਤੂਪੁਰਾ, ਗੁਰਪਾਲ ਸਿੰਘ ਮੱਤੂਪੁਰਾ, ਰਾਜਵਿੰਦਰ ਸਿੰਘ ਲਾਡੀ, ਕੁਲਦੀਪ ਸਿੰਘ ਢਪਈ, ਹਰਜੀਤ ਸਿੰਘ ਜ਼ਹਿਜ਼ਾਦਾ, ਰਾਜਵਿੰਦਰ ਸਿੰਘ ਤਲਵੰਡੀ, ਸੁੱਚਾ ਸਿੰਘ ਅਜਨਾਲਾ,

**ਪਠਾਨਕੋਟ (ਦਵਿੰਦਰ ਸਿੰਘ)-** ਭਾਰਤ-ਅਮਰੀਕਾ ਇਕਤਰਫਾ ਵਪਾਰਕ ਸਮਝੌਤੇ ਦੇ ਖਿਲਾਫ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਸਾਰੇ ਪੰਜਾਬ ਅੰਦਰ ਤਿੰਨ ਘੰਟਿਆਂ ਲਈ ਟੋਲ ਪਲਾਜ਼ੇ ਫ੍ਰੀ ਕਰਾਉਣ ਨੂੰ ਅਮਲੀ ਰੂਪ ਦਿੰਦਿਆਂ ਪਠਾਨਕੋਟ ਤੇ ਗੁਰਦਾਸਪੁਰ ਜ਼ਿਲ੍ਹੇ ਦੀਆਂ ਮੋਰਚੇ ਵਿਚ ਸ਼ਾਮਲ ਕਿਸਾਨ ਜਥੇਬੰਦੀਆਂ ਨੇ ਰਛਪਾਲਵਾਂ ਟੋਲ ਪਲਾਜ਼ਾ 12 ਵਜੇ ਤੋਂ ਤਿੰਨ ਵਜੇ ਤੱਕ ਪਰਚੀ ਮੁਕਤ


ਕੱਥੂਨੰਗਲ


ਰਛਪਾਲਵਾਂ


ਭੱਗੂਪੁਰ

ਬਿਨਾਂ ਰੁਕਾਵਟ ਆਵਾਜਾਈ ਨੂੰ ਚੱਲਦਾ ਰੱਖਿਆ ਤੇ ਰੋਸ ਪ੍ਰਦਰਸ਼ਨ ਕੀਤਾ।ਮੋਰਚੇ ਵਿਚ ਸ਼ਾਮਲ ਜਥੇਬੰਦੀਆਂ ਕਿਰਤੀ ਕਿਸਾਨ ਯੂਨੀਅਨ, ਜਮਹੂਰੀ ਕਿਸਾਨ ਸਭਾ, ਕੁੱਲ ਹਿੰਦ ਕਿਸਾਨ ਸਭਾ, ਕੁੱਲ ਹਿੰਦ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਭਾਰਤੀ ਕਿਸਾਨ ਯੂਨੀਅਨ ਕਾਦੀਆਂ, ਪੰਜਾਬ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਆਗੂਆਂ ਸਾਥੀ ਸਤਬੀਰ ਸਿੰਘ ਸੁਲਤਾਨੀ, ਬਲਬੀਰ ਸਿੰਘ ਕੱਤੋਵਾਲ, ਕੇਵਲ ਸਿੰਘ ਕੰਗ, ਗੁਰਦੀਪ ਸਿੰਘ ਮੁਸਤਫਾਬਾਦ, ਅਸ਼ਵਨੀ ਕੁਮਾਰ ਲੱਖਣ ਕਲਾਂ, ਬਲਵਿੰਦਰ ਸਿੰਘ, ਬਲਵੰਤ ਸਿੰਘ ਘੋਹ, ਕੇਵਲ ਕਾਲੀਆ, ਇਕਬਾਲ ਸਿੰਘ, ਤਰਲੋਕ ਸਿੰਘ ਬਹਿਰਾਮ ਪੁਰ, ਸੁਖਵਿੰਦਰ ਸਿੰਘ, ਰਣਬੀਰ ਸਿੰਘ, ਕੁਲਵੰਤ ਸਿੰਘ, ਗੁਰਪ੍ਰਤਾਪ ਸਿੰਘ, ਰਘਬੀਰ ਸਿੰਘ ਚਾਹਲ, ਬਲਜਿੰਦਰ ਸਿੰਘ ਨੌਸ਼ਹਿਰਾ, ਬਲਬੀਰ ਸਿੰਘ ਬੈਂਸ, ਮੋਹਨ ਸਿੰਘ ਅਤੇ ਹੋਰ ਕਿਸਾਨ ਆਗੂਆਂ ਨੇ ਰੋਸ ਧਰਨੇ ਵਿੱਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਮਰੀਕਨ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਪਣੀਆਂ ਸ਼ਰਤਾਂ ਤਹਿਤ ਅਮਰੀਕਾ-ਭਾਰਤ ਵਪਾਰ ਸਮਝੌਤਾ ਕੀਤਾ ਜੋ ਭਾਰਤ ਦੀ ਕਿਸਾਨੀ ਤੇ ਕਿਸਾਨੀ ਦੇ ਸਹਾਇਕ ਧੰਦਿਆਂ ਨੂੰ ਵੀ ਬਰਬਾਦ ਕਰ ਦੇਵੇਗਾ। ਕਿਸਾਨ ਆਗੂਆਂ ਨੇ ਸਾਂਝੇ ਰੂਪ ਵਿੱਚ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੇ ਵਾਰ-ਵਾਰ ਕੀਤੇ ਜਾ ਰਹੇ ਹਮਲਿਆਂ ਖਿਲਾਫ ਪਹਿਲੇ ਨਾਲੋਂ ਵੱਧ ਚੜ੍ਹ ਸੰਘਰਸ਼ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਦਿੱਲੀ ਜੰਤਰ-ਮੰਤਰ ਵਿਖੇ ਨੌਜਵਾਨਾਂ, ਪੰਜਾਬ ਅੰਦਰ ਮਜ਼ਦੂਰਾਂ ਕਿਸਾਨਾਂ ਮੁਲਾਜ਼ਮਾਂ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਦਿਆਰਥੀਆਂ ਉੱਪਰ ਪੁਲਸ ਤੇ ਸੰਘੀ ਟੋਲਿਆਂ ਵੱਲੋਂ ਕੀਤੇ ਜਾ ਰਹੇ ਤਸ਼ੱਦਦ ਦੀ ਨਿਖੇਧੀ ਦਾ ਮਤਾ ਪਾਸ ਕੀਤਾ ਅਤੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ।ਐੱਸ ਕੇ ਐੱਮ ਦੀ ਹਮਾਇਤ ਵਿੱਚ ਟਰੇਡ ਯੂਨੀਅਨ ਲਹਿਰ ਦੇ ਆਗੂ ਕਾਮਰੇਡ ਸ਼ਿਵ ਕੁਮਾਰ, ਮੁਰਾਰੀ ਲਾਲ ਦੀਨਾਨਗਰ, ਬਲਵੰਤ ਸਿੰਘ ਬਹਾਦਰ ਲਾਹੜੀ, ਵਿਜੇ ਕੁਮਾਰ ਰਛਪਾਲਵਾਂ, ਸੂਰਤ ਸਿੰਘ ਵੀ ਹਾਜ਼ਰ ਸਨ।ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਸਰਪ੍ਰਸਤ ਕਸ਼ਮੀਰ ਸਿੰਘ ਨੇ ਸਟੇਜ ਸੰਚਾਲਨ ਕੀਤਾ।

**ਵਲਟੋਹਾ (ਰਣਜੀਤ ਸਿੰਘ ਵਲਟੋਹਾ)-** ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਅਮਰੀਕਾ ਭਾਰਤ ਟ੍ਰੇਡ ਸੰਧੀ ਵਿਰੁੱਧ ਅੱਜ ਪੱਟੀ ਨੇੜੇ ਭੱਗੂਪੁਰ ਟੋਲ ਪਲਾਜ਼ੇ 'ਤੇ ਕਿਸਾਨ ਵੱਡੀ ਗਿਣਤੀ ਵਿੱਚ ਇਕੱਠੇ ਹੋਏ।ਕਿਸਾਨਾਂ ਵੱਲੋਂ ਟੋਲ ਪਲਾਜ਼ਾ ਤਿੰਨ ਘੰਟਿਆਂ ਲਈ ਫਰੀ ਕਰਕੇ ਮੋਦੀ ਸਰਕਾਰ ਨੂੰ ਸੁਨੇਹਾ ਦਿੱਤਾ ਕਿ ਜੇਕਰ ਮੋਦੀ ਸਰਕਾਰ ਨੇ ਅਮਰੀਕਾ ਨਾਲ ਵਪਾਰਕ ਸੰਧੀ ਕੀਤੀ ਤਾਂ ਉਸ ਨੂੰ ਦੇਸ਼ ਦੇ ਕਿਸਾਨਾਂ ਦੇ ਵਿਰੋਧ ਦਾ ਵੱਡਾ ਸਾਹਮਣਾ ਕਰਨਾ ਪਊਗਾ।ਇਸ ਮੌਕੇ ਕਿਸਾਨ ਆਗੂਆਂ ਦਲਜੀਤ ਸਿੰਘ ਦਿਆਲਪੁਰਾ, ਮਹਾਂਬੀਰ ਸਿੰਘ ਗਿੱਲ, ਸੇਠਣ ਸਿੰਘ ਸਭਰਾ, ਮੇਜਰ ਸਿੰਘ ਭੀਖੀਵਿੰਡ, ਗੁਰਸਾਹਿਬ ਸਿੰਘ ਡੱਲ, ਦਿਲਬਾਗ ਸਿੰਘ, ਮਨਪ੍ਰੀਤ ਸਿੰਘ ਪਨੂੰ, ਪ੍ਰਗਟ ਸਿੰਘ ਮਹਿਮੂਦਪੁਰ, ਕਰਮਜੀਤ ਸਿੰਘ ਗਦਾਈਕੇ, ਗੁਰਸਾਹਿਬ ਸਿੰਘ ਸੇਦੋ ਨੇ ਕਿਹਾ ਕਿ ਮੋਦੀ ਸਰਕਾਰ ਅਮਰੀਕਾ ਸਾਮਰਾਜ ਦੇ ਦਬਾਅ ਹੇਠ ਕੰਮ ਕਰ ਰਹੀ ਹੈ।ਸਾਡੇ ਮਜ਼ਦੂਰੀ ਕਰਨ ਵਾਲੇ ਤਿੰਨ ਮਹਾਂਰਾ ਦੀ ਐਵੇਂ ਮਾਰ ਦਿੱਤੇ ਪਰ ਮੋਦੀ ਸਰਕਾਰ ਚੁੱਪ ਰਹੀ ਹੈ। ਅਮਰੀਕਾ ਸਾਮਰਾਜ ਨਾਲ ਸਮਝੌਤੇ ਤਹਿਤ ਸਾਡੀ ਕੋਈ ਬਰਾਬਰੀ ਨਹੀਂ ਬਣਦੀ। ਕਿਸਾਨ ਆਗੂਆਂ ਨੇ ਦਿੱਲੀ ਵਿੱਚ ਵਿਦਿਆਰਥੀਆਂ ਤੇ ਮੋਦੀ ਹਕੂਮਤ ਵੱਲੋਂ ਕੀਤੇ ਜ਼ੁਲਮ ਦੀ ਵੀ ਜ਼ੋਰਦਾਰ ਨਿੰਦਾ ਕਰਦਿਆਂ ਕਿਹਾ ਕਿ ਅੱਜ ਦੇਸ਼ ਦਾ ਵਿਦਿਆਰਥੀ ਤੇ ਬੇਰੁਜ਼ਗਾਰ ਨੌਜਵਾਨ ਵੀ ਜਾਗ ਪਿਆ ਹੈ।ਉਨ੍ਹਾਂ ਨੂੰ ਸਮਝ ਆ ਗਈ ਹੈ ਕਿ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਦੀ ਰਖੇਲ ਬਣ ਗਈ ਹੈ।ਉਨ੍ਹਾਂ ਕਿਹਾ ਕਿ ਇਸ ਲਾਠੀ ਗੋਲੀ ਦੀ ਸਰਕਾਰ ਦਾ ਗ੍ਰਹਿ ਮੰਤਰੀ ਅਸਤੀਫਾ ਦੇਵੇ।22 ਵਿਦਿਆਰਥੀ ਜਿਨ੍ਹਾਂ ਦੀ ਜਾਨ ਚਲੀ ਗਈ, ਦੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਨਰਿੰਦਰ ਮੋਦੀ ਤੇ ਧਰਮਿੰਦਰ ਪ੍ਰਧਾਨ ਦੀ ਬਣਦੀ ਹੈ। ਉਨ੍ਹਾਂ ਕਿਹਾ ਕਿ ਖੰਡ ਮਿੱਲ ਸ਼ੇਰੋਂ ਜਿਸ ਦੀ ਮਾਲਕੀ ਪੁੱਡਾ ਦੇ ਨਾਅ ਕੀਤੀ ਗਈ ਹੈ ਉਹ ਵਾਪਸ ਖੰਡ ਮਿੱਲ ਦੇ ਨਾਅ ਕਰਕੇ ਉਸ ਨੂੰ ਦੁਬਾਰਾ ਚਾਲੂ ਕੀਤਾ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਸਾਨ ਆਗੂਆਂ ਮਾਸਟਰ ਹਰਭਜਨ ਸਿੰਘ, ਰਣਜੀਤ ਸਿੰਘ ਬਹਾਦਰ ਨਗਰ, ਦਲੇਰ ਸਿੰਘ ਰਾਜੋਕੇ, ਕੁਲਦੀਪ ਸਿੰਘ ਗਿੱਲ, ਕੇਵਲ ਸਿੰਘ ਕੰਬੋਕੇ, ਪੂਰਨ ਸਿੰਘ ਮਾੜੀਮੇਘਾ, ਚਾਨਣ ਸਿੰਘ, ਕੁਲਦੀਪ ਸਿੰਘ ਚੂਸਲੇਵੜ੍ਹ, ਕਾਰਜ ਸਿੰਘ ਕੈਰੋਂ ਨੇ ਵੀ ਸੰਬੋਧਨ ਕੀਤਾ।

## ਕਾਂਗਰਸ ਤੇ ਆਪ ਨੂੰ ਛੱਡ ਕੇ ਕਈ ਪਰਿਵਾਰ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-** ਕਸਬਾ ਫਤਿਆਬਾਦ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਕਾਂਗਰਸ ਅਤੇ ਆਮ ਆਦਮੀ ਪਾਰਟੀ ਨਾਲ ਸੰਬੰਧਤ ਕਈ ਪਰਿਵਾਰਾਂ ਨੇ ਆਪਣੇ ਸਾਥੀਆਂ ਸਮੇਤ ਉਨ੍ਹਾਂ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ।ਇਹ ਸ਼ਮੂਲੀਅਤ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸੇਰੋਂ ਦੇ ਪਤੀ ਯੂਥ ਅਕਾਲੀ ਆਗੂ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋਂ ਦੀ ਅਗਵਾਈ ਹੇਠ ਕਰਵਾਈ ਗਈ।ਇਸ ਮੌਕੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ, ਪੰਜਾਬੀਅਤ ਅਤੇ ਲੋਕਾਂ ਦੇ ਹੱਕਾਂ ਦੀ ਲੜਾਈ ਲੜਨ ਵਾਲੀ ਪਾਰਟੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਪਰਿਵਾਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਨੂੰ ਸੰਗਠਨ ਵਿੱਚ ਬਣਦਾ ਸਥਾਨ ਦਿੱਤਾ ਜਾਵੇਗਾ।

ਨਵੇਂ ਸ਼ਾਮਲ ਹੋਏ ਪਰਿਵਾਰਾਂ ਨੇ ਕਿਹਾ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਅਤੇ ਲੋਕ ਪੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਨ ਅਤੇ ਹਲਕੇ ਦੀ ਮਜ਼ਬੂਤੀ ਅਤੇ ਲੋਕ ਸੇਵਾ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਐੱਸ. ਸੀ. ਵਿੰਗ ਦੇ ਪ੍ਰਧਾਨ ਕਸ਼ਮੀਰ ਸਿੰਘ ਤੇ ਸੀਨੀਅਰ ਅਕਾਲੀ ਆਗੂ ਤੇਜਿੰਦਰ ਸਿੰਘ ਪ੍ਰਿੰਸ ਨੇ ਨਵੀਂ ਸ਼ਮੂਲੀਅਤ ਕਰਨ ਵਾਲੇ ਸੁਖਚੈਨ ਸਿੰਘ ਸਾਬਕਾ ਮੈਂਬਰ, ਸੁਖਦੇਵ ਸਿੰਘ, ਕਾਬਲ ਸਿੰਘ, ਜਗਤਾਰ ਸਿੰਘ, ਸਾਬਕਾ ਫੌਜੀ ਵਜ਼ੀਰ ਸਿੰਘ (ਗੋਇੰਦਵਾਲ ਸਾਹਿਬ), ਸਾਬਕਾ ਫੌਜੀ ਅੰਗਰੇਜ਼ ਸਿੰਘ (ਗੋਇੰਦਵਾਲ ਸਾਹਿਬ), ਜਸਵਿੰਦਰ ਸਿੰਘ, ਸੁਲੱਖਣ ਸਿੰਘ (ਮੁਹੱਲਾ ਚੰਡੀਗੜ੍ਹ),ਹਰਦੀਪ ਸਿੰਘ ਅਤੇ ਜੀਤ ਸਿੰਘ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਜੀ ਆਇਆਂ ਕਹਿੰਦੇ ਹੋਏ ਕਿਹਾ ਕਿ ਅਕਾਲੀ ਦਲ ਪੰਜਾਬ ਦੀ ਆਪਣੀ ਰਾਜਨੀਤਿਕ ਪਾਰਟੀ ਹੈ ਅਤੇ ਹਰ ਪੰਜਾਬੀ ਨੂੰ ਚਾਹੀਦਾ ਹੈ ਕਿ ਉਹ ਸ਼੍ਰੋਮਣੀ ਅਕਾਲੀ ਦਲ ਨੂੰ ਹਰ ਪੱਖ ਤੋਂ ਮਜ਼ਬੂਤ ਕਰਨ। ਇਸ ਮੌਕੇ ਜੰਗਸ਼ੇਰ ਸਿੰਘ ਟੋਨੀ, ਗੁਰ ਸਿੱਧੂ ਤੇ ਅਮ੍ਰਿਤਪਾਲ ਸਿੰਘ ਹਾਜ਼ਰ ਸਨ।

## ਐੱਸ ਕੇ ਐੱਮ ਵੱਲੋਂ ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤੇ ਖਿਲਾਫ਼ ਸੇਰੋਂ ਟੋਲ ਪਲਾਜ਼ੇ 'ਤੇ ਪ੍ਰਦਰਸ਼ਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਜ਼ਿਲ੍ਹਾ ਤਰਨ ਤਾਰਨ ਦੇ ਅਧੀਨ ਨੈਸ਼ਨਲ ਹਾਈਵੇ 54 'ਤੇ ਪੈਂਦੇ ਸੇਰੋਂ ਟੋਲ ਪਲਾਜ਼ੇ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਤਿੰਨ ਘੰਟਿਆਂ ਲਈ ਟੋਲ ਮੁਕਤ ਕਰਕੇ ਸਯੁੰਕਤ ਕਿਸਾਨ ਮੋਰਚੇ ਵਿੱਚ

● **ਬਿਜਲੀ ਕਾਮਿਆਂ ਦੀ ਹੜਤਾਲ ਦੀ ਕੀਤੀ ਡਟਵੀਂ ਹਮਾਇਤ**

ਕੰਮ ਕਰ ਰਹੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਕਾਰਕੁਨਾਂ ਨੇ ਕਿਸਾਨ ਆਗੂ ਮੁਖਤਾਰ ਸਿੰਘ ਮੱਲਾ, ਕਵਲਪ੍ਰੀਤ ਸਿੰਘ ਪੰਨੂ, ਡਾਕਟਰ ਇੰਦਰਜੀਤ ਸਿੰਘ ਮਰਹਾਣਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਬਾਬਾ ਸੁਲੱਖਣ ਸਿੰਘ ਮੰਡਾਲਾ, ਗੁਰਦੇਵ ਸਿੰਘ ਚੋਹਲਾ ਸਾਹਿਬ, ਜਸਬੀਰ ਸਿੰਘ ਪੰਨੂ, ਬਾਬਾ ਮਹਿੰਦਰ ਸਿੰਘ ਵੇਈਂਪੂਈਂ, ਗੋਪਾਲ ਸਿੰਘ ਕੁਹਾੜਕਾ, ਗੁਰਵਿੰਦਰ ਸਿੰਘ ਲੋਹਕਾ, ਰੇਸ਼ਮ ਸਿੰਘ ਫੈਲੋਕੇ ਦੀ ਅਗਵਾਈ ਹੇਠ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਕੇਂਦਰ ਦੀ ਮੋਦੀ ਹਕੂਮਤ ਦੀਆਂ ਕਿਸਾਨ-ਮਜ਼ਦੂਰ ਵਿਰੋਧੀ ਨੀਤੀਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ।ਕਿਸਾਨ ਅਤੇ ਮਜ਼ਦੂਰ ਆਗੂਆਂ ਨੇ ਅਮਰੀਕਾ ਭਾਰਤ ਟ੍ਰੇਡ ਸੰਧੀ ਨੂੰ ਭਾਰਤ ਦੇਸ਼ ਦੇ ਕਰੋੜਾਂ ਕਿਸਾਨਾਂ-ਮਜ਼ਦੂਰਾਂ ਸਮੇਤ ਸਭਨਾਂ ਛੋਟੇ ਕਾਰੋਬਾਰੀ ਲੋਕਾਂ ਲਈ ਘਾਤਕ ਦੱਸਦੇ ਹੋਏ ਲੋਕ ਵਿਰੋਧੀ ਸਮਝੌਤੇ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ।ਆਗੂਆਂ ਨੇ ਕਿਹਾ ਕਿ ਦੇਸ਼ ਦਾ



56 ਇੰਚ ਚੌੜੇ ਸੀਨੇ ਵਾਲਾ ਪ੍ਰਧਾਨ ਮੰਤਰੀ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਅੱਗੇ ਗੋਡੇ ਟੇਕ ਕੇ ਦੇਸ਼ ਦੇ ਲੋਕਾਂ ਦੇ ਹਿੱਤਾਂ ਨਾਲ ਖਿਲਵਾੜ ਕਰ ਰਿਹਾ ਹੈ।ਆਗੂਆਂ ਨੇ ਕੇਂਦਰ ਦੀ ਬੀਜੇਪੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਦਾਬੇ ਹੇਠ ਦੇਸ਼ ਨੂੰ ਗਹਿਣੇ ਪਾਉਣ ਲਈ ਪੱਬਾਂ ਭਾਰ ਹੋ ਕੇ ਕੰਮ ਕਰ ਰਹੀਆਂ ਹਨ ਜਿਸ ਨੂੰ ਦੇਸ਼ ਦੇ ਮਿਹਨਤਕਸ਼ ਲੋਕ ਕਿਸੇ ਵੀ ਤਰ੍ਹਾਂ ਬਰਦਾਸ਼ਤ ਨਹੀਂ ਕਰਨਗੇ। ਆਗੂਆਂ ਨੇ ਮੋਦੀ ਸਰਕਾਰ ਦੀ ਪਾਰਲੀਮੈਂਟ ਵੱਲ ਰੋਸ ਮਾਰਚ ਕਰ ਰਹੇ ਦੇਸ਼ ਦੇ ਨੌਜਵਾਨਾਂ 'ਤੇ ਤਸ਼ੱਦਦ ਕਰਨ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਕੇਂਦਰੀ ਮੰਤਰੀ ਪ੍ਰਧਾਨ ਨੂੰ ਵਜ਼ਾਰਤ ਤੋਂ ਤੁਰੰਤ ਬਰਖ਼ਾਸਤ ਕਰਨ ਦੀ ਮੰਗ ਕੀਤੀ।ਆਗੂਆਂ ਨੇ ਸੂਬੇ ਦੇ ਬਿਜਲੀ ਕਾਮਿਆਂ ਦੀ ਹੜਤਾਲ ਦੀ ਡਟਵੀਂ ਹਮਾਇਤ ਕਰਦਿਆਂ ਭਗਵੰਤ ਮਾਨ ਸਰਕਾਰ ਨੂੰ ਬਿਜਲੀ ਅਦਾਰੇ ਵਿੱਚ ਸਨਅਤੀ ਅਮਨ ਬਹਾਲ ਕਰਨ ਦੀ ਮੰਗ ਕਰਦੇ ਹੋਏ ਅਦਾਰੇ ਵਿੱਚ ਹਜ਼ਾਰਾਂ ਖਾਲੀ ਅਸਾਮੀਆਂ ਰੈਗੂਲਰ ਭਰਤੀ ਕਰਨ ਦੀ ਮੰਗ ਕੀਤੀ।ਇਸ ਮੌਕੇ ਹਰਮਿੰਦਰ ਸਿੰਘ ਗਿੱਲ, ਗੁਰਬਚਨ ਸਿੰਘ ਘੜਕਾ, ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੇ ਆਗੂ ਸੂਬੇਦਾਰ ਤਾਰਾ ਸਿੰਘ ਸਰਹਾਲੀ, ਖੇਤ ਮਜ਼ਦੂਰ ਸਭਾ ਦੇ ਆਗੂ ਜਸਬੀਰ ਸਿੰਘ ਵੈਰੋਵਾਲ, ਸੈਂਟਰਲ ਟਰੇਡ ਯੂਨੀਅਨ ਸੀਟੂ ਦੇ ਸੂਬਾ ਕਮੇਟੀ ਆਗੂ ਧਰਮ ਸਿੰਘ ਪੱਟੀ, ਬਲਵਿੰਦਰ ਸਿੰਘ ਫੈਲੋਕੇ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਕੈਪਟਨ ਸਿੰਘ ਕਾਹਲਵਾਂ, ਡਾਕਟਰ ਅਮੋਲਕ ਸਿੰਘ, ਫਤਿਹ ਸਿੰਘ ਆਦਿ ਨੇ ਦੇਸ਼ ਦੀਆਂ ਸੰਘਰਸ਼ਸ਼ੀਲ ਧਿਰਾਂ ਨੂੰ ਇਕ ਪਲੇਟਫਾਰਮ 'ਤੇ ਇਕੱਠੇ ਹੋ ਕੇ ਹਾਕਮਾਂ ਦੀਆਂ ਲੋਕ ਮਾਰੂ ਨੀਤੀਆਂ ਖਿਲਾਫ਼ ਖੇਤੀ ਕਾਨੂੰਨਾਂ ਦੀ ਤਰਜ਼ 'ਤੇ ਵੱਡੀ ਲਾਮਬੰਦੀ ਕਰਨ ਦਾ ਸੱਦਾ ਦਿੱਤਾ।

## ਔਜਲਾ ਨੇ ਖੜਗੇ ਨੂੰ ਜਨਮ ਦਿਨ ਦੀ ਦਿੱਤੀ ਵਧਾਈ



**ਛੇਹਰਟਾ, (ਮਨੋਜ ਕੁਮਾਰ)-** ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਮੰਗਲਵਾਰ ਨੂੰ ਨਵੀਂ ਦਿੱਲੀ ਵਿਚ ਅਖਿਲ ਭਾਰਤੀ ਕਾਂਗਰਸ ਕਮੇਟੀ (ਏਆਈਸੀਸੀ) ਦੇ ਕੌਮੀ ਪ੍ਰਧਾਨ ਤੇ ਰਾਜ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਜਨਮ ਦਿਨ ਦੀ ਵਧਾਈ ਤੇ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ। ਮੁਲਾਕਾਤ ਦੌਰਾਨ ਦੋਵਾਂ ਆਗੂਆਂ ਵਿਚਕਾਰ ਦੇਸ਼ ਦੇ ਮੌਜੂਦਾ ਸਿਆਸੀ ਹਾਲਾਤ, ਸਮਾਜਿਕ ਸਰੋਕਾਰਾਂ, ਲੋਕਤੰਤਰੀ ਕਦਰਾਂ-ਕੀਮਤਾਂ, ਸੰਵਿਧਾਨ ਦੀ ਰੱਖਿਆ ਤੇ ਲੋਕ-ਹਿੱਤ ਨਾਲ ਜੁੜੇ ਅਨੇਕਾਂ ਅਹਿਮ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਹੋਇਆ। ਸੰਸਦ ਮੈਂਬਰ ਔਜਲਾ ਨੇ ਪੰਜਾਬ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਦੇ ਨਾਲ-ਨਾਲ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਤੇ ਉਨ੍ਹਾਂ ਦੇ ਹੱਲ ਸਬੰਧੀ ਆਪਣੇ ਵਿਚਾਰ ਵੀ ਕਾਂਗਰਸ ਪ੍ਰਧਾਨ ਸਾਹਮਣੇ ਰੱਖੇ।

## ਪਿੰਡ ਧੀਰ ਤੋਂ ਗੁਰਧਾਮਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-** ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਬਜ਼ੁਰਗਾਂ ਦੀ ਧਾਰਮਿਕ ਆਸਥਾ ਦਾ ਸਨਮਾਨ ਕਰਦੇ ਹੋਏ ਮਾਨ ਸਰਕਾਰ ਦੇ ਵੱਲੋਂ ਹਲਕਾ ਫਤਿਹਗੜ੍ਹ



ਚੂੜੀਆਂ ਦੇ ਪਿੰਡ ਧੀਰ ਤੋਂ ਗੁਰਧਾਮਾਂ ਦੇ ਦਰਸ਼ਨਾਂ ਦੇ ਲਈ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਪਰਮਾਤਮਾ ਇਨ੍ਹਾਂ ਦੀ ਯਾਤਰਾ ਸਫ਼ਲ ਕਰੇ।ਇਸ ਮੌਕੇ ਸਰਪੰਚ ਹਰਵਿੰਦਰ ਸਿੰਘ, ਪੰਚ ਰਣਜੀਤ ਸਿੰਘ, ਡਿੰਪਲ, ਨਿਰਮਲ ਸਿੰਘ, ਕਰਤਾਰ ਸਿੰਘ, ਨੀਲੂ ਸਿੰਘ ਆਦਿ ਹਾਜ਼ਰ ਸਨ।

## ਗੁਰਨੂਰ ਕੌਰ ਨੇ ਕਰਾਟੇ ਚੈਂਪੀਅਨਸ਼ਿਪ 'ਚ ਜਿੱਤਿਆ ਗੋਲਡ ਮੈਡਲ

**ਬਿਆਸ (ਪਰਮਜੀਤ ਸਿੰਘ ਰੱਖੜਾ)-** ਏ ਕੇ ਐੱਫ ਪੰਜਾਬ ਸਟੇਟ ਕਰਾਟਾ ਚੈਂਪੀਅਨਸ਼ਿਪ 2026-27 ਜੋ ਕਿ ਪੀਏਪੀ ਗਰਾਊਂਡ ਵਿੱਚ ਕਰਵਾਇਆ ਗਿਆ, ਵਿੱਚ ਰੋਇਲ ਕੈਂਬ੍ਰਿਜ ਸਕੂਲ ਬਿਆਸ ਵੱਲੋਂ ਗੁਰਨੂਰ



ਕੌਰ ਨੇ ਕਰਾਟਾ ਅੰਡਰ 14 ਵਿੱਚ ਗੋਲਡ ਮੈਡਲ ਹਾਸਲ ਕੀਤਾ। ਇਸ ਵਿੱਚ ਰੋਇਲ ਕੈਂਬ੍ਰਿਜ ਦੇ ਤਕਰੀਬਨ ਅੱਠ ਬੱਚਿਆਂ ਨੇ ਹਿੱਸਾ ਲਿਆ ਜਿਸ ਵਿੱਚੋਂ ਇਕੱਲੀ ਗੁਰਨੂਰ ਕੌਰ ਨੇ ਗੋਲਡ ਮੈਡਲ ਹਾਸਲ ਕੀਤਾ, ਬਾਕੀ ਹੋਰਨਾਂ ਨੇ ਬਰੌਂਜ਼ ਤੇ ਸਿਲਵਰ ਮੈਡਲ ਜਿੱਤੇ। ਗੁਰਨੂਰ ਦੀ ਕੋਚ ਰਾਜਵੀਰ ਕੌਰ ਅਤੇ ਨਵਕਿਰਨ ਸਿੰਘ ਹੈਪੀ ਕੋਚ ਆਪਣੇ ਸਕੂਲ ਵੱਲੋਂ ਸਾਰੇ ਬੱਚਿਆਂ ਨੂੰ ਇਸ ਸਟੇਟ ਕਰਾਟੇ ਚੈਂਪੀਅਨਸ਼ਿਪ 2026-27 'ਚ ਹਿੱਸਾ ਲੈਣ ਲਈ ਲੈ ਕੇ ਗਏ। ਗੁਰਨੂਰ ਕੌਰ ਦੇ ਪਿਤਾ ਸੁਖਦੇਵ ਸਿੰਘ ਬਿਆਸ ਨੇ ਦੱਸਿਆ ਕਿ ਗੁਰਨੂਰ ਕੌਰ ਬਚਪਨ ਤੋਂ ਹੀ ਖੇਡਾਂ ਵਿੱਚ ਬਹੁਤ ਰੁਝਾਨ ਰੱਖਦੀ ਹੈ ਅਤੇ ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਸਦਾ ਗੁਰਨੂਰ ਨੂੰ ਖੇਡਣ ਲਈ ਉਤਸ਼ਾਹਤ ਹੀ ਕੀਤਾ।

## ਕੰਵਲਜੀਤ ਸਿੰਘ ਸੋਹੀ ਅੰਮ੍ਰਿਤਸਰ ਆਈ. ਟੀ. ਵਿੰਗ ਦੇ ਇੰਚਾਰਜ ਨਿਯੁਕਤ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-** ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵੱਲੋਂ ਪਾਰਟੀ ਦੇ ਆਈ. ਟੀ. ਵਿੰਗ ਦੇ ਕੰਮਕਾਜ ਨੂੰ ਹੋਰ ਸੁਚਾਰੂ, ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਇੱਕ



ਅਹਿਮ ਫੈਸਲਾ ਲਿਆ ਗਿਆ ਹੈ।ਪਾਰਟੀ ਹਾਈਕਮਾਂਡ ਵੱਲੋਂ ਸੰਗਠਨਾਤਮਕ ਢਾਂਚੇ ਦੀ ਮਜ਼ਬੂਤੀ ਅਤੇ ਵਿਸਥਾਰ ਨੂੰ ਮੁੱਖ ਰੱਖਦਿਆਂ ਹੋਇਆਂ ਨੌਜਵਾਨ ਆਗੂ ਕੰਵਲਜੀਤ ਸਿੰਘ ਸੋਹੀ ਨੂੰ ਜ਼ਿਲ੍ਹਾ ਅੰਮ੍ਰਿਤਸਰ ਲਈ ਆਈ. ਟੀ. ਵਿੰਗ ਦਾ ਜ਼ਿਲ੍ਹਾ ਇੰਚਾਰਜ/ਮੁਖੀ ਨਿਯੁਕਤ ਕੀਤਾ ਗਿਆ ਹੈ।ਪਾਰਟੀ ਆਗੂਆਂ ਅਨੁਸਾਰ ਅੱਜ ਦੇ ਡਿਜੀਟਲ ਯੁੱਗ ਵਿੱਚ ਸੋਸ਼ਲ ਮੀਡੀਆ ਅਤੇ ਆਈ. ਟੀ. ਖੇਤਰ ਦੀ ਅਹਿਮ ਭੂਮਿਕਾ ਹੈ।ਇਸੇ ਨੂੰ ਧਿਆਨ ਵਿੱਚ ਰੱਖਦਿਆਂ ਕੰਵਲਜੀਤ ਸਿੰਘ ਸੋਹੀ ਦੀਆਂ ਪਾਰਟੀ ਪ੍ਰਤੀ ਨਿਸ਼ਕਾਮ ਸੇਵਾਵਾਂ ਅਤੇ ਤਕਨੀਕੀ ਮੁਹਾਰਤ ਨੂੰ ਦੇਖਦੇ ਹੋਏ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ।ਉਨ੍ਹਾਂ ਨੂੰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਆਈ. ਟੀ. ਵਿੰਗ ਦੇ ਢਾਂਚੇ ਦੀ ਨਵੀਂ ਉਸਾਰੀ ਕਰਨ, ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਅਤੇ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਦਾ ਕਾਰਜ ਸੌਂਪਿਆ ਗਿਆ ਹੈ।ਇਸ ਮੌਕੇ ਸੋਹੀ ਨੇ ਪਾਰਟੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਉਹ ਜਲਦ ਹੀ ਜ਼ਿਲ੍ਹਾ ਅੰਮ੍ਰਿਤਸਰ ਦੇ ਆਈ. ਟੀ. ਢਾਂਚੇ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨਗੇ ਅਤੇ ਨੌਜਵਾਨ ਸ਼ਕਤੀ ਨੂੰ ਨਾਲ ਜੋੜ ਕੇ ਪਾਰਟੀ ਦੀ ਆਵਾਜ਼ ਨੂੰ ਹੋਰ ਬੁਲੰਦ ਕਰਨਗੇ।

## ਬਟਾਲਾ ਦੀਆਂ ਨਾਮਵਰ ਸ਼ਖ਼ਸੀਅਤਾਂ 'ਚੋਂ ਇੱਕ ਹਨ ਇੰਜੀਨੀਅਰ ਬਲਦੇਵ ਸਿੰਘ ਸ਼ਾਹਪੁਰ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-** ਬਹੁਪੱਖੀ ਅਤੇ ਪ੍ਰੇਰਨਾਦਾਇਕ ਸ਼ਖ਼ਸੀਅਤ ਸਮਾਜ ਵਿੱਚ ਕੁਝ ਅਜਿਹੀਆਂ ਸ਼ਖ਼ਸੀਅਤਾਂ ਵੀ ਹੁੰਦੀਆਂ ਹਨ ਜੋ ਆਪਣੇ ਕੰਮ, ਉੱਚੇ ਕਿਰਦਾਰ ਅਤੇ ਲੋਕ-ਪੱਖੀ ਸੋਚ ਸਦਕਾ ਸਮਾਜ ਲਈ ਚਾਨਣ-ਮੁਨਾਰਾ ਬਣ ਜਾਂਦੀਆਂ ਹਨ। ਇੰਜੀਨੀਅਰ ਬਲਦੇਵ ਸਿੰਘ ਸ਼ਾਹਪੁਰ ਵੀ ਇੱਕ ਅਜਿਹੇ ਹੀ ਅਫਸਰ ਹਨ, ਜਿਨ੍ਹਾਂ ਨੇ ਆਪਣੀ ਸਰਕਾਰੀ ਨੌਕਰੀ ਦੌਰਾਨ ਅਤੇ ਸਮਾਜਿਕ ਜੀਵਨ ਵਿੱਚ ਇਮਾਨਦਾਰੀ, ਵਾਤਾਵਰਨ ਲਈ ਪ੍ਰੇਮ ਅਤੇ ਮਾਨਵਤਾ ਦੀ ਸੇਵਾ ਦੀ ਇੱਕ ਮਿਸਾਲ ਕਾਇਮ ਕੀਤੀ ਹੈ।ਇੰਜੀਨੀਅਰ ਬਲਦੇਵ ਸਿੰਘ ਸ਼ਾਹਪੁਰ ਵੱਲੋਂ ਇੱਕ ਅਫਸਰ ਵਜੋਂ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਪਾਰਦਰਸ਼ਤਾ ਅਤੇ ਤਨਦੇਹੀ ਨਾਲ ਨਿਭਾਇਆ ਜਾ ਰਿਹੈ ।ਉਨ੍ਹਾਂ ਨੇ ਕਦੇ ਵੀ ਆਪਣੇ ਅਸੂਲਾਂ ਨਾਲ ਸਮਝੌਤਾ ਨਹੀਂ ਕੀਤਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ।ਉਨ੍ਹਾਂ ਦੀ ਬੇਦਾਗ਼ ਛਵੀ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਪਛਾਣ ਹੈ।ਉਹ ਸਿਰਫ਼ ਗੱਲੀਂ-ਬਾਤੀਂ ਹੀ ਨਹੀਂ, ਸਗੋਂ ਅਮਲੀ ਰੂਪ ਵਿੱਚ ਵੀ ਵਾਤਾਵਰਨ ਦੀ ਸੰਭਾਲ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ।ਉਨ੍ਹਾਂ ਨੇ ਵੱਖ-ਵੱਖ ਥਾਵਾਂ 'ਤੇ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਦੀ ਮੁਹਿੰਮ ਚਲਾਈ ਹੈ।ਉਹ ਪਾਣੀ ਦੀ ਬੱਚਤ, ਹਵਾ ਦੀ ਸ਼ੁੱਧਤਾ ਅਤੇ ਧਰਤੀ ਹੇਠਲੇ ਡਿੱਗ ਰਹੇ ਪਾਣੀ ਦੇ ਪੱਧਰ ਪ੍ਰਤੀ ਲੋਕਾਂ ਨੂੰ ਲਗਾਤਾਰ ਸੁਚੇਤ ਕਰਦੇ ਰਹਿੰਦੇ ਹਨ।ਉਨ੍ਹਾਂ ਦੇ ਦਿਲ ਵਿੱਚ ਲੋੜਵੰਦਾਂ ਅਤੇ ਗਰੀਬਾਂ



ਲਈ ਬਹੁਤ ਦਰਦ ਹੈ।ਮਾਨਵਤਾ ਦੀ ਸੇਵਾ ਨੂੰ ਹੀ ਉਹ ਰੱਬ ਦੀ ਅਸਲ ਬੰਦਗੀ ਮੰਨਦੇ ਹਨ।ਭਾਵੇਂ ਉਹ ਕਿਸੇ ਗਰੀਬ ਬੱਚੇ ਦੀ ਪੜ੍ਹਾਈ ਦਾ ਖਰਚਾ ਚੁੱਕਣਾ ਹੋਵੇ ਜਾਂ ਕਿਸੇ ਬਿਮਾਰ ਦੀ ਮਦਦ ਕਰਨੀ ਹੋਵੇ, ਉਹ ਸਮਾਜਿਕ ਭਲਾਈ ਦੇ ਕਾਰਜਾਂ ਵਿੱਚ ਹਮੇਸ਼ਾ ਅੱਗੇ ਰਹਿੰਦੇ ਹਨ।ਕੌਮ ਦੀ ਚੜ੍ਹਦੀ ਇੰਜੀਨੀਅਰ ਸ਼ਾਹਪੁਰ ਹਮੇਸ਼ਾ ਆਪਣੀ ਕੌਮ, ਪੰਜਾਬੀ ਸੱਭਿਆਚਾਰ ਅਤੇ ਸਮਾਜ ਦੀ ਚੜ੍ਹਦੀ ਕਲਾ (ਤਰੱਕੀ) ਦੀ ਕਾਮਨਾ ਕਰਦੇ ਹਨ।ਉਹ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਗਲਤ ਰਾਹਾਂ ਤੋਂ ਮੋੜ ਕੇ ਉੱਚ ਸਿੱਖਿਆ ਅਤੇ ਚੰਗੇ ਸੰਸਕਾਰਾਂ ਨਾਲ ਜੋੜਨ ਲਈ ਪ੍ਰੇਰਿਤ ਕਰਦੇ ਹਨ।ਕੌਮ ਦੇ ਗੌਰਵਮਈ ਇਤਿਹਾਸ ਨੂੰ ਸੰਭਾਲਣ ਅਤੇ ਆਪਸੀ ਭਾਈਚਾਰਾ ਮਜ਼ਬੂਤ ਕਰਨ ਲਈ ਉਹ ਲਗਾਤਾਰ ਯਤਨ ਕਰਦੇ ਰਹਿੰਦੇ ਹਨ।ਇੰਜੀਨੀਅਰ ਬਲਦੇਵ ਸਿੰਘ ਸ਼ਾਹਪੁਰ ਵਰਗੇ ਇਮਾਨਦਾਰ, ਵਾਤਾਵਰਨ ਪ੍ਰੇਮੀ ਅਤੇ ਕੌਮ ਦਾ ਦਰਦ ਰੱਖਣ ਵਾਲੇ ਅਫਸਰ ਅੱਜ ਦੇ ਸਮਾਜ ਦੀ ਅਸਲ ਲੋੜ ਹਨ।

## ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਨੇ ਸਲੱਮ ਖੇਤਰ ਦੇ ਬੱਚਿਆਂ ਦਾ ਵਿੱਦਿਅਕ ਟੂਰ ਕਰਵਾਇਆ

**ਗੁਰਦਾਸਪੁਰ, (ਜਨਕ ਮਹਾਜਨ)-** ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਵੱਲੋਂ ਨੈਸ਼ਨਲ ਐਵਾਰਡੀ ਰੋਮੇਸ਼ ਮਹਾਜਨ ਵੱਲੋਂ ਸਲੱਮ ਖੇਤਰ ਦੇ ਬੱਚਿਆਂ ਲਈ ਚਲਾਏ ਜਾ ਰਹੇ ਪ੍ਰਿਲਿਮਨਰੀ ਐਜੂਕੇਸ਼ਨ ਸਟੱਡੀ ਸੈਂਟਰ ਦੇ




ਬੱਚਿਆਂ ਲਈ ਇੱਕ ਵਿਸ਼ੇਸ਼ ਵਿੱਦਿਅਕ ਟੂਰ ਕਰਵਾਇਆ ਗਿਆ। ਇਸ ਟੂਰ ਵਿੱਚ ਕੁੱਲ 48 ਭਾਗੀਦਾਰ, ਜਿਨ੍ਹਾਂ ਵਿੱਚ 40 ਬੱਚੇ ਅਤੇ 8 ਅਧਿਆਪਕ ਸ਼ਾਮਲ ਸਨ, ਨੇ ਭਾਗ ਲਿਆ।

ਇਸ ਵਿਦਿਅਕ ਟੂਰ ਨੂੰ ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਦੇ ਕੋਆਰਡੀਨੇਟਰ ਬਖ਼ਸ਼ੀ ਰਾਜ ਦੀ ਦੇਖ-ਰੇਖ ਹੇਠ ਹਰੀ ਝੰਡੀ ਦੇ ਕੇ ਕਾਦੀਆਂ ਲਈ ਰਵਾਨਾ ਕੀਤਾ ਗਿਆ। ਕਾਦੀਆਂ ਪਹੁੰਚਣ 'ਤੇ ਅਹਿਮਦੀਆ ਮੁਸਲਿਮ ਕਮਿਊਨਿਟੀ ਦੇ ਅਹੁਦੇਦਾਰਾਂ ਅਤੇ ਇਰਸ਼ਾਦ ਵਕਫ਼ੇ ਜਦੀਦ ਕਾਦੀਆਂ ਵੱਲੋਂ, ਮੁੱਖ ਤੌਰ 'ਤੇ ਡਾਇਰੈਕਟਰ ਹਾਫ਼ਿਜ਼ ਸ਼ਰੀਫ਼-ਉਲ-ਹਸਨ ਸਾਹਿਬ ਦੀ ਅਗਵਾਈ ਹੇਠ, ਸਮੂਹ ਟੂਰ ਟੀਮ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਯੂਥ ਐਕਟਿਵਿਸਟ ਫ਼ਜ਼ਲ ਅਹਿਮਦ ਵੱਲੋਂ ਬੱਚਿਆਂ ਨੂੰ ਦਾਰੁਲ ਜ਼ਿਆਫ਼ਤ, ਦਾਰੁਲ ਮਸੀਹ, ਬਹਿਸ਼ਤੀ ਮਕਬਰਾ, ਮਖ਼ਜ਼ਨ-ਏ-ਤਸਾਵੀਰ ਅਤੇ ਕੁਰਆਨ ਪ੍ਰਦਰਸ਼ਨੀ ਸਮੇਤ ਵੱਖ-ਵੱਖ ਮਹੱਤਵਪੂਰਨ ਸਥਾਨਾਂ ਦਾ ਦੌਰਾ ਕਰਵਾਇਆ ਗਿਆ। ਇਸ ਵਿਦਿਅਕ ਦੌਰੇ ਦੌਰਾਨ ਬੱਚਿਆਂ ਨੂੰ ਅਹਿਮਦੀਆ ਮੁਸਲਿਮ ਕਮਿਊਨਿਟੀ ਦੇ ਇਤਿਹਾਸਕ ਪਿਛੋਕੜ, ਉਨ੍ਹਾਂ ਦੀਆਂ ਵੱਖ-ਵੱਖ ਸਮਾਜਿਕ ਅਤੇ ਮਨੁੱਖਤਾ ਦੀ ਭਲਾਈ ਨਾਲ ਸਬੰਧਤ ਗਤੀਵਿਧੀਆਂ ਅਤੇ ਵਿਸ਼ਵ ਸ਼ਾਂਤੀ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਰਸ਼ਾਦ ਵਕਫ਼ੇ ਜਦੀਦ ਕਾਦੀਆਂ ਵੱਲੋਂ ਸਮੂਹ ਟੂਰ ਟੀਮ ਲਈ ਵਿਸ਼ੇਸ਼ ਦੁਪਹਿਰ ਦੇ ਭੋਜਨ ਦਾ ਪ੍ਰਬੰਧ ਕੀਤਾ ਗਿਆ ਅਤੇ ਸੰਸਥਾ ਵੱਲੋਂ ਟੂਰ ਵਿੱਚ ਸ਼ਾਮਲ ਸਾਰੇ ਮੈਂਬਰਾਂ ਨੂੰ ਸਨਮਾਨਿਤ ਕਰਦਿਆਂ ਯਾਦਗਾਰੀ ਟੋਕਨ ਵੀ ਭੇਟ ਕੀਤੇ।

## ਮੀਰੀ-ਪੀਰੀ ਖ਼ਾਲਸਾ ਮਾਰਚ 'ਚ ਸ਼ਮੂਲੀਅਤ ਕਰਨੀ ਹਰ ਸਿੱਖ ਦਾ ਕੌਮੀ ਫ਼ਰਜ਼ : ਐਡਵੋਕੇਟ ਧਾਮੀ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ 24 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਣ ਵਾਲੇ 'ਮੀਰੀ ਪੀਰੀ ਖ਼ਾਲਸਾ ਮਾਰਚ' 'ਚ ਸੰਗਤ ਨੂੰ ਪਰਿਵਾਰਾਂ ਸਮੇਤ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਲਈ ਸਰਵਉੱਚ ਹਨ, ਜਿਸ ਤੋਂ ਹੋਏ ਆਦੇਸ਼ ਅਨੁਸਾਰ ਸਜਾਏ ਜਾ ਰਹੇ ਇਸ 'ਮੀਰੀ ਪੀਰੀ ਖ਼ਾਲਸਾ ਮਾਰਚ' 'ਚ ਸ਼ਾਮਲ ਹੋਣਾ ਹਰ ਸਿੱਖ ਦਾ ਕੌਮੀ ਫ਼ਰਜ਼ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕਰਕੇ ਮੀਰੀ ਪੀਰੀ ਸਿਧਾਂਤ ਦਿੱਤਾ, ਜੋ ਧਰਮ ਅਤੇ ਰਾਜ ਦੇ ਸੁਮੇਲ ਦਾ ਪ੍ਰਤੀਕ ਹੈ। ਇਸ ਦੇ ਸਿਧਾਂਤ ਅਤੇ ਪ੍ਰੰਪਰਾਵਾਂ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣਾ ਕੌਮੀ ਜ਼ੁੰਮੇਵਾਰੀ ਦਾ ਅਹਿਸਾਸ ਹੈ। ਇਸ ਮਹਾਨ ਸਿਧਾਂਤ ਨੂੰ ਮੁਗਲਾਂ ਤੇ ਅੰਗਰੇਜ਼ਾਂ ਤੋਂ ਲੈ ਕੇ ਆਜ਼ਾਦ ਭਾਰਤ ਦੀਆਂ ਸਰਕਾਰਾਂ ਵੱਲੋਂ ਵੀ ਕਈ ਚੁਣੌਤੀਆਂ ਦਿੱਤੀਆਂ ਜਾਂਦੀਆਂ ਰਹੀਆਂ, ਪ੍ਰੰਤੂ ਸਿੱਖਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਰਪ੍ਰਸਤੀ ਹੇਠ ਇਨ੍ਹਾਂ ਦਾ ਡੱਟ ਕੇ ਮੁਕਾਬਲਾ ਕੀਤਾ। ਅੱਜ ਵੀ ਪੰਥ ਵਿਰੋਧੀ ਸ਼ਕਤੀਆਂ ਵੱਲੋਂ ਇਸ ਦੇ ਸਿਧਾਂਤ ਨੂੰ ਸੱਟ ਮਾਰਨ ਦੀਆਂ ਚਾਲਾਂ ਅਤੇ ਹਰਕਤਾਂ ਹੋ ਰਹੀਆਂ ਹਨ। ਇਨ੍ਹਾਂ ਪ੍ਰਤੀ ਸੰਗਤਾਂ ਨੂੰ ਜਾਣੂ ਕਰਵਾਉਣਾ ਇਸ 'ਮੀਰੀ ਪੀਰੀ ਖ਼ਾਲਸਾ ਮਾਰਚ' ਦਾ ਮੁੱਖ ਮਕਸਦ ਹੋਵੇਗਾ। ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਮੀਰੀ ਪੀਰੀ ਦਿਵਸ ਮੌਕੇ 24 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਰੰਭ ਹੋਣ ਵਾਲੇ 'ਮੀਰੀ ਪੀਰੀ ਖ਼ਾਲਸਾ ਮਾਰਚ' ਵਿਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ। ਉਨ੍ਹਾਂ ਸੰਗਤਾਂ ਨੂੰ ਵੱਖ-ਵੱਖ ਪੜਾਵਾਂ 'ਤੇ ਖ਼ਾਲਸਾ ਮਾਰਚ ਦਾ ਸਵਾਗਤ ਕਰਨ ਅਤੇ ਸ਼ਾਮਲ ਹੋਣ ਦਾ ਸੁਨੇਹਾ ਦਿੱਤਾ।

## ਚੰਦਨ ਲੂਥਰਾ ਸਵਰਨਕਾਰ ਵੈੱਲਫੇਅਰ ਬੋਰਡ ਦੇ ਚੇਅਰਮੈਨ ਨਿਯੁਕਤ



**ਬਿਆਸ (ਪਰਮਜੀਤ ਸਿੰਘ ਰੱਖੜਾ)** ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਸਨੀਕ ਚੰਦਨ ਲੂਥਰਾ ਨੂੰ ਸਵਰਨਕਾਰ ਵੈੱਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾ ਦੀ ਨਿਯੁਕਤੀ 'ਤੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਚੰਦਨ ਲੂਥਰਾ ਨੂੰ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਅਤੇ ਸਮੁੱਚੇ ਸਵਰਨਕਾਰ ਭਾਈਚਾਰੇ ਨੂੰ ਇਸ ਨਿਯੁਕਤੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਚੇਅਰਮੈਨ ਚੰਦਨ ਲੂਥਰਾ ਨੇ ਪੰਜਾਬ ਸਰਕਾਰ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾ 'ਤੇ ਪ੍ਰਗਟਾਏ ਵਿਸ਼ਵਾਸ 'ਤੇ ਉਹ ਪੂਰੀ ਤਰ੍ਹਾਂ ਖਰਾ ਉਤਰਨਗੇ। ਇਸ ਮੌਕੇ ਸੁਰਿੰਦਰ ਕੁਮਾਰ ਲੂਥਰਾ (ਪ੍ਰੇਮ ਜਿਊਲਰ), ਰਾਮਗੜ੍ਹੀਆ ਵੈੱਲਫੇਅਰ ਬੋਰਡ ਹਲਕਾ ਬਾਬਾ ਬਕਾਲਾ ਸਾਹਿਬ ਦੇ ਚੇਅਰਮੈਨ ਸੁਖਦੇਵ ਸਿੰਘ ਪੱਡਾ, ਦੀਪਕ ਵਰਮਾ, ਐੱਮ ਸੀ ਰਾਜਿੰਦਰ ਰਿਖੀ, ਐੱਮ ਸੀ ਵਿਸ਼ਾਲ ਮੰਨਣ, ਐੱਮ ਸੀ ਸਰਬਜੀਤ ਸਿੰਘ, ਲਵ ਕੁਮਾਰ ਬਹਿਲ, ਪਾਰਸ ਚਤਰਥ, ਮਨਪ੍ਰੀਤ ਸਿੰਘ, ਸੁਮਿਤ ਸਿੰਘ, ਜੈ ਇੰਦਰ, ਨਵੀ ਬਿਆਸ, ਵਿੱਕੀ ਬਾਬਾ ਬਕਾਲਾ ਸਾਹਿਬ, ਅਮਿਤ ਲੂਥਰਾ, ਸੰਦੀਪ ਵਰਮਾ ਸਮੇਤ ਵੱਡੀ ਗਿਣਤੀ ਵਿੱਚ ਆਗੂ ਅਤੇ ਸਵਰਨਕਾਰ ਭਾਈਚਾਰੇ ਦੇ ਮੈਂਬਰ ਹਾਜ਼ਰ ਸਨ।

## ਚੇਅਰਮੈਨ ਬਾਜਵਾ ਨੇ ਬਣ ਰਹੀ ਸੜਕ ਦੇ ਕੰਮ ਦਾ ਮੌਕੇ 'ਤੇ ਪਹੁੰਚ ਕੇ ਲਿਆ ਜਾਇਜ਼ਾ

**ਬਟਾਲਾ, (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)-** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ ਜਾ ਰਹੀ ਹੈ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।ਕਾਰਪੋਰੇਸ਼ਨ ਬਟਾਲਾ ਦੇ ਚੇਅਰਮੈਨ ਭੁਪਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਉਨ੍ਹਾਂ ਵਾਰਡ ਨੰਬਰ 12 ਵਿੱਚ ਬਣ ਰਹੀ ਸੜਕ ਦਾ ਮੌਕੇ ਤੇ ਪਹੁੰਚ ਕੇ ਜਾਇਜ਼ਾ ਲਿਆ ਗਿਆ ਅਤੇ



ਚੱਲ ਰਹੇ ਕੰਮ ਦੀ ਗੁਣਵੱਤਾ ਦੀ ਖੁਦ ਜਾਂਚ ਕੀਤੀ ਗਈ। ਇਸ ਦੇ ਨਾਲ ਹੀ ਬਟਾਲਾ ਸ਼ਹਿਰ ਦੀਆਂ ਹੋਰ ਸੜਕਾਂ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਲਈ ਸਬੰਧਤ ਵਿਭਾਗ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ।ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਵਿੱਚ ਜਿਥੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਉਸਦੇ ਨਾਲ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾ ਰਹੀਆਂ ਹਨ।ਸ਼ਹਿਰ ਵਿੱਚ ਮਹਿਜ਼ ਚਾਰ ਸਾਲਾਂ ਵਿੱਚ ਵੱਖ-ਵੱਖ ਵਿਕਾਸ ਕਰਾਜ ਕਰਵਾਏ ਗਏ ਹਨ ਅਤੇ ਵਿਕਾਸ ਕਾਰਜ ਲਗਾਤਾਰ ਜਾਰੀ ਹਨ।ਉਨ੍ਹਾਂ ਦੱਸਿਆ ਕਿ ਬਟਾਲਾ ਸ਼ਹਿਰ ਵਾਸੀਆਂ ਨੂੰ ਟਰੈਫਿਕ ਦੀ ਸਮੱਸਿਆ ਤੋਂ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਬਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ।ਟਰੈਫਿਕ ਲਾਈਟਾਂ ਲਗਾਈਆਂ ਗਈਆਂ ਹਨ।ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਕਾਂ ਨੂੰ ਚੌੜਿਆਂ ਕੀਤਾ ਗਿਆ ਹੈ।ਸ਼ਹਿਰ ਵਿੱਚ ਸੀ.ਸੀ.ਟੀ.ਵੀ ਕੈਮਰੇ ਲਗਾਏ ਜਾ ਰਹੇ ਹਨ।ਮੁਹੱਲਾ ਕਲੀਨਿਕਾਂ ਰਾਹੀ ਮਰੀਜ਼ ਦਾ ਮੁਫ਼ਤ ਇਲਾਜ ਚੱਲ ਰਿਹਾ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਵਿਚਲੀ ਲਾਇਬ੍ਰੇਰੀ ਦੀ ਇਮਾਰਤ ਦਾ ਨਵੀਨੀਕਰਨ ਕੀਤਾ ਗਿਆ ਹੈ ਅਤੇ ਦਹਾਕਿਆਂ ਪੁਰਾਣੇ ਬਟਾਲਾ ਕਲੱਬ ਨੂੰ ਸ਼ਾਨਦਾਰ ਦਿੱਖ ਦਿੱਤੀ ਗਈ ਹੈ।

## ਸੈਂਕੜੇ ਪਰਿਵਾਰ 'ਆਪ' ਤੇ ਅਕਾਲੀ ਦਲ ਨੂੰ ਛੱਡ ਕੇ ਕਾਂਗਰਸ 'ਚ ਸ਼ਾਮਲ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-** ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਪਿੰਡ ਖੱਖ ਵਿੱਚ ਅੱਜ ਉਸ ਸਮੇਂ ਕਾਂਗਰਸ ਪਾਰਟੀ ਨੂੰ ਵੱਡਾ ਹੁਲਾਰਾ ਮਿਲਿਆ ਜਦੋਂ ਪਿੰਡ ਦੇ ਸੈਕੜੇ ਪਰਿਵਾਰਾ ਨੇ ਆਮ ਆਦਮੀ ਪਾਰਟੀ ਅਤੇ ਅਕਾਲੀ ਦਲ ਪਾਰਟੀ ਨੂੰ ਛੱਡ ਪੰਜਾਬ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਮਨਜੀਤ ਸਿੰਘ ਸਿੱਕੀ ਸਾਬਕਾ ਵਿਧਾਇਕ ਹਲਕਾ ਖਡੂਰ ਸਾਹਿਬ ਦੀ ਅਗਵਾਈ ਹੇਠ ਜੈਕਾਰਿਆਂ ਤੇ ਨਾਅਰਿਆਂ ਦੀ ਗੂੰਜ 'ਚ ਕਾਂਗਰਸ ਪਾਰਟੀ 'ਚ ਸ਼ਾਮਿਲ ਹੋ ਗਏ ਜਿਨਾਂ ਦਾ ਮਾਣ-ਸਨਮਾਨ ਕਰਦਿਆਂ ਸਾਬਕਾ ਵਿਧਾਇਕ ਸਿੱਕੀ ਨੇ ਉਨ੍ਹਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪੰਜਾਬ ਦੇ ਸੂਝਵਾਨ ਤੇ ਬਹਾਦਰ ਵੋਟਰ ਧੜਾ-ਧੜ ਕਾਂਗਰਸ ਪਾਰਟੀ 'ਚ ਸ਼ਾਮਿਲ ਹੋ ਰਹੇ ਹਨ। ਇਸ ਮੌਕੇ ਆਮ ਆਦਮੀ ਪਾਰਟੀ ਅਤੇ ਅਕਾਲੀ ਦਲ ਨੂੰ ਫਤਿਹ ਬੁਲਾਉਣ ਵਾਲਿਆਂ 'ਚ ਦਲਬੀਰ ਸਿੰਘ, ਹਰਜਿੰਦਰ ਸਿੰਘ, ਫਤਿਹ ਸਿੰਘ, ਸੁੱਖ ਸਿੰਘ ਵਪਾਰੀ, ਕੁਲਬੀਰ ਸਿੰਘ, ਪਲਵਿੰਦਰ ਸਿੰਘ, ਸਾਬਕਾ ਮੈਂਬਰ ਰਣਜੀਤ ਸਿੰਘ, ਸਾਬਕਾ ਮੈਂਬਰ ਮਨਜੀਤ ਸਿੰਘ, ਸਾਹਿਬ ਸਿੰਘ, ਹਰਮਨ ਸਿੰਘ, ਗੁਰਜੰਟ ਸਿੰਘ, ਦਲਬੀਰ ਸਿੰਘ, ਸ਼ੀਤਲ ਸਿੰਘ, ਅਵਦੇਸ ਸਿੰਘ, ਗੁਰਲਾਲ ਸਿੰਘ, ਸੁਖਦੇਵ ਸਿੰਘ, ਸੁਰਿੰਦਰ ਸਿੰਘ, ਅਜੀਤ ਸਿੰਘ, ਦਲਬੀਰ ਸਿੰਘ, ਨਿਸ਼ਾਨ ਸਿੰਘ, ਗੁਲਜ਼ਾਰ ਸਿੰਘ,ਤਰਲੋਚਨ ਸਿੰਘ ਸੁਲਤਾਨਪੁਰੀਏ, ਮਲਵਿੰਦਰ ਸਿੰਘ, ਪ੍ਰੀਤਮ ਸਿੰਘ,ਬਲਜੀਤ ਸਿੰਘ ਬੱਬੂ, ਕਮਲਜੀਤ ਸਿੰਘ ਕਾਲਾ, ਹਰਵਿੰਦਰ ਸਿੰਘ ਹੈਪੀ, ਗੁਰਵਿੰਦਰ ਸਿੰਘ ਪ੍ਰਧਾਨ, ਮਨਮੀਤ ਕੌਰ, ਜਸਬੀਰ ਕੌਰ, ਮਨਪ੍ਰੀਤ ਕੌਰ, ਰਾਜਬੀਰ ਕੌਰ, ਪਰਮਜੀਤ ਕੌਰ, ਜਸਬੀਰ ਕੌਰ, ਨਰਿੰਦਰ ਕੌਰ, ਰੁਪਿੰਦਰ ਕੌਰ, ਮਨਪ੍ਰੀਤ ਕੌਰ, ਪ੍ਰਕਾਸ਼ ਕੌਰ, ਜਸਬੀਰ ਕੌਰ, ਪਰਮਜੀਤ ਕੌਰ, ਨਿੰਦਰ ਕੌਰ, ਰਾਜ ਕੌਰ, ਕਾਜਲ ਕੌਰ, ਸਰਬਜੀਤ ਕੌਰ, ਬਲਜੀਤ ਕੌਰ, ਪ੍ਰੀਤ ਕੌਰ, ਸੁਰਜੀਤ ਕੌਰ, ਰਾਜਵਿੰਦਰ ਕੌਰ, ਮਨਦੀਪ ਕੌਰ ਨੇ ਪਰਿਵਾਰਾਂ ਸਮੇਤ ਕਾਂਗਰਸ ਪਾਰਟੀ 'ਚ ਸ਼ਮੂਲੀਅਤ ਕੀਤੀ।

## ਬਹਿਲ ਨੇ ਡਿਫੈਂਸ ਰੋਡ ਬਾਈਪਾਸ ਹਰਦੋ ਬਥਵਾਲਾ ਤੋਂ ਸਰਕਾਰੀ ਕਾਲਜ ਤੱਕ ਸੜਕ ਬਣਾਉਣ ਦਾ ਨੀਂਹ ਪੱਥਰ ਰੱਖਿਆ

**ਗੁਰਦਾਸਪੁਰ, (ਜਨਕ ਮਹਾਜਨ)-** ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਵੱਲੋਂ 171.15 ਲੱਖ ਰੁਪਏ ਦੀ ਲਾਗਤ ਨਾਲ ਡਿਫੈਂਸ ਰੋਡ ਬਾਈਪਾਸ ਹਰਦੋ ਬਥਵਾਲਾ ਤੋਂ ਸਰਕਾਰੀ ਕਾਲਜ ਗੁਰਦਾਸਪੁਰ ਵਾਇਆ ਬਥਵਾਲਾ ਸੁੱਖਾ ਤੱਕ ਸੜਕ ਬਣਾਉਣ ਦੇ ਵਿਕਾਸ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਹਲਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਸੀ ਇਸ ਲਿੰਕ ਸੜਕ ਦੀ ਲੰਬਾਈ 3.16 ਕਿ.ਮੀ ਹੈ ਅਤੇ ਇਸ ਨੂੰ 10 ਫੁੱਟ ਤੋਂ 16 ਫੁੱਟ ਚੌੜਾ ਕੀਤਾ ਜਾਣਾ ਹੈ ਅਤੇ ਇਸ ਉਪੱਰ 171.15 ਲੱਖ ਖਰਚਾ ਆਉਣ ਦੀ ਅਨੁਮਾਨ ਹੈ। ਇਹ ਲਿੰਕ ਸੜਕ ਡਿਫੈਂਸ ਬਾਈਪਾਸ ਰੋਡ ਅਤੇ ਗੁਰਦਾਸਪੁਰ



ਸਰਕਾਰੀ ਕਾਲਜ ਰੋਡ ਨੂੰ ਆਪਸ ਵਿਚ ਜੋੜੇਗੀ ਤੇ ਸ਼ਾਰਟੇਜ ਰੂਟ ਵਜੋਂ ਕੰਮ ਕਰੇਗੀ ਜਿੱਥੇ ਕਿਸਾਨ ਅਤੇ ਆਮ ਪਬਲਿਕ ਨੂੰ ਗੁਰਦਾਸਪੁਰ ਸ਼ਹਿਰ ਵਿਖੇ ਆਉਣ ਜਾਣ ਲਈ ਸਹੂਲਤ ਮਿਲੇਗੀ ਓਥੇ ਨਾਲ ਹੀ ਇਹ ਸੜਕ ਬੱਚਿਆਂ ਨੂੰ ਸਕੂਲ ਅਤੇ ਸਰਕਾਰੀ ਕਾਲਜ ਗੁਰਦਾਸਪੁਰ ਆਉਣ ਜਾਣ ਲਈ ਸਹੂਲਤ ਪ੍ਰਦਾਨ ਕਰੇਗੀ। ਇਸ ਮੌਕੇ ਸੰਗਤਪੁਰਾ ਗੁਰਦੁਆਰਾ ਦੇ ਮੁੱਖ ਸੇਵਾਦਾਰ, ਮਾਰਕੀਟ ਕਮੇਟੀ ਦੇ ਚੇਅਰਮੈਨ ਭਾਰਤ ਭੂਸ਼ਣ ਸ਼ਰਮਾ, ਕੰਬੋਜ ਬਰਾਦਰੀ ਦੇ ਚੇਅਰਮੈਨ ਰਵਿੰਦਰ ਸਿੰਘ, ਬਲਾਕ ਸੰਮਤੀ ਦੇ ਚੇਅਰਮੈਨ ਰਣਜੀਤ ਸਿੰਘ ਰਾਣਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਣਜੀਤ ਸਿੰਘ ਹੇਮਰਾਜਪੁਰ, ਬਲਾਕ ਪ੍ਰਧਾਨ ਅਤੇ ਇੰਪਰੂਵਮੈਂਟ ਟਰੱਸਟ ਦੇ ਟਰੱਸਟੀ ਹਿਤੇਸ਼ ਮਹਾਜਨ, ਬਲਾਕ ਪ੍ਰਧਾਨ ਅਤੇ ਇੰਪਰੂਵਮੈਂਟ ਟਰੱਸਟ ਦੇ ਟਰੱਸਟੀ ਰਘੁਬੀਰ ਸਿੰਘ ਖਾਲਸਾ, ਸਰਪੰਚ ਟਿੰਕੂ ਬੱਬਰੀ, ਬਲਾਕ ਸੰਮਤੀ ਮੈਂਬਰ ਸਾਜਨ, ਮਾਸਟਰ ਸੁਭਾਸ਼ ਚੰਦਰ, ਮਾਸਟਰ ਸ਼ਸ਼ੀ, ਵੈੱਲਫੇਅਰ ਬੋਰਡ ਕੰਬੋਜ ਦੇ ਚੇਅਰਮੈਨ ਮਾਸਟਰ ਰਵਿੰਦਰ ਸਿੰਘ, ਸਾਬਕਾ ਸਰਪੰਚ ਬਲਵਿੰਦਰ ਸਿੰਘ, ਮਾਸਟਰ ਹਰਦੀਪ ਸਿੰਘ, ਨਗਰ ਪੰਚਾਇਤਾਂ ਦੇ ਸਰਪੰਚ ਅਤੇ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਸਰਪੰਚ, ਪੰਚ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਵੀ ਹਾਜ਼ਰ ਸਨ।

## ਕਰਾਟੇ ਚੈਂਪੀਅਨਸ਼ਿਪ 'ਚ ਮਨਤਵੀਰ ਚਾਹਲ ਨੇ ਜਿੱਤਿਆ ਗੋਲਡ ਮੈਡਲ

**ਬਿਆਸ (ਪਰਮਜੀਤ ਸਿੰਘ ਰੱਖੜਾ)** ਪੰਜਾਬ ਓਲੰਪਿਕ ਐਸੋਸੀਏਸ਼ਨ ਅਤੇ Amateur Karate-Do Foundation Punjab ਦੀ ਅਗਵਾਈ ਹੇਠ ਜਲੰਧਰ ਵਿਖੇ ਆਯੋਜਿਤ ਪੰਜਾਬ ਸਟੇਟ ਕਰਾਟੇ ਚੈਂਪੀਅਨਸ਼ਿਪ-2026 ਵਿੱਚ ਫਤਹਿ ਮਾਰਸ਼ਲ ਆਰਟ ਅਕੈਡਮੀ, ਬਿਆਸ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਡੀ ਕਾਮਯਾਬੀ ਹਾਸਲ ਕੀਤੀ। ਅਕੈਡਮੀ ਦੇ ਕੋਚ ਦਲਵਿੰਦਰ ਸਿੰਘ ਦੀ ਅਗਵਾਈ ਹੇਠ ਕੁੱਲ 20 ਖਿਡਾਰੀਆਂ ਨੇ ਚੈਂਪੀਅਨਸ਼ਿਪ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚੋਂ 9 ਖਿਡਾਰੀਆਂ ਨੇ ਗੋਲਡ ਮੈਡਲ ਜਿੱਤ ਕੇ ਅਕੈਡਮੀ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ। ਇਸ ਚੈਂਪੀਅਨਸ਼ਿਪ ਦੀ ਸਭ ਤੋਂ ਖਾਸ ਉਪਲੱਬਧੀ 7 ਸਾਲ 5 ਮਹੀਨੇ ਦੇ ਮਨਤਵੀਰ ਸਿੰਘ ਚਾਹਲ ਦੀ ਰਹੀ, ਜਿਸ ਨੇ ਸਭ ਤੋਂ ਛੋਟੀ ਉਮਰ ਦੇ ਫਾਈਟਰ ਵਜੋਂ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਆਪਣੇ ਨਾਂਅ ਕੀਤਾ। ਮਨਤਵੀਰ ਸਿੰਘ ਚਾਹਲ ਪਹਿਲਾਂ ਵੀ ਕਈ ਕਰਾਟੇ ਮੁਕਾਬਲਿਆਂ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਚੁੱਕਾ ਹੈ। ਮਨਤਵੀਰ ਸਿੰਘ ਦੀ ਇਸ ਉਪਲੱਬਧੀ 'ਤੇ ਪਰਵਾਰਕ ਮੈਂਬਰਾਂ, ਅਕੈਡਮੀ ਪ੍ਰਬੰਧਕਾਂ ਅਤੇ ਇਲਾਕਾ ਵਾਸੀਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



## ਲੋਕ ਭਲਾਈ ਦੇ ਕੀਤੇ ਕੰਮਾਂ ਸਦਕਾ 2027 'ਚ ਮੁੜ 'ਆਪ' ਦੀ ਸਰਕਾਰ ਬਣੇਗੀ : ਤਲਬੀਰ ਗਿੱਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-** ਆਪ ਸਰਕਾਰ ਵੱਲੋਂ ਸੂਬੇ ਦੇ ਹਰ ਹਲਕੇ 'ਚ ਕਰਵਾਏ ਜਾ ਰਹੇ ਵਿਕਾਸ ਕੰਮ ਤੇ ਲੋਕ ਭਲਾਈ ਦੇ ਅਨੇਕਾਂ ਕੰਮਾਂ ਤੇ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਦਕਾ 2027 'ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਆਮ ਆਦਮੀ ਪਾਰਟੀ ਮੁੜ ਪੰਜਾਬ ਵਿੱਚ ਸਰਕਾਰ ਬਣਾਏਗੀ।ਉਕਤ ਸ਼ਬਦਾਂ ਦਾ ਪ੍ਰਗਟਾਵਾ ਆਪ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕੇ ਦੇ ਪਿੰਡ ਚੋਗਾਵਾਂ ਸਾਧਪੁਰ ਵਿਖੇ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਗਿੱਲ ਨੇ ਕਿਹਾ ਕਿ ਜਨਤਾ ਨੇ ਮਾਨ ਸਰਕਾਰ ਵਲੋਂ ਕੀਤੇ ਜਾ ਰਹੇ ਵਿਕਾਸ ਕਾਰਜ ਅਤੇ ਦਿੱਤੀਆਂ ਅਨੇਕਾਂ ਲੋਕ ਸਹੂਲਤਾਂ ਸਦਕਾ ਲੋਕਾਂ ਵਿਚ ਮਾਨ ਸਰਕਾਰ ਪ੍ਰਤੀ ਹਰਮਨ ਪਿਆਰਤਾ ਵਧ ਰਹੀ ਹੈ।ਸੂਬੇ ਤੇ ਲੋਕ ਆਪ ਸਰਕਾਰ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ, ਉਹ ਕਦੇ ਵੀ ਵਿਰੋਧੀਆਂ ਦੇ ਝਾਂਸਿਆਂ 'ਚ ਨਹੀਂ ਆਉਣਗੇ ਜੋ ਵਿਰੋਧੀ ਸੱਤਾ 'ਤੇ ਕਾਬਜ਼ ਹੋਣ ਲਈ ਸੁਪਨੇ ਲੈ ਰਹੇ ਹਨ ਪੰਜਾਬ ਦੀ ਜਨਤਾ 2027 'ਚ ਮੁੜ ਆਪ ਸਰਕਾਰ ਬਣਾ ਕੇ ਸਭ ਚਕਨਾਚੂਰ ਕਰ ਦੇਣਗੇ।ਇਸ ਮੌਕੇ ਸਰਪੰਚ ਸਰਵਣ ਸਿੰਘ ਚੁਗਾਵਾਂ, ਬਲਾਕ ਸੰਮਤੀ ਮਜੀਠਾ ਟੂ ਦੇ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿਦੋਵਾਲੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪਰਮਜੀਤ ਸਿੰਘ ਮੱਤੇਵਾਲ, ਸਰਪੰਚ ਪ੍ਰੇਮ ਸਿੰਘ ਤਰਫਾਨ,



ਸਰਪੰਚ ਸਰਬਜੀਤ ਸਿੰਘ ਸਾਧਪੁਰ, ਮਲਕੀਤ ਸਿੰਘ ਬਾਠ ਭੋਏ, ਮੈਂਬਰ ਪੰਚਾਇਤ ਰਣਜੀਤ ਸਿੰਘ ਰਾਣਾ, ਬਲਦੇਵ ਸਿੰਘ ਦੁਬਈ ਵਾਲੇ, ਅਮੋਲਕ ਸਿੰਘ ਬਾਠ, ਸਤਨਾਮ ਸਿੰਘ ਮਾਂਗਾ ਸਰਾਏ, ਬਚਿੱਤਰ ਸਿੰਘ ਮੱਤੇਵਾਲ, ਬਲਜਿੰਦਰ ਸਿੰਘ ਛੀਨਾ ਸਹਾਇਕ ਤਲਬੀਰ ਸਿੰਘ ਗਿੱਲ, ਆਦਿ ਹਾਜ਼ਰ ਸਨ।ਤਲਬੀਰ ਸਿੰਘ ਗਿੱਲ ਵੱਲੋਂ ਪਿੰਡ ਨਾਲ ਸੰਬੰਧਿਤ ਮੁਸ਼ਕਲਾਂ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਸੁਣਿਆ ਗਿਆ ਅਤੇ ਮੌਕੇ ਦੇ ਕਈਆਂ ਦਾ ਹੱਲ ਕੀਤਾ ਤੇ ਕਈਆਂ ਦੇ ਹੱਲ ਕਰਨ ਦੇ ਆਦੇਸ਼ ਦਿੱਤੇ ਗਏ। ਸਰਪੰਚ ਸਰਵਣ ਸਿੰਘ ਤੇ ਸਮੁੱਚੀ ਪੰਚਾਇਤ ਵੱਲੋਂ ਤਲਬੀਰ ਸਿੰਘ ਗਿੱਲ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ।

## ਜੇ ਐੱਮ ਕੇ ਇੰਟਰਨੈਸ਼ਨਲ ਸਕੂਲ 'ਚ ਕਰੀਅਰ ਕਾਊਂਸਲਿੰਗ ਤੇ ਓਰੀਐਂਟੇਸ਼ਨ ਸੈਸ਼ਨ ਦਾ ਆਯੋਜਨ

**ਪਠਾਨਕੋਟ, (ਦਵਿੰਦਰ ਸਿੰਘ)-** ਜੇ ਐੱਮ ਕੇ ਇੰਟਰਨੈਸ਼ਨਲ ਸਕੂਲ, ਪਠਾਨਕੋਟ ਵਿੱਚ ਵਿਦਿਆਰਥੀਆਂ ਦੇ ਉਜਵਲ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਓਰੀਐਂਟੇਸ਼ਨ ਟੂ ਕਰੀਅਰ ਪਾਥਵੇਜ਼ ਵਿਸ਼ੇ ਤੇ ਕਰੀਅਰ ਕਾਊਂਸਲਿੰਗ ਅਤੇ ਓਰੀਐਂਟੇਸ਼ਨ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਵੱਖ-ਵੱਖ ਕਰੀਅਰ ਵਿਕਲਪਾਂ, ਉੱਚ ਸਿੱਖਿਆ ਦੇ ਮੌਕਿਆਂ ਅਤੇ ਬਦਲਦੇ ਸਮੇਂ ਦੀਆਂ ਲੋੜਾਂ ਅਨੁਸਾਰ ਸਹੀ ਮਾਰਗਦਰਸ਼ਨ ਪ੍ਰਦਾਨ ਕਰਨਾ ਸੀ।ਇਸ ਮੌਕੇ ਚਿੱਤਕਾਰਾ ਯੂਨੀਵਰਸਿਟੀ, ਪੰਜਾਬ ਤੋਂ ਡਾ. ਸੰਗੀਤਾ ਪੰਤ, ਪ੍ਰੋ-ਵਾਈਸ ਚਾਂਸਲਰ (ਸਾਈਕੋਲੋਜੀ ਅਤੇ ਐਜੂਕੇਸ਼ਨ ਪ੍ਰੋਗਰਾਮਜ਼) ਅਤੇ ਡਾ. ਵਾਨੀ ਪਰਵੇਜ਼, ਡੀਨ (ਆਊਟਰੀਚ, ਸਾਈਕੋਲੋਜੀ ਅਤੇ ਐਜੂਕੇਸ਼ਨ ਪ੍ਰੋਗਰਾਮਜ਼) ਨੇ ਮੁੱਖ ਵਕਤਾਵਾਂ ਵਜੋਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਕਰੀਅਰ ਖੇਤਰਾਂ, ਉਚ ਸਿੱਖਿਆ ਦੇ ਵਿਕਲਪਾਂ, ਹੁਨਰ ਵਿਕਾਸ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ।ਇਸ ਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦੇ ਕੇ ਉਨ੍ਹਾਂ ਦੀਆਂ ਜਿਗਿਆਸਾਵਾਂ ਦਾ ਨਿਵਾਰਨ ਕੀਤਾ। ਸਕੂਲ ਦੇ ਚੇਅਰਮੈਨ ਅਨੁਜ ਸੂਦ ਨੇ ਇਸ ਤਰ੍ਹਾਂ ਦੇ ਗਿਆਨਵਰਧਕ ਪ੍ਰੋਗਰਾਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜੇਐਮਕੇ ਇੰਟਰਨੈਸ਼ਨਲ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਗੁਣਵੱਤਾਪੂਰਨ ਸਿੱਖਿਆ ਲਈ ਵਚਨਬੱਧ ਹੈ।ਉਨ੍ਹਾਂ ਨੇ



ਚਿੱਤਕਾਰਾ ਯੂਨੀਵਰਸਿਟੀ ਦੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਯਤਨ ਵਿਦਿਆਰਥੀਆਂ ਦੇ ਉਜਵਲ ਭਵਿੱਖ ਦੀ ਮਜ਼ਬੂਤ ਨੀਂਹ ਰੱਖਦੇ ਹਨ।ਸਕੂਲ ਦੀ ਡਾਇਰੈਕਟਰ ਤਾਨਿਆ ਸੂਦ ਨੇ ਪ੍ਰੋਗਰਾਮ ਦੀ ਸਫਲਤਾ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਸਿੱਖਿਆ ਹੀ ਨਹੀਂ, ਸਗੋਂ ਸਹੀ ਕਰੀਅਰ ਦਿਸ਼ਾ ਅਤੇ ਵਿਹਾਰਕ ਮਾਰਗਦਰਸ਼ਨ ਦੇਣਾ ਵੀ ਸਕੂਲ ਦੀ ਪ੍ਰਾਥਮਿਕਤਾ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਅਜਿਹੇ ਮੌਕਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।ਸਕੂਲ ਦੇ ਨਿਰਦੇਸ਼ਕ ਅਤੇ ਪ੍ਰਿੰਸੀਪਲ ਡਾ. ਨੀਰਜ ਮੋਹਨ ਪੁਰੀ ਨੇ ਮਹਿਮਾਨ ਵਕਤਾਵਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਮੌਜੂਦਾ ਮੁਕਾਬਲੇ ਦੇ ਯੁੱਗ ਵਿੱਚ ਵਿਦਿਆਰਥੀਆਂ ਲਈ ਸਹੀ ਸਮੇਂ ਤੇ ਉਚਿਤ ਕਰੀਅਰ ਮਾਰਗਦਰਸ਼ਨ ਬਹੁਤ ਜ਼ਰੂਰੀ ਹੈ।ਉਨ੍ਹਾਂ ਨੇ ਕਿਹਾ ਕਿ ਸਕੂਲ ਦੇ ਚੇਅਰਮੈਨ ਅਨੁਜ ਸੂਦ ਅਤੇ ਡਾਇਰੈਕਟਰ ਤਾਨਿਆ ਸੂਦ ਦੀ ਦੂਰਅੰਦੇਸ਼ੀ ਅਗਵਾਈ ਅਤੇ ਮਾਰਗਦਰਸ਼ਨ ਹੇਠ ਆਯੋਜਿਤ ਇਹ ਪ੍ਰੋਗਰਾਮ ਵਿਦਿਆਰਥੀਆਂ ਦੇ ਭਵਿੱਖ ਨਿਰਮਾਣ ਵੱਲ ਇੱਕ ਮਹੱਤਵਪੂਰਨ ਪਹਿਲ ਹੈ।ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਰੁਚੀ, ਯੋਗਤਾ ਅਤੇ ਟੀਚੇ ਅਨੁਸਾਰ ਸਹੀ ਕਰੀਅਰ ਚੁਣਨ ਲਈ ਪ੍ਰੇਰਿਤ ਕਰਦੇ ਹਨ ਅਤੇ ਉਨ੍ਹਾਂ ਦਾ ਆਤਮਵਿਸ਼ਵਾਸ ਮਜ਼ਬੂਤ ਬਣਾਉਂਦੇ ਹਨ।ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਸਰਗਰਮੀ ਨਾਲ ਭਾਗ ਲਿਆ ਅਤੇ ਮਾਹਿਰਾਂ ਨੂੰ ਕਰੀਅਰ ਅਤੇ ਉੱਚ ਸਿੱਖਿਆ ਨਾਲ ਸਬੰਧਤ ਕਈ ਮਹੱਤਵਪੂਰਨ ਸਵਾਲ ਪੁੱਛੇ।ਅਖੀਰ ਸਕੂਲ ਪ੍ਰਬੰਧਨ ਨੇ ਚਿੱਤਕਾਰਾ ਯੂਨੀਵਰਸਿਟੀ ਦੀ ਟੀਮ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਅਜਿਹੇ ਗਿਆਨਵਰਧਕ ਪ੍ਰੋਗਰਾਮ ਆਯੋਜਿਤ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਈ।

## ਪੰਨੂ ਵੱਲੋਂ ਘਣੀਏ ਕੇ ਬਾਂਗਰ 'ਚ ਲੋਕਾਂ ਨਾਲ ਸੁਹਿਰਦ ਮੁਲਾਕਾਤ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-** ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਘਣੀਏ ਕੇ ਬਾਂਗਰ ਵਿਖੇ ਰਾਜੂ ਪਾਸਟਰ ਦੇ ਗ੍ਰਹਿ ਵਿਖੇ ਪਹੁੰਚ ਕੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੂੰ



ਪਿੰਡ ਵਾਸੀਆਂ ਨਾਲ ਨਿੱਘੀ ਮੁਲਾਕਾਤ ਕਰਨ ਦਾ ਮੌਕਾ ਮਿਲਿਆ।ਇਸ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਲੋਕਾਂ ਦੀਆਂ ਸਮੱਸਿਆਵਾਂ, ਉਮੀਦਾਂ ਅਤੇ ਸੁਝਾਵਾਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ।ਇਸ ਮੌਕੇ ਪੰਚ ਬਰਨਾਟ ਮਸੀਹ, ਪੰਚ ਥੋਮਸ ਮਸੀਹ, ਪੰਚ ਪੂਰਨ ਸਿੰਘ, ਬਿਕਰਮਜੀਤ ਸਿੰਘ ਸ਼ੇਰਾ, ਮੈਂਬਰ ਸਤਨਾਮ ਸਿੰਘ, ਮੈਂਬਰ ਸੁਲੱਖਣ ਸਿੰਘ, ਬੀਬੀ ਨਿੰਦਰ, ਰਾਜਨ ਮਸੀਹ, ਤਰਸੇਮ ਮਸੀਹ, ਗਗਨਦੀਪ ਸਿੰਘ, ਸਰਾਫੀਨ, ਗੋਪੀ ਭੱਟੀ, ਸੁਨੀਲ ਭੱਟੀ, ਮਨੀ ਭੱਟੀ, ਰੋਬਨ ਮਸੀਹ ਆਦਿ ਹਾਜ਼ਰ ਸਨ।

# ਉਮੀਦ ਦੀ ਲੋਅ

ਜਦੋਂ ਲੋਕਤੰਤਰ ਵਿੱਚ ਵਿਦਿਆਰਥੀਆਂ ਦੀ ਆਵਾਜ਼ ਨੂੰ ਅਮਨ-ਕਾਨੂੰਨ ਲਈ ਸਮੱਸਿਆ ਸਮਝਿਆ ਜਾਣ ਲੱਗੇ, ਤਾਂ ਇਹ ਸਮਝ ਲੈਣਾ ਚਾਹੀਦਾ ਹੈ ਕਿ ਸੰਕਟ ਸਿਰਫ ਵਿਦਿਆਰਥੀਆਂ ਦਾ ਨਹੀਂ, ਲੋਕਤੰਤਰ ਦਾ ਵੀ ਹੈ। ਜਨ ਅੰਦੋਲਨ ਸਿਰਫ ਬੇਚੈਨੀ ਦਾ ਪ੍ਰਗਟਾਵਾ ਨਹੀਂ, ਸਗੋਂ ਸਰਕਾਰਾਂ ਨੂੰ ਲੋਕਾਂ ਪ੍ਰਤੀ ਜਵਾਬਦੇਹ ਬਣਾਉਣ ਦਾ ਸਭ ਤੋਂ ਪ੍ਰਭਾਵਸ਼ਾਲੀ ਲੋਕਤੰਤਰੀ ਸਾਧਨ ਹਨ। ਅਜਿਹੇ ਅੰਦੋਲਨਾਂ ਨਾਲ ਲੋਕਤੰਤਰ ਕਮਜ਼ੋਰ ਨਹੀਂ, ਸਗੋਂ ਮਜ਼ਬੂਤ ਹੁੰਦਾ ਹੈ। ਜਨਤਾ ਅਤੇ ਜਨਤਕ ਮੁੱਦਿਆਂ ਪ੍ਰਤੀ ਸੰਵੇਦਨਸ਼ੀਲਤਾ ਲੋਕਤੰਤਰੀ ਵਿਵਸਥਾ ਦਾ ਇੱਕ ਜ਼ਰੂਰੀ ਤੱਤ ਹੈ, ਜਦੋਂ ਕਿ ਅਸੰਵੇਦਨਸ਼ੀਲਤਾ ਤਾਨਾਸ਼ਾਹੀ ਵੱਲ ਲੈ ਜਾਂਦੀ ਹੈ।

ਲੰਬੇ ਵਕਫੇ ਤੋਂ ਬਾਅਦ, ਦੇਸ਼ ਵਿੱਚ ਵਿਦਿਆਰਥੀ ਅੰਦੋਲਨ ਕੌਮੀ ਬਹਿਸ ਦੇ ਕੇਂਦਰ ਵਿੱਚ ਵਾਪਸ ਆਉਂਦੇ ਦਿਖਾਈ ਦੇ ਰਹੇ ਹਨ। ਯੂਨੀਵਰਸਿਟੀਆਂ ਅਤੇ ਕਾਲਜਾਂ ਨੂੰ ਕਦੇ ਲੋਕਤੰਤਰੀ ਬਹਿਸ ਅਤੇ ਸਮਾਜਿਕ ਤਬਦੀਲੀ ਲਈ ਸਭ ਤੋਂ ਮਹੱਤਵਪੂਰਨ ਪਲੇਟਫਾਰਮ ਮੰਨਿਆ ਜਾਂਦਾ ਸੀ। ਫਿਰ ਇੱਕ ਲੰਮਾ ਦੌਰ ਆਇਆ ਜਦੋਂ ਵਿਦਿਆਰਥੀ ਰਾਜਨੀਤੀ ਅਤੇ ਵਿਦਿਆਰਥੀ ਅੰਦੋਲਨ ਹਾਸ਼ੀਏ 'ਤੇ ਚਲੇ ਗਏ। ਅੱਜ ਭਰਤੀ ਪ੍ਰੀਖਿਆਵਾਂ, ਸਿੱਖਿਆ, ਰੁਜ਼ਗਾਰ ਅਤੇ ਲੋਕਤੰਤਰੀ ਜਵਾਬਦੇਹੀ ਦੇ ਸਵਾਲਾਂ ਨੇ ਇੱਕ ਵਾਰ ਫਿਰ ਵਿਦਿਆਰਥੀ ਅੰਦੋਲਨਾਂ ਨੂੰ ਕੌਮੀ ਬਹਿਸ ਦੇ ਕੇਂਦਰ ਵਿੱਚ ਲਿਆ ਖੜ੍ਹਾ ਕੀਤਾ ਹੈ। ਸੰਵਿਧਾਨ ਨੇ ਪ੍ਰਗਟਾਵੇ ਦੀ ਆਜ਼ਾਦੀ ਤੇ ਪੁਰਅਮਨ ਵਿਰੋਧ ਦਾ ਅਧਿਕਾਰ ਇਸੇ ਉਦੇਸ਼ ਨਾਲ ਦਿੱਤਾ ਸੀ ਕਿ ਸੱਤਾ ਅਤੇ ਲੋਕਾਂ ਵਿਚਕਾਰ ਸੰਵਾਦ ਬਣਿਆ ਰਹੇ। ਪਰ ਪਿਛਲੇ ਕੁਝ ਸਾਲਾਂ ਤੋਂ ਇਹ ਧਾਰਨਾ ਲਗਾਤਾਰ ਮਜ਼ਬੂਤ ਹੋਈ ਹੈ ਕਿ ਸਵਾਲ ਉਠਾਉਣਾ, ਵਿਰੋਧ ਕਰਨਾ ਜਾਂ ਆਪਣੇ ਹੱਕਾਂ ਅਤੇ ਮੰਗਾਂ ਲਈ ਸੜਕਾਂ 'ਤੇ ਉਤਰਨਾ ਦੇਸ਼ਧ੍ਰੋਹ ਬਣ ਗਿਆ ਹੈ। ਆਪਣੇ ਹੱਕਾਂ ਲਈ ਸੜਕਾਂ 'ਤੇ ਉਤਰਨ ਨੂੰ ਅਮਨ-ਕਾਨੂੰਨ ਦੀ ਸਮੱਸਿਆ ਬਣਾ ਦਿੱਤਾ ਗਿਆ ਹੈ। ਸੱਤਾਧਾਰੀ ਪਾਰਟੀ ਸਭ ਤੋਂ ਵੱਡੀ ਭੁੱਲ ਇਹ ਕਰ ਰਹੀ ਹੈ ਕਿ ਉਹ ਬੇਚੈਨੀ ਨੂੰ ਵਿਰੋਧੀ ਪਾਰਟੀਆਂ ਦੀ ਸਾਜ਼ਿਸ਼ ਸਮਝ ਰਹੀ ਹੈ। ਉਹ ਇਹ ਨਹੀਂ ਸਮਝ ਰਹੀ ਕਿ ਲਗਾਤਾਰ ਪੇਪਰ ਲੀਕ ਤੇ ਨੌਕਰੀਆਂ ਨਾ ਮਿਲਣ ਕਰਕੇ ਵਿਦਿਆਰਥੀ ਤੇ ਨੌਜਵਾਨ ਅੱਕੇ ਪਏ ਹਨ। ਜ਼ਿਆਦਾਤਰ ਜਨਤਕ ਅੰਦੋਲਨ ਵਿਰੋਧੀ ਧਿਰ ਤੋਂ ਨਹੀਂ, ਬਲਕਿ ਸਿਸਟਮ ਦੀਆਂ ਅਸਫਲਤਾਵਾਂ ਤੋਂ ਪੈਦਾ ਹੁੰਦੇ ਹਨ। ਲੋਕਤੰਤਰ ਵਿੱਚ ਹਰ ਅਸਹਿਮਤੀ ਸਥਾਪਤੀ ਵਿਰੋਧੀ ਨਹੀਂ ਹੁੰਦੀ। ਕਈ ਵਾਰ ਇਹ ਲੋਕਤੰਤਰ ਨੂੰ ਬਚਾਉਣ ਦੀ ਕੋਸ਼ਿਸ਼ ਹੁੰਦੀ ਹੈ। ਨੌਜਵਾਨ ਬੇਚੈਨੀ ਹੁਣ ਇੱਕ ਕੌਮੀ ਪਹਿਲੂ ਬਣ ਗਈ ਹੈ। ਮੁੱਦੇ ਵੱਖਰੇ ਹਨ, ਪਰ ਉਨ੍ਹਾਂ ਦੀ ਜੜ੍ਹ ਇੱਕੋ ਹੈ ਅਤੇ ਉਹ ਹੈ ਇੱਕ ਪਾਰਦਰਸ਼ੀ ਪ੍ਰਣਾਲੀ, ਬਰਾਬਰ ਮੌਕੇ ਅਤੇ ਇੱਕ ਸਨਮਾਨਜਨਕ ਭਵਿੱਖ ਦੀ ਮੰਗ।

ਇਸ ਅੰਦੋਲਨ ਦੀ ਇੱਕ ਮਹੱਤਵਪੂਰਨ ਵਿਸ਼ੇਸ਼ਤਾ ਇਹ ਹੈ ਕਿ ਇਸ ਨੇ ਪੇਪਰ ਲੀਕ ਦੇ ਮੁੱਦੇ ਨੂੰ ਸਿੱਖਿਆ ਪ੍ਰਣਾਲੀ, ਰੁਜ਼ਗਾਰ, ਭ੍ਰਿਸ਼ਟਾਚਾਰ ਅਤੇ ਸਮਾਜ ਵਿੱਚ ਨਫਰਤ ਦੀ ਵਧ ਰਹੀ ਰਾਜਨੀਤੀ ਨਾਲ ਜੋੜ ਦਿੱਤਾ ਹੈ। ਵਿਦਿਆਰਥੀਆਂ ਨੇ ਇਨ੍ਹਾਂ ਨੂੰ ਵੱਖ-ਵੱਖ ਨਹੀਂ, ਸਗੋਂ ਇੱਕ ਹੀ ਸਮੱਸਿਆ ਦੇ ਵੱਖ-ਵੱਖ ਸੰਕਟਾਂ ਵਜੋਂ ਦੇਖਿਆ ਹੈ। ਇਹ ਦਰਸਾਉਂਦਾ ਹੈ ਕਿ ਦੇਸ਼ ਦਾ ਨੌਜਵਾਨ ਸਿਰਫ ਨੌਕਰੀ ਹੀ ਨਹੀਂ, ਭੇਦਭਾਵ ਰਹਿਤ ਬਿਹਤਰ ਸ਼ਾਸਨ ਅਤੇ ਵਧੇਰੇ ਜਵਾਬਦੇਹ ਲੋਕਤੰਤਰ ਵੀ ਚਾਹੁੰਦਾ ਹੈ।

ਕੌਮਾਂਤਰੀ ਕਿਰਤ ਜਥੇਬੰਦੀ ਦੀ ਭਾਰਤ ਰੁਜ਼ਗਾਰ ਰਿਪੋਰਟ 2024 ਦਰਸਾਉਂਦੀ ਹੈ ਕਿ ਭਾਰਤ ਦੇ ਕੁੱਲ ਬੇਰੁਜ਼ਗਾਰਾਂ ਵਿੱਚੋਂ ਲੱਗਭੱਗ 83 ਪ੍ਰਤੀਸ਼ਤ ਨੌਜਵਾਨ ਹਨ, ਜਿਨ੍ਹਾਂ ਵਿੱਚੋਂ ਪੜ੍ਹੇ-ਲਿਖੇ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਸਭ ਤੋਂ ਵੱਧ ਹੈ। ਭਾਰਤ ਦੀ ਲੱਗਭੱਗ 65 ਪ੍ਰਤੀਸ਼ਤ ਆਬਾਦੀ 35 ਸਾਲ ਤੋਂ ਘੱਟ ਉਮਰ ਦੀ ਹੈ, ਜਿਸ ਨੂੰ ਦੇਸ਼ ਦੀ ਸਭ ਤੋਂ ਵੱਡੀ ਤਾਕਤ ਮੰਨਿਆ ਜਾਂਦਾ ਹੈ। ਇਨ੍ਹਾਂ ਵਿੱਚੋਂ ਲੱਗਭੱਗ ਅੱਧੇ 25 ਸਾਲ ਤੋਂ ਘੱਟ ਉਮਰ ਦੇ ਬੇਰੁਜ਼ਗਾਰ ਹਨ। ਅਜਿਹੀ ਸਥਿਤੀ ਵਿੱਚ ਭਾਵੇਂ ਸਰਕਾਰੀ ਨੌਕਰੀਆਂ ਦੀ ਗਿਣਤੀ ਕੁੱਲ ਰੁਜ਼ਗਾਰ ਦਾ ਇੱਕ ਛੋਟਾ ਜਿਹਾ ਹਿੱਸਾ ਹੋਣ, ਪਰ ਭਰਤੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਵਿਸ਼ਵਾਸ ਇੱਕ ਵੱਡਾ ਸਵਾਲ ਬਣ ਗਿਆ ਹੈ। ਇਸ ਪਿਛੋਕੜ ਵਿੱਚ, 2014 ਦੀਆਂ ਆਮ ਚੋਣਾਂ ਦੌਰਾਨ ਹਰ ਸਾਲ ਦੋ ਕਰੋੜ ਨੌਕਰੀਆਂ ਦੇਣ ਦਾ ਵਾਅਦਾ ਨੌਜਵਾਨਾਂ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਹਾਲ ਹੀ ਦੇ ਸਾਲਾਂ ਵਿੱਚ ਪੇਪਰ ਲੀਕ ਦੀਆਂ 90 ਘਟਨਾਵਾਂ, ਉਨ੍ਹਾਂ ਨਾਲ ਜੁੜੇ ਮਾਮਲਿਆਂ ਵਿੱਚ 22 ਵਿਦਿਆਰਥੀਆਂ ਦੀਆਂ ਖੁਦਕੁਸ਼ੀਆਂ ਅਤੇ ਲੰਬੇ ਸਮੇਂ ਤੱਕ ਚੱਲੇ ਅੰਦੋਲਨ ਦੇ ਬਾਵਜੂਦ ਸਰਕਾਰ ਨੇ ਅਜਿਹਾ ਕੋਈ ਵੀ ਠੋਸ ਕਦਮ ਨਹੀਂ ਚੁੱਕਿਆ, ਜਿਸ ਨਾਲ ਨੌਜਵਾਨਾਂ ਨੂੰ ਭਰੋਸਾ ਮਿਲਦਾ ਕਿ ਉਨ੍ਹਾਂ ਦਾ ਦਰਦ ਸੱਚਮੁੱਚ ਸੁਣਿਆ ਜਾ ਰਿਹਾ ਹੈ।

20 ਜੁਲਾਈ ਨੂੰ ਭੁੱਖੇ ਅਤੇ ਪਿਆਸੇ ਵਿਦਿਆਰਥੀਆਂ ਦਾ ਹਜੂਮ ਲਾਠੀਚਾਰਜ ਅਤੇ ਅੱਥਰੂ ਗੈਸ ਦੇ ਗੋਲਿਆਂ ਦਾ ਸਾਹਮਣਾ ਕਰਦੇ ਹੋਏ ਸੰਸਦ ਵੱਲ ਵਧਿਆ ਤਾਂ ਇਹ ਸਿਰਫ ਇੱਕ ਮਾਰਚ ਨਹੀਂ ਸੀ, ਸਗੋਂ ਸਾਲਾਂ ਤੋਂ ਦੱਬੇ ਹੋਏ ਗੁੱਸੇ ਦਾ ਵਿਸਫੋਟ ਸੀ। ਦੇਸ਼ ਦੇ ਨੌਜਵਾਨਾਂ ਅੰਦਰ ਬੇਚੈਨੀ ਦੀ ਚੰਗਿਆੜੀ ਹੁਣ ਭੜਕ ਚੁੱਕੀ ਹੈ। ਉਸ ਨੂੰ ਡੰਡਿਆਂ, ਅੱਥਰੂ ਗੈਸ ਜਾਂ ਦਮਨ ਨਾਲ ਨਹੀਂ ਬੁਝਾਇਆ ਜਾ ਸਕਦਾ। ਗੱਲਬਾਤ, ਸੰਵੇਦਨਸ਼ੀਲਤਾ ਅਤੇ ਸਿਸਟਮ ਵਿੱਚ ਵਿਸ਼ਵਾਸ ਬਹਾਲ ਕਰਨ ਵਰਗੇ ਠੋਸ ਕਦਮ ਚੁੱਕਣੇ ਪੈਣਗੇ। ਅੰਦੋਲਨ ਸਫਲ ਹੋਵੇਗਾ ਜਾਂ ਨਹੀਂ, ਇਸ ਦਾ ਫੈਸਲਾ ਵਕਤ ਹੀ ਕਰੇਗਾ, ਪਰ ਇਹ ਤੈਅ ਹੈ ਕਿ ਇਸ ਵਿਦਿਆਰਥੀ ਅੰਦੋਲਨ ਨੇ ਨਿਰਾਸ਼ਾ ਦੇ ਲੰਬੇ ਸਮੇਂ ਵਿੱਚ ਉਮੀਦ ਦੀ ਇੱਕ ਲੋਅ ਜਗਾਈ ਹੈ।

## ਚੋਰੀ ਅਤੇ ਚੜ੍ਹਾਵਾ

ਲੋਕ ਛੱਡ 'ਪ੍ਰਲੋਕ' ਦੀਆਂ ਹੋਣ ਬਾਤਾਂ,
ਦੂਰ ਸੌ-ਸੌ ਕੋਹ ਉੱਥੋਂ 'ਪ੍ਰਮਾਥ' ਹੁੰਦਾ।
ਧਰਮ-ਅਰਥ ਪ੍ਰਚਾਰ ਦੇ ਨਾਮ ਥੱਲੇ,
ਭੰਬਲਭੂਸਿਆਂ ਵਾਲਾ ਹੀ ਗਾਥ ਹੁੰਦਾ।
ਹੋਵੇ ਅਕਲ ਦੇ ਪੱਖੋਂ ਅਨਾਥ ਜਿਹੜਾ,
ਸ਼ਰਧਾ-ਉੱਲੂਆਂ ਵਾਸਤੇ 'ਨਾਥ' ਹੁੰਦਾ।
ਅੱਲ੍ਹਾ ਰਾਮ ਤੇ ਗੌਡ ਨੂੰ 'ਤਿੰਨ' ਦੱਸਣ,
ਨਫ਼ਰਤ ਵੱਲ ਹੀ ਤੋਰਨ ਦਾ ਪਾਥ ਹੁੰਦਾ।
ਦੁਰਾਚਾਰੀ ਬਣਾਉਣ ਲਈ ਵਿਹਲੜਾਂ ਨੂੰ,
ਭਰਦੇ ਗੋਲ੍ਹਕਾਂ ਉਨ੍ਹਾਂ ਦਾ 'ਹਾਥ' ਹੁੰਦਾ।
ਕਹਿੰਦੇ ਚੰਦ-ਚਕੋਰ ਦੀ 'ਪ੍ਰੀਤ' ਜਿੱਦਾਂ,
'ਚੋਰੀ' ਅਤੇ 'ਚੜ੍ਹਾਵੇ' ਦਾ ਸਾਥ ਹੁੰਦਾ,

**-ਤਰਲੋਚਨ ਸਿੰਘ ਦੁਪਾਲਪੁਰ, 001-408-905-5517**

# ਕੀ ਭਾਰਤ ਅਮਰੀਕਾ ਦੇ 100 ਫੀਸਦੀ ਟੈਰਿਫ਼ ਦਾ ਡਟ ਕੇ ਸਾਹਮਣਾ ਕਰੇਗਾ

***(ਅਮਰੀਕੀ ਸੈਨੇਟ ਵਿੱਚ ਰੂਸੀ ਤੇਲ ਖਰੀਦਣਾ ਜਾਰੀ ਰੱਖਣ ਵਾਲੇ ਦੇਸ਼ਾਂ 'ਤੇ 100 ਫੀਸਦੀ ਟੈਰਿਫ ਲਗਾਉਣ ਦੇ ਤਾਜ਼ਾ ਪ੍ਰਸਤਾਵ ਦੇ ਮੱਦੇਨਜ਼ਰ ਕੀ ਭਾਰਤ ਬ੍ਰਿਕਸ ਦੇ ਪ੍ਰਧਾਨ ਦੇ ਤੌਰ 'ਤੇ ਅਮਰੀਕਾ ਦੇ ਇਸ ਵਧਦੇ ਦਬਾਅ ਦੀ ਚੁਣੌਤੀ ਨੂੰ ਸਵੀਕਾਰ ਕਰੇਗਾ ਤੇ ਭੂ ਰਾਜਨੀਤੀ ਵਿੱਚ ਭਾਰਤ ਦੀ ਡਿਗਰੀ ਸਾਖ ਨੂੰ ਬਚਾ ਪਾਏਗਾ।)***



ਡਾ. ਅਰੁਣ ਮਿਤਰਾ

14 ਜੁਲਾਈ 2026 ਨੂੰ ਅਮਰੀਕਾ ਦੇ ਦੋਵੇਂ ਮੁੱਖ ਰਾਜਨੀਤਕ ਦਲਾਂ ਨਾਲ ਸੰਬੰਧਤ ਸੈਨੇਟਰਾਂ ਦੇ ਇੱਕ ਸਮੂਹ ਨੇ ਰੂਸ ਵਿਰੁੱਧ ਪਾਬੰਦੀਆਂ ਸੰਬੰਧੀ ਇੱਕ ਸੋਧਿਆ ਹੋਇਆ ਬਿੱਲ ਪੇਸ਼ ਕੀਤਾ, ਜਿਸ ਵਿੱਚ ਰੂਸੀ ਊਰਜਾ ਦੇ ਸਭ ਤੋਂ ਵੱਡੇ ਖਰੀਦਦਾਰਾਂ, ਜਿਨ੍ਹਾਂ ਵਿੱਚ ਭਾਰਤ ਵੀ ਸ਼ਾਮਲ ਹੈ, ਉੱਤੇ ਦੰਡਾਤਮਕ ਟੈਰਿਫ਼ ਲਗਾਉਣ ਦਾ ਪ੍ਰਸਤਾਵ ਹੈ। ਭਾਰਤ ਇਸ ਵੇਲੇ ਰੂਸੀ ਕੱਚੇ ਤੇਲ ਦਾ ਦੂਜਾ ਸਭ ਤੋਂ ਵੱਡਾ ਆਯਾਤਕਾਰ ਹੈ। ਇਹ ਕਾਨੂੰਨੀ ਪ੍ਰਸਤਾਵ, ਜਿਸ ਦੀ ਮੁੱਢਲੀ ਪਹਿਲ ਮਰਹੂਮ ਸੈਨੇਟਰ ਲਿੰਡਸੀ ਗ੍ਰਾਹਮ ਨੇ ਕੀਤੀ ਸੀ, ਦਾ ਉਦੇਸ਼ ਰੂਸ ਦੀ ਤੇਲ ਅਤੇ ਗੈਸ ਤੋਂ ਹੋਣ ਵਾਲੀ ਆਮਦਨ ਨੂੰ ਘਟਾਉਣਾ ਹੈ, ਤਾਂ ਜੋ ਹੋਰ ਦੇਸ਼ਾਂ ਨੂੰ ਮਾਸਕੋ ਨਾਲ ਊਰਜਾ ਵਪਾਰ ਜਾਰੀ ਰੱਖਣ ਤੋਂ ਰੋਕਿਆ ਜਾ ਸਕੇ।

ਦੱਸਿਆ ਜਾਂਦਾ ਹੈ ਕਿ ਇਸ ਬਿੱਲ ਨੂੰ 84 ਸੈਨੇਟਰਾਂ ਦਾ ਸਮਰਥਨ ਪ੍ਰਾਪਤ ਹੈ, ਜੋ ਸੈਨੇਟ ਵਿੱਚ ਇਸ ਨੂੰ ਪਾਸ ਕਰਨ ਲਈ ਲੋੜੀਂਦੇ 60 ਵੋਟਾਂ ਨਾਲੋਂ ਕਾਫ਼ੀ ਵੱਧ ਹੈ। ਰਾਸ਼ਟਰਪਤੀ ਦੇ ਕਾਰਜਕਾਰੀ ਹੁਕਮ (Executive Order) ਤੋਂ ਵੱਖਰਾ ਸੈਨੇਟ ਵੱਲੋਂ ਪਾਸ ਕੀਤਾ ਗਿਆ ਕਾਨੂੰਨ ਸੰਵਿਧਾਨਕ ਕਾਨੂੰਨ ਬਣ ਜਾਂਦਾ ਹੈ ਅਤੇ ਇਸ ਵਿੱਚ ਸੋਧ ਸਿਰਫ਼ ਵਿਧਾਨਕ ਪ੍ਰਕਿਰਿਆ ਰਾਹੀਂ ਹੀ ਕੀਤੀ ਜਾ ਸਕਦੀ ਹੈ, ਕਿਉਂਕਿ ਇਹ ਬਿੱਲ ਯੂਕਰੇਨ ਸੰਘਰਸ਼ ਨਾਲ ਜੁੜਿਆ ਹੋਇਆ ਹੈ, ਇਸ ਲਈ ਇਸ ਨੂੰ ਦੋਵੇਂ ਪਾਰਟੀਆਂ ਦਾ ਸਮਰਥਨ ਮਿਲਣ ਦੀ ਸੰਭਾਵਨਾ ਹੈ, ਜਿਸ ਨਾਲ ਇਸ ਦੇ ਕਾਨੂੰਨ ਬਣਨ ਦੇ ਮੌਕੇ ਹੋਰ ਵਧ ਜਾਂਦੇ ਹਨ।

ਇਹ ਪ੍ਰਸਤਾਵ ਉਸ ਵੇਲੇ ਆਇਆ ਹੈ, ਜਦੋਂ ਵਿਸ਼ਵ ਊਰਜਾ ਬਾਜ਼ਾਰ ਪਹਿਲਾਂ ਹੀ ਗੰਭੀਰ ਦਬਾਅ ਹੇਠ ਹੈ। ਮੱਧ-ਪੂਰਬ ਵਿੱਚ ਜਾਰੀ ਸੰਘਰਸ਼ ਅਤੇ ਹੋਰਮੁਜ਼ ਜਲਡਮਰੂ ਮੱਧ ਰਾਹੀਂ ਊਰਜਾ ਸਪਲਾਈ ਵਿੱਚ ਰੁਕਾਵਟਾਂ ਨੇ ਵਿਸ਼ਵ ਪੱਧਰ 'ਤੇ ਤੇਲ ਦੀ ਉਪਲੱਬਧਤਾ ਅਤੇ ਵਧਦੀਆਂ ਕੀਮਤਾਂ ਬਾਰੇ ਚਿੰਤਾਵਾਂ ਵਧਾ ਦਿੱਤੀਆਂ ਹਨ। ਇਸ ਦੇ ਨਾਲ ਹੀ ਅਮਰੀਕਾ ਨੇ ਈਰਾਨ ਦੇ ਤੇਲ ਨਿਰਯਾਤ ਉੱਤੇ ਵੀ ਪਾਬੰਦੀਆਂ ਜਾਰੀ ਰੱਖੀਆਂ ਹਨ, ਜਿਸ ਨਾਲ ਸਪਲਾਈ ਹੋਰ ਵੀ ਘੱਟ ਹੋ ਗਈ ਹੈ।

ਭਾਰਤ ਦੇ ਕੁੱਲ ਕੱਚੇ ਤੇਲ ਦੇ ਆਯਾਤ ਦਾ ਲਗਭਗ 48 ਫੀਸਦੀ ਕਰੀਬ 24 ਲੱਖ ਬੈਰਲ ਪ੍ਰਤੀ ਦਿਨ ਖਾੜੀ ਖੇਤਰ ਤੋਂ ਆਉਂਦਾ ਹੈ। ਇਰਾਕ, ਸਾਊਦੀ ਅਰਬ ਅਤੇ ਸੰਯੁਕਤ ਅਰਬ ਅਮੀਰਾਤ ਇਸ ਦੇ ਮੁੱਖ ਸਪਲਾਇਰ ਹਨ। ਪਿਛਲੇ ਕੁਝ ਸਾਲਾਂ ਵਿੱਚ ਰਿਆਇਤੀ ਦਰਾਂ 'ਤੇ ਮਿਲਣ ਵਾਲਾ ਰੂਸੀ ਕੱਚਾ ਤੇਲ ਭਾਰਤ ਦੀ ਊਰਜਾ ਸੁਰੱਖਿਆ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਗਿਆ ਹੈ, ਜਿਸ ਨੇ ਆਯਾਤ ਲਾਗਤ ਅਤੇ ਘਰੇਲੂ ਈਂਧਨ ਕੀਮਤਾਂ ਨੂੰ ਕਾਬੂ ਵਿੱਚ ਰੱਖਣ ਵਿੱਚ ਮਦਦ ਕੀਤੀ ਹੈ।

ਜੇਕਰ ਇਹ ਪ੍ਰਸਤਾਵਿਤ ਪਾਬੰਦੀਆਂ ਕਾਨੂੰਨ ਬਣ ਜਾਂਦੀਆਂ ਹਨ, ਤਾਂ ਭਾਰਤ ਅੱਗੇ ਇੱਕ ਔਖੀ ਚੋਣ ਹੋਵੇਗੀ ਜਾਂ ਤਾਂ ਉਹ ਰੂਸੀ ਤੇਲ ਖਰੀਦਣਾ ਜਾਰੀ ਰੱਖੇ ਅਤੇ ਅਮਰੀਕੀ ਦੰਡਾਤਮਕ ਟੈਰਿਫ਼ ਦਾ ਸਾਹਮਣਾ ਕਰੇ ਜਾਂ ਫਿਰ ਮਹਿੰਗੇ ਵਿਕਲਪੀ ਸਪਲਾਇਰਾਂ ਵੱਲ ਮੁੜੇ। ਵੈਨੇਜ਼ੁਏਲਾ ਵਰਗੇ ਸਰੋਤਾਂ ਤੋਂ ਤੇਲ ਮੰਗਵਾਉਣ ਵਿੱਚ ਵੱਧ ਆਵਾਜਾਈ ਖਰਚ, ਗੁਣਵੱਤਾ ਸੰਬੰਧੀ ਚਿੰਤਾਵਾਂ ਅਤੇ ਭੂ-ਰਾਜਨੀਤਕ ਪੇਚੀਦਗੀਆਂ ਸ਼ਾਮਲ ਹਨ। ਇਸ ਕਾਰਨ ਭਾਰਤ ਦੇ ਊਰਜਾ ਆਯਾਤ ਬਿੱਲ ਵਿੱਚ ਵਾਧਾ ਹੋ ਸਕਦਾ ਹੈ, ਜਿਸ ਦਾ ਮਹਿੰਗਾਈ ਅਤੇ ਆਰਥਿਕ ਵਿਕਾਸ 'ਤੇ ਗੰਭੀਰ ਪ੍ਰਭਾਵ ਪੈ ਸਕਦਾ ਹੈ।

ਚੀਨ ਨੇ ਇਸ ਪ੍ਰਸਤਾਵਿਤ ਕਾਨੂੰਨ ਦੀ ਤਿੱਖੀ ਆਲੋਚਨਾ ਕਰਦਿਆਂ ਇਸ ਨੂੰ ਇਕਪੱਖੀ ਧੱਕੇਸ਼ਾਹੀ, ਦੋਹਰੇ ਮਾਪਦੰਡਾਂ ਅਤੇ ਆਰਥਿਕ ਦਬਾਅ ਦਾ ਉਦਾਹਰਨ ਕਰਾਰ ਦਿੱਤਾ ਹੈ। ਬੀਜਿੰਗ ਨੇ ਸੰਕੇਤ ਦਿੱਤਾ ਹੈ ਕਿ ਉਹ ਆਪਣੇ ਰਾਸ਼ਟਰੀ ਹਿੱਤਾਂ ਦੀ ਰੱਖਿਆ ਲਈ ਉਚਿਤ ਜਵਾਬੀ ਕਦਮ ਚੁੱਕੇਗਾ।

ਇਸ ਦੇ ਉਲਟ, ਭਾਰਤ ਦਾ ਰੁਖ ਇਹ ਦਰਸਾਉਂਦਾ ਹੈ ਕਿ ਉਹ ਅਮਰੀਕੀ ਦਬਾਅ ਅੱਗੇ ਝੁਕਦਾ ਨਜ਼ਰ ਆ ਰਿਹਾ ਹੈ। ਇਹ ਉਸੇ ਲੜੀ ਦਾ ਹਿੱਸਾ ਹੈ, ਜਿਸ ਵਿੱਚ ਅਪਰੇਸ਼ਨ ਸਿੰਧੂਰ ਤੋਂ ਬਾਅਦ ਡੋਨਾਲਡ ਟਰੰਪ ਵੱਲੋਂ ਵਾਰ-ਵਾਰ ਕੀਤੇ ਗਏ ਇਸ ਦਾਅਵੇ ਕਿ ਉਨ੍ਹਾਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗ ਰੁਕਵਾਈ, ਦਾ ਭਾਰਤ ਨੇ ਇੱਕ ਵੀ ਸ਼ਬਦ ਵਿੱਚ ਖੰਡਨ ਨਹੀਂ ਕੀਤਾ।

ਦਾਅ ਬਹੁਤ ਵੱਡਾ ਹੈ, ਕਿਉਂਕਿ ਸੰਯੁਕਤ ਰਾਜ ਅਮਰੀਕਾ ਭਾਰਤ ਦਾ ਸਭ ਤੋਂ ਵੱਡਾ ਨਿਰਯਾਤ ਬਾਜ਼ਾਰ ਹੈ। ਭਾਰਤ ਦਾ ਅਮਰੀਕਾ ਨੂੰ ਸਾਲਾਨਾ ਨਿਰਯਾਤ ਲਗਭਗ 87 ਅਰਬ ਅਮਰੀਕੀ ਡਾਲਰ ਹੈ, ਜਦਕਿ ਅਮਰੀਕਾ ਤੋਂ ਆਯਾਤ ਕਰੀਬ 53 ਅਰਬ ਡਾਲਰ ਹੈ। ਇਸ ਤਰ੍ਹਾਂ ਭਾਰਤ ਨੂੰ ਲਗਭਗ 34 ਅਰਬ ਡਾਲਰ ਦਾ ਵਪਾਰਕ ਵਾਧਾ ਪ੍ਰਾਪਤ ਹੁੰਦਾ ਹੈ। ਭਾਰਤ ਦੇ ਮੁੱਖ ਨਿਰਯਾਤ ਵਿੱਚ ਬਿਜਲੀ ਮਸ਼ੀਨਰੀ, ਦੂਰਸੰਚਾਰ ਉਪਕਰਨ, ਦਵਾਈਆਂ ਅਤੇ ਹੀਰੇ-ਗਹਿਣੇ ਸ਼ਾਮਲ ਹਨ, ਜਦਕਿ ਅਮਰੀਕਾ ਤੋਂ ਕੱਚਾ ਤੇਲ, ਤਰਲੀਕ੍ਰਿਤ ਕੁਦਰਤੀ ਗੈਸ (*©7), ਹਵਾਈ ਜਹਾਜ਼ਾਂ ਦੇ ਪੁਰਜ਼ੇ ਅਤੇ ਉੱਚ ਤਕਨੀਕੀ ਉਤਪਾਦ ਆਯਾਤ ਕੀਤੇ ਜਾਂਦੇ ਹਨ।

ਇਸ ਦੇ ਨਾਲ ਹੀ ਖਬਰਾਂ ਅਨੁਸਾਰ ਭਾਰਤ ਨੇ ਅਗਲੇ ਪੰਜ ਸਾਲਾਂ ਵਿੱਚ ਅਮਰੀਕੀ ਉਤਪਾਦਾਂ ਦੀ ਆਯਾਤ ਨੂੰ ਵਧਾ ਕੇ 500 ਅਰਬ ਅਮਰੀਕੀ ਡਾਲਰ ਤੱਕ ਲਿਜਾਣ ਲਈ ਸਿਧਾਂਤਕ ਸਹਿਮਤੀ ਦਿੱਤੀ ਹੈ। ਇਹ ਦੋ-ਪੱਖੀ ਵਪਾਰਕ ਢਾਂਚੇ ਦਾ ਹਿੱਸਾ ਹੈ। ਪ੍ਰਸਤਾਵਿਤ ਖਰੀਦਾਂ ਵਿੱਚ ਖੇਤੀਬਾੜੀ ਅਤੇ ਡੇਅਰੀ ਉਤਪਾਦ, ਊਰਜਾ ਉਤਪਾਦ, ਕੀਮਤੀ ਧਾਤਾਂ, ਕੋਲਾ, ਹਵਾਈ ਜਹਾਜ਼ ਅਤੇ ਉਨ੍ਹਾਂ ਦੇ ਪੁਰਜ਼ੇ ਅਤੇ ਡਾਟਾ ਸੈਂਟਰਾਂ ਲਈ ਗ੍ਰਾਫਿਕਸ ਪ੍ਰੋਸੈਸਿੰਗ ਯੂਨਿਟ (GPU) ਸਮੇਤ ਉਚ ਤਕਨੀਕੀ ਉਤਪਾਦ ਸ਼ਾਮਲ ਹਨ। ਜੇਕਰ ਇਹ ਯੋਜਨਾ ਲਾਗੂ ਹੁੰਦੀ ਹੈ ਤਾਂ ਦੋਵੇਂ ਦੇਸ਼ਾਂ ਵਿਚਕਾਰ ਮੌਜੂਦਾ ਵਪਾਰਕ ਸੰਤੁਲਨ ਵਿੱਚ ਅਮਰੀਕਾ ਦੇ ਪੱਖ ਵਿੱਚ ਵੱਡਾ ਬਦਲਾਅ ਆ ਸਕਦਾ ਹੈ। ਇਹ ਵੀ ਸਾਫ ਹੈ ਕਿ ਭਾਰਤ ਵਿੱਚ ਅਮਰੀਕੀ ਖੇਤੀਬਾੜੀ ਅਤੇ ਡੇਅਰੀ ਉਤਪਾਦਾਂ ਨੂੰ ਵੱਧ ਬਾਜ਼ਾਰ ਮਿਲਣ ਨਾਲ ਭਾਰਤੀ ਕਿਸਾਨਾਂ ਅਤੇ ਦੇਸੀ ਖੇਤੀਬਾੜੀ ਅਤੇ ਡੇਅਰੀ ਖੇਤਰ ਨੂੰ ਨੁਕਸਾਨ ਪਹੁੰਚੇਗਾ।

ਇਹ ਸਾਰੇ ਘਟਨਾਕ੍ਰਮ ਇਸ ਲਈ ਹੋਰ ਵੀ ਮਹੱਤਵਪੂਰਨ ਬਣ ਜਾਂਦੇ ਹਨ, ਕਿਉਂਕਿ ਇਸ ਸਮੇਂ ਭਾਰਤ ਬ੍ਰਿਕਸ ਦੀ ਪ੍ਰਧਾਨਗੀ ਕਰ ਰਿਹਾ ਹੈ ਅਤੇ 12-13 ਸਤੰਬਰ ਨੂੰ ਨਵੀਂ ਦਿੱਲੀ ਵਿੱਚ ਬ੍ਰਿਕਸ ਸਿਖਰ ਸੰਮੇਲਨ ਦੀ ਮੇਜ਼ਬਾਨੀ ਕਰੇਗਾ। ਹੁਣ ਇਸ ਸਮੂਹ ਵਿੱਚ ਬ੍ਰਾਜ਼ੀਲ, ਰੂਸ, ਭਾਰਤ, ਚੀਨ, ਦੱਖਣੀ ਅਫ਼ਰੀਕਾ, ਈਰਾਨ, ਸੰਯੁਕਤ ਅਰਬ ਅਮੀਰਾਤ ਅਤੇ ਹੋਰ ਕਈ ਮੈਂਬਰ ਦੇਸ਼ ਸ਼ਾਮਲ ਹਨ।

ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬਿਓ ਪਹਿਲਾਂ ਕਹਿ ਚੁੱਕੇ ਹਨ ਕਿ ਬ੍ਰਿਕਸ ਦੇ ਅੰਦਰ ਕਈ ਮੁੱਦਿਆਂ 'ਤੇ ਭਾਰਤ ਨੇ ਅਕਸਰ ਅਮਰੀਕਾ ਦੇ ਰੁਖ ਦਾ ਸਮਰਥਨ ਕੀਤਾ ਹੈ। ਇਸ ਦੀ ਇੱਕ ਪ੍ਰਮੁੱਖ ਮਿਸਾਲ ਬ੍ਰਿਕਸ ਦੀ ਸਾਂਝੀ ਮੁਦਰਾ ਬਣਾਉਣ ਦੇ ਪ੍ਰਸਤਾਵ ਪ੍ਰਤੀ ਭਾਰਤ ਦੀ ਝਿਜਕ ਸੀ, ਜਿਸ ਦਾ ਉਦੇਸ਼ ਅਮਰੀਕੀ ਡਾਲਰ ਉੱਤੇ ਵਿਸ਼ਵ ਦੀ ਨਿਰਭਰਤਾ ਘਟਾਉਣਾ ਸੀ।

ਇਸ ਪਿਛੋਕੜ ਵਿੱਚ, ਇਹ ਪ੍ਰਸਤਾਵਿਤ ਪਾਬੰਦੀ ਕਾਨੂੰਨ ਭਾਰਤ ਸਾਹਮਣੇ ਇੱਕ ਮਹੱਤਵਪੂਰਨ ਕੂਟਨੀਤਿਕ ਅਤੇ ਰਣਨੀਤਿਕ ਚੁਣੌਤੀ ਖੜ੍ਹੀ ਕਰਦਾ ਹੈ। ਭਾਰਤ ਅਤੇ ਰੂਸ ਵਿਚਕਾਰ ਲੰਮੇ ਸਮੇਂ ਤੋਂ ਰਣਨੀਤਿਕ ਭਾਈਵਾਲੀ ਰਹੀ ਹੈ ਅਤੇ ਅਜਿਹਾ ਕੋਈ ਰਿਕਾਰਡ ਨਹੀਂ ਕਿ ਰੂਸ ਨੇ ਕਦੇ ਭਾਰਤ ਨੂੰ ਧਮਕਾਉਣ ਜਾਂ ਦਬਾਅ ਪਾਉਣ ਦੀ ਕੋਸ਼ਿਸ਼ ਕੀਤੀ ਹੋਵੇ। ਅਮਰੀਕੀ ਦਬਾਅ ਅੱਗੇ ਝੁਕਣਾ ਬ੍ਰਿਕਸ ਵਿੱਚ ਭਾਰਤ ਦੀ ਸਥਿਤੀ ਉੱਤੇ ਗੰਭੀਰ ਪ੍ਰਭਾਵ ਪਾ ਸਕਦਾ ਹੈ, ਖ਼ਾਸ ਕਰਕੇ ਉਸ ਸਮੇਂ ਜਦੋਂ ਭਾਰਤ ਇਸ ਦਾ ਪ੍ਰਧਾਨ ਹੈ।

ਆਲੋਚਕਾਂ ਦਾ ਤਰਕ ਹੈ ਕਿ ਵਾਸ਼ਿੰਗਟਨ ਨਾਲ ਭਾਰਤ ਦੇ ਵਧਦੇ ਨੇੜਲੇ ਸੰਬੰਧਾਂ ਦੇ ਬਾਵਜੂਦ, ਲਗਾਤਾਰ ਅਮਰੀਕੀ ਸਰਕਾਰਾਂ ਨੇ ਵਪਾਰ ਤੋਂ ਲੈ ਕੇ ਰਣਨੀਤਿਕ ਨੀਤੀਆਂ ਤੱਕ ਕਈ ਮਾਮਲਿਆਂ ਵਿੱਚ ਨਵੀਂ ਦਿੱਲੀ ਉੱਤੇ ਦਬਾਅ ਬਣਾਇਆ ਰੱਖਿਆ ਹੈ। ਇਸ ਨਾਲ ਖ਼ਾਸ ਕਰਕੇ 25 ਫ਼ਰਵਰੀ 2026 ਨੂੰ ਇਸਰਾਈਲ ਦੀ ਸੰਸਦ (ਕਨੇਸੇਟ) ਵਿੱਚ ਪ੍ਰਧਾਨ ਮੰਤਰੀ ਵੱਲੋਂ ਇਸਰਾਈਲ ਲਈ ਖੁੱਲ੍ਹਾ ਸਮਰਥਨ ਜਤਾਉਂਦੇ ਹੋਏ 'ਭਾਰਤ ਨੂੰ ਮਾਤ-ਭੂਮੀ ਅਤੇ ਇਸਰਾਈਲ ਨੂੰ ਪਿਤਾ-ਭੂਮੀ' ਕਹਿਣ ਤੋਂ ਬਾਅਦ, ਭਾਰਤ ਭੂ-ਰਾਜਨੀਤੀ ਵਿੱਚ ਇੱਕ ਅਸਹਿਜ ਸਥਿਤੀ ਵਿੱਚ ਆ ਗਿਆ ਹੈ। ਉਨ੍ਹਾ ਦੇ ਅਨੁਸਾਰ ਭਾਰਤ ਦੀ ਅੰਤਰਰਾਸ਼ਟਰੀ ਛਵੀ ਵੀ ਕਮਜ਼ੋਰ ਹੋਈ ਹੈ।

ਭਾਰਤ ਦੀ ਅਰਥ ਵਿਵਸਥਾ ਵੀ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ। ਸਰਕਾਰ ਵੱਲੋਂ ਦੱਸੇ ਗਏ ਲਗਭਗ 7 ਫੀਸਦੀ ਜੀ ਡੀ ਪੀ ਵਿਕਾਸ ਦਰ ਦੇ ਅੰਕੜੇ ਨੂੰ ਕਈ ਅਰਥ ਸ਼ਾਸਤਰੀ ਚੁਣੌਤੀ ਦਿੰਦੇ ਹਨ ਅਤੇ ਉਨ੍ਹਾਂ ਦੇ ਅਨੁਸਾਰ ਅਸਲ ਵਿਕਾਸ ਦਰ ਕਰੀਬ 2.5 ਫੀਸਦੀ ਹੈ।

ਇਸ ਲਈ ਇਹ ਪ੍ਰਸਤਾਵਿਤ ਟੈਰਿਫ਼ ਕਾਨੂੰਨ ਇੱਕ ਵੱਡਾ ਸਵਾਲ ਖੜ੍ਹਾ ਕਰਦਾ ਹੈ: ਕੀ ਬ੍ਰਿਕਸ ਦੇ ਚੇਅਰ ਵਜੋਂ ਭਾਰਤ ਵਧੇਰੇ ਰਣਨੀਤਕ ਖੁਦਮੁਖਤਿਆਰੀ ਦਾ ਪ੍ਰਦਰਸ਼ਨ ਕਰਦਿਆਂ ਬਾਹਰੀ ਆਰਥਿਕ ਦਬਾਅ ਦਾ ਵਿਰੋਧ ਕਰੇਗਾ ਜਾਂ ਫਿਰ ਉਹ ਅਮਰੀਕੀ ਮੰਗਾਂ ਅਨੁਸਾਰ ਹੀ ਆਪਣੀ ਨੀਤੀ ਚਲਾਉਂਦਾ ਰਹੇਗਾ?

ਇਸ ਦਾ ਜਵਾਬ ਨਾ ਸਿਰਫ਼ ਮੌਜੂਦਾ ਪਾਬੰਦੀ ਪ੍ਰਸਤਾਵ ਪ੍ਰਤੀ ਭਾਰਤ ਦੀ ਪ੍ਰਤੀਕਿਰਿਆ ਨੂੰ ਪਰਿਭਾਸ਼ਿਤ ਕਰੇਗਾ, ਸਗੋਂ ਉਸ ਦੀ ਵਿਦੇਸ਼ ਨੀਤੀ ਦੀ ਭਵਿੱਖੀ ਦਿਸ਼ਾ, ਵਿਸ਼ਵ ਦੇ ਦੱਖਣੀ ਹਿੱਸੇ (ਗਲੋਬਲ ਸਾਊਥ) ਦੇ ਦੇਸ਼ਾਂ ਨਾਲ ਉਸ ਦੇ ਸੰਬੰਧਾਂ ਅਤੇ ਬ੍ਰਿਕਸ ਵਿੱਚ ਉਸ ਦੀ ਅਗਵਾਈ ਦੀ ਭੂਮਿਕਾ ਨੂੰ ਵੀ ਪ੍ਰਭਾਵਿਤ ਕਰੇਗਾ।

**# ਸੰਪਰਕ : 94170-00360**

# ਕੱਚੇ ਘਰ ਤੇ ਪੱਕੇ ਰਿਸ਼ਤੇ

**ਕੁਲਬੀਰ ਸ਼ਰਮਾ**

ਸਮਾਂ ਬਦਲਦਾ ਹੈ ਤਾਂ ਜੀਵਨ ਦੇ ਢੰਗ ਵੀ ਬਦਲ ਜਾਂਦੇ ਹਨ। ਤਕਨਾਲੋਜੀ, ਸਹੂਲਤਾਂ ਅਤੇ ਆਧੁਨਿਕਤਾ ਨੇ ਮਨੁੱਖ ਦੀ ਜ਼ਿੰਦਗੀ ਨੂੰ ਪਹਿਲਾਂ ਨਾਲੋਂ ਕਾਫ਼ੀ ਆਸਾਨ ਬਣਾ ਦਿੱਤਾ ਹੈ। ਅੱਜ ਸਾਡੇ ਕੋਲ ਵੱਡੇ-ਵੱਡੇ ਮਕਾਨ ਹਨ, ਸ਼ਾਨਦਾਰ ਗੱਡੀਆਂ ਹਨ ਅਤੇ ਹਰ ਤਰ੍ਹਾਂ ਦੀਆਂ ਸੁਵਿਧਾਵਾਂ ਹਨ, ਪਰ ਇਸ ਸਭ ਦੇ ਬਾਵਜੂਦ ਜੇ ਕੋਈ ਚੀਜ਼ ਹੌਲੀ-ਹੌਲੀ ਸਾਡੇ ਹੱਥਾਂ ਵਿੱਚੋਂ ਫਿਸਲ ਰਹੀ ਹੈ, ਤਾਂ ਉਹ ਹਨ ਸਾਡੇ ਰਿਸ਼ਤੇ। ਇੱਕ ਸਮਾਂ ਸੀ, ਜਦੋਂ ਘਰ ਕੱਚੇ ਹੁੰਦੇ ਸਨ, ਪਰ ਉਨ੍ਹਾਂ ਵਿੱਚ ਵੱਸਣ ਵਾਲੇ ਲੋਕਾਂ ਦੇ ਦਿਲ ਅਤੇ ਰਿਸ਼ਤੇ ਬਹੁਤ ਪੱਕੇ ਹੁੰਦੇ ਸਨ। ਅੱਜ ਘਰ ਪੱਕੇ ਹੋ ਗਏ ਹਨ, ਪਰ ਕਈ ਰਿਸ਼ਤੇ ਕੱਚੇ ਪੈਂਦੇ ਜਾ ਰਹੇ ਹਨ।

ਪਹਿਲਾਂ ਪਿੰਡਾਂ ਦੀ ਜ਼ਿੰਦਗੀ ਬਹੁਤ ਸਾਦੀ ਹੁੰਦੀ ਸੀ। ਮਿੱਟੀ ਦੇ ਘਰ, ਕੱਚੀਆਂ ਗਲੀਆਂ ਅਤੇ ਸਾਦਾ ਰਹਿਣ-ਸਹਿਣ ਲੋਕਾਂ ਦੀ ਪਛਾਣ ਸੀ। ਘਰਾਂ ਵਿੱਚ ਮਹਿੰਗਾ ਫਰਨੀਚਰ ਨਹੀਂ ਹੁੰਦਾ ਸੀ, ਨਾ ਹੀ ਏਅਰ ਕੰਡੀਸ਼ਨਰ ਜਾਂ ਹੋਰ ਆਧੁਨਿਕ ਸਹੂਲਤਾਂ। ਫਿਰ ਵੀ ਹਰ ਘਰ ਵਿੱਚ ਪਿਆਰ, ਆਪਣਾਪਣ ਅਤੇ ਖ਼ੁਸ਼ੀ ਦੀ ਦੌਲਤ ਭਰਪੂਰ ਹੁੰਦੀ ਸੀ। ਰੋਟੀ ਭਾਵੇਂ ਸਾਦੀ ਹੁੰਦੀ ਸੀ, ਪਰ ਉਹ ਸਾਰੇ ਪਰਵਾਰ ਨਾਲ ਬੈਠ ਕੇ ਖਾਧੀ ਜਾਂਦੀ ਸੀ। ਇੱਕ ਦੀ ਖ਼ੁਸ਼ੀ ਸਭ ਦੀ ਖ਼ੁਸ਼ੀ ਹੁੰਦੀ ਸੀ ਅਤੇ ਇੱਕ ਦਾ ਦੁੱਖ ਸਾਰਾ ਪਰਵਾਰ ਮਿਲ ਕੇ ਸਹਾਰਦਾ ਸੀ।

ਉਸ ਸਮੇਂ ਗੁਆਂਢੀ ਸਿਰਫ਼ ਗੁਆਂਢੀ ਨਹੀਂ ਹੁੰਦੇ ਸਨ, ਸਗੋਂ ਪਰਵਾਰ ਦਾ ਹਿੱਸਾ ਹੁੰਦੇ ਸਨ। ਕਿਸੇ ਦੇ ਘਰ ਕੋਈ ਸਮਾਗਮ ਹੋਵੇ ਜਾਂ ਮੁਸੀਬਤ ਆ ਜਾਵੇ, ਲੋਕ ਬਿਨਾਂ ਬੁਲਾਏ ਮਦਦ ਲਈ ਪਹੁੰਚ ਜਾਂਦੇ ਸਨ। ਘਰਾਂ ਦੇ ਦਰਵਾਜ਼ਿਆਂ ਤੇ ਤਾਲੇ ਘੱਟ ਅਤੇ ਦਿਲਾਂ ਵਿੱਚ ਵਿਸ਼ਵਾਸ ਜ਼ਿਆਦਾ ਹੁੰਦਾ ਸੀ। ਬੱਚੇ ਪੂਰੇ ਪਿੰਡ ਦੇ ਸਾਂਝੇ ਹੁੰਦੇ ਸਨ ਅਤੇ ਬਜ਼ੁਰਗ ਹਰ ਬੱਚੇ ਨੂੰ ਆਪਣੇ ਪੋਤੇ-ਪੋਤੀਆਂ ਵਾਂਗ ਪਿਆਰ ਕਰਦੇ ਸਨ। ਇਹੀ ਉਹ ਸਮਾਂ ਸੀ, ਜਦੋਂ ਰਿਸ਼ਤਿਆਂ ਦੀ ਮਿਠਾਸ ਜ਼ਿੰਦਗੀ ਦੀ ਸਭ ਤੋਂ ਵੱਡੀ ਦੌਲਤ ਹੁੰਦੀ ਸੀ।

ਅੱਜ ਤਸਵੀਰ ਬਿਲਕੁਲ ਵੱਖਰੀ ਹੈ। ਆਧੁਨਿਕਤਾ ਦੇ ਨਾਲ-ਨਾਲ ਸਾਡੀ ਜੀਵਨ ਸ਼ੈਲੀ ਵੀ ਬਦਲ ਗਈ ਹੈ। ਅਸੀਂ ਵੱਡੇ-ਵੱਡੇ ਮਕਾਨ ਤਾਂ ਬਣਾ ਲਏ ਹਨ, ਪਰ ਉਨ੍ਹਾਂ ਵਿੱਚ ਰਹਿਣ ਵਾਲੇ ਲੋਕ ਇੱਕ-ਦੂਜੇ ਤੋਂ ਦੂਰ ਹੋ ਗਏ ਹਨ। ਇੱਕੋ ਘਰ ਵਿੱਚ ਰਹਿੰਦੇ ਹੋਏ ਵੀ ਹਰ ਕੋਈ ਆਪਣੇ ਕਮਰੇ ਅਤੇ ਆਪਣੇ ਮੋਬਾਇਲ ਤੱਕ ਸੀਮਤ ਹੋ ਗਿਆ ਹੈ। ਪਰਵਾਰਕ ਗੱਲਬਾਤ ਘੱਟ ਹੋ ਗਈ ਹੈ ਅਤੇ ਦਿਲਾਂ ਦੀ ਨੇੜਤਾ ਵੀ ਪਹਿਲਾਂ ਵਰਗੀ ਨਹੀਂ ਰਹੀ।

ਸੋਸ਼ਲ ਮੀਡੀਆ ਨੇ ਸਾਨੂੰ ਦੁਨੀਆ ਨਾਲ ਜੋੜ ਦਿੱਤਾ ਹੈ, ਪਰ ਆਪਣੇ ਘਰ ਦੇ ਲੋਕਾਂ ਤੋਂ ਦੂਰ ਕਰ ਦਿੱਤਾ ਹੈ। ਅਸੀਂ ਹਜ਼ਾਰਾਂ ਕਿਲੋਮੀਟਰ ਦੂਰ ਬੈਠੇ ਵਿਅਕਤੀ ਨਾਲ ਗੱਲ ਕਰ ਲੈਂਦੇ ਹਾਂ, ਪਰ ਆਪਣੇ ਮਾਪਿਆਂ, ਭੈਣ-ਭਰਾਵਾਂ ਜਾਂ ਬੱਚਿਆਂ ਨਾਲ ਦੋ ਪਲ ਬੈਠ ਕੇ ਦਿਲ ਦੀ ਗੱਲ ਕਰਨ ਦਾ ਸਮਾਂ ਨਹੀਂ ਕੱਢ ਪਾਉਂਦੇ। ਇਹੀ ਕਾਰਨ ਹੈ ਕਿ ਅੱਜ ਬਹੁਤ ਸਾਰੇ ਰਿਸ਼ਤੇ ਸਿਰਫ਼ ਰਸਮਾਂ ਤੱਕ ਹੀ ਸੀਮਤ ਹੋ ਕੇ ਰਹਿ ਗਏ ਹਨ। ਸਭ ਤੋਂ ਵੱਧ ਚਿੰਤਾ ਦੀ ਗੱਲ ਇਹ ਹੈ ਕਿ ਬਜ਼ੁਰਗ ਇਕੱਲੇਪਣ ਦਾ ਸ਼ਿਕਾਰ ਹੋ ਰਹੇ ਹਨ। ਜਿਨ੍ਹਾਂ ਆਪਣੀ ਸਾਰੀ ਉਮਰ ਆਪਣੇ ਬੱਚਿਆਂ ਲਈ ਮਿਹਨਤ ਕੀਤੀ, ਅੱਜ ਉਹੀ ਬੱਚੇ ਵਿਅਸਤ ਜੀਵਨ ਦਾ ਹਵਾਲਾ ਦੇ ਕੇ ਉਨ੍ਹਾਂ ਨੂੰ ਸਮਾਂ ਨਹੀਂ ਦੇ ਸਕਦੇ। ਬੱਚੇ ਵੀ ਦਾਦਾ-ਦਾਦੀ ਅਤੇ ਨਾਨਾ-ਨਾਨੀ ਦੀਆਂ ਕਹਾਣੀਆਂ ਤੋਂ ਦੂਰ ਹੁੰਦੇ ਜਾ ਰਹੇ ਹਨ। ਇਸ ਨਾਲ ਸਿਰਫ਼ ਰਿਸ਼ਤੇ ਹੀ ਨਹੀਂ, ਸਾਡੀ ਸੱਭਿਆਚਾਰਕ ਵਿਰਾਸਤ ਵੀ ਕਮਜ਼ੋਰ ਹੋ ਰਹੀ ਹੈ।

ਇਸ ਦਾ ਇਹ ਮਤਲਬ ਨਹੀਂ ਕਿ ਆਧੁਨਿਕਤਾ ਗਲਤ ਹੈ। ਤਰੱਕੀ ਕਰਨਾ ਅਤੇ ਚੰਗੀਆਂ ਸਹੂਲਤਾਂ ਹਾਸਲ ਕਰਨਾ ਹਰ ਕਿਸੇ ਦਾ ਸੁਪਨਾ ਹੁੰਦਾ ਹੈ, ਪਰ ਜੇ ਇਸ ਤਰੱਕੀ ਦੀ ਕੀਮਤ ਸਾਨੂੰ ਆਪਣੇ ਰਿਸ਼ਤੇ ਗੁਆ ਕੇ ਚੁਕਾਉਣੀ ਪਵੇ, ਤਾਂ ਇਹ ਸੌਦਾ ਕਦੇ ਵੀ ਲਾਭਦਾਇਕ ਨਹੀਂ ਹੋ ਸਕਦਾ। ਘਰ ਦੀ ਅਸਲ ਸੁੰਦਰਤਾ ਉਸ ਦੀਆਂ ਮਹਿੰਗੀਆਂ ਕੰਧਾਂ ਵਿੱਚ ਨਹੀਂ, ਸਗੋਂ ਉਸ ਵਿੱਚ ਰਹਿਣ ਵਾਲੇ ਲੋਕਾਂ ਦੇ ਆਪਸੀ ਪਿਆਰ ਵਿੱਚ ਹੁੰਦੀ ਹੈ। ਸਾਨੂੰ ਆਪਣੇ ਬੱਚਿਆਂ ਨੂੰ ਇਹ ਸਿੱਖਿਆ ਦੇਣੀ ਹੋਵੇਗੀ ਕਿ ਜ਼ਿੰਦਗੀ ਵਿੱਚ ਪੈਸਾ ਅਤੇ ਦੌਲਤ ਜ਼ਰੂਰੀ ਹਨ, ਪਰ ਇਨ੍ਹਾਂ ਤੋਂ ਵੀ ਵੱਧ ਜ਼ਰੂਰੀ ਹਨ ਪਿਆਰ, ਸਤਿਕਾਰ ਅਤੇ ਭਰੋਸੇ ਨਾਲ ਨਿਭਾਏ ਗਏ ਰਿਸ਼ਤੇ। ਹਰ ਰੋਜ਼ ਕੁਝ ਸਮਾਂ ਆਪਣੇ ਪਰਵਾਰ ਲਈ ਕੱਢਣਾ, ਇਕੱਠੇ ਬੈਠ ਕੇ ਖਾਣਾ ਖਾਣਾ, ਬਜ਼ੁਰਗਾਂ ਦੀਆਂ ਗੱਲਾਂ ਸੁਣਨਾ ਅਤੇ ਛੋਟੇ-ਛੋਟੇ ਪਲਾਂ ਨੂੰ ਇਕੱਠੇ ਜੀਣਾ ਹੀ ਅਸਲ ਖ਼ੁਸ਼ੀ ਹੈ।

ਸਾਨੂੰ ਮੁੜ ਉਸ ਸੋਚ ਨੂੰ ਜਗਾਉਣ ਦੀ ਲੋੜ ਹੈ, ਜਿਸ ਵਿੱਚ ਇਨਸਾਨ ਦੀ ਪਛਾਣ ਉਸ ਦੇ ਮਕਾਨ ਨਾਲ ਨਹੀਂ, ਸਗੋਂ ਉਸ ਦੇ ਸੁਭਾਅ ਅਤੇ ਰਿਸ਼ਤਿਆਂ ਨਾਲ ਹੁੰਦੀ ਸੀ। ਆਓ, ਅਸੀਂ ਇਹ ਯਤਨ ਕਰੀਏ ਕਿ ਸਾਡੇ ਘਰ ਭਾਵੇਂ ਕਿੰਨੇ ਵੀ ਆਧੁਨਿਕ ਹੋਣ, ਪਰ ਉਨ੍ਹਾਂ ਵਿੱਚ ਪਿਆਰ, ਸਤਿਕਾਰ ਅਤੇ ਆਪਣਾਪਣ ਦੀ ਉਹੀ ਪੁਰਾਣੀ ਮਹਿਕ ਬਣੀ ਰਹੇ। ਘਰਾਂ ਦੀਆਂ ਕੰਧਾਂ ਨੂੰ ਮਜ਼ਬੂਤ ਬਣਾਉਣ ਦੇ ਨਾਲ-ਨਾਲ ਦਿਲਾਂ ਦੇ ਰਿਸ਼ਤਿਆਂ ਨੂੰ ਵੀ ਮਜ਼ਬੂਤ ਬਣਾਈਏ। ਕੱਚੇ ਘਰਾਂ ਦੀ ਸਭ ਤੋਂ ਵੱਡੀ ਖ਼ੂਬੀ ਇਹ ਨਹੀਂ ਸੀ ਕਿ ਉਹ ਮਿੱਟੀ ਦੇ ਬਣੇ ਹੁੰਦੇ ਸਨ, ਸਗੋਂ ਇਹ ਸੀ ਕਿ ਉਨ੍ਹਾਂ ਵਿੱਚ ਵੱਸਦੇ ਰਿਸ਼ਤੇ ਪਿਆਰ, ਭਰੋਸੇ ਅਤੇ ਆਪਣੇਪਣ ਨਾਲ ਹਮੇਸ਼ਾ ਪੱਕੇ ਰਹਿੰਦੇ ਸਨ। ਇਹੀ ਵਿਰਾਸਤ ਸਾਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣੀ ਚਾਹੀਦੀ ਹੈ।

**# ਸੰਪਰਕ : 84272-12104**

# ਪੰਜਾਬ ਦੇ ਅਮਨ-ਚੈਨ ਨੂੰ ਲਾਂਬੂ ਲਾਉਣ ਤੇ ਭਾਈਚਾਰਾ ਤੋੜਨ ਦੀਆਂ ਸਾਜ਼ਿਸ਼ਾਂ ਨੂੰ ਪਛਾਣੋ



ਮੰਗਤ ਰਾਮ ਪਾਸਲਾ

ਕਿਸੇ ਵੀ ਕੌਮ, ਧਰਮ ਤੇ ਸਿਆਸੀ ਦਲ ਲਈ ਆਪਣਾ ਭਲਾ ਲੋਚਣ ਤੇ ਠੀਕ ਸੇਧ 'ਚ ਵਿਕਾਸ ਕਰਨ ਹਿਤ ਅਤੀਤ 'ਚ ਕੀਤੇ ਕੰਮਾਂ ਨੂੰ ਗੁਣ-ਦੋਸ਼ ਦੇ ਆਧਾਰ 'ਤੇ ਪੜਚੋਲਵੀਂ ਨਜ਼ਰ ਨਾਲ ਘੋਖਣਾ ਬੜਾ ਜ਼ਰੂਰੀ ਹੈ, ਕਿਉਂਕਿ ਇੰਝ ਕੀਤਿਆਂ ਹੀ ਮਾਣ ਕਰਨ ਯੋਗ ਅਮਲ ਹੋਰ ਅੱਗੇ ਵਧਾਏ ਜਾ ਸਕਦੇ ਹਨ ਤੇ ਬੀਤੇ ਦੀਆਂ ਭੁੱਲਾਂ ਸੁਧਾਰੀਆਂ ਜਾ ਸਕਦੀਆਂ ਹਨ। ਅਫਸੋਸ, ਇਸ ਸ਼ਾਨਦਾਰ ਅਸੂਲ ਦੀ ਪਾਲਣਾ ਆਮ ਤੌਰ 'ਤੇ ਘੱਟ ਹੀ ਕੀਤੀ ਜਾਂਦੀ ਹੈ। ਸਿੱਟੇ ਵਜੋਂ ਬੀਤੇ ਦੀਆਂ ਗਲਤੀਆਂ ਨੂੰ ਵਾਰ-ਵਾਰ ਦੁਹਰਾਏ ਜਾਣ ਦਾ ਖਤਰਾ ਕਾਇਮ ਰਹਿੰਦਾ ਹੈ ਤੇ ਵੱਖੋ-ਵੱਖ ਕਿਸਮ ਦੇ ਭਟਕਾਅ ਭਵਿੱਖ 'ਚ ਨਵੀਆਂ ਮੁਸੀਬਤਾਂ ਖੜ੍ਹੀਆਂ ਹੋਣ ਦੇ ਸਬੱਬ ਬਣ ਜਾਂਦੇ ਹਨ। ਇਹ ਸਥਿਤੀ ਭਾਰਤ ਦੇ ਲਗਭਗ ਸਾਰੇ ਰਾਜਸੀ ਦਲਾਂ ਦੀ ਹੈ। ਉਂਝ ਕੋਈ ਵੀ ਸਿਆਸੀ ਧਿਰ ਨਾ ਤਾਂ ਉਚੇਚੇ ਗੁਣਾਂ ਤੋਂ ਸੱਖਣੀ ਹੈ ਤੇ ਨਾ ਹੀ ਕੋਈ ਬੱਜਰ ਗਲਤੀਆਂ ਤੋਂ ਬਰੀ ਸਮਝਿਆ ਜਾ ਸਕਦਾ ਹੈ। ਇਸੇ ਕਰਕੇ ਹਰ ਸੰਸਥਾ ਲਈ ਬੇਬਾਕੀ ਨਾਲ ਆਤਮ ਮੰਥਨ ਕਰਨਾ ਅਜੋਕੇ ਪੇਚੀਦਾ ਸਮੇਂ ਦੀ ਸਖ਼ਤ ਲੋੜ ਬਣ ਚੁੱਕਿਆ ਹੈ। ਨਹੀਂ ਤਾਂ ਲੁਟੇਰੀ ਸੱਤਾਧਾਰੀ ਜਮਾਤ ਤੇ ਸਵਾਰਥੀ ਲੋਕਾਂ ਦੇ ਬੁਣੇ ਮੱਕੜਜਾਲ 'ਚ ਫਸ ਕੇ ਕੋਈ ਵੀ ਵਿਅਕਤੀ, ਸੰਸਥਾ, ਸਿਆਸੀ ਦਲ ਜਾਂ ਧਰਮ ਆਪਣੇ ਅਸਲ ਰਾਹ ਤੋਂ ਥਿੜਕ ਕੇ ਕੁਰਾਹੇ ਪੈ ਸਕਦਾ ਹੈ। ਏਥੇ ਆਪਾਂ ਪੰਜਾਬ ਦੇ ਬੀਤੇ ਦੇ ਕੁਝ ਪਹਿਲੂਆਂ ਤੇ ਅਜੋਕੀ ਗੁੰਝਲਦਾਰ ਸਥਿਤੀ ਨੂੰ ਉਪਰੋਕਤ ਸੇਧ 'ਚ ਜਾਨਣ-ਸਮਝਣ ਦਾ ਯਤਨ ਕਰਾਂਗੇ, ਤਾਂ ਜੋ ਸਮੂਹ ਪੰਜਾਬੀ ਕਿਸੇ ਵੱਡੇ ਦੁਖਾਂਤ ਤੋਂ ਬਚਦੇ ਹੋਏ ਪ੍ਰਾਂਤ ਤੇ ਦੇਸ਼ ਦੇ ਉਜਲਾ ਭਵਿੱਖ ਸਿਰਜਣ ਪੱਖੋਂ ਆਪਣਾ ਬਣਦਾ ਯੋਗਦਾਨ ਪਾ ਸਕਣ।

ਦੇਸ਼ 'ਤੇ ਲੰਮਾ ਸਮਾਂ ਰਾਜ ਕਰਨ ਵਾਲੀ ਕਾਂਗਰਸ ਪਾਰਟੀ ਨੇ ਇਸ ਸਰਹੱਦੀ ਤੇ ਸੰਵੇਦਨਸ਼ੀਲ ਪ੍ਰਾਂਤ, ਜਿੱਥੇ ਦੇਸ਼ ਦਾ ਬੇਹੱਦ ਮਹੱਤਵਪੂਰਨ ਘੱਟ ਗਿਣਤੀ ਸਿੱਖ ਭਾਈਚਾਰਾ ਵੱਸਦਾ ਹੈ, ਪ੍ਰਤੀ ਅਤੀਤ 'ਚ, ਖਾਸ ਕਰਕੇ 70ਵਿਆਂ ਤੋਂ ਪਿਛੋਂ ਵਾਜਬ ਤੇ ਸੰਤੁਲਿਤ ਪਹੁੰਚ ਨਹੀਂ ਅਪਣਾਈ। ਦੂਜੇ ਸ਼ਬਦਾਂ 'ਚ ਸੂਬੇ ਦੀ ਬਿਹਤਰੀ ਲਈ ਅਜਿਹੀਆਂ ਨੀਤੀਆਂ 'ਤੇ ਅਮਲ ਨਹੀਂ ਕੀਤਾ ਗਿਆ, ਜਿਸ ਨਾਲ ਇੱਥੋਂ ਦੇ ਵਸਨੀਕ ਬਾਕੀ ਦੇਸ਼ ਵਾਸੀਆਂ ਦੇ ਹਮ ਕਦਮ ਹੋ ਕੇ ਚੰਗਿਆਈ ਦੇ ਰਸਤੇ ਖ਼ੁਸ਼ੀ-ਖ਼ੁਸ਼ੀ ਅੱਗੇ ਵਧਦੇ ਜਾਣ। ਦੇਸ਼ ਦੇ ਸੰਵਿਧਾਨ ਤੇ ਸੰਘਾਤਮਕ (ਫੈਡਰਲ) ਅਸੂਲਾਂ ਅਨੁਸਾਰ ਪੰਜਾਬ ਨੂੰ ਇਸ ਦੇ ਬਣਦੇ ਅਧਿਕਾਰ ਨਹੀਂ ਦਿੱਤੇ ਗਏ, ਨਾ ਤਾਂ ਦਰਿਆਈ ਪਾਣੀਆਂ ਦੀ ਰੀਪੇਰੀਅਨ ਸਿਧਾਂਤ ਅਨੁਸਾਰ ਨਿਆਈਂ ਵੰਡ ਕੀਤੀ ਗਈ ਅਤੇ ਨਾ ਹੀ ਪੰਜਾਬੀ ਬੋਲੀ ਨੂੰ ਪੰਜਾਬ, ਗੁਆਂਢੀ ਰਾਜਾਂ ਤੇ ਦੇਸ਼ ਦੇ ਬਾਕੀ ਪ੍ਰਾਂਤਾਂ 'ਚ ਬਣਦਾ ਮਾਣ-ਸਨਮਾਨ ਦਿੱਤਾ ਗਿਆ। ਪੰਜਾਬ ਦੇ ਪਿੰਡ ਉਜਾੜ ਕੇ ਸੂਬੇ ਦੀ ਰਾਜਧਾਨੀ ਵਜੋਂ ਵਸਾਇਆ ਗਿਆ ਚੰਡੀਗੜ੍ਹ ਅੱਜ ਤੱਕ ਵੀ ਪ੍ਰਾਂਤ ਨੂੰ ਨਹੀਂ ਸੌਂਪਿਆ ਗਿਆ। ਪੰਜਾਬ ਦੇ ਪੁਨਰਗਠਨ ਤੋਂ ਪਿੱਛੋਂ ਪੰਜਾਬੀ ਬੋਲਦੇ ਪਿੰਡ ਸਾਜ਼ਿਸ਼ਨ ਪੰਜਾਬ ਤੋਂ ਬਾਹਰ ਰੱਖੇ ਗਏ। ਉਕਤ ਮਸਲੇ ਦਿਆਨਤਦਾਰੀ ਤੇ ਨੇਕ-ਨੀਅਤ ਨਾਲ ਹੱਲ ਨਾ ਕੀਤੇ ਜਾਣ ਦੇ ਸਿੱਟੇ ਵਜੋਂ ਪੰਜਾਬੀਆਂ, ਖਾਸ ਕਰਕੇ ਸਿੱਖਾਂ ਦੇ ਮਨਾਂ 'ਚ ਬੇਗਾਨਗੀ ਦੀ ਭਾਵਨਾ ਪਨਪੀ। ਇਸੇ ਸਵਾਰਥੀ ਪਹੁੰਚ ਨਾਲ ਪੰਜਾਬ ਦੀ ਜਵਾਨੀ ਦੇ ਕੁਰਾਹੇ ਪੈਣ ਦੀ ਐਸੀ ਜ਼ਮੀਨ ਤਿਆਰ ਹੋਈ, ਜਿਸ ਦਾ ਖਮਿਆਜ਼ਾ ਪ੍ਰਾਂਤ ਦੇ ਲੋਕ ਅੱਜ ਤੱਕ ਵੀ ਭੁਗਤ ਰਹੇ ਹਨ। ਖੈਰ, ਸਵਾਲ ਇਹ ਹੈ ਕਿ ਕੀ ਕਾਂਗਰਸ ਪਾਰਟੀ ਨੇ ਉਪਰੋਕਤ ਗਲਤੀਆਂ ਦਾ ਅਹਿਸਾਸ ਕਰਕੇ ਇਨ੍ਹਾਂ ਨੂੰ ਸੁਧਾਰਨ ਦੇ ਕੋਈ ਗੰਭੀਰ ਯਤਨ ਕੀਤੇ?

ਪ੍ਰਾਂਤ ਦੀ ਦੂਜੀ ਵੱਡੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੇ ਵੀ ਪੰਜਾਬ-ਪੰਜਾਬੀਆਂ ਨਾਲ ਘੱਟ ਨਹੀਂ ਗੁਜ਼ਾਰੀ। ਅੱਜ-ਕੱਲ੍ਹ ਬੇਸ਼ੱਕ ਕਈ ਅਕਾਲੀ ਦਲ ਸਰਗਰਮ ਹਨ। ਅਤੀਤ 'ਚ ਵੀ ਕਈ ਅਕਾਲੀ ਦਲ ਹੋਂਦ 'ਚ ਆਉਂਦੇ ਰਹੇ ਹਨ। ਇਨ੍ਹਾਂ 'ਚੋਂ ਕਈ ਗਾਹੇ-ਬਗਾਹੇ ਵੱਡੀਆਂ ਚੁਣਾਵੀ ਜਿੱਤਾਂ ਵੀ ਹਾਸਲ ਕਰਦੇ ਰਹੇ ਹਨ, ਪ੍ਰੰਤੂ ਅਜੇ ਵੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਹੀ ਮੂਲ ਅਕਾਲੀ ਦਲ ਮੰਨਿਆ ਜਾਂਦਾ ਹੈ। ਸਿੱਖਾਂ ਦੀ ਸਰਬਉੱਚ ਧਾਰਮਿਕ ਸੰਸਥਾ ਐਸ ਜੀ ਪੀ ਸੀ 'ਤੇ ਵੀ ਕਈ ਦਹਾਕਿਆਂ ਤੋਂ ਬਾਦਲ ਦਲੀਏ ਹੀ ਕਾਬਜ਼ ਹਨ। ਲੰਘੀ ਸਦੀ ਦੇ ਸੱਤਵੇਂ ਦਹਾਕੇ ਦੇ ਅਖ਼ੀਰਲੇ ਸਾਲਾਂ 'ਚ ਸ਼੍ਰੋਮਣੀ ਅਕਾਲੀ ਦਲ ਤੇ ਸੀ ਪੀ ਆਈ (ਐਮ.) ਨੇ ਦਰਿਆਈ ਪਾਣੀਆਂ ਦੀ ਹੱਕੀ ਵੰਡ ਤੇ ਪੰਜਾਬ ਦੇ ਹੋਰ ਮੁੱਦਿਆਂ ਦਾ ਠੀਕ ਹੱਲ ਕੱਢੇ ਜਾਣ ਲਈ ਜਮਹੂਰੀ ਲੀਹਾਂ 'ਤੇ ਸਮੂਹ ਪੰਜਾਬੀਆਂ ਦਾ ਸਰਵ-ਸਾਂਝਾ ਘੋਲ ਵਿੱਢਣ ਲਈ ਪਟਿਆਲਾ ਜ਼ਿਲ੍ਹੇ ਦੇ ਪਿੰਡ ਕਪੂਰੀ ਤੋਂ ਇਕ ਅੰਦੋਲਨ ਵਿੱਢਿਆ ਸੀ। ਇਸੇ ਕਰਕੇ ਇਸ ਅੰਦੋਲਨ ਨੂੰ 'ਕਪੂਰੀ ਮੋਰਚੇ' ਦਾ ਨਾਂਅ ਦਿੱਤਾ ਗਿਆ ਸੀ। ਅਕਾਲੀ ਦਲ ਨੇ ਸੌੜੀ ਤੇ ਇਕ-ਪਾਸੜ ਸੋਚ ਅਧੀਨ ਸਮੂਹ ਪੰਜਾਬੀਆਂ ਦੀਆਂ ਉਕਤ ਮੰਗਾਂ ਨੂੰ ਕੇਵਲ ਸਿੱਖਾਂ ਦੀਆਂ ਮੰਗਾਂ ਵਜੋਂ ਪੇਸ਼ ਕਰਨ ਲਈ ਇਹ ਮੋਰਚਾ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਿਖੇ ਤਬਦੀਲ ਕਰ ਲਿਆ ਤੇ ਇਸ ਨੂੰ 'ਧਰਮ ਯੁੱਧ' ਮੋਰਚੇ ਦਾ ਨਾਂਅ ਦੇ ਦਿੱਤਾ। ਅਕਾਲੀਆਂ ਦੀ ਇਸ ਮੌਕਾਪ੍ਰਸਤੀ, ਡਾਵਾਂਡੋਲਤਾ ਤੇ ਸੱਤਾ ਨਾਲ ਹਰ ਹਾਲਤ ਚਿੰਬੜੇ ਰਹਿਣ ਦੀ ਲਾਲਸਾ ਕਰਕੇ ਉਕਤ ਮੋਰਚੇ ਦੀ ਵਾਗਡੋਰ ਅਖੌਤੀ ਗਰਮ ਖਿਆਲੀਆਂ ਦੇ ਹੱਥਾਂ 'ਚ ਚਲੀ ਗਈ ਤੇ ਰਵਾਇਤੀ ਅਕਾਲੀ ਆਗੂ ਹੌਲੀ-ਹੌਲੀ ਗੈਰ-ਪ੍ਰਸੰਗਕ ਬਣਦੇ ਗਏ। ਨਤੀਜਾ- ਦਰਿਆਈ ਪਾਣੀਆਂ ਦੀ ਨਿਆਈਂ ਵੰਡ ਦੀ ਹੱਕੀ ਮੰਗ ਤੇ ਹੋਰ ਜਮਹੂਰੀ ਮੰਗਾਂ ਪਿਛਾਂਹ ਧੱਕ ਕੇ ਮੁੱਖ ਮੁੱਦਾ ਇਹ ਬਣਾ ਲਿਆ ਗਿਆ ਕਿ 'ਭਾਰਤ 'ਚ ਸਿੱਖ ਗੁਲਾਮ ਹਨ' ਤੇ 'ਸਿੱਖਾਂ ਨੂੰ ਆਜ਼ਾਦੀ' ਚਾਹੀਦੀ ਹੈ। ਉਂਝ ਦੇਖਿਆ ਜਾਵੇ ਤਾਂ ਭਾਰਤ 'ਚ ਸਿੱਖਾਂ ਸਮੇਤ ਹਰ ਧਰਮ ਨੂੰ ਮੰਨਣ ਵਾਲੇ ਗਰੀਬ ਲੋਕ ਦੇਸ਼ ਦੀਆਂ ਹਾਕਮ ਜਮਾਤਾਂ ਦੇ ਗੁਲਾਮ ਹੀ ਹਨ। ਅੱਗੋਂ ਇਸ ਆਸ਼ੇ (ਆਜ਼ਾਦੀ) ਦੀ ਪ੍ਰਾਪਤੀ ਲਈ ਦਰਬਾਰ ਸਾਹਿਬ ਦੀ ਫਿਜ਼ਾ ਅੰਦਰੋਂ ਗੂੰਜਣੇ ਸ਼ੁਰੂ ਹੋਏ 'ਹਥਿਆਰਬੰਦ ਘੋਲ' ਵਿੱਢਣ ਦੇ ਨਾਅਰੇ ਪੰਜਾਬ ਤੋਂ ਹੁੰਦੇ ਹੋਏ ਦੇਸ਼ ਦੇ ਕੋਨੇ-ਕੋਨੇ ਤੀਕ ਜਾ ਪੁੱਜੇ। ਅੰਮ੍ਰਿਤਸਰ ਸਾਹਿਬ ਸਮੇਤ ਕਈ ਹੋਰ ਥਾਵਾਂ 'ਤੇ ਦਮਦਮੀ ਟਕਸਾਲ ਤੇ ਨਿਰੰਕਾਰੀਆਂ ਦਰਮਿਆਨ ਹੋਈਆਂ ਖ਼ੂਨੀ ਝੜਪਾਂ 'ਚ ਦਰਜਨਾਂ ਮੌਤਾਂ ਹੋਈਆਂ। ਇਸ ਹਿੰਸਕ ਦੌਰ 'ਚ 'ਆਜ਼ਾਦ ਸਿੱਖ ਰਾਜ' ਦੀ ਮੰਗ ਲਈ ਲੜ ਰਹੇ ਹਥਿਆਰਬੰਦ ਟੋਲਿਆਂ ਨੇ ਡਰ ਦਾ ਮਹੌਲ ਪੈਦਾ ਕਰਕੇ ਸੱਤਾਧਾਰੀ ਧਿਰ ਤੋਂ ਮੰਗਾਂ ਮਨਵਾਉਣ ਲਈ ਬਹੁਤ ਸਾਰੇ ਬੇਗੁਨਾਹਾਂ ਦੇ ਕਤਲ ਵੀ ਕੀਤੇ। ਬੇਗੁਨਾਹਾਂ, ਖਾਸ ਕਰਕੇ ਹਿੰਦੂ ਵਸੋਂ ਦੇ ਘਿਨੌਣੇ ਕਤਲਾਂ ਪਿੱਛੇ ਦਹਿਸ਼ਤਗਰਦਾਂ ਦੀ ਇਕ ਮਨਸ਼ਾ ਇਹ ਵੀ ਸੀ ਕਿ ਇਨ੍ਹਾਂ ਕਤਲਾਂ ਦੇ ਪ੍ਰਤੀਕਰਮ ਵਜੋਂ ਪੰਜਾਬ ਤੋਂ ਬਾਹਰ ਵਸਦੇ ਸਿੱਖਾਂ ਖਿਲਾਫ ਵੀ ਹਿੰਸਕ ਹਮਲੇ ਹੋਣੇ ਸ਼ੁਰੂ ਹੋ ਜਾਣ ਤੇ ਪੂਰੇ ਦੇਸ਼ 'ਚ ਹਿੰਸਾ ਭੜਕ ਉੱਠੇ। ਪੰਜਾਬ 'ਚ ਦਹਿਸ਼ਤਗਰਦਾਂ ਹੱਥੋਂ ਮਾਰੇ ਗਏ ਜ਼ਿਆਦਾਤਰ ਲੋਕ ਬਿਨਾਂ ਸ਼ੱਕ ਹਿੰਦੂ ਭਾਈਚਾਰੇ ਨਾਲ ਸਬੰਧਤ ਸਨ, ਪ੍ਰੰਤੂ ਅਰਾਜਕਤਾ ਦੇ ਉਸ ਮਹੌਲ 'ਚ ਸਿੱਖਾਂ ਸਮੇਤ ਸਾਰੇ ਧਰਮਾਂ ਨੂੰ ਮੰਨਣ ਵਾਲੇ ਤੇ ਵੱਖੋ-ਵੱਖ ਜਾਤੀਆਂ ਨਾਲ ਸੰਬੰਧਤ ਆਮ ਲੋਕਾਂ ਤੋਂ ਇਲਾਵਾ ਸਿਆਸੀ ਆਗੂ, ਅਖ਼ਬਾਰਾਂ ਦੇ ਸੰਪਾਦਕ ਤੇ ਪੱਤਰਕਾਰ, ਕਲਾਕਾਰ ਤੇ ਉੱਘੇ ਬੁੱਧੀਜੀਵੀ ਵੀ ਕਤਲ ਕੀਤੇ ਗਏ। ਕਮਿਊਨਿਸਟ ਸਾਂਝੀਵਾਲਤਾ ਤੇ ਸਮਾਨਤਾ ਦੇ ਮੁੱਦਈ ਅਤੇ ਧਰਮ ਨਿਰਪੱਖ ਸੋਚ ਦੇ ਧਾਰਨੀ ਹੋਣ ਕਰਕੇ ਬਿਨਾਂ ਕਿਸੇ ਧਾਰਮਿਕ, ਜਾਤੀ-ਪਾਤੀ ਤੇ ਵਿਚਾਰਧਾਰਕ ਵਿਤਕਰੇ ਦੇ ਸਮੂਹ ਪੰਜਾਬੀਆਂ ਦੀ ਜਾਨ-ਮਾਲ ਦੀ ਰਾਖੀ ਦੀ ਮੰਗ ਲਈ ਜੂਝਦੇ ਸਨ। ਉਹ ਧਰਮ ਆਧਾਰਤ ਦੇਸ਼ ਦੀ ਸਥਾਪਨਾ ਦੇ ਵਿਰੋਧੀ ਸਨ ਤੇ ਪੰਜਾਬ ਦੇ ਮੰਗਾਂ-ਮਸਲਿਆਂ ਦਾ ਸਥਾਈ ਤੇ ਸਨਮਾਨ ਯੋਗ ਹੱਲ ਲੱਭਣ ਲਈ ਆਵਾਜ਼ ਬੁਲੰਦ ਕਰਦੇ ਸਨ। ਸਭ ਤੋਂ ਵਧ ਕੇ ਸਿੱਖ ਫਲਸਫੇ ਦੇ ਮਾਨਵੀ ਸਰੋਕਾਰਾਂ ਨੂੰ ਬੱਦੂ ਕਰਨ ਵਾਲੇ ਦਹਿਸ਼ਤੀ ਕਾਰਿਆਂ ਦਾ ਬਾਦਲੀਲ, ਡਟਵਾਂ ਵਿਰੋਧ ਕਰਦੇ ਸਨ। ਹਥਿਆਰਬੰਦ ਗ੍ਰੋਹਾਂ ਨੇ ਇਸੇ ਕਰਕੇ ਕਮਿਊਨਿਸਟ ਲਹਿਰ ਦੇ ਉੱਚ ਕੋਟੀ ਦੇ ਲਗਭਗ 300 ਆਗੂ ਤੇ ਕਾਰਕੁਨ ਅਤੇ ਹੋਰ ਅਗਾਂਹਵਧੂ ਲੋਕ ਸ਼ਹੀਦ ਕੀਤੇ।

ਇਸ ਦੇ ਉਲਟ ਪੰਜਾਬ ਸਮੱਸਿਆ ਦੇ ਸਿਆਸੀ ਹੱਲ ਦੀ ਮੰਗ ਨੂੰ ਬੇਲੋੜੀ ਸਮਝਣ ਵਾਲੀ ਭਾਜਪਾ, ਜੋ ਪਿੱਛੋਂ ਜਾ ਕੇ ਬੇਗੁਨਾਹਾਂ ਦੇ ਕਾਤਲਾਂ ਪ੍ਰਤੀ ਨਰਮ ਗੋਸ਼ਾ ਰੱਖਣ ਵਾਲੇ ਅਕਾਲੀ ਦਲ ਦੀ ਭਾਈਵਾਲ ਵੀ ਬਣ ਗਈ ਸੀ, ਨੇ ਹਥਿਆਰਬੰਦ ਗ੍ਰੋਹਾਂ ਨਾਲ ਸਿਰਫ਼ ਸਖ਼ਤੀ ਨਾਲ ਨਜਿੱਠਣ 'ਤੇ ਜ਼ੋਰ ਦਿੱਤਾ ਸੀ। ਇਕ ਸਮੇਂ ਕਮਿਊਨਿਸਟਾਂ ਤੇ ਅਕਾਲੀ ਦਲ ਨੇ ਪੰਜਾਬ ਸਮੱਸਿਆ ਦੇ ਸਿਆਸੀ ਸਮਾਧਾਨ ਲਈ ਪੂਰਾ ਜ਼ੋਰ ਲਾਇਆ ਸੀ, ਪ੍ਰੰਤੂ ਇਹ ਵੀ ਸੱਚ ਹੈ ਕਿ ਬਹੁ ਗਿਣਤੀ ਅਕਾਲੀ ਧੜਿਆਂ ਤੇ ਆਗੂਆਂ ਨੇ ਡਰਦਿਆਂ ਜਾਂ ਸਿਧਾਂਤਕ ਕਮਜ਼ੋਰੀ ਕਰਕੇ ਖਾਲਿਸਤਾਨ ਦੀ ਕਾਇਮੀ ਲਈ ਹਥਿਆਰਬੰਦ ਘੋਲ ਲੜ ਰਹੇ ਲੋਕਾਂ ਦਾ ਅਸੂਲੀ ਤੇ ਡਟਵਾਂ ਵਿਰੋਧ ਕਰਨ ਦੀ ਥਾਂ ਉਨ੍ਹਾਂ ਵੱਲ ਨੂੰ ਪਤਿਆਊ ਵਤੀਰਾ ਧਾਰਨ ਕਰੀ ਰੱਖਿਆ ਸੀ। ਸ਼ਾਂਤੀ ਕਾਇਮ ਰੱਖਣ ਤੇ ਅੱਤਵਾਦ 'ਤੇ ਕਾਬੂ ਪਾਉਣ ਲਈ ਪੁਲਸ ਤੇ ਅਰਧ ਸੈਨਿਕ ਬਲਾਂ ਨੇ ਬੇਗੁਨਾਹਾਂ ਦੇ ਅਨੇਕਾਂ ਕਾਤਲਾਂ ਨੂੰ ਮਾਰ ਮੁਕਾਇਆ। ਇਹ ਫਰਜ਼ ਨਿਭਾਉਂਦਿਆਂ ਪੁਲਸ ਤੇ ਅਰਧ ਸੈਨਿਕ ਬਲਾਂ ਦੇ ਸੈਂਕੜੇ ਜਵਾਨ ਤੇ ਅਧਿਕਾਰੀ ਵੀ ਮਾਰੇ ਗਏ ਸਨ, ਪ੍ਰੰਤੂ ਇਹ ਵੀ ਸੱਚ ਹੈ ਕਿ ਪੰਜਾਬ ਪੁਲਸ ਦੇ ਅਨੇਕਾਂ ਅਧਿਕਾਰੀਆਂ-ਕਰਮਚਾਰੀਆਂ ਨੇ ਬੇਸ਼ੁਮਾਰ ਧਨ ਇਕੱਠਾ ਕਰਨ ਤੇ ਪਦ ਉਨਤੀ ਦੀ ਲਾਲਸਾ ਅਧੀਨ ਜਾਂ ਨਿੱਜੀ ਸਵਾਰਥਾਂ ਦੀ ਪੂਰਤੀ ਲਈ ਬਹੁਤ ਸਾਰੇ ਬੇਕਸੂਰ ਤੇ ਅਮਨ ਪਸੰਦ ਲੋਕ ਝੂਠੇ ਪੁਲਸ ਮੁਕਾਬਲਿਆਂ 'ਚ ਮਾਰੇ ਵੀ ਤੇ ਅਨੇਕਾਂ ਹੋਰਨਾਂ 'ਤੇ ਅਣਮਨੁੱਖੀ ਜਬਰ ਵੀ ਢਾਹਿਆ।

ਉਦੋਂ ਦੀ ਕਾਂਗਰਸੀ ਸਰਕਾਰ ਨੇ ਵੱਖਰੇ ਦੇਸ਼ ਦੀ ਮੰਗ ਲਈ 'ਯੁੱਧ ਲੜ ਰਹੇ' ਅੱਤਵਾਦੀਆਂ ਨੂੰ ਦਰਬਾਰ ਸਾਹਿਬ 'ਚੋਂ ਖਦੇੜਨ ਲਈ ਉੱਥੇ 'ਅਪਰੇਸ਼ਨ ਬਲਿਊ ਸਟਾਰ' ਤਹਿਤ ਫੌਜ ਭੇਜੀ। ਉਕਤ ਅਪਰੇਸ਼ਨ ਦੌਰਾਨ ਬੇਗੁਨਾਹਾਂ ਦੇ ਕਾਤਲ, ਵੱਖਵਾਦੀਆਂ ਸਮੇਤ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਪੁੱਜੇ ਸੈਂਕੜੇ ਬੇਗੁਨਾਹ ਲੋਕ ਵੀ ਮਾਰੇ ਗਏ ਸਨ। ਸਾਡੀ ਜਾਚੇ ਇਹ ਕਦਮ ਟਾਲਿਆ ਜਾ ਸਕਦਾ ਸੀ। ਇਸ ਪਿੱਛੋਂ ਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਮਰਹੂਮ ਇੰਦਰਾ ਗਾਂਧੀ ਦਾ ਉਨ੍ਹਾ ਦੇ ਦੋ ਸਿੱਖ ਅੰਗ-ਰੱਖਿਅਕਾਂ ਨੇ ਕਤਲ ਕਰ ਦਿੱਤਾ। ਇਸ ਦੀ ਆੜ 'ਚ ਕੌਮੀ ਰਾਜਧਾਨੀ ਦਿੱਲੀ ਸਮੇਤ ਦੇਸ਼ ਦੇ ਕਈ ਸ਼ਹਿਰਾਂ

(• ਬਾਕੀ ਸਫ਼ਾ 9 'ਤੇ)

# ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਜਪਾ ਦਫ਼ਤਰ ਮੂਹਰੇ ਧਰਨਾ ਪ੍ਰਦਰਸ਼ਨ



ਮਾਨਸਾ (ਆਤਮਾ ਸਿੰਘ ਪਮਾਰ) ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਪੰਜਾਬ 'ਚ ਭਾਜਪਾ ਦੇ ਦਫਤਰਾਂ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਗਿਆ। ਸਾਰੇ ਟੋਲ ਪਲਾਜੇ 12 ਤੋਂ 3 ਵਜੇ ਤੱਕ ਮੁਫ਼ਤ ਕੀਤੇ ਗਏ ਤੇ ਮੋਦੀ ਸਰਕਾਰ ਦੇ ਪੁਤਲੇ ਵੀ ਫੂਕੇ ਗਏ।ਇਸੇ ਕੜੀ ਵਜੋਂ ਐਸ ਕੇ ਐਮ ਨਾਲ ਸਬੰਧਤ ਕਿਸਾਨ-ਮਜ਼ਦੂਰ ਜਥੇਬੰਦੀਆਂ ਵੱਲੋਂ ਮੁੱਖ ਦਫ਼ਤਰ ਭਾਜਪਾ ਜ਼ਿਲ੍ਹਾ ਮਾਨਸਾ ਅੱਗੇ ਰੋਸ ਧਰਨਾ ਪ੍ਰਦਰਸ਼ਨ ਕੀਤਾ ਗਿਆ। ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਜੇਕਰ ਮੋਦੀ ਸਰਕਾਰ ਨੇ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕੀਤਾ ਤਾਂ ਇਹ ਸਾਰੇ ਦੇਸ਼ ਦੇ ਕਿਸਾਨਾਂ ਲਈ ਬਰਬਾਦੀ ਦਾ ਰਾਹ ਪੱਧਰਾ ਕਰਨ ਦੇ ਸਮਾਨ ਹੋਵੇਗਾ। ਅਮਰੀਕਾ ਤੋਂ ਜਿਨਸਾਂ ਦੇ ਭਾਰਤ 'ਚ ਦਾਖਲੇ ਨਾਲ ਭਾਰਤੀ ਜਿਨਸਾਂ ਦੀ ਬੇਕਦਰੀ ਹੋਵੇਗੀ। ਉਨ੍ਹਾਂ ਕਿਹਾ ਕਿ ਜੇਕਰ ਲੋਕਾਂ ਦੇ ਵਿਰੋਧ ਦੇ ਬਾਵਜੂਦ ਮੋਦੀ ਸਰਕਾਰ ਇਹ ਸਮਝੌਤਾ ਕਰਦੀ ਹੈ ਤਾਂ ਉਸ ਤੋਂ ਅਗਲੇ ਦਿਨ ਹੀ ਸਾਰੇ ਭਾਰਤ 'ਚ ਰੇਲ ਰੋਕੋ, ਸੜਕ ਜਾਮ ਅਤੇ ਹੋਰ ਪ੍ਰੋਗਰਾਮ ਸ਼ੁਰੂ ਕਰ ਦਿੱਤੇ ਜਾਣਗੇ।ਇਸੇ ਦੌਰਾਨ ਦਿੱਲੀ ਵਿਖੇ ਜੰਤਰ-ਮੰਤਰ ਤੋਂ ਪਾਰਲੀਮੈਂਟ ਵੱਲ ਮਾਰਚ ਕਰ ਰਹੇ ਵਿਦਿਆਰਥੀਆਂ 'ਤੇ ਬੀਤੇ ਦਿਨੀਂ ਕੀਤੇ ਲਾਠੀਚਾਰਜ ਤੇ ਅੱਥਰੂ ਗੈਸ ਸੁੱਟਣ ਦੇ ਖਿਲਾਫ਼, ਚੰਡੀਗੜ੍ਹ ਯੂਨੀਵਰਸਿਟੀ ਦੇ ਵਿਦਿਆਰਥੀਆਂ 'ਤੇ ਜਬਰ ਦੇ ਖਿਲਾਫ਼ ਅਤੇ 21 ਜੁਲਾਈ ਨੂੰ ਦਿੱਲੀ ਜਾ ਰਹੇ ਕਿਸਾਨਾਂ ਦਾ ਰਸਤਾ ਰੋਕਣ ਦੀ ਮੋਦੀ ਸਰਕਾਰ ਦੀ ਕਾਰਜਸ਼ੈਲੀ ਦੀ ਕੜੀ ਨਿੰਦਾ ਕੀਤੀ ਗਈ।ਉਨ੍ਹਾਂ ਦਿੱਲੀ ਵਿਖੇ ਵਿਦਿਆਰਥੀਆਂ 'ਤੇ ਕੀਤੇ ਜਬਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਹਰ ਸੰਘਰਸ਼ਸ਼ੀਲ ਤਬਕੇ ਨੂੰ ਲਾਠੀ ਤੇ ਗੋਲੀ ਨਾਲ ਦਬਾਉਣਾ ਚਾਹੁੰਦੀ ਹੈ, ਪਰ ਸੰਘਰਸ਼ ਦੀ ਆਵਾਜ਼ ਨੂੰ ਲਾਠੀ ਦੇ ਜ਼ੋਰ ਨਾਲ ਕੁਚਲਿਆ ਨਹੀਂ ਜਾ ਸਕਦਾ। ਬੁਲਾਰਿਆਂ ਵੱਲੋਂ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਦੇ ਜ਼ਰੀਏ ਕਿਸਾਨਾਂ ਦੀ ਜ਼ਮੀਨ ਹੜੱਪਣ ਦੇ ਕਦਮ ਦਾ ਵੀ ਸਖ਼ਤ ਵਿਰੋਧ ਕੀਤਾ।

# ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਮੋਦੀ ਸਰਕਾਰ

## ਵਿਰੋਧੀ ਧਿਰ ਦੀ ਲਾਠੀਚਾਰਜ ਨਾਲ ਦਬਾਈ ਜਾ ਰਹੀ ਆਵਾਜ਼ : ਵਿਜੇ ਇੰਦਰ ਸਿੰਗਲਾ

ਬਠਿੰਡਾ (ਪਰਵਿੰਦਰ ਜੀਤ ਸਿੰਘ) ਦੇਸ਼ ਦੀ ਸਿੱਖਿਆ ਪ੍ਰਣਾਲੀ ਦੇ ਮੁੱਦੇ ਨੂੰ ਲੈ ਕੇ ਸੰਸਦ ਦੇ ਬਾਹਰ ਤੇ ਅੰਦਰ ਵੱਡੇ ਪੱਧਰ 'ਤੇ ਪ੍ਰਦਰਸ਼ਨ ਹੋ ਰਹੇ ਹਨ, ਪਰ ਹੈਰਾਨਗੀ ਦੀ ਗੱਲ ਹੈ ਕਿ ਦੇਸ਼ ਦੀ ਮੋਦੀ ਸਰਕਾਰ ਨੀਟ ਪੇਪਰ ਲੀਕ ਮਾਮਲੇ ਸਮੇਤ ਸਿੱਖਿਆ ਪ੍ਰਣਾਲੀ ਦੀ ਮਾੜੀ ਕਾਰਗੁਜ਼ਾਰੀ ਪ੍ਰਤੀ ਚੁੱਪ ਹੈ।ਕਾਂਗਰਸ ਪ੍ਰਧਾਨ ਮਲਿਕਾ ਅਰਜਨ ਖੜਗੇ ਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਆਗੂ ਰਾਹੁਲ ਗਾਂਧੀ ਤੇ ਪ੍ਰਿਅੰਕਾ ਗਾਂਧੀ ਦੀ ਅਗਵਾਈ ਵਿੱਚ ਕਾਂਗਰਸ ਵੱਲੋਂ ਮੋਦੀ ਸਰਕਾਰ ਖਿਲਾਫ ਇਸ ਮੁੱਦੇ ਨੂੰ ਲੈ ਕੇ ਜ਼ਬਰਦਸਤ ਪ੍ਰਦਰਸ਼ਨ ਕੀਤੇ ਜਾ ਰਹੇ ਹਨ।



ਕਾਂਗਰਸ ਵੱਲੋਂ ਜ਼ਿਲ੍ਹਾ ਪੱਧਰ 'ਤੇ ਸਾਬਕਾ ਮੰਤਰੀਆਂ ਵੱਲੋਂ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਜਿੱਥੇ ਉਨ੍ਹਾਂ ਦੇ ਦੁੱਖ ਸੁਣੇ ਗਏ, ਉੱਥੇ ਹੀ ਮੋਦੀ ਸਰਕਾਰ ਦੀ ਸਿੱਖਿਆ ਪ੍ਰਣਾਲੀ ਤੇ ਸਵਾਲ ਉਠਾਉਂਦੇ ਹੋਏ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫ਼ਾ ਮੰਗਿਆ ਗਿਆ।ਬਠਿੰਡਾ ਪਹੁੰਚੇ ਪੰਜਾਬ ਦੇ ਸਾਬਕਾ ਸਿੱਖਿਆ ਮੰਤਰੀ ਵਿਜੇ ਇੰਦਰ ਸਿੰਗਲਾ ਨੇ ਜਿੱਥੇ ਸੈਂਕੜੇ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਉਹਨਾਂ ਨੂੰ ਕਾਂਗਰਸ ਪਾਰਟੀ ਦੀ ਸਰਕਾਰ ਆਉਣ ਤੇ ਇਸ ਤਰਹਾਂ ਦੀਆਂ ਕੋਝੀਆਂ ਹਰਕਤਾਂ ਨੂੰ ਪੱਕੇ ਤੌਰ 'ਤੇ ਬੰਦ ਕਰਨ ਦਾ ਵਿਸ਼ਵਾਸ ਦਿਵਾਇਆ, ਉੱਥੇ ਹੀ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਮੋਦੀ ਸਰਕਾਰ ਦੀ ਕਾਰਗੁਜ਼ਾਰੀ ਦੇ ਰਾਜ਼ ਖੋਲੇ।

ਵਿਜੇ ਇੰਦਰ ਸਿੰਗਲਾ ਨੇ ਕਿਹਾ ਕਿ ਦੇਸ਼ ਦੇ ਵਿਦਿਆਰਥੀਆਂ ਦੇ ਭਵਿੱਖ ਨਾਲ ਮੋਦੀ ਸਰਕਾਰ ਖਿਲਵਾੜ ਕਰ ਰਹੀ ਹੈ, ਹੈਰਾਨਗੀ ਦੀ ਗੱਲ ਹੈ ਕਿ ਨੀਟ ਪੇਪਰ ਲੀਕ ਮਾਮਲੇ ਨੂੰ 70 ਦਿਨ ਬੀਤ ਚੁੱਕੇ ਹਨ, ਪਰ ਹਾਲੇ ਤੱਕ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸਿੱਖਿਆ ਮੰਤਰੀ ਦਾ ਅਸਤੀਫ਼ਾ ਨਹੀਂ ਲਿਆ ਗਿਆ, ਜਿਸ ਤੋਂ ਮੋਦੀ ਸਰਕਾਰ ਦੀ ਮਾੜੀ ਨੀਤ ਸਾਹਮਣੇ ਆਉਂਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਇਸ ਮੁੱਦੇ ਨੂੰ ਲੈ ਕੇ ਵਿਦਿਆਰਥੀਆਂ ਜਾਂ ਵਿਰੋਧੀ ਧਿਰਾਂ ਵੱਲੋਂ ਆਵਾਜ਼ ਉਠਾਈ ਜਾ ਰਹੀ ਹੈ ਤਾਂ ਉਸ ਨੂੰ ਦਿੱਲੀ ਪੁਲਿਸ ਦੀ ਲਾਠੀ ਚਾਰਜ ਨਾਲ ਦਬਾਇਆ ਜਾ ਰਿਹਾ ਹੈ ਇਥੋਂ ਤੱਕ ਕਿ ਵਿਰੋਧੀ ਧਿਰ ਦੇ ਚੁਣੇ ਹੋਏ ਨੁਮਾਇੰਦਿਆਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਬੀਤੇ ਦਿਨ ਮਲਿਕਾ ਅਰਜੁਨ ਖੜਗੇ, ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਨਾਲ ਪੁਲਸ ਵੱਲੋਂ ਜੋ ਦੁਰਵਿਹਾਰ ਕੀਤਾ ਗਿਆ ਹੈ, ਉਹ ਨਿੰਦਣਯੋਗ ਹੈ ਜਿਸ ਤੋਂ ਸਰਕਾਰ ਦੀ ਮਾੜੀ ਮਨਸ਼ਾ ਸਾਹਮਣੇ ਆਉਂਦੀ ਹੈ। ਉਨ੍ਹਾਂ ਮੰਗ ਕੀਤੀ ਗਈ ਦੇਸ਼ ਦੀ ਸਿੱਖਿਆ ਪ੍ਰਣਾਲੀ ਦੀ ਮਾੜੀ ਕਾਰਗੁਜ਼ਾਰੀ ਲਈ ਜ਼ਿੰਮੇਵਾਰ ਤੇ ਵਿਰੋਧੀ ਧਿਰਾਂ 'ਤੇ ਅੱਤਿਆਚਾਰ ਕਰਨ ਵਾਲੀ ਦਿੱਲੀ ਪੁਲਿਸ ਦੇ ਮਾੜੇ ਰਵੱਈਏ ਲਈ ਮੁੱਖ ਜ਼ਿੰਮੇਵਾਰ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਤੁਰੰਤ ਅਸਤੀਫਾ ਲਿਆ ਜਾਵੇ ਅਤੇ ਪੇਪਰ ਲੀਕ ਮਾਮਲੇ ਤੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।ਵਿਜੇ ਇੰਦਰ ਸਿੰਗਲਾ ਨੇ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ 22 ਵਿਦਿਆਰਥੀਆਂ ਦੀ ਜਾਨ ਵੀ ਜਾ ਚੁੱਕੀ ਹੈ, ਸੈਂਕੜੇ ਵਿਦਿਆਰਥੀ ਜ਼ਖਮੀ ਵੀ ਹੋ ਚੁੱਕੇ ਹਨ।

# ਰਿਟਾ. ਇੰਪਲਾਈਜ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਲਾਠੀਚਾਰਜ ਦੀ ਨਿਖੇਧੀ

ਮਾਨਸਾ (ਆਤਮਾ ਸਿੰਘ ਪਮਾਰ) ਰਿਟਾਇਰਡ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾ, ਸੀਨੀਅਰ ਮੀਤ ਪ੍ਰਧਾਨ ਆਤਮਾ ਸਿੰਘ ਪਮਾਰ, ਸਕੱਤਰ ਅਜੈਬ ਸਿੰਘ ਅਲੀਸ਼ੇਰ ਤੇ ਜੀਤ ਸਿੰਘ ਭੁੱਲਰ ਨੇ ਦਿੱਲੀ ਦੇ ਜੰਤਰ ਮੰਤਰ ਚੌਕ ਵਿਖੇ ਪਿਛਲੇ ਸਮੇਂ ਦੌਰਾਨ ਨੀਟ ਦੇ ਲੀਕ ਹੋਏ ਪੇਪਰ ਤੇ ਕੇਂਦਰੀ ਸਿੱਖਿਆ ਮੰਤਰੀ ਮਹਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਦੇਸ਼ ਦੇ ਨੌਜਵਾਨਾਂ ਵੱਲੋਂ ਕੀਤੇ ਜਾ ਰਹੇ ਸ਼ਾਂਤੀਪੂਰਨ ਰੋਸ ਪ੍ਰਦਰਸ਼ਨ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ 'ਤੇ ਦਿੱਲੀ ਪੁਲਸ ਵੱਲੋਂ ਕੀਤੇ ਗਏ ਅੰਨੇਵਾਹ ਲਾਠੀਚਾਰਜ ਤੇ ਅੱਥਰੂ ਗੈਸ ਦੇ ਗੋਲੇ ਦਾਗਣ ਦੀ ਸਖ਼ਤ ਨਿਖੇਧੀ ਕੀਤੀ ਹੈ। ਆਗੂਆਂ ਨੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਦਿਨ-ਰਾਤ ਮਿਹਨਤ ਕਰਕੇ ਕੀਤੀ ਗਈ ਤਿਆਰੀ ਪੇਪਰ ਲੀਕ ਹੋਣ ਨਾਲ ਇੱਕ ਤਰ੍ਹਾਂ ਨਾਲ ਮਿੱਟੀ ਹੋ ਜਾਂਦੀ ਹੈ, ਜਿਸ ਕਾਰਨ ਮਿਹਨਤੀ ਅਤੇ ਸੁਹਿਰਦ ਵਿਦਿਆਰਥੀ ਨਿਰਾਸ਼ਤਾ ਦੇ ਆਲਮ 'ਚ ਚਲੇ ਜਾਂਦੇ ਹਨ, ਨਤੀਜਨ ਖ਼ੁਦਕੁਸ਼ੀਆਂ ਵਰਗੇ ਰਸਤਿਆਂ ਦੀ ਚੋਣ ਕਰ ਲੈਂਦੇ ਹਨ।ਉਨ੍ਹਾਂ ਕੇਂਦਰੀ ਸਿੱਖਿਆ ਮੰਤਰੀ ਮਹਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਵੀ ਮੰਗ ਕੀਤੀ। ਉੱਧਰ ਦੂਜੇ ਪਾਸੇ ਪੰਜਾਬ ਦੀ ਮਾਨ ਸਰਕਾਰ ਵੱਲੋਂ ਵੱਲੋ ਵੀ ਪਹਿਲਾਂ ਪਟਿਆਲਾ ਵਿਖੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਪੀ ਐਸ ਪੀ ਸੀ ਐਲ ਦੇ ਅਪਰੇਂਟਸਿਪ ਕਰ ਰਹੇ ਕੱਚੇ ਮੁਲਾਜ਼ਮਾਂ ਨੂੰ ਛੱਲੀਆਂ ਵਾਂਗ ਕੁੱਟਿਆ ਤੇ ਹੁਣ ਖੰਨਾ ਵਿਖੇ ਆਪਣੀ ਲੰਮੇ ਸਮੇਂ ਤੋਂ ਰੁਕੀ ਹੋਈ ਤਨਖਾਹ ਅਤੇ ਪੱਕੇ ਕਰਨ ਦੀ ਮੰਗ ਨੂੰ ਲੈਕੇ ਸ਼ਾਂਤਮਈ ਸੰਘਰਸ਼ ਕਰ ਰਹੇ ਮਨਰੇਗਾ ਕਾਮਿਆਂ 'ਤੇ ਅਣਮਨੁੱਖੀ ਤਸ਼ੱਦਦ ਕੀਤਾ ਗਿਆ।ਲਾਠੀਚਾਰਜ ਦੌਰਾਨ ਕਈ ਮੁਲਾਜ਼ਮ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਹਸਪਤਾਲ 'ਚ ਦਾਖਲ ਤੱਕ ਵੀ ਕਰਾਉਣਾ ਪਿਆ।ਗੱਲ ਇੱਥੇ ਹੀ ਖਤਮ ਨਹੀਂ ਹੋਈ, ਸਗੋਂ ਉਨ੍ਹਾਂ ਦੀਆਂ ਸੇਵਾਵਾਂ ਟਰਮੀਨੇਟਰ ਕਰਨ ਦੇ ਹੁਕਮ ਤੱਕ ਵੀ ਜਾਰੀ ਕੀਤੇ ਗਏ। ਆਗੂਆਂ ਨੇ ਕਿਹਾ ਕਿ ਦੋਵੇਂ ਸਰਕਾਰਾਂ ਮੁਲਾਜ਼ਮਾਂ, ਮਜ਼ਦੂਰਾਂ, ਕਿਸਾਨਾਂ ਤੇ ਆਮ ਲੋਕਾਂ ਦੇ ਮੰਗਾਂ ਮਸਲਿਆਂ ਨੂੰ ਦਰਕਿਨਾਰ ਕਰਦਿਆਂ ਕਾਰਪੋਰੇਟ ਘਰਾਨਿਆਂ ਦੀਆਂ ਤਿਜੌਰੀਆਂ ਭਰਨ 'ਤੇ ਲੱਗੀਆਂ ਹੋਈਆਂ ਹਨ।ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਇਨ੍ਹਾਂ ਕਾਰਪੋਰੇਟਾਂ ਦੀਆਂ ਦਲਾਲ ਸਰਕਾਰਾਂ ਖ਼ਿਲਾਫ਼ ਬੇਕਿਰਕ ਤੇ ਸੰਗਠਿਤ ਰੂਪ 'ਚ ਸਾਂਝੇ ਸੰਘਰਸ਼ ਵਿੱਢੇ ਜਾਣ।

# ਹੜ੍ਹਾਂ ਦੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਕੀਤੀ ਜਾਵੇਗੀ ਮੌਕ ਡਰਿੱਲ : ਡਾ. ਹਿਮਾਂਸ਼ੂ ਅਗਰਵਾਲ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐਨ.ਡੀ.ਆਰ.ਐਫ ਨਾਲ ਮਿਲ ਕੇ ਸੰਭਾਵੀ ਹੜ੍ਹਾਂ ਵਰਗੀ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਮੌਕ ਡਰਿੱਲ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸੇ ਵੀ ਸੰਭਾਵੀ ਹੜ੍ਹ ਵਰਗੀ ਸਥਿਤੀ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਕੀਤੀਆਂ ਜਾ ਰਹੀਆਂ ਵਿਆਪਕ ਤਿਆਰੀਆਂ ਦਾ ਮੁੜ ਜਾਇਜ਼ਾ ਲੈ ਰਹੇ ਸਨ। ਉਨ੍ਹਾਂ ਦੱਸਿਆ ਕਿ ਘੱਗਰ ਦਰਿਆ 'ਤੇ ਸਰਾਲਾ ਹੈੱਡ ਤੇ ਭਾਖੜਾ ਨਹਿਰ ਦੇ ਕਿਸੇ ਉਚਿਤ ਸਥਾਨ 'ਤੇ ਮੌਕ ਡਰਿੱਲ ਕੀਤੀ ਜਾਵੇਗੀ, ਤਾਂ ਜੁ ਤਿਆਰੀਆਂ 'ਚ ਜੇਕਰ ਕੋਈ ਕਮੀ ਨਜ਼ਰ ਆਵੇ ਤਾਂ ਉਸ ਨੂੰ ਸਮਾਂ ਰਹਿੰਦੇ ਦੂਰ ਕੀਤਾ ਜਾ ਸਕੇ। ਡਾ. ਹਿਮਾਂਸ਼ੂ ਅਗਰਵਾਲ ਨੇ ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਐਨ.ਡੀ.ਆਰ.ਐਫ ਦੀ 7ਵੀਂ ਬਟਾਲੀਅਨ ਬਠਿੰਡਾ ਦੇ ਸਬ-ਇੰਸਪੈਕਟਰ ਯੇਤਿੰਦਰ ਸਿੰਘ, ਸਮੂਹ ਐਸ.ਡੀ.ਐਮਜ਼, ਪੁਲਸ, ਜ਼ਿਲ੍ਹਾ ਮਾਲ ਅਫ਼ਸਰ ਦਿਵਿਆ ਸਿੰਗਲਾ, ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਅਕਾਸ਼ ਅਗਰਵਾਲ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕੀਤੀ। ਡਿਪਟੀ ਕਮਿਸ਼ਨਰ ਨੇ ਡਰੇਨੇਜ ਵਿਭਾਗ ਨੂੰ ਹਦਾਇਤ ਕੀਤੀ ਕਿ ਨਦੀਆਂ ਦੀਆਂ ਪਛਾਣ ਕੀਤੀਆਂ ਸੰਵੇਦਨਸ਼ੀਲ ਥਾਵਾਂ 'ਤੇ ਆਉਣ ਵਾਲੀ ਜਲਬੂਟੀ ਅਤੇ ਪਾਣੀ ਦੇ ਵਹਾਅ ਵਿੱਚ



ਰੁਕਾਵਟ ਪੈਦਾ ਕਰਨ ਵਾਲੀਆਂ ਹੋਰ ਵਸਤਾਂ ਨੂੰ ਤੁਰੰਤ ਦੂਰ ਕਰਨ ਲਈ ਲੋੜੀਂਦੀ ਮਸ਼ੀਨਰੀ 24 ਘੰਟੇ ਤਾਇਨਾਤ ਰੱਖੀ ਜਾਵੇ।ਉਨ੍ਹਾਂ ਸਾਰੇ ਵਿਭਾਗਾਂ ਨੂੰ ਦੁਹਰਾਇਆ ਕਿ ਜੇਕਰ ਕਿਸੇ ਵਿਭਾਗ ਨੂੰ ਕਿਸੇ ਵੀ ਸਾਜੋ-ਸਮਾਨ ਦੀ ਲੋੜ ਹੈ ਤਾਂ ਉਹ ਤੁਰੰਤ ਮੰਗ ਕਰ ਲਏ, ਪਰ ਹੜ੍ਹਾਂ ਵਰਗੀ ਸਥਿਤੀ ਦੌਰਾਨ ਜੇਕਰ ਕੋਈ ਲੋੜੀਂਦਾ ਸਮਾਨ ਮੌਜੂਦ ਨਾ ਹੋਇਆ ਤਾਂ ਇਸ ਦਾ ਗੰਭੀਰ ਨੋਟਿਸ ਲਿਆ ਜਾਵੇਗਾ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸੰਭਾਵੀ ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਪਹਿਲਾਂ ਤੋਂ ਪਛਾਣ ਕਰਕੇ ਉੱਥੇ ਰਾਹਤ ਤੇ ਬਚਾਅ ਕਾਰਜਾਂ ਲਈ ਲੋੜੀਂਦੀ ਟੀਮਾਂ ਨੂੰ ਤਿਆਰ ਰੱਖਿਆ ਜਾਵੇ।ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਹਦਾਇਤਾਂ ਮੁਤਾਬਕ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ।

# ਖੇਤ ਮਜ਼ਦੂਰ ਜਲੰਧਰ ਰੈਲੀ 'ਚ ਕਰਨਗੇ ਪਰਵਾਰਾਂ ਸਮੇਤ ਸ਼ਮੂਲੀਅਤ : ਨਸਰਾਲੀ

ਬਠਿੰਡਾ (ਪਰਵਿੰਦਰਜੀਤ ਸਿੰਘ) ਟੀਚਰ ਹੋਮ ਵਿਖੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਹੋਈ, ਜਿਸ ਦੀ ਪ੍ਰਧਾਨਗੀ ਮਾਸਟਰ ਸੇਵਕ ਸਿੰਘ ਨੇ ਕੀਤੀ। ਮੀਟਿੰਗ ਵਿੱਚ ਪਹੁੰਚੇ ਜਥੇਬੰਦੀ ਦੇ ਸੂਬਾ ਪ੍ਰਧਾਨ ਜ਼ੋਰਾ ਸਿੰਘ ਨਸਰਾਲੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਵੱਲੋਂ ਮਜ਼ਦੂਰਾਂ ਨੂੰ ਅਣਗੌਲਿਆਂ ਕਰਨ ਵਿਰੁੱਧ ਤਿੱਖਾ ਰੋਸ ਪ੍ਰਗਟ ਕਰਨ ਅਤੇ ਰਹਿੰਦੀਆਂ ਗਰੰਟੀਆਂ ਨੂੰ ਪੂਰਾ ਕਰਾਉਣ ਲਈ ਜਲੰਧਰ ਵਿਖੇ 5 ਅਗਸਤ ਨੂੰ ਰੈਲੀ ਕਰਕੇ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਜ਼ਦੂਰ ਹੱਕੀ ਮੰਗਾਂ ਨੂੰ ਲਾਗੂ ਕਰਾਉਣ ਲਈ ਆਪਣੇ ਤਿੱਖੇ ਰੋਹ ਦਾ ਪ੍ਰਗਟਾਵਾ ਕਰਨਗੇ। ਉਨ੍ਹਾਂ ਕਿਹਾ ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਾ ਕੇ ਮਨਰੇਗਾ ਕਾਨੂੰਨ ਨੂੰ ਲਾਗੂ ਕਰਾਉਣ, ਔਰਤਾਂ ਦੇ ਖਾਤਿਆਂ ਵਿੱਚ ਸਾਢੇ ਚਾਰ ਸਾਲਾਂ ਦੇ ਬਕਾਏ ਪਵਾਉਣ, ਮਜ਼ਦੂਰਾਂ ਸਿਰ ਖੜੇ ਮਾਇਕ੍ਰੋ ਫਾਇਨਾਂਸ ਕੰਪਨੀਆਂ ਦੇ ਕਰਜ਼ਿਆਂ ਸਮੇਤ ਕੁੱਲ ਕਰਜ਼ੇ ਖਤਮ ਕਰਾਉਣ ਤੇ ਮਜ਼ਦੂਰਾਂ ਨੂੰ ਸਸਤੀਆਂ ਦਰਾਂ ਤੇ ਸਰਕਾਰੀ ਬੈਂਕਾਂ ਤੋਂ ਕਰਜ਼ੇ ਦਿਵਾਉਣ, ਪੰਚਾਇਤੀ ਜਮੀਨਾਂ ਵਿੱਚੋਂ ਮਜ਼ਦੂਰਾਂ ਦਾ ਬਣਦਾ ਤੀਜਾ ਹਿੱਸਾ ਉਨਾਂ ਨੂੰ ਠੇਕੇ 'ਤੇ ਦਿਵਾਉਣ, ਮਜ਼ਦੂਰਾਂ ਨੂੰ 10 ਮਰਲੇ ਦੇ ਪਲਾਟ ਦਿਵਾਉਣ ਤੇ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਦਿਵਾਉਣ ਅਤੇ ਵਿਧਵਾ ਬੁਢਾਪਾ ਪੈਨਸ਼ਨ 5000 ਰੁਪਏ ਕਰਾਉਣ ਆਦਿ ਮੰਗਾਂ ਲਈ ਇਹ ਰੈਲੀ ਕੀਤੀ ਜਾ ਰਹੀ ਹੈ। ਸੂਬਾ ਪ੍ਰਧਾਨ ਨੇ ਭਗਵੰਤ ਮਾਨ ਦੀ ਸਰਕਾਰ ਤੇ ਦੋਸ਼ ਲਾਉਂਦਿਆਂ ਕਿਹਾ ਕਿ ਮਜ਼ਦੂਰਾਂ ਨੇ ਆਪਣੀਆਂ ਵੋਟਾਂ ਤੋਂ ਬੁਨਿਆਦੀ ਮੰਗਾਂ ਖਾਤਰ ਲਗਾਤਾਰ ਸੰਘਰਸ਼ ਕੀਤਾ, ਜਿਸ ਸਦਕਾ



ਉਨ੍ਹਾਂ ਨੂੰ ਪੰਜ ਵਾਰ ਮੁੱਖ ਮੰਤਰੀ ਨਾਲ ਮੀਟਿੰਗ ਕਰਾਉਣ ਦੀਆਂ ਚਿੱਠੀਆਂ ਵੀ ਜਾਰੀ ਕੀਤੀਆਂ ਗਈਆਂ, ਪਰ ਮੀਟਿੰਗ ਵਿੱਚ ਇੱਕ ਵਾਰ ਵੀ ਮੁੱਖ ਮੰਤਰੀ ਹਾਜ਼ਰ ਨਹੀਂ ਹੋਏ। ਅਜਿਹਾ ਵਿਹਾਰ ਮਜ਼ਦੂਰ ਵਿਰੋਧੀ ਹੋਣ ਦਾ ਸਬੂਤ ਦਿੰਦਾ ਹੈ। ਉਨ੍ਹਾਂ ਕਿਹਾ ਕਿ ਹੁਣ ਜਦੋਂ ਵੋਟਾਂ ਸਿਰ 'ਤੇ ਆ ਗਈਆਂ ਤਾਂ ਭਗਵੰਤ ਮਾਨ ਦੀ ਸਰਕਾਰ ਵੋਟਾਂ ਵਟੋਰਨ ਖਾਤਰ ਔਰਤਾਂ ਦੇ ਖਾਤਿਆਂ ਵਿੱਚ 1000 ਤੇ 1500 ਰੁਪਏ ਪਾਏ ਜਾ ਰਹੇ ਹਨ। ਮਜ਼ਦੂਰ ਆਗੂ ਮਨਦੀਪ ਸਿੰਘ ਸਿਬੀਆਂ ਤੇ ਤੀਰਥ ਸਿੰਘ ਕੋਠਾਗੁਰੂ ਨੇ ਕਿਹਾ ਕਿ ਰੈਲੀ ਵਿੱਚ ਵਿਧਵਾ ਬੁਢਾਪਾ ਪੈਨਸ਼ਨ 5000 ਕਰਨ ਤੇ ਉਮਰ ਦੀ ਹੱਦ ਔਰਤਾਂ ਦੀ 55 ਸਾਲ ਤੇ ਮਰਦਾਂ ਦੀ 58 ਸਾਲ ਕਰਨ, ਮਜ਼ਦੂਰਾਂ ਸਿਰ ਚੜ੍ਹੇ ਸਾਰੇ ਕਰਜ਼ੇ ਮਾਫ਼ ਕਰਨ, ਸੰਘਰਸ਼ਾਂ ਦੌਰਾਨ ਪਏ ਝੂਠੇ ਕੇਸ ਵਾਪਸ ਲੈਣ ਤੇ ਜਨਤਕ ਵੰਡ ਪ੍ਰਣਾਲੀ ਰਾਹੀਂ ਲੋੜਵੰਦ ਮਜ਼ਦੂਰਾਂ ਨੂੰ ਰਸੋਈ ਦੀਆਂ ਕੁੱਲ ਲੋੜੀਂਦੀਆਂ ਵਸਤਾਂ ਸਸਤੀਆਂ ਸਸਤੀਆਂ ਦੇਣ ਦੀ ਮੰਗ ਵੀ ਉਠਾਈ ਜਾਵੇਗੀ। ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਮੰਗਾਂ ਵੱਲ ਹਾਲੇ ਵੀ ਧਿਆਨ ਨਾ ਦਿੱਤਾ ਤਾਂ 5 ਅਗਸਤ ਦੀ ਰੈਲੀ ਦੀ ਰੈਲੀ ਕਰਨ ਉਪਰੰਤ ਅਗਲੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ। ਉਨ੍ਹਾਂ ਸਰਕਾਰ 'ਤੇ ਦੋਗਲੇਪਣ ਦੀ ਨੀਤੀ -ਤੇ ਚੱਲਣ ਦਾ ਦੋਸ਼ ਲਾਉਂਦੇ ਹੋਏ ਕਿਹਾ ਕਿ ਇੱਕ ਪਾਸੇ ਤਾਂ ਇਸ ਪਾਰਟੀ ਦਾ ਕਨਵੀਨਰ ਅਰਵਿੰਦ ਕੇਜਰੀਵਾਲ ਦਿੱਲੀ ਵਿੱਚ ਵਿਦਿਆਰਥੀਆਂ 'ਤੇ ਕੀਤੇ ਭਾਰਤੀ ਜਨਤਾ ਪਾਰਟੀ ਦੇ ਜਬਰ ਦੀ ਨਿਖੇਧੀ ਕਰਦਾ ਹੈ, ਪਰ ਦੂਜੇ ਪਾਸੇ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਹੱਕ ਮੰਗਦੇ ਮਜ਼ਦੂਰਾਂ ਕਿਸਾਨਾਂ ਅਧਿਆਪਕਾਂ ਮਨਰੇਗਾ ਕਾਮਿਆਂ ਉੱਤੇ ਸ਼ਰੇਆਮ ਲਾਠੀਚਾਰਜ ਕਰਕੇ ਹੱਕੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ।

# ਜ਼ੋਨਲ ਸਕੂਲ ਪੱਧਰੀ ਖੇਡ ਮੁਕਾਬਲਿਆਂ 'ਚ ਖਿਡਾਰੀਆਂ ਨੇ ਦਿਖਾਈ ਪ੍ਰਤਿਭਾ

ਰਾਮਪੁਰਾ ਫੂਲ (ਦਰਸ਼ਨ ਜਿੰਦਲ) ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨਜ ਗਲੋਬਲ ਡਿਸਕਵਰੀ ਸਕੂਲ ਦੇ ਖੇਡ ਮੈਦਾਨ ਵਿੱਚ 70ਵੀਂ ਮੰਡੀ ਕਲਾਂ, ਜ਼ੋਨਲ ਸਕੂਲ ਪੱਧਰੀ ਖੇਡ ਮੁਕਾਬਲਿਆਂ ਦੀ ਬਹੁਤ ਹੀ ਸ਼ਾਨਦਾਰ ਸ਼ੁਰੂਆਤ ਹੋਈ।ਸੈਸ਼ਨ 2026-27 ਦੀਆਂ ਵੱਡੀਆਂ ਖੇਡ ਪ੍ਰਤੀਯੋਗਤਾਵਾਂ ਦੇ ਸਫ਼ਲ ਮੇਜ਼ਬਾਨ ਵਜੋਂ ਆਪਣੀਆਂ ਵਧੀਆ ਖੇਡ ਸਹੂਲਤਾਂ ਤੇ ਬਿਹਤਰੀਨ ਪ੍ਰਬੰਧਾਂ ਨਾਲ ਮਹਿਮਾਨ ਸਕੂਲਾਂ ਦਾ ਨਿੱਘਾ ਸਵਾਗਤ ਕੀਤਾ ਗਿਆ।



ਤਿੰਨ ਰੋਜ਼ਾ ਖੇਡ ਮੇਲੇ ਦੀ ਪੂਰੀ ਕਮਾਨ ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਨੇ ਸੰਭਾਲੀ।ਉਦਘਾਟਨੀ ਸਮਾਰੋਹ ਦੌਰਾਨ ਸਕੂਲ ਦੇ ਸ਼ਾਨਦਾਰ ਸਟੂਡੈਂਟ ਬੈਂਡ ਦੀ ਗੂੰਜ ਤੇ ਤਾੜੀਆਂ ਦੀ ਗੜਗੜਾਹਟ ਨਾਲ ਮੁੱਖ ਮਹਿਮਾਨਾਂ ਅਤੇ ਪ੍ਰਬੰਧਕਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਸਕੂਲ ਕੈਂਪਸ ਨੂੰ ਖੇਡ ਉਤਸਵ ਵਾਂਗ ਸਜਾਇਆ ਗਿਆ, ਜਿਸ ਨੇ ਆਏ ਹੋਏ ਖਿਡਾਰੀਆਂ ਤੇ ਮਹਿਮਾਨਾਂ ਵਿੱਚ ਭਾਰੀ ਉਤਸ਼ਾਹ ਭਰ ਦਿੱਤਾ। ਸਕੂਲ ਦੀ ਇਸ ਵੱਡੀ ਪ੍ਰਾਪਤੀ ਅਤੇ ਆਯੋਜਨ ਦੇ ਗਵਾਹ ਬਣਨ ਲਈ ਸਿੱਖਿਆ ਜਗਤ ਦੀਆਂ ਕਈ ਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਸ਼੍ਰੀਮਤੀ ਮਮਤਾ ਖੁਰਾਨਾ (ਜ਼ਿਲ੍ਹਾ ਸਿੱਖਿਆ ਅਫ਼ਸਰ), ਸ਼੍ਰੀ ਜਸਵਿੰਦਰ ਸਿੰਘ ਗਿੱਲ (ਡੀ.ਐਸ.ਓ.), ਸ਼੍ਰੀ ਚਮਕੌਰ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ), ਸ਼੍ਰੀਮਤੀ ਮਧੂ ਬਾਲਾ (ਜ਼ੋਨਲ ਸਕੱਤਰ), ਸ਼੍ਰੀ ਗੁਰਚਰਨ ਸਿੰਘ (ਜ਼ੋਨਲ ਪ੍ਰਧਾਨ) ਤੇ ਸ਼੍ਰੀ ਰਜਨੀਸ਼ ਬਾਂਸਲ (ਪ੍ਰੈਸ ਸਕੱਤਰ) ਸ਼ਾਮਲ ਸਨ।ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ, ਸਖ਼ਤ ਅਨੁਸ਼ਾਸਨ ਅਤੇ ਸਿਹਤਮੰਦ ਮੁਕਾਬਲੇਬਾਜ਼ੀ ਦਾ ਸੁਨੇਹਾ ਦਿੰਦਿਆਂ ਸਰਵੋਤਮ ਪ੍ਰਦਰਸ਼ਨ ਲਈ ਪ੍ਰੇਰਤ ਕੀਤਾ। ਸਕੂਲ ਦੀ ਮੇਜ਼ਬਾਨੀ ਦੀ ਪਰੰਪਰਾ ਨੂੰ ਨਿਭਾਉਂਦਿਆਂ ਸਕੂਲ ਦੇ ਚੇਅਰਮੈਨ ਇੰਜੀਨੀਅਰ ਕਮਲੇਸ਼ ਸਰਾਫ਼, ਵਾਈਸ ਚੇਅਰਮੈਨ ਸ਼੍ਰੀ ਅਮਿਤ ਸਰਾਫ਼, ਜਨਰਲ ਮੈਨੇਜਰ ਸ਼੍ਰੀ ਕਪਿਲ ਗਰਗ, ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਤੇ ਐਡਮਿਨ ਹੈੱਡ ਮਿਸ ਨੰਦਿਨੀ ਗਰਗ ਨੇ ਸਾਰੇ ਸਨਮਾਨਤ ਮਹਿਮਾਨਾਂ ਦਾ ਫੁੱਲਾਂ ਦੇ ਗੁਲਦਸਤੇ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਨਿੱਘਾ ਸਵਾਗਤ ਕੀਤਾ।ਖੇਡ ਮਹਾਕੁੰਭ ਵਿੱਚ ਵੱਖ-ਵੱਖ ਸਕੂਲਾਂ ਦੇ ਖਿਡਾਰੀ ਆਪਣੀ ਪ੍ਰਤਿਭਾ ਦਿਖਾਉਣ ਪਹੁੰਚੇ, ਜਿੱਥੇ ਬੈਡਮਿੰਟਨ, ਟੇਬਲ ਟੈਨਿਸ, ਸ਼ਤਰੰਜ (ਚੈੱਸ), ਹੈਂਡਬਾਲ ਤੇ ਸਕੇਟਿੰਗ ਦੇ ਖੇਡ ਮੁਕਾਬਲੇ ਕਰਾਏ ਜਾਣਗੇ।

# ਬਾਰ ਐਸੋਸੀਏਸ਼ਨ ਧੂਰੀ ਵੱਲੋਂ ਐਲ ਏ ਡੀ ਸੀ ਸਿਸਟਮ ਦੇ ਵਿਰੋਧ 'ਚ ਹੜਤਾਲ



ਧੂਰੀ (ਮਨੋਹਰ ਸਿੰਘ ਸੱਗੂ) : ਪੰਜਾਬ ਜੁਆਇੰਟ ਐਕਸ਼ਨ ਕਮੇਟੀ ਦੇ ਸੱਦੇ 'ਤੇ ਲੀਗਲ ਏਡ ਡਿਫੈਂਸ ਕੌਂਸਲ (ਐਲ ਏ ਡੀ ਸੀ) ਸਿਸਟਮ ਦੇ ਵਿਰੋਧ ਵਿੱਚ ਚੱਲ ਰਹੇ ਸੂਬਾ ਪੱਧਰੀ ਸੰਘਰਸ਼ ਤਹਿਤ ਬਾਰ ਐਸੋਸੀਏਸ਼ਨ, ਧੂਰੀ ਵੱਲੋਂ ਮੰਗਲਵਾਰ ਨੂੰ ਪ੍ਰਧਾਨ ਅਮਨਦੀਪ ਸਿੰਘ ਚਹਿਲ ਦੀ ਅਗਵਾਈ ਹੇਠ ਭੁੱਖ ਹੜਤਾਲ ਕੀਤੀ ਗਈ। ਭੁੱਖ ਹੜਤਾਲ 'ਤੇ ਐਡਵੋਕੇਟ ਗੁਰਪ੍ਰੀਤ ਸਿੰਘ ਗਿੱਲ, ਐਡਵੋਕੇਟ ਐਸ.ਕੇ. ਸ਼ੋਰੀ, ਐਡਵੋਕੇਟ ਐਸ.ਪੀ. ਭਾਟੀਆ, ਐਡਵੋਕੇਟ ਰਾਜ ਕੁਮਾਰ ਸਿੰਗਲਾ ਅਤੇ ਐਡਵੋਕੇਟ ਸਫਰਰਾਜ ਅਲੀ ਬੈਠੇ। ਇਸ ਮੌਕੇ ਬਾਰ ਐਸੋਸੀਏਸ਼ਨ ਨੇ ਸੂਬਾ ਸਾਂਝੀ ਐਕਸ਼ਨ ਕਮੇਟੀ ਦੇ ਫ਼ੈਸਲਿਆਂ ਨੂੰ ਪੂਰਾ ਸਮਰਥਨ ਦੇਣ ਦਾ ਐਲਾਨ ਕਰਦਿਆਂ ਕਿਹਾ ਕਿ ਜਦੋਂ ਤੱਕ ਇਸ ਮਾਮਲੇ ਦਾ ਤਸੱਲੀਬਖ਼ਸ਼ ਹੱਲ ਨਹੀਂ ਨਿਕਲਦਾ, ਉਦੋਂ ਤੱਕ ਕਮੇਟੀ ਦੇ ਹਰ ਫ਼ੈਸਲੇ ਅਨੁਸਾਰ ਸੰਘਰਸ਼ ਜਾਰੀ ਰਹੇਗਾ। ਬੁਲਾਰਿਆਂ ਨੇ ਕਿਹਾ ਕਿ ਐਲ ਏ ਡੀ ਸੀ ਸਿਸਟਮ ਕਾਨੂੰਨੀ ਸਹਾਇਤਾ ਪ੍ਰਣਾਲੀ ਅਤੇ ਸੁਤੰਤਰ ਵਕਾਲਤ ਦੇ ਢਾਂਚੇ ਨੂੰ ਪ੍ਰਭਾਵਿਤ ਕਰ ਸਕਦਾ ਹੈ। ਇਸ ਮੌਕੇ ਗਾਂਧੀ ਸਿੰਘ, ਸੰਜੀਵ ਚੌਧਰੀ, ਅਸ਼ਵਨੀ ਕੌਸ਼ਲ, ਅਮਨਜੀਤ ਸਿੰਘ, ਕੇ.ਐਸ. ਚਹਿਲ (ਸਾਬਕਾ ਪ੍ਰਧਾਨ), ਐਸ.ਐਸ. ਮੀਮਸਾ, ਬੀ.ਐਸ. ਸੋਹੀ, ਬੀ.ਐਸ. ਸਿੱਧੂ, ਬਲਜਿੰਦਰ ਸਿੰਘ ਹਰੀਕਾ, ਰਮੇਸ਼ ਗੁਪਤਾ, ਨਵਦੀਪ ਸਿੰਘ ਚਾਂਗਲੀ, ਗੁਰਵਿੰਦਰ ਸਿੰਘ ਸਰਾਓ, ਐਚ.ਐਸ. ਟਿਵਾਣਾ, ਅਮਿਤ ਗਰਗ, ਯੋਗੇਸ਼ ਅੱਤਰੀ, ਤੇਜਵਿੰਦਰ ਸਿੰਘ, ਰਮਨਦੀਪ ਸਿੰਘ ਸਿੱਧੂ, ਰਮਨਦੀਪ ਸਿੰਘ, ਮਨਦੀਪ ਸ਼ਰਮਾ, ਗੁਰਦੀਪ ਸਿੰਘ ਧਾਲੀਵਾਲ, ਕੁਲਦੀਪ ਸਿੰਘ ਸੰਧੂ, ਬਗੇਲ ਸਿੰਘ, ਦੀਪਇੰਦਰ ਸਿੰਘ ਅਤੇ ਬਾਰ ਦੇ ਹੋਰ ਮੈਂਬਰ ਵੀ ਹਾਜ਼ਰ ਰਹੇ।

# ਪੇਡਾ ਦੇ ਵਾਈਸ ਚੇਅਰਮੈਨ ਬਣਨ 'ਤੇ ਢਿੱਲਵਾਂ ਟਿੱਲਾ ਬਾਬਾ ਫ਼ਰੀਦ ਵਿਖੇ ਨਤਮਸਤਕ

ਫ਼ਰੀਦਕੋਟ, (ਗੁਰਪ੍ਰੀਤ ਸਿੰਘ ਬੇਦੀ)-ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (ਪੇਡਾ) ਦੇ ਵਾਇਸ ਚੇਅਰਮੈਨ ਵਜੋਂ ਨਿਯੁਕਤ ਹੋਣ ਉਪਰੰਤ ਸੁਖਜੀਤ ਸਿੰਘ ਢਿੱਲਵਾਂ ਟਿੱਲਾ ਬਾਬਾ ਫ਼ਰੀਦ ਵਿਖੇ ਨਤਮਸਤਕ ਹੋਏ।ਉਨ੍ਹਾਂ ਰੂਹਾਨੀ ਅਸਥਾਨ 'ਤੇ ਮੱਥਾ ਟੇਕ ਕੇ ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ ਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ।ਇਸ ਮੌਕੇ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸੁਖਜੀਤ ਸਿੰਘ ਢਿੱਲਵਾਂ ਨੂੰ ਸਨਮਾਨਤ ਕੀਤਾ ਅਤੇ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ।ਉਨ੍ਹਾਂ ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਢਿੱਲਵਾਂ ਦੀ ਯੋਗਤਾ, ਤਜਰਬੇ ਤੇ ਲੋਕ ਸੇਵਾ ਪ੍ਰਤੀ ਵਚਨਬੱਧਤਾ ਦਾ ਲਾਭ ਪੇਡਾ ਨੂੰ ਮਿਲੇਗਾ ਤੇ ਉਹ ਇਸ ਅਹਿਮ ਅਹੁਦੇ ਦੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ, ਇਮਾਨਦਾਰੀ ਤੇ ਸਮਰਪਣ ਨਾਲ ਨਿਭਾਉਣਗੇ। ਢਿੱਲਵਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਨ੍ਹਾਂ 'ਤੇ ਪ੍ਰਗਟਾਏ ਵਿਸ਼ਵਾਸ 'ਤੇ ਉਹ ਪੂਰੀ ਤਰ੍ਹਾਂ ਖਰਾ ਉਤਰਨ ਦਾ ਯਤਨ ਕਰਨਗੇ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਊਰਜਾ ਸੰਭਾਲ, ਨਵਿਆਉਣਯੋਗ ਊਰਜਾ ਸਰੋਤਾਂ ਦੇ ਪ੍ਰਚਾਰ ਅਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਉਹ ਪੂਰੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਕੰਮ ਕਰਨਗੇ।



# ਝਾੜ ਸਾਹਿਬ ਕਾਲਜ ਦਾ ਬੀ.ਏ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ



ਸਮਰਾਲਾ (ਸੁਰਜੀਤ ਸਿੰਘ)- ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਏ. ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਬੀ.ਏ ਸਮੈਸਟਰ ਛੇਵਾਂ ਦੀ ਵਿਦਿਆਰਥਣ ਪ੍ਰਭਜੋਤ ਕੌਰ ਨੇ 79.7% ਅੰਕ ਹਾਸਲ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ, ਇਕਬਾਲ ਕੌਰ ਨੇ 75.5% ਅੰਕ ਹਾਸਿਲ ਕਰਕੇ ਕਾਲਜ ਵਿੱਚੋਂ ਦੂਜਾ ਸਥਾਨ ਅਤੇ ਮਨਦੀਪ ਕੌਰ ਨੇ 75.1% ਅੰਕ ਹਾਸਿਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਵਿਦਿਆਰਥਣਾਂ ਅਤੇ ਆਰਟਸ ਵਿਭਾਗ ਦੇ ਸਟਾਫ ਮੈਂਬਰਾ ਨੂੰ ਵਧਾਈ ਦਿੱਤੀ ਅਤੇ ਸ਼ੁਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ । ਉਨ੍ਹਾਂ ਕਿਹਾ ਕਿ ਕਾਲਜ ਵਿਖੇ 10+1,10+2 (ਮੈਡੀਕਲ,ਨਾਨ-ਮੈਡੀਕਲ, ਕਾਮਰਸ, ਆਰਟਸ), ਬੀ.ਸੀ.ਏ, ਬੀ.ਕਾਮ, ਬੀ.ਐਸ.ਸੀ.ਐਫ.ਡੀ, ਪੀ.ਜੀ.ਡੀ.ਸੀ.ਏ, ਪੀ.ਜੀ.ਡੀ.ਐਫ.ਡੀ, ਐਮ.ਏ (ਪੰਜਾਬੀ), ਐਮ.ਐਸ.ਸੀ (ਆਈ.ਟੀ) ਕੋਰਸ ਸਫਲਤਾ ਪੂਰਵਕ ਚੱਲ ਰਹੇ ਹਨ।

# ਲੌਂਗੋਵਾਲ ਨੂੰ ਪੰਜਾਬ ਦੀਆਂ ਸਰਵੋਤਮ ਨਗਰ ਕੌਂਸਲਾਂ 'ਚ ਸ਼ਾਮਲ ਕਰਨਾ ਸਾਡਾ ਟੀਚਾ : ਅਮਨ ਅਰੋੜਾ

ਲੌਂਗੋਵਾਲ/ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)- ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੀ ਹਾਜ਼ਰੀ ਵਿੱਚ ਮੰਗਲਵਾਰ ਨੂੰ ਨਗਰ ਕੌਂਸਲ ਲੌਂਗੋਵਾਲ ਦੀ ਨਵੀਂ ਟੀਮ ਨੇ ਰਸਮੀ ਤੌਰ 'ਤੇ ਆਪਣਾ ਕਾਰਜਭਾਰ ਸੰਭਾਲਿਆ। ਇਸ ਮੌਕੇ ਸ਼੍ਰੀਮਤੀ ਰਛਪਾਲ ਕੌਰ (ਪਤਨੀ ਸ. ਬਲਵਿੰਦਰ ਸਿੰਘ) ਨੇ ਪ੍ਰਧਾਨ, ਸ. ਕੁਲਦੀਪ ਸਿੰਘ ਬੰਟੀ ਨੇ ਸੀਨੀਅਰ ਮੀਤ ਪ੍ਰਧਾਨ ਅਤੇ ਸ਼੍ਰੀਮਤੀ ਕਰਮਜੀਤ ਕੌਰ (ਪਤਨੀ ਸ. ਗੁਰਜੀਤ ਸਿੰਘ ਕਾਲਾ) ਨੇ ਮੀਤ ਪ੍ਰਧਾਨ ਵਜੋਂ ਅਹੁਦੇ ਦਾ ਕਾਰਜਭਾਰ ਸੰਭਾਲਿਆ। ਕੈਬਨਿਟ ਮੰਤਰੀ ਨੇ ਨਵ-ਨਿਯੁਕਤ ਅਹੁਦੇਦਾਰਾਂ ਅਤੇ ਸਮੂਹ ਕੌਂਸਲਰਾਂ ਨੂੰ ਵਧਾਈ ਦਿੰਦਿਆਂ ਲੋਕ-ਸੇਵਾ ਨੂੰ ਤਰਜੀਹ ਦੇਣ ਦਾ ਸੱਦਾ ਦਿੱਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਉਸ 'ਤੇ ਖਰਾ ਉਤਰਨਾ ਨਵੀਂ ਟੀਮ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਅਤੇ ਪਰਮਾਤਮਾ ਵੱਲੋਂ ਸੇਵਾ ਦਾ ਮਿਲਿਆ ਮੌਕਾ ਹਮੇਸ਼ਾ ਲੋਕ-ਭਲਾਈ ਅਤੇ ਇਮਾਨਦਾਰੀ ਨਾਲ ਨਿਭਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਲੌਂਗੋਵਾਲ ਅਤੇ ਸਮੁੱਚੇ ਹਲਕੇ ਵਿੱਚ ਹੋਏ ਵਿਕਾਸ ਕਾਰਜ ਟੀਮ ਵਰਕ ਅਤੇ ਲੋਕਾਂ ਦੇ ਸਹਿਯੋਗ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਵਿਕਾਸ ਦੀ ਇਹ ਰਫ਼ਤਾਰ ਹੁਣ ਹੋਰ ਤੇਜ਼ ਕੀਤੀ ਜਾਵੇਗੀ ਤਾਂ ਜੋ ਲੌਂਗੋਵਾਲ ਨੂੰ ਵਿਕਾਸ ਪੱਖੋਂ ਇੱਕ ਮਾਡਲ ਸ਼ਹਿਰ ਬਣਾਇਆ ਜਾ ਸਕੇ । ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਦਿਲੀ ਇੱਛਾ ਹੈ ਕਿ ਲੌਂਗੋਵਾਲ ਦੀ ਨਗਰ ਕੌਂਸਲ ਸੁਚੱਜੇ ਪ੍ਰਬੰਧਨ, ਸਾਫ਼-ਸੁਥਰੇ ਪ੍ਰਸ਼ਾਸਨ ਅਤੇ ਲੋਕ-ਕੇਂਦਰਿਤ ਕੰਮਕਾਜ ਕਾਰਨ ਪੰਜਾਬ ਦੀਆਂ ਸਰਵੋਤਮ ਨਗਰ ਕੌਂਸਲਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾਵੇ।



# ਰੋਟਰੀ ਕਲੱਬ ਰੋਇਲ ਵੱਲੋਂ ਤਾਜਪੋਸ਼ੀ ਸਮਾਗਮ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਇਲਾਕੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਰੋਇਲ ਦੇ ਨਵੇਂ ਚੁਣੇ ਗਏ ਅਹੁਦੇਦਾਰਾਂ ਦਾ ਤਾਜਪੋਸ਼ੀ ਸਮਾਗਮ ਕਰਵਾਇਆ ਗਿਆ। ਸਮਾਗਮ 'ਚ ਮੁੱਖ ਮਹਿਮਾਨ ਵਜੋਂ ਰੋਟਰੀ ਇੰਟਰਨੈਸ਼ਨਲ 3090 ਦੇ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਸੀ ਏ ਅਮਿਤ ਸਿੰਗਲਾ ਅਤੇ ਸਾਂਚੀ ਸਿੰਗਲਾ ਨੇ ਸ਼ਿਰਕਤ ਕੀਤੀ, ਜਦੋਂ ਕਿ ਵਿਸ਼ੇਸ਼ ਮਹਿਮਾਨ ਵਜੋਂ ਘਨਸ਼ਾਮ ਕਾਂਸਲ, ਮੈਡਮ ਕੋਮਲ ਕਾਂਸਲ, ਦਵਿੰਦਰਪਾਲ ਸਿੰਘ, ਸੁਮਿਤ ਸਿੰਗਲਾ, ਨਗਰ ਕੌਂਸਲ ਪ੍ਰਧਾਨ ਅੰਮ੍ਰਿਤ ਪਾਲ ਸਿੰਘ , ਸੀਨੀਅਰ ਮੀਤ ਪ੍ਰਧਾਨ ਮੈਡਮ ਪ੍ਰੀਤੀ ਜੈਨ ਨੇ ਹਿੱਸਾ ਲਿਆ ।



ਸਮਾਗਮ ਦੌਰਾਨ ਸੰਸਥਾ ਦੇ ਨਵੇਂ ਚੁਣੇ ਗਏ ਪ੍ਰਧਾਨ ਰੋਟੇਰੀਅਨ ਭਾਰਤ ਭੂਸ਼ਣ ਬਾਂਸਲ , ਸੈਕਟਰੀ ਜੀਵਨ ਸਿੰਗਲਾ , ਕੈਸ਼ੀਅਰ ਯੋਗੇਸ਼ ਗਰਗ ਨੂੰ ਅਹੁਦਿਆਂ ਦੀ ਸਹੁੰ ਚੁਕਾਈ ਗਈ । ਪ੍ਰੋਗਰਾਮ ਦੀ ਸ਼ੁਰੂਆਤ ਰਾਸ਼ਟਰੀ ਗਾਣਾ ਗਾਉਣ ਨਾਲ ਕਰਨ ਉਪਰੰਤ ਮੁੱਖ ਮਹਿਮਾਨ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਸੀ ਏ ਅਮਿਤ ਸਿੰਗਲਾ ਵਲੋਂ ਨਵ ਨਿਯੁਕਤ ਪ੍ਰਧਾਨ ਭਾਰਤ ਭੂਸ਼ਣ ਬਾਂਸਲ ਦੇ ਗੱਲ ਵਿਚ ਰੋਟਰੀ ਕਾਲਰ ਪਹਿਨਾਇਆ ਗਿਆ। ਇਸ ਦੇ ਨਾਲ ਹੀ ਕਲੱਬ ਵਿਚ ਨਵੇਂ ਮੈਂਬਰਾ ਨੂੰ ਰੋਟਰੀ ਪਿੰਨ ਲਗਾਈ ਗਈ । ਸਮਾਗਮ ਨੂੰ ਸੰਬੋਧਨ ਕਰਦਿਆਂ ਅਮਿਤ ਸਿੰਗਲਾ ਨੇ ਕਿਹਾ ਕਿ ਵਿਸ਼ਵ ਭਰ ਵਿਚ ਰੋਟਰੀ ਦੀ ਸਮਾਜ ਸੇਵਾ ਦੇ ਕੰਮਾਂ ਵਿਚ ਆਪਣੀ ਵੱਖਰੀ ਪਹਿਚਾਣ ਹੈ। ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਰਾਕੇਸ਼ ਗਰਗ, ਨਰੈਣ ਗਰਗ , ਹਰਮੇਸ਼ ਗਰਗ, ਰਾਕੇਸ਼ ਸਿੰਗਲਾ ਗੁਰੂਕੁਲ ਸਕੂਲ, ਮੈਡਮ ਹਰਮਨਦੀਪ ਕੌਰ ਹਰੀਕਾ , ਅਸ਼ੋਕ ਗਰਗ, ਕੁਨਾਲ ਗੋਇਲ, ਅਰੁਣ ਸਿੰਗਲਾ , ਕਪਿਲ ਕੌਸ਼ਲ ਮਲਿਕ, ਮਿੰਕਲ ਗਰਗ , ਸੰਦੀਪ ਗੁਪਤਾ, ਵਿਸ਼ਾਲ ਗੋਇਲ, ਸੁਨੀਲ ਮਿੱਤਲ, ਡਾਕਟਰ ਅਸ਼ੋਕ ਦੇਵ, ਡਾਕਟਰ ਮੋਹਨ ਲਾਲ ਸਿੰਗਲਾ, ਬ੍ਰਿਜ ਲਾਲ ਸਿੰਗਲਾ, ਰਾਕੇਸ਼ ਗੋਇਲ, ਹੈਪੀ ਸਿੰਗਲਾ, ਰਾਕੇਸ਼ ਸਿੰਗਲਾ ਸੋਨੀ, ਰਾਜਿੰਦਰ ਬੰਸਲ, ਗੋਬਿੰਦ ਸਿੰਘ ਵਿਰਦੀ , ਅਮਿਤ ਗਰਗ ਆਦਿ ਮੈਂਬਰ ਹਾਜ਼ਰ ਸਨ।

# ਆਵਲਾ ਦੇ ਜਨਮ ਦਿਨ 'ਤੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ




ਜਲਾਲਾਬਾਦ (ਬਲਵਿੰਦਰ ਸਿੰਘ)- ਜਲਾਲਾਬਾਦ ਦੇ ਸਾਬਕਾ ਵਿਧਾਇਕ ਅਤੇ ਸੀਨੀਅਰ ਕਾਂਗਰਸੀ ਆਗੂ ਰਮਿੰਦਰ ਸਿੰਘ ਆਵਲਾ ਦੇ ਜਨਮ ਦਿਨ ਨੂੰ ਮਨਾਉਣ ਲਈ ਜਲਾਲਾਬਾਦ ਵਿੱਚ ਕਾਂਗਰਸੀ ਵਰਕਰਾਂ ਵੱਲੋਂ ਇੱਕ ਵਿਸ਼ਾਲ ਸਵੈ-ਇੱਛਤ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਨੌਜਵਾਨਾਂ, ਔਰਤਾਂ, ਸਮਾਜਿਕ ਸੰਗਠਨਾਂ ਦੇ ਨੁਮਾਇੰਦਿਆਂ ਅਤੇ ਕਾਂਗਰਸੀ ਵਰਕਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਮਨੁੱਖੀ ਸੇਵਾ ਦਾ ਸੰਦੇਸ਼ ਫੈਲਾਉਂਦੇ ਹੋਏ ਖ਼ੂਨਦਾਨ ਕੀਤਾ। ਕੈਂਪ ਦਾ ਉਦਘਾਟਨ ਖੁਦ ਆਵਲਾ ਵੱਲੋਂ ਕੀਤਾ ਗਿਆ। ਖ਼ੂਨਦਾਨੀਆਂ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ ਅਤੇ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਆਵਲਾ ਨੇ ਕਿਹਾ ਕਿ ਕਿਸੇ ਵਿਅਕਤੀ ਦੇ ਜਨਮ ਦਿਨ ਨੂੰ ਤਾਂ ਹੀ ਸਾਰਥਕ ਮੰਨਿਆ ਜਾ ਸਕਦਾ ਹੈ ਜੇਕਰ ਉਸ ਦਿਨ ਸਮਾਜ ਅਤੇ ਲੋੜਵੰਦਾਂ ਲਈ ਕੁਝ ਸਕਾਰਾਤਮਕ ਕੰਮ ਕੀਤਾ ਜਾਵੇ।

# ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਵੱਲੋਂ ਕਿਸਾਨਾਂ ਤੇ ਵਿਦਿਆਰਥੀਆਂ 'ਤੇ ਲਾਠੀਚਾਰਜ ਦੀ ਸਖ਼ਤ ਨਿੰਦਾ



ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਭਾਰਤ ਦੀ ਇਕ ਅਹਿਮ ਜ਼ੂਮ ਮੀਟਿੰਗ ਦੌਰਾਨ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਅਤੇ ਵਿਦਿਆਰਥੀਆਂ ਦੇ ਸ਼ਾਂਤਮਈ ਪ੍ਰਦਰਸ਼ਨਾਂ ਉੱਤੇ ਕੀਤੇ ਜਾ ਰਹੇ ਪੁਲਿਸੀ ਦਮਨ, ਲਾਠੀਚਾਰਜ ਅਤੇ ਗ੍ਰਿਫ਼ਤਾਰੀਆਂ ਦੀ ਤਿੱਖੀ ਆਲੋਚਨਾ ਕੀਤੀ ਗਈ। ਮੋਰਚੇ ਦੇ ਆਗੂਆਂ ਨੇ ਸਰਕਾਰ ਦੀ ਇਸ ਧੱਕੇਸ਼ਾਹੀ ਨੂੰ ਲੋਕਤੰਤਰ 'ਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਹੱਕੀ ਮੰਗਾਂ ਮੰਨਣ ਦੀ ਪੁਰਜ਼ੋਰ ਮੰਗ ਕੀਤੀ ਹੈ। ਜ਼ੂਮ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਆਖਿਆ ਕਿ ਭਾਰਤ ਵਰਗੇ ਲੋਕਤੰਤਰੀ ਦੇਸ਼ ਵਿੱਚ ਹਰੇਕ ਨਾਗਰਿਕ ਨੂੰ ਸ਼ਾਂਤਮਈ ਢੰਗ ਨਾਲ ਆਪਣੀ ਆਵਾਜ਼ ਉਠਾਉਣ ਅਤੇ ਇਨਸਾਫ਼ ਮੰਗਣ ਦਾ ਸੰਵਿਧਾਨਕ ਅਧਿਕਾਰ ਹੈ। ਪ੍ਰੰਤੂ, ਮੌਜੂਦਾ ਕੇਂਦਰ ਸਰਕਾਰ ਪੁਲਿਸ ਪ੍ਰਸ਼ਾਸਨ ਦੀ ਦੁਰਵਰਤੋਂ ਕਰਕੇ ਲੋਕਤੰਤਰੀ ਅਧਿਕਾਰਾਂ ਨੂੰ ਕੁਚਲਣ ਅਤੇ ਸੰਘਰਸ਼ੀ ਲੋਕਾਂ ਨੂੰ ਡਰਾਉਣ-ਧਮਕਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਜੰਤਰ-ਮੰਤਰ ਵਿਖੇ ਪੇਪਰ ਲੀਕ ਮਾਮਲੇ ਵਿੱਚ ਇਨਸਾਫ਼ ਦੀ ਮੰਗ ਕਰ ਰਹੇ ਵਿਦਿਆਰਥੀਆਂ ਉੱਤੇ ਹੋਏ ਲਾਠੀਚਾਰਜ ਅਤੇ ਅੱਥਰੂ ਗੈਸ ਦੇ ਗੋਲੇ ਛੱਡਣ ਦੀ ਘਟਨਾ ਦੀ ਪੁਰਜ਼ੋਰ ਨਿਖੇਧੀ ਕੀਤੀ। ਇਸ ਮੀਟਿੰਗ ਵਿਚ ਇੰਦਰਜੀਤ ਸਿੰਘ ਕੋਟਬੁੱਢਾ, ਸੁਖਜੀਤ ਸਿੰਘ ਹਰਦੋਝੰਡੇ, ਗੁਰਿੰਦਰ ਸਿੰਘ ਭੰਗੂ, ਮੰਗਲ ਸਿੰਘ ਸੰਧੂ, ਬਚਿੱਤਰ ਸਿੰਘ ਕੋਠੜਾ, ਲਖਵਿੰਦਰ ਸਿੰਘ ਔਲਖ, ਗੁਰਸੇਵਕ ਸਿੰਘ ਧਾਲੀਵਾਲ, ਬੀਬੀ ਪਰਮਜੀਤ ਕੌਰ ਮਾਨਸਾ ਅਤੇ ਜਸਵੀਰ ਸਿੰਘ ਝਾਮਕਾ ਸਮੇਤ ਹੋਰ ਮੁੱਖ ਆਗੂ ਸ਼ਾਮਲ ਸਨ

# ਸੰਤ ਬਾਬਾ ਅਤਰ ਸਿੰਘ ਚੀਮਾ ਸਾਹਿਬ ਵਿਖੇ ਨਵੀਨੀਕਰਨ ਸੇਵਾ ਆਰੰਭ



ਚੀਮਾ ਮੰਡੀ (ਰਵਿੰਦਰ ਚੀਮਾ)-ਸ੍ਰੀਮਾਨ ਸੰਤ ਬਾਬਾ ਅਤਰ ਸਿੰਘ ਮਹਾਰਾਜ ਚੀਮਾ ਸਾਹਿਬ ਮਹਾਨ ਪਰਉਪਕਾਰੀ, ਰਾਜਯੋਗੀ ਅਤੇ ਪੂਰਨ ਬ੍ਰਹਮਚਾਰੀ ਸੰਤ ਸਨ। ਮਹਾਰਾਜਾ ਰਣਜੀਤ ਸਿੰਘ ਦੇ ਰਾਜ ਤੋਂ ਬਾਅਦ ਜਦੋਂ ਸਿੱਖ ਕੌਮ ਕਈ ਮੁਸ਼ਕਲਾਂ ਵਿੱਚ ਘਿਰੀ ਹੋਈ ਸੀ, ਉਸ ਸਮੇਂ ਸੰਤ ਬਾਬਾ ਅਤਰ ਸਿੰਘ ਨੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਚਰਨਾਂ ਵਿੱਚ ਅਰਦਾਸ ਕਰਕੇ ਆਪਣਾ ਸਮੂਹ ਜੀਵਨ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਕਰ ਦਿੱਤਾ। ਸੰਤ ਬਾਬਾ ਅਤਰ ਸਿੰਘ ਦਾ ਜਨਮ 17 ਮਾਰਚ 1866 ਨੂੰ ਮਾਤਾ ਭੋਲ ਕੌਰ ਦੀ ਕੁੱਖੋਂ ਪਿਤਾ ਸਰਦਾਰ ਕਰਮ ਸਿੰਘ ਦੇ ਘਰ ਪਿੰਡ ਚੀਮਾ (ਜ਼ਿਲ੍ਹਾ ਸੰਗਰੂਰ) ਵਿੱਚ ਹੋਇਆ। ਸੰਤ ਜੀ ਨੇ ਆਪਣੇ ਜੀਵਨ ਕਾਲ ਦੌਰਾਨ ਲਗਭਗ 14 ਲੱਖ ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਘਰ ਨਾਲ ਜੋੜਿਆ। ਉਨ੍ਹਾਂ ਦੀ ਪ੍ਰੇਰਨਾ ਨਾਲ ਅਨੇਕਾਂ ਸਕੂਲ, ਕਾਲਜ ਅਤੇ ਵਿਦਿਅਕ ਸੰਸਥਾਵਾਂ ਦੀ ਸਥਾਪਨਾ ਹੋਈ। 1911 ਵਿੱਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਉਨ੍ਹਾਂ ਨੂੰ 'ਸੰਤ' ਦੀ ਪਦਵੀ ਨਾਲ ਸਨਮਾਨਿਤ ਕੀਤਾ ਗਿਆ। ਉਹ 1 ਫਰਵਰੀ 1927 ਨੂੰ ਜੋਤੀ ਜੋਤ ਸਮਾ ਗਏ। ਸੰਤ ਬਾਬਾ ਅਤਰ ਸਿੰਘ ਦੇ ਜਨਮ ਅਸਥਾਨ ਚੀਮਾ ਸਾਹਿਬ ਵਿਖੇ ਸ਼ਾਨਦਾਰ ਜਨਮ ਅਸਥਾਨ ਸਾਹਿਬ ਸ਼ਸ਼ੋਭਿਤ ਹੈ। ਲਗਭਗ 70 ਸਾਲ ਪੁਰਾਣੀ ਇਮਾਰਤ ਦੇ ਪਿਛਲੇ ਹਿੱਸੇ ਨੂੰ ਬਰਸਾਤ ਕਾਰਨ ਹੋਏ ਨੁਕਸਾਨ ਨੂੰ ਦੇਖਦਿਆਂ ਇਸ ਦੇ ਨਵੀਨੀਕਰਨ ਦੀ ਸੇਵਾ 16 ਮਈ 2026 ਤੋਂ ਸ਼ੁਰੂ ਕੀਤੀ ਗਈ ਹੈ ਜੋ ਨਿਰੰਤਰ ਜਾਰੀ ਹੈ।

# ਲਾਇਨਜ ਕਲੱਬ ਰੋਇਲ ਵੱਲੋਂ ਪਿੰਗਲਵਾੜਾ ਆਸ਼ਰਮ ਦੇ ਬਜ਼ੁਰਗਾਂ ਲਈ ਰਾਸ਼ਨ ਸਮਗਰੀ ਭੇਟ




ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸ਼ਹਿਰ ਦੀ ਸਮਾਜ ਸੇਵੀ ਸੰਸਥਾ ਲਾਈਨਜ਼ ਕਲੱਬ ਪਾਤੜਾ ਰੋਇਲ ਦੇ ਮੈਂਬਰਾਂ ਵੱਲੋਂ ਪਿੰਗਲਵਾੜਾ ਆਸ਼ਰਮ ਸਮਾਣਾ ਵਿਖੇ ਰਹਿ ਰਹੇ ਬੇਸਹਾਰਾ ਵਿਅਕਤੀਆਂ ਲਈ ਰਾਸ਼ਨ ਸਮੱਗਰੀ ਭੇਟ ਕੀਤੀ ਗਈ। ਕਲੱਬ ਦੇ ਪ੍ਰਧਾਨ ਜਸਪਾਲ ਸਿੰਗਲਾ ਨੇ ਦੱਸਿਆ ਕਿ ਲਾਈਨਜ ਕਲੱਬ ਰੋਈਲ ਵੱਲੋਂ ਪਿੰਗਲਵਾੜਾ ਆਸ਼ਰਮ ਰਹਿ ਰਹੇ ਬਜ਼ੁਰਗਾਂ ਦੀ ਸੇਵਾ ਲਈ ਰਾਸ਼ਨ ਸਮੱਗਰੀ ਜਿਵੇਂ ਕਿ ਆਟਾ, ਰਿਫਾਈਂਡ ਸਰੋਂ ਦਾ ਤੇਲ, ਦਾਲਾਂ, ਛੋਲੇ, ਦਲੀਆ ਅਤੇ ਚੀਨੀ ਆਦਿ ਦਿੱਤੀ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਸ਼ੀਅਰ ਅਮਿਤ ਗੋਇਲ, ਮਨੀਸ਼ ਗਰਗ, ਦੀਵਾਨ ਚੰਦ ਜਿੰਦਲ, ਜਤਿੰਦਰ ਪਾਲ ਬਿੱਟੂ, ਮੈਨੀ ਸ਼ੈਂਕੀ ਗਰਗ, ਗਿਆਨ ਚੰਦ ਸਿੰਗਲਾ ਰਾਜ ਸ਼ਰਮਾ, ਡਿਪੀ, ਵਰੁਣ ਸਿੰਗਲਾ, ਡਾ ਸੰਦੀਪ ਸ਼ਰਮਾ, ਵਿਕਾਸ ਗੋਇਲ ਵਿਕੀ, ਬਿਕਰਮਜੀਤ ਗਿੱਲ, ਅਸ਼ਵਨੀ ਸਾਜਨ ਮੈਂਬਰ ਆਦਿ ਹਾਜ਼ਰ ਸਨ

# ਡੀ ਸੀ ਵੱਲੋਂ ਸੇਵਾ ਕੇਂਦਰ ਤੇ ਸਬ-ਰਜਿਸਟਰਾਰ ਦਫ਼ਤਰ ਦਾ ਅਚਨਚੇਤ ਨਿਰੀਖਣ

ਪਟਿਆਲਾ : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਮੰਗਲਵਾਰ ਨੂੰ ਸੇਵਾ ਕੇਂਦਰ ਅਤੇ ਪਟਿਆਲਾ ਦੇ ਸਬ ਰਜਿਸਟਰਾਰ ਦਫ਼ਤਰ ਦਾ ਅਚਨਚੇਤ ਨਿਰੀਖਣ ਕੀਤਾ। ਉਨ੍ਹਾਂ ਨੇ ਰਜਿਸਟਰੀਆਂ ਤੇ ਹੋਰ ਵੱਖ-ਵੱਖ ਕੰਮ ਕਰਵਾਉਣ ਆਏ ਆਮ ਲੋਕਾਂ ਨਾਲ ਗੱਲਬਾਤ ਕਰਕੇ ਸਰਕਾਰੀ ਸੇਵਾਵਾਂ ਬਾਬਤ ਫੀਡਬੈਕ ਪ੍ਰਾਪਤ ਕੀਤੀ। ਉਨ੍ਹਾਂ ਨੇ ਇੱਥੇ ਲੋਕਾਂ ਦੇ ਬੈਠਣ, ਪੀਣ ਵਾਲੇ ਪਾਣੀ ਤੇ ਹੋਰ ਸਹੂਲਤਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਨੇ ਇਸ ਮੌਕੇ ਮੁਲਾਜ਼ਮਾਂ ਨੂੰ ਚਿਤਾਵਨੀ ਵੀ ਦਿੱਤੀ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਅਸੁਵਿਧਾ ਨਾ ਆਉਣ ਦਿੱਤੀ ਜਾਵੇ।ਡਾ. ਹਿਮਾਂਸ਼ੂ ਅਗਰਵਾਲ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੇ ਫਲੈਗਸ਼ਿਪ ਪ੍ਰੋਗਰਾਮ ਈਜ਼ੀ ਰਜਿਸਟਰੀ ਦਾ ਜਾਇਜ਼ਾ ਲੈਂਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਲੋਕ ਸਬ ਰਜਿਸਟਰਾਰ ਦਫ਼ਤਰਾਂ ਵਿਖੇ ਹੀ ਰਜਿਸਟਰੀਆਂ ਲਿਖਣ ਲਈ ਹੈਲਪ ਡੈਸਕ 'ਤੇ ਤਾਇਨਾਤ ਕਰਮਚਾਰੀਆਂ ਤੋਂ ਕੇਵਲ 550 ਰੁਪਏ ਸਰਕਾਰੀ ਫੀਸ ਵਿੱਚ ਆਪਣੀਆਂ ਰਜਿਸਟਰੀਆਂ ਲਿਖਵਾਉਣ।



# ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰਤੀ ਲੋਕਾਂ ਦਾ ਵੱਡਾ ਝੁਕਾਅ : ਅਵਤਾਰ ਸਿੰਘ ਰਾਏਸਰ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਲਕਾ ਮਹਿਲ ਕਲਾਂ 'ਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਪਿੰਡ ਪੱਧਰ 'ਤੇ ਲਗਾਤਾਰ ਮੀਟਿੰਗਾਂ ਅਤੇ ਇਕਾਈਆਂ ਦੇ ਗਠਨ ਦਾ ਸਿਲਸਿਲਾ ਜਾਰੀ ਹੈ। ਇਸੇ ਤਹਿਤ ਜਥੇਦਾਰ ਗੁਰਮੀਤ ਸਿੰਘ ਮਾਹਮਦਪੁਰ, ਭਾਈ ਅਵਤਾਰ ਸਿੰਘ ਰਾਏਸਰ ਅਤੇ ਮੇਜਰ ਸਿੰਘ ਮਹਿਲ ਖੁਰਦ ਦੀ ਅਗਵਾਈ ਹੇਠ ਪਿੰਡ ਕ੍ਰਿਪਾਲ ਸਿੰਘ ਵਾਲਾ, ਕਲਾਲ ਮਾਜਰਾ ਅਤੇ ਗੰਗੋਹਰ ਵਿਖੇ ਭਰਵੀਆਂ ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ, ਮਹਿਲਾਵਾਂ ਅਤੇ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ।ਮੀਟਿੰਗਾਂ ਦੌਰਾਨ ਪਿੰਡ ਇਕਾਈਆਂ ਦਾ ਗਠਨ ਕੀਤਾ ਗਿਆ। ਇਸ ਮੌਕੇ ਪਿੰਡ ਕ੍ਰਿਪਾਲ ਸਿੰਘ ਵਾਲਾ ਤੋਂ ਬੀਬੀ ਹਰਵਿੰਦਰ ਕੌਰ ਨੂੰ ਪਿੰਡ ਇਕਾਈ ਦਾ ਪ੍ਰਧਾਨ ਅਤੇ ਪਿੰਡ ਗੰਗੋਹਰ ਤੋਂ ਅਮਨਦੀਪ ਸਿੰਘ ਨੂੰ ਪ੍ਰਧਾਨ ਚੁਣਿਆ ਗਿਆ। ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਪਾਰਟੀ ਆਗੂਆਂ ਵੱਲੋਂ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦੀ ਅਪੀਲ ਕੀਤੀ ਗਈ।ਇਸ ਮੌਕੇ ਭਾਈ ਰਾਏਸਰ ਨੇ ਕਿਹਾ ਕਿ ਹਲਕਾ ਮਹਿਲ ਕਲਾਂ ਦੇ ਹਰ ਵਰਗ ਦੇ ਲੋਕਾਂ 'ਚ ਪਾਰਟੀ ਪ੍ਰਤੀ ਦਿਨੋਂ-ਦਿਨ ਭਰੋਸਾ ਅਤੇ ਉਤਸ਼ਾਹ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਲੋਕਾਂ ਦੀ ਆਵਾਜ਼ ਬਣ ਕੇ ਪੰਜਾਬ ਦੇ ਹੱਕਾਂ, ਨੌਜਵਾਨਾਂ ਦੇ ਭਵਿੱਖ, ਕਿਸਾਨਾਂ ਅਤੇ ਆਮ ਲੋਕਾਂ ਦੇ ਮੁੱਦਿਆਂ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ ਜਿਸ ਕਾਰਨ ਲੋਕ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ । ਜਥੇ: ਗੁਰਮੀਤ ਸਿੰਘ ਮਾਹਮਦਪੁਰ ਨੇ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਰਕਰ ਪੂਰੀ ਮਿਹਨਤ ਨਾਲ ਕੰਮ ਕਰ ਰਹੇ ਹਨ। ਇਸ ਮੌਕੇ ਕੁਲਦੀਪ ਸਿੰਘ ਰਾਏਸਰ, ਬਿੰਦਰ ਸਿੰਘ ਪੰਜਗਰਾਈਆਂ, ਇੰਦਰਜੀਤ ਸਿੰਘ ਗੰਡੇਵਾਲ, ਮਹਿਲ ਕਲਾਂ ਇਕਾਈ ਦੇ ਪ੍ਰਧਾਨ ਭਾਈ ਸਤਨਾਮ ਸਿੰਘ, ਪ੍ਰੈੱਸ ਸਕੱਤਰ ਹਰਪ੍ਰੀਤ ਸਿੰਘ ਸਹੋਤਾ ਆਦਿ ਹਾਜ਼ਰ ਸਨ



# ਬੀ ਕੇ ਯੂ ਉਗਰਾਹਾਂ ਨੇ ਫੂਕੀ ਕੇਂਦਰ ਸਰਕਾਰ ਦੀ ਅਰਥੀ




ਤਲਵੰਡੀ ਸਾਬੋ ( ਜਗਦੀਪ ਗਿੱਲ) - ਦਿੱਲੀ 'ਚ ਵਿਦਿਆਰਥੀਆਂ ਤੇ ਨੌਜਵਾਨਾਂ 'ਤੇ ਜਬਰ ਤਸ਼ੱਦਦ ਢਾਉਣ ਵਿਰੁੱਧ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕੇਂਦਰ ਦੀ ਮੋਦੀ ਸਰਕਾਰ ਦੀਆਂ ਅਰਥੀਆਂ ਸਾੜਨ ਦੇ ਦਿੱਤੇ ਸੱਦੇ ਤਹਿਤ ਮੰਗਲਵਾਰ ਨੂੰ ਜ਼ਿਲਾ ਬਠਿੰਡਾ ਦੇ ਤਲਵੰਡੀ ਸਾਬੋ ਵਿਖੇ ਕੇਂਦਰ ਸਰਕਾਰ ਦੀ ਅਰਥੀ ਸਾੜੀ ਗਈ। ਜ਼ਿਲ੍ਹਾ ਬਠਿੰਡਾ ਦੇ ਆਗੂ ਜਗਦੇਵ ਸਿੰਘ ਜੋਗੇਵਾਲਾ ਤੇ ਬਲਾਕ ਜਨਰਲ ਸਕੱਤਰ ਕਾਲਾ ਚੱਠੇਵਾਲਾ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਰਾਜਾਂ ਦੀਆਂ ਵੱਖ-ਵੱਖ ਸਰਕਾਰਾਂ ਵੱਲੋਂ ਲੋਕਾਂ 'ਤੇ ਜਬਰ ਢਾਹ ਕੇ ਉਹਨਾਂ ਦੀ ਹੱਕ ਸੱਚ ਦੀ ਆਵਾਜ਼ ਨੂੰ ਦਬਾਉਣ ਦੀ ਕੀਤੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਜਾਇਜ਼ ਮੰਗਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ। ਦਿੱਲੀ 'ਚ ਵਿਦਿਆਰਥੀਆਂ ਤੇ ਨੌਜਵਾਨਾਂ ਦਾ ਪ੍ਰਗਟ ਹੋਇਆ ਜ਼ੋਰਦਾਰ ਰੋਹ ਨੌਜਵਾਨਾਂ ਅੰਦਰ ਜਮਾ ਹੋ ਚੁੱਕੇ ਰੋਸ ਤੇ ਬੇਚੈਨੀ ਦਾ ਸਿੱਧਾ ਇਜ਼ਹਾਰ ਹੈ। ਬੁਲਾਰਿਆਂ ਵੱਲੋਂ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ 'ਤੇ ਕੀਤੇ ਜਬਰ ਅਤੇ ਪੰਜਾਬ ਸਰਕਾਰ ਵੱਲੋਂ ਮਨਰੇਗਾ ਕਰਮਚਾਰੀਆਂ 'ਤੇ ਕੀਤੇ ਜਬਰ ਦੀ ਵੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।

# ਬਾਰਿਸ਼ ਨਾਲ ਗਰਮੀ ਤੋਂ ਰਾਹਤ, ਕਿਸਾਨਾਂ ਦੇ ਚਿਹਰੇ ਖਿੜੇ



ਬਰੇਟਾ (ਗੀਤਵਾਲ)-ਪਿਛਲੇ ਕਈ ਦਿਨਾਂ ਤੋਂ ਪੈ ਰਹੀ ਤੇਜ਼ ਗਰਮੀ ਅਤੇ ਹੁੰਮਸ ਨੇ ਲੋਕਾਂ ਦਾ ਜਿਊਣਾ ਮੁਹਾਲ ਕੀਤਾ ਹੋਇਆ ਸੀ, ਪਰ ਬੀਤੀ ਸ਼ਾਮ ਅਚਾਨਕ ਹੋਈ ਬਾਰਿਸ਼ ਨੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਕਾਲੀਆਂ ਘਟਾਵਾਂ ਦੇ ਛਾਉਣ ਮਗਰੋਂ ਸ਼ੁਰੂ ਹੋਈ ਬਾਰਿਸ਼ ਕਾਫੀ ਦੇਰ ਤੱਕ ਜਾਰੀ ਰਹੀ, ਜਿਸ ਨਾਲ ਤਾਪਮਾਨ ਵਿੱਚ ਕਾਫੀ ਗਿਰਾਵਟ ਦਰਜ ਕੀਤੀ ਗਈ। ਇਸ ਬਾਰਿਸ਼ ਨੂੰ ਖੇਤਾਂ ਵਿੱਚ ਖੜ੍ਹੀ ਫਸਲ ਲਈ ਵਰਦਾਨ ਦੱਸਿਆ ਜਾ ਰਿਹਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਇਸ ਸਮੇਂ ਹੋਈ ਬਾਰਿਸ਼ ਨਾਲ ਝੋਨੇ ਦੀ ਫਸਲ ਨੂੰ ਖਾਸ ਫਾਇਦਾ ਹੋਵੇਗਾ ਅਤੇ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਵੀ ਸੁਧਾਰ ਆਵੇਗਾ। ਕਿਸਾਨਾਂ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਟਿਊਬਵੈੱਲਾਂ ਦੇ ਖਰਚੇ ਤੋਂ ਵੀ ਕੁਝ ਦਿਨਾਂ ਲਈ ਰਾਹਤ ਮਿਲੇਗੀ।

# ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੀ.ਐੱਸ.ਈ.ਬੀ ਇੰਪਲਾਇਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ, ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਇਜ਼ ਯੂਨੀਅਨ (ਰਜਿ: 24), ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰ ਯੂਨੀਅਨ, ਮੁਲਾਜ਼ਮ ਯੂਨਾਈਟਡ ਆਰਗੇਨਾਈਜ਼ੇਸ਼ਨ ਦੇ ਸੱਦੇ 'ਤੇ ਤਿਆਰੀ ਵਜੋਂ ਸਮੂਹ ਮੁਲਾਜ਼ਮਾਂ ਵੱਲੋਂ ਸਾਂਝੀ ਮੀਟਿੰਗ ਕੁਲਵੀਰ ਸਿੰਘ ਔਲਖ ਸਰਕਲ ਸਕੱਤਰ ਟੀ.ਐਸ.ਯੂ ਦੀ ਪ੍ਰਧਾਨਗੀ ਹੇਠ 220 ਕੇਵੀ ਗਰਿੱਡ ਵਿਖੇ ਕੀਤੀ ਗਈ। ਮੀਟਿੰਗ ਦੌਰਾਨ ਸਤਿੰਦਰਪਾਲ ਸਿੰਘ ਜੱਸੜ, ਕੁਲਵੀਰ ਸਿੰਘ ਔਲਖ, ਜਸਵਿੰਦਰ ਸਿੰਘ ਚੰਨਣਵਾਲ, ਨਿਰਮਲ ਸਿੰਘ ਹਰਦਾਸਪੁਰਾ ਨੇ ਪਾਵਰਕਾਮ ਮਨੇਜਮੈਂਟ ਅਤੇ ਪੰਜਾਬ ਸਰਕਾਰ ਨਾਲ ਚੱਲ ਰਹੇ ਸੰਘਰਸ਼ ਸਬੰਧੀ ਵਿਸਥਾਰ ਸਹਿਤ ਵਿਚਾਰ ਚਰਚਾ ਕੀਤੀ ਗਈ।ਸੂਬਾ ਕਮੇਟੀ ਵੱਲੋਂ ਦਿੱਤੇ 21-22 ਜੁਲਾਈ ਦੇ ਦੋ ਰੋਜ਼ਾ ਸਮੂਹਿਕ ਛੁੱਟੀ ਦੇ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਸਾਰੇ ਸਾਥੀਆਂ ਨੂੰ ਤਨਦੇਹੀ ਨਾਲ ਕੰਮ ਕਰਨ ਦਾ ਸੱਦਾ ਦਿੰਦੇ ਹੋਏ ਆਉਣ ਵਾਲੇ ਸੰਘਰਸ਼ਾਂ ਨੂੰ ਲਾਗੂ ਕਰਨ ਦਾ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦੇ ਹਰਜਗਸੀਰ ਸਿੰਘ ਠੀਕਰੀਵਾਲਾ, ਹਰਬੰਸ ਸਿੰਘ ਧਨੇਰ, ਵਰਿੰਦਰ ਸਿੰਘ ਮਹਿਲ ਕਲਾਂ, ਇੰਜ: ਰਾਜਵੀਰ ਸਿੰਘ, ਗੁਰਪ੍ਰੀਤ ਸਿੰਘ ਛੀਨੀਵਾਲ ਕਲਾਂ, ਸੁੱਖਪਾਲ ਸਿੰਘ ਕਾਲਾ ਮੱਲੀ ਸੰਘੇੜਾ, ਸੁਖਵਿੰਦਰ ਸਿੰਘ ਚੁਹਾਣਕੇ ਕਲਾਂ ਤੇ ਕਮਲ ਸਿੰਘ ਸਹੌਰ ਨੇ ਕਿਹਾ ਕਿ ਹੁਣ ਇਕੱਠੇ ਹੋ ਕੇ ਸੰਘਰਸ਼ ਨੂੰ ਤੇਜ਼ ਕਰਨ ਦਾ ਸਮਾਂ ਆ ਗਿਆ ਹੈ।ਪਾਵਰਕਾਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਸੰਘਰਸ਼ ਦੇ ਦਬਾਅ ਸਦਕਾ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਇਆ ਜਾ ਸਕਦਾ ਹੈ। ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਮੁਲਾਜ਼ਮਾਂ ਨੂੰ ਕੁੱਝ ਦੇਣ ਦੀ ਬਜਾਏ, ਜੋ ਕੁੱਝ ਪਹਿਲਾਂ ਲੰਮੇ ਤੇ ਸਿਰੜੀ ਸੰਘਰਸ਼ਾਂ ਦੀ ਬਦੌਲਤ ਮਿਲ ਰਿਹਾ ਹੈ, ਉਸ ਨੂੰ ਵੀ ਖੋਹਣ ਲਈ ਤਿਆਰ ਬੈਠੀ ਹੈ।ਬਿਜਲੀ ਮੁਲਾਜ਼ਮ ਪਾਵਰਕਾਮ ਦੀ ਮੈਨੇਜਮੈਂਟ ਦੇ ਅਜਿਹੇ ਮੁਲਾਜ਼ਮ ਵਿਰੋਧੀ ਫੈਸਲਿਆਂ ਦਾ ਸੰਘਰਸ਼ ਰਾਹੀਂ ਮੂੰਹ ਤੋੜਵਾਂ ਜਵਾਬ ਦੇਣਗੇ।ਸੰਘਰਸ਼ ਦੇ ਅਗਲੇ ਪੜਾਅ ਤਹਿਤ 21 ਅਤੇ 22 ਜੁਲਾਈ ਨੂੰ ਸਮੂਹ ਬਿਜਲੀ ਕਾਮੇ ਦੋ ਰੋਜ਼ਾ ਸਮੂਹਿਕ ਛੁੱਟੀ ਲੈਕੇ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਵਿਰੁੱਧ ਸਰਕਲ ਪੱਧਰੀ ਧਰਨੇ ਲਾਉਣਗੇ ਤੇ 7 ਅਗਸਤ ਨੂੰ ਚੰਡੀਗੜ੍ਹ ਦੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਮੀਟਿੰਗ ਦੇ ਅਖ਼ੀਰ ਵਿੱਚ ਕੁਲਵੀਰ ਸਿੰਘ ਔਲਖ ਨੇ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਤੋਂ ਜ਼ੋਰਦਾਰ ਮੰਗ ਕੀਤੀ ਕਿ ਬਿਜਲੀ ਕਾਮਿਆਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਪ੍ਰਵਾਨ ਕਰਨ ਦੇ ਨਾਲ-ਨਾਲ, ਸੰਘਰਸ਼ ਕਰ ਰਹੇ ਪਾਵਰਕਾਮ ਅੰਦਰ ਟਰਾਂਸਕੋ ਆਊਟਸੋਰਸਿੰਗ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ ਦੀਆਂ ਜਾਇਜ਼ ਤੇ ਹੱਕੀ ਮੰਗਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ।

# ਹੈਂਡ ਗ੍ਰਨੇਡ ਸੁੱਟਣ ਵਾਲੇ 17 ਵਿਅਕਤੀ ਕਾਬੂ, ਤਿੰਨ ਮਹਿਲਾਵਾਂ ਵੀ ਸ਼ਾਮਲ

## ਫਿਰੋਜ਼ਪੁਰ ਤੋਂ ਜੰਮੂ ਜਾਣ ਵਾਲੀ ਟ੍ਰੇਨ 'ਚ ਵੀ ਵਿਸਫੋਟ ਦੀ ਘਟਨਾ ਨੂੰ ਅੰਜਾਮ ਕਾਬੂ ਵਿਅਕਤੀ : ਨਿਲਾਭਰੀ ਜਗਦਾਲੇ ਵਿਜੇ*



**ਮੋਗਾ, (ਇਕਬਾਲ ਸਿੰਘ ਖਹਿਰਾ)**-ਮੋਗਾ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਥਾਣਾ ਸਦਰ ਵਿਖੇ ਹੈਂਡਗ੍ਰਨੇਡ ਸੁੱਟਣ ਵਾਲੇ 17 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ, ਜਿਨ੍ਹਾਂ ਵਿੱਚ ਤਿੰਨ ਮਹਿਲਾਵਾਂ ਵੀ ਸ਼ਾਮਲ ਹਨ। ਪਿਛਲੇ ਦਿਨੀਂ ਥਾਣਾ ਸਦਰ ਮੋਗਾ ਵਿਖੇ ਤਿੰਨ ਵਿਅਕਤੀਆਂ ਵੱਲੋਂ ਹੈਂਡਗ੍ਰਨੇਡ ਸੁੱਟਿਆ ਗਿਆ, ਜਿਸ ਨੂੰ ਲੈ ਕੇ ਪੁਲਸ ਵੱਲੋਂ ਵੱਖ-ਵੱਖ 10 ਟੀਮਾਂ ਬਣਾ ਕੇ ਕਾਰਵਾਈ ਸ਼ੁਰੂ ਕੀਤੀ ਗਈ ਸੀ।ਇਸ ਸਾਜ਼ਿਸ਼ ਸਬੰਧੀ ਜਾਣਕਾਰੀ ਦਿੰਦਿਆਂ ਆਈ ਜੀ ਫਰੀਦਕੋਟ ਰੇਂਜ ਨਿਲਾਭਰੀ ਜਗਦਾਲੇ ਵਿਜੇ ਨੇ ਕਿਹਾ ਕਿ 8 ਜੁਲਾਈ ਨੂੰ ਥਾਣਾ ਸਦਰ ਮੋਗਾ ਵਿਖੇ ਹੈਂਡਗ੍ਰਨੇਡ ਸੁੱਟਿਆ ਗਿਆ ਸੀ।ਐੱਸ.ਐੱਸ.ਪੀ. ਮੋਗਾ ਦੀ ਅਗਵਾਈ ਵਿੱਚ 10 ਟੀਮਾਂ ਬਣਾ ਕੇ ਕਾਰਵਾਈ ਕਰਦੇ ਹੋਏ ਤਿੰਨ ਮੁੱਖ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਥਾਣਾ ਸਦਰ 'ਤੇ ਹਮਲਾ ਕੀਤਾ ਸੀ।ਪੁੱਛਗਿੱਛ ਦੌਰਾਨ ਹੁਣ ਤੱਕ ਤਿੰਨ ਮਹਿਲਾਵਾਂ ਸਮੇਤ 17 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜੋ ਸਾਰੇ ਫਿਰੋਜ਼ਪੁਰ ਜ਼ਿਲ੍ਹੇ ਨਾਲ ਸਬੰਧਤ ਹਨ।ਇਸ ਦੀ ਸਾਜ਼ਿਸ਼ ਰਵੀ, ਜੋ ਕਿ ਵਿਦੇਸ਼ ਵਿੱਚ ਬੈਠਾ ਹੈ, ਨੇ ਰਚੀ ਸੀ ਤੇ 17 ਵਿਅਕਤੀਆਂ ਵੱਲੋਂ ਵੱਖ-ਵੱਖ ਤਰ੍ਹਾਂ ਦੀ ਮਦਦ ਕਰਕੇ ਇਹ ਹਮਲਾ ਕਰਵਾਇਆ ਸੀ।ਇਨ੍ਹਾਂ ਕੋਲੋਂ ਮੌਕੇ 'ਤੇ ਵਰਤਿਆ ਗਿਆ ਮੋਟਰਸਾਈਕਲ ਤੇ ਇੱਕ ਆਈ.ਈ.ਡੀ. ਡਿਵਾਈਸ ਵੀ ਬਰਾਮਦ ਕੀਤਾ ਹੈ, ਜੋ ਇਨ੍ਹਾਂ ਨੇ ਫਿਰੋਜ਼ਪੁਰ ਤੋਂ ਜੰਮੂ ਜਾਣ ਵਾਲੀ ਟ੍ਰੇਨ ਵਿੱਚ ਵਰਤਣਾ ਸੀ। ਇਨ੍ਹਾਂ ਨੂੰ ਗ੍ਰਿਫਤਾਰ ਕਰਨ 'ਤੇ ਇੱਕ ਵੱਡਾ ਹਾਦਸਾ ਹੋਣ ਤੋਂ ਬਚ ਗਿਆ।ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਉੱਪਰ ਪਹਿਲਾਂ ਵੀ ਕਈ ਮਾਮਲੇ ਦਰਜ ਹਨ।ਇਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਹੋਰ ਰਿਮਾਂਡ ਲਿਆ ਜਾਵੇਗਾ ਤੇ ਗੰਭੀਰਤਾ ਨਾਲ ਪੁੱਛਗਿੱਛ ਕੀਤੀ ਜਾਵੇਗੀ।ਇਸ ਮੌਕੇ ਐੱਸ.ਐੱਸ.ਪੀ. ਮੋਗਾ ਸਰਤਾਜ ਸਿੰਘ ਚਾਹਲ, ਐੱਸ.ਪੀ.ਡੀ. ਬਾਲ ਕ੍ਰਿਸ਼ਨ ਸਿੰਗਲਾ, ਸੀ.ਆਈ.ਏ. ਇੰਚਾਰਜ ਦਲਜੀਤ ਸਿੰਘ ਬਰਾੜ ਤੋਂ ਇਲਾਵਾ ਹੋਰ ਪੁਲਸ ਅਧਿਕਾਰੀ ਮੌਜੂਦ ਸਨ।

# ਸਫ਼ਾਈ ਸੇਵਕ ਯੂਨੀਅਨ ਵੱਲੋਂ ਚੌਦਵੇਂ ਦਿਨ ਵੀ ਹੜਤਾਲ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)** ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ ਤਹਿਤ ਸਫ਼ਾਈ ਕ੍ਰਮਚਾਰੀਆਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਲੈ ਕੇ ਪ੍ਰਧਾਨ ਪ੍ਰਵੀਤ ਦੀ ਅਗਵਾਈ ਹੇਠ ਨਗਰ ਕੌਂਸਲ ਦੇ ਦਫਤਰ ਮੂਹਰੇ ਚੌਦਵੇਂ ਦਿਨ ਵੀ ਰੋਸ ਧਰਨਾ ਜਾਰੀ ਰਿਹਾ।ਸਮੂਹ ਸਫ਼ਾਈ ਕ੍ਰਮਚਾਰੀਆਂ ਵੱਲੋਂ ਪੂਰੇ ਸ਼ਹਿਰ ਅੰਦਰ ਦਾ ਕੰਮ ਮੁਕੰਮਲ ਤੌਰ 'ਤੇ ਕੰਮ ਬੰਦ ਕਰਕੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ। ਪਤਾ ਲੱਗਾ ਹੈ ਕਿ ਯੂਨੀਅਨ ਆਗੂਆਂ ਦੀ ਕਾਰਜ ਸਾਧਕ ਅਫਸਰ ਨਾਲ ਮੀਟਿੰਗ ਵੀ ਹੋਈ।ਮੀਟਿੰਗ ਦੌਰਾਨ ਕਾਰਜ ਸਾਧਕ ਅਫਸਰ ਵੱਲੋਂ ਸ਼ਹਿਰ 'ਚ ਪਏ ਕੂੜੇ ਦੇ ਢੇਰਾਂ ਨੂੰ ਚੁਕਾਉਣ ਲਈ ਗੱਲਬਾਤ ਵੀ ਗਈ।ਯੂਨੀਅਨ ਆਗੂਆਂ ਵੱਲੋਂ ਕੂੜਾ ਚੁੱਕਣ ਤੋਂ ਸਾਫ਼ ਇਨਕਾਰ ਕਰਦਿਆਂ ਕਿਹਾ ਕਿ ਜਦੋਂ ਤੱਕ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਉਦੋਂ ਤੱਕ ਕੂੜੇ ਦੇ ਢੇਰ ਨਹੀਂ ਚੁੱਕੇ ਜਾਣਗੇ।ਉਨ੍ਹਾਂ ਸ਼ਾਸਨ ਤੇ ਪ੍ਰਸ਼ਾਸਨ ਨੂੰ ਇਹ ਚਿਤਾਵਨੀ ਵੀ ਦਿੱਤੀ ਕਿ ਜੇਕਰ ਕੂੜੇ ਦੇ ਢੇਰਾਂ ਨੂੰ ਪ੍ਰਸ਼ਾਸਨ ਵੱਲੋਂ ਚੁਕਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਯੂਨੀਅਨ ਵੱਲੋਂ ਕੂੜਾ ਚੁੱਕ ਕੇ ਸ਼ਾਸਨ ਤੇ ਪ੍ਰਸ਼ਾਸਨ ਦੇ ਅਧਿਕਾਰੀਆਂ ਦੇ ਘਰਾਂ ਤੇ ਦਫ਼ਤਰਾਂ ਅੱਗੇ ਸੁੱਟਿਆ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।

# ਮੋਦੀ ਤੇ ਭਗਵੰਤ ਮਾਨ ਸਰਕਾਰ ਦਾ ਪੁਤਲਾ ਫੂਕਿਆ

**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਵੱਖ-ਵੱਖ ਪਿੰਡਾਂ ਵਿੱਚ ਕੇਂਦਰ ਦੀ ਮੋਦੀ ਸਰਕਾਰ ਤੇ ਭਗਵੰਤ ਮਾਨ ਸਰਕਾਰ ਦਾ ਪੁਤਲਾ ਫੂਕ ਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ, ਕਿਉਂਕਿ ਦਿੱਲੀ ਦੇ ਜੰਤਰ-ਮੰਤਰ 'ਤੇ ਦੇਸ਼ ਦੇ ਵਿਦਿਆਰਥੀਆਂ ਨਾਲ ਮੋਦੀ ਸਰਕਾਰ ਦੀ ਪੁਲਸ ਦੁਆਰਾ ਮੰਨ੍ਹਾਂ ਲਾਠੀਚਾਰਜ ਕਰਨ ਅਤੇ ਅੱਥਰੂ ਗੈਸ ਦੇ ਗੋਲੇ ਛੱਡੇ ਗਏ, ਜਿਸ ਦੀ ਅਸੀਂ ਘੋਰ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ। ਵਿਦਿਆਰਥੀ ਪਿਛਲੇ 20 ਦਿਨਾਂ ਤੋਂ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰ ਰਹੇ ਹਨ ਕਿ ਜੋ ਨੀਟ ਦਾ ਪੇਪਰ ਲੀਕ ਹੋਇਆ ਹੈ, ਲਗਭਗ 20 ਬੱਚਿਆਂ ਨੇ ਆਤਮ ਹੱਤਿਆ ਕਰਕੇ ਆਪਣੀ ਜਾਨ ਤੋਂ ਹੱਥ ਧੋ ਲਏ ਹਨ, ਇਸ ਦੀ ਜ਼ਿੰਮੇਵਾਰ ਬੀਜੇਪੀ ਹੈ, ਜੋ ਦੇਸ਼ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ। ਪ੍ਰੋਟੈਸਟ ਕਰ ਰਹੇ ਬੱਚਿਆਂ ਦੀ ਮੰਗ ਹੈ ਕਿ ਦੇਸ਼ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਤੋਂ ਤੁਰੰਤ ਅਸਤੀਫਾ ਲਿਆ ਜਾਵੇ ਅਤੇ ਜਾਨਾਂ ਗਵਾਉਣ ਵਾਲੇ ਬੱਚਿਆਂ ਦੇ ਪਰਿਵਾਰ ਨੂੰ ਇੱਕ-ਇੱਕ ਕਰੋੜ ਦਾ ਮੁਆਵਜ਼ਾ ਦਿੱਤਾ ਜਾਵੇ, ਦੂਜੇ ਪਾਸੇ ਪੰਜਾਬ ਸਰਕਾਰ ਦਿੱਲੀ ਵਿੱਚ ਹੋਏ ਲਾਠੀਚਾਰਜ 'ਤੇ ਮਗਰਮੱਛ ਦੇ ਹੰਝੂ ਵਹਾ ਰਹੀ ਹੈ, ਜਦਕਿ ਪੰਜਾਬ ਵਿੱਚ ਆਪਣੀ ਹੱਕੀ ਮੰਗਾਂ ਨੂੰ ਲੈ ਕੇ ਨਰੇਗਾ ਵਰਕਰ ਤੇ ਮਜ਼ਦੂਰਾਂ ਵੱਲੋਂ ਖੰਨਾ ਵਿਖੇ ਰੋਸ ਧਰਨਾ ਦੇਣ ਜਾ ਰਹੇ ਸੀ, ਉਨ੍ਹਾਂ ਉੱਤੇ ਪੰਜਾਬ ਪੁਲਿਸ ਵੱਲੋਂ ਲਾਠੀ ਚਾਰਜ ਕਰਕੇ ਜੇਲਾਂ ਵਿੱਚ ਡੱਕ ਦਿੱਤਾ ਗਿਆ ਹੈ, ਜਿਸ ਨਾਲ ਅਖੌਤੀ ਇਨਕਲਾਬੀ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦਾ ਚਿਹਰਾ ਨੰਗਾ ਹੋ ਰਿਹਾ ਹੈ।

# ਹੋਲੀ ਹਾਰਟ ਸਕੂਲ 'ਚ ਧੂਮ-ਧਾਮ ਨਾਲ ਮਨਾਇਆ ਸੌਕਰ ਡੇਅ



**ਅਜੀਤਵਾਲ (ਨਛੱਤਰ ਸੰਧੂ)**- ਹੋਲੀ ਹਾਰਟ ਸਕੂਲ ਵਿਖੇ ਖੇਡਾਂ ਤੇ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਇੱਕ ਸ਼ਾਨਦਾਰ ਸੌਕਰ ਡੇਅ (ਫੁੱਟਬਾਲ ਦਿਵਸ) ਦਾ ਆਯੋਜਨ ਕੀਤਾ ਗਿਆ।ਸਕੂਲ ਦਾ ਵਿਸ਼ਾਲ ਖੇਡ ਮੈਦਾਨ ਰੰਗ-ਬਿਰੰਗੇ ਝੰਡਿਆਂ ਤੇ ਖਿਡਾਰੀਆਂ ਦੇ ਉਤਸ਼ਾਹ ਨਾਲ ਗੂੰਜ ਉੱਠਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਸੁਬਾਸ਼ ਪਲਤਾ ਜੀ ਅਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਰਿਬਨ ਕੱਟ ਕੇ ਤੇ ਆਕਾਸ਼ ਵਿੱਚ ਗੁਬਾਰੇ ਛੱਡ ਕੇ ਕੀਤੀ ਗਈ। ਦਿਨ ਭਰ ਚੱਲੇ ਇਸ ਫੁੱਟਬਾਲ ਟੂਰਨਾਮੈਂਟ ਵਿੱਚ ਵੱਖ-ਵੱਖ ਜਮਾਤਾਂ ਦੀਆਂ ਟੀਮਾਂ ਵਿਚਕਾਰ ਬਹੁਤ ਹੀ ਰੋਮਾਂਚਕ ਤੇ ਫਸਵੇਂ ਮੁਕਾਬਲੇ ਦੇਖਣ ਨੂੰ ਮਿਲੇ।ਨੰਨ੍ਹੇ-ਮੁੰਨੇ ਤੇ ਸੀਨੀਅਰ ਖਿਡਾਰੀਆਂ ਨੇ ਮੈਦਾਨ ਵਿੱਚ ਆਪਣੇ ਬਹਿਤਰੀਨ ਡ੍ਰਿਬਲਿੰਗ, ਪਾਸਿੰਗ ਤੇ ਗੋਲ ਕਰਨ ਦੇ ਹੁਨਰ ਦਾ ਪ੍ਰਦਰਸ਼ਨ ਕਰਕੇ ਦਰਸ਼ਕਾਂ ਨੂੰ ਮੰਤਰ ਮੁਗਧ ਕਰ ਦਿੱਤਾ।ਮੈਦਾਨ ਦੇ ਬਾਹਰ ਬੈਠੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਦੇ ਜੋਸ਼ੀਲੇ ਨਾਅਰਿਆਂ ਨੇ ਖਿਡਾਰੀਆਂ ਦੇ ਹੌਂਸਲੇ ਨੂੰ ਚਾਰ ਚੰਨ ਲਾ ਦਿੱਤੇ। ਖੇਡ ਦੇ ਨਾਲ-ਨਾਲ ਸਾਰੇ ਖਿਡਾਰੀਆਂ ਨੇ ਉੱਚ ਦਰਜੇ ਦੀ ਖੇਡ ਭਾਵਨਾ, ਟੀਮ ਵਰਕ ਤੇ ਅਨੁਸ਼ਾਸਨ ਦਾ ਸ਼ਾਨਦਾਰ ਸੁਨੇਹਾ ਦਿੱਤਾ।ਫਾਈਨਲ ਮੁਕਾਬਲੇ ਵਿੱਚ ਜੇਤੂ ਰਹਿਣ ਵਾਲੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਸੌਕਰ ਡੇਅ ਦੀ ਟਰਾਫ਼ੀ ਆਪਣੇ ਨਾਂਅ ਕੀਤੀ।ਸਮਾਗਮ ਦੇ ਅੰਤ ਵਿੱਚ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜੇਤੂ ਅਤੇ ਉੱਪ-ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਮੈਡਲ, ਸ਼ੀਲਡਾਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਆਪਣੇ ਸੰਬੋਧਨ ਵਿੱਚ ਸਾਰੇ ਖਿਡਾਰੀਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ।

# ਹੋਟਲ ਸ਼ਾਹੀ ਹਵੇਲੀ 'ਚ ਪਹਿਲੀ ਨੂੰ ਮਨਾਇਆ ਜਾਵੇਗਾ ਤੀਆਂ ਦਾ ਤਿਉਹਾਰ



**ਫ਼ਰੀਦਕੋਟ, (ਗੁਰਪ੍ਰੀਤ ਸਿੰਘ ਬੇਦੀ)** ਸਮਾਜ ਸੇਵੀ ਅਰਸ਼ ਸੱਚਰ ਦੀ ਅਗਵਾਈ ਹੇਠ 1 ਅਗਸਤ ਨੂੰ ਦੁਪਹਿਰ 3:00 ਵਜੇ ਤੋਂ ਸ਼ਾਮ 7:00 ਵਜੇ ਤੱਕ ਹੋਟਲ ਸ਼ਾਹੀ ਹਵੇਲੀ, ਕੋਟਕਪੂਰਾ ਰੋਡ ਵਿਖੇ 'ਰੰਗੀਲੇ ਤੀਆਂ 2026' ਦਾ ਸ਼ਾਨਦਾਰ ਸੱਭਿਆਚਾਰਕ ਮੇਲਾ ਕਰਵਾਇਆ ਜਾ ਰਿਹਾ ਹੈ। ਅਰਸ਼ ਸੱਚਰ ਨੇ ਦੱਸਿਆ ਕਿ ਇਹ ਸਮਾਗਮ ਪੰਜਾਬੀ ਸੱਭਿਆਚਾਰ, ਰਵਾਇਤਾਂ ਤੇ ਆਪਣੇਪਨ ਨੂੰ ਸਮਰਪਤ ਹੋਵੇਗਾ, ਜਿਸ ਵਿੱਚ ਮਹਿਲਾਵਾਂ ਲਈ ਰਵਾਇਤੀ ਗਿੱਧਾ, ਬੋਲੀਆਂ, ਲੋਕ ਨਾਚ, ਤੰਬੋਲਾ, ਮਨੋਰੰਜਕ ਖੇਡਾਂ, ਸੈਲਫ਼ੀ ਪੁਆਇੰਟਸ, ਓਪਨ ਡੀਜੇ, ਟ੍ਰੈਡੀਸ਼ਨਲ ਫੋਟੋਬੂਥ, ਫੋਟੋਸ਼ੂਟ ਤੇ ਹੋਰ ਕਈ ਵਿਸ਼ੇਸ਼ ਆਕਰਸ਼ਣ ਹੋਣਗੇ।ਇਸ ਮੌਕੇ ਸਭ ਤੋਂ ਵਧੀਆ ਤਿਆਰ ਹੋ ਕੇ ਆਉਣ ਵਾਲੀ ਭੈਣ ਲਈ ਵਿਸ਼ੇਸ਼ ਤੀਆਂ ਟਾਈਟਲ ਤੇ ਆਕਰਸ਼ਕ ਤੋਹਫ਼ੇ ਵੀ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਸਮਾਗਮ ਵਿੱਚ ਦਾਖਲਾ ਪੂਰੀ ਤਰ੍ਹਾਂ ਮੁਫ਼ਤ ਹੈ ਤੇ ਫਰੀਦਕੋਟ ਸਮੇਤ ਆਲੇ-ਦੁਆਲੇ ਦੇ ਇਲਾਕਿਆਂ ਦੀਆਂ ਸਮੂਹ ਭੈਣਾਂ, ਧੀਆਂ ਅਤੇ ਮਹਿਲਾਵਾਂ ਨੂੰ ਸ਼ਾਮਲ ਹੋਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ।ਜਿਹੜੀਆਂ ਭੈਣਾਂ ਗਿੱਧਾ, ਬੋਲੀਆਂ ਜਾਂ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਵਿੱਚ ਭਾਗ ਲੈਣਾ ਚਾਹੁੰਦੀਆਂ ਹਨ, ਉਹ ਪਹਿਲਾਂ ਤੋਂ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੀਆਂ ਹਨ।

# ਸਪਰਿੰਗ ਡਿਊ ਪਬਲਿਕ ਸਕੂਲ 'ਚ ਭਾਰਤ ਭਾਸ਼ਾ ਸਮਰ ਕੈਂਪ



**ਜਗਰਾਓਂ (ਅਮਿਤ ਖੰਨਾ)** ਸੀ.ਬੀ.ਐੱਸ.ਈ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਪ੍ਰਿੰਗ ਡਿਊ ਪਬਲਿਕ ਸਕੂਲ, ਨਾਨਕਸਰ ਵਿਖੇ 13 ਤੋਂ 20 ਜੁਲਾਈ ਤੱਕ 'ਭਾਰਤ ਭਾਸ਼ਾ ਸਮਰ ਕੈਂਪ' ਦਾ ਸਫਲਤਾ ਪੂਰਵਕ ਆਯੋਜਨ ਕੀਤਾ ਗਿਆ।ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਭਾਰਤ ਦੀ ਵਿਭਿੰਨਤਾ, 'ਭਾਸ਼ਾ ਏਕਤਾ' ਤੇ ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਨਾਲ ਜਾਣੂ ਕਰਾਉਣਾ ਸੀ।ਇਸ ਵਾਰ ਕੈਂਪ ਦੌਰਾਨ ਹਰਿਆਣਾ ਰਾਜ ਦੇ ਸੱਭਿਆਚਾਰ, ਲੋਕ ਕਲਾਵਾਂ, ਖੇਡਾਂ, ਭੋਜਨ, ਸੰਗੀਤ ਤੇ ਵਿਰਾਸਤ ਨੂੰ ਵਿਸ਼ੇਸ਼ ਤੌਰ 'ਤੇ ਉਜਾਗਰ ਕੀਤਾ ਗਿਆ।ਕੈਂਪ ਦੇ ਪਹਿਲੇ ਦਿਨ ਹਰਿਆਣਾ ਦੀ ਸੱਭਿਆਚਾਰਕ ਵਿਰਾਸਤ ਬਾਰੇ ਜਾਣਕਾਰੀ ਦਿੱਤੀ ਗਈ ਤੇ ਵਿਦਿਆਰਥੀਆਂ ਨੇ ਰਵਾਇਤੀ ਪਹਿਰਾਵਿਆਂ ਦੇ ਕਲਾ ਪ੍ਰਦਰਸ਼ਨ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਦੂਜੇ ਦਿਨ ਕੁਸ਼ਤੀ ਤੇ ਮਟਕੀ ਦੌੜ ਵਰਗੀਆਂ ਰਵਾਇਤੀ ਖੇਡਾਂ ਕਰਾਈਆਂ ਗਈਆਂ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਤੀਜੇ ਦਿਨ ਹਰਿਆਣਵੀ ਲੋਕ ਨਾਚ ਦੀ ਪੇਸ਼ਕਾਰੀ ਕੀਤੀ ਗਈ।ਚੌਥੇ ਦਿਨ ਹਰਿਆਣਾ ਦੇ ਸੱਭਿਆਚਾਰ ਤੇ ਰਵਾਇਤੀ ਖੇਡਾਂ ਨਾਲ ਸੰਬੰਧਿਤ ਗਤੀਵਿਧੀਆਂ ਆਯੋਜਤ ਕੀਤੀਆਂ ਗਈਆਂ।ਪੰਜਵੇਂ ਦਿਨ ਵਿਦਿਆਰਥੀਆਂ ਨੂੰ ਹਰਿਆਣਾ ਦੇ ਪ੍ਰਸਿੱਧ ਭੋਜਨਾਂ ਤੇ ਰਸੋਈ ਪ੍ਰੰਪਰਾਵਾਂ ਬਾਰੇ ਜਾਣੂ ਕਰਾਇਆ ਗਿਆ।ਛੇਵੇਂ ਦਿਨ ਕਵਿਜ਼ ਮੁਕਾਬਲੇ ਤੇ ਨਾਅਰਾ ਲੇਖਨ ਗਤੀਵਿਧੀਆਂ ਕਰਾਈਆਂ ਗਈਆਂ, ਜਿਨ੍ਹਾਂ ਨੇ ਵਿਦਿਆਰਥੀਆਂ ਦੇ ਗਿਆਨ ਅਤੇ ਰਚਨਾਤਮਕਤਾ ਨੂੰ ਨਿਖਾਰਿਆ।ਕੈਂਪ ਦੇ ਆਖਰੀ ਦਿਨ ਸੰਗੀਤ, ਨਾਚ ਤੇ ਵਿਰਾਸਤ ਆਧਾਰਿਤ ਸ਼ਾਨਦਾਰ ਗ੍ਰੈਂਡ ਫਿਨਾਲੇ ਦਾ ਆਯੋਜਨ ਕੀਤਾ ਗਿਆ।ਇਸ ਸੱਤ ਰੋਜ਼ਾ ਸਮਰ ਕੈਂਪ 'ਚ ਸਕੂਲ ਦੇ ਕੁੱਲ 140 ਵਿਦਿਆਰਥੀਆਂ ਨੇ ਉਤਸ਼ਾਹ ਪੂਰਵਕ ਭਾਗ ਲਿਆ।ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਰਾਹੀਂ ਹਰਿਆਣਾ ਦੀ ਸੱਭਿਆਚਾਰਕ ਵਿਭਿੰਨਤਾ, ਲੋਕ ਕਲਾਵਾਂ ਤੇ ਪ੍ਰੰਪਰਾਵਾਂ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ। ਸਕੂਲ ਦੀ ਪ੍ਰਿੰਸੀਪਲ ਸ੍ਰੀ ਮਤੀ ਗੀਤਾ ਜੇਤਕਾ ਤੇ ਵਾਈਸ ਪ੍ਰਿੰਸੀਪਲ ਸ੍ਰੀ ਬਸੰਤ ਬਾਵਾ ਨੇ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਨੂੰ ਦੇਸ਼ ਦੀ ਸੱਭਿਆਚਾਰਕ ਵਿਭਿੰਨਤਾ ਨੂੰ ਸਮਝਣ, ਵੱਖ-ਵੱਖ ਰਾਜਾਂ ਦੀਆਂ ਪ੍ਰੰਪਰਾਵਾਂ ਦਾ ਸਤਿਕਾਰ ਕਰਨ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕਰਦੇ ਹਨ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਸੱਭਿਆਚਾਰਕ ਗਿਆਨ ਵੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹੈ।ਉਨ੍ਹਾਂ ਕੈਂਪ ਦੀ ਸਫਲਤਾ ਲਈ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ।ਕੈਂਪ ਦੌਰਾਨ ਵਿਦਿਆਰਥੀਆਂ ਨੇ ਨਵੇਂ ਅਨੁਭਵ ਪ੍ਰਾਪਤ ਕੀਤੇ ਅਤੇ ਭਾਰਤ ਦੀ ਏਕ ਭਾਰਤ, ਸ਼੍ਰੇਸ਼ਠ ਭਾਰਤ ਦੀ ਭਾਵਨਾ ਨੂੰ ਹੋਰ ਨੇੜੇ ਤੋਂ ਸਮਝਣ ਦਾ ਮੌਕਾ ਹਾਸਲ ਕੀਤਾ।

# ਓਪਨ ਪਬਲਿਕ ਲਾਇਬ੍ਰੇਰੀ ਦੀ ਸਥਾਪਨਾ, ਪੜ੍ਹਨ ਦੇ ਸੱਭਿਆਚਾਰ ਨੂੰ ਮਿਲੇਗਾ ਹੁਲਾਰਾ



**ਰਾਏਕੋਟ (ਸੰਤੋਖ ਗਿੱਲ)** ਪਿੰਡ ਗੁੱਜਰਵਾਲ ਵਿੱਚ ਸਿੱਖਿਆ, ਸਾਹਿਤ ਤੇ ਪੜ੍ਹਨ ਦੇ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਪੱਤਰਕਾਰ ਜਗਦੇਵ ਸਿੰਘ ਗਰੇਵਾਲ ਦੇ ਨਿਵਾਸ ਅੱਗੇ ਓਪਨ ਪਬਲਿਕ ਲਾਇਬ੍ਰੇਰੀ ਦੀ ਸਥਾਪਨਾ ਕੀਤੀ ਗਈ।ਲਾਇਬ੍ਰੇਰੀ ਦਾ ਉਦਘਾਟਨ ਪਿੰਡ ਦੇ ਸਰਪੰਚ ਹਰਦੀਪ ਸਿੰਘ ਗਰੇਵਾਲ ਤੇ ਪ੍ਰਿੰਸੀਪਲ ਪਰਮਜੀਤ ਸਿੰਘ ਗਰੇਵਾਲ ਨੇ ਕੀਤਾ।ਸਰਪੰਚ ਹਰਦੀਪ ਸਿੰਘ ਗਰੇਵਾਲ ਨੇ ਕਿਹਾ ਕਿ ਚੰਗੀ ਲਾਇਬ੍ਰੇਰੀ ਕਿਸੇ ਵੀ ਸਮਾਜ ਦੀ ਬੌਧਿਕ ਤਰੱਕੀ ਦਾ ਮਜ਼ਬੂਤ ਆਧਾਰ ਹੁੰਦੀ ਹੈ। ਉਨ੍ਹਾਂ ਕਿਹਾ ਕਿ ਡਿਜੀਟਲ ਯੁੱਗ ਵਿੱਚ ਵੀ ਕਿਤਾਬਾਂ ਦਾ ਮਹੱਤਵ ਕਾਇਮ ਹੈ ਤੇ ਚੰਗੀਆਂ ਪੁਸਤਕਾਂ ਮਨੁੱਖ ਦੀ ਸੋਚ ਨੂੰ ਨਵੀਂ ਦਿਸ਼ਾ ਦੇਣ ਦੇ ਨਾਲ ਜੀਵਨ ਨੂੰ ਸਹੀ ਰਾਹ ਦਿਖਾਉਂਦੀਆਂ ਹਨ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਲਾਇਬ੍ਰੇਰੀ ਬੱਚਿਆਂ, ਨੌਜਵਾਨਾਂ ਤੇ ਸਮਾਜ ਦੇ ਹਰ ਵਰਗ ਲਈ ਗਿਆਨ ਦਾ ਮਹੱਤਵਪੂਰਨ ਕੇਂਦਰ ਬਣੇਗੀ। ਸੇਵਾਮੁਕਤ ਪ੍ਰਿੰਸੀਪਲ ਪਰਮਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਪੜ੍ਹਨ ਦੀ ਆਦਤ ਹੀ ਚੰਗੇ ਚਰਿੱਤਰ ਤੇ ਵਿਕਸਤ ਸਮਾਜ ਦੀ ਨੀਂਹ ਹੁੰਦੀ ਹੈ।ਉਨ੍ਹਾਂ ਨੌਜਵਾਨਾਂ ਨੂੰ ਮੋਬਾਈਲ ਫੋਨਾਂ 'ਤੇ ਸਮਾਂ ਬਰਬਾਦ ਕਰਨ ਦੀ ਬਜਾਏ ਕਿਤਾਬਾਂ ਨਾਲ ਦੋਸਤੀ ਕਰਨ ਤੇ ਨਿਰੰਤਰ ਅਧਿਐਨ ਦੀ ਆਦਤ ਵਿਕਸਤ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਕਿਤਾਬ ਮਨੁੱਖ ਦੀ ਸਭ ਤੋਂ ਸੱਚੀ ਮਿੱਤਰ ਹੈ, ਜੋ ਹਰ ਪੱਖੋਂ ਉਸ ਦਾ ਵਿਅਕਤੀਗਤ ਵਿਕਾਸ ਕਰਦੀ ਹੈ।

# ਕੰਬਾਈਨ ਐਸੋਸੀਏਸ਼ਨ ਦੇ ਨਵੇਂ ਬਣੇ ਪ੍ਰਧਾਨ ਚਰਨ ਸਿੰਘ ਦਾ ਸਨਮਾਨ

**ਨਾਭਾ (ਅਮਨ ਗਰਗ)** ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਰਜਿ: ਵੱਲੋਂ ਦੀ ਕੰਬਾਈਨ ਐਂਡ ਐਗਰੀਕਲਚਰ ਇੰਮਪਲੀਮੈਂਟ ਮੈਨੂਫੈਕਚਰਜ ਵੈਲਫੇਅਰ ਐਸੋਸੀਏਸ਼ਨ ਰਜਿ: ਦੇ ਸਰਬਸੰਮਤੀ ਨਾਲ ਬਣੇ ਪ੍ਰਧਾਨ ਚਰਨ ਸਿੰਘ ਰਲਹਨ ਐਮ ਡੀ ਮਲਕੀਤ ਗਰੁੱਪ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਲੋਈ ਤੇ ਬੂਟਾ ਦੇ ਕੇ ਸਨਮਾਨ ਕੀਤਾ ਗਿਆ। ਪ੍ਰਧਾਨ ਚਰਨ ਸਿੰਘ ਨੇ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਦੇ ਅਹੁਦੇਦਾਰਾਂ ਦੀਆਂ ਸ਼ੁਭਕਾਮਨਾਵਾਂ ਕਬੂਲਦਿਆਂ ਧੰਨਵਾਦ ਕਰਦਿਆਂ ਕਿਹਾ ਸਾਡੇ ਭਾਈਚਾਰੇ ਨੂੰ ਇਕਮੁੱਠ ਹੋ ਕੇ ਅਪਣੀ ਤਾਕਤ ਦਾ ਇਸਤੇਮਾਲ ਕਰਨਾ ਚਾਹੀਦਾ ਹੈ, ਕਿਉਂਕਿ ਏਕੇ ਵਿੱਚ ਹੀ ਬਰਕਤ ਤੇ ਤਰੱਕੀ ਹੁੰਦੀ ਹੈ।

# ਫੀਲਡ ਕਾਮਿਆਂ ਵੱਲੋਂ ਵਿੱਤ ਮੰਤਰੀ ਦੇ ਹਲਕੇ 'ਚ ਵਿਸ਼ਾਲ ਰੋਸ ਰੈਲੀ

## ਵਿੱਤ ਮੰਤਰੀ ਨੇ 5 ਅਗਸਤ ਦੀ ਮੀਟਿੰਗ ਦਾ ਸਮਾਂ ਦੇ ਕੇ ਮੁਲਾਜ਼ਮ ਸ਼ਾਂਤ ਕੀਤੇ



**ਦਿੜ੍ਹਬਾ/ਬਠਿੰਡਾ, (ਪਰਵਿੰਦਰ ਜੀਤ ਸਿੰਘ)**-ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾਈ ਪੱਧਰੀ ਰੈਲੀ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਦੀ ਪ੍ਰਧਾਨਗੀ ਹੇਠ ਦਿੜ੍ਹਬਾ ਦਾਣਾ ਮੰਡੀ ਵਿੱਚ ਕੀਤੀ ਗਈ। ਇਸ ਬਾਰੇ ਜਾਣਕਾਰੀ ਦਿੰਦੇ ਪ੍ਰੈੱਸ ਸਕੱਤਰ ਗੁਰਮੀਤ ਭੋਡੀਪੁਰਾ ਨੇ ਦੱਸਿਆ ਕਿ ਇਸ ਰੈਲੀ ਵਿਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਸਾਥੀਆਂ ਨੇ ਸ਼ਮੂਲੀਅਤ ਕੀਤੀ ਸੂਬਾ ਪ੍ਰਧਾਨ ਮੱਖਣ ਸਿੰਘ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਹੁਤ ਹੀ ਢੀਠ ਸਰਕਾਰ ਤੇ ਮੁਲਾਜ਼ਮ ਵਿਰੋਧੀ ਸਰਕਾਰ ਹੈ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਕਈ ਵਾਰ ਮੀਟਿੰਗ ਕੀਤੀ, ਪਰ ਕੋਈ ਵੀ ਮੰਗ ਪੂਰੀ ਨਹੀਂ ਕੀਤੀ ਤੇ ਇਹ ਸਰਕਾਰ ਸਿਰਫ ਇਸ਼ਤਿਹਾਰ ਵਾਲੀ ਸਰਕਾਰ ਹੈ ਤੇ ਅਸਲੀਅਤ ਵਿੱਚ ਇਸ ਸਰਕਾਰ ਨੇ ਅੱਜ ਤੱਕ ਮੁਲਾਜ਼ਮਾਂ ਦੀ ਕੋਈ ਵੀ ਮੰਗ ਪੂਰੀ ਨਹੀਂ ਕੀਤੀ ਯੂਨੀਅਨ ਦੀਆਂ ਮੁੱਖ ਮੰਗਾਂ, ਜਿਨ੍ਹਾਂ ਵਿੱਚ ਮਹਿਕਮੇ ਦੇ ਇੰਲਿਸਟਮੈਂਟ ਕਾਮੇ, ਆਊਟਸੌਰਸ ਕਾਮਿਆਂ, ਮਸਟਰੋਲ ਕਾਮਿਆਂ ਨੂੰ ਰੈਗੂਲਰ ਕਰਨਾ, 18% ਡੀ ਏ ਜਾਰੀ ਕਰਨਾ, ਦਰਜਾ ਤਿੰਨ ਤੇ ਚਾਰ ਕਾਮਿਆਂ ਨੂੰ ਤਰਕੀ ਦੇਣਾ, ਪੰਜਾਬ ਵਾਟਰ ਸਪਲਾਈ ਸੀਵਰੇਜ ਬੋਰਡ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਲਾਗੂ ਕਰਨਾ, ਡਿਪਲੋਮਾ ਪਾਸ ਮੁਲਾਜ਼ਮਾਂ ਨੂੰ ਜੂਨੀਅਰ ਇੰਜੀਨੀਅਰ ਪ੍ਰਮੋਟ ਕੀਤਾ ਜਾਵੇ ਤੇ ਮਹਿਕਮੇ ਵਿੱਚ ਰੈਗੂਲਰ ਭਰਤੀ ਕਰਨਾ ਆਦਿ ਮੰਗਾਂ ਹਨ ਸੂਬਾ ਜਰਨਲ ਸਕੱਤਰ ਫੁੰਮਣ ਸਿੰਘ ਕਾਠਗੜ੍ਹ ਨੇ ਕਿਹਾ ਜੇਕਰ ਸਰਕਾਰ ਨੇ ਇਹ ਮੰਗਾਂ ਜਲਦੀ ਪੂਰੀਆਂ ਨਾ ਕੀਤੀਆਂ ਤਾਂ ਯੂਨੀਅਨ ਵੱਲੋਂ ਸਰਕਾਰ ਖ਼ਿਲਾਫ਼ ਆਰ ਪਾਰ ਦਾ ਸੰਘਰਸ਼ ਉਲੀਕਿਆ ਜਾਵੇਗਾ। ਅੱਜ ਰੈਲੀ ਤੋਂ ਬਾਅਦ ਯੂਨੀਅਨ ਵੱਲੋਂ ਵਿਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਫ਼ਤਰ ਵੱਲ ਮਾਰਚ ਕੀਤਾ ਗਿਆ ਤੇ ਪ੍ਰਸ਼ਾਸਨ ਵੱਲੋਂ ਯੂਨੀਅਨ ਨੂੰ 05/08/2026 ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੀਟਿੰਗ ਦਾ ਸਮਾਂ ਦਿਵਾਇਆ ਗਿਆ ਤੇ ਇਸ ਤੋਂ ਬਾਅਦ ਯੂਨੀਅਨ ਵੱਲੋਂ ਰੈਲੀ ਸਮਾਪਤ ਕੀਤੀ ਗਈ। ਇਸ ਰੈਲੀ ਵਿੱਚ ਸੀਨੀਅਰ ਮੀਤ ਪ੍ਰਧਾਨ ਬਲਰਾਜ ਮੌੜ, ਤੇਜਵੰਤ ਫਰੀਦਕੋਟ, ਹਰਜੀਤ ਮੋਗਾ, ਰਾਜਪਾਲ ਲਸੋਈ, ਸੰਜੀਵ ਕੌਂਡਲ, ਅਮਰਜੀਤ ਹੁਸ਼ਿਆਰਪੁਰ, ਸਤਨਾਮ ਸਿੰਘ ਤਰਨਤਾਰਨ, ਹਰਪ੍ਰੀਤ ਗਰੇਵਾਲ, ਚੰਦ ਸਿੰਘ ਰਸੂਲੜਾ, ਜਸਵਿੰਦਰ ਸਿੰਘ ਸੋਜਾ, ਪਸਸਫ, ਕਿਸ਼ੋਰ ਚੰਦ ਗਾਜ਼, ਸੁਖਚੈਨ ਸਿੰਘ ਬਠਿੰਡਾ, ਸੁਖਦੇਵ ਚੰਗਾਲੀਵਾਲਾ, ਮਲਵਿੰਦਰ ਸੰਧੂ, ਰਾਕੇਸ਼ ਪ੍ਰੋਚਾ, ਹਰਵੀਰ ਸਿੰਘ, ਦਰਸ਼ਨ ਸੰਧੂ, ਧਰਮਪਾਲ ਲੌਟ, ਸੱਤਿਅਮ ਪ੍ਰਕਾਸ਼, ਰਾਜਨ ਕੁਮਾਰ ਜਲੰਧਰ, ਲਖਵੀਰ ਭਾਗੀਵਾਂਦਰ, ਚਰਨਜੀਤ ਸਿੰਘ ਮੋਗਾ, ਰਾਜ ਕੁਮਾਰ ਜੈਤੋ ਤੇ ਰਾਜਿੰਦਰ ਕੁਮਾਰ ਪਠਾਨਕੋਟ ਆਦਿ ਸ਼ਾਮਲ ਹੋਏ।

# ਸ਼ਹੀਦ ਭਗਤ ਸਿੰਘ ਸਟੇਟ 'ਵਰਸਿਟੀ ਵਿਖੇ ਵਰਕਸ਼ਾਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਦੇ ਇੰਟਰਨਲ ਕਲਾਉਟੀ ਇੰਸ਼ੋਰੈਂਸ ਸੈੱਲ ਵੱਲੋਂ 'ਗੁਣਵੱਤਾ ਸੁਧਾਰ ਤੇ ਨੈਕ ਐਕਰੇਡਿਟੇਸ਼ਨ' ਵਿਸ਼ੇ 'ਤੇ ਇਕ ਵਿਸ਼ੇਸ਼ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ। ਮੁੱਖ ਵਕਤਾ ਪ੍ਰੋ. ਡਾ. ਸੰਦੀਪ ਗਰੋਵਰ ਸੇਵਾਮੁਕਤ ਸਾਬਕਾ ਕਾਰਜਕਾਰੀ ਵਾਈਸ ਚਾਂਸਲਰ, ਜੇਸੀ ਬੋਸ ਯੂਨੀਵਰਸਿਟੀ ਵਾਈ.ਐੱਮ.ਸੀ.ਏ. ਫਰੀਦਾਬਾਦ ਨੇ ਇੰਟਰਨਲ ਕਲਾਉਟੀ ਇੰਸ਼ੋਰੈਂਸ ਸੈੱਲ ਰਾਹੀਂ ਉੱਚ ਸਿੱਖਿਆ ਸੰਸਥਾਵਾਂ ਵਿੱਚ ਗੁਣਵੱਤਾ ਸੁਧਾਰ ਤੇ ਨੈਕ ਐਕਰੇਡਿਟੇਸ਼ਨ ਲਈ ਰਣਨੀਤੀਆਂ ਵਿਸ਼ਿਆਂ 'ਤੇ ਦੋ ਤਕਨੀਕੀ ਸੈਸ਼ਨਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਵਿੱਚ ਗੁਣਵੱਤਾ ਇਕ ਨਿਰੰਤਰ ਪ੍ਰਕਿਰਿਆ ਹੈ, ਜੋ ਨਵੀਨਤਾਕਾਰੀ ਸੋਚ ਤੇ ਸਮੂਹਕ ਵਚਨਬੱਧਤਾ ਨਾਲ ਹੀ ਸੰਭਵ ਹੈ। ਇੰਟਰਨਲ ਕਲਾਉਟੀ ਇੰਸ਼ੋਰੈਂਸ ਸੈੱਲ ਨੂੰ ਸੰਸਥਾਗਤ ਉੱਤਮਤਾ ਦਾ ਪ੍ਰੇਰਕ ਦੱਸਦਿਆਂ ਪ੍ਰੋ. ਗਰੋਵਰ ਨੇ ਨੈਕ ਦੇ ਪ੍ਰਸਤਾਵਿਤ ਬਾਈਨਰੀ ਐਕਰੇਡਿਟੇਸ਼ਨ ਫਰੇਮਵਰਕ, ਇਸ ਦੇ ਦਸ ਪ੍ਰਮੁੱਖ ਪਹਿਲੂਆਂ, ਪ੍ਰਮਾਣਿਤ ਡਿਜੀਟਲ ਡਾਟਾ, ਨਤੀਜਾ-ਮੁਖੀ ਸਿੱਖਿਆ, ਖੋਜ, ਨਿਰੰਤਰਤਾ ਤੇ ਮਾਪਣਯੋਗ ਨਤੀਜਿਆਂ ਦੀ ਵਧਦੀ ਅਹਿਮੀਅਤ 'ਤੇ ਚਾਨਣਾ ਪਾਇਆ। ਵਾਈਸ ਚਾਂਸਲਰ ਪ੍ਰੋ. ਡਾ. ਸੁਰੇਸ਼ ਕੁਮਾਰ ਸ਼ਰਮਾ ਨੇ ਸਮੂਹ ਫੈਕਲਟੀ ਤੇ ਸਟਾਫ਼ ਨੂੰ ਅਕਾਦਮਿਕ ਉੱਤਮਤਾ ਤੇ ਵਿਦਿਆਰਥੀ-ਕੇਂਦਰਿਤ ਮਾਹੌਲ ਸਿਰਜਣ ਲਈ ਇੱਕਜੁੱਟ ਹੋ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਰਜਿਸਟਰਾਰ ਡਾ. ਰਾਜੀਵ ਅਰੋੜਾ ਨੇ ਵਰਕਸ਼ਾਪ ਦੇ ਸਫਲ ਆਯੋਜਨ ਲਈ ਇੰਟਰਨਲ ਕਲਾਉਟੀ ਇੰਸ਼ੋਰੈਂਸ ਸੈੱਲ ਦੇ ਯਤਨਾਂ ਦੀ ਸ਼ਲਾਘਾ ਕੀਤੀ, ਜਦਕਿ ਡਾਇਰੈਕਟਰ ਇੰਟਰਨਲ ਕਲਾਉਟੀ ਇੰਸ਼ੋਰੈਂਸ ਸੈੱਲ ਡਾ. ਗਜ਼ਲਪ੍ਰੀਤ ਸਿੰਘ ਨੇ ਆਏ ਹੋਏ ਮੁੱਖ ਵਕਤਾ ਦਾ ਧੰਨਵਾਦ ਕੀਤਾ। ਵਰਕਸ਼ਾਪ ਦੇ ਅੰਤ ਵਿੱਚ ਪ੍ਰੋ. ਗਰੋਵਰ ਤੇ ਕੋਰ ਕਮੇਟੀ ਦੇ ਮੈਂਬਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਭਾਗ ਲੈਣ ਵਾਲੇ ਫੈਕਲਟੀ ਮੈਂਬਰਾਂ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ।

# ਸਾਬਕਾ ਸਰਪੰਚ ਜਗਤਾਰ ਸਿੰਘ ਤੇ ਲਖਵੀਰ ਸਿੰਘ ਲੱਖੀ 'ਆਪ' 'ਚ ਸ਼ਾਮਲ



**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਮੁੱਖ ਮੰਤਰੀ ਕੈਂਪ ਆਫਿਸ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਦੀ ਮੌਜੂਦਗੀ 'ਚ ਪਿੰਡ ਦੌਲਤਪੁਰ ਦੇ ਸਾਬਕਾ ਸਰਪੰਚ ਜਗਤਾਰ ਸਿੰਘ ਤੇ ਜਨਤਾ ਨਗਰ, ਧੂਰੀ ਦੇ ਲਖਵੀਰ ਸਿੰਘ ਲੱਖੀ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿੰਦਿਆਂ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਰਾਜਵੰਤ ਸਿੰਘ ਘੁੱਲੀ ਨੇ ਦੋਵਾਂ ਆਗੂਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਤੇ ਪਾਰਦਰਸ਼ੀ ਸ਼ਾਸਨ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਤੇ ਲੋਕਾਂ ਦੀ ਸੇਵਾ ਵਿੱਚ ਉਨ੍ਹਾਂ ਨੂੰ ਬਣਦਾ ਮੌਕਾ ਦਿੱਤਾ ਜਾਵੇਗਾ।ਨਵੇਂ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਪੱਖੀ ਫੈਸਲਿਆਂ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ।

# ਸ਼ਫ਼ਾਈ ਕਰਮਚਾਰੀਆਂ ਦੀਆਂ ਮੰਗਾਂ 'ਤੇ ਭਾਜਪਾ ਆਗੂਆਂ ਨੇ ਦਿੱਤਾ ਸਮਰਥਨ



**ਸਮਾਣਾ, (ਗੁਰਪਿਆਰ ਸਿੰਘ ਬੱਲ)**- ਪੰਜਾਬ ਸਟੇਟ ਸਫ਼ਾਈ ਕ੍ਰਮਚਾਰੀ ਯੂਨੀਅਨ ਦੇ ਸੱਦੇ 'ਤੇ ਨਗਰ ਕੌਂਸਲ ਦੇ ਸਫ਼ਾਈ ਕਰਮਚਾਰੀਆਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਅਣਮਿੱਥੇ ਸਮੇਂ ਲਈ ਹੜਤਾਲ ਜਾਰੀ ਰਹੀ।ਧਰਨੇ ਦੌਰਾਨ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਹਰਮੇਸ਼ ਗੋਇਲ ਦੀ ਅਗਵਾਈ ਹੇਠ ਪਟਿਆਲਾ ਤੇ ਸਮਾਣਾ ਦੇ ਸੀਨੀਅਰ ਆਗੂਆਂ ਨੇ ਧਰਨੇ ਵਿੱਚ ਪਹੁੰਚ ਕੇ ਸਫ਼ਾਈ ਕ੍ਰਮਚਾਰੀਆਂ ਨੂੰ ਆਪਣਾ ਭਰਵਾਂ ਸਮਰਥਨ ਦਿੱਤਾ। ਧਰਨੇ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸੁਰਿੰਦਰ ਸਿੰਘ ਖੇੜਕੀ ਤੇ ਜ਼ਿਲ੍ਹਾ ਪ੍ਰਧਾਨ ਹਰਮੇਸ਼ ਗੋਇਲ ਡਕਾਲਾ ਨੇ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਵਾਅਦੇ ਕੀਤੇ ਸਨ, ਪਰ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਕੀਤੀਆਂ।ਉਨ੍ਹਾਂ ਕਿਹਾ ਕਿ ਧਰਨਿਆਂ ਵਿੱਚੋਂ ਉਪਜੀ ਪਾਰਟੀ ਧਰਨੇ ਕਰ ਰਹੇ ਮੁਲਾਜ਼ਮਾਂ ਦੀ ਹੀ ਆਵਾਜ਼ ਨੂੰ ਅਣਸੁਣਿਆ ਕਰ ਰਹੀ ਹੈ। ਭਾਜਪਾ ਦੇ ਸੋਸ਼ਲ ਮੀਡੀਆ ਇੰਚਾਰਜ ਸੰਜੀਵ ਗਰਗ ਨੇ ਕਿਹਾ ਕਿ ਸਫ਼ਾਈ ਕਰਮਚਾਰੀ ਬਹੁਤ ਘੱਟ ਤਨਖ਼ਾਹ 'ਤੇ ਕੰਮ ਕਰਦੇ ਹੋਏ ਸ਼ਹਿਰ ਨੂੰ ਸਾਫ਼-ਸੁਥਰਾ ਤੇ ਬਿਮਾਰੀਆਂ ਤੋਂ ਮੁਕਤ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਇਹ ਕ੍ਰਮਚਾਰੀ ਨਾ ਹੋਣ ਤਾਂ ਸ਼ਹਿਰ ਗੰਦਗੀ ਦਾ ਢੇਰ ਬਣ ਸਕਦਾ ਹੈ ਤੇ ਬਿਮਾਰੀਆਂ ਫੈਲਣ ਦਾ ਖ਼ਤਰਾ ਵੱਧ ਸਕਦਾ ਹੈ।ਉਨ੍ਹਾਂ ਸਰਕਾਰ ਨੂੰ ਸਵਾਲ ਕੀਤਾ ਕਿ ਜਦੋਂ ਜਨ-ਪ੍ਰਤੀਨਿਧੀਆਂ ਲਈ ਫੰਡਾਂ ਦੀ ਕੋਈ ਕਮੀ ਨਹੀਂ, ਤਾਂ ਇਨ੍ਹਾਂ ਕ੍ਰਮਚਾਰੀਆਂ ਨੂੰ ਪੱਕਾ ਕਰਨ ਅਤੇ ਬਣਦੀਆਂ ਤਨਖ਼ਾਹਾਂ ਦੇਣ ਲਈ ਖ਼ਜ਼ਾਨਾ ਖਾਲੀ ਕਿਵੇਂ ਹੋ ਜਾਂਦਾ ਹੈ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਸਫ਼ਾਈ ਕ੍ਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦੇ ਹੱਕ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ।

# ਬੁਨਿਆਦੀ ਸਹੂਲਤਾਂ ਤੋਂ ਸੱਖਣੇ ਇੰਦਰ ਸਿੰਘ ਗਿੱਲ ਨਗਰ : ਬਲਕਰਨ ਮੋਗਾ



**ਮੋਗਾ, (ਇਕਬਾਲ ਸਿੰਘ ਖਹਿਰਾ)**-ਇੰਦਰ ਸਿੰਘ ਗਿੱਲ ਨਗਰ ਮੋਗਾ ਦੇ ਮੁਹੱਲਾ ਵਾਸੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਸ੍ਰੀ ਗੁਰੂ ਤੇਗ਼ ਬਹਾਦਰ ਗੁਰਦੁਆਰਾ ਸਾਹਿਬ ਵਿਖੇ ਹੋਈ, ਜਿਸ ਵਿੱਚ ਮਹੱਲੇ ਵਾਸੀਆਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਮੁਹੱਲੇ ਦੀਆਂ ਟੁੱਟੀਆਂ ਸੜਕਾਂ, ਗੰਦੇ ਪਾਣੀ ਦੀ ਨਿਕਾਸੀ, ਸੀਵਰੇਜ ਦੀ ਸਮੱਸਿਆ, ਸਟਰੀਟ ਲਾਈਟਾਂ ਦੀ ਘਾਟ, ਸਫਾਈ ਦੀ ਮਾੜੀ ਵਿਵਸਥਾ ਤੇ ਪੀਣ ਵਾਲੇ ਪਾਣੀ ਦੀ ਅਨਿਯਮਿਤ ਸਪਲਾਈ ਵਰਗੇ ਮੁੱਦੇ ਉਠਾਏ ਗਏ। ਮੁਹੱਲਾ ਕਮੇਟੀ ਨੇ ਸੰਬੰਧਤ ਵਿਭਾਗਾਂ ਤੇ ਨਗਰ ਕੌਂਸਲ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਸਮੱਸਿਆਵਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ ਤਾਂ ਜੋ ਇਲਾਕਾ ਵਾਸੀਆਂ ਨੂੰ ਹੋ ਰਹੀ ਪ੍ਰੇਸ਼ਾਨੀ ਤੋਂ ਰਾਹਤ ਮਿਲ ਸਕੇ।ਮੁਹੱਲਾ ਵਾਸੀਆਂ ਨੇ ਕਿਹਾ ਕਿ ਜੇਕਰ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਨਾ ਕੀਤਾ ਗਿਆ ਤਾਂ ਮਹੱਲਾ ਵਾਸੀ ਲੋਕਤੰਤਰੀ ਢੰਗ ਨਾਲ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ।ਇਸ ਮੌਕੇ ਵੱਡੀ ਗਿਣਤੀ ਵਿੱਚ ਮਹੱਲਾ ਵਾਸੀ ਹਾਜ਼ਰ ਸਨ।ਹਾਜ਼ਰ ਮੈਂਬਰਾਂ ਨੇ ਮੁਹੱਲੇ ਦੀਆਂ ਸਮੱਸਿਆਵਾਂ ਦੇ ਹੱਲ ਲਈ 31 ਮੈਂਬਰੀ ਕਮੇਟੀ ਦਾ ਵੀ ਗਠਨ ਕੀਤਾ।ਕਮੇਟੀ ਮੈਂਬਰਾਂ ਵਿੱਚ ਮੁੱਖ ਤੌਰ 'ਤੇ ਬਲਕਰਨ ਮੋਗਾ, ਗੁਰਸੇਵਕ ਸਿੰਘ ਸੰਨਿਆਸੀ, ਬੀਬੀ ਨਰਿੰਦਰ ਕੌਰ ਭੰਮ, ਬੇਅੰਤ ਕੌਰ, ਗੁਰਸੇਵਕ ਸਿੰਘ ਧਾਲੀਵਾਲ, ਜੋਗਿੰਦਰ ਸਿੰਘ ਸਿੱਧੂ, ਡਾਕਟਰ ਗੁਰਮੀਤ ਕੌਰ, ਵਰਿੰਦਰ ਕੌਰ, ਹਾਕਮ ਸਿੰਘ ਗਿੱਲ,ਲਛਮਣ ਸਿੰਘ ਢਿੱਲੋਂ, ਜਸਵਿੰਦਰ ਕੌਰ, ਗੁਰਜੀਤ ਕੌਰ, ਰਣਜੀਤ ਪਾਲ ਰਾਜੂ, ਗੁਰਵੀਰ ਸਿੰਘ ਰਾਜਾ, ਪਰਮਿਦਰ ਕੌਰ, ਕੁਲਵੰਤ ਕੌਰ, ਗੁਰਵੀਰ ਸਿੰਘ ਰਾਜਾ, ਸ਼ਿਵਦੇਵ ਸਿੰਘ ਸ਼ਿੰਦਾ, ਬਲਵਿੰਦਰ ਸਿੰਘ, ਮੇਜਰ ਸਿੰਘ, ਸ਼ਿੰਦਰਪਾਲ ਕੌਰ, ਬਲਜੀਤ ਕੌਰ, ਜਰਨੈਲ ਕੌਰ, ਨਵਜੋਤ ਗਿੱਲ, ਮੱਖਣ ਸਿੰਘ, ਨਿਰਮਲ ਸਿੰਘ ਖੋਸਾ, ਗਿੰਦਰ ਸਿੰਘ ਆਦਿ ਚੁਣੇ ਗਏ ।

# ਯਾਤਰੀਆਂ ਲਈ ਵਰਦਾਨ ਸਾਬਿਤ ਹੋ ਰਹੀ ਰੇਲਵੇ ਦੀ 'ਵਿਕਲਪ' ਸਕੀਮ

**ਫਿਰੋਜ਼ਪੁਰ, (ਅਸ਼ੋਕ ਸ਼ਰਮਾ)**- ਭਾਰਤੀ ਰੇਲਵੇ ਵੱਲੋਂ ਸ਼ੁਰੂ ਕੀਤੀ ਗਈ 'ਵਿਕਲਪ' ਸਕੀਮ ਵੇਟਿੰਗ ਲਿਸਟ ਵਾਲੇ ਯਾਤਰੀਆਂ ਲਈ ਬਹੁਤ ਫਾਇਦੇਮੰਦ ਸਾਬਿਤ ਹੋ ਰਹੀ ਹੈ। ਇਹ ਸਕੀਮ ਆਨਲਾਈਨ ਟਿਕਟ ਬੁੱਕ ਕਰਨ ਵਾਲੇ ਯਾਤਰੀਆਂ ਨੂੰ ਬਿਨਾਂ ਕਿਸੇ ਵਾਧੂ ਖਰਚੇ ਦੇ ਦੂਜੀ ਟਰੇਨ ਵਿੱਚ ਕਨਫਰਮ ਸੀਟ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਦਿੰਦੀ ਹੈ। ਭਾਰਤੀ ਰੇਲਵੇ ਵੱਲੋਂ ਆਨਲਾਈਨ ਰਿਜ਼ਰਵ ਟਿਕਟ 'ਤੇ ਯਾਤਰਾ ਕਰਨ ਵਾਲੇ ਵੇਟਿੰਗ ਲਿਸਟ ਦੇ ਯਾਤਰੀਆਂ ਦੀ ਸਹੂਲਤ ਲਈ ਸ਼ੁਰੂ ਕੀਤੀ ਗਈ 'ਵਿਕਲਪ' ਯੋਜਨਾ ਯਾਤਰੀਆਂ ਨੂੰ ਵੱਧ ਸਹੂਲਤ ਵਾਲੀ ਤੇ ਯਕੀਨੀ ਯਾਤਰਾ ਦਾ ਅਵਸਰ ਪ੍ਰਦਾਨ ਕਰ ਰਹੀ ਹੈ। ਇਸ ਯੋਜਨਾ ਤਹਿਤ ਜੇਕਰ ਮੂਲ ਟਰੇਨ ਵਿੱਚ ਰਿਜ਼ਰਵ ਸੀਟ ਉਪਲਬੱਧ ਨਹੀਂ ਹੁੰਦੀ, ਤਾਂ ਯਾਤਰੀਆਂ ਦੀ ਸਹਿਮਤੀ ਦੇ ਆਧਾਰ 'ਤੇ ਉਨ੍ਹਾਂ ਨੂੰ ਉਸੇ ਰੂਟ ਦੀ ਕਿਸੇ ਹੋਰ ਢੁੱਕਵੀਂ ਟਰੇਨ ਵਿੱਚ ਜਾਂ ਉਸੇ ਟਰੇਨ ਦੀ ਕਿਸੇ ਹੋਰ ਮਿਤੀ ਵਿੱਚ ਉਪਲਬਧ ਸੀਟ 'ਤੇ ਬਿਨਾਂ ਕਿਸੇ ਵਾਧੂ ਚਾਰਜ ਦੇ ਸੀਟ ਅਲਾਟ ਕਰ ਦਿੱਤੀ ਜਾਂਦੀ ਹੈ। ਇਹ ਵਿਸ਼ੇਸ਼ ਸਹੂਲਤ ਕੇਵਲ ਆਈਆਰਸੀਟੀਸੀ ਦੇ ਮਾਧਿਅਮ ਨਾਲ ਆਨਲਾਈਨ ਬੁੱਕ ਕੀਤੀਆਂ ਗਈਆਂ ਰਿਜ਼ਰਵ ਟਿਕਟਾਂ 'ਤੇ ਹੀ ਉਪਲਬੱਧ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ ਟਰੇਨਾਂ ਵਿਚ ਖਾਲੀ ਰਹਿ ਜਾਣ ਵਾਲੀਆਂ ਸੀਟਾਂ ਦੀ ਵਰਤੋਂ ਨੂੰ ਯਕੀਨੀ ਬਣਾਉਣਾ, ਵੇਟਿੰਗ ਲਿਸਟ ਵਾਲੇ ਯਾਤਰੀਆਂ ਨੂੰ ਯਾਤਰਾ ਕਰਨ ਦਾ ਮੌਕਾ ਦੇਣਾ ਤੇ ਸੀਟਾਂ ਦੇ ਬੇਲੋੜੀ ਖਾਲੀਪਨ ਨੂੰ ਘਟਾਉਣਾ ਹੈ। ਇਸ ਨਾਲ ਨਾ ਕੇਵਲ ਯਾਤਰੀਆਂ ਨੂੰ ਵੱਡੀ ਰਾਹਤ ਮਿਲ ਰਹੀ ਹੈ, ਸਗੋਂ ਰੇਲਵੇ ਦੇ ਸਾਧਨਾਂ ਦੀ ਵੀ ਬਿਹਤਰ ਵਰਤੋਂ ਹੋ ਰਹੀ ਹੈ। ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਬਸੰਤ ਕੁਮਾਰ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਨਲਾਈਨ ਟਿਕਟ ਬੁੱਕ ਕਰਦੇ ਸਮੇਂ 'ਵਿਕਲਪ' ਸਹੂਲਤ ਦੀ ਚੋਣ ਕਰਨ ਤੇ ਇਸ ਲਾਭਦਾਇਕ ਯੋਜਨਾ ਦਾ ਪੂਰਾ ਫਾਇਦਾ ਉਠਾਉਣ।

# ਸ਼ਫ਼ਾਈ ਵਿਵਸਥਾ ਠੱਪ, ਕੂੜੇ ਦੇ ਢੇਰਾਂ ਨਾਲ ਵਧੀਆਂ ਲੋਕਾਂ ਦੀਆਂ ਮੁਸ਼ਕਲਾਂ

**ਦੋਰਾਹਾ, ( ਹਰਮਿੰਦਰ ਸੇਠ)**- ਆਊਟਸੋਰਸ ਪ੍ਰਬੰਧ ਅਧੀਨ ਕੰਮ ਕਰ ਰਹੇ ਸਫ਼ਾਈ ਕ੍ਰਮਚਾਰੀਆਂ ਦੀ ਚੱਲ ਰਹੀ ਹੜਤਾਲ ਦਾ ਅਸਰ ਹੁਣ ਸ਼ਹਿਰ ਦੇ ਹਰ ਹਿੱਸੇ ਵਿੱਚ ਸਪੱਸ਼ਟ ਤੌਰ 'ਤੇ ਨਜ਼ਰ ਆ ਰਿਹਾ ਹੈ।ਗਲੀਆਂ, ਮੁਹੱਲਿਆਂ, ਮੁੱਖ ਬਾਜ਼ਾਰਾਂ, ਬੱਸ ਅੱਡੇ, ਜਨਤਕ ਥਾਂਵਾਂ ਤੇ ਰਿਹਾਇਸ਼ੀ ਇਲਾਕਿਆਂ ਵਿੱਚ ਕੂੜੇ ਦੇ ਢੇਰ ਲੱਗਣ ਕਾਰਨ ਸਫ਼ਾਈ ਪ੍ਰਬੰਧ ਬੁਰੀ ਤਰ੍ਹਾਂ ਪ੍ਰਭਾਵਤ ਹੋ ਗਿਆ ਹੈ।ਬਰਸਾਤੀ ਮੌਸਮ ਦੌਰਾਨ ਇਕੱਠੇ ਹੋਏ ਕੂੜੇ ਤੋਂ ਉੱਠ ਰਹੀ ਬਦਬੂ, ਗੰਦਾ ਪਾਣੀ ਤੇ ਮੱਛਰ-ਮੱਖੀਆਂ ਦੀ ਵਧ ਰਹੀ ਗਿਣਤੀ ਕਾਰਨ ਲੋਕਾਂ ਵਿੱਚ ਡੇਂਗੂ, ਮਲੇਰੀਆ ਤੇ ਹੋਰ ਛੂਤ ਦੀਆਂ ਬਿਮਾਰੀਆਂ ਫੈਲਣ ਦਾ ਡਰ ਵੀ ਬਣਿਆ ਹੋਇਆ ਹੈ। ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਸਫ਼ਾਈ ਕ੍ਰਮਚਾਰੀਆਂ ਦੀਆਂ ਮੰਗਾਂ ਕਈ ਸਾਲਾਂ ਤੋਂ ਲੰਬਿਤ ਚੱਲ ਰਹੀਆਂ ਹਨ, ਪਰ ਹਰ ਸਰਕਾਰ ਵੱਲੋਂ ਸਿਰਫ਼ ਭਰੋਸੇ ਹੀ ਦਿੱਤੇ ਜਾਂਦੇ ਹਨ, ਜਦੋਂ ਵੀ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਤਾਂ ਕ੍ਰਮਚਾਰੀਆਂ ਨੂੰ ਹੜਤਾਲ ਦਾ ਰਾਹ ਅਪਣਾਉਣਾ ਪੈਂਦਾ ਹੈ, ਜਿਸ ਦਾ ਸਿੱਧਾ ਅਸਰ ਆਮ ਲੋਕਾਂ 'ਤੇ ਪੈਂਦਾ ਹੈ।ਲੋਕਾਂ ਦਾ ਮੰਨਣਾ ਹੈ ਕਿ ਜੇਕਰ ਸਮੇਂ ਸਿਰ ਗੱਲਬਾਤ ਕਰਕੇ ਮਸਲੇ ਦਾ ਹੱਲ ਕੱਢਿਆ ਜਾਵੇ ਤਾਂ ਨਾ ਕ੍ਰਮਚਾਰੀਆਂ ਨੂੰ ਸੜਕਾਂ 'ਤੇ ਉਤਰਨਾ ਪਵੇ ਅਤੇ ਨਾ ਹੀ ਲੋਕਾਂ ਨੂੰ ਗੰਦਗੀ ਵਿਚਕਾਰ ਰਹਿਣ ਲਈ ਮਜਬੂਰ ਹੋਣਾ ਪਵੇ।ਹੜਤਾਲ ਕਾਰਨ ਘਰ-ਘਰ ਤੋਂ ਕੂੜਾ ਚੁੱਕਣ ਦੀ ਸੇਵਾ ਵੀ ਠੱਪ ਹੋ ਗਈ ਹੈ।ਕਈ ਇਲਾਕਿਆਂ ਵਿੱਚ ਪਿਛਲੇ ਕਈ ਦਿਨਾਂ ਤੋਂ ਕੂੜਾ ਨਹੀਂ ਚੁੱਕਿਆ ਗਿਆ, ਜਿਸ ਕਾਰਨ ਲੋਕ ਘਰਾਂ ਦੇ ਬਾਹਰ ਜਾਂ ਖਾਲੀ ਪਲਾਟਾਂ 'ਚ ਕੂੜਾ ਸੁੱਟਣ ਲਈ ਮਜਬੂਰ ਹਨ।ਮੁੱਖ ਬਾਜ਼ਾਰ ਵਿੱਚ ਵੀ ਕੂੜੇ ਦੇ ਢੇਰ ਲੱਗਣ ਨਾਲ ਦੁਕਾਨਦਾਰਾਂ ਤੇ ਖਰੀਦਦਾਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਹ ਹੜਤਾਲ ਹੋਰ ਲੰਬੀ ਚੱਲੀ ਤਾਂ ਸਥਿਤੀ ਹੋਰ ਵੀ ਗੰਭੀਰ ਹੋ ਸਕਦੀ ਹੈ।

# ਮੋਹੀ ਪੰਜਾਬ ਕਾਂਗਰਸ ਐਸ ਸੀ ਵਿਭਾਗ ਸੈੱਲ ਦੇ ਕਾਰਜਕਾਰੀ ਚੇਅਰਮੈਨ ਨਿਯੁਕਤ



**ਨਾਭਾ (ਅਮਨ ਗਰਗ)**- 2027 ਦੀਆਂ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਹਾਈਕਮਾਂਡ ਦੀ ਤਰਫੋਂ ਸੀਨੀਅਰ ਕਾਂਗਰਸੀ ਆਗੂ, ਐਸ.ਸੀ ਕਮਿਸ਼ਨ ਪੰਜਾਬ ਦੇ ਸਾਬਕਾ ਚੇਅਰਮੈਨ ਤੇ ਕਾਂਗਰਸ ਪਾਰਟੀ ਲਈ ਦਿਨ-ਰਾਤ ਲਗਾਤਾਰ ਸੇਵਾ ਕਰ ਰਹੇ ਨਾਭਾ ਹਲਕੇ ਤੋਂ ਸਰਗਰਮ ਆਗੂ, ਨੌਜਵਾਨਾਂ ਦੇ ਦਿਲਾਂ ਦੀ ਧੜਕਣ ਚੰਦਰੇਸ਼ਵਰ ਸਿੰਘ ਮੋਹੀ ਨੂੰ ਪੰਜਾਬ ਕਾਂਗਰਸ ਐਸਸੀ ਵਿਭਾਗ ਸੈੱਲ ਦਾ ਕਾਰਜਕਾਰੀ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਚੰਦਰੇਸ਼ਵਰ ਸਿੰਘ ਮੋਹੀ ਨੇ ਪਾਰਟੀ ਪ੍ਰਤੀ ਉਨ੍ਹਾਂ ਦੀਆਂ ਸੇਵਾਵਾਂ ਦੇ ਮੱਦੇਨਜ਼ਰ ਇਹ ਨਿਯੁਕਤੀ ਕੀਤੀ ਹੈ। ਮੈਂ ਸਮੁੱਚੀ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਸ ਪਾਰਟੀ ਨੇ ਮੇਰੇ 'ਤੇ ਭਰੋਸਾ ਕਰਕੇ ਇਹ ਜ਼ਿੰਮੇਵਾਰੀ ਸੌਂਪੀ ਹੈ, ਮੈਂ ਇਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ ਅਤੇ ਵੱਧ ਤੋਂ ਵੱਧ ਐਸ.ਸੀ ਵੋਟਾਂ ਨੂੰ ਪਾਰਟੀ ਨਾਲ ਜੋੜਨ ਲਈ ਦਿਨ-ਰਾਤ ਮਿਹਨਤ ਕਰਦਾ ਰਹਾਂਗਾ। ਜ਼ਿਕਰਯੋਗ ਹੈ ਕਿ ਚੰਦਰੇਸ਼ਵਰ ਸਿੰਘ ਮੋਹੀ ਜਿੱਥੇ ਪਿਛਲੇ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਵਿਚ ਸ਼ਾਮਲ ਹੋ ਕੇ ਪਾਰਟੀ ਦੀ ਸੇਵਾ ਕਰ ਰਹੇ ਹਨ, ਉਥੇ ਉਨ੍ਹਾਂ ਦੇ ਪਿਤਾ ਵੀ ਸਾਬਕਾ ਵਿਧਾਇਕ ਰਹਿ ਚੁੱਕੇ ਹਨ ਤੇ ਚੰਦਰੇਸ਼ਵਰ ਸਿੰਘ ਮੋਹੀ ਪਿਛਲੇ ਲੰਮੇ ਸਮੇਂ ਤੋਂ ਨਾਭਾ ਸਰਕਲ ਵਿਚ ਦਿਨ-ਰਾਤ ਨਾਭਾ ਹਲਕੇ ਦੇ ਲੋਕਾਂ ਨਾਲ ਸੰਪਰਕ ਕਰ ਰਹੇ ਹਨ ਤੇ ਨਾਭਾ ਦੇ ਲੋਕਾਂ ਨੂੰ ਕਾਂਗਰਸ ਪਾਰਟੀ ਨਾਲ ਜੋੜ ਰਹੇ ਹਨ।

# ਕਾਰਗੁਜ਼ਾਰੀ ਰਿਪੋਰਟ ਜਨਰਲ ਅਜਲਾਸ 'ਚ ਪੇਸ਼ ਕਰਨ ਲਈ ਵਿਚਾਰੀ



**ਲੁਧਿਆਣਾ, (ਸਤੀਸ਼ ਸਚਦੇਵਾ)**- ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਦੀ ਕਾਰਜਕਾਰੀ ਕਮੇਟੀ ਮੀਟਿੰਗ ਬੀਬੀ ਅਮਰ ਕੌਰ ਯਾਦਗਾਰੀ ਲਾਇਬ੍ਰੇਰੀ ਵਿਖੇ ਹੋਈ।ਇਸ ਸਮੇਂ ਸਭਾ ਦੇ ਪਿਛਲੇ ਦੋ ਸਾਲ ਦੇ ਕੰਮਾਂ ਦਾ ਲੇਖਾ-ਜੋਖਾ 25 ਜੁਲਾਈ ਨੂੰ ਸਭਾ ਦੇ ਹੋਣ ਜਾ ਰਹੇ ਜਨਰਲ ਇਜਲਾਸ ਵਿੱਚ ਪੇਸ਼ ਕਰਨ ਲਈ ਚਰਚਾ ਕੀਤੀ ਗਈ।ਸਭਾ ਵੱਲੋਂ ਸਾਲ 2024-26 ਦੌਰਾਨ ਕੀਤੇ ਕੰਮਾਂ ਦੀ ਸੰਖੇਪ ਰਿਪੋਰਟ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ ਵੱਲੋਂ ਚਰਚਾ ਅਧੀਨ ਲਿਆਂਦੀ ਗਈ।ਸੂਬਾ ਪ੍ਰਧਾਨ ਪ੍ਰੋ ਜਗਮੋਹਨ ਸਿੰਘ, ਜ਼ਿਲ੍ਹਾ ਉਪ ਪ੍ਰਧਾਨ ਡਾ ਹਰਬੰਸ ਗਰੇਵਾਲ, ਸਕੱਤਰ ਅਜਮੇਰ ਦਾਖਾ, ਵਿੱਤ ਸਕੱਤਰ ਪਰਮਜੀਤ ਸਿੰਘ, ਪ੍ਰੈਸ ਸਕੱਤਰ ਸਤੀਸ਼ ਸੱਚਦੇਵਾ ਵੱਲੋਂ ਆਪਣੇ ਸੁਝਾਅ ਨੋਟ ਕਰਾਏ ਗਏ।ਸਭਾ ਵੱਲੋਂ ਪਿਛਲੇ ਕੰਮਾਂ ਦੌਰਾਨ ਰਹੀਆਂ ਘਾਟਾਂ ਨੂੰ ਅਗਲੇ ਦੌਰ ਵਿੱਚ ਦੂਰ ਕਰਨ ਅਤੇ ਮਨੁੱਖੀ ਅਧਿਕਾਰਾਂ ਨੂੰ ਖ਼ਤਮ ਕਰਨ ਦੇ ਰਾਹ ਪਈਆਂ ਕੇਂਦਰ ਅਤੇ ਪੰਜਾਬ ਸਰਕਾਰਾਂ ਦੇ ਮਨੁੱਖਤਾ ਵਿਰੋਧੀ ਰਵੱਈਏ ਬਾਰੇ ਲੋਕਾਂ ਨੂੰ ਚੇਤਨ ਕਰਨ ਉੱਪਰ ਵੱਧ ਜ਼ੋਰ ਲਾਉਣ ਨੂੰ ਪਹਿਲ ਦੇਣ ਬਾਰੇ ਚਰਚਾ ਕੀਤੀ ਗਈ।ਸਰਕਾਰਾਂ ਵੱਲੋਂ ਇੱਕ ਪਾਸੇ ਲੋਕਾਂ ਤੋਂ ਵੋਟਾਂ ਪ੍ਰਾਪਤ ਕਰਨ ਲਈ ਉਹਨਾਂ ਦੀ ਧਰਮ ਪ੍ਰਤੀ ਆਸਥਾ ਆਪਣੇ ਪੱਖ ਵਿੱਚ ਭਗਤਾਉਣ ਲਈ ਮੁਫ਼ਤ ਤੀਰਥ ਯਾਤਰਾ, ਔਰਤਾਂ ਨੂੰ 1000-1500/- ਰੁਪਏ ਦੇ ਕੇ ਭਰਮਾਇਆ ਜਾ ਰਿਹਾ ਹੈ। ਦੂਜੇ ਪਾਸੇ ਰੋਜ਼ਗਾਰ ਮੰਗ ਰਹੇ ਨੌਜਵਾਨਾਂ, ਮਨਰੇਗਾ ਕਾਮਿਆਂ, ਸਫ਼ਾਈ ਕਾਮਿਆਂ , ਬਿਜਲੀ ਮੁਲਾਜ਼ਮਾਂ, ਸਰਕਾਰੀ ਕ੍ਰਮਚਾਰੀਆਂ ਤੇ ਪੈਨਸ਼ਨਰਾਂ ਉੱਪਰ ਸਰਕਾਰੀ ਏਜੰਸੀਆਂ ਵੱਲੋਂ ਤਸ਼ੱਦਦ ਢਾਹਿਆ ਜਾ ਰਿਹਾ ਹੈ।ਸਰਕਾਰਾਂ ਦਾ ਇਹ ਦੋਗਲਾ ਚਿਹਰਾ ਲੋਕਾਂ ਨੂੰ ਵਿਖਾਉਣ ਤੇ ਸਮਝਾਉਣ ਬਾਰੇ ਵੀ ਵਿਚਾਰਾਂ ਹੋਈਆਂ।ਦੇਸ਼ ਵਿੱਚ ਫਿਰਕੂ ਨਫ਼ਰਤ ਫੈਲਾ ਕੇ ਅਸਲ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਵੀ ਸਰਕਾਰਾਂ ਦਾ ਅਸਲ ਚਿਹਰਾ ਬੇਪਰਦ ਕਰਨ ਨੂੰ ਰਿਪੋਰਟ ਵਿੱਚ ਦਰਜ ਕਰਨਾ ਤਹਿ ਕੀਤਾ ਗਿਆ।

# ਅੰਤਰ-ਸਦਨ ਪ੍ਰਸ਼ਨੋਤਰੀ ਮੁਕਾਬਲਾ ਕਰਾਇਆ




**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਬਰੌਡਵੇ ਪਬਲਿਕ ਸਕੂਲ, ਮਨਾਲ ਵਿਖੇ ਅੰਤਰ-ਸਦਨ ਪ੍ਰਸ਼ਨੋਤਰੀ ਮੁਕਾਬਲਾ ਉਤਸ਼ਾਹ ਨਾਲ ਕਰਾਇਆ ਗਿਆ।ਇਸ ਮੌਕੇ ਛੇਵੀਂ ਤੋਂ ਅੱਠਵੀਂ ਸ਼੍ਰੇਣੀ ਤੱਕ ਦੇ ਵਿਦਿਆਰਥੀਆਂ ਲਈ ਅੰਤਰ-ਸਦਨ ਪ੍ਰਸ਼ਨੋਤਰੀ ਮੁਕਾਬਲਾ ਬਹੁਤ ਹੀ ਉਤਸ਼ਾਹ, ਜੋਸ਼ ਤੇ ਰੌਚਕ ਮਾਹੌਲ 'ਚ ਕਰਾਇਆ ਗਿਆ।ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਦੇ ਗਿਆਨ, ਤਰਕਸ਼ੀਲ ਸੋਚ, ਹਾਜ਼ਰਜਵਾਬੀ ਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਤ ਕਰਨਾ ਸੀ। ਮੁਕਾਬਲੇ ਦੌਰਾਨ ਹਰੇਕ ਸਦਨ ਦੇ ਵਿਦਿਆਰਥੀਆਂ ਨੇ ਪਾਠਕ੍ਰਮ, ਸਧਾਰਨ ਗਿਆਨ, ਵਿਗਿਆਨ, ਗਣਿਤ, ਪੰਜਾਬੀ, ਅੰਗਰੇਜ਼ੀ ਅਤੇ ਸਮਕਾਲੀ ਵਿਸ਼ਿਆਂ ਨਾਲ ਸੰਬੰਧਤ ਪ੍ਰਸ਼ਨਾਂ ਦੇ ਬਹੁਤ ਹੀ ਆਤਮ-ਵਿਸ਼ਵਾਸ ਅਤੇ ਸੂਝ-ਬੂਝ ਨਾਲ ਉੱਤਰ ਦਿੱਤੇ।ਮੁਕਾਬਲੇ ਦਾ ਸੁਚੱਜਾ ਸੰਚਾਲਨ ਨਵਜੋਤ ਸਿੰਘ ਤੇ ਮੈਡਮ ਇੰਸ਼ਾ ਵੱਲੋਂ ਕੀਤਾ ਗਿਆ, ਜਿਨ੍ਹਾਂ ਨੇ ਹਰ ਗੇੜ ਦੀ ਬਹੁਤ ਹੀ ਸੁਚੱਜੀ ਯੋਜਨਾਬੰਦੀ ਤੇ ਪ੍ਰਭਾਵਸ਼ਾਲੀ ਪੇਸ਼ਕਾਰੀ ਕਰਕੇ ਮੁਕਾਬਲੇ ਨੂੰ ਹੋਰ ਵੀ ਰੌਚਕ ਤੇ ਦਿਲਚਸਪ ਬਣਾ ਦਿੱਤਾ।ਸਾਰੇ ਸਦਨਾਂ ਵਿਚਾਲੇ ਸਖ਼ਤ ਪਰ ਸਿਹਤਮੰਦ ਮੁਕਾਬਲਾ ਦੇਖਣ ਨੂੰ ਮਿਲਿਆ ਅਤੇ ਹਰ ਟੀਮ ਨੇ ਆਪਣੀ ਸ਼ਾਨਦਾਰ ਤਿਆਰੀ ਤੇ ਗਿਆਨ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਦੇ ਆਖ਼ਰੀ ਅਤੇ ਸਭ ਤੋਂ ਰੌਚਕ ਤੇਜ਼ ਸਵਾਲ-ਜਵਾਬ ਗੇੜ ਵਿੱਚ ਹਰੇ ਸਦਨ ਦੇ ਵਿਦਿਆਰਥੀ ਪ੍ਰੀਤਜੋਤ ਸਿੰਘ (ਅੱਠਵੀਂ-ਈ) ਨੇ ਆਪਣੀ ਸੂਝ-ਸਮਝ, ਹਾਜ਼ਰਜਵਾਬੀ ਤੇ ਤੁਰੰਤ ਫ਼ੈਸਲਾ ਕਰਨ ਦੀ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸਦਨ ਦਾ ਪਹਿਲਾ ਸਥਾਨ ਆਪਣੇ ਨਾਂਅ ਕੀਤਾ, ਜਦਕਿ ਨੀਲੇ ਸਦਨ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੂਜਾ ਸਥਾਨ ਪ੍ਰਾਪਤ ਕੀਤਾ।ਮੁਕਾਬਲੇ ਲਈ ਇੱਕ ਖ਼ਾਸ ਗੇੜ ਵੀ ਰੱਖਿਆ ਗਿਆ ਜਿਸ ਵਿੱਚ ਚਾਰੇ ਸਦਨਾਂ ਦੇ ਦੋ-ਦੋ ਵਿਦਿਆਰਥੀ ਆਡੀਐਂਸ ਵਿੱਚੋਂ ਚੁਣੇ ਗਏ ਅਤੇ ਉਨ੍ਹਾਂ ਤੋਂ ਪ੍ਰਸ਼ਨ ਪੁੱਛੇ ਗਏ ਜਿਸ ਵਿੱਚ ਪੀਲ਼ੇ ਸਦਨ ਦੇ ਦੋ ਵਿਦਿਆਰਥੀਆਂ ਨੇ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਆਪਣੇ ਸਦਨ ਦਾ ਮਾਣ ਵਧਾਇਆ।

## ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਉਪਰੰਤ ਰੋਸ ਪ੍ਰਦਰਸ਼ਨ



ਰਾਜਪੁਰਾ (ਰਮੇਸ਼ ਕਟਾਰੀਆ)- ਸਾਂਝੇ ਸੱਦੇ 'ਤੇ ਦੂਜੇ ਦਿਨ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਐਡਹਾਕ ਕਮੇਟੀ ਵੱਲੋਂ ਡਵੀਜ਼ਨ ਰਾਜਪੁਰਾ ਦੇ ਮੇਨ ਗੇਟ 'ਤੇ ਸੈਂਕੜੇ ਸਾਥੀਆਂ ਵੱਲੋਂ ਮਾਸ ਲੀਵ ਭਰਨ ਉਪਰੰਤ ਰੋਸ ਪ੍ਰਦਰਸ਼ਨ ਡਵੀਜ਼ਨ ਰਾਜਪੁਰਾ ਦੇ ਪ੍ਰਧਾਨ ਸਾਥੀ ਕੁਲਦੀਪ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਧਰਨੇ ਵਿੱਚ ਵਿਸ਼ੇਸ਼ ਤੌਰ 'ਤੇ ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ, ਸਾਥੀ ਚਰਨ ਸਿੰਘ ਜੱਗੋਲੀ ਨੇ ਸ਼ਮੂਲੀਅਤ ਕੀਤੀ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਮੰਨੀਆਂ ਮੰਗਾਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਮਾਸ ਲੀਵ ਛੁੱਟੀ ਲੰਬੀ ਭਰ ਕੇ ਸਰਕਾਰ ਨੂੰ ਮੰਗਾਂ ਮਨਵਾਉਣ ਲਈ ਮਜਬੂਰ ਕੀਤਾ ਜਾਵੇਗਾ। ਇਸ ਰੋਸ ਪ੍ਰਦਰਸ਼ਨ ਵਿੱਚ ਡਵੀਜ਼ਨ ਰਾਜਪੁਰਾ ਦੇ ਸਕੱਤਰ ਸਾਥੀ ਜਗਜੀਤ ਸਿੰਘ, ਵਰਕਿੰਗ ਪ੍ਰਧਾਨ ਸਾਥੀ ਹਰਦੀਪ ਸਿੰਘ, ਖਜ਼ਾਨਚੀ ਸਾਥੀ ਜਗਦੀਸ਼ ਸਿੰਘ ਗੱਜੂ ਖੇੜਾ, ਸਾਥੀ ਬਲਵੀਰ ਸਿੰਘ, ਸਾਥੀ ਨਰਿੰਦਰ ਮੈਣੇਰੀ, ਸਾਥੀ ਜਗਦੀਪ ਸਿੰਘ ਕਾਕਾ, ਸਾਥੀ ਮੰਗਤ ਸਿੰਘ ਡਵੀਜ਼ਨ ਆਗੂ, ਸਾਥੀ ਜੀਵਨ ਸਿੰਘ ,ਪੈਨਸ਼ਨਰ ਆਗੂ ਸਾਥੀ ਦੇਵੀ ਸਿੰਘ ਅਤੇ ਹੋਰ ਆਗੂਆਂ ਅਤੇ ਵਰਕਰਾਂ ਨੇ ਹਿੱਸਾ ਲਿਆ।

## ਧਰਮੇਂਦਰ ਪ੍ਰਧਾਨ ਦਾ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



ਫਿਰੋਜ਼ਪੁਰ, (ਗੁਰਬਚਨ ਸਿੰਘ )- ਐਨ ਐਸ ਯੂ ਆਈ ਅਤੇ ਯੂਥ ਕਾਂਗਰਸ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਉਨ੍ਹਾਂ ਦਾ ਪੁਤਲਾ ਫੂਕਿਆ ਗਿਆ। ਪ੍ਰਦਰਸ਼ਨ ਦੌਰਾਨ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ ਅਤੇ ਸਿੱਖਿਆ ਨਾਲ ਜੁੜੇ ਮੁੱਦਿਆਂ 'ਤੇ ਨਾਰਾਜ਼ਗੀ ਜਤਾਈ ਗਈ।ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਐਨ ਐਸ ਯੂ ਆਈ ਦੇ ਪ੍ਰਧਾਨ ਤੇਜਬੀਰ ਖਾਰਾ, ਯੂਥ ਕਾਂਗਰਸ ਦੇ ਬਲਾਕ ਪ੍ਰਧਾਨ ਸੁਖਵਿੰਦਰ ਅਟਾਰੀ, ਯਾਕੂਬ ਭੱਟੀ ਅਤੇ ਰਿਸ਼ੀ ਸ਼ਰਮਾ (ਐਮ.ਸੀ.) ਵੱਲੋਂ ਕੀਤੀ ਗਈ।ਇਸ ਮੌਕੇ ਉਦੇਵੀਰ ਸੰਧਾ (ਜਨਰਲ ਸਕੱਤਰ), ਰੁਪਿੰਦਰ ਢੱਲਣ (ਵਾਈਸ ਪ੍ਰਧਾਨ, ਯੂਥ ਕਾਂਗਰਸ ਪੰਜਾਬ), ਸੰਦੀਪ ਸਰਪੰਚ, ਮਾਣਿਕ ਸੇਠੀ, ਪੁਨੀਤ ਜੋਸ਼ਵਾਲ, ਜਸ਼ਨ ਜੈਲਦਾਰ, ਸੁਖਵਿੰਦਰ ਐਸ.ਸੀ.ਐਸ., ਲਵ ਢਿੱਲੋਂ, ਦਲੇਰ, ਰੋਹਨਦੀਪ ਅਤੇ ਗੁਰਸੇਵਕ ਖਾਰਾ ਸਮੇਤ ਵੱਡੀ ਗਿਣਤੀ ਵਿੱਚ ਐਨ ਐਸ ਯੂ ਆਈ ਅਤੇ ਯੂਥ ਕਾਂਗਰਸ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

## ਅਲੀਪੁਰ ਅਰਾਈਆਂ ਦੇ ਸਾਬਕਾ ਕੌਂਸਲਰ ਸੁਖਦੇਵ ਸਿੰਘ ਹੋਰ ਪਰਵਾਰਾਂ ਸਮੇਤ 'ਆਪ' 'ਚ ਸ਼ਾਮਲ



| 1. (ਕਰਜ਼ਦਾਰ) : ਮੈਸਰਜ਼ ਸ਼ਬਨਮ ਬੁਟੀਕ ਰਾਹੀਂ ਇਸ ਦੇ ਮਾਲਕ ਸ੍ਰੀ ਸੂਫੀਆਂ ਅੰਸਾਰੀ ਪੁੱਤਰ ਸ੍ਰੀ ਸਈਅਦ ਅੰਸਾਰੀ # ਸ਼ਾਪ ਨੰ. 4, ਬੀ-9-350/ਏ, ਸਿਟੀ ਪੈਲੇਸ ਮਾਰਕਿਟ, ਚੌੜੀ ਸੜਕ ਲੁਧਿਆਣਾ-141008<br>2. (ਕਰਜ਼ਦਾਰ): ਸ੍ਰੀ ਸੂਫੀਆਂ ਅੰਸਾਰੀ ਪੁੱਤਰ ਸ੍ਰੀ ਸਈਅਦ ਅੰਸਾਰੀ ਰਾਹੀਂ ਇਸ ਦੇ ਮਾਲਕ ਮੈਸਰਜ਼ ਸ਼ਬਨਮ ਬੁਟੀਕ # 385/2, ਮੁਹੱਲਾ ਬਜਾਰੀਆਂ, ਵਾਰਡ ਨੰ. 62 ਲੁਧਿਆਣਾ-141008<br>3. (ਗਰੰਟਰ) : ਸ੍ਰੀਮਤੀ ਸਲੀਮ ਅੰਸਾਰੀ ਸ੍ਰੀ ਸਈਅਦ ਅੰਸਾਰੀ # 385/2, ਮੁਹੱਲਾ ਬਜਾਰੀਆਂ, ਵਾਰਡ ਨੰ. 62, ਲੁਧਿਆਣਾ-141008. | ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਦੁਕਾਨ ਜਾਇਦਾਦ ਨੰ. 4, ਉਪਰਲੀ ਧਰਾਤਲ ਮੰਜ਼ਲ, ਰਕਬਾ 12.44 ਵਰਗ ਗਜ਼ ਮਲਟੀ ਸਟੋਰੀ, ਸਿਟੀ ਪੈਲੇਸ ਨੰ. ਬੀ-9-350-ਏ, ਸਿਟੀ ਪੈਲੇਸ ਵਿਖੇ ਸਥਿਤ, ਚੌੜੀ ਰੋਡ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਬੈਨਾਮਾ ਵਸੀਕਾ ਨੰ. 9317 ਮਿਤੀ 01/10/2013 ਅਨੁਸਾਰ ਸ੍ਰੀ ਸਲੀਮ ਅੰਸਾਰੀ ਅਤੇ ਸ੍ਰੀ ਸੂਫੀਆਂ ਅੰਸਾਰੀ ਪੁੱਤਰਾਨ ਸ੍ਰੀ ਸਈਅਦ ਅੰਸਾਰੀ ਦੇ ਨਾਂਅ। | 23-03.2026 | 22.07.2026 | ਸੰਕੇਤਕ ਕਬਜ਼ਾ<br>ਮਿਤੀ 22.03.2026 ਨੂੰ ਰੁਪਏ 5,63,643.20/- (ਪੰਜ ਲੱਖ ਤਰੇਹਠ ਹਜ਼ਾਰ ਛੇ ਸੌ ਤਿਰਤਾਲੀ ਰੁਪਏ ਅਤੇ ਵੀਹ ਪੈਸੇ ਕੇਵਲ) ਤੁਸੀਂ ਉਕਤ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ |

ਸਮੇਤ ਅਚਨਚੇਤੀ ਖਰਚੇ, ਲਾਗਤਾਂ, ਚਾਰਜਿਜ਼ ਆਦਿ ਦੇ ਵੀ ਦੇਣਦਾਰ ਹੋ।

ਮਿਤੀ : 22.07.2026 | ਸਥਾਨ : ਲੁਧਿਆਣਾ | ਅਧਿਕਾਰਤ ਅਫਸਰ


# ਪਾਵਰਕਾਮ, ਟਰਾਂਸਕੋ ਪੈਨਸ਼ਨਰ ਯੂਨੀਅਨ ਵੱਲੋਂ ਡੀ ਸੀ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ

**ਬੰਗਾ (ਅਵਤਾਰ ਕਲੇਰ)**- ਬਿਜਲੀ ਮੁਲਾਜ਼ਮਾਂ ਦੇ ਸਾਂਝੇ ਸੱਦੇ ਤੇ ਬਿਜਲੀ ਮੁਲਾਜ਼ਮਾਂ ਵਲੋਂ 2 ਦਿਨਾਂ ਦੀ ਸਮੂਹਿਕ ਛੁੱਟੀ ਲੈ ਕੇ ਜਾਣ ਦੇ ਹੱਕ ਵਿੱਚ ਤੇ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਅਣਗੌਲਿਆ ਕਰਨ ਕਰਕੇ ਵਾਰ ਵਾਰ





ਮੀਟਿੰਗਾਂ ਦੇ ਕੇ ਮੁੱਕਰਨ ਕਾਰਨ ਪਾਵਰਕਾਮ ਟਰਾਸਕੋ ਪੈਨਸ਼ਨਰਾਂ ਯੂਨੀਅਨ ਏਟਕ ਸਰਕਲ ਨਵਾਂ ਸ਼ਹਿਰ ਦੇ ਸਰਕਲ ਪ੍ਰਧਾਨ ਹਸ਼ਮਤ ਅਲੀ ਦੀ ਅਗਵਾਈ ਹੇਠ ਡੀ ਸੀ ਦਫ਼ਤਰ ਨਵਾਂ ਸ਼ਹਿਰ ਅੱਗੇ ਕਾਲੇ ਝੰਡੇ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਸਰਕਾਰ ਤੇ ਬਿਜਲੀ ਮੈਨੇਜਮੈਂਟ ਖਿਲਾਫ਼ ਰੱਜ ਕੇ ਨਾਅਰੇਬਾਜੀ ਕੀਤੀ ਗਈ ਅਤੇ ਗ੍ਰਿਫ਼ਤਾਰੀਆ ਦੇਣ ਦਾ ਐਲਾਨ ਕੀਤਾ ਗਿਆ। ਪੈਨਸ਼ਨਰਾਂ ਸਾਥੀ ਜੇਲ੍ਹਾਂ ਵਿੱਚ ਜਾਣ ਨੂੰ ਤਿਆਰ ਹਨ। ਰੋਸ ਪ੍ਰਦਰਸ਼ਨ ਵਿੱਚ ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਨਵਾਂ ਸ਼ਹਿਰ ਦੇ ਸਕੱਤਰ ਜਸਵਿੰਦਰ ਸਿੰਘ ਭੰਗਲ ਅਤੇ ਬਲਜਿੰਦਰ ਸਿੰਘ,ਪੰਜਾਬ ਰੋਡਵੇਜ ਪੈਨਸਨ ਯੂਨੀਅਨ ਦੇ ਪ੍ਰਧਾਨ ਗੁਰਮੇਲ ਚੰਦ ਹਾਜ਼ਰ ਹੋਏ। ਸਰਕਲ ਸਕੱਤਰ ਮਨੀ ਰਾਮ ਵਲੋਂ ਸਟੇਜ ਦੀ ਕਾਰਵਾਈ ਚਲਾਈ ਗਈ ਸਰਕਲ ਤੇ ਮੰਡਲ ਆਗੂ ਕਰਨੈਲ ਸਿੰਘ ਪ੍ਰਧਾਨ ਅਤੇ ਗੁਰਦੀਪ ਸਿੰਘ ਪ੍ਰਧਾਨ, ਵਿਜੇ ਸਿੰਘ, ਰਾਮ ਆਸਰਾ, ਰਾਮ ਲਖਣ, ਜਗਦੀਸ਼ ਸਿੰਘ, ਲਛਮਣ ਦਾਸ, ਕੁੰਦਨ ਸਿੰਘ ਮੁਸਾਪੁਰੀ, ਹਰੀ ਕਿਸ਼ਨ, ਪ੍ਰਭਾਕਰ ਤਿਵਾੜੀ, ਹਰਮੇਸ਼ ਲਾਲ ਸਾਰੇ ਬੁਲਾਰਿਆਂ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਜਿਵੇਂ ਸਾਰਿਆਂ ਨੂੰ ਪਿਛਲੇ ਸਕੇਲਾਂ ਦਾ ਬਕਾਇਆ 2.59 ਨਾਲ ਦਿੱਤਾ ਜਾਵੇ ਬਿਨਾਂ ਵਜ੍ਹਾ ਕੱਟਿਆ ਜਾ ਰਿਹਾ ਹਰ ਮਹੀਨੇ 200 ਰੁਪਈਆ ਜਜ਼ੀਆ ਟੈਕਸ ਬੰਦ ਕੀਤਾ ਜਾਵੇ,ਪੱਕੀ ਭਰਤੀ ਕੀਤੀ ਜਾਵੇ ਕੈਸ਼ਲੈਸ ਮੈਡੀਕਲ ਸਕੀਮ ਲਾਗੂ ਕੀਤੀ ਜਾਵੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ਇਹਨਾਂ ਤੋਂ ਇਲਾਵਾ ਮੰਡਲ ਆਗੂ ਹਰਬੰਸ ਲਾਲ, ਸੁੱਚਾ ਸਿੰਘ, ਜੋਗਾ ਰਾਮ, ਦੇਵਿੰਦਰ ਭੱਟੀ, ਮੋਹਨ ਲਾਲ, ਹਰਕੇਵਲ ਸਿੰਘ, ਉਂਕਾਰ ਸਿੰਘ, ਰਾਮ ਸਰਨ, ਜਗੀਰ ਸਿੰਘ ਐਸ ਡੀ ਉ, ਮੱਖਣ ਸਿੰਘ, ਸੁਖਵਿੰਦਰ ਸਿੰਘ, ਸੁਰੇਸ਼ ਕੁਮਾਰ, ਕੁਲਵੰਤ ਸਿੰਘ, ਅਸ਼ੋਕ ਕੁਮਾਰ, ਸਵਰਨ ਦਾਸ, ਸੁਰਿੰਦਰ ਸਿੰਘ ਰਾਣਾ ਵਲੋ ਵੀ ਹਾਜ਼ਰੀ ਲਗਵਾਈ ਅਤੇ ਇਸ ਤੋਂ ਇਲਾਵਾ ਹੋਰ ਵੀ ਬਹੁਤ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਸ਼ਮੂਲੀਅਤ ਕੀਤੀ।

# ਤਿੰਨ ਘੰਟੇ ਲਈ ਮੋੜਾ ਟੋਲ ਪਲਾਜ਼ਾ ਕੀਤਾ ਪਰਚੀ ਮੁਕਤ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਨੈਸ਼ਨਲ ਹਾਈਵੇ ਤੇ ਮੋੜਾ ਟੋਲ ਪਲਾਜਾ ਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਵੱਖ ਵੱਖ ਕਿਸਾਨ ਜਥੇਬੰਦੀਆਂ ਨੇ ਤਿੰਨ ਘੰਟੇ ਲਈ ਪਰਚੀ ਮੁਕਤ ਕਰਕੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਤੇ ਆਗੂਆਂ ਨੇ ਕਿਹਾ ਕਿ ਕੇਂਦਰ ਦੀ



ਮੋਦੀ ਸਰਕਾਰ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕਰ ਰਹੀ ਹੈ ਜਿਸ ਨਾਲ ਦੇਸ਼ ਦੀ ਖੇਤੀ ਬਰਬਾਦ ਹੋ ਜਾਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਅਮਰੀਕਾ ਆਪਣੇ ਦੇਸ਼ ਦੇ ਕਿਸਾਨਾਂ ਨੂੰ ਵੱਡੇ ਪੱਧਰ ਤੇ ਸਬਸਿਡੀਆਂ ਦੇ ਰਿਹਾ ਹੈ। ਉਥੋਂ ਖੇਤੀ ਨਾਲ ਸੰਬੰਧਿਤ ਚੀਜ਼ਾਂ ਜਦੋਂ ਭਾਰਤ ਦੀ ਮੰਡੀ ਵਿੱਚ ਸਸਤੀਆਂ ਫਰੀ ਟੈਕਸ ਤੋਂ ਲੋਕਾਂ ਨੂੰ ਮਿਲਣਗੀਆਂ ਤਾਂ ਇਥੋਂ ਦੇ ਖੇਤੀ ਉਜੜ ਜਾਵੇਗੀ। ਜਦੋਂ ਕਿ ਭਾਰਤ ਵਿਚ ਕਿਸਾਨਾਂ ਨੂੰ ਮਿਲਣ ਵਾਲੀਆਂ ਸਬਸਿਡੀਆ ਖਤਮ ਕੀਤੀਆਂ ਜਾ ਰਹੀਆਂ ਹਨ। ਕਿਸਾਨ ਆਗੂਆਂ ਨੇ ਕਿਹਾ ਕਿ ਭਾਰਤ ਖੇਤੀ ਕਰਨ ਵਾਲਾ ਪ੍ਰਮੁੱਖ ਦੇਸ਼ ਹੈ। ਪਰ ਜੇਕਰ ਦੀ ਖੇਤੀ ਉਜੜਦੀ ਹੈ ਤਾਂ ਦੇਸ਼ ਦੇ ਕਿਸਾਨ ਵੀ ਉਜੜ ਜਾਣਗੇ। ਉਹਨਾਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਨੂੰ ਲਾਭ ਦੇਣ ਦੀ ਖਾਤਰ ਇਹ ਸਾਰੇ ਸਮਝੌਤੇ ਕਰ ਰਹੀ ਹੈ। ਇਸ ਮੌਕੇ ਤੇ ਹੋਰ ਵੀ ਕਿਸਾਨਾਂ ਨਾਲ ਆਪਣੀਆਂ ਮੰਗਾਂ ਵਾਰੇ ਬੋਲੇ ਜਿਵੇਂ ਕਿ ਐਮ ਐਸ ਪੀ ਦਾ ਕਾਨੂੰਨ ਬਣਾਇਆ ਜਾਵੇ, ਬਿਜਲੀ ਸੋਧ ਬਿਲ ਰੱਦ ਕੀਤਾ ਜਾਵੇ,ਬੀਜ ਬਿਲ ਰੱਦ ਕੀਤਾ ਜਾਵੇ, ਮਜ਼ਦੂਰਾਂ ਕਿਸਾਨਾਂ ਦੇ ਸਮੁੱਚੇ ਕਰਜੇ ਮਾਫ ਕੀਤੇ ਜਾਣ, ਕਿਸਾਨਾਂ ਮਜ਼ਦੂਰਾਂ ਨੂੰ 60 ਸਾਲ ਦੀ ਉਮਰ ਤੋਂ ਬਾਅਦ ਪੈਨਸ਼ਨ ਲਾਗੂ ਕੀਤੀ ਜਾਵੇ। ਇਸ ਮੌਕੇ ਤੇ ਵੀਰ ਸਿੰਘ ਬੜਵਾ, ਕਾਮਰੇਡ ਸੁਰਜੀਤ ਸਿੰਘ ਢੇਰ, ਗੁਰਨਾਮ ਸਿੰਘ ਔਲਖ, ਗੁਰਨੈਬ ਸਿੰਘ ਜੇਤੇਵਾਲ, ਦਰਸ਼ਨ ਸਿੰਘ ਬੜਵਾ, ਹਰਪ੍ਰੀਤ ਸਿੰਘ ਭੱਟੋ, ਜੈਮਲ ਸਿੰਘ ਭੜੀ, ਬਲਵੀਰ ਸਿੰਘ ਨੰਗਲੀ, ਦਵਿੰਦਰ ਸਿੰਘ ਨੰਗਲੀ, ਧਰਮਪਾਲ ਸੈਣੀ, ਸੇਵਾ ਸਿੰਘ ਕੀਰਤਪੁਰ , ਸਮਸ਼ੇਰ ਸਿੰਘ ਸ਼ੇਰਾ, ਬਰਜਿੰਦਰ ਸਿੰਘ ਡੋਡ , ਮਨਜੀਤ ਸਿੰਘ ਰਾਹੀ, ਨਰਿੰਦਰ ਸਿੰਘ ਮਾਵੀ, ਮੇਲਾ ਸਿੰਘ ਬਰੂਆਲ , ਮੋਹਨ ਲਾਲ ਸੈਣੀ, ਬਲਵੀਰ ਸਿੰਘ ਨੂਰਪੁਰੇਦੀ, ਕਰਮ ਚੰਦ ਘਨਾਰੂ, ਪ੍ਰੇਮ ਸਿੰਘ ਅਟਵਾਲ, ਗੁਰਦਿਆਲ ਸਿੰਘ ਅਟਵਾਲ, ਕੁਲਵਿੰਦਰ ਸਿੰਘ ਭੰਗਲ, ਸੋਹਨ ਲਾਲ, ਅਰਸ਼ ਸਿੰਘ ਢਾਹੇ, ਮਾਸਟਰ ਕਿਰਪਾਲ ਸਿੰਘ ਭੱਟੋ, ਸੰਤੋਖ਼ ਸਿੰਘ ਸਮੇਤ ਹੋਰ ਕਿਸਾਨ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।


**YES BANK**
ਰਜਿਸਟਰਡ ਅਤੇ ਕਾਰਪੋਰੇਟ ਦਫ਼ਤਰ : ਯੈੱਸ ਬੈਂਕ ਹਾਊਸ, ਆਫ ਵੈਸਟਰਨ ਐਕਸਪ੍ਰੈੱਸ ਹਾਈਵੇਅ, ਸਾਂਤਾਕਰੂਜ਼, ਈਸਟ, ਮੁੰਬਈ-400055
ਸ਼ਾਖਾ ਦਫਤਰ : ਪੰਜਾਬ 42 ਮਾਲ ਰੋਡ, ਅੰਮ੍ਰਿਤਸਰ/ਬੀ -XX2427-928, ਪਹਿਲੀ ਮੰਜ਼ਲ, ਗੋਬਿੰਦ ਨਗਰ, ਫਿਰੋਜ਼ਾਬਾਦ, ਲੁਧਿਆਣਾ-141001

## ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ

ਸਕਿਊਰਟੀ ਇੰਟਰੈਸਟ (ਇੰਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ
ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਸਕਿਉਰਡ ਕ੍ਰੈਡਿਟਰ ਨੂੰ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ, ਜੋ ਕਿ ਸਕਿਉਰਡ ਕ੍ਰੈਡਿਟਰ ਹੈ, ਨੇ ਭੌਤਿਕ ਕਬਜ਼ਾ ਪ੍ਰਾਪਤ ਕਰ ਲਿਆ ਹੈ, ਦੀ ਹੇਠਾਂ ਦਰਸਾਏ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਕੋਲੋਂ ਸਕਿਉਰਡ ਕ੍ਰੈਡਿਟਰ ਦੇ ਹੇਠਾਂ ਦਰਸਾਏ ਬਕਾਏ ਤੇ ਇਕਰਾਰਨਾਮੇ ਦੀ ਦਰ 'ਤੇ ਅਗਲੀ ਵਿਆਜ ਅਤੇ ਚਾਰਜਿਜ਼ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ" "ਜਿਵੇਂ ਹੈ ਜੋ ਹੈ" ਅਤੇ "ਉਥੇ ਜੋ ਵੀ ਹੈ " ਦੇ ਅਧਾਰ 'ਤੇ ਵਿਕਰੀ 11 ਅਗਸਤ 2026 ਨੂੰ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ | ਡਿਮਾਂਡ ਨੋਟਿਸ ਦੀ ਰਕਮ | ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ ਅਤੇ ਈ ਐੱਮ ਡੀ (ਰੁਪਏ 'ਚ) |
|---|---|---|---|---|
| 1 | 1. ਸ੍ਰੀ ਸੁਰੇਸ਼ ਕੁਮਾਰ ਪੁੱਤਰ ਪ੍ਰੇਮ ਕੁਮਾਰ<br>2. ਸ੍ਰੀਮਤੀ ਪੂਨਮ ਪਤਨੀ ਸੁਰੇਸ਼ ਕੁਮਾਰ | 17 ਜਨਵਰੀ 2025 ਨੂੰ ਬਕਾਇਆ ਰਕਮ ਰੁਪਏ 16,15,172.52/- (ਸੋਲਾਂ ਲੱਖ ਪੰਦਰਾਂ ਹਜ਼ਾਰ ਇੱਕ ਸੌ ਬਹੱਤਰ ਰੁਪਏ ਅਤੇ ਬਵੰਜਾ ਪੈਸੇ ਕੇਵਲ) | ਜਾਇਦਾਦ ਨਾਲ ਸੰਬੰਧਤ ਸਭ ਕੁੱਝ, ਜੋ ਕਿ ਵਪਾਰਕ ਦੁਕਾਨ ਰਕਬਾ ਖੇਤਰ 01 ਮਰਲਾ 28 ਵਰਗ ਫੁੱਟ ਅਰਥਾਤ 300 ਵਰਗ ਫੁੱਟ, ਖਸਰਾ ਨੰ. 1//23, 24/1, 5//3/1, 4/1, 5//2/1, ਵਾਕਿਆ ਪਰਸ਼ੂ ਰਾਮ ਨਗਰ ਵਿਖੇ ਸਥਿਤ, ਰੇਰੂ, ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ। | ਰੁਪਏ 7,97,000/-<br>ਰੁਪਏ 79,700/- |
| 2 | 1. ਮਨੋਜ ਕੁਮਾਰ ਪੁੱਤਰ ਤਰਸੇਮ ਲਾਲ<br>2. ਬਿਮਲਾ ਰਾਣੀ ਪਤਨੀ ਤਰਸੇਮ ਲਾਲ | 21 ਸਤੰਬਰ 2024 ਨੂੰ ਬਕਾਇਆ ਰਕਮ ਰੁਪਏ 17,66,790.02/- (ਸਤਾਰਾਂ ਲੱਖ ਛਿਆਹਠ ਹਜ਼ਾਰ ਸੱਤ ਸੌ ਨੱਬੇ ਰੁਪਏ ਅਤੇ ਦੋ ਪੈਸੇ ਕੇਵਲ) | ਗੈਰ-ਖੇਤੀਬਾੜੀ ਵਾਲੀ ਜਾਇਦਾਦ ਨਾਲ ਸੰਬੰਧਤ ਸਭ ਕੁਝ, ਰਕਬਾ 5 ਮਰਲੇ, ਖਸਰਾ ਨੰ. 613, 618, 616, 617, ਹੱਦਬਸਤ ਨੰ. 312, ਜਮ੍ਹਾਂਬੰਦੀ ਸਾਲ 2017-18, ਵਾਕਿਆ ਬਸਤੀ ਦਾਨਿਸ਼ਮੰਦਾਂ, ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ। ਪੂਰਬ : ਕ੍ਰਿਸ਼ਨ, ਪੱਛਮ : ਗਲੀ ਅਤੇ ਰਜਨੀ, ਉੱਤਰ : ਹੋਰ, ਦੱਖਣ : ਮੱਖਣ। | ਰੁਪਏ 21,96,000/-<br>ਰੁਪਏ 2,19,600/- |
| 3 | 1. ਰਾਮ ਪਾਲ ਪੁੱਤਰ ਗੁਰਾ ਦਾਸ<br>2. ਕਮਲਜੀਤ ਕੌਰ ਪਤਨੀ ਰਾਮ ਪਾਲ | 30 ਸਤੰਬਰ 24 ਨੂੰ ਬਕਾਇਆ ਰਕਮ ਰੁਪਏ 7,49,828.05/- (ਸੱਤ ਲੱਖ ਉਨੰਜਾ ਹਜ਼ਾਰ ਅੱਠ ਸੌ ਅਠਾਈ ਰੁਪਏ ਅਤੇ ਪੰਜ ਪੈਸੇ ਕੇਵਲ) | ਗੈਰ-ਖੇਤੀਬਾੜੀ ਵਾਲੀ ਜਾਇਦਾਦ ਨਾਲ ਸੰਬੰਧਤ ਸਭ ਕੁਝ, ਰਕਬਾ 05 ਮਰਲਾ 2-1/2 ਸਰਸਾਈ, ਖੱਤਾ ਨੰ. 132/154, ਖਸਰਾ ਨੰ. 9//1/2 (4-0), 2 (8-0), 3 (8-0), 4 (8-0), 7 (8-0), 9 (8-0) 10/1 (4-0), ਕਿੱਤੇ 7 ਨੰਗਲ ਖੁਰਦ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਜਲੰਧਰ। ਉੱਤਰ : ਰਸਤਾ, ਦੱਖਣ : ਹੋਰ, ਪੂਰਬ : ਪ੍ਰਵੀਨ ਕੁਮਾਰ, ਪੱਛਮ : ਰਸਤਾ। | ਰੁਪਏ 6,21,000/-<br>ਰੁਪਏ 62,100/- |

ਈ-ਨਿਲਾਮੀ ਦੀ ਮਿਤੀ ਤੇ ਸਮਾਂ: 11 ਅਗਸਤ 2026 ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਹਰੇਕ 5 ਮਿੰਟ ਦੇ ਵਾਧੇ ਨਾਲ।
ਬੋਲੀ ਜਮ੍ਹਾਂ ਕਰਨ ਦੀ ਅੰਤਮ ਮਿਤੀ : 10 ਅਗਸਤ 2026 ਸ਼ਾਮ 3.00 ਵਜੇ ਤੱਕ
ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ:- 07 ਅਗਸਤ 2026 ਸਵੇਰੇ 11.00 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ ਅਰਥਾਤ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।
ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਅਮਿਤ ਸ਼ਰਮਾ ਨੂੰ 9996467419 ਜਾਂ ਈ-ਮੇਲ Amit.Sharma62@yesbank.in ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀਕਰਤਾ ਦੇ ਸਹਾਇਕ ਨੰਬਰਾਂ +91 9265562821/18 ਅਤੇ 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888
ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ ਅਤੇ ਸਕਿਉਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

### ਕਰਜ਼ਦਾਰ/ਗਰੰਟਰਾਂ/ਰਹਿਣਕਾਰ ਲਈ ਵਿਕਰੀ ਨੋਟਿਸ

ਉਪਰੋਕਤ, ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾ ਮਿਤੀ ਤੋਂ 15 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 23.07.2026 — ਸ੍ਰੀ ਅਮਿਤ ਸ਼ਰਮਾ
ਸਥਾਨ : ਲੁਧਿਆਣਾ — ਸਹੀ/- ਅਧਿਕਾਰਤ ਅਫਸਰ


# ਪੰਜਾਬ ਦਾ ਸਭ ਤੋਂ ਮਹਿੰਗਾ ਟੋਲ ਪਲਾਜ਼ਾ ਸੰਯੁਕਤ ਕਿਸਾਨ ਮੋਰਚੇ ਨੇ ਕੀਤਾ ਪਰਚੀ ਮੁਕਤ

**ਫਿਲੌਰ (ਹਰਜਿੰਦਰ ਕੌਰ ਚਾਹਲ)** ਸੰਯੁਕਤ ਕਿਸਾਨ ਮੋਰਚੇ ਤੇ ਸੱਦੇ ਤੇ ਪੰਜਾਬ ਦਾ ਸਭ ਤੋਂ ਮਹਿੰਗਾ ਲਾਡੋਵਾਲ ਟੋਲ ਪਲਾਜਾ ਕਿਸਾਨ ਜਥੇਬੰਦੀਆਂ ਵੱਲੋਂ ਪਰਚੀ ਮੁਕਤ ਕਰਕੇ ਕੇਂਦਰ ਦੀ ਭਾਜਪਾ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਟੋਲ ਤੇ ਧਰਨਾ ਸ਼ੁਰੂ ਕਰਨ ਤੋਂ ਪਹਿਲਾਂ ਮਤਾ ਪਾਸ ਕਰਕੇ ਦਿੱਲੀ ਦੀ ਪੁਲਸ ਵੱਲੋ ਜੰਤਰ ਮੰਤਰ ਅਤੇ ਯੂਨੀਵਰਸਿਟੀ ਵਿੱਚ ਹੱਕੀ ਸੰਘਰਸ਼ ਕਰ ਰਹੇ ਲੋਕਾਂ ਤੇ ਅਣ ਮਨੁੱਖੀ ਤਸੱਦਦ ਕਰਨ ਵਾਲੀ ਭਾਜਪਾ ਦੀ ਫਾਸੀਵਾਦੀ



ਕੇਂਦਰ ਸਰਕਾਰ ਦੀ ਨਿੰਦਾ ਕੀਤੀ ਅਤੇ ਮੰਗ ਕੀਤੀ ਕਿ ਕੇਂਦਰੀ ਸਿੱਖਿਆ ਮੰਤਰੀ ਅਸਤੀਫਾ ਦੇਵੇ। ਗ੍ਰਿਫਤਾਰ ਕੀਤੇ ਗਏ ਸੰਘਰਸ਼ਸ਼ੀਲ ਲੋਕਾਂ ਨੂੰ ਬਿਨਾਂ ਸ਼ਰਤ ਰਿਹਾ ਕੀਤਾ ਜਾਵੇ। ਇਸ ਮੌਕੇ ਤੇ ਲੱਗੇ ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਆਖਿਆ ਕਿ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ। ਕਿਸਾਨਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ ਅਤੇ ਰਹਿੰਦੀਆਂ ਮੰਗਾਂ ਨੂੰ ਮੰਨਿਆ ਜਾਵੇ। ਉਹਨਾਂ ਕਿਹਾ ਕਿ ਐਮ ਐਸ ਪੀ 'ਤੇ ਕਾਨੂੰਨੀ ਗਾਰੰਟੀ, ਸਾਰੀਆਂ ਫ਼ਸਲਾਂ ਲਈ ਸਵਾਮੀਨਾਥਨ ਕਮਿਸ਼ਨ ਦੇ ਫਾਰਮੂਲੇ ਮੁਤਾਬਕ ਘੱਟੋ-ਘੱਟ ਸਮਰਥਨ ਮੁੱਲ ਦੀ ਖਰੀਦ ਦੀ ਕਾਨੂੰਨੀ ਗਾਰੰਟੀ ਦਾ ਕਾਨੂੰਨ ਬਣਾਇਆ ਜਾਵੇ। ਦਿੱਲੀ ਮੋਰਚੇ ਸਮੇਤ ਦੇਸ਼ ਭਰ ਵਿੱਚ ਕਿਸਾਨੀ ਅੰਦੋਲਨਾਂ ਦੌਰਾਨ ਕਿਸਾਨਾਂ 'ਤੇ ਦਰਜ ਕੀਤੇ ਗਏ ਸਾਰੇ ਪੁਲਸ ਕੇਸ ਵਾਪਸ ਲਏ ਜਾਣ ਅਤੇ ਸ਼ਹੀਦ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜਾ ਦਿੱਤਾ ਜਾਵੇ। ਲਖੀਮਪੁਰ ਖੀਰੀ ਘਟਨਾ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ ਅਤੇ ਪੀੜਤ ਪਰਵਾਰਾਂ ਨੂੰ ਪੂਰਾ ਇਨਸਾਫ਼ ਮਿਲੇ ਇਸ ਦੀ ਵੀ ਮੰਗ ਕੀਤੀ।ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ ਡਕੋਂਦਾ ਧਨੇਰ ਦੇ ਪ੍ਰਧਾਨ ਮਨਜੀਤ ਸਿੰਘ ਧਨੇਰ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਰਘਵੀਰ ਸਿੰਘ ਬੈਨੀਪਾਲ, ਜਸਵਿੰਦਰ ਸਿੰਘ ਢੇਸੀ, ਹਰਨੇਕ ਸਿੰਘ ਗੁੱਜਰਵਾਲ, ਮਨੋਹਰ ਸਿੰਘ ਗਿੱਲ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਸੁਦਾਗਰ ਸਿੰਘ ਘੁਡਾਣੀ,ਚਰਨ ਸਿੰਘ ਨੂਰਪੁਰਾ, ਰਜਿੰਦਰ ਸਿੰਘ ਸਿਆੜ, ਕਿਰਤੀ ਕਿਸਾਨ ਯੂਨੀਅਨ ਦੇ ਸੰਤੋਖ ਸਿੰਘ ਸਿੱਧੂ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ), ਅਮਨਦੀਪ ਸਿੰਘ ਲੱਲਤੋਂ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਕਰਮਜੀਤ ਸਿੰਘ, ਡਾ. ਗੁਰਵਿੰਦਰ ਸਿੰਘ, ਭਾਰਤੀ ਕਿਸਾਨ ਯੂਨੀਅਨ ਕਾਦੀਆ ਦੇ ਅਮਰੀਕ ਸਿੰਘ, ਸ਼ਵਿੰਦਰ ਸਿੰਘ ਲੋਗੋਵਾਲ, ਕੁਲਵਿੰਦਰ ਸਿੰਘ ਭੁਦਨ, ਸਰਬਜੀਤ ਸਿੰਘ ਭਰਥਲਾ, ਚਰਨਜੀਤ ਸਿੰਘ ਫੱਲੇਵਾਲ ਤੇ ਹਰਜਿੰਦਰ ਸਿੰਘ ਮਜ਼ਦੂਰ ਆਗੂ, ਐਡਵੋਕੇਟ ਅਜੇ ਫਿਲੌਰ, ਮੱਖਣ ਸੰਗਰਾਮੀ ਆਦਿ ਨੇ ਸੰਬੋਧਨ ਕੀਤਾ।

# ਮੂੰਹ ਢੱਕ ਕੇ ਡਰਾਈਵਿੰਗ ਕਰਨ 'ਤੇ ਲਗਾਈ ਪਾਬੰਦੀ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟ੍ਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਆਮ ਨਾਗਰਿਕਾਂ ਨੂੰ ਦੋਪਹੀਆ ਵਾਹਨ ਚਲਾਉਂਦੇ ਹੋਏ ਮੂੰਹ ਢੱਕ ਕੇ/ਮੂੰਹ ਬੰਨ੍ਹ ਕੇ ਡਰਾਈਵਿੰਗ ਕਰਨ 'ਤੇ ਪਾਬੰਦੀ ਲਗਾਈ ਹੈ। ਇਹ ਪਾਬੰਦੀ ਉਨ੍ਹਾਂ ਵਿਅਕਤੀਆਂ 'ਤੇ ਲਾਗੂ ਨਹੀਂ ਹੋਵੇਗੀ, ਜਿਨ੍ਹਾਂ ਨੇ ਕਿਸੇ ਬਿਮਾਰੀ ਜਾਂ ਅਲਰਜੀ ਦੀ ਵਜ੍ਹਾ ਕਾਰਨ ਮੈਡੀਕਲ ਸੁਪਰਵਿਜ਼ਨ ਦੇ ਹੇਠਾਂ ਮਾਸਕ ਜਾਂ ਕੋਈ ਹੋਰ ਚੀਜ਼ ਪਹਿਨੀ ਹੋਵੇ। ਜ਼ਿਲ੍ਹਾ ਮੈਜਿਸਟਰੇਟ ਨੇ ਆਪਣੇ ਹੁਕਮ ਵਿਚ ਦੱਸਿਆ ਹੈ ਕਿ ਬਾਜ਼ਾਰਾਂ ਵਿਚ ਆਮ ਤੌਰ ਤੇ ਮੂੰਹ ਢੱਕ ਕੇ ਵਾਹਨ ਚਾਲਕਾਂ (ਖਾਸ ਤੌਰ 'ਤੇ ਦੋਪਹੀਆ ਵਾਹਨ ਚਾਲਕਾਂ) ਵੱਲੋਂ ਲੁਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੱਤਾ ਜਾਂਦਾ ਹੈ। ਮੂੰਹ ਢੱਕਣ ਨਾਲ ਅਪਰਾਧ ਕਰਨ ਵਾਲਿਆਂ ਦੀ ਪਹਿਚਾਣ ਕਰਨ ਵਿਚ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਜ਼ਿਲ੍ਹੇ ਅੰਦਰ ਮੂੰਹ ਢੱਕ ਕੇ ਅਪਰਾਧਿਕ ਵਾਰਦਾਤਾਂ ਨੂੰ ਰੋਕਣ ਲਈ ਉਕਤ ਹੁਕਮ ਜਾਰੀ ਕੀਤੇ ਗਏ ਹਨ। ਇਹ ਹੁਕਮ 19 ਸਤੰਬਰ 2026 ਤੱਕ ਲਾਗੂ ਰਹਿਣਗੇ।


**FEDBANK**

## ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ

ਕਾਰਪੋਰੇਟ ਦਫ਼ਤਰ ਯੂਨਿਟ ਨੰ. 1101, 11ਵੀਂ ਮੰਜ਼ਲ, ਸਿਗਨਸ, ਪਲਾਟ ਨੰ. 71 ਏ, ਪੋਵਈ, ਪਸਪੋਲੀ, ਮੁੰਬਈ, ਮਹਾਰਾਸ਼ਟਰ-400087

### ਡਿਮਾਂਡ ਨੋਟਿਸ

ਹੇਠਾਂ ਦਰਸਾਏ ਗਏ ਕਰਜ਼ਦਾਰ ਅਤੇ ਸਹਿ-ਕਰਜ਼ਦਾਰ (ਸਮੂਹਿਕ ਤੌਰ 'ਤੇ 'ਕਰਜ਼ਦਾਰਾਂ' ਵਜੋਂ ਹਵਾਲਾ) ਨੇ ਆਪਣੇ ਅਚੱਲ ਜਾਇਦਾਦ (ਸਕਿਉਰਟੀਜ਼) ਨੂੰ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ (ਜਿਸ ਨੂੰ ਇਸ ਤੋਂ ਬਾਅਦ 'ਫੈਡਫਿਨਾ' ਕਿਹਾ ਜਾਵੇਗਾ) ਕੋਲ ਗਿਰਵੀ ਰੱਖ ਕੇ ਕਰਜ਼ਾ ਲਿਆ ਸੀ। ਉਕਤ ਕਬਜ਼ੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਜੋਂ ਵਰਗੀਕ੍ਰਿਤ ਕੀਤਾ ਗਿਆ ਹੈ ਕਿਉਂਕਿ ਕਰਜ਼ਦਾਰ ਕਰਜ਼ਾ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਸੰਬੰਧ 'ਚ ਫੈਡਫਿਨਾ ਨੇ ਸਕਿਉਰਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13(2) ਅਧੀਨ ਸੰਬੰਧਤ ਐਡਰੈਸੀ ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਵੇਰਵੇ ਇਥੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3(1) ਅਤੇ ਸੈਕਸ਼ਨ 13(2) ਦੇ ਤਹਿਤ ਵਿਕਲਪਕ ਸੂਚਨਾ ਵਜੋਂ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਤੁਹਾਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਨੋਟਿਸ ਦੀ ਪ੍ਰਕਾਸ਼ਨਾ ਦੇ 60 ਦਿਨਾਂ ਦੇ ਅੰਦਰ-ਅੰਦਰ ਡਿਮਾਂਡ ਨੋਟਿਸ 'ਚ ਦੱਸੀ ਗਈ ਰਕਮ ਅਤੇ ਉਸ 'ਤੇ ਵਿਆਜ ਨੂੰ ਵਾਪਸ ਕੀਤਾ ਜਾਵੇ। ਅਜਿਹਾ ਨਾ ਕਰਨ 'ਤੇ ਵਿਆਜ ਨੂੰ ਵਾਪਸ ਕੀਤਾ ਜਾਵੇ। ਅਜਿਹਾ ਨਾ ਕਰਨ 'ਤੇ ਹਸਤਾਖਰ ਕਰਤਾ ਫੈਡਫਿਨਾ ਦੇ ਹਿੱਤਾਂ ਦੀ ਰਾਖੀ ਲਈ ਉਕਤ ਜਾਇਦਾਦ 'ਤੇ ਐਕਟ ਦੀ ਧਾਰਾ 13(4) ਅਤੇ 14 ਤਹਿਤ ਬਣਦੀ ਕਾਰਵਾਈ ਕਰੇਗਾ। ਕਰਜ਼ਾ ਨੰਬਰ, ਕਰਜ਼ਦਾਰਾਂ ਧਾਰਾ 13(2) ਦੇ ਤਹਿਤ ਭੇਜੇ ਗਏ ਡਿਮਾਂਡ ਨੋਟਿਸ, ਮੰਗੀ ਗਈ ਰਕਮ ਅਤੇ ਅਚੱਲ ਜਾਇਦਾਦ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ :

| ਕਰਜ਼ਦਾਰ/ਸਹਿ-ਕਰਜ਼ਦਾਰ ਜਾਇਦਾਦ ਹੋਲਡਰਜ਼ ਜਿਵੇਂ ਵੀ ਮਾਮਲਾ ਹੋਵੇ | ਸਕਿਉਰਡ ਐੱਸਟਸ/ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਸੈਕਸ਼ਨ 13(2) ਅਧੀਨ ਡਿਮਾਂਡ ਨੋਟਿਸ ਦੀ ਮਿਤੀ ਅਤੇ ਕੁੱਲ ਬਕਾਇਆ ਰਕਮ |
|---|---|---|
| ਕਰਜ਼ਾ ਖਾਤਾ ਨੰ. ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0557167 ਅਤੇ ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0557907<br>1. ਭਰਪੂਰ ਸਿੰਘ (ਕਰਜ਼ਦਾਰ)<br>2. ਜਸਵੀਰ ਕੌਰ (ਸਹਿ-ਕਰਜ਼ਦਾਰ)<br>3. ਨਿਊ ਲਾਈਫ ਨਿਊਟ੍ਰੀਸ਼ਨ ਸੈਂਟਰ (ਸਹਿ-ਕਰਜ਼ਦਾਰ) | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਨਾਲ ਸਭ ਕੁੱਝ, ਪਿੰਡ ਪੰਦਰਾਲੀ ਸਰਹਿੰਦ ਵਿਖੇ ਸਥਿਤ, ਹੱਦਬਸਤ ਨੰ. 323 ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਸਬ-ਜ਼ਿਲ੍ਹਾ ਚਨਾਰਥਲ ਕਲਾਂ 'ਚ ਰਜਿਸਟਰਡ ਰਕਬਾ 1 ਕਨਾਲ 6-1/6 ਮਰਲਾ ਅਤੇ 7 ਮਰਲਾ, ਕੁੱਲ ਰਕਬਾ 1 ਕਨਾਲ 13-1/6 ਮਰਲਾ (998.25 ਵਰਗ ਗਜ਼) ਖੇਵਟ ਨੰ. 46/47, ਖਤੌਨੀ ਨੰ. 104/122, ਖਸਰਾ ਨੰ. 28//11/1(4-13), 39//19/2/1(3-3), 39//20(7-16), 40//27(1-0), 41//30(0-15), 206(0-10), 41//17(6-2), 40//14/2(6-15), 40//15/2(7-7), 40//16(8-0), 40//17(7-4), 40//18(3-0), 40//23(8-0), 40//24(7-8), 27//23/2(2-13), 27//24(2-0), 30//4 ਮਿੰਨ (2-0), 30//2/2(2-13), 30//3(7-17), 30//8(8-0), 30//9(7-17), 30//10/1(2-7), 30//15/2(5-0), 38//17/2(4-13), 38//18/2/1(3-10), 38//13/1/1(0-2)I 38//18//1(0-10), 38/14/2(0-5), 38//14/4(0- 5), 38//14/3(0-5), 38//14/5(0-8), 38//14/6/1(0-5), 38//14/6/3(0-5), 38//14/6/2(0-7), 38//15/3(1-2), 38//15/2(0-10), 38//13/2(0-7), 44//3/2(3-11), 44//4(8-0), 27//15/2(2-13), 27//16(7-17), 27//17/1(2-13), 27//24 ਮਿੰਨ (5-17), 27//25/(8-0), 28//20/2/2(4-16), 28//21/1(4-16), 30//4 ਮਿੰਨ(6-0), 30//5(8-0), 30//6(8-0), 30//7(8-0), 38//13/1/2(0-11), 38//14/1(0-9), 38//14/6-(0-2), 38//15(0-5), 38//16(8-0), 38//17/1(3- 7), 38//18/2/2(0-18), 38//22 (0-8), 38//23(7-17), 38//24(8-0), 38//25(8-0), 40//25 (8-0), 41//11(6-18), 41//18(7-7), 41//19(7-7), 41//20(7-11), 41//21(7-12), 41//22 (8-0), 46//2(0-7), 46//3(2-0), 46//4(2-13), 46//5/1(2-14), ਕਿੱਤੇ 73 ਰਕਬਾ 301 ਕਨਾਲ 13 ਮਰਲੇ, ਜਿਸ ਵਿੱਚੋਂ 26-1/6/6033 ਹਿੱਸਾ ਜੋ ਕਿ 1 ਕਨਾਲ 6-1/6 ਮਰਲਾ, ਖੱਤਾ ਨੰ. 46/47 ਖਤੌਨੀ ਨੰ. 16, ਖਸਰਾ ਨੰ. 38//14/6/2 (0-7), ਰਕਬਾ ਕਿੱਤੇ 1 ਰਕਬਾ 7 ਮਰਲਾ, ਕੁੱਲ ਰਕਬਾ 1 ਕਨਾਲ 13-1/6 ਮਰਲੇ, ਪਿੰਡ ਪੰਦਰਾਲੀ ਸਰਹਿੰਦ ਵਿਖੇ ਸਥਿਤ, ਹੱਦਬਸਤ ਨੰ. 323, ਸਬ-ਤਹਿਸੀਲ ਚਨਾਰਥਲ ਅਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਪੰਜਾਬ, ਭਾਰਤ-147104 ਹੱਦਾਂ : ਪੂਰਬ : ਗਲੀ ਅਤੇ ਸ੍ਰੀ ਲਖਵਿੰਦਰ ਸਿੰਘ ਦਾ ਮਕਾਨ, 90+58 ਫੁੱਟ, ਪੱਛਮ : ਸ੍ਰੀ ਹਰਭਜਨ ਸਿੰਘ ਦਾ ਮਕਾਨ ਅਤੇ ਸ੍ਰੀ ਬ੍ਰਿਜੇਸ਼ ਦੀ ਖੇਤੀਬਾੜੀ ਵਾਲੀ ਜ਼ਮੀਨ 90+58 ਫੁੱਟ, ਉੱਤਰ : ਗਲੀ, 32.5+23+23 ਫੁੱਟ, ਦੱਖਣ : ਬ੍ਰਿਜੇਸ਼ ਕੁਮਾਰ ਦੀ ਖੇਤੀਬਾੜੀ ਵਾਲੀ ਜ਼ਮੀਨ 78.6 ਫੁੱਟ | ਮਿਤੀ : 07.07.2026<br>ਮਿਤੀ 6/7/2026 ਨੂੰ ਰੁਪਏ 52,56,174/- (ਬਵੰਜਾ ਲੱਖ ਛਪੰਜਾ ਹਜ਼ਾਰ ਇੱਕ ਸੌ ਚੌਹੱਤਰ ਰੁਪਏ) ਜੋ ਕਿ ਕਰਜ਼ਾ ਖਾਤਾ ਨੰ. ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0557167 'ਚ ਰੁਪਏ 51,52,404/- (ਇਕਵੰਜਾ ਲੱਖ ਬਵੰਜਾ ਹਜ਼ਾਰ ਚਾਰ ਸੌ ਚਾਰ ਰੁਪਏ ਕੇਵਲ) ਅਤੇ ਕਰਜ਼ਾ ਖਾਤਾ ਨੰ. ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0557907 'ਚ ਰੁਪਏ 1,03,770/- (ਇੱਕ ਲੱਖ ਤਿੰਨ ਹਜ਼ਾਰ ਸੱਤ ਸੌ ਸੱਤਰ ਰੁਪਏ ਕੇਵਲ) ਐੱਨ ਏ ਪੀ ਮਿਤੀ 05.07.2026 |

ਕਰਜ਼ਦਾਰ (ਕਰਜ਼ਦਾਰਾਂ) ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਡਿਮਾਂਡ ਨੋਟਿਸ ਦੀ ਪਾਲਣਾ ਕਰਨ ਅਤੇ ਇਸ ਵਿੱਚ ਅਤੇ ਉੱਪਰ ਦੱਸੀ ਗਈ ਮੰਗ ਕੀਤੀ ਰਕਮ ਦਾ ਭੁਗਤਾਨ ਇਸ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਕਰਨ; ਇਸ ਦੇ ਨਾਲ ਲਾਗੂ ਵਿਆਜ, ਵਾਧੂ ਵਿਆਜ, ਬਾਊਂਸ ਚਾਰਜਿਜ਼ ਅਤੇ ਭੁਗਤਾਨ ਦੀ ਵਸੂਲੀ ਦੀ ਮਿਤੀ ਤੱਕ ਦੇ ਖਰਚੇ ਵੀ ਸ਼ਾਮਲ ਹੋਣਗੇ। ਕਰਜ਼ਦਾਰ (ਕਰਜ਼ਦਾਰਾਂ) ਨੂੰ ਇਹ ਨੋਟ ਕਰਨਾ ਚਾਹੀਦਾ ਹੈ ਕਿ ਫੈਡਫਿਨਾ ਇੱਕ ਸਕਿਉਰਡ ਐੱਸਟਸ ਹੈ ਅਤੇ ਕਰਜ਼ਦਾਰ (ਕਰਜ਼ਦਾਰਾਂ) ਦੁਆਰਾ ਲਈ ਗਈ ਕਰਜ਼ਾ ਸਹੂਲਤ, ਕਰਜ਼ਦਾਰ (ਕਰਜ਼ਦਾਰਾਂ) ਦੁਆਰਾ ਗਿਰਵੀ ਰੱਖੀ ਗਈ ਅਚੱਲ ਜਾਇਦਾਦ/ਜਾਇਦਾਦਾਂ ਜੋ ਕਿ ਸਕਿਉਰਡ ਐੱਸਟਸ ਹਨ ਦੇ ਵਿਰੁੱਧ ਇੱਕ ਸਕਿਉਰਡ ਕਰਜ਼ਾ ਹੈ। ਜੇਕਰ ਕਰਜ਼ਦਾਰ ਨਿਰਧਾਰਤ ਸਮੇਂ ਦੇ ਅੰਦਰ ਆਪਣੀਆਂ ਦੇਣਦਾਰੀਆਂ ਨੂੰ ਪੂਰੀ ਤਰ੍ਹਾਂ ਅਦਾ ਕਰਨ ਵਿੱਚ ਅਸਫਲ ਰਹਿੰਦੇ ਹਨ, ਤਾਂ ਫੈਡਫਿਨਾ ਐਕਟ ਦੀ ਧਾਰਾ 13(4) ਦੇ ਤਹਿਤ ਸਕਿਉਰਡ ਐੱਸਟਸ ਦਾ ਕਬਜ਼ਾ ਲੈਣ ਦੇ ਸਾਰੇ ਅਧਿਕਾਰਾਂ ਦੀ ਵਰਤੋਂ ਕਰਨ ਦੀ ਹੱਕਦਾਰ ਹੋਵੇਗੀ; ਇਸ ਵਿੱਚ ਸੰਪਤੀ ਨੂੰ ਵੇਚ ਕੇ ਜਾਂ ਐਕਟ ਅਤੇ ਇਸ ਦੇ ਨਿਯਮਾਂ ਅਧੀਨ ਉਪਲਬਧ ਕਿਸੇ ਹੋਰ ਉਪਾਅ ਰਾਹੀਂ ਤਬਦੀਲ ਕਰਨਾ ਅਤੇ ਭੁਗਤਾਨ ਵਸੂਲਣਾ ਸ਼ਾਮਲ ਹੈ ਪਰ ਇਹਨਾਂ ਤੱਕ ਸੀਮਤ ਨਹੀਂ। ਫੈਡਫਿਨਾ ਕੋਲ ਵੇਚਣ ਜਾਂ ਤਬਦੀਲ ਕਰਨ ਦੇ ਅਧਿਕਾਰ ਨੂੰ ਲਾਗੂ ਕਰਨ ਤੋਂ ਪਹਿਲਾਂ ਸਕਿਉਰਡ ਐੱਸਟਸ ਨੂੰ ਕੁਰਕ ਕਰਨ ਅਤੇ/ਜਾਂ ਸੀਲ ਕਰਨ ਦਾ ਅਧਿਕਾਰ ਵੀ ਹੈ। ਸਕਿਉਰਡ ਐੱਸਟਸ ਦੀ ਵਿਕਰੀ ਤੋਂ ਬਾਅਦ, ਜੇਕਰ ਗਿਰਵੀ ਰੱਖੀ ਗਈ ਜਾਇਦਾਦ ਦਾ ਮੁੱਲ ਫੈਡਫਿਨਾ ਨੂੰ ਦੇਣਯੋਗ ਬਕਾਇਆ ਰਕਮ ਨੂੰ ਪੂਰਾ ਕਰਨ ਲਈ ਨਾਕਾਫ਼ੀ ਹੁੰਦਾ ਹੈ, ਤਾਂ ਫੈਡਫਿਨਾ ਕੋਲ ਬਕਾਇਆ ਰਕਮ ਦੀ ਵਸੂਲੀ ਲਈ ਵੱਖਰੀ ਕਾਨੂੰਨੀ ਕਾਰਵਾਈ ਸ਼ੁਰੂ ਕਰਨ ਦਾ ਅਧਿਕਾਰ ਵੀ ਹੈ। ਇਹ ਉਪਾਅ ਫੈਡਫਿਨਾ ਲਈ ਕਿਸੇ ਹੋਰ ਕਾਨੂੰਨ ਤਹਿਤ ਉਪਲਬਧ ਹੋਰ ਸਾਰੇ ਉਪਾਵਾਂ ਤੋਂ ਇਲਾਵਾ ਅਤੇ ਉਹਨਾਂ ਤੋਂ ਸੁਤੰਤਰ ਹੈ। ਕਰਜ਼ਦਾਰ (ਕਰਜ਼ਦਾਰਾਂ) ਦਾ ਧਿਆਨ ਐਕਟ ਦੀ ਧਾਰਾ 13(8) ਵੱਲ ਦਿਵਾਇਆ ਜਾਂਦਾ ਹੈ, ਜੋ ਸਕਿਉਰਡ ਐੱਸਟਸ ਨੂੰ ਛੁਡਾਉਣ ਲਈ ਉਪਲਬਧ ਸਮੇਂ ਬਾਰੇ ਹੈ, ਅਤੇ ਨਾਲ ਹੀ ਧਾਰਾ 13(13) ਵੱਲ ਵੀ, ਜਿਸ ਤਹਿਤ ਕਰਜ਼ਦਾਰ(ਕਰਜ਼ਦਾਰਾਂ) ਨੂੰ ਫੈਡਫਿਨਾ ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ ਸਕਿਉਰਡ ਐੱਸਟਸ ਦਾ ਨਿਪਟਾਰਾ ਕਰਨ, ਉਹਨਾਂ ਨਾਲ ਲੈਣ-ਦੇਣ ਕਰਨ, ਜਾਂ ਵਿਕਰੀ, ਪਟੇ ਜਾਂ ਕਿਸੇ ਹੋਰ ਤਰੀਕੇ ਨਾਲ (ਕਾਰੋਬਾਰ ਦੇ ਆਮ ਕੰਮਕਾਜ ਤੋਂ ਇਲਾਵਾ) ਤਬਦੀਲ ਕਰਨ ਤੋਂ ਰੋਕਿਆ/ਮਨ੍ਹਾ ਕੀਤਾ ਗਿਆ ਹੈ; ਉਪਰੋਕਤ ਦੀ ਪਾਲਣਾ ਨਾ ਕਰਨਾ ਉਕਤ ਐਕਟ ਦੀ ਧਾਰਾ 29 ਦੇ ਤਹਿਤ ਸਜ਼ਾਯੋਗ ਅਪਰਾਧ ਹੈ। ਡਿਮਾਂਡ ਨੋਟਿਸ ਦੀ ਕਾਪੀ ਹਸਤਾਖਰਕਰਤਾ ਕੋਲ ਉਪਲਬਧ ਹੈ ਅਤੇ ਕਰਜ਼ਦਾਰ, ਜੇਕਰ ਉਹ ਚਾਹੁਣ, ਤਾਂ ਕਿਸੇ ਵੀ ਕੰਮਕਾਜੀ ਦਿਨ ਦਫ਼ਤਰੀ ਸਮੇਂ ਦੌਰਾਨ ਹਸਤਾਖਰਕਰਤਾ ਤੋਂ ਇਸਨੂੰ ਪ੍ਰਾਪਤ ਕਰ ਸਕਦੇ ਹਨ।

ਸਥਾਨ : ਪੰਜਾਬ, ਮਿਤੀ : 23.07.2026 — ਸਹੀ/- ਅਧਿਕਾਰਤ ਅਫ਼ਸਰ, ਫੈਡਬੈਂਕ ਫਾਇਨੈਂਸ਼ੀਅਲ ਸਰਵਿਸਿਜ਼ ਲਿਮਟਿਡ


# ਮਾਨ ਵੱਲੋਂ ਹਲਕੇ ਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿੱਤੀ ਮਦਦ ਦਾ ਐਲਾਨ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਹਲਕਾ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਬਲਾਕ ਨੂਰਮਹਿਲ ਦੇ ਪਿੰਡ ਸੰਘੇ ਖਾਲਸਾ, ਅਜਤਾਣੀ, ਸ਼ਮਸਾਬਾਦ, ਫਤਿਹਪੁਰ, ਕੋਟ ਬਾਦਲ ਖਾਂ, ਡੱਲਾ, ਭੱਲੋ ਵਿਚ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡਾਂ ਦੀਆਂ ਪੰਚਾਇਤਾਂ ਨਾਲ ਲੇਖਾ ਜੋਖਾ ਦਿੱਤੀਆਂ ਗਰਾਂਟਾਂ ਦਾ ਕੀਤਾ ਗਿਆ। ਵਾਟਰ ਸਪਲਾਈ, ਛੱਪੜ ਡੂੰਘੇ ਕਰਨ, ਸੈਨੀਟੇਸ਼ਨ, ਨਵੀਆਂ ਸੜਕਾਂ ਬਣਾਉਣ ਲਈ ਹੋਰ ਪੈਸਿਆਂ ਦਾ ਐਲਾਨ ਕੀਤਾ ਗਿਆ। ਨੌਜਵਾਨਾਂ ਲਈ ਜਿੰਮ ਅਤੇ ਗਰਾਉਂਡਾਂ ਬਣਾ ਕੇ ਦੇਣ ਦਾ ਭਰੋਸਾ ਦਿੱਤਾ ਗਿਆ। ਲੋਕਾਂ ਦੀ ਨਿੱਜੀ ਦੁੱਖ ਤਕਲੀਫ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ। ਇਸ ਮੌਕੇ ਪਿੰਡ ਸੰਘੇ ਖਾਲਸਾ ਦੇ ਬਲਜੀਤ ਕੌਰ ਸਰਪੰਚ, ਮਮਤਾ ਪੰਚ, ਰਾਜਕੁਮਾਰ ਪੰਚ, ਬਲਕਾਰ ਸਿੰਘ ਪੰਚ, ਰੇਸ਼ਮ ਕੌਰ ਪੰਚ, ਭੁਪਿੰਦਰ ਸਿੰਘ ਪੰਚ, ਸਾਬਕਾ ਸਰਪੰਚ ਜਸਵੰਤ ਸਿੰਘ, ਹਰਜਿੰਦਰ ਸਿੰਘ ਢਿੱਲੋਂ, ਨਿਰਮਲ ਸਿੰਘ ਸਾਬਕਾ ਪੰਚ, ਗੁਰਦਿਆਲ ਸਿੰਘ ਸਾਬਕਾ ਪੰਚ, ਜਗਤਾਰ ਸਿੰਘ ਸਾਬਕਾ ਪੰਚ, ਕੁਲਵਿੰਦਰ ਕੌਰ ਸਾਬਕਾ ਪੰਚ, ਤੀਰਥ ਸਿੰਘ ਸਾਬਕਾ ਪੰਚ, ਚੇਅਰਮੈਨ



ਲਖਬੀਰ ਸਿੰਘ, ਚੇਅਰਮੈਨ ਰਾਜੂ ਉੱਪਲ ਦਲਿਤ ਵਿਕਾਸ ਚੇਅਰਮੈਨ, ਸਰਪੰਚ ਮੋਹਨ ਲਾਲ ਸ਼ੇਖਾਂ, ਜਸਵੀਰ ਸਿੰਘ ਰਾਮਪੁਰ ਕਿਸਾਨ ਵਿੰਗ ਪ੍ਰਧਾਨ, ਜਸਵੰਤ ਸਿੰਘ, ਪਿੰਡ ਅਜਤਾਣੀ ਦੇ ਜੁਗਰਾਜ ਸਿੰਘ ਸਰਪੰਚ, ਕੇਹਰ ਸਿੰਘ, ਹਰਦਿਆਲ ਸਿੰਘ, ਅਜਮੇਰ ਸਿੰਘ, ਨਵਤੇਜ ਪਾਲ ਸਿੰਘ, ਰੇਸ਼ਮ ਲਾਲ ਪੰਚ, ਪਿੰਡ ਸ਼ਮਸਾਬਾਦ ਦੇ ਗੁਰਦਿਆਲ ਸਿੰਘ ਸੰਧੂ, ਗੁਰਨਾਮ ਸਿੰਘ ਸਹੋਤਾ, ਨਛੱਤਰ ਸਿੰਘ, ਨਿੱਕਾ ਬਾਬਾ ਕਸ਼ਮੀਰੀ ਸ਼ਾਹ ਜੀ, ਮਿਸਤਰੀ ਮਹਿੰਦਰਪਾਲ, ਠੇਕੇਦਾਰ ਗੁਰਮੇਲ ਰਾਮ, ਮੇਜਰ ਸਿੰਘ, ਗੁਰਦੇਵ ਸਿੰਘ ਮੀਰੀ ਪੀਰੀ, ਸਤਨਾਮ ਸਿੰਘ ਸੱਤੂ, ਬਲਵੀਰ ਕੁਮਾਰ, ਮੈਡਮ ਲਕਸ਼ਮੀ ਮੈਂਬਰ, ਹਰਪ੍ਰੀਤ ਸਿੰਘ ਮੈਂਬਰ, ਗੁਰਵਿੰਦਰ ਸਿੰਘ ਸਰਪੰਚ, ਰਾਮ ਮੂਰਤੀ, ਮੈਡਮ ਬਖਸ਼ੋ ਸਹੋਤਾ, ਗੁਰਜੀਤ ਸਿੰਘ ਸੋਨੂ, ਬਲਜੀਤ ਸਿੰਘ ਡੇਅਰੀ ਵਾਲਾ, ਪਿੰਡ ਡੱਲਾ ਦੇ ਪਰਵੀਨ ਕੌਰ ਸਰਪੰਚ, ਅਮਰੀਕ ਸਿੰਘ , ਕੁਲਦੀਪ ਸਿੰਘ ਲੰਬੜਦਾਰ, ਪਰਮਵੀਰ ਲੰਬੜਦਾਰ, ਮਨਦੀਪ ਕੌਰ, ਸਾਬਕਾ ਸਰਪੰਚ, ਸੋਹਣ ਸਿੰਘ ਲੰਬੜਦਾਰ, ਕਮਲਜੀਤ ਸਿੰਘ ਪ੍ਰਧਾਨ ਕੋਆਪਰੇਟਿਵ ਬੈਂਕ ਅਮਨਦੀਪ ਸਿੰਘ, ਸੁਰਿੰਦਰ ਪਾਲ ਸਿੰਘ, ਜੈਲਦਾਰ ਪ੍ਰਧਾਨ ਕਿਸਾਨ ਵਿੰਗ, ਦਰਸ਼ਨ ਸਿੰਘ, ਪਿੰਡ ਭੱਲੋਵਾਲ ਤੋਂ ਰੂਬਲਪ੍ਰੀਤ ਕੌਰ ਸਰਪੰਚ, ਸੁਰਿੰਦਰ ਸਿੰਘ ਪੰਚ, ਨੀਲਮ ਕੁਮਾਰੀ ਪੰਚ, ਕਮਲੇਸ਼ ਪੰਚ, ਜੀਤ ਰਮ ਪੰਚ, ਜਸਵੰਤ ਸਿੰਘ ਪੰਚ, ਪਾਲਾ ਜੰਮੂ, ਜਸਵੰਤ ਸਿੰਘ, ਬਲਵਿੰਦਰ ਰਾਮ ਆਦਿ ਹਾਜ਼ਰ ਸਨ।

# ਰੂਬੈਲਾ ਖ਼ਾਤਮੇ ਲਈ ਵਿਸ਼ੇਸ਼ ਟੀਕਾਕਰਨ ਮੁਹਿੰਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਸਰਕਾਰ ਦੇ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਦੀਆਂ ਹਦਾਇਤਾਂ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੀ ਅਗਵਾਈ ਹੇਠ ਬਲਾਕ ਹਾਰਟਾ ਬੱਡਲਾ ਅਧੀਨ 20 ਜੁਲਾਈ ਤੋਂ 25 ਜੁਲਾਈ ਤੱਕ ਖਸਰਾ-ਰੁਬੈਲਾ ਖ਼ਾਤਮਾ ਲਈ ਵਿਸ਼ੇਸ਼ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਉਹਨਾਂ ਰਹਿ ਗਏ ਅਤੇ ਡਰਾਪ-ਆਊਟ ਬੱਚਿਆਂ ਤੱਕ ਪਹੁੰਚਣਾ ਹੈ, ਜਿਨ੍ਹਾਂ ਨੂੰ ਨਿਯਮਿਤ ਟੀਕਾਕਰਨ ਦੌਰਾਨ ਖਸਰਾ-ਰੁਬੈਲਾ ਦਾ ਟੀਕਾ ਐੱਮ ਆਰ-1 ਜਾਂ ਐੱਮ ਆਰ-2 ਨਹੀਂ ਲੱਗ ਸਕਿਆ ਜਾਂ ਜਿਨ੍ਹਾਂ ਦੀ



ਟੀਕਾਕਰਨ ਲੜੀ ਅਧੂਰੀ ਰਹਿ ਗਈ ਹੈ। ਇਹ ਵਿਸ਼ੇਸ਼ ਮੁਹਿੰਮ ਦੇਸ਼ ਨੂੰ ਖਸਰਾ ਅਤੇ ਰੁਬੈਲਾ ਮੁਕਤ ਬਣਾਉਣ ਦੇ ਰਾਸ਼ਟਰੀ ਟੀਚੇ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫ਼ਸਰ, ਸੀ.ਐੱਚ.ਸੀ. ਹਾਰਟਾ ਬੱਡਲਾ ਡਾਕਟਰ ਮਨਪ੍ਰੀਤ ਸਿੰਘ ਬੈਂਸ ਨੇ ਦੱਸਿਆ ਕਿ ਯੂਨੀਵਰਸਲ ਇਮਿਊਨਾਈਜ਼ੇਸ਼ਨ ਪ੍ਰੋਗਰਾਮ ਦੀ ਸਮੀਖਿਆ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਕੁਝ ਬੱਚੇ ਪਹਿਲੀ ਜਾਂ ਦੂਜੀ ਖੁਰਾਕ ਨਹੀਂ ਲੈ ਸਕੇ, ਜਿਸ ਕਾਰਨ ਉਨ੍ਹਾਂ ਵਿੱਚ ਖਸਰਾ ਅਤੇ ਰੁਬੈਲਾ ਵਰਗੀਆਂ ਬਿਮਾਰੀਆਂ ਦਾ ਖਤਰਾ ਬਣਿਆ ਰਹਿੰਦਾ ਹੈ। ਇਸੇ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਵਿਸ਼ੇਸ਼ ਕੈਚ-ਅੱਪ ਮੁਹਿੰਮ ਸ਼ੁਰੂ ਕੀਤੀ ਗਈ ਹੈ।

## ਕਤਲ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਨੂੰ ਲੈ ਕੇ ਆਦਮਪੁਰ-ਜਲੰਧਰ ਰੋਡ ਕੀਤਾ ਜਾਮ

**ਆਦਮਪੁਰ, (ਪਰਮਜੀਤ ਸਿੰਘ)**- ਬੀਤੇ ਕੁਝ ਦਿਨ ਪਹਿਲਾਂ ਆਦਮਪੁਰ ਦੇ ਮੇਨ ਬਾਜ਼ਾਰ ਵਿਚ ਮੰਦਰ ਦੇ ਨੇੜੇ ਇੱਕ ਦੁਕਾਨ ਨੂੰ ਖਾਲੀ ਕਰਵਾਉਣ ਦੇ ਲਈ ਚੱਲ ਰਹੇ ਵਿਵਾਦ ਨੂੰ ਲੈ ਕੇ ਜਦੋਂ ਦੁਕਾਨ ਦੇ ਮਾਲਕਾਂ ਵਲੋਂ ਕੀਤੇ ਗਏ ਕਥਿਤ ਹਮਲੇ





ਅਤੇ ਧੱਕਾ ਮੁੱਕੀ ਦੌਰਾਨ ਇਕ ਚਾਹ ਵਿਕਰੇਤਾ ਰਾਜੇਸ਼ ਕੁਮਾਰ ਆਦਮਪੁਰ ਦੀ ਗੰਭੀਰ ਸੱਟਾਂ ਲੱਗਣ ਕਾਰਨ ਮੌਤ ਹੋ ਗਈ ਸੀ ਅਤੇ ਸਥਾਨਕ ਪੁਲਸ ਵਲੋਂ ਇਸ ਕਤਲ ਦੇ ਮਾਮਲੇ ਵਿਚ ਮ੍ਰਿਤਕ ਰਾਜੇਸ਼ ਕੁਮਾਰ ਦੀ ਪਤਨੀ ਸਾਕਸ਼ੀ ਦੇ ਬਿਆਨਾਂ ਦੇ ਆਧਾਰ ਉੱਤੇ ਡਾਕਟਰ ਸਰਵਮੋਹਨ ਟੰਡਨ, ਉਸ ਦੇ ਪੁੱਤਰ ਆਸ਼ੀਸ਼ ਟੰਡਨ ਸਮੇਤ 4 ਅਣਪਛਾਤੇ ਵਿਅਕਤੀਆਂ ਖਿਲਾਫ਼ ਕਤਲ ਦਾ ਮਾਮਲਾ ਦਰਜ ਕੀਤਾ ਸੀ। 4 ਦਿਨ ਬੀਤ ਜਾਣ ਤੋਂ ਬਾਅਦ ਵੀ ਪੁਲਸ ਵਲੋਂ ਮੁਲਜ਼ਮਾ ਦੀ ਕੋਈ ਵੀ ਗ੍ਰਿਫਤਾਰੀ ਨਹੀਂ ਹੋਈ। ਇਸ ਨੂੰ ਲੈ ਕੇ ਪੀੜਿਤ ਪਰਿਵਾਰ ਅਤੇ ਇਲਾਕਾ ਵਾਸੀਆਂ ਵਲੋਂ ਜਲੰਧਰ ਆਦਮਪੁਰ ਹਾਈਵੇ ਜਾਮ ਕਰ ਦਿੱਤਾ। ਗਿਰਫਤਾਰੀ ਦੀ ਦੇਰੀ ਨੂੰ ਲੈ ਕੇ ਸਹਿਰ ਵਾਸੀਆਂ ਵਲੋਂ ਅਤੇ ਪੁਲਿਸ ਪ੍ਰਸ਼ਾਸਨ ਅਤੇ ਸਰਕਾਰ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਮ੍ਰਿਤਕ ਰਾਜੇਸ਼ ਕੁਮਾਰ ਦੇ ਭਰਾ ਸੁਰੇਸ਼ ਕੁਮਾਰ ਨੇ ਕਿਹਾ ਕਿ ਪੁਲਸ ਇਸ ਘਟਨਾ ਨੂੰ ਲੈ ਕੇ ਗੰਭੀਰ ਨਹੀਂ ਲੱਗ ਰਹੀ ਹੈ ਤੇ ਪੁਲਸ ਰੋਜ਼ ਹੀ ਦੋ ਦਿਨ ਦੋ ਦਿਨ ਦਾ ਟਾਈਮ ਮੰਗ ਰਹੀ ਹੈ ਜਦਕਿ ਪੁਲਿਸ ਨੂੰ ਉਹਨਾਂ ਬਾਰੇ ਜੋ ਕੋਈ ਵੀ ਸੁਰਾਗ ਨਹੀਂ ਮਿਲਿਆ ਹੈ। ਸੁਰੇਸ਼ ਕੁਮਾਰ ਨੇ ਕਿਹਾ ਕਿ ਪੁਲਸ ਉਹਨਾਂ ਨੂੰ ਗ੍ਰਿਫਤਾਰ ਕਰਨ 'ਚ ਅਸਫਲ ਰਹੀ ਹੈ। ਉਹਨਾਂ ਨੇ ਪੁਲਸ ਨੂੰ ਚੇਤਾਵਨੀ ਦਿੱਤੀ ਕਿ ਜੇ ਵੀਰਵਾਰ ਤੱਕ ਦੋਸ਼ੀਆਂ ਨੂੰ ਨਾ ਫੜਿਆ ਗਿਆ ਤਾਂ ਉਹ ਜਲੰਧਰ ਆਦਮਪੁਰ ਹਾਈਵੇ ਜਾਮ ਕਰ ਦੇਣਗੇ। ਇਸ ਮੌਕੇ ਤੇ ਡੀ ਐੱਸ ਪੀ ਆਦਮਪੁਰ ਰਾਜੀਵ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਨੇ ਕਿਹਾ ਕਿ ਦੋਸ਼ੀਆਂ ਦੀ ਭਾਲ ਲਈ ਪੁਲਿਸ ਦੀਆਂ ਟੀਮਾਂ ਬਣਾ ਕੇ ਭੇਜ ਦਿੱਤੀਆਂ ਗਈਆਂ ਹਨ ਤੇ ਛਾਪੇਮਾਰੀ ਕੀਤੀ ਜਾ ਰਹੀ ਜਲਦੀ ਹੀ ਦੋਸ਼ੀਆਂ ਨੂੰ ਫੜ ਲਿਆ ਜਾਵੇਗਾ।

## ਸਿਕੰਦਰਪੁਰ ਦੇ ਨੌਜਵਾਨ ਨੇ ਇੰਗਲੈਂਡ ਤੋਂ ਹਾਸਲ ਕੀਤੀ ਡਿਗਰੀ



**ਅਲਾਵਲਪੁਰ, (ਮਦਨ ਬੰਗੜ)**: ਪਿੰਡ ਸਿਕੰਦਰਪੁਰ ਦੇ ਸਧਾਰਨ ਪਰਵਾਰ ਨਾਲ ਸਬੰਧਤ ਜਸਪ੍ਰੀਤ ਨੇ ਇੰਗਲੈਂਡ ਦੀ ਮਾਨਯੋਗ ਬੀ ਏ (ਆਨਰਜ਼) ਬਿਜ਼ਨਸ ਐਂਡ ਮੈਨੇਜਮੈਂਟ ਦੀ ਡਿਗਰੀ ਹਾਸਲ ਕਰਕੇ ਨਾ ਸਿਰਫ਼ ਆਪਣੇ ਪਰਵਾਰ, ਸਗੋਂ ਪੂਰੇ ਪਿੰਡ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਉਹ ਸਿਕੰਦਰਪੁਰ ਦਾ ਪਹਿਲਾ ਨੌਜਵਾਨ ਹੈ ਜਿਸ ਨੇ ਇੰਗਲੈਂਡ ਤੋਂ ਡਿਗਰੀ ਹਾਸਲ ਕਰਨ ਦਾ ਮਾਣ ਪ੍ਰਾਪਤ ਕੀਤਾ ਹੈ। ਜਸਪ੍ਰੀਤ ਨੇ ਆਪਣੀ ਮੁੱਢਲੀ ਸਿੱਖਿਆ ਸਰਕਾਰੀ ਪ੍ਰਾਇਮਰੀ ਸਕੂਲ ਸਿਕੰਦਰਪੁਰ ਤੋਂ ਪ੍ਰਾਪਤ ਕੀਤੀ। ਬਚਪਨ ਤੋਂ ਹੀ ਉਸ ਦਾ ਸੁਪਨਾ ਇੰਗਲੈਂਡ ਵਿੱਚ ਪੜ੍ਹਨ ਦਾ ਸੀ। ਸਕੂਲ ਦੇ ਦਿਨਾਂ ਵਿੱਚ ਉਹ ਆਪਣੇ ਸਾਈਕਲ 'ਤੇ ਇੰਗਲੈਂਡ ਦਾ ਝੰਡਾ ਲਗਾ ਕੇ ਸਕੂਲ ਜਾਂਦਾ ਸੀ ਅਤੇ ਅਕ[illegible] ਕਿ ਇੱਕ ਦਿਨ ਉਹ ਇੰਗਲੈਂਡ [illegible] ਆਰਥਿਕ ਤੰਗੀ ਦੇ ਬਾਵਜੂਦ [illegible] ਇੰਜਨੀਅਰਿੰਗ ਵਿੱਚ ਡਿ[illegible] ਪੜ੍ਹਾਈ ਦੌਰਾਨ ਅਤੇ ਉਸ ਤੋਂ [illegible] ਮਜ਼ਦੂਰੀ, ਫੈਕਟਰੀ ਵਿੱ[illegible] ਦਿਹਾੜੀਆਂ ਕਰਕੇ ਆਪਣੇ [illegible] ਰੱਖਿਆ।

ਮਿਹਨਤ ਅਤੇ ਲਗਨ ਦੇ [illegible] ਇੰਗਲੈਂਡ ਦੀ ਮਾਨਯੋਗ [illegible] ਯੂਨੀਵਰਸਿਟੀ ਵਿੱਚ ਦਾਖਲਾ [illegible] ਵੀ ਉਸ ਨੇ ਪੜ੍ਹਾਈ ਦੇ [illegible] ਕਰਕੇ ਆਪਣੀ ਫੀਸ ਅਤੇ ਹੋ[illegible] ਕੀਤੇ ਅਤੇ ਸਫਲਤਾਪੂਰਵਕ [illegible] ਹਾਸਲ ਕੀਤੀ।

## 15 ਅਗਸਤ ਤੱਕ ਬੈਂਕ ਖਾਤੇ ਦੀ ਆਧਾਰ ਸੀਡਿੰਗ ਕਰਵਾਉ : ਡਾ. ਬਲਜੀਤ ਕੌਰ



[illegible]



## ਪਦਰਾਣਾ ਦੇ ਦਰਜਨਾਂ ਪਰਵਾਰਾਂ ਨੇ ਫੜਿਆ 'ਆਪ' ਦਾ ਪੱਲਾ

[illegible]

## ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ 'ਚ ਨਵੇਂ ਸੈਸ਼ਨ ਦੀ ਸ਼ੁਰੂਆਤ

**ਜਲੰਧਰ (ਸ਼ੈਲੀ ਐਲਬਰਟ)** ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਲੋਹਾਰਾਂ ਵੱਲੋਂ ਅਕੈਡਮਿਕ ਸੈਸ਼ਨ 2026-27 ਦੀ ਸ਼ੁਰੂਆਤ ਦੀ ਖੁਸ਼ੀ 'ਚ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਵਨ ਪਾਠ ਕਰਵਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪੂਰੇ ਆਦਰ ਅਤੇ ਸ਼ਰਧਾ ਨਾਲ ਵਿਧੀਅਨੁਸਾਰ ਕੈਂਪਸ ਵਿੱਚ ਲਿਆ [illegible]



[illegible]

## ਵਿਦਿਆਰਥੀਆਂ ਨੂੰ ਵਜ਼ੀਫਾ ਰਾਸ਼ੀ ਤਕਸੀਮ ਕੀਤੀ




**ਮਾਹਿਲਪੁਰ, (ਸਫ਼ਰੀ)**- ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ [illegible] ਮਾਹਿਲਪੁਰ ਵਿੱਚ ਕਰਵਾਏ ਵਜ਼ੀਫਾ ਵੰਡ ਸਮਾਰੋਹ ਮੌਕੇ ਸਿੱਖ [illegible] ਡਿਵੈਲਪਮੈਂਟ ਫਾਊਂਡੇਸ਼ਨ ਅਮਰੀਕਾ ਵੱਲੋਂ ਕਾਲਜ ਦੇ ਛੇ ਵਿਦਿਆਰਥੀ[illegible] ਕੁੱਲ ਦੋ ਲੱਖ ਇੱਕੀ ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਸਕਾਲਰਸ਼ਿਪ [illegible] 'ਤੇ ਪ੍ਰਦਾਨ ਕੀਤੀ। ਇਸ ਮੌਕੇ ਸਮਾਗਮ ਦੇ ਮੁੱਖ ਮਹਿਮਾਨ ਫਾਊਂਡੇ[illegible] ਪ੍ਰਬੰਧਕੀ ਨਿਰਦੇਸ਼ਕ ਗੁਰਬੀਰ ਸਿੰਘ ਬਰਾੜ, ਖ਼ਾਲਸਾ ਕਾਲਜ ਚੰਡੀਗ[illegible] ਪ੍ਰਿੰਸੀਪਲ ਡਾ. ਜਸਵਿੰਦਰ ਸਿੰਘ, ਅਤੇ ਸਾਬਕਾ ਸੈਨੇਟਰ ਡਾ. ਜਗਤਾ[illegible] ਨੇ ਸ਼ਿਰਕਤ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਵੱਲੋਂ [illegible] ਸ਼ਖ਼ਸੀਅਤਾਂ ਦਾ ਸਵਾਗਤ ਕੀਤਾ ਗਿਆ ਅਤੇ ਕਾਲਜ ਦੀਆਂ ਪ੍ਰਾਪਤੀ[illegible] ਜਾਣਕਾਰੀ ਸਾਂਝੀ ਕੀਤੀ ਗਈ। ਉਹਨਾਂ ਗੁਰਬੀਰ ਸਿੰਘ ਬਰਾੜ ਦਾ [illegible] ਆਉਣ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਸਹਾਇਤਾ ਰਾਸ਼ੀ ਪ੍ਰਦਾਨ [illegible] ਲਈ ਧੰਨਵਾਦ ਕੀਤਾ ਤੇ ਸਕਾਲਰਸ਼ਿਪ ਦੇ ਰੂਪ ਵਿੱਚ ਸਹਾਇਤਾ ਰਾਸ਼ੀ [illegible] ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਸਮਾਗਮ [illegible] ਮਹਿਮਾਨ ਸ. ਗੁਰਬੀਰ ਬਰਾੜ ਨੇ ਕਾਲਜ ਦੀ ਇਲਾਕੇ ਨੂੰ ਪਾਈ ਦੇ[illegible] ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿਹਾ ਕਿ ਆਉਣ ਵਾਲੇ ਸਮੇਂ ਵਿੱ[illegible] ਕਾਲਜ ਦੇ ਕਰੀਬ 100 ਵਿਦਿਆਰਥੀਆਂ ਨੂੰ ਉਹਨਾਂ ਦੀ ਸੰਸਥ[illegible] ਸਕਾਲਰਸ਼ਿਪ ਪਰਦਾਨ ਕੀਤੀ ਜਾਵੇਗੀ। ਵਜ਼ੀਫਾ ਰਾਸ਼ੀ ਪ੍ਰਾਪਤ ਕਰਨ [illegible] ਕਾਲਜ ਦੇ ਛੇ ਵਿਦਿਆਰਥੀਆਂ ਵਿਚ ਸਿਧਾਂਤ ਰਾਣਾ, ਸਪਨਾ, ਪ੍ਰਭਜੋ[illegible] ਮਾਨ, ਆਰਿਫ਼ ਮੁਹੰਮਦ, ਮਹਿਕ ਲਹਿਲ, ਅਤੇ ਮੁਸਕਾਨ ਬੰਗਾ ਸ਼ਾਮਿਲ [illegible]

## ਬੰਦ ਪਈ ਲੱਕੜ ਮੰਡੀ 'ਚ ਮਹੀਨੇ 'ਚ ਦੋ ਵਾਰ ਪਸ਼ੂ ਮੰਡੀ ਲਗਾਈ ਜਾਵੇ : ਲਾਚੋਵਾਲ

**ਹੁਸ਼ਿਆਰਪੁਰ, ਮੇਹਟੀਆਣਾ** [illegible]



## ਗ੍ਰਾਮ ਪੰਚਾਇਤ ਵਿਕਾਸ ਯੋਜਨਾ ਸੰਬੰਧੀ ਬਲਾਕ ਪੱਧਰੀ ਸਿਖਲਾਈ ਜਾਰੀ



[illegible]

## ਲੇਬਰ ਸੁਵਿਧਾ ਕੈਂਪ ਲਗਾਇਆ



[illegible] ਸਬੰਧੀ ਰਜਿਸਟਰੇਸ਼ਨ ਕੀਤੀ ਗਈ। ਯੂਨੀਅਨ ਦੇ ਬਲਾਕ ਪ੍ਰਧਾਨ ਜਸਪਾਲ ਸਿੰਘ ਭੂਮਛੇੜੀ, ਇਫਟੂ ਦੇ ਜ਼ਿਲ੍ਹਾ ਸਕੱਤਰ ਮਲਾਗਰ ਖਮਾਣੋ ਨੇ ਦੱਸਿਆ ਕਿ ਕੈਂਪ ਦੌਰਾਨ ਲੇਬਰ ਇਨਸਪੈਕਟਰ ਨਵੀਨ ਮਾਨ, ਬੋਰਡ ਮੁਲਾਜ਼ਮ ਚਰਨਜੀਤ ਸਿੰਘ, ਸਨਦੀਪ ਕੁਮਾਰ ਉਸਾਰੀ ਮਿਸਤਰੀ ਮਜ਼ਦੂਰਾਂ ਨੂੰ ਜਿੱਥੇ ਜਾਣਕਾਰੀ ਦਿੱਤੀ ਉੱਥੇ ਵੱਡੀ ਗਿਣਤੀ ਵਿੱਚ ਰਜਿਸਟਰੇਸ਼ਨ ਵੀ ਕੀਤੀ। ਕੈਂਪ ਦੌਰਾਨ ਸੁਵਿਧਾ ਸੈਂਟਰ ਦੇ ਮੁਲਾਜ਼ਮਾਂ ਦੀ ਗੈਰ ਹਾਜ਼ਰੀ ਕਾਰਨ ਮਜ਼ਦੂਰਾਂ ਦੇ ਕੰਮਾਂ ਰਫ਼ਤਾਰ ਸੁਸਤ ਰਹੀ। ਵੈਲਫੇਅਰ ਬੋਰਡ ਦੀਆਂ ਸਕੀਮਾਂ ਦਾ ਲਾਭ ਹਰ ਯੋਗ ਮਜ਼ਦੂਰ ਤੱਕ ਪਹੁੰਚਾਉਣਾ ਯੂਨੀਅਨ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਲੇਬਰ ਕਾਰਡ ਸਮੇਂ ਸਿਰ ਬਣਵਾਉਣ ਅਤੇ ਰੀਨਿਊ ਕਰਵਾਉਣ ਤਾਂ ਜੋ ਸਰਕਾਰ ਵੱਲੋਂ ਮਿਲਣ ਵਾਲੀਆਂ ਸਾਰੀਆਂ ਭਲਾਈ ਯੋਜਨਾਵਾਂ ਦਾ ਲਾਭ ਲਿਆ ਜਾ ਸਕੇ।ਕੈਂਪ ਵਿੱਚ ਵੱਡੀ ਗਿਣਤੀ ਵਿੱਚ ਮਿਸਤਰੀਆਂ ਅਤੇ ਮਜ਼ਦੂਰਾਂ ਨੇ ਹਿੱਸਾ ਲਿਆ ਅਤੇ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾਈਆਂ।

## ਸ਼ਰਧਾ ਤੇ ਉਤਸ਼ਾਹ ਨਾਲ ਦੇਖੀ ਗਈ ਸ੍ਰੀ ਗੁਰੂ ਰਵਿਦਾਸ 'ਤੇ ਆਧਾਰਿਤ ਵਿਸ਼ੇਸ਼ ਡਾਕੂਮੈਂਟਰੀ



[illegible] ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਜਾਤ-ਪਾਤ, ਊਚ-ਨੀਚ ਅਤੇ ਹਰ ਤਰ੍ਹਾਂ ਦੇ ਸਮਾਜਿਕ ਵਿਤਕਰੇ ਦਾ ਡਟ ਕੇ ਵਿਰੋਧ ਕੀਤਾ ਅਤੇ ਮਨੁੱਖਤਾ ਨੂੰ ਇੱਕੋ ਜਿਹਾ ਮਾਣ-ਸਨਮਾਨ ਦੇਣ ਦਾ ਸੰਦੇਸ਼ ਦਿੱਤਾ, ਜੋ ਅੱਜ ਵੀ ਉਨ੍ਹਾਂ ਹੀ ਪ੍ਰਸੰਗਿਕ ਹੈ।

## ਭੈਣਾਂ ਨੂੰ ਤਲਵਾਰ ਦੀ ਨੋਕ 'ਤੇ ਲੁੱਟਿਆ, 4 ਤੋਲੇ ਸੋਨਾ ਲੈ ਕੇ ਹੋਏ ਫਰਾਰ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਸੁਲਤਾਨਪੁਰ ਲੋਧੀ ਵਿਖੇ ਪਵਿੱਤਰ ਕਾਲੀ ਵੇਈਂ ਦੇ ਕਿਨਾਰੇ ਸੈਰ ਕਰਨ ਗਈਆਂ ਦੋ ਸਕੀਆਂ ਭੈਣਾਂ ਨੂੰ ਤਿੰਨ ਹਥਿਆਰਬੰਦ ਲੁਟੇਰਿਆਂ ਵੱਲੋਂ ਤਲਵਾਰ ਦੀ ਨੋਕ 'ਤੇ ਲੁੱਟੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਲੁਟੇਰੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਅਤੇ ਦਿਨ-ਦਿਹਾੜੇ ਵਾਰਦਾਤ ਨੂੰ ਅੰਜਾਮ ਦੇ ਕੇ ਕਰੀਬ ਚਾਰ ਤੋਲੇ ਸੋਨੇ ਦੇ ਗਹਿਣੇ ਲੁੱਟ ਕੇ ਫਰਾਰ ਹੋ ਗਏ।ਪੀੜਤ ਮਹਿਲਾਵਾਂ ਦੀ ਪਛਾਣ ਬਲਜੀਤ ਕੌਰ ਅਤੇ ਕੁਲਵਿੰਦਰ ਕੌਰ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਬਲਜੀਤ ਕੌਰ ਆਪਣੀ ਭੈਣ ਕੁਲਵਿੰਦਰ ਕੌਰ ਕੋਲ ਆਈ ਹੋਈ ਸੀ।ਦੋਵੇਂ ਭੈਣਾਂ ਕਾਲੀ ਵੇਈਂ ਦੇ ਕਿਨਾਰੇ ਸੈਰ ਕਰਨ ਲਈ ਗਈਆਂ। ਇਸ ਦੌਰਾਨ ਤਿੰਨ ਸ਼ੱਕੀ ਨੌਜਵਾਨ ਮੋਟਰਸਾਈਕਲ 'ਤੇ ਉਨ੍ਹਾਂ ਕੋਲ ਆਏ ਅਤੇ ਰਸਤਾ ਰੋਕ ਲਿਆ।ਪੀੜਤਾਂ ਮੁਤਾਬਕ ਉਨ੍ਹਾਂ ਨੇ ਉਥੋਂ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਘਬਰਾਹਟ ਵਿੱਚ ਦੋਵੇਂ ਡਿਗ ਪਈਆਂ। ਇਸ ਤੋਂ ਬਾਅਦ ਇੱਕ ਲੁਟੇਰੇ ਨੇ ਤਲਵਾਰ ਗਰਦਨ 'ਤੇ ਰੱਖ ਦਿੱਤੀ, ਜਦਕਿ ਬਾਕੀ ਦੋ ਲੁਟੇਰਿਆਂ ਨੇ ਉਨ੍ਹਾਂ ਦੇ ਪਾਏ ਸੋਨੇ ਦੇ ਗਹਿਣੇ ਉਤਾਰ ਲਏ। ਲੁੱਟੀਆਂ ਗਈਆਂ ਵਸਤਾਂ ਵਿੱਚ ਦੋਵੇਂ ਭੈਣਾਂ ਦੀਆਂ ਸੋਨੇ ਦੀਆਂ ਚੇਨਾਂ, ਮੁੰਦਰੀਆਂ, ਕੰਨਾਂ ਦੇ ਟੌਪਸ ਅਤੇ ਹੋਰ ਸੋਨੇ ਦੇ ਗਹਿਣੇ ਸ਼ਾਮਲ ਹਨ। ਲੁੱਟੇ ਗਏ ਸੋਨੇ ਦਾ ਕੁੱਲ ਵਜ਼ਨ ਕਰੀਬ ਚਾਰ ਤੋਲੇ ਦੱਸਿਆ ਜਾ ਰਿਹਾ ਹੈ।

## ਸਾਲਾਨਾ ਧਾਰਮਿਕ ਸਮਾਗਮ ਦੇ ਸੰਬੰਧ 'ਚ ਸ਼ੋਭਾ ਯਾਤਰਾ ਕੱਢੀ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਬਾਪੂ ਗੰਗਾ ਦਾਸ ਜੀ ਵੈਲਫੇਅਰ ਸੁਸਾਇਟੀ ਰਜ਼ਿ. ਮਾਹਿਲਪੁਰ ਵਲੋਂ ਸ੍ਰੀ ਸ੍ਰੀ 1008 ਧੰਨ - ਧੰਨ ਗੁਰੂ ਬਾਪੂ ਗੰਗਾ ਦਾਸ ਮਹਾਰਾਜ ਦੀ



11ਵੀਂ ਬਰਸੀ ਤੇ ਸਾਲਾਨਾ ਧਾਰਮਿਕ ਸਮਾਗਮ 28 ਤੇ 29 ਜੁਲਾਈ ਨੂੰ ਤਪ ਅਸਥਾਨ ਡੇਰਾ ਬਾਪੂ ਗੰਗਾ ਦਾਸ ਮਾਹਿਲਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਸਿੰਘ ਨੇ ਦੱਸਿਆ ਕਿ ਇਸ ਧਾਰਮਿਕ ਸਮਾਗਮ ਦੇ ਸੰਬੰਧ ਵਿੱਚ ਸ਼ੋਭਾ ਯਾਤਰਾ ਸਜਾਈ ਗਈ, ਜਿਸ ਵਿੱਚ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਉਹਨਾਂ ਦੱਸਿਆ ਕਿ 21 ਜੁਲਾਈ ਤੋਂ 27 ਜੁਲਾਈ ਤੱਕ ਡੇਰਾ ਬਾਪੂ ਗੰਗਾ ਦਾਸ ਵਿਖੇ ਪਰਮ ਪੂਜਨੀਕ ਸ੍ਰੀ ਗੋਰੰਦਾਸ ਜੀ ਮਹਾਰਾਜ ਵਰਿੰਦਾਵਨ ਵਾਲੇ ਸ਼ਾਮ ਨੂੰ 6 ਤੋਂ ਰਾਤ 10 ਵਜੇ ਤੱਕ ਸ੍ਰੀ ਮੱਧ ਭਾਗਵਤ ਕਥਾ ਕਰਿਆ ਕਰਨਗੇ। 21 ਜੁਲਾਈ ਸ਼ਾਮ 6 ਵਜੇ ਰਾਸ਼ਟਰੀ ਸੰਤ ਬਾਬਾ ਬਾਲ ਜੀ ਮਹਾਰਾਜ ਊਨਾ ਵਾਲੇ ਆਪਣੀ ਬਾਣੀ ਨਾਲ ਕਥਾ ਦਾ ਆਰੰਭ ਕਰਨਗੇ। 28 ਜੁਲਾਈ ਨੂੰ ਸ੍ਰੀ ਰਮਾਇਣ ਜੀ ਦੇ ਪਾਠ ਸਵੇਰੇ 9 ਵਜੇ ਆਰੰਭ ਕੀਤੇ ਜਾਣਗੇ। 29 ਜੁਲਾਈ ਨੂੰ ਸਵੇਰੇ 7 ਵਜੇ ਹਵਨ ਯੱਗ ਹੋਵੇਗਾ। ਇਸ ਤੋਂ ਬਾਅਦ ਸ੍ਰੀ ਰਾਮਾਇਣ ਦੇ ਪਾਠ ਦੇ ਭੋਗ ਪਾਏ ਜਾਣਗੇ। 28 ਅਤੇ 29 ਜੁਲਾਈ ਨੂੰ ਹੀ ਬਾਪੂ ਜੀ ਦੇ ਦਰਬਾਰ ਵਿੱਚ ਦੇਸ਼ ਭਰ ਦੇ ਨਾਮੀ ਕਲਾਕਾਰ ਉਹਨਾਂ ਦੀ ਮਹਿਮਾ ਦਾ ਗੁਣ ਗਾਇਨ ਕਰਨਗੇ।ਸ਼ੋਭਾ ਯਾਤਰਾ ਵਿੱਚ ਜੋਗਿੰਦਰ ਪਾਲ ਪਿੰਕੀ, ਅਨਿਲ ਕੁਮਾਰ ਕਾਲਾ, ਵਿੱਕੀ ਅਗਨੀਹੋਤਰੀ, ਪਰਮਜੀਤ ਬੈਂਸ, ਰੀਟਾ ਰਾਣੀ ਸਾਬਕਾ ਐੱਮ ਸੀ, ਅਨੁਰਾਗ ਹਾਂਡਾ ਸਮੇਤ ਕਮੇਟੀ ਮੈਂਬਰ ਅਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਹਾਜ਼ਰ ਸਨ।

## ਵਿਦਿਆਰਥੀਆਂ 'ਤੇ ਲਾਠੀਚਾਰਜ ਦੀ ਨਿਖੇਧੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਨੀਟ ਪ੍ਰੀਖਿਆ ਨਾਲ ਜੁੜੇ ਵਿਦਿਆਰਥੀਆਂ ਦੇ ਸੰਘਰਸ਼ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਜੰਤਰ-ਮੰਤਰ ਅਤੇ ਸੰਸਦ ਵੱਲ ਮਾਰਚ ਕਰ ਰਹੇ ਵਿਦਿਆਰਥੀਆਂ ਉੱਤੇ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ, ਹੰਝੂ ਗੈਸ ਦੇ ਗੋਲਿਆਂ ਦੀ ਵਰਤੋਂ ਅਤੇ ਹੋਰ ਬਲ-ਪ੍ਰਯੋਗ ਦੀ ਸਖ਼ਤ ਨਿਖੇਧੀ ਕੀਤੀ ਹੈ। ਸਭਾ ਨੇ ਕਿਹਾ ਕਿ ਜਮਹੂਰੀ ਢੰਗ ਨਾਲ ਆਪਣੀ ਗੱਲ ਰੱਖ ਰਹੇ ਵਿਦਿਆਰਥੀਆਂ ਨਾਲ ਬਲ-ਪ੍ਰਯੋਗ ਕਰਨਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹੈ। ਇਸ ਦੇ ਨਾਲ ਹੀ ਸਭਾ ਨੇ ਕਿਹਾ ਕਿ ਪ੍ਰੀਖਿਆ ਪ੍ਰਣਾਲੀ ਦੀ ਭਰੋਸੇਯੋਗਤਾ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਅਤੇ ਦੇਸ਼ ਦੇ ਲੱਖਾਂ ਨੌਜਵਾਨਾਂ ਦੇ ਭਵਿੱਖ ਨਾਲ ਜੁੜੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਕਿਸੇ ਵੀ ਤਰ੍ਹਾਂ ਦੀ ਬੇਨਿਯਮਤਾ, ਲਾਪਰਵਾਹੀ ਜਾਂ ਅਵਿਸ਼ਵਾਸ ਦਾ ਸ਼ਿਕਾਰ ਨਹੀਂ ਬਣਨ ਦਿੱਤਾ ਜਾ ਸਕਦਾ। ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਗਿਆ ਕਿ ਐੱਨ ਡੀ ਏ ਸਰਕਾਰ ਦੀ ਮੌਜੂਦਾ ਸਿੱਖਿਆ ਨੀਤੀ ਅਤੇ ਨੀਟ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਸੰਚਾਲਨ ਨੂੰ ਲੈ ਕੇ ਲਗਾਤਾਰ ਉੱਠ ਰਹੇ ਵਿਵਾਦ ਨੌਜਵਾਨਾਂ ਵਿੱਚ ਡੂੰਘੀ ਬੇਚੈਨੀ ਅਤੇ ਨਿਰਾਸ਼ਾ ਪੈਦਾ ਕਰ ਰਹੇ ਹਨ। ਜਦੋਂ ਵਾਰ-ਵਾਰ ਪ੍ਰੀਖਿਆਵਾਂ ਦੀ ਨਿਰਪੱਖਤਾ ਅਤੇ ਭਰੋਸੇਯੋਗਤਾ ਉੱਤੇ ਸਵਾਲ ਉੱਠਦੇ ਹਨ ਤਾਂ ਇਹ ਸਿਰਫ਼ ਇੱਕ ਪ੍ਰੀਖਿਆ ਦਾ ਨਹੀਂ, ਸਗੋਂ ਦੇਸ਼ ਦੀ ਸਮੁੱਚੀ ਸਿੱਖਿਆ ਪ੍ਰਣਾਲੀ ਦਾ ਸਵਾਲ ਬਣ ਜਾਂਦਾ ਹੈ।

## ਜਲੰਧਰ ਪੁਲਸ ਵੱਲੋਂ 350 ਲਾਵਾਰਿਸ ਤੇ ਜ਼ਬਤ ਵਾਹਨਾਂ ਦੀ ਨਿਲਾਮੀ

**ਜਲੰਧਰ (ਸੁਰਿੰਦਰ ਕੁਮਾਰ)**- ਸਤਿੰਦਰ ਸਿੰਘ ਪੁਲਿਸ ਕਮਿਸ਼ਨਰ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮਨਪ੍ਰੀਤ ਸਿੰਘ ਡੀ.ਸੀ.ਪੀ. ਇਨਵੈਸਟੀਗੇਸ਼ਨ, ਗੁਰਬਾਜ਼ ਸਿੰਘ ਏ.ਡੀ.ਸੀ.ਪੀ. ਟ੍ਰੈਫਿਕ ਅਤੇ ਅਜੇ



ਸਿੰਘ,ਏ.ਸੀ.ਪੀ. ਟ੍ਰੈਫਿਕ ਦੀ ਨਿਗਰਾਨੀ ਹੇਠ ਪੁਲਿਸ ਲਾਈਨ ਜਲੰਧਰ ਵਿਖੇ ਲੰਬੇ ਸਮੇਂ ਤੋਂ ਖੜ੍ਹੇ ਲਾਵਾਰਿਸ ਅਤੇ ਟ੍ਰੈਫਿਕ ਪੁਲਿਸ ਵੱਲੋਂ ਜ਼ਬਤ ਕੀਤੇ ਗਏ ਵਾਹਨਾਂ ਦੀ ਨਿਯਮਾਂ ਅਨੁਸਾਰ ਨਿਲਾਮੀ ਦੀ ਕਾਰਵਾਈ ਕੀਤੀ ਗਈ। ਇਹ ਕਾਰਵਾਈ ਸੰਬੰਧਤ ਅਫ਼ਸਰਾਂ/ਅਧਿਕਾਰੀਆਂ ਦੀ ਮੌਜੂਦਗੀ ਵਿੱਚ ਪੂਰੀ ਪਾਰਦਰਸ਼ਤਾ ਨਾਲ ਅਮਲ ਵਿੱਚ ਲਿਆਂਦੀ ਗਈ। ਪੁਲਿਸ ਕਮਿਸ਼ਨਰ ਜਲੰਧਰ ਵੱਲੋਂ ਇਸ ਤਰ੍ਹਾਂ ਦੇ ਵਾਹਨਾਂ ਦੀ ਨਿਲਾਮੀ/ਡਿਸਪੋਜ਼ਲ ਸਬੰਧੀ ਸਮੇਂ-ਸਮੇਂ ਤੇ ਜਨਤਕ ਨੋਟਿਸ ਵੀ ਜਾਰੀ ਕੀਤੇ ਜਾਂਦੇ ਰਹੇ ਹਨ। ਨਿਲਾਮੀ ਦੌਰਾਨ ਕੁੱਲ 350 ਵਾਹਨਾਂ ਦਾ ਨਿਪਟਾਰਾ ਕੀਤਾ ਗਿਆ, ਜਿਨ੍ਹਾਂ ਵਿੱਚ 238 ਮੋਟਰਸਾਈਕਲ, 2 ਬੁਲਟ ਮੋਟਰਸਾਈਕਲ, 88 ਸਕੂਟਰ, 2 ਕਾਰ, 12 ਆਟੋ ਰਿਕਸ਼ਾ, 5 ਰਿਕਸ਼ਾਵਾਲਾ, 1 ਰੇਹੜੀ, 1 ਪੀਟਰ ਰੇਹੜਾ ਅਤੇ 1 ਲਿਮੋਜ਼ਿਨ ਸ਼ਾਮਲ ਹਨ।ਪੁਲਿਸ ਕਮਿਸ਼ਨਰੇਟ, ਜਲੰਧਰ ਵੱਲੋਂ ਅਜਿਹੀ ਕਾਰਵਾਈ ਦਾ ਮੁੱਖ ਉਦੇਸ਼ ਪੁਲਿਸ ਥਾਣਿਆਂ ਵਿੱਚ ਖੜ੍ਹੇ ਲਾਵਾਰਿਸ ਅਤੇ ਬੇਕਾਰ ਵਾਹਨਾਂ ਦਾ ਨਿਯਮਾਂ ਅਨੁਸਾਰ ਨਿਪਟਾਰਾ ਕਰਕੇ ਰਿਕਾਰਡ ਨੂੰ ਸੁਚਾਰੂ ਬਣਾਉਣਾ ਅਤੇ ਉਪਲਬਧ ਜਗ੍ਹਾ ਦਾ ਬਿਹਤਰ ਉਪਯੋਗ ਯਕੀਨੀ ਬਣਾਉਣਾ ਹੈ।

## ਡਾ. ਰਾਜ ਨੇ ਮੇਹਟਾਂ ਦੀ ਪੰਚਾਇਤ ਨੂੰ ਆਪ 'ਚ ਕਰਵਾਇਆ ਸ਼ਾਮਲ

**ਫਗਵਾੜਾ (ਡਾ. ਰਮਨ)**-ਆਮ ਆਦਮੀ ਪਾਰਟੀ ਨੂੰ ਵਿਧਾਨਸਭਾ ਹਲਕਾ ਫਗਵਾੜਾ 'ਚ ਭਾਰੀ ਮਜਬੂਤੀ ਮਿਲੀ ਜਦੋਂ ਪਿੰਡ ਮੇਹਟਾਂ ਦੀ ਪੰਚਾਇਤ ਨੇ ਸਰਪੰਚ ਸੁਦੇਸ਼ ਕੁਮਾਰ ਦੀ ਅਗਵਾਈ ਹੇਠ 'ਆਪ' ਪਾਰਟੀ 'ਚ



ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੂੰ ਪਾਰਟੀ ਵਿਚ ਸ਼ਾਮਲ ਕਰਵਾਉਣ ਲਈ ਆਪ ਪਾਰਟੀ ਦੇ ਹਲਕਾ ਇੰਚਾਰਜ ਡਾ. ਰਾਜਕੁਮਾਰ ਚੱਬੇਵਾਲ ਮੈਂਬਰ ਲੋਕ ਸਭਾ ਵਿਸ਼ੇਸ਼ ਤੌਰ ਤੇ ਪਿੰਡ ਮੇਹਟਾਂ ਪੁੱਜੇ। ਇਸ ਦੌਰਾਨ ਉਹਨਾਂ ਨੇ ਜਿੱਥੇ ਸਮੁੱਚੀ ਪੰਚਾਇਤ ਅਤੇ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਪ ਪਾਰਟੀ 'ਚ ਸ਼ਾਮਲ ਹੋਏ ਪਿੰਡ ਵਾਸੀਆਂ ਦਾ ਸਵਾਗਤ ਕੀਤਾ, ਉੱਥੇ ਹੀ ਭਰੋਸਾ ਦਿੱਤਾ ਕਿ ਆਪ ਪਾਰਟੀ ਵਿੱਚ ਉਹਨਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਡਾ. ਰਾਜ ਨੇ ਪਿੰਡ ਦੇ ਸਮੁੱਚ ਵਿਕਾਸ ਅਤੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਵੀ ਪਹਿਲ ਦੇ ਅਧਾਰ ਤੇ ਕਰਵਾਉਣ ਦਾ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ। ਇਸ ਮੌਕੇ ਆਪ ਆਗੂਆਂ ਤੋਂ ਇਲਾਵਾ ਪਾਰਟੀ ਵਿੱਚ ਸ਼ਾਮਲ ਹੋਏ ਪੰਚਾਇਤ ਮੈਂਬਰ ਹਰੀਕ੍ਰਿਸ਼ਨ, ਕਮਲਾ ਦੇਵੀ ਆਸ਼ਾ ਵਰਕਰ, ਆਸ਼ਾ ਰਾਣੀ, ਹਰਪਿੰਦਰ ਕੌਰ, ਹਰਮੇਸ਼ ਲਾਲ, ਅਮਰਜੀਤ ਲਾਲ, ਮਲਕੀਤ ਸਿੰਘ, ਸਾਬਕਾ ਸਰਪੰਚ ਸੁਰਿੰਦਰ ਪਾਲ, ਹਰਜਿੰਦਰ ਕੁਮਾਰ, ਰਾਜਿੰਦਰ, ਗਿਆਨ ਚੰਦ, ਬਖਸ਼ੀ ਰਾਮ, ਜੋਗਾ ਸਿੰਘ ਮੇਹਟ ਅਤੇ ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਜਸਲੀਨ ਕੌਰ ਨੇ ਸੰਗੀਤ ਗਾਇਨ ਪ੍ਰੀਖਿਆ 'ਚ ਤੀਜਾ ਸਥਾਨ ਹਾਸਲ ਕੀਤਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਰਕਾਰੀ ਕਾਲਜ ਹੁਸ਼ਿਆਰਪੁਰ ਦੀ ਵਿਦਿਆਰਥਣ ਜਸਲੀਨ ਕੌਰ ਸਪੁੱਤਰੀ ਸ. ਤਜਿੰਦਰ ਸਿੰਘ ਨੇ ਐਮ.ਏ. ਸੰਗੀਤ (ਗਾਇਨ) ਦੀ ਪ੍ਰੀਖਿਆ ਵਿੱਚ ਯੂਨੀਵਰਸਿਟੀ, ਚੰਡੀਗੜ੍ਹ ਵਿੱਚ



ਤੀਸਰਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸ਼ਾਨਦਾਰ ਪ੍ਰਾਪਤੀ 'ਤੇ ਕਾਲਜ ਦੀ ਪ੍ਰਿੰਸੀਪਲ ਡਾ. ਸਵਿਤਾ ਗੁਪਤਾ ਨੇ ਜਸਲੀਨ ਕੌਰ ਨੂੰ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਅਧਿਆਪਕਾਂ ਦੀ ਸਹੀ ਰਹਿਨੁਮਾਈ ਨਾਲ ਹੀ ਅਜਿਹੀਆਂ ਉਪਲਬਧੀਆਂ ਸੰਭਵ ਹੁੰਦੀਆਂ ਹਨ, ਜੋ ਸੰਸਥਾ ਲਈ ਮਾਣ ਦੀ ਗੱਲ ਹੈ। ਇਸ ਮੌਕੇ ਡਾ. ਸ਼ਾਮ ਸੁੰਦਰ ਸ਼ਰਮਾ, ਡਾ. ਅਵਤਾਰ ਸਿੰਘ ਸੰਧੂ, ਪ੍ਰੋ. ਹਰਜਿੰਦਰ ਪਾਲ (ਐੱਚ ਓ ਡੀ ਸੰਗੀਤ ਗਾਇਨ ਵਿਭਾਗ), ਪ੍ਰੋ. ਹਰਮਿੰਦਰ ਕੌਰ, ਪ੍ਰੋ. ਸਚਕਿਰਨ ਕੌਰ, ਪ੍ਰੋ. ਜਸਪਾਲ ਸਿੰਘ, ਪ੍ਰੋ. ਲਖਵਿੰਦਰ ਨਾਹਰ ਅਤੇ ਤਬਲਾ ਇੰਸਟਰਕਟਰ ਪੰਕਜ ਕੁਮਾਰ ਨੇ ਵੀ ਜਸਲੀਨ ਕੌਰ ਨੂੰ ਵਧਾਈ ਦਿੰਦਿਆਂ ਉਸ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਐੱਮ ਐੱਲ ਏ ਨੇ ਦੋ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਦਿੱਤੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਦੀ ਪਾਰਦਰਸ਼ੀ ਅਤੇ ਮੈਰਿਟ ਆਧਾਰਿਤ ਭਰਤੀ ਪ੍ਰਕਿਰਿਆ ਤਹਿਤ ਵਿਧਾਨ ਸਭਾ ਹਲਕਾ ਡੇਰਾਬੱਸੀ ਦੇ ਵਿਧਾਇਕ ਸ੍ਰੀ ਕੁਲਜੀਤ ਸਿੰਘ ਰੰਧਾਵਾ ਵੱਲੋਂ ਪਿੰਡ ਰਾਣੀਮਾਜਰਾ ਦੀ ਵਸਨੀਕ ਦਵਿੰਦਰ ਕੌਰ ਪਤਨੀ ਕੁਲਦੀਪ ਸਿੰਘ ਅਤੇ ਪਿੰਡ ਅੰਬਛਪਾ ਦੀ ਵਸਨੀਕ ਕਾਜਲ ਰਾਣੀ ਪਤਨੀ ਕਪਿਲ ਕੁਮਾਰ ਨੂੰ ਆਂਗਣਵਾੜੀ ਵਰਕਰ ਵਜੋਂ



ਚੁਣੇ ਜਾਣ ਉਪਰੰਤ ਨਿਯੁਕਤੀ ਪੱਤਰ ਸੌਂਪੇ ਗਏ। ਇਸ ਮੌਕੇ ਨਵੀਂ ਜ਼ਿੰਮੇਵਾਰੀ ਲਈ ਦੋਵਾਂ ਨੂੰ ਵਧਾਈ ਦਿੰਦਿਆਂ ਕੁਲਜੀਤ ਸਿੰਘ ਰੰਧਾਵਾ ਨੇ ਆਸ ਪ੍ਰਗਟਾਈ ਕਿ ਉਹ ਮਾਵਾਂ ਅਤੇ ਬੱਚਿਆਂ ਦੀ ਭਲਾਈ ਲਈ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਨਾਲ ਆਪਣੀਆਂ ਸੇਵਾਵਾਂ ਨਿਭਾਉਣਗੀਆਂ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਦੀ ਭੂਮਿਕਾ ਬੱਚਿਆਂ ਦੇ ਪੋਸ਼ਣ, ਸਿਹਤ ਅਤੇ ਮੁੱਢਲੇ ਵਿਕਾਸ ਦੇ ਨਾਲ-ਨਾਲ ਮਾਵਾਂ ਦੀ ਭਲਾਈ ਲਈ ਵੀ ਬਹੁਤ ਮਹੱਤਵਪੂਰਨ ਹੈ। ਇਸ ਮੌਕੇ ਸੀ.ਡੀ.ਪੀ.ਓ. ਡੇਰਾਬੱਸੀ ਸੁਮਨ ਬਾਲਾ, ਆਸ਼ਿਮਾ ਅਤੇ ਪਿੰਡ ਰਾਣੀਮਾਜਰਾ ਦੇ ਸਰਪੰਚ ਗੁਰਮੀਤ ਸਿੰਘ ਅਤੇ ਪਿੰਡ ਅੰਬਛਪਾ ਦੀ ਸਰਪੰਚ ਪਰਮਜੀਤ ਕੌਰ ਵੀ ਮੌਜੂਦ ਸਨ।

## 'ਏਕ ਪੇੜ ਮਾਂ ਕੇ ਨਾਮ' ਤਹਿਤ ਪੌਦੇ ਲਗਾਏ

**ਮੋਰਿੰਡ (ਨਿਹਾਲ ਸਿੰਘ ਕਲਸੀ)**- ਇਰਵਿੰਗਜ਼ ਪਾਰਕ ਸਮਾਰਟ (ਆਈ ਪੀ ਐਸ) ਸਕੂਲ ਨੇ ਐਫ ਏ ਪੀ (ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ਼ ਪੰਜਾਬ) ਦੇ ਸਹਿਯੋਗ ਨਾਲ,




ਵਾਤਾਵਰਣ ਸੰਭਾਲ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਨੂੰ ਕੁਦਰਤ ਪ੍ਰਤੀ ਜੀਵਨ ਭਰ ਵਚਨਬੱਧਤਾ ਵਿਕਸਤ ਕਰਨ ਅਤੇ ਪਰਿਵਾਰਕ ਕਦਰਾਂ-ਕੀਮਤਾਂ ਅਤੇ ਵਾਤਾਵਰਣ ਸੰਭਾਲ ਵਿਚਕਾਰ ਬੰਧਨ ਨੂੰ ਮਜ਼ਬੂਤ ਕਰਨ ਲਈ ਉਤਸ਼ਾਹਿਤ ਕਰਨ ਲਈ ਫਲੈਗਸ਼ਿਪ ਪਹਿਲਕਦਮੀ ਮਿਸ਼ਨ ਹਰਿਆਲੀ 'ਏਕ ਪੇੜ ਮਾਂ ਕੇ ਨਾਮ' ਦੇ ਤਹਿਤ ਇੱਕ ਪੌਦੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ। ਇਸ ਮੁਹਿੰਮ ਵਿੱਚ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ, ਜਿਨ੍ਹਾਂ ਨੇ ਸਕੂਲ ਕੈਂਪਸ ਵਿੱਚ ਕਈ ਤਰ੍ਹਾਂ ਦੇ ਪੌਦੇ ਲਗਾਏ। ਇਸ ਗਤੀਵਿਧੀ ਦਾ ਉਦੇਸ਼ ਵਾਤਾਵਰਣ ਦੀ ਜ਼ਿੰਮੇਵਾਰੀ ਪੈਦਾ ਕਰਨਾ ਅਤੇ ਨੌਜਵਾਨ ਮਨਾਂ ਨੂੰ ਹਰੇ ਭਰੇ ਅਤੇ ਸਿਹਤਮੰਦ ਭਵਿੱਖ ਲਈ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਸੀ।ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ, ਅਧਿਆਪਕਾਂ ਨੇ ਧਰਤੀ 'ਤੇ ਜੀਵਨ ਨੂੰ ਕਾਇਮ ਰੱਖਣ ਵਿੱਚ ਰੁੱਖਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਸਕੂਲ ਪ੍ਰਿੰਸੀਪਲ ਭੁਪਿੰਦਰ ਕੌਰ ਨੇ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਲਈ ਸ਼ਲਾਘਾ ਕੀਤੀ।

## ਮੋਹਿੰਦਰ ਭਗਤ ਨੇ ਸਾਬਕਾ ਸੈਨਿਕਾਂ ਲਈ ਰੋਜ਼ਗਾਰ ਦੇ ਹੋਰ ਮੌਕੇ ਸਿਰਜਣ 'ਤੇ ਦਿੱਤਾ ਜ਼ੋਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਤੇਜ਼ੀ ਨਾਲ ਕੰਮ ਕਰ



ਰਹੀ ਹੈ। ਇਸੇ ਮੰਤਵ ਦੀ ਪੂਰਤੀ ਲਈ ਚੰਡੀਗੜ੍ਹ ਵਿਖੇ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੰਗਰਾਮੀ ਅਤੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਅਤੇ ਪੰਜਾਬ ਐਕਸ-ਸਰਵਿਸਮੈਨ ਕਾਰਪੋਰੇਸ਼ਨ (ਪੈਸਕੋ) ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦੌਰਾਨ ਮੰਤਰੀ ਸ੍ਰੀ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਪ੍ਰਭਾਵਸ਼ਾਲੀ ਵਿਵਸਥਾ ਬਣਾਈ ਜਾਵੇ। ਇਸ ਤੋਂ ਪਹਿਲਾਂ ਮੀਟਿੰਗ ਦੌਰਾਨ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਸੁਮੇਰ ਸਿੰਘ ਗੁਰਜਰ ਅਤੇ ਡਾਇਰੈਕਟਰ ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋਂ (ਸੇਵਾਮੁਕਤ) ਨੇ ਵਿਭਾਗ ਦੇ ਵੱਖ-ਵੱਖ ਪ੍ਰੋਜੈਕਟਾਂ ਅਤੇ ਉਨ੍ਹਾਂ ਦੀ ਪ੍ਰਗਤੀ ਬਾਰੇ ਮੰਤਰੀ ਨੂੰ ਵਿਸਥਾਰਪੂਰਵਕ ਜਾਣੂ ਕਰਵਾਇਆ। ਇਸ ਮੌਕੇ ਵਿਭਾਗ ਦੇ ਚੱਲ ਰਹੇ ਪ੍ਰੋਜੈਕਟਾਂ, ਲੋੜੀਂਦੇ ਬਜਟ, ਕਰਮਚਾਰੀਆਂ ਦੀਆਂ ਤਰੱਕੀਆਂ, ਭਰਤੀ ਪ੍ਰਕਿਰਿਆ ਅਤੇ ਸੈਨਿਕ ਸਕੂਲਾਂ ਦੇ ਵਿਕਾਸ ਨਾਲ ਸਬੰਧਤ ਮਾਮਲਿਆਂ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ।

## ਸਾਲਾਨਾ ਧਾਰਮਿਕ ਸਮਾਗਮ 27 ਨੂੰ

**ਅੱਡਾ ਸਰਾਂ, (ਜਸਵੀਰ ਕਾਜਲ)**- ਡੇਰਾ ਬੂੰਗਾ ਸਾਹਿਬ ਪਿੰਡ ਹਸੈਨਪੁਰ ਲਾਲੋਵਾਲ ਵਿਖੇ ਬ੍ਰਹਮ ਗਿਆਨੀ ਸੰਤ ਸੀਤਾ ਰਾਮ ਜੀ ਨੂੰ ਸਮਰਪਿਤ ਸਲਾਨਾ ਧਾਰਮਿਕ ਸਮਾਗਮ 27 ਜੁਲਾਈ ਨੂੰ ਸ਼ਰਧਾ ਅਤੇ ਸਤਿਕਾਰ ਦੇ ਨਾਲ ਮਨਾਇਆ



ਜਾਵੇਗਾ । ਇਸ ਸੰਬਧੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਸੇਵਾਦਾਰਾਂ ਗੁਰਜੀਤ ਸਿੰਘ, ਅਵਤਾਰ ਸਿੰਘ ਫੌਜੀ, ਮਾਸਟਰ ਬਚਿੱਤਰ ਸਿੰਘ, ਪਰਮਿੰਦਰ ਸਿੰਘ , ਮਾਸਟਰ ਜੁਝਾਰ ਸਿੰਘ ਨੇ ਦੱਸਿਆ ਕਿ ਗੱਦੀ ਨਸ਼ੀਨ ਮਹੰਤ ਰਾਮ ਤੀਰਥ ਜੀ, ਮਹੰਤ ਬਿਸ਼ੰਬਰ ਦਾਸ ਜੀ ਦੀ ਦੇਖ ਰੇਖ ਵਿਚ ਕਰਵਾਏ ਜਾ ਰਹੇ ਇਸ ਸਾਲਾਨਾ ਸਮਾਗਮ ਦੌਰਾਨ 25 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਹੋਵੇਗੀ ਅਤੇ 27 ਜੁਲਾਈ ਨੂੰ ਭੋਗ ਉਪਰੰਤ ਸਜਾਏ ਜਾਣ ਵਾਲੇ ਦੀਵਾਨ ਵਿਚ ਰਾਗੀ ਢਾਡੀ ਜਥਿਆਂ ਦੇ ਨਾਲ ਨਾਲ ਸੰਤ ਮਹਾਂਪੁਰਸ਼ ਗੁਰਬਾਣੀ ਕੀਰਤਨ ਅਤੇ ਪ੍ਰਵਚਨਾਂ ਦੇ ਨਾਲ ਨਿਹਾਲ ਕਰਨਗੇ ।ਉਨ੍ਹਾਂ ਦੱਸਿਆ ਕਿ ਪ੍ਰਬੰਧਕ ਸੇਵਾਦਾਰਾਂ ਵੱਲੋਂ ਸਮਾਗਮ ਨੂੰ ਲੈ ਕੇ ਤਿਆਰੀਆਂ ਆਰੰਭੀਆਂ ਗਈਆਂ ਹਨ।

## ਪਰਮਜੀਤ ਸਿੰਘ ਕੰਬੋਜ ਵੈੱਲਫੇਅਰ ਬੋਰਡ ਦੇ ਚੇਅਰਮੈਨ ਨਿਯੁਕਤ



**ਕਿਸ਼ਨਗੜ੍ਹ, (ਸੁਖਜੀਤ ਕੁਮਾਰ )**- ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਇਕ ਜਨਤਕ ਨੋਟਿਸ ਰਾਹੀਂ ਪਰਮਜੀਤ ਸਿੰਘ ਨੂੰ ਵਿਧਾਨ ਸਭਾ ਹਲਕਾ ਆਦਮਪੁਰ ਤੋਂ ਕੰਬੋਜ ਵੈਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ 'ਤੇ ਪਰਮਜੀਤ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਅਤੇ ਸਮੂਹ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵਲੋਂ ਜੋ ਜਿੰਮੇਵਾਰੀ ਉਹਨਾਂ ਨੂੰ ਸੌਂਪੀ ਗਈ ਉਸ ਨੂੰ ਉਹ ਪੂਰੀ ਇਮਾਨਦਾਰੀ ਤੇ ਤਨ ਦੇਹੀ ਨਾਲ ਨਿਭਾਉਣਗੇ।

## ਸੜਕ ਦੀ ਖਸਤਾ ਹਾਲਤ ਤੋਂ ਲੋਕ ਪਰੇਸ਼ਾਨ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਪੀਰਮੁੱਛਲਾ ਖੇਤਰ ਵਿੱਚ ਹੋਟਲ ਮਿਡ ਟਾਊਨ ਤੋਂ ਆਸਥਾ ਅਪਾਰਟਮੈਂਟ ਅਤੇ ਮੈਪਲ ਹੋਮ ਸੁਸਾਇਟੀ ਨੂੰ ਜਾਂਦੀ ਸੜਕ ਦੀ ਖਸਤਾ ਹਾਲਤ ਕਾਰਨ ਇਲਾਕਾ ਵਾਸੀਆਂ ਨੂੰ ਰੋਜ਼ਾਨਾ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੜਕ 'ਤੇ ਥਾਂ-ਥਾਂ ਬਣੇ ਡੂੰਘੇ ਖੱਡਿਆਂ ਅਤੇ ਟੁੱਟੀ ਹੋਈ ਸੜ੍ਹਾ ਕਾਰਨ ਨਾ ਸਿਰਫ਼ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ, ਸਗੋਂ ਬਰਸਾਤ ਦੌਰਾਨ ਇਹ ਸਮੱਸਿਆ ਹੋਰ ਵੀ ਗੰਭੀਰ ਰੂਪ ਧਾਰਨ ਕਰ ਜਾਂਦੀ ਹੈ। ਵਸਨੀਕਾਂ ਦਾ ਦੋਸ਼ ਹੈ ਕਿ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਕਈ ਵਾਰ ਸ਼ਿਕਾਇਤ ਕਰਨ ਦੇ ਬਾਵਜੂਦ ਸੜਕ ਦਾ ਨਿਰਮਾਣ ਸ਼ੁਰੂ ਨਹੀਂ ਕਰਵਾਇਆ ਗਿਆ। ਵਸਨੀਕਾਂ ਨੇ ਦੱਸਿਆ ਕਿ ਬਰਸਾਤ ਕਾਰਨ ਖੱਡਿਆਂ ਵਿੱਚ ਪਾਣੀ ਭਰਨ ਨਾਲ ਸੜਕ ਦੀ ਅਸਲ ਹਾਲਤ ਦਾ ਅੰਦਾਜ਼ਾ ਲਗਾਉਣਾ ਮੁਸ਼ਕਲ ਹੋ ਜਾਂਦਾ ਹੈ। ਇਸ ਕਾਰਨ ਦੋਪਹੀਆ ਵਾਹਨ ਚਾਲਕਾਂ ਲਈ ਇਹ ਰਸਤਾ ਹਾਦਸਿਆਂ ਦਾ ਕਾਰਨ ਬਣ ਰਿਹਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਲਗਭਗ ਹਰ ਰੋਜ਼ ਕੋਈ ਨਾ ਕੋਈ ਦੋਪਹੀਆ ਵਾਹਨ ਚਾਲਕ ਇੱਥੇ ਡਿੱਗਦਾ ਹੈ, ਜਦਕਿ ਚਾਰ ਪਹੀਆ ਵਾਹਨਾਂ ਨੂੰ ਵੀ ਡੂੰਘੇ ਖੱਡਿਆਂ ਕਾਰਨ ਨੁਕਸਾਨ ਝੱਲਣਾ ਪੈਂਦਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਸੜਕ ਦੀ



ਮੁਰੰਮਤ ਨਾ ਹੋਈ ਤਾਂ ਕਿਸੇ ਵੀ ਵੇਲੇ ਵੱਡਾ ਹਾਦਸਾ ਵਾਪਰ ਸਕਦਾ ਹੈ। ਇਸ ਮੌਕੇ ਵਾਰਡ ਦੇ ਕੌਂਸਲਰ ਗੁਰਸੇਵਕ ਪੁੰਨੀਆ, ਮਯੰਕ, ਸਤੀਸ਼ ਕੁਮਾਰ, ਅਨਿਲ ਰੋਹਿਲਾ, ਅਮਰ ਸਿੰਘ, ਵਿਕਾਸ ਰਾਣਾ, ਸੰਦੀਪ ਮੋਹਨ, ਸੰਜੀਵ ਕੁਮਾਰ, ਵਿਸ਼ੇਸ਼ ਕੁਮਾਰ, ਕਾਂਗਰਸ ਦੇ ਬਲਾਕ ਪ੍ਰਧਾਨ ਹਰਸ਼ ਰਿਸ਼ੀ, ਅਮਿਤ ਧੀਮਾਨ ਪ੍ਰਭਾਕਰ, ਨਿਰਭੈ ਸਿੰਘ, ਗੁਰਬਹਾਦਰ ਅਤੇ ਅਮਨਿੰਦਰ ਸਿੰਘ ਸਮੇਤ ਹੋਰ ਵਸਨੀਕਾਂ ਨੇ ਦੱਸਿਆ ਕਿ ਲੋਹੜੀ ਵਾਲੇ ਦਿਨ ਤਤਕਾਲੀ ਨਗਰ ਕੌਂਸਲ ਪ੍ਰਧਾਨ ਜਸਵੀਰ ਸਿੰਘ ਢਿੱਲੋਂ ਵੱਲੋਂ ਇਸ ਸੜਕ ਦਾ ਉਦਘਾਟਨ ਕੀਤਾ ਗਿਆ ਸੀ। ਲੋਕਾਂ ਨੂੰ ਉਮੀਦ ਸੀ ਕਿ ਜਲਦੀ ਹੀ ਸੜਕ ਦਾ ਨਿਰਮਾਣ ਮੁਕੰਮਲ ਹੋ ਜਾਵੇਗਾ, ਪਰ ਉਸ ਤੋਂ ਬਾਅਦ ਕੰਮ ਅੱਗੇ ਨਹੀਂ ਵਧਿਆ ਅਤੇ ਸੜਕ ਦੀ ਹਾਲਤ ਲਗਾਤਾਰ ਵਿਗੜਦੀ ਗਈ। ਵਸਨੀਕਾਂ ਦਾ ਕਹਿਣਾ ਹੈ ਕਿ ਜਦੋਂ ਵੀ ਉਹ ਨਗਰ ਕੌਂਸਲ ਦੇ ਅਧਿਕਾਰੀਆਂ ਨਾਲ ਸੰਪਰਕ ਕਰਦੇ ਰਹੇ ਤਾਂ ਹਰ ਵਾਰ ਨਗਰ ਕੌਂਸਲ ਚੋਣਾਂ ਦੀ ਪ੍ਰਕਿਰਿਆ ਦਾ ਹਵਾਲਾ ਦੇ ਕੇ ਕੰਮ ਟਾਲ ਦਿੱਤਾ ਜਾਂਦਾ ਰਿਹਾ। ਹੁਣ ਜਦੋਂ ਨਗਰ ਕੌਂਸਲ ਦੀ ਚੋਣ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਹੈ ਤੇ ਨਵੇਂ ਪ੍ਰਧਾਨ ਨੇ ਅਹੁਦਾ ਸੰਭਾਲ ਲਿਆ ਹੈ ਤਾਂ ਅਧਿਕਾਰੀਆਂ ਨੂੰ ਬਹਾਨੇਬਾਜ਼ੀ ਛੱਡ ਕੇ ਤੁਰੰਤ ਸੜਕ ਦਾ ਨਿਰਮਾਣ ਸ਼ੁਰੂ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਨੇ ਨਗਰ ਕੌਂਸਲ ਤੋਂ ਮੰਗ ਕੀਤੀ ਕਿ ਬਰਸਾਤੀ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਇਸ ਸੜਕ ਦੇ ਨਿਰਮਾਣ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕਰਵਾਇਆ ਜਾਵੇ।

## ਪੰਜਾਬ ਦੇ ਅਮਨ-ਚੈਨ ਨੂੰ ਲਾਂਬੂ ਲਾਉਣ ਤੇ ਭਾਈਚਾਰਾ ... (ਸ.ਫ਼ਾ 4 ਦੀ ਬਾਕੀ)

'ਚ ਫਿਰਕੂ ਭੀੜਾਂ ਤੇ ਸ਼ਰਾਰਤੀ ਅਨਸਰਾਂ ਨੇ ਸਿੱਖਾਂ ਦਾ ਘਿਨਾਉਣਾ ਕਤਲੇਆਮ ਕੀਤਾ। ਇਹ ਐਸੀਆਂ ਦੁੱਖਦਾਈ ਘਟਨਾਵਾਂ ਹਨ, ਜਿਨ੍ਹਾਂ ਸਮੁੱਚੇ ਦੇਸ਼ ਦੀ ਰਾਜਨੀਤੀ 'ਤੇ ਬਹੁਤ ਹੀ ਗੰਭੀਰ, ਸਦੀਵੀ ਅਸਰ ਪਾਇਆ ਹੈ।

ਅੱਜ-ਕੱਲ੍ਹ ਜਸਵੰਤ ਸਿੰਘ ਖਾਲੜਾ, ਜੋ ਆਪਣੀ ਜਾਨ ਖਤਰੇ 'ਚ ਪਾ ਕੇ ਪੁਲਸ ਵੱਲੋਂ ਕੀਤੇ ਗਏ ਬੇਨਾਮੀ ਲਾਸ਼ਾਂ ਦੇ ਸਸਕਾਰ ਸਬੰਧੀ ਵੇਰਵੇ ਇਕੱਠੇ ਕਰ ਰਿਹਾ ਸੀ, ਦੇ ਜੀਵਨ 'ਤੇ ਬਣਾਈ ਗਈ ਫਿਲਮ 'ਸਤਲੁਜ' ਬਾਰੇ ਗਹਿਗੱਚ ਬਹਿਸ ਛਿੜੀ ਹੋਈ ਹੈ। ਇਹ ਬਹਿਸ ਉਸ ਦੌਰ 'ਚ ਕੀਤੇ ਗਏ ਮਾਨਵੀ ਅਧਿਕਾਰਾਂ ਦੇ ਘਾਣ ਜਾਂ ਪੁਲਸ ਵਧੀਕੀਆਂ ਤੋਂ ਪਰਦਾ ਚੁੱਕਣ ਦੇ ਆਸ਼ੇ ਤੋਂ ਭਟਕ ਕੇ ਸੰਕੀਰਨ ਸੋਚ ਅਧੀਨ ਕੀਤੀਆਂ ਜਾ ਰਹੀਆਂ ਫਿਰਕੂ ਟਿੱਪਣੀਆਂ ਤੱਕ ਸਿਮਟ ਕੇ ਰਹਿ ਗਈ ਹੈ। ਕੁਝ ਲੋਕ ਸਮੂਹ ਸਿੱਖਾਂ ਨੂੰ ਅੱਤਵਾਦੀ ਐਲਾਨ ਕੇ ਬੇਗੁਨਾਹ ਸਿੱਖਾਂ ਦੇ ਕਤਲਾਂ ਨੂੰ ਵੀ ਹੱਕੀ ਸਿੱਧ ਕਰੀ ਜਾ ਰਹੇ ਹਨ। ਦੂਜੇ ਪਾਸੇ ਇਸ ਨਾਲੋਂ ਪਾਟਵੇਂ ਵਿਚਾਰ ਰੱਖਣ ਵਾਲੇ ਕੁਝ ਲੋਕ ਉਕਤ ਸਾਰੇ ਸੰਤਾਪ ਲਈ ਕੇਵਲ ਸਰਕਾਰ ਤੇ ਪੁਲਸ ਨੂੰ ਹੀ ਦੋਸ਼ੀ ਠਹਿਰਾ ਰਹੇ ਹਨ। ਦੂਜੀ ਕਿਸਮ ਦੇ ਲੋਕ ਖਾਲਿਸਤਾਨ ਦੇ ਨਾਂਅ 'ਤੇ ਹਥਿਆਰਬੰਦ ਘੋਲ ਲੜ ਰਹੇ ਨੌਜਵਾਨਾਂ ਵੱਲੋਂ ਕੀਤੇ ਗਏ ਬੇਦੋਸ਼ਿਆਂ ਦੇ ਘ੍ਰਿਣਤ ਕਤਲਾਂ ਤੇ ਹੋਰ ਗੁਨਾਹਾਂ ਤੋਂ ਉਨ੍ਹਾਂ ਨੂੰ ਸਾਫ ਬਰੀ ਕਰਨ ਲਈ ਸੌ-ਸੌ ਦਲੀਲਾਂ ਘੜਨ 'ਚ ਮਸ਼ਰੂਫ ਹਨ। ਕੁਝ ਆਪੂੰ ਬਣੇ ਹਿੰਦੂ ਨੇਤਾ ਸਿੱਖ ਗੁਰੂ ਸਾਹਿਬਾਨ ਤੇ ਸਿੱਖਾਂ ਬਾਰੇ ਬੜੀਆਂ ਨਿੰਦਣਯੋਗ ਟਿੱਪਣੀਆਂ ਕਰਕੇ ਆਪਣੇ-ਆਪ ਨੂੰ 'ਯੋਧੇ' ਸਿੱਧ ਕਰਨ 'ਚ ਫ਼ਖ਼ਰ ਮਹਿਸੂਸ ਕਰ ਰਹੇ ਹਨ। ਉਕਤ ਸਾਰਾ ਕੁਝ ਪੰਜਾਬ ਤੇ ਦੇਸ਼ ਦੇ ਮਹੌਲ ਨੂੰ ਮੁੜ 1984 ਦੇ ਸਮਿਆਂ ਵਰਗਾ ਬਣਾਉਣ 'ਚ ਮਦਦਗਾਰ ਸਿੱਧ ਹੋ ਰਿਹਾ ਹੈ। ਯਾਦ ਰਹੇ ਉਦੋਂ ਬੇਲੋੜੀ ਹਿੰਸਾ ਨੇ ਹਜ਼ਾਰਾਂ ਬੇਗੁਨਾਹ ਮਰਦ-ਔਰਤਾਂ ਤੇ ਬੱਚਿਆਂ ਦੀਆਂ ਕੀਮਤੀ ਜਾਨਾਂ ਲਈਆਂ ਸਨ। ਕੀ ਅਸੀਂ ਪੰਜਾਬੀਆਂ ਨੇ ਕਦੀ ਹੇਠ ਲਿਖੇ ਕੁਝ ਸਵਾਲਾਂ ਦੇ ਕੋਈ ਵਾਜਬ ਉਤਰ ਤਲਾਸ਼ਣ ਦਾ ਯਤਨ ਕੀਤਾ ਹੈ?

*ਭਾਰਤ ਅੰਦਰ 'ਸਿੱਖਾਂ ਦੀ ਗੁਲਾਮੀ' ਦਾ ਝੂਠਾ ਬਿਰਤਾਂਤ ਸਿਰਜ ਕੇ 'ਆਜ਼ਾਦੀ' ਹਾਸਲ ਕਰਨ ਦੀ ਬੇਤੁਕੀ, ਗੈਰ-ਵਾਜਬ ਤੇ ਅਸੰਭਵ ਮੰਗ ਉਭਾਰੀ ਜਾਂਦੀ ਹੈ। ਜਦਕਿ ਸਿੱਖ ਭਾਈਚਾਰੇ ਨੂੰ ਭਾਰਤ ਅੰਦਰ ਹਮੇਸ਼ਾ ਇਕ ਅਤਿ ਸਨਮਾਨਯੋਗ ਧਾਰਮਿਕ ਘੱਟ ਗਿਣਤੀ ਸਮਝਿਆ ਜਾਂਦਾ ਹੈ। ਸਿੱਖ ਅਨੇਕਾਂ ਸਰਵ-ਉਚ ਪਦਾਂ 'ਤੇ ਬਿਰਾਜਮਾਨ ਰਹੇ ਹਨ।

*ਕੀ ਨਿਰੰਕਾਰੀਆਂ ਨਾਲ ਪੈਦਾ ਕੀਤੇ ਬੇਲੋੜੇ ਜਜ਼ਬਾਤੀ ਵਿਵਾਦ ਤੇ ਟਕਰਾਅ 'ਚੋਂ ਹਿੰਸਾ ਭੜਕਣ ਤੋਂ ਇਲਾਵਾ ਵੀ ਕੋਈ ਸਾਰਥਿਕ ਸਿੱਟਾ ਨਿਕਲਿਆ ਹੈ?

*ਕੀ ਸ਼੍ਰੋਮਣੀ ਅਕਾਲੀ (ਬਾਦਲ), ਦੂਜੇ ਅਕਾਲੀ ਧੜੇ, ਸਿੱਖ ਸੰਸਥਾਵਾਂ ਤੇ ਸਤਿਕਾਰਤ ਸਿੱਖ ਬੁੱਧੀਜੀਵੀਆਂ ਨੇ ਆਪਣੇ ਵਿਵੇਕ ਤੋਂ ਕੰਮ ਲੈਂਦੇ ਹੋਏ ਖਾਲਿਸਤਾਨ ਦੀ ਮੰਗ ਨੂੰ ਬੇਲੋੜੀ ਦੱਸਣ ਤੋਂ ਟਾਲਾ ਨਹੀਂ ਸੀ ਵੱਟੀ ਰੱਖਿਆ? ਉਨ੍ਹਾਂ ਇਸ ਮੰਗ ਦਾ ਸਿੱਧਾ ਤੇ ਲੁਕਵਾਂ ਪ੍ਰਚਾਰ ਕਰਨ ਵਾਲਿਆਂ ਤੋਂ ਸਿੱਖ ਸੰਗਤ ਨੂੰ ਸੁਚੇਤ ਕਿਉਂ ਨਾ ਕੀਤਾ?

*ਕੀ ਪੰਜਾਬ ਦੀ ਹਿੰਦੂ ਵੱਸੋਂ ਨੇ ਸਵੈ-ਮੰਥਨ ਕਰਕੇ ਹਿੰਦੂ-ਸਿੱਖਾਂ ਵਿਚਕਾਰ ਨਫ਼ਰਤ ਦੀ ਕੰਧ ਖੜ੍ਹੀ ਕਰਨ ਲਈ ਸਿੱਖਾਂ ਖਿਲਾਫ ਝੂਠਾ, ਨਫਰਤੀ ਪ੍ਰਚਾਰ ਕਰਨ ਵਾਲੇ ਸ਼ਰਾਰਤੀ, ਸਮਾਜੀ ਵਿਰੋਧੀ ਤੱਤਾਂ ਅਤੇ ਸਰਕਾਰੀ ਏਜੰਸੀਆਂ ਦੇ ਹੱਥਠੋਕਿਆਂ ਦੀ ਨਿਸ਼ਾਨਦੇਹੀ ਕਰਕੇ ਉਨ੍ਹਾਂ ਨੂੰ ਆਮ ਲੋਕਾਂ 'ਚੋਂ ਨਿਖੇੜਿਆ? ਉਲਟਾ ਕਿਤੇ ਉਨ੍ਹਾਂ ਨੂੰ ਹੱਲਾਸ਼ੇਰੀ ਤਾਂ ਨਹੀਂ ਦਿੱਤੀ ?

* ਕੀ ਸਰਕਾਰੀ ਏਜੰਸੀਆਂ, ਪੁਲਸ ਤੇ ਅਰਧ ਸੈਨਿਕ ਬਲਾਂ ਵੱਲੋਂ ਆਪਣੇ ਫਰਜ਼ ਨਿਭਾਉਂਦਿਆਂ ਕਿਸੇ ਵੀ ਦੋਸ਼ੀ ਨੂੰ ਆਪਣੀ ਸੁਵਿਧਾ ਅਨੁਸਾਰ ਗੈਰ-ਸੰਵਿਧਾਨਕ ਢੰਗਾਂ ਰਾਹੀਂ ਮਾਰਨਾ ਹੱਕ ਵਜਾਨਬ ਹੈ?

* ਖਾਲਿਸਤਾਨ ਵਿਰੁੱਧ ਦੇਸ਼ ਭਗਤਕ ਯੁੱਧ 'ਚ ਸਮੂਹ ਪੰਜਾਬੀਆਂ ਦੀ ਜਾਨ-ਮਾਲ ਦੀ ਰਾਖੀ, ਫਿਰਕੂ ਸਦਭਾਵਨਾ ਦੀ ਮਜ਼ਬੂਤੀ ਅਤੇ ਧਰਮ ਅਧਾਰਤ ਦੇਸ਼ ਕਾਇਮ ਕਰਨ ਦੀ ਖਤਰਨਾਕ ਮੰਗ ਦਾ ਬਾਦਲੀਲ ਸਿਧਾਂਤਕ ਵਿਰੋਧ ਕਰਦਿਆਂ ਕਮਿਊਨਿਸਟਾਂ, ਅਗਾਂਹਵਧੂ ਲਹਿਰ ਤੇ ਲੋਕ ਪੱਖੀ ਬੁੱਧੀਜੀਵੀਆਂ ਨੇ ਆਪਣੀਆਂ ਜਾਨਾਂ ਵਾਰੀਆਂ ਹਨ। ਇਹ ਦਲੇਰਾਨਾ ਕਾਰਨਾਮਾ ਮਾਨਵ ਇਤਿਹਾਸ 'ਚ ਹਮੇਸ਼ਾ ਯਾਦ ਰੱਖਿਆ ਜਾਵੇਗਾ। ਐਪਰ ਖਾਲਿਸਤਾਨੀ ਲਹਿਰ ਦੀ ਚੜ੍ਹਤ ਦੇ ਸਮੇਂ ਕਈ ਵਾਰ ਕੁਝ ਇਕ ਸਾਥੀਆਂ ਵੱਲੋਂ ਕੀਤੀ ਇਕ ਪਾਸੜ ਬਿਆਨਬਾਜ਼ੀ ਅਤੇ ਕਈ ਮੌਕਿਆਂ 'ਤੇ ਸਰਕਾਰੀ ਜਬਰ ਨੂੰ ਅੱਖੋਂ ਪਰੋਖੇ ਕਰਕੇ ਹਾਕਮ ਧਿਰ ਦਾ ਪੱਖ ਪੂਰਨਾ ਗੈਰ-ਕਮਿਊਨਿਸਟ ਵਿਹਾਰ ਤੇ ਬੱਜਰ ਗਲਤੀ ਨਹੀਂ ਸੀ? ਭਾਵੇਂ ਕੁਝ ਲੋਕਾਂ ਤੇ ਦਲਾਂ ਨੇ ਆਪਣੇ ਇਸ ਭਟਕਾਅ ਨੂੰ ਜਨਤਕ ਮੰਚਾਂ ਤੋਂ ਸਵੀਕਾਰਿਆ ਹੈ, ਪ੍ਰੰਤੂ ਸਮੁੱਚੀ ਕਮਿਊਨਿਸਟ ਲਹਿਰ ਦੇ ਵੱਡੇ ਹਿੱਸੇ ਨੇ ਅਜੇ ਤੱਕ ਵੀ ਇਹ ਭੁੱਲ ਸਵੀਕਾਰ ਨਹੀਂ ਕੀਤੀ, ਸੁਧਾਈ ਕਰਨੀ ਤਾਂ ਦੂਰ ਦੀ ਗੱਲ ਹੈ!

* ਅਕਾਲੀ ਦਲ ਨੇ ਆਰ ਐੱਸ ਐੱਸ ਦੀ ਰਾਜਸੀ ਸ਼ਾਖਾ ਭਾਜਪਾ ਨਾਲ ਗਠਜੋੜ ਕਰਕੇ ਅਤੇ ਆਪਣੀ ਇਸ ਮੌਕਾਪ੍ਰਸਤੀ ਨੂੰ ਹਿੰਦੂ-ਸਿੱਖ ਏਕਤਾ ਦਾ ਨਾਂਅ ਦੇ ਕੇ ਸਾਂਝੀਆਂ ਸਰਕਾਰਾਂ ਬਣਾਉਣ ਰਾਹੀਂ ਆਰ ਐੱਸ ਐੱਸ ਨੂੰ ਪੰਜਾਬ ਦੀ ਧਰਤੀ 'ਤੇ ਪੈਰ ਪਸਾਰਨ ਦਾ ਮੌਕਾ ਦਿੱਤਾ ਹੈ। ਕੀ ਅਕਾਲੀ ਲੀਡਰਸ਼ਿਪ ਨੇ ਕਦੀ ਆਪਣੀ ਇਸ ਬੱਜਰ ਗਲਤੀ ਨੂੰ ਸਵੀਕਾਰ ਕੀਤਾ ਹੈ? ਅਫਸੋਸ, ਅਕਾਲੀ ਦਲ (ਬਾਦਲ) ਸਮੇਤ ਸਾਰੇ ਅਕਾਲੀ ਧੜੇ 2027 ਦੀਆਂ ਵਿਧਾਨ ਸਭਾ ਚੋਣਾਂ ਜਿੱਤਣ ਲਈ ਅੱਜ ਵੀ ਭਾਜਪਾ ਨਾਲ ਚੋਣ ਸਮਝੌਤਾ ਕਰਨ ਲਈ ਅੱਡੀ-ਚੋਟੀ ਦਾ ਜ਼ੋਰ ਲਾ ਰਹੇ ਹਨ। ਜਦੋਂ ਕਿ ਸੱਤਾਧਾਰੀ ਆਰ.ਐਸ.ਐਸ. ਦਾ ਥਾਪੜਾ ਹਾਸਲ ਮੋਦੀ ਸਰਕਾਰ ਦੇਸ਼ ਦੇ ਧਰਮ ਨਿਰਪੱਖ, ਜਮਹੂਰੀ ਤੇ ਸੰਘਾਤਮਕ ਢਾਂਚੇ ਨੂੰ ਤੋੜ ਕੇ ਇੱਥੇ ਇਕ ਗੈਰ-ਲੋਕਰਾਜੀ, ਧਰਮ ਅਧਾਰਤ ਢਾਂਚਾ ਉਸਾਰਨਾ ਚਾਹੁੰਦੀ ਹੈ।

* ਕੀ ਅਸੀਂ ਪੰਜਾਬੀ, ਅੱਜ ਵੀ ਪ੍ਰਾਂਤ ਦੇ ਹਾਲਾਤ ਵਿਗਾੜਨ ਲਈ ਸਰਕਾਰੀ ਏਜੰਸੀਆਂ ਤੇ ਦੇਸ਼ ਦੇ ਦੁਸ਼ਮਣ ਸਾਮਰਾਜੀਆਂ ਦੀਆਂ ਖਤਰਨਾਕ ਚਾਲਾਂ ਤੋਂ ਸੁਚੇਤ ਹਾਂ? ਜੇਕਰ ਅਸੀਂ ਉਪਰੋਕਤ ਸਵਾਲਾਂ ਦਾ ਮੁਲਾਂਕਣ ਸਮੇਂ ਸਿਰ ਕੀਤਾ ਹੁੰਦਾ ਤਾਂ ਪੰਜਾਬ ਡੂੰਘੇ ਦੁਖਾਂਤ 'ਚ ਘਿਰ ਕੇ ਅੱਜ ਜਿਸ ਬੇਬਸੀ ਤੇ ਬੇਭਰੋਸਗੀ ਦਾ ਡੰਗ ਝੱਲ ਰਿਹਾ ਹੈ, ਸ਼ਾਇਦ ਉਹ ਨਾ ਝੱਲਣਾ ਪੈਂਦਾ। ਇਨ੍ਹਾਂ ਮੁੱਦਿਆਂ ਬਾਰੇ ਵਿਚਾਰਾਂ ਕਰਕੇ ਅੱਜ ਵੀ ਕੋਈ ਸਵੱਲਾ ਰਾਹ ਲੱਭਿਆ ਜਾ ਸਕਦਾ ਹੈ। ਉਹ ਰਾਹ, ਜਿਸ ਦੀ ਦੇਸ਼ ਅਤੇ ਪੰਜਾਬ ਨੂੰ ਅੱਜ ਸਖ਼ਤ ਲੋੜ ਹੈ।

ਅੱਜ, ਜਦੋਂ ਦੇਸ਼ ਦੀ ਸੱਤਾ 'ਤੇ ਆਪਣੀ ਸਿਆਸੀ ਕਠਪੁਤਲੀ ਭਾਜਪਾ ਰਾਹੀਂ ਆਰ ਐੱਸ ਐੱਸ ਕਾਬਜ਼ ਹੋ ਚੁੱਕਾ ਹੈ। ਆਰ ਐੱਸ ਐੱਸ, ਜੋ ਦੇਸ਼ ਦੇ ਲੋਕਰਾਜੀ, ਧਰਮ ਨਿਰਪੱਖ ਤੇ ਸੰਘਾਤਮਕ ਢਾਂਚੇ ਅਤੇ ਭਾਰਤੀ ਸੰਵਿਧਾਨ ਤੇ ਇਸ 'ਚ ਦਰਜ ਬਰਾਬਰੀ ਦੀ ਪੈਰਵੀ ਕਰਦੀਆਂ ਜਾਤ-ਪਾਤ ਵਿਰੋਧੀ ਧਾਰਾਵਾਂ ਨੂੰ ਸਿਰੇ ਤੋਂ ਖਾਰਜ ਕਰਨ ਲਈ ਪੱਬਾਂ ਭਾਰ ਹੈ। ਇਹ ਦੇਸ਼ ਅੰਦਰ ਧਰਮ ਅਧਾਰਤ ਗੈਰ ਲੋਕਰਾਜੀ 'ਹਿੰਦੂਤਵੀ-ਮੰਨੂਵਾਦੀ ਰਾਜ' ਸਥਾਪਤ ਕਰਨਾ ਚਾਹੁੰਦਾ ਹੈ। ਧਾਰਮਿਕ ਘੱਟ ਗਿਣਤੀਆਂ ਨੂੰ ਦੇਸ਼ ਬਦਰ ਕਰਨਾ ਜਾਂ ਥੱਲੇ ਲਾਉਣਾ, ਬਹੁਜਨ ਸਮਾਜ ਤੇ ਔਰਤਾਂ ਨੂੰ ਗੁਲਾਮ ਬਣਾਉਣਾ ਅਤੇ ਅਗਾਂਹਵਧੂ ਵਿਚਾਰ-ਸੋਚ ਦਾ ਖਾਤਮਾ ਕਰਨਾ ਆਰ ਐੱਸ ਐੱਸ ਦੀ ਅਗਵਾਈ ਵਾਲੇ ਫਿਰਕੂ-ਫਾਸ਼ੀ, ਤਾਨਾਸ਼ਾਹ ਰਾਜ ਪ੍ਰਬੰਧ ਦਾ ਅਗਲੇਰਾ ਮਕਸਦ ਹੈ। ਇਸ ਹਾਲਾਤ 'ਚ ਸਮੁੱਚੇ ਦੇਸ਼ ਵਾਸੀਆਂ, ਖਾਸ ਕਰਕੇ ਧਾਰਮਿਕ ਘੱਟ ਗਿਣਤੀਆਂ ਨੂੰ ਬੜੀ ਸਾਵਧਾਨੀ ਤੇ ਸਿਆਣਪ ਤੋਂ ਕੰਮ ਲੈਣਾ ਹੋਵੇਗਾ। ਇਸ ਲਈ ਸਮੁੱਚੇ ਦੇਸ਼ ਵਾਸੀਆਂ, ਵਿਸ਼ੇਸ਼ ਕਰਕੇ ਸਿੱਖਾਂ ਦੀ ਇਹ ਪਰਮ ਪਵਿੱਤਰ ਜ਼ਿੰਮੇਵਾਰੀ ਹੈ ਕਿ ਉਹ ਸਿੱਖ ਗੁਰੂ ਸਾਹਿਬਾਨ ਵੱਲੋਂ ਰਚੀ ਬਾਣੀ ਤੇ ਹੋਰ ਇਨਕਲਾਬੀ ਯੋਧਿਆਂ ਦੀ ਵਿਚਾਰਧਾਰਾ ਨੂੰ ਅਪਣਾਉਂਦੇ ਹੋਏ ਆਰ ਐੱਸ ਐੱਸ ਦੀਆਂ ਘਾਤਕ ਫਿਰਕੂ-ਫਾਸ਼ੀ ਚਾਲਾਂ ਨੂੰ ਅਸਫਲ ਬਣਾਉਣ ਤੇ ਸੰਘੀਆਂ ਵਲੋਂ ਪੰਜਾਬ ਦੀ ਸੱਤਾ 'ਤੇ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਨੂੰ ਭਾਂਜ ਦੇਣ। ਇੰਝ ਕਰਕੇ ਹੀ ਸਮੂਹ ਧਾਰਮਿਕ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰਾਖੀ ਤੇ ਰਾਜਾਂ ਦੇ ਅਧਿਕਾਰਾਂ ਦਾ ਬਚਾਅ ਕੀਤਾ ਜਾ ਸਕੇਗਾ। ਅੱਗੋਂ ਸਮੂਹ ਪੰਜਾਬੀ ਮੌਜੂਦਾ ਲੁਟੇਰੇ ਰਾਜ-ਪ੍ਰਬੰਧ ਦਾ ਖਾਤਮਾ ਕਰਕੇ ਸਾਂਝੀਵਾਲਤਾ ਤੇ ਬਰਾਬਰੀ ਦੇ ਅਸੂਲਾਂ 'ਤੇ ਆਧਾਰਤ ਭਾਈ ਲਾਲੋਆਂ ਦੇ ਹਿੱਤਾਂ ਦੀ ਰਾਖੀ ਦੀ ਮੁਕੰਮਲ ਗਰੰਟੀ ਕਰਦਾ ਸਮਾਜ ਸਿਰਜਣ ਦੀ ਲਹਿਰ ਦੀ ਸੁਯੋਗ ਅਗਵਾਈ ਕਰ ਸਕਦੇ ਹਨ।

**# ਸੰਪਰਕ : 98141-82998**

# 2.56 ਕਰੋੜ ਦੇ ਕਥਿਤ ਕਣਕ ਗਬਨ ਮਾਮਲੇ 'ਚ ਪਨਸਪ ਦੇ ਚਾਰ ਸਾਬਕਾ ਅਧਿਕਾਰੀ ਬਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਕਰੀਬ 12 ਸਾਲ ਪੁਰਾਣੇ 2.56 ਕਰੋੜ ਰੁਪਏ ਦੇ ਕਥਿਤ ਕਣਕ ਗਬਨ ਮਾਮਲੇ ਵਿੱਚ ਮੋਹਾਲੀ ਦੀ ਵਿਸ਼ੇਸ਼ ਅਦਾਲਤ ਨੇ ਪੰਜਾਬ ਸਟੇਟ ਸਿਵਲ ਸਪਲਾਈਜ਼ ਕਾਰਪੋਰੇਸ਼ਨ ਦੇ ਚਾਰ ਸਾਬਕਾ ਅਧਿਕਾਰੀਆਂ ਨੂੰ ਸਾਰੇ ਦੋਸ਼ਾਂ ਤੋਂ ਬਰੀ ਕਰ ਦਿੱਤਾ ਹੈ।ਅਦਾਲਤ ਨੇ ਆਪਣੇ ਫ਼ੈਸਲੇ ਵਿੱਚ ਕਿਹਾ ਕਿ ਵਿਜੀਲੈਂਸ ਬਿਊਰੋ ਗਬਨ, ਅਪਰਾਧਿਕ ਸਾਜ਼ਿਸ਼ ਅਤੇ ਸਰਕਾਰੀ ਰਿਕਾਰਡ ਗਾਇਬ ਕਰਨ ਦੇ ਦੋਸ਼ ਠੋਸ ਅਤੇ ਭਰੋਸੇਯੋਗ ਸਬੂਤਾਂ ਨਾਲ ਸਾਬਤ ਨਹੀਂ ਕਰ ਸਕਿਆ। ਅਦਾਲਤ ਨੇ ਪਨਸਪ ਦੇ ਤਤਕਾਲੀਨ ਡੀ.ਐੱਮ. ਇਰਵਨੀਤ ਸਿੰਘ, ਫ਼ੀਲਡ ਅਫ਼ਸਰ ਰਾਜੀਵ ਸੋਨੀ, ਪਬਲਿਕ ਕਲਰਕ ਇੰਚਾਰਜ ਗੁਰਮੀਤ ਸਿੰਘ ਅਤੇ ਪਬਲਿਕ ਕਲਰਕ (ਡਬਲ ਚਾਰਜ) ਸੁਨੀਲ ਕੁਮਾਰ ਨੂੰ ਬਰੀ ਕਰਦਿਆਂ ਕਿਹਾ ਕਿ ਜਾਂਚ ਏਜੰਸੀ ਦਾ ਪੂਰਾ ਕੇਸ ਅਧੂਰੇ ਰਿਕਾਰਡ ਤੇ ਅਨੁਮਾਨਾਂ 'ਤੇ ਆਧਾਰਤ ਸੀ।ਮਾਮਲਾ ਸਾਲ 2013-14 ਦੇ ਖ਼ਰੀਦ ਸੀਜ਼ਨ ਨਾਲ ਸਬੰਧਤ ਸੀ।ਦੋਸ਼ ਸੀ ਕਿ ਖੰਨਾ ਸਥਿਤ ਪਨਸਪ ਦੇ ਗੋਦਾਮਾਂ ਵਿੱਚੋਂ 28,065 ਕਣਕ ਦੀਆਂ ਬੋਰੀਆਂ ਤੇ ਹੋਰ ਸਮਾਨ ਗਾਇਬ ਹੋਣ ਕਾਰਨ ਅਦਾਲਤ ਦੀ ਟਿੱਪਣੀ ਸਿਰਫ਼ ਸ਼ੱਕ ਅਤੇ ਅਧੂਰੇ ਰਿਕਾਰਡ ਦੇ ਆਧਾਰ 'ਤੇ ਕਿਸੇ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ। ਵਿਭਾਗ ਨੂੰ ਕਰੀਬ 2.56 ਕਰੋੜ ਰੁਪਏ ਦਾ ਨੁਕਸਾਨ ਹੋਇਆ।ਇਸ ਸਬੰਧੀ 2014 ਵਿੱਚ ਕੇਸ ਦਰਜ ਕੀਤਾ ਗਿਆ ਸੀ।ਅਦਾਲਤ ਨੇ ਆਪਣੇ ਹੁਕਮ ਵਿੱਚ ਕਿਹਾ ਕਿ ਜਾਂਚ ਦੌਰਾਨ ਜੁਲਾਈ 2013 ਵਿੱਚ ਕਣਕ ਦੀ ਆਵਾਜਾਈ ਤੇ ਸਰਕਾਰੀ ਯੋਜਨਾਵਾਂ ਤਹਿਤ ਹੋਏ ਉਠਾਨ ਦੇ ਰਿਕਾਰਡ ਨੂੰ ਨਜ਼ਰਅੰਦਾਜ਼ ਕੀਤਾ ਗਿਆ।ਬੀ.ਸੀ.-8 ਰਜਿਸਟਰ ਵਿੱਚ 31,005 ਕਣਕ ਦੀਆਂ ਬੋਰੀਆਂ ਦਾ ਰਿਕਾਰਡ ਦਰਜ ਮਿਲਿਆ, ਜਿਸ ਤੋਂ ਇਹ ਮਾਮਲਾ ਗਬਨ ਨਾਲੋਂ ਵੱਧ ਰਿਕਾਰਡ ਦੇ ਮੇਲ-ਮਿਲਾਪ ਦਾ ਜਾਪਦਾ ਹੈ।ਅਦਾਲਤ ਨੇ ਇਹ ਵੀ ਟਿੱਪਣੀ ਕੀਤੀ ਕਿ ਜੇਕਰ ਏਨੀ ਵੱਡੀ ਮਾਤਰਾ ਵਿੱਚ ਕਣਕ ਗਾਇਬ ਹੋਈ ਹੁੰਦੀ ਤਾਂ ਇਸ ਦੀ ਢੋਆ-ਢੁਆਈ ਲਈ 100 ਤੋਂ ਵੱਧ ਟਰੱਕਾਂ ਦੀ ਲੋੜ ਪੈਂਦੀ, ਪਰ ਵਿਜੀਲੈਂਸ ਨਾ ਤਾਂ ਕੋਈ ਟਰਾਂਸਪੋਰਟ ਰਿਕਾਰਡ ਪੇਸ਼ ਕਰ ਸਕੀ, ਨਾ ਕਣਕ ਬਰਾਮਦ ਹੋਈ ਤੇ ਨਾ ਹੀ ਇਸ ਦੀ ਵਿਕਰੀ ਦਾ ਕੋਈ ਸਬੂਤ ਮਿਲਿਆ।ਅਦਾਲਤ ਨੇ ਕਿਹਾ ਕਿ ਸਿਰਫ਼ ਕਾਗਜ਼ੀ ਰਿਪੋਰਟਾਂ ਅਤੇ ਸ਼ੱਕ ਦੇ ਆਧਾਰ 'ਤੇ ਕਿਸੇ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ, ਇਸ ਲਈ ਚਾਰਾਂ ਮੁਲਜ਼ਮਾਂ ਨੂੰ ਸ਼ੱਕ ਦਾ ਲਾਭ ਦਿੰਦਿਆਂ ਬਰੀ ਕੀਤਾ ਜਾਂਦਾ ਹੈ।

# ਜੰਤਰ-ਮੰਤਰ ਦਿੱਲੀ 'ਚ ਵਿਦਿਆਰਥੀਆਂ 'ਤੇ ਤਸ਼ੱਦਦ ਦੀ ਨਿਖੇਧੀ

**ਸੰਗਰੂਰ (ਪ੍ਰਵੀਨ ਸਿੰਘ)** ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸੰਗਰੂਰ ਨੇ ਨੀਟ ਦੇ ਪੇਪਰ ਲੀਕ ਮੁੱਦੇ ਸਮੇਤ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਜੰਤਰ ਮੰਤਰ ਤੇ ਸੰਸਦ ਭਵਨ ਤੱਕ ਰੋਸ ਮਾਰਚ ਕਰ ਰਹੇ ਵਿਦਿਆਰਥੀਆਂ ਉਤੇ ਦਿੱਲੀ ਪੁਲਸ ਵੱਲੋਂ ਅੱਥਰੂ ਗੈਸ ਦੇ ਗੋਲੇ ਸੁੱਟਣ, ਅੰਨ੍ਹੇਵਾਹ ਲਾਠੀਚਾਰਜ ਕਰਨ, ਗ੍ਰਿਫਤਾਰ ਕਰਨ ਤੇ ਪੰਡਾਲ ਦੀ ਤੋੜ ਭੰਨ ਕਰਕੇ ਜਬਰੀ ਧਰਨਾ ਉਠਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇਸਦੇ ਨਾਲ ਹੀ ਸੁਸਾਇਟੀ ਨੇ ਪੰਜਾਬ ਵਿੱਚ ਮਗਨਰੇਗਾ ਕਰਮਚਾਰੀਆਂ ਉਤੇ ਅੰਨ੍ਹੇਵਾਹ ਲਾਠੀਚਾਰਜ ਕਰਨ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਕੰਪਲੈਕਸ ਵਿੱਚ ਆਰ.ਐਸ.ਐਸ.ਨਾਲ ਸੰਬੰਧਿਤ ਫ਼ਿਰਕੂ ਸਮਾਗਮ ਦਾ ਵਿਰੋਧ ਕਰਦੇ ਵਿਦਿਆਰਥੀਆਂ ਨਾਲ ਧੂਹ ਘੜੀਸ ਤੇ ਬਦਸਲੂਕੀ ਕਰਨ ਦੀ ਵੀ ਨਿੰਦਾ ਕੀਤੀ ਹੈ। ਮੀਟਿੰਗ ਕਰਨ ਉਪਰੰਤ ਰੋਸ ਜ਼ਾਹਰ ਕਰਦਿਆਂ ਤਰਕਸ਼ੀਲ ਆਗੂਆਂ ਮਾਸਟਰ ਪਰਮਵੇਦ, ਸੀਤਾ ਰਾਮ ਬਾਲਦ ਕਲਾਂ, ਸੁਰਿੰਦਰ ਪਾਲ, ਗੁਰਦੀਪ ਸਿੰਘ ਲਹਿਰਾ, ਪ੍ਰਗਟ ਸਿੰਘ, ਲੈਕਚਰਾਰ ਕ੍ਰਿਸ਼ਨ ਸਿੰਘ, ਮਾਸਟਰ ਗੁਰਜੰਟ ਸਿੰਘ ਨੇ ਕਿਹਾ ਕਿ ਦੇਸ਼ ਦੇ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਪੇਪਰ ਲੀਕ, ਬੇਰੁਜ਼ਗਾਰੀ ਅਤੇ ਨਖਿਧ ਹੋਏ ਸਿੱਖਿਆ ਢਾਂਚੇ ਸਮੇਤ ਮੌਜੂਦਾ ਹਕੂਮਤ ਦੀਆਂ ਲੋਕ ਵਿਰੋਧੀ ਤੇ ਕਾਰਪੋਰੇਟ ਪੱਖੀ ਨੀਤੀਆਂ ਅਤੇ ਫ਼ਿਰਕੂ ਕਾਰਵਾਈਆਂ ਦਾ ਜਮਹੂਰੀ ਢੰਗ ਨਾਲ ਵਿਰੋਧ ਕਰਨ ਦਾ ਸੰਵਿਧਾਨਕ ਹੱਕ ਹੈ, ਪਰ ਕੇਂਦਰ ਸਰਕਾਰ ਗੱਲਬਾਤ ਦਾ ਰਸਤਾ ਅਖ਼ਤਿਆਰ ਕਰਨ ਦੀ ਥਾਂ ਅਸਹਿਮਤੀ ਤੇ ਸਿਆਸੀ ਵਿਰੋਧੀਆਂ ਦੀਆਂ ਆਵਾਜ਼ਾਂ ਨੂੰ ਲਾਠੀ ਅਤੇ ਗੋਲੀ ਦੇ ਤਾਨਾਸ਼ਾਹੀ ਹਥਕੰਡਿਆਂ ਰਾਹੀਂ ਦਬਾਉਣ ਦੀ ਨੀਤੀ ਅਪਣਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਪ੍ਰਸ਼ਾਸਨ ਵੱਲੋਂ ਕੁੱਝ ਦਿਨ ਪਹਿਲਾਂ ਵਿਦਿਆਰਥੀ ਜਥੇਬੰਦੀਆਂ ਨੂੰ ਆਰ.ਐਸ.ਐਸ. ਨਾਲ ਸੰਬੰਧਤ ਸੰਸਥਾਵਾਂ ਦਾ ਫ਼ਿਰਕੂ ਸਮਾਗਮ ਨਾ ਕਰਵਾਉਣ ਦਾ ਭਰੋਸਾ ਦੇਣ ਦੇ ਬਾਵਜੂਦ ਚੋਰੀ ਛੁਪੇ ਸਮਾਗਮ ਕਰਾਉਣ ਤੇ ਵਿਰੋਧ ਕਰਦੇ ਵਿਦਿਆਰਥੀਆਂ ਉਤੇ ਜਬਰ ਕਰਨ ਦੀ ਵਾਜ਼ਿਬੀ ਕਾਰਵਾਈ ਦੇ ਯੂਨੀਵਰਸਿਟੀ ਅਧਿਕਾਰੀਆਂ ਦੇ ਭਗਵੇਂ ਏਜੰਡੇ ਦਾ ਪਰਦਾਫਾਸ਼ ਕੀਤਾ ਹੈ। ਉਨ੍ਹਾਂ ਮੰਗ ਕੀਤੀ ਕਿ ਸਿੱਖਿਆ ਮੰਤਰੀ ਨੂੰ ਅਹੁਦੇ ਤੋਂ ਬਰਖਾਸਤ ਕੀਤਾ ਜਾਵੇ, ਨੀਟ ਘੁਟਾਲੇ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ, ਵਿਦਿਆਰਥੀਆਂ 'ਤੇ ਲਾਠੀਚਾਰਜ ਕਰਨ ਤੇ ਕਰਵਾਉਣ ਵਾਲੇ ਅਧਿਕਾਰੀਆਂ ਤੇ ਸਖ਼ਤ ਕਾਰਵਾਈ ਕੀਤੀ ਜਾਵੇ, ਖੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ, ਔਰਤ ਵਿਰੋਧੀ ਮਾਨਸਿਕਤਾ ਵਾਲੇ ਬੁਲਾਰਿਆਂ ਨੂੰ ਬੁਲਾਉਣ ਲਈ ਯੂਨੀਵਰਸਿਟੀ ਅਧਿਕਾਰੀਆਂ 'ਤੇ ਕਾਰਵਾਈ ਕੀਤੀ ਜਾਵੇ।



# ਵਿਆਹ ਦੇ 17 ਸਾਲ ਬਾਅਦ ਪਤਨੀ ਨੇ ਪ੍ਰੇਮੀ ਨਾਲ ਮਿਲ ਕੇ ਪਤੀ ਦਾ ਕੀਤਾ ਕਤਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪਿੰਡ ਰਹਿਮਾਜਰਾ ਵਿਖੇ ਵਿਆਹ ਦੇ 17 ਸਾਲ ਬਾਅਦ ਇੱਕ ਔਰਤ ਵੱਲੋਂ ਆਪਣੇ ਪ੍ਰੇਮੀ ਨਾਲ ਮਿਲ ਕੇ ਆਪਣੇ ਹੀ ਪਤੀ ਦਾ ਬੇਰਹਿਮੀ ਨਾਲ ਕਤਲ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਪੁਲੀਸ ਅਧਿਕਾਰੀਆਂ ਨੇ ਵਾਰਦਾਤ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਥਾਣਾ ਘਨੌਰ ਵਿਖੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 103 (1) ਤੇ 61(2) ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਅੰਬਾਲਾ ਜ਼ਿਲ੍ਹੇ ਦੇ ਪਿੰਡ ਛੱਡਿਆਨਾ ਦੇ ਰਹਿਣ ਵਾਲੇ ਮੋਤੀ ਰਾਮ ਪੁੱਤਰ ਅਜਮੇਰ ਸਿੰਘ ਨੇ ਪਟਿਆਲਾ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਕਿ ਉਸ ਦੇ ਜੀਜੇ ਸੁਖਵਿੰਦਰ ਸਿੰਘ, ਜੋ ਪਿੰਡ ਰਹਿਮਾਜਰਾ ਦਾ ਰਹਿਣ ਵਾਲਾ ਸੀ, ਦਾ ਉਸ ਦੀ ਪਤਨੀ ਅਤੇ ਉਸ ਦੇ ਪ੍ਰੇਮੀ ਨੇ ਮਿਲ ਕੇ ਕਤਲ ਕਰ ਦਿੱਤਾ ਹੈ।ਸ਼ਿਕਾਇਤਕਰਤਾ ਅਨੁਸਾਰ ਸੁਖਵਿੰਦਰ ਸਿੰਘ ਦਾ ਵਿਆਹ ਕਰੀਬ 17 ਸਾਲ ਪਹਿਲਾਂ ਹਰਜੀਤ ਕੌਰ ਨਾਲ ਹੋਇਆ ਸੀ ਅਤੇ ਉਹ ਆਪਣੇ ਪਰਿਵਾਰ ਨਾਲ ਰਹਿਮਾਜਰਾ ਵਿਖੇ ਰਹਿ ਰਿਹਾ ਸੀ।ਮੋਤੀ ਰਾਮ ਨੇ ਦੱਸਿਆ ਕਿ 20 ਜੁਲਾਈ ਨੂੰ ਉਨ੍ਹਾਂ ਨੂੰ ਇੱਕ ਰਿਸ਼ਤੇਦਾਰ ਦਾ ਫੋਨ ਆਇਆ ਕਿ ਸੁਖਵਿੰਦਰ ਸਿੰਘ ਜ਼ਖ਼ਮੀ ਹਾਲਤ ਵਿੱਚ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਵਿੱਚ ਦਾਖ਼ਲ ਹੈ।ਜਦੋਂ ਪਰਵਾਰਕ ਮੈਂਬਰ ਹਸਪਤਾਲ ਪੁੱਜੇ ਤਾਂ ਉਸ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਡਾਕਟਰਾਂ ਨੇ ਉਸ ਨੂੰ ਗੌਰਮਿੰਟ ਮੈਡੀਕਲ ਕਾਲਜ ਤੇ ਹਸਪਤਾਲ ਸੈਕਟਰ 32, ਚੰਡੀਗੜ੍ਹ ਲਈ ਰੈਫ਼ਰ ਕਰ ਦਿੱਤਾ। ਸੁਖਵਿੰਦਰ ਸਿੰਘ ਬੇਹੋਸ਼ ਸੀ ਅਤੇ ਉਸ ਦੇ ਸਿਰ 'ਤੇ ਗੰਭੀਰ ਸੱਟਾਂ ਦੇ ਨਿਸ਼ਾਨ ਸਨ, ਜਿੱਥੇ ਇਲਾਜ ਦੌਰਾਨ ਉਸ ਨੇ ਦਮ ਤੋੜ ਦਿੱਤਾ।

ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਹਰਜੀਤ ਕੌਰ ਦੇ ਸ਼ਿੰਦਰ ਸਿੰਘ ਨਾਮਕ ਵਿਅਕਤੀ ਨਾਲ ਨਜਾਇਜ਼ ਸੰਬੰਧ ਸਨ, ਜੋ ਅਕਸਰ ਉਨ੍ਹਾਂ ਦੇ ਘਰ ਆਉਂਦਾ-ਜਾਂਦਾ ਸੀ।ਇਸੇ ਗੱਲ ਨੂੰ ਲੈ ਕੇ ਪਤੀ-ਪਤਨੀ ਵਿਚਾਲੇ ਅਕਸਰ ਝਗੜਾ ਰਹਿੰਦਾ ਸੀ। ਦੋਸ਼ ਹੈ ਕਿ 19 ਤੇ 20 ਜੁਲਾਈ ਦੀ ਵਿਚਕਾਰਲੀ ਰਾਤ ਨੂੰ ਹਰਜੀਤ ਕੌਰ ਅਤੇ ਸ਼ਿੰਦਰ ਸਿੰਘ ਨੇ ਸਾਜ਼ਿਸ਼ ਤਹਿਤ ਸੁਖਵਿੰਦਰ ਸਿੰਘ ਦੇ ਸਿਰ 'ਤੇ ਲੋਹੇ ਦੀ ਰਾਡ ਜਾਂ ਕਿਸੇ ਭਾਰੀ ਚੀਜ਼ ਨਾਲ ਹਮਲਾ ਕਰ ਕੇ ਉਸ ਨੂੰ ਗੰਭੀਰ ਰੂਪ 'ਚ ਜ਼ਖ਼ਮੀ ਕਰ ਦਿੱਤਾ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਪਤਨੀ ਨੇ ਮਾਮਲੇ ਨੂੰ ਦਬਾਉਣ ਲਈ ਹਸਪਤਾਲ 'ਚ ਝੂਠੀ ਕਹਾਣੀ ਬਣਾਈ ਕਿ ਸੁਖਵਿੰਦਰ ਸਿੰਘ ਘਰ ਦੀ ਛੱਤ ਤੋਂ ਡਿੱਗ ਕੇ ਜ਼ਖ਼ਮੀ ਹੋਇਆ ਹੈ।ਹਾਲਾਂਕਿ ਮੁੱਢਲੀ ਜਾਂਚ 'ਚ ਛੱਤ ਤੋਂ ਡਿੱਗਣ ਦੀ ਗੱਲ ਸ਼ੱਕੀ ਪਾਈ ਗਈ, ਜਿਸ ਤੋਂ ਬਾਅਦ ਪੁਲਸ ਨੇ ਕਤਲ ਦਾ ਕੇਸ ਦਰਜ ਕਰ ਲਿਆ ਹੈ ਤੇ ਅਗਲੇਰੀ ਕਾਰਵਾਈ ਜਾਰੀ ਹੈ।

## ਪ੍ਰਿੰਸੀਪਲ ਵੱਲੋਂ ਕਲਾਸਾਂ ਦੇ ਮਾਨੀਟਰਾਂ ਨਾਲ ਵਿਚਾਰਾਂ



**ਭੀਖੀ (ਧਰਮਵੀਰ ਸ਼ਰਮਾ)** - ਸ਼੍ਰੀ ਤਾਰਾ ਚੰਦ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਭੀਖੀ ਦੇ ਪ੍ਰਿੰਸੀਪਲ ਰਵਿੰਦਰ ਪਟਿਆਲ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਗੁਣਵੱਤਾ ਭਰਪੂਰ ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਸਾਰੀਆਂ ਕਲਾਸਾਂ ਦੇ ਮਾਨੀਟਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸਕੂਲ ਪ੍ਰਿੰਸੀਪਲ ਨੇ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਪੜ੍ਹਾਈ, ਕਲਾਸਰੂਮ ਦੇ ਮਾਹੌਲ, ਅਨੁਸ਼ਾਸਨ ਅਤੇ ਰੋਜ਼ਾਨਾ ਆਉਣ ਵਾਲੀਆਂ ਸਮੱਸਿਆਵਾਂ ਬਾਰੇ ਖੁੱਲ੍ਹ ਕੇ ਗੱਲਬਾਤ ਕੀਤੀ। ਕਲਾਸ ਮਾਨੀਟਰਾਂ ਨੇ ਆਪਣੇ ਸਾਥੀ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਬੇਝਿਜਕ ਸਾਂਝਾ ਕੀਤਾ, ਜਿਨ੍ਹਾਂ ਨੂੰ ਪ੍ਰਿੰਸੀਪਲ ਵੱਲੋਂ ਧਿਆਨ ਨਾਲ ਸੁਣਿਆ ਗਿਆ ਅਤੇ ਉਨ੍ਹਾਂ ਦੇ ਯੋਗ ਅਤੇ ਵਿਹਾਰਕ ਹੱਲ ਲਈ ਭਰੋਸਾ ਦਿਵਾਇਆ ਗਿਆ। ਪ੍ਰਿੰਸੀਪਲ ਰਵਿੰਦਰ ਪਟਿਆਲ ਨੇ ਕਿਹਾ ਕਿ ਸਕੂਲ ਦੀ ਤਰੱਕੀ ਵਿੱਚ ਵਿਦਿਆਰਥੀਆਂ ਦੀ ਭਾਗੀਦਾਰੀ ਬਹੁਤ ਮਹੱਤਵਪੂਰਨ ਹੈ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਲਾਠੀਚਾਰਜ ਦੀ ਸਖ਼ਤ ਨਿੰਦਾ



**ਮਾਨਸਾ (ਆਤਮਾ ਸਿੰਘ ਪਮਾਰ)** - ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਕੈਸ਼ੀਅਰ ਰਾਕੇਸ਼ ਕੁਮਾਰ ਮਹਿਤਾ, ਸੂਬਾਈ ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ ਅਤੇ ਲੀਗਲ ਐਡਵਾਈਜ਼ਰ ਜਸਵਿੰਦਰ ਸਿੰਘ ਭੋਗਲ ਨੇ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਦਿੱਲੀ ਅਤੇ ਚੰਡੀਗੜ੍ਹ ਵਿੱਚ ਜਾਇਜ਼ ਅਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਪ੍ਰਦਰਸ਼ਨਕਾਰੀਆਂ 'ਤੇ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਨਿੰਦਾ ਕੀਤੀ ਹੈ। ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਨੀਟ ਦੇ ਪੇਪਰ ਲੀਕ ਹੋਣ ਕਾਰਨ ਲੱਖਾਂ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅੰਜਾਈਂ ਚਲੀ ਗਈ ਅਤੇ ਉਨ੍ਹਾਂ ਦਾ ਭਵਿੱਖ ਬਰਬਾਦ ਹੋ ਗਿਆ। ਇਸ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ 'ਤੇ ਬੇਰਹਿਮੀ ਨਾਲ ਲਾਠੀਚਾਰਜ ਕੀਤਾ ਗਿਆ। ਇਸੇ ਤਰ੍ਹਾਂ ਹੀ ਪੰਜਾਬ ਅੰਦਰ ਮਨਰੇਗਾ ਕਾਮਿਆਂ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਵਿਦਿਆਰਥੀਆਂ 'ਤੇ ਵੀ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੇ ਲਾਠੀਚਾਰਜ ਦੀ ਸਖ਼ਤ ਨਿੰਦਾ ਕੀਤੀ ਗਈ। ਐਸੋਸੀਏਸ਼ਨ ਨੇ ਮੰਗ ਕੀਤੀ ਕਿ ਸਬੰਧਤ ਪੁਲਿਸ ਅਧਿਕਾਰੀਆਂ ਖਿਲਾਫ਼ ਤੁਰੰਤ ਢੁਕਵੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਜ਼ਖ਼ਮੀਆਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ।

## ਭਾਰਤ-ਅਮਰੀਕਾ ਵਪਾਰ ਸਮਝੌਤਾ ਦੇਸ਼ ਲਈ ਘਾਤਕ-ਨੂਰ ਔਲਖ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** - ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ਼ ਨੇ ਕੇਂਦਰ ਅਤੇ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਕਿਸਾਨਾਂ ਦੇ ਲੋਕਤੰਤਰਿਕ ਅਧਿਕਾਰਾਂ 'ਤੇ ਲਗਾਈਆਂ ਜਾ ਰਹੀਆਂ ਰੋਕਾਂ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਆਖਿਆ ਕਿ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰ ਰਹੇ ਕਿਸਾਨਾਂ ਨੂੰ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨ ਦੀ ਪੂਰੀ ਆਗਿਆ ਦਿੱਤੀ ਜਾਣੀ ਚਾਹੀਦੀ ਹੈ। ਨੂਰ ਔਲਖ਼ ਨੇ ਗੰਭੀਰ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੀਤਾ ਜਾ ਰਿਹਾ ਇੰਡੋ-ਅਮਰੀਕਨ ਸਮਝੌਤਾ ਦੇਸ਼ ਦੇ ਖੇਤੀਬਾੜੀ ਖੇਤਰ ਅਤੇ ਆਰਥਿਕ ਭਵਿੱਖ ਲਈ ਬੇਹੱਦ ਖਤਰਨਾਕ ਸਾਬਿਤ ਹੋਵੇਗਾ। ਇਹ ਸਮਝੌਤਾ ਦੇਸ਼ ਦੇ ਅੰਨਦਾਤੇ ਦੀ ਅਜ਼ਾਦੀ ਅਤੇ ਭਾਰਤੀ ਖੇਤੀ ਨੂੰ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀ ਇੱਕ ਡੂੰਘੀ ਸਾਜ਼ਿਸ਼ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਅਜਿਹੀਆਂ ਕਿਸਾਨ-ਵਿਰੋਧੀ ਨੀਤੀਆਂ ਨਾਲ ਦੇਸ਼ ਦੀ ਖੁਰਾਕੀ ਸੁਰੱਖਿਆ 'ਤੇ ਵੱਡਾ ਸੰਕਟ ਮੰਡਰਾ ਸਕਦਾ ਹੈ। 'ਆਪ' ਆਗੂ ਨੇ ਭਾਜਪਾ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਤੁਰੰਤ ਆਪਣਾ ਅੜੀਅਲ ਰਵੱਈਆ ਛੱਡ ਕੇ ਕਿਸਾਨਾਂ ਦੀਆਂ ਮੰਗਾਂ ਵੱਲ ਧਿਆਨ ਦੇਣ ਅਤੇ ਦੇਸ਼ ਦੇ ਹਿੱਤ ਵਿੱਚ ਫੈਸਲੇ ਲੈਣ।

## ਜੈਮਿਲਾਪ ਵੱਲੋਂ 'ਨੈਸ਼ਨਲ ਮੈਡੀਕਲ ਲੈਬਾਰਟਰੀ ਪ੍ਰੋਫ਼ੈਸ਼ਨਲ ਹਫਤਾ' 23 ਤੱਕ ਮਨਾਇਆ ਜਾਵੇਗਾ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** : ਜੈਮਿਲਾਪ (ਪ੍ਰਾਈਵੇਟ ਮੈਡੀਕਲ ਲੈਬਾਰਟਰੀ ਐਸੋਸੀਏਸ਼ਨ) ਜ਼ਿਲ੍ਹਾ ਫ਼ਰੀਦਕੋਟ ਵੱਲੋਂ 17 ਜੁਲਾਈ ਤੋਂ 23 ਜੁਲਾਈ ਤੱਕ 'ਨੈਸ਼ਨਲ ਮੈਡੀਕਲ ਲੈਬਾਰਟਰੀ ਪ੍ਰੋਫ਼ੈਸ਼ਨਲ ਹਫ਼ਤਾ' ਬੜੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।



ਇਸੇ ਲੜੀ ਤਹਿਤ ਜਗਰੂਪ ਸਿੰਘ (ਬਲਾਕ ਪ੍ਰਧਾਨ, ਫ਼ਰੀਦਕੋਟ) ਦੀ ਅਗਵਾਈ ਹੇਠ ਸਥਾਨਕ ਗੁਰੂ ਨਾਨਕ ਕਲੋਨੀ ਵਿਖੇ ਇੱਕ ਮੁਫ਼ਤ ਬਲੱਡ ਸ਼ੂਗਰ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 52 ਵਿਅਕਤੀਆਂ ਦੇ ਖ਼ੂਨ ਦੀ ਮੁਫ਼ਤ ਸ਼ੂਗਰ ਜਾਂਚ ਕੀਤੀ ਗਈ ਇਸ ਮੌਕੇ ਗੱਲਬਾਤ ਕਰਦਿਆਂ ਜ਼ਿਲ੍ਹਾ ਖ਼ਜ਼ਾਨਚੀ ਚਰਨਜੀਤ ਸਿੰਘ ਨੇ ਦੱਸਿਆ ਕਿ ਜੈਮਿਲਾਪ ਸੰਸਥਾ ਸਿਹਤ ਸੇਵਾਵਾਂ ਦੇ ਨਾਲ-ਨਾਲ ਸਮਾਜ ਸੇਵਾ ਦੇ ਹਰ ਖੇਤਰ ਵਿੱਚ ਆਪਣਾ ਨਿਰੰਤਰ ਯੋਗਦਾਨ ਪਾ ਰਹੀ ਹੈ। ।ਇਸ ਮੌਕੇ ਜੈਮਿਲਾਪ ਦੇ ਆਗੂ ਤੇ ਮੈਂਬਰ ਜੁਗਿੰਦਰ ਸਿੰਘ, ਦੀਪਕ ਕੁਮਾਰ ਅਤੇ ਕਸ਼ਿਸ਼ ਸ਼ਰਮਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਟੈਗਿੰਗ ਦੀ ਜਾਂਚ ਕਰਕੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਕੀਤੀ ਜਾਵੇ : ਅਰਸ਼ ਸੱਚਰ



**ਫਰੀਦਕੋਟ, (ਗੁਰਪ੍ਰੀਤ ਸਿੰਘ ਬੇਦੀ)** 'ਆਪ' ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਪੰਜਾਬ ਦੇ ਕਿਸਾਨਾਂ ਨਾਲ ਜੁੜੇ ਇੱਕ ਮਹੱਤਵਪੂਰਨ ਜਨਹਿੱਤ ਮੁੱਦੇ ਨੂੰ ਉਠਾਉਂਦਿਆਂ ਮੁੱਖ ਮੰਤਰੀ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਤੇ ਹੋਰ ਸਬੰਧਤ ਅਧਿਕਾਰੀਆਂ ਨੂੰ ਵਿਸਤ੍ਰਿਤ ਪ੍ਰਤੀਨਿਧਿਤਾ ਭੇਜ ਕੇ ਬੇਨਤੀ ਕੀਤੀ ਹੈ ਕਿ ਸਬਸਿਡੀ ਵਾਲੀ ਯੂਰੀਆ ਤੇ ਡੀ.ਏ.ਪੀ. ਖਾਦ ਦੀ ਵਿਕਰੀ ਦੌਰਾਨ ਕਥਿਤ ਟੈਗਿੰਗ ਦੀ ਨਿਰਪੱਖ ਜਾਂਚ ਕਰਾਈ ਜਾਵੇ ਅਰਸ਼ ਸੱਚਰ ਨੇ ਕਿਹਾ ਕਿ ਜੇਕਰ ਕਿਸੇ ਵੀ ਥਾਂ ਕਿਸਾਨਾਂ ਨੂੰ ਸਬਸਿਡੀ ਵਾਲੀ ਖਾਦ ਲੈਣ ਸਮੇਂ ਨੈਨੋ ਯੂਰੀਆ, ਨੈਨੋ ਡੀ.ਏ.ਪੀ. ਜਾਂ ਹੋਰ ਉਤਪਾਦ ਖਰੀਦਣ ਲਈ ਮਜਬੂਰ ਕੀਤਾ ਜਾ ਰਿਹਾ ਹੈ, ਤਾਂ ਅਜਿਹੀਆਂ ਸ਼ਿਕਾਇਤਾਂ ਦੀ ਤੱਥਾਂ ਦੇ ਆਧਾਰ 'ਤੇ ਤੁਰੰਤ ਜਾਂਚ ਹੋਣੀ ਚਾਹੀਦੀ ਹੈ।ਜੇਕਰ ਜਾਂਚ ਦੌਰਾਨ ਕੋਈ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ ਤੇ ਕਿਸਾਨਾਂ ਨੂੰ ਸਰਕਾਰੀ ਸਬਸਿਡੀ ਵਾਲੀ ਖਾਦ ਬਿਨਾਂ ਕਿਸੇ ਬੇਲੋੜੀ ਸ਼ਰਤ ਦੇ ਮਿਲਣੀ ਚਾਹੀਦੀ ਹੈ।ਪਾਰਦਰਸ਼ੀ ਤੇ ਨਿਰਪੱਖ ਖਾਦ ਵੰਡ ਪ੍ਰਣਾਲੀ ਕਿਸਾਨਾਂ ਦਾ ਭਰੋਸਾ ਮਜ਼ਬੂਤ ਕਰਨ ਲਈ ਬਹੁਤ ਜ਼ਰੂਰੀ ਹੈ।ਆਪਣੀ ਪ੍ਰਤੀਨਿਧਿਤਾ ਵਿੱਚ ਅਰਸ਼ ਸੱਚਰ ਨੇ ਰਾਜ ਪੱਧਰੀ ਵਿਸ਼ੇਸ਼ ਜਾਂਚ ਮੁਹਿੰਮ, ਫਲਾਇੰਗ ਸਕੁਆਡ ਰਾਹੀਂ ਅਚਨਚੇਤ ਨਿਰੀਖਣ, ਟੋਲ-ਫ੍ਰੀ ਹੈਲਪਲਾਈਨ, ਜ਼ਿਲ੍ਹਾ ਪੱਧਰ 'ਤੇ ਨੋਡਲ ਅਧਿਕਾਰੀਆਂ ਦੀ ਨਿਯੁਕਤੀ, ਡਿਜ਼ਿਟਲ ਨਿਗਰਾਨੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ। ਉਨ੍ਹਾਂ ਕਿਹਾ ਕਿ ਇਹ ਪ੍ਰਤੀਨਿਧਿਤਾ ਕਿਸੇ ਵਿਅਕਤੀ, ਡੀਲਰ ਜਾਂ ਸੰਸਥਾ ਵਿਸ਼ੇਸ਼ ਵਿਰੁੱਧ ਨਹੀਂ, ਸਗੋਂ ਪੂਰੀ ਤਰ੍ਹਾਂ ਲੋਕ ਹਿੱਤ ਅਤੇ ਕਿਸਾਨ ਹਿੱਤ ਵਿੱਚ ਪੇਸ਼ ਕੀਤੀ ਗਈ ਹੈ, ਤਾਂ ਜੋ ਜੇਕਰ ਕਿਤੇ ਵੀ ਕੋਈ ਗਲਤ ਪ੍ਰਥਾ ਹੋ ਰਹੀ ਹੋਵੇ ਤਾਂ ਉਸ ਨੂੰ ਰੋਕਿਆ ਜਾ ਸਕੇ ਅਤੇ ਕਿਸਾਨਾਂ ਦੇ ਹੱਕਾਂ ਦੀ ਪੂਰੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਅਰਸ਼ ਸੱਚਰ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਹੱਤਵਪੂਰਨ ਜਨਹਿੱਤ ਮਾਮਲੇ ਨੂੰ ਤਰਜੀਹ ਦੇ ਆਧਾਰ 'ਤੇ ਵਿਚਾਰ ਕੇ ਤੁਰੰਤ ਲੋੜੀਂਦੇ ਕਦਮ ਚੁੱਕੇ ਜਾਣ, ਤਾਂ ਜੁ ਪੰਜਾਬ ਦੇ ਅੰਨਦਾਤਾ ਨੂੰ ਪਾਰਦਰਸ਼ੀ, ਨਿਰਪੱਖ ਅਤੇ ਬਿਨਾਂ ਕਿਸੇ ਦਬਾਅ ਵਾਲੀ ਖਾਦ ਵੰਡ ਪ੍ਰਣਾਲੀ ਦਾ ਲਾਭ ਮਿਲ ਸਕੇ।

## ਸ਼ਾਂਤਮਈ ਰੋਸ ਪ੍ਰਦਰਸ਼ਨ ਕਰਦੇ ਮਨਰੇਗਾ ਕਰਮੀਆਂ 'ਤੇ ਪੁਲਸੀਆ ਜਬਰ ਦੀ ਨਿੰਦਾ

**ਲੁਧਿਆਣਾ/ਦੋਰਾਹਾ, (ਸਤੀਸ਼ ਸਰਦੇਵ/ਹਰਜਿੰਦਰ ਸੇਠ)**-ਸ਼ਾਂਤਮਈ ਰੋਸ ਪ੍ਰਦਰਸ਼ਨ ਕਰਦੇ ਮਨਰੇਗਾ ਕਰਮੀਆਂ 'ਤੇ ਪੁਲਸੀਆ ਜਬਰ, ਗ੍ਰਿਫ਼ਤਾਰ ਕਰਕੇ ਜੇਲ੍ਹਾਂ ਵਿੱਚ ਬੰਦ ਕਰਨਾ ਨਿੰਦਣਯੋਗ।ਮਨਰੇਗਾ ਮਜ਼ਦੂਰਾਂ ਵੱਲੋਂ ਪਿੰਡ ਸਿਹੋੜਾ, ਨਿਜ਼ਾਮਪੁਰ, ਸੀਹਾਂ ਦੌਦ ਦੀ ਸਾਂਝੀ ਮੀਟਿੰਗ ਰੱਖੀ ਗਈ, ਜਿਸ ਵਿੱਚ ਮਨਰੇਗਾ ਮਜ਼ਦੂਰਾਂ ਵੱਲੋਂ ਭਖਦੀਆਂ ਮੰਗਾਂ ਮਸਲਿਆਂ 'ਤੇ ਵਿਚਾਰ ਚਰਚਾ ਕੀਤੀ।ਮਨਰੇਗਾ ਮਜ਼ਦੂਰਾਂ ਵੱਲੋਂ ਲੰਮੇ ਸਮੇਂ ਤੋਂ ਬੰਦ ਰੱਖੇ ਕੰਮ ਨੂੰ ਚਾਲੂ ਕਰਵਾਉਣ ਦੀ ਗੱਲ ਰੱਖੀ ਗਈ ਕਿ ਕੇਂਦਰ ਦੀ ਭਾਜਪਾ ਮੋਦੀ ਸਰਕਾਰ ਵੱਲੋਂ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਤੇ ਨਵਾਂ ਕਾਨੂੰਨ ਜੀ ਰਾਮ ਜੀ ਲੈ ਕੇ ਆਉਣਾ ਤੇ ਕਾਨੂੰਨ ਵੱਲੋਂ ਪ੍ਰਖਤਾ ਰੁਜ਼ਗਾਰ ਦੀ ਜਾਮਨੀ ਨਾ ਕਰਨਾ, ਜਿਹੜਾ ਕਿ ਮਨਰੇਗਾ ਮਜ਼ਦੂਰਾਂ ਲਈ ਭਵਿੱਖ ਲਈ ਭੈੜੇ ਖੜ੍ਹੇ ਕਰਦਾ ਦਿਖਾਈ ਦਿੰਦਾ ਹੈ।ਕੇਂਦਰ ਸਰਕਾਰ ਤਰਫੋਂ ਮਨਰੇਗਾ ਦਾ ਪਿਛਲੇ ਵਰ੍ਹਿਆਂ ਦੇ ਬਜਟ ਵਧਾਉਣ ਦੀ ਬਜਾਏ ਬਜਟ ਘਟਾ ਕੇ ਪੇਸ਼ ਕਰਨਾ ਜਿਹੜਾ ਕੇ ਮਨਰੇਗਾ ਕੰਮ ਨਾ ਮਿਲਣ ਤੇ ਕੰਮ ਬੰਦ ਹੋਣ ਇਸ਼ਾਰੇ ਵੱਲ ਸੰਕੇਤ ਕਰਦਾ ਹੈ।ਇਸੇ ਦੇ ਨਾਲ ਹੀ ਮਨਰੇਗਾ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਤੇ ਬਾਜਵ ਮੰਗਾਂ ਨੂੰ ਲੈ ਕੇ ਪਹਿਲਾਂ ਖੰਨਾ ਵਿਖੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਦੀ ਰਿਹਾਇਸ਼ ਅੱਗੇ ਸ਼ਾਂਤਮਈ ਰੋਸ ਪ੍ਰਦਰਸ਼ਨ ਸਮੇਂ ਪੁਲਸ ਵੱਲੋਂ ਕੀਤੇ ਜ਼ਬਰਦਸਤ ਲਾਠੀਚਾਰਜ ਤੇ ਅਥਰੂ ਗੈਸ ਦੇ ਗੋਲੇ ਸੁੱਟੇ, ਜਦੋਂਕਿ ਉਨ੍ਹਾਂ ਨੂੰ 8 ਮਹੀਨਿਆਂ ਤੋਂ ਤਨਖਾਹਾਂ ਤੋਂ ਵਾਂਝੇ ਰੱਖਿਆ ਹੋਇਆ ਹੈ ਤੇ ਅੰਨ੍ਹੇਵਾਹ ਲਾਠੀਚਾਰਜ ਕੀਤਾ ਗਿਆ, ਜਿਸ ਦੌਰਾਨ ਬਹੁਤ ਸਾਰੇ ਮਨਰੇਗਾ ਮਜ਼ਦੂਰਾਂ ਸਮੇਤ ਤੇ ਮਨਰੇਗਾ ਕਰਮਚਾਰੀ ਬੁਰੀ ਤਰ੍ਹਾਂ ਫੱਟੜ ਹੋਏ।ਜਿਹੜਾ ਕਿ ਆਮ ਆਦਮੀ ਪਾਰਟੀ ਭਗਵੰਤ ਸਿੰਘ ਮਾਨ ਸਰਕਾਰ ਦਾ ਬਹੁਤ ਨਿੰਦਣਯੋਗ ਵਰਤਾਰਾ ਹੈ।ਆਵਾਮੀ ਰੰਗਮੰਚ (ਪਲਸ ਮੰਚ) ਦੇ ਆਗੂ ਪਾਲੋਲ ਸਿਹੋੜਾ ਤੇ ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ ਨੇ ਕਿਹਾ ਕਿ ਮੰਤਰੀ ਤਰੁਣਪ੍ਰੀਤ ਸਿੰਘ ਸੋਂਦ ਮਨਰੇਗਾ ਮੁਲਾਜ਼ਮਾਂ ਨਾਲ ਮੀਟਿੰਗ ਕਰਕੇ ਉਪਰੋਂ ਘਿਓ ਸ਼ੱਕਰ ਹੋਣ ਦੀਆਂ ਗੱਲਾਂ ਕਰਦਾ ਹੈ ਪੰਜਾਬ ਸਰਕਾਰ ਵੱਲੋਂ ਆਉਟਸੋਰਸਡ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਲਈ ਨਵੇਂ ਬਣ ਰਹੇ ਐਕਟ 'ਚ ਲੈਣ ਦਾ ਵਾਅਦਾ ਕੀਤਾ ਗਿਆ, ਪ੍ਰੰਤੂ ਇਸ ਦੇ ਉਲਟ ਸਮੁੱਚੇ 2100 ਮਨਰੇਗਾ ਕਰਮਚਾਰੀਆਂ ਨੂੰ ਨੌਕਰੀ ਤੋਂ ਫਾਰਗ ਕਰਨ ਦਾ ਜ਼ਾਬਰ ਕਦਮ ਚੁੱਕਿਆ ਗਿਆ। ਰੁਜ਼ਗਾਰ 'ਤੇ ਹੱਲੇ ਤੇ ਹਕੂਮਤੀ ਜਬਰ ਖ਼ਿਲਾਫ਼ 20 ਜੁਲਾਈ ਨੂੰ ਦੁਬਾਰਾ ਮਨਰੇਗਾ ਮੁਲਾਜਮਾਂ ਵੱਲੋਂ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤਾ ਜਾਣਾ ਸੀ ਤੇ ਰੋਸ ਪ੍ਰਦਰਸ਼ਨ ਕਰਨ ਤੋਂ ਇੱਕ ਦਿਨ ਪਹਿਲਾਂ ਹੀ ਮੁਲਾਜ਼ਮਾਂ ਦੇ ਘਰਾਂ ਅੰਦਰ ਪੁਲਿਸ ਵੱਲੋਂ ਛਾਪੇਮਾਰੀ ਕੀਤੀ ਗਈ ਤੇ ਰੋਸ ਪ੍ਰਦਰਸ਼ਨ ਕਰਦੇ ਮਨਰੇਗਾ ਕਰਮੀਆਂ ਨੂੰ ਜਬਰੀ ਘੜੀਸ ਕੇ ਗ੍ਰਿਫਤਾਰ ਕਰ ਜੇਲ੍ਹਾਂ ਵਿੱਚ ਡੱਕ ਦਿੱਤਾ ਗਿਆ, ਜਿਹੜੀ ਕਿ ਬਹੁਤ ਨਿੰਦਣਯੋਗ ਘਟਨਾ ਹੈ।ਇਸ ਮੌਕੇ ਹਰਜੋਤ ਸਿਹੌੜਾ, ਬਲਜਿੰਦਰ ਕੌਰ, ਹਰਜਿੰਦਰ ਕੌਰ, ਪਰਮਜੀਤ ਕੌਰ ਬਲਵੀਰ ਕੌਰ ਆਦਿ ਸਮੇਤ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਪੁਸਤਕ 'ਸਬੂਤੇ ਕਦਮ' ਸਮੈਸਟਰ 'ਚ ਸ਼ਾਮਲ ਹੋਣ 'ਤੇ ਖ਼ੁਸ਼ੀ ਦਾ ਪ੍ਰਗਟਾਵਾ

**ਬਠਿੰਡਾ (ਬਖ਼ਤੌਰ ਢਿੱਲੋਂ)**-ਪੰਜਾਬੀ ਸਾਹਿਤ ਸਭਾ ਰਜਿ: ਬਠਿੰਡਾ ਅਤੇ ਸਾਹਿਤ ਸੱਭਿਆਚਾਰ ਮੰਚ ਰਜਿ: ਬਠਿੰਡਾ ਦੇ ਸਮੂਹ ਲੇਖਕਾਂ ਅਤੇ ਮੈਗਜ਼ੀਨ ਪਰਵਾਜ਼ ਦੇ ਸੰਪਾਦਕੀ ਮੰਡਲ ਵੱਲੋਂ ਇਸ ਜ਼ਿਲ੍ਹੇ ਦੇ ਵਾਸੀ ਉੱਘੇ ਕਹਾਣੀਕਾਰ ਸ੍ਰੀ ਅਤਰਜੀਤ ਹੁਰਾਂ ਦਾ ਕਹਾਣੀ ਸੰਗ੍ਰਹਿ 'ਸਬੂਤੇ ਕਦਮ' ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਬੀ ਏ ਦੇ ਇੱਕ ਸਮੈਸਟਰ ਦੇ ਸਿਲੇਬਸ ਵਿੱਚ ਸ਼ਾਮਲ ਕਰਨ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਲੇਖਕ ਨੂੰ ਮੁਬਾਰਕਬਾਦ ਦਿੱਤੀ ਹੈ। ਪੰਜਾਬੀ ਸਾਹਿਤ ਸਭਾ ਰਜਿ ਦੇ ਪ੍ਰਧਾਨ ਜਸਪਾਲ ਮਾਨਖੇੜਾ, ਰਣਜੀਤ ਗੌਰਵ, ਆਗਾਜ਼ਬੀਰ, ਦਿਲਬਾਗ ਸਿੰਘ, ਅਮਰ ਸਿੰਘ ਸਿੱਧੂ, ਸਾਹਿਤ ਸੱਭਿਆਚਾਰ ਮੰਚ ਰਜਿ: ਦੇ ਸੁਖਵਿੰਦਰ ਸਿੰਘ ਜੀਦਾ, ਅੰਮ੍ਰਿਤਪਾਲ ਅੰਮ੍ਰਿਤ, ਤੇਜਾ ਸਿੰਘ ਪ੍ਰੇਮੀ, ਅੰਮ੍ਰਿਤਪਾਲ ਬੰਗੇ, ਅਵਤਾਰ ਬਾਹੀਆ, ਕੇਸਵ ਦੱਤ, ਬਲਜਿੰਦਰ ਕੋਟਸ਼ਮੀਰ ਅਤੇ ਪਰਵਾਜ ਮੈਗਜੀਨ ਦੇ ਸੰਪਾਦਕੀ ਮੰਡਲ ਦੇ ਰਣਬੀਰ ਰਾਣਾ ਅਤੇ ਬਲਵਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਯੂਨੀਵਰਸਿਟੀ ਵਿੱਚ ਇਸ ਪੁਸਤਕ ਦੇ ਸ਼ਾਮਲ ਹੋਣ 'ਤੇ ਬਠਿੰਡਾ ਦੇ ਲੇਖਕ ਫ਼ਖਰ ਮਹਿਸੂਸ ਕਰ ਰਹੇ ਹਨ। ਉਹਨਾਂ ਯੂਨੀਵਰਸਿਟੀ ਅਤੇ ਚੋਣ ਕਮੇਟੀ ਦਾ ਧੰਨਵਾਦ ਵੀ ਕੀਤਾ।

## ਬ੍ਰਹਮਪੁਰ ਵਿਖੇ ਰਣਜੋਧ ਹਡਾਣਾ ਦੀ ਰਹਿਨੁਮਾਈ ਹੇਠ ਕਈ ਪਰਵਾਰ 'ਆਪ' 'ਚ ਸ਼ਾਮਲ

**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ )**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਰਿਕਾਰਡ ਤੋੜ ਵਿਕਾਸ ਕਾਰਜਾਂ ਅਤੇ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਦਿਨ-ਰਾਤ ਲੋਕਾਂ ਦੇ ਵਿਚਕਾਰ ਰਹਿ ਕੇ ਸੇਵਾ ਕਰਨ ਦੀ ਕਾਰਜਸ਼ੈਲੀ ਸਦਕਾ ਹਲਕੇ ਅੰਦਰ ਆਮ ਆਦਮੀ ਪਾਰਟੀ ਦਾ ਗ੍ਰਾਫ਼ ਲਗਾਤਾਰ ਬੁਲੰਦੀਆਂ 'ਤੇ ਪਹੁੰਚ ਰਿਹਾ ਹੈ। ਇਸੇ ਲੜੀ ਤਹਿਤ ਮੰਗਲਵਾਰ ਨੂੰ ਹਲਕਾ ਸਨੌਰ ਵਿੱਚ ਅਕਾਲੀ ਦਲ ਨੂੰ ਉਸ ਵੇਲੇ ਬਹੁਤ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਪਿੰਡ ਬ੍ਰਹਮਪੁਰ ਦੇ ਕਈ ਪ੍ਰਮੁੱਖ ਪਰਿਵਾਰਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।



ਇਹ ਵੱਡੀ ਸ਼ਮੂਲੀਅਤ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਰਹਿਨੁਮਾਈ ਹੇਠ ਅਤੇ ਕਰਨਬੀਰ ਸਿੰਘ ਸੰਧੂ ਦੀ ਅਗਵਾਈ ਵਿੱਚ ਸਫਲਤਾਪੂਰਵਕ ਨੇਪਰੇ ਚੜ੍ਹੀ। ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਮੋਹਤਬਰਾਂ ਵਿੱਚ ਇੰਦਰਪਾਲ ਸਿੰਘ ਸੰਧੂ, ਜਗਰਾਜ ਸਿੰਘ, ਹੁਸ਼ਿਆਰ ਸਿੰਘ, ਜਸਵੰਤ ਸਿੰਘ ਧਾਲੀਵਾਲ, ਹੋਸ਼ਿਆਰ ਸਿੰਘ ਸੰਧੂ, ਬਖ਼ਸ਼ੀਸ਼ ਸਿੰਘ ਵਿਰਕ (ਮੈਂਬਰ ਪੰਚਾਇਤ), ਗੁਰਚਰਨ ਸਿੰਘ ਢਿੱਲੋਂ, ਸੋਹਨ ਸਿੰਘ, ਜਸਵਿੰਦਰ ਸਿੰਘ ਢਿੱਲੋਂ, ਇਕਬਾਲ ਸਿੰਘ ਸੰਧੂ, ਕਰਨਬੀਰ ਸਿੰਘ ਸੰਧੂ, ਹਰਜਿੰਦਰ ਸਿੰਘ ਸੰਧੂ, ਕੁਲਦੀਪ ਸਿੰਘ, ਸੋਹਣ ਸਿੰਘ ਵਿਰਕ, ਅਜਮੇਰ ਸਿੰਘ ਸੰਧੂ, ਜੁਗਰਾਜ ਸਿੰਘ ਸੰਧੂ, ਅਰਮਾਨ ਸਿੰਘ ਢਿੱਲੋਂ, ਹਰਦੀਪ ਸਿੰਘ ਲਾਡੀ (ਮੈਂਬਰ ਪੰਚਾਇਤ), ਸੀਤਲ ਸਿੰਘ ਸੰਧੂ, ਅਤੇ ਕਰਮਜੀਤ ਸਿੰਘ ਆਲਮਗੀਰ ਅਤੇ ਹੋਰ ਸ਼ਾਮਲ ਸਨ। ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਮੁੱਚੇ ਆਗੂਆਂ ਤੇ ਪਿੰਡ ਵਾਸੀਆਂ ਨੂੰ ਸਿਰੋਪਾਓ ਪਾ ਕੇ ਜੀ ਆਇਆਂ ਨੂੰ ਆਖਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਿੰਡ ਬ੍ਰਹਮਪੁਰ ਦੇ ਸਤਿਕਾਰਯੋਗ ਆਗੂਆਂ ਦਾ 'ਆਪ' ਪਰਿਵਾਰ ਨਾਲ ਜੁੜਨਾ ਇਸ ਗੱਲ ਦਾ_ਪ੍ਰਤੱਖ ਪ੍ਰਮਾਣ ਹੈ ਕਿ ਲੋਕ ਮਾਨ ਸਰਕਾਰ ਦੀ ਸਾਫ਼ ਨੀਅਤ ਅਤੇ ਤੇਜ਼ ਵਿਕਾਸ ਵਾਲੀ ਨੀਤੀ ਤੋਂ ਬੇਹੱਦ ਖ਼ੁਸ਼ ਹਨ।

## ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਵੱਲੋਂ ਜੁਲਾਈ ਮਹੀਨੇ ਜਨਮੇ ਮੈਂਬਰਾਂ ਦੇ ਜਨਮ ਦਿਨ ਮਨਾਏ



**ਧੂਰੀ, (ਸੁਖਦੇਵ ਧੂਰੀ)** ਸੀਨੀਅਰ ਸਿਟੀਜਨ ਵਿਮਨ ਐਸੋਸੀਏਸ਼ਨ ਦੀ ਮੀਟਿੰਗ ਉਤਸ਼ਾਹ ਤੇ ਆਪਸੀ ਭਾਈਚਾਰੇ ਦੇ ਮਾਹੌਲ ਵਿੱਚ ਕਰਾਈ ਗਈ।ਮੀਟਿੰਗ ਦੌਰਾਨ ਸੰਸਥਾ ਦੇ ਕੰਮਕਾਜ, ਆਉਣ ਵਾਲੀਆਂ ਸਮਾਜਿਕ ਤੇ ਭਲਾਈ ਗਤੀਵਿਧੀਆਂ ਅਤੇ ਸੀਨੀਅਰ ਸਿਟੀਜਨਾਂ ਦੀਆਂ ਸਮੱਸਿਆਵਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਜੁਲਾਈ ਮਹੀਨੇ ਵਿੱਚ ਜਨਮ ਦਿਨ ਮਨਾਉਣ ਵਾਲੇ ਸੀਨੀਅਰ ਮੈਂਬਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ ਵਿੱਚ ਮੈਡਮ ਹਰਪ੍ਰੀਤ ਕੌਰ ਸਟੇਟ ਐਵਾਰਡੀ ਤੇ ਮੈਡਮ ਜਸਪਾਲ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦੇ ਹੋਏ ਸੰਸਥਾ ਵੱਲੋਂ ਕੀਤੇ ਜਾ ਰਹੇ ਭਲਾਈ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਸੀਨੀਅਰ ਸਿਟੀਜ਼ਨ ਸਮਾਜ ਦਾ ਅਨਮੋਲ ਧਰੋਹਰ ਹਨ, ਜਿਨ੍ਹਾਂ ਦੇ ਤਜਰਬੇ ਤੋਂ ਨਵੀਂ ਪੀੜ੍ਹੀ ਨੂੰ ਪ੍ਰੇਰਨਾ ਮਿਲਦੀ ਹੈ। ਮੀਟਿੰਗ ਵਿੱਚ ਸਰਬਜੀਤ ਸਿੰਘ ਰਾਜੋ ਮਾਜਰਾ ਪ੍ਰਧਾਨ ਸੀਨੀਅਰ ਸਿਟੀਜਨ ਐਸੋਸੀਏਸ਼ਨ, ਗੁਰਜੀਤ ਸਿੰਘ ਜਨਰਲ ਸਕੱਤਰ, ਸੁਖਦੇਵ ਸ਼ਰਮਾ ਪ੍ਰਧਾਨ ਪੈਨਸ਼ਨਰ ਯੂਨੀਅਨ, ਡਾ. ਅਮਰਜੀਤ ਸਿੰਘ ਜਨਰਲ ਸਕੱਤਰ ਪੈਨਸ਼ਨਰ ਯੂਨੀਅਨ, ਗੁਰਦਿਆਲ ਨਿਰਮਾਣ, ਹੰਸ ਰਾਜ ਜਿੰਦਲ ਤੇ ਹਰਜਿੰਦਰ ਸਿੰਘ ਢੀਡਸਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਨ੍ਹਾਂ ਮਹਿਮਾਨਾਂ ਦਾ ਸਰਬਜੀਤ ਸਿੰਘ ਰਿਟਾਇਰ ਡੀ.ਈ.ਓ. ਤੇ ਹਰੀ ਚੰਦ ਵਰਮਾ ਰਿਟਾਇਰ ਇੰਸਪੈਕਟਰ ਵੱਲੋਂ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਮੇਲ ਧੂਰੀ ਦੀਆਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਸਮੂਹ ਮੈਂਬਰਾਂ ਨੂੰ ਵੀ ਸਰੋਪੇ ਭੇਂਟ ਕਰਕੇ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਸੀਨੀਅਰ ਸਿਟੀਜ਼ਨ ਵਿਮਨ ਐਸੋਸੀਏਸ਼ਨ ਦੀ ਪ੍ਰਧਾਨ ਰਜਿੰਦਰ ਵਰਮਾ, ਉਪ ਪ੍ਰਧਾਨ ਸ਼੍ਰੀਮਤੀ ਸੁਰਿੰਦਰ ਕੌਰ ਅਤੇ ਜਨਰਲ ਸਕੱਤਰ ਸ਼੍ਰੀਮਤੀ ਸੁਨੀਤਾ ਜਿੰਦਲ ਨੇ ਸੰਸਥਾ ਦੀਆਂ ਭਵਿੱਖੀ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਸੰਸਥਾ ਆਉਣ ਵਾਲੇ ਸਮੇਂ ਵਿੱਚ ਸੀਨੀਅਰ ਸਿਟੀਜਨਾਂ ਦੀ ਭਲਾਈ ਲਈ ਹੋਰ ਵੀ ਵਧੇਰੇ ਸਮਾਜਿਕ ਅਤੇ ਸੇਵਾ ਮੁਖੀ ਕਾਰਜ ਕਰੇਗੀ।

## 70 ਸਾਲਾਂ ਬਾਅਦ ਵੀ ਸਿਆਸੀ ਨੁਮਾਇੰਦਗੀ ਤੋਂ ਵਾਂਝਾ ਪ੍ਰਜਾਪਤ ਸਮਾਜ : ਐਡਵੋਕੇਟ ਅਜੀਤ ਵਰਮਾ

**ਕੋਟਕਪੂਰਾ, (ਰਛਪਾਲ ਭੁੱਲਰ)** 70 ਸਾਲ ਬੀਤ ਜਾਣ ਦੇ ਬਾਵਜੂਦ ਦੇਸ਼ ਦੀ ਸਿਆਸਤ ਵਿੱਚ ਪ੍ਰਜਾਪਤ (ਘੁਮਿਆਰ) ਭਾਈਚਾਰੇ ਨੂੰ ਬਣਦੀ ਨੁਮਾਇੰਦਗੀ ਨਾ ਮਿਲਣ ਕਾਰਨ ਸਮਾਜ ਅੰਦਰ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਜਾਪਤ ਸਮਾਜ ਸੇਵਾ ਸੁਸਾਇਟੀ ਮੋਗਾ ਦੇ ਪ੍ਰਮੁੱਖ ਆਗੂਆਂ ਅਸ਼ੋਕ ਕੁਮਾਰ ਡਾਬੋਦੀਆ, ਜੈ ਚੰਦ ਬੇਵਾਲ, ਐਡਵੋਕੇਟ ਅਜੀਤ ਵਰਮਾ, ਹੰਸਰਾਜ ਚੌਧਰੀ ਤੇ ਅਰਜਨ ਰਾਮ ਨੇ ਭਾਈਚਾਰੇ ਦੀ ਮੌਜੂਦਾ ਸਿਆਸੀ ਸਥਿੱਤੀ ਦੀ ਗੰਭੀਰ ਸਮੀਖਿਆ ਕਰਦਿਆਂ ਚਿੰਤਾ ਪ੍ਰਗਟਾਈ।ਸੁਸਾਇਟੀ ਦੇ ਇਨ੍ਹਾਂ ਆਗੂਆਂ ਨੇ ਕਿਹਾ ਕਿ ਇਹ ਬੇਹੱਦ ਦੁਖਦਾਈ ਅਤੇ ਕੌੜੀ ਸੱਚਾਈ ਹੈ ਕਿ ਪਿਛਲੇ 7 ਦਹਾਕਿਆਂ ਅਰਥਾਤ 70 ਸਾਲਾਂ ਵਿੱਚ ਪੂਰੇ ਭਾਰਤ 'ਚੋਂ ਪ੍ਰਜਾਪਤ ਸਮਾਜ ਦਾ ਕੋਈ ਵੀ ਮੈਂਬਰ ਲੋਕ ਸਭਾ ਵਿੱਚ ਬਤੌਰ ਸੰਸਦ ਮੈਂਬਰ ਨਹੀਂ ਪਹੁੰਚ ਸਕਿਆ।ਮੌਜੂਦਾ ਅੰਕੜਿਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਦੱਸਿਆ ਕਿ ਕਰੋੜਾਂ ਦੀ ਆਬਾਦੀ ਵਾਲੇ ਇਸ ਸਮਾਜ ਦੇ ਪੂਰੇ ਦੇਸ਼ ਵਿੱਚ ਇਸ ਸਮੇਂ ਸਿਰਫ਼ ਕਰੀਬ ਚਾਰ/ਪੰਜ ਵਿਧਾਇਕ ਹਨ, ਜੋ ਆਬਾਦੀ ਦੇ ਅਨੁਪਾਤ ਮੁਤਾਬਿਕ ਬਿਲਕੁਲ ਨਾ ਦੇ ਬਰਾਬਰ ਹਨ।ਉਨ੍ਹਾਂ ਕਿਹਾ ਕਿ ਜੇਕਰ ਪਰਜਾਪਤ (ਘੁਮਿਆਰ) ਭਾਈਚਾਰੇ ਨੇ ਆਪਣੇ ਹੱਕਾਂ ਅਤੇ ਹੋਂਦ ਦੀ ਲੜਾਈ ਲੜਨੀ ਹੈ, ਤਾਂ ਹੁਣ ਘਰਾਂ ਵਿੱਚ ਬੈਠਣ ਦਾ ਸਮਾਂ ਨਹੀਂ ਹੈ, ਸਗੋਂ ਆਪਣੇ ਹੱਕਾਂ ਲਈ ਮੂਹਰੇ ਆਉਣ ਦੀ ਜ਼ਰੂਰਤ ਹੈ।



## ਮਿਲਾਵਟ ਰੋਕਣ ਲਈ ਸਾਂਝੇ ਯਤਨਾਂ ਦੀ ਲੋੜ : ਪ੍ਰਮੋਦ ਗੁਪਤਾ



**ਧੂਰੀ (ਮਨੋਹਰ ਸਿੰਘ ਸੱਗੂ)** ਪੰਜਾਬ ਪ੍ਰਦੇਸ਼ ਰਿਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਮੋਦ ਗੁਪਤਾ ਨੇ ਕਿਹਾ ਹੈ ਕਿ ਖਾਦ ਪਦਾਰਥਾਂ ਵਿੱਚ ਮਿਲਾਵਟ ਰੋਕਣਾ ਕੇਵਲ ਕਾਨੂੰਨੀ ਨਹੀਂ, ਸਗੋਂ ਲੋਕਾਂ ਦੀ ਸਿਹਤ ਤੇ ਦੇਸ਼ ਦੇ ਭਵਿੱਖ ਨਾਲ ਜੁੜਿਆ ਰਾਸ਼ਟਰੀ ਮੁੱਦਾ ਹੈ।ਉਨ੍ਹਾਂ ਕਿਹਾ ਕਿ ਕਿਸਾਨ, ਉਦਯੋਗ, ਵਪਾਰੀ, ਸਰਕਾਰ ਅਤੇ ਖਪਤਕਾਰ ਸਾਰੇ ਮਿਲ ਕੇ ਹੀ ਸੁਰੱਖਿਅਤ ਤੇ ਭਰੋਸੇਯੋਗ ਖਾਦ ਪ੍ਰਣਾਲੀ ਯਕੀਨੀ ਬਣਾ ਸਕਦੇ ਹਨ। ਉਨ੍ਹਾਂ ਕਿਹਾ ਕਿ ਕੁਝ ਲੋਕਾਂ ਦੀਆਂ ਬੇਨਿਯਮੀਆਂ ਕਾਰਨ ਸਮੁੱਚੇ ਵਪਾਰੀ ਵਰਗ ਦਾ ਅਕਸ ਖ਼ਰਾਬ ਨਹੀਂ ਹੋਣਾ ਚਾਹੀਦਾ। ਜਿੱਥੇ ਵਿਗਿਆਨਕ ਜਾਂਚ ਅਤੇ ਕਾਨੂੰਨੀ ਪ੍ਰਕਿਰਿਆ ਰਾਹੀਂ ਗੜਬੜੀਆਂ ਸਾਬਤ ਹੋਣ, ਉੱਥੇ ਸਖ਼ਤ ਕਾਰਵਾਈ ਹੋਵੇ, ਜਦਕਿ ਇਮਾਨਦਾਰ ਵਪਾਰੀਆਂ ਦੀ ਸੁਰੱਖਿਆ ਤੇ ਸਨਮਾਨ ਵੀ ਯਕੀਨੀ ਬਣਾਇਆ ਜਾਵੇ। ਪ੍ਰਮੋਦ ਗੁਪਤਾ ਨੇ ਖਾਦ ਜਾਂਚ ਪ੍ਰਯੋਗਸ਼ਾਲਾਵਾਂ ਦੇ ਵਿਸਥਾਰ, ਵਿਗਿਆਨਕ ਜਾਂਚ ਪ੍ਰਣਾਲੀ ਨੂੰ ਮਜ਼ਬੂਤ ਕਰਨ, ਕਿਸਾਨਾਂ ਅਤੇ ਵਪਾਰੀਆਂ ਦੀ ਸਿਖਲਾਈ, ਜਨ-ਜਾਗਰੂਕਤਾ ਤੇ ਆਧੁਨਿਕ ਟ੍ਰੇਸਬਿਲਿਟੀ ਪ੍ਰਣਾਲੀ ਨੂੰ ਤਰਜ਼ੀਹ ਦੇਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਭਾਰਤ ਨੂੰ ਉੱਚ ਗੁਣਵੱਤਾ ਤੇ ਸੁਰੱਖਿਅਤ ਖਾਦ ਪ੍ਰਣਾਲੀ ਵਾਲਾ ਅਗੇਤਰ ਦੇਸ਼ ਬਣਾਇਆ ਜਾ ਸਕਦਾ ਹੈ।

## ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ 'ਵਰਸਿਟੀ ਨਾਲ ਸਮਝੌਤਾ ਸਾਈਨ ਕੀਤਾ

**ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਅਕਾਦਮਿਕ ਸਹਿਯੋਗ, ਖੋਜ ਅਤੇ ਸੰਸਥਾਗਤ ਵਿਕਾਸ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਨਾਲ ਇੱਕ ਸਮਝੌਤਾ ਪੱਤਰ (ਐਮਓਯੂ) ਸਾਈਨ ਕੀਤਾ ਹੈ।ਇਹ ਐਮਓਯੂ ਪ੍ਰੋ. (ਡਾ.) ਪ੍ਰਿਤਪਾਲ ਸਿੰਘ, ਵਾਈਸ ਚਾਂਸਲਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਤੇ ਪ੍ਰੋ. (ਡਾ.) ਰਤਨ ਸਿੰਘ, ਵਾਈਸ ਚਾਂਸਲਰ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੀ ਹਾਜ਼ਰੀ ਵਿੱਚ ਸਾਈਨ ਕੀਤਾ ਗਿਆ। ਸਮਝੌਤਾ ਪੱਤਰ 'ਤੇ ਪ੍ਰੋ. ਤੇਜਬੀਰ ਸਿੰਘ, ਰਜਿਸਟਰਾਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਤੇ ਡਾ. ਕੁਲਦੀਪ ਵਾਲੀਆ, ਰਜਿਸਟਰਾਰ ਤੇ ਡਾਇਰੈਕਟਰ, ਆਈ.ਕਿਊ.ਏ.ਸੀ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੇ ਦਸਤਖ਼ਤ ਕੀਤੇ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਅਫੇਅਰਜ਼ ਤੇ ਡਾ. ਅੰਕਦੀਪ ਕੌਰ ਅਟਵਾਲ, ਡਾਇਰੈਕਟਰ, ਆਈ.ਕਿਊ.ਏ.ਸੀ., ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੀ ਹਾਜ਼ਰ ਸਨ।ਇਹ ਐਮਓਯੂ ਖੋਜ, ਪਾਠਕ੍ਰਮ ਵਿਕਾਸ, ਫੈਕਲਟੀ ਵਿਕਾਸ, ਹੁਨਰ-ਆਧਾਰਿਤ ਸਿੱਖਿਆ ਤੇ ਸਰੋਤਾਂ ਦੀ ਸਾਂਝ ਨੂੰ ਉਤਸ਼ਾਹਤ ਕਰੇਗਾ।ਇਸ ਤਹਿਤ ਦੋਵੇਂ ਯੂਨੀਵਰਸਿਟੀਆਂ ਵੱਲੋਂ ਵਿਦਿਆਰਥੀਆਂ, ਅਧਿਆਪਕਾਂ ਤੇ ਖੋਜਕਾਰਾਂ ਲਈ ਸਾਂਝੇ ਸੈਮੀਨਾਰ, ਕਾਨਫਰੰਸਾਂ, ਵਰਕਸ਼ਾਪਾਂ, ਫੈਕਲਟੀ ਵਿਕਾਸ ਪ੍ਰੋਗਰਾਮ ਤੇ ਖੋਜ ਪ੍ਰੋਜੈਕਟ ਆਯੋਜਿਤ ਕੀਤੇ ਜਾਣਗੇ।ਇਸ ਐਮਓਯੂ ਦੀ ਵਿਸ਼ੇਸ਼ਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਕੈਂਪਸ ਵਿੱਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਲਰਨਰ ਸਪੋਰਟ ਸੈਂਟਰ (ਐਲ.ਐਸ.ਸੀ.) ਦੀ ਸਥਾਪਨਾ ਹੈ। ਇਸ ਤੋਂ ਇਲਾਵਾ ਯੂ.ਜੀ.ਸੀ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡੁਅਲ ਡਿਗਰੀ ਪ੍ਰੋਗਰਾਮਾਂ ਦੀ ਸਹੂਲਤ ਵੀ ਉਪਲਬਧ ਕਰਵਾਈ ਜਾਵੇਗੀ।ਇਹ ਸਮਝੌਤਾ ਅਕਾਦਮਿਕ ਬੁਨਿਆਦੀ ਢਾਂਚੇ, ਫੈਕਲਟੀ ਦੀ ਮੁਹਾਰਤ, ਲਾਇਬ੍ਰੇਰੀ ਸਰੋਤਾਂ, ਪ੍ਰਯੋਗਸ਼ਾਲਾਵਾਂ ਤੇ ਸਿੱਖਣ-ਸਮੱਗਰੀ ਦੀ ਸਾਂਝ ਨੂੰ ਵੀ ਉਤਸ਼ਾਹਤ ਕਰੇਗਾ।



## ਪੁਰਾਣੀ ਮਾਰਕੀਟ ਕਮੇਟੀ ਦੀ ਇਮਾਰਤ ਬਣੀ ਨਸ਼ੇੜੀਆਂ ਦਾ ਅੱਡਾ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ )** ਪੁਰਾਣੀ ਮਾਰਕੀਟ ਕਮੇਟੀ ਦੀ ਇਮਾਰਤ ਲੰਮੇ ਸਮੇਂ ਤੋਂ ਬੇਸਹਾਰਾ ਤੇ ਖਾਲੀ ਪਈ ਹੋਣ ਕਾਰਨ ਖੰਡਰ ਦਾ ਰੂਪ ਧਾਰ ਚੁੱਕੀ ਹੈ।ਮੋਗਾ ਜ਼ਿਲ੍ਹਾ ਦੇ ਪ੍ਰਧਾਨ ਆਤਮਾ ਸਿੰਘ ਧੂੜਕੋਟ, ਜ਼ਿਲ੍ਹਾ ਜਨਰਲ ਸਕੱਤਰ ਸੁਖਚੈਨ ਸਿੰਘ ਸੋਨੀ ਨੰਗਲ, ਇਕਬਾਲ ਸਿੰਘ ਰਣਸੀਂਹ ਖੁਰਦ ਨੇ ਕਿਹਾ ਕਿ ਨਿਹਾਲ ਸਿੰਘ ਵਾਲਾ ਦੀ ਪੁਰਾਣੀ ਮਾਰਕੀਟ ਕਮੇਟੀ ਖੰਡਰ ਬਣ ਚੁੱਕੀ ਹੈ ਅਤੇ ਨਸ਼ੇੜੀਆਂ ਦਾ ਅੱਡਾ ਬਣ ਰਹੀ ਹੈ। ਇਸ ਸਬੰਧੀ ਸ਼ੇਰੇ ਏ ਪੰਜਾਬ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ, ਜ਼ਿਲ੍ਹਾ ਜਨਰਲ ਸਕੱਤਰ ਸੁਖਚੈਨ ਸਿੰਘ ਸੋਨੀ ਤੇ ਬਲਾਕ ਪ੍ਰਧਾਨ ਇਕਬਾਲ ਸਿੰਘ ਰਣਸੀਂਹ ਖੁਰਦ ਨੇ ਪੰਜਾਬ ਸਰਕਾਰ ਅਤੇ ਸਬੰਧਤ ਵਿਭਾਗ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ। ਆਗੂਆਂ ਨੇ ਕਿਹਾ ਕਿ ਇਹ ਇਮਾਰਤ ਹੁਣ ਸਮਾਜ ਵਿਰੋਧੀ ਅਨਸਰਾਂ ਤੇ ਨਸ਼ੇੜੀਆਂ ਦਾ ਅੱਡਾ ਬਣਦੀ ਜਾ ਰਹੀ ਹੈ, ਜਿਸ ਨਾਲ ਆਸ-ਪਾਸ ਦੇ ਲੋਕਾਂ, ਖਾਸ ਕਰਕੇ ਔਰਤਾਂ, ਬਜ਼ੁਰਗਾਂ ਤੇ ਬੱਚਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਇਸ ਇਮਾਰਤ ਦੀ ਸੰਭਾਲ ਜਾਂ ਇਸ ਨੂੰ ਕਿਸੇ ਲੋਕ ਭਲਾਈ ਦੇ ਕੰਮ ਲਈ ਵਰਤੋਂ ਵਿੱਚ ਨਾ ਲਿਆਂਦਾ ਗਿਆ ਤਾਂ ਭਵਿੱਖ ਵਿੱਚ ਕੋਈ ਅਣਸੁਖਾਵੀਂ ਘਟਨਾ ਵੀ ਵਾਪਰ ਸਕਦੀ ਹੈ।



## ਦੋ ਗੈਂਗਸਟਰ ਅਸਲੇ ਤੇ ਵਰਨਾ ਸਮੇਤ ਕਾਬੂ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਜ਼ਿਲ੍ਹਾ ਬਰਨਾਲਾ ਵਿੱਚ ਗੈਂਗਸਟਰਾਂ ਨੂੰ ਨੱਥ ਪਾਉਣ ਲਈ ਵਿੱਢੀ ਗਈ ਵਿਸ਼ੇਸ਼ ਮੁਹਿੰਮ ਤਹਿਤ ਪੁਲਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਦੋ ਖ਼ਤਰਨਾਕ ਗੈਂਗਸਟਰਾਂ ਨੂੰ ਅਸਲੇ ਸਮੇਤ ਗ੍ਰਿਫ਼ਤਾਰ ਕੀਤਾ ਹੈ।ਪੁਲਸ ਵਿਭਾਗ ਨੇ ਦੱਸਿਆ ਕਿ ਸੀਨੀਅਰ ਕਪਤਾਨ ਪੁਲਿਸ ਬਰਨਾਲਾ ਮੁਹੰਮਦ ਸਰਫ਼ਰਾਜ ਆਲਮ (ਆਈ.ਪੀ.ਐਸ.) ਦੇ ਸਖ਼ਤ ਦਿਸ਼ਾ-ਨਿਰਦੇਸ਼ਾਂ ਤੇ ਉਪ ਕਪਤਾਨ ਪੁਲਿਸ ਸਬ-ਡਵੀਜ਼ਨ ਸਤਵਿੰਦਰ ਸਿੰਘ ਵਿਰਕ ਪੀ.ਪੀ.ਐਸ. ਦੀ ਨਿਗਰਾਨੀ ਹੇਠ ਮੁੱਖ ਅਫ਼ਸਰ ਥਾਣਾ ਮਹਿਲ ਕਲਾਂ ਇੰਸਪੈਕਟਰ ਕੁਲਵਿੰਦਰ ਸਿੰਘ ਧਾਲੀਵਾਲ, ਕਾਊਂਟਰ ਇੰਟੈਲੀਜੈਂਸ ਬਰਨਾਲਾ ਤੇ ਸੀ.ਆਈ.ਏ. ਸਟਾਫ਼ ਦੀ ਸਾਂਝੀ ਟੀਮ ਵੱਲੋਂ ਸਵੇਰੇ ਕਰੀਬ 5:30 ਵਜੇ ਪੁਰਾਣੇ ਟੋਲ ਪਲਾਜ਼ਾ ਮਹਿਲ ਕਲਾਂ ਵਿਖੇ ਵਿਸ਼ੇਸ਼ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਸੀ।ਇਸੇ ਦੌਰਾਨ ਮਹਿਲ ਕਲਾਂ ਤੋਂ ਰਾਏਕੋਟ ਵੱਲ ਜਾ ਰਹੀ ਇੱਕ ਚਿੱਟੇ ਰੰਗ ਦੀ ਵਰਨਾ ਕਾਰ ਨੂੰ ਜਦੋਂ ਰੁਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਕਾਰ ਚਾਲਕ ਨੇ ਰੁਕਣ ਦੀ ਬਜਾਏ ਪੁਲਸ ਪਾਰਟੀ 'ਤੇ ਸਿੱਧੀ ਗੋਲੀ ਚਲਾ ਦਿੱਤੀ।ਬੈਰੀਕੇਡ ਤੋੜ ਕੇ ਫ਼ਰਾਰ ਹੋਣ ਦੀ ਕੋਸ਼ਿਸ਼ ਕੀਤੀ, ਜਿਸਦੇ ਜਵਾਬ ਵਿੱਚ ਪੁਲਸ ਵੱਲੋਂ ਵੀ ਮੁਸਤੈਦੀ ਦਿਖਾਉਂਦਿਆਂ ਜਵਾਬੀ ਫਾਇਰਿੰਗ ਕੀਤੀ ਗਈ।ਖ਼ੁਦ ਨੂੰ ਘਿਰਿਆ ਹੋਇਆ ਦੇਖ ਕੇ ਕਾਰ ਸਵਾਰ ਦੋਵੇਂ ਨੌਜਵਾਨ ਗੱਡੀ ਛੱਡ ਕੇ ਝੋਨੇ ਦੇ ਖੇਤਾਂ ਵੱਲ ਦੌੜਨ ਲੱਗੇ, ਜਿੱਥੇ ਡਰਾਈਵਰ ਵੱਲੋਂ ਪੁਲਸ 'ਤੇ ਮੁੜ ਇੱਕ ਹੋਰ ਫਾਇਰ ਕੀਤਾ ਗਿਆ, ਪਰ ਪੁਲਸ ਪਾਰਟੀ ਨੇ ਦਲੇਰੀ ਨਾਲ ਪਿੱਛਾ ਕਰਕੇ ਦੋਵਾਂ ਨੂੰ ਦਬੋਚ ਲਿਆ, ਜਿਨ੍ਹਾਂ ਦੀ ਪਛਾਣ ਕਾਰ ਚਾਲਕ ਅਰਸਦੀਪ ਸਿੰਘ ਉਰਫ਼ ਅਰਸੀ ਵਾਸੀ ਬਖਤਗੜ੍ਹ, ਹਾਲ ਆਬਾਦ ਵਾਸੀ ਮਹਿਲ ਕਲਾਂ ਅਤੇ ਗੁਰਸ਼ਰਨ ਸਿੰਘ ਉਰਫ਼ ਸਰਨਾ ਵਾਸੀ ਰੌਂਤਾ, ਜ਼ਿਲ੍ਹਾ ਮੋਗਾ ਵਜੋਂ ਹੋਈ ਹੈ।ਇਨ੍ਹਾਂ ਦੇ ਕਬਜ਼ੇ ਵਿੱਚੋਂ ਪੁਲਸ ਨੇ ਇੱਕ .30 ਬੋਰ ਪਿਸਤੌਲ, ਦੋ ਜ਼ਿੰਦਾ ਕਾਰਤੂਸਾਂ ਸਮੇਤ, ਇੱਕ ਦੇਸੀ .32 ਬੋਰ ਪਿਸਤੌਲ ਦੋ ਜ਼ਿੰਦਾ ਕਾਰਤੂਸਾਂ ਸਮੇਤ, ਉਕਤ ਚਿੱਟੇ ਰੰਗ ਦੀ ਵਰਨਾ ਕਾਰ ਤੇ ਘਟਨਾ ਸਥਾਨ ਤੋਂ ਪੰਜ ਖੋਲ ਕਾਰਤੂਸ ਬਰਾਮਦ ਕੀਤੇ ਹਨ।



## ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈੱਲਪਮੈਂਟ ਦੇ ਸਹਿਯੋਗ ਨਾਲ ਆਲਮੀ ਕਾਨਫ਼ਰੰਸ 9 ਨੂੰ

**ਲੁਧਿਆਣਾ (ਐਮ ਐਸ ਭਾਟੀਆ)**-ਪੰਜਾਬੀ ਸਾਹਿਤ ਅਕਾਡਮੀ ਵੱਲੋਂ ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈਲਪਮੈਂਟ ਦੇ ਸਹਿਯੋਗ ਨਾਲ 9 ਅਗਸਤ ਨੂੰ ਪੰਜਾਬੀ ਭਵਨ ਵਿਖੇ ਅਮਨ ਕਾਨਫ਼ਰੰਸ ਕਰਾਈ ਜਾ ਰਹੀ ਹੈ।ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਦੱਸਿਆ ਕਿ ਅਮਨ ਕਾਨਫ਼ਰੰਸ ਵਿਚ ਹੀਰੋਸ਼ੀਮਾ ਤੇ ਨਾਗਾਸਾਕੀ 'ਤੇ ਹੋਏ ਪ੍ਰਮਾਣੂ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ 'ਆਲਮੀ ਜੰਗਾਂ, ਸਾਡੇ ਮਸਲੇ ਅਤੇ ਹੋਂਦ' ਵਿਸ਼ੇ 'ਤੇ ਕਾਨਫ਼ਰੰਸ ਆਯੋਜਤ ਕੀਤੀ ਜਾਵੇਗੀ।ਆਈ.ਡੀ.ਪੀ.ਡੀ. ਦੇ ਪ੍ਰਧਾਨ ਡਾ. ਅਰੁਣ ਮਿੱਤਰਾ ਨੇ ਕਿਹਾ ਕਿ ਯੁੱਧ ਕਾਰਨ ਵਾਤਾਵਰਣ ਨਾਲ ਖਿਲਵਾੜ ਹੋ ਰਿਹਾ ਹੈ।ਯੁੱਧ ਨਾਲ ਜੰਗਲਾਂ ਵਿਚ ਅੱਗ ਲੱਗਣ ਦੀਆਂ ਘਟਨਾਵਾਂ ਵਧੀਆਂ ਹਨ।ਉਨ੍ਹਾਂ ਦੱਸਿਆ ਕਾਨਫ਼ਰੰਸ ਮੌਕੇ ਹੀਰੋਸ਼ੀਮਾ ਅਤੇ ਨਾਗਾਸਾਕੀ ਬਾਰੇ ਡਾਕੂਮੈਂਟਰੀ ਫ਼ਿਲਮਾਂ ਵੀ ਵਿਖਾਈਆਂ ਜਾਣਗੀਆਂ।ਇੱਕ ਤਿਆਰੀ ਮੀਟਿੰਗ 29 ਜੁਲਾਈ ਨੂੰ ਫੇਰ ਪੰਜਾਬੀ ਭਵਨ ਵਿਚ ਹੋਵੇਗੀ। ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਕਿ ਅੱਜ-ਕੱਲ੍ਹ ਦੇ ਮਾਹੌਲ ਵਿਚ ਇਹੋ ਜਿਹੀਆਂ ਕਾਨਫ਼ਰੰਸਾਂ ਦਾ ਹੋਣ ਲਾਜ਼ਮੀ ਹੈ।ਉਨ੍ਹਾਂ ਕਿਹਾ ਅੱਜਕਲ੍ਹ ਦੀਆਂ ਜੰਗਾਂ ਬਹੁਤੀ ਵਾਰੀ ਔਰਤਾਂ ਤੇ ਬੱਚਿਆਂ ਲਈ ਨੁਕਸਾਨਦਾਇਕ ਅਤਿਸਾਬਤ ਹੋ ਰਹੀਆਂ ਹਨ।ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਦੱਸਿਆ ਕਿ ਉਪਰੋਕਤ ਕਾਨਫ਼ਰੰਸ ਦੀ ਤਿਆਰੀ ਲਈ ਪੰਜਾਬੀ ਭਵਨ ਵਿਚ ਮੀਟਿੰਗ ਰੱਖੀ ਗਈ, ਜਿਸ ਵਿੱਚ ਡਾ. ਗੁਰਇਕਬਾਲ ਸਿੰਘ, ਡਾ. ਅਰੁਣ ਮਿੱਤਰਾ, ਡਾ. ਸਿਮਰਜੀਤ ਕੌਰ ਗਿੱਲ, ਕੇ. ਸਾਧੂ ਸਿੰਘ, ਅਸ਼ਵਨੀ ਜੇਤਲੀ, ਡਾ. ਪਰਮਜੀਤ ਸਿੰਘ ਸੋਹਲ, ਤਰਲੋਚਨ ਝਾਂਡੇ, ਡਾ. ਰਜਤ ਗਰੋਵਰ, ਡਾ. ਸੂਰਜ ਢਿੱਲੋਂ, ਡਾ. ਸਵਰੂਪ ਸਿੰਘ ਸ਼ਾਮਲ ਹੋਏ ਤੇ ਵਿਚਾਰ ਵਟਾਂਦਰੇ ਵਿਚ ਹਿੱਸਾ ਲਿਆ।ਸਭ ਤੋਂ ਵੱਧ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਸੋਸ਼ਲ ਮੀਡੀਆ ਦੀ ਵਰਤੋਂ ਆਲਮੀ ਜੰਗਾਂ ਦੇ ਖ਼ਿਲਾਫ਼ ਕੀਤੀ ਜਾਵੇ।ਆਲਮੀ ਜੰਗਾਂ ਜਿੱਥੇ ਜੰਗ ਨਹੀਂ ਵੀ ਹੁੰਦੀ ਉਥੋਂ ਦੇ ਜੀਵਨ, ਰੁਜ਼ਗਾਰ ਤੇ ਜ਼ਿੰਦਗੀ ਦੇ ਪੱਧਰ ਨੂੰ ਬੁਰੀ ਤਰ੍ਹਾ ਪ੍ਰਭਾਵਤ ਕਰਦੀ ਹੈ।ਉਨ੍ਹਾਂ ਦੱਸਿਆ ਕਿ ਕਾਨਫ਼ਰੰਸ ਵਿਚ ਮੁੱਖ ਬੁਲਾਰੇ ਵਜੋਂ ਸਤਨਾਮ ਚਾਨਾ ਤੇ ਡਾ. ਸੁਖਦੇਵ ਸਿੰਘ ਸਿਰਸਾ ਕਾਨਫ਼ਰੰਸ ਦੀ ਪ੍ਰਧਾਨਗੀ ਕਰਨਗੇ। ਡਾ. ਗੁਰਇਕਬਾਲ ਸਿੰਘ ਨੇ ਕਿਹਾ ਮਨੁੱਖ ਦਾ ਇਤਿਹਾਸ ਜੰਗਾਂ ਦਾ ਇਤਿਹਾਸ ਹੈ।ਕੋਸ਼ਿਸ਼ ਇਹ ਚਾਹੀਦੀ ਹੈ ਕਿ ਇਹਨਾਂ ਨੂੰ ਘਟਾਇਆ ਕਿਵੇਂ ਜਾ ਸਕਦਾ ਹੈ।ਅਜਿਹੇ ਯਤਨਾਂ ਨਾਲ ਨੁਕਸਾਨ ਘੱਟ ਕੀਤੇ ਜਾ ਸਕਦੇ ਹਨ।ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਵੱਲੋਂ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਅਮਨ ਸ਼ਾਂਤੀ ਪਸੰਦ ਸਮੂਹ ਲੋਕਾਂ ਨੂੰ 9 ਅਗਸਤ ਨੂੰ ਹੋਣ ਵਾਲੀ ਕਾਨਫ਼ਰੰਸ 'ਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ ਦਿੱਤਾ।



## ਲੀਗਲ ਏਡ ਡਿਫੈਂਸ ਕੌਂਸਲ ਸਕੀਮ ਖਿਲਾਫ਼ ਵਕੀਲਾਂ ਦਾ ਮੋਰਚਾ ਤਿੱਖਾ

**ਸਮਾਣਾ, (ਇਕਬਾਲ ਸਿੰਘ ਬੱਲ)** ਬਾਰ ਐਸੋਸੀਏਸ਼ਨ ਵੱਲੋਂ ਲੀਗਲ ਏਡ ਡਿਫੈਂਸ ਕੌਂਸਲ ਸਕੀਮ ਦੇ ਮੌਜੂਦਾ ਸਰੂਪ ਵਿਰੁੱਧ ਵਿੱਢਿਆ ਗਿਆ ਸੰਘਰਸ਼ ਹੋਰ ਤਿੱਖਾ ਹੋ ਗਿਆ ਹੈ।3 ਜੁਲਾਈ ਤੋਂ ਚੱਲ ਰਹੇ ਨੋ ਵਰਕ ਡੇਅ ਤੋਂ ਬਾਅਦ ਵਕੀਲ ਸਾਹਿਬਾਨਾਂ ਵੱਲੋਂ ਅਣਮਿਥੇ ਸਮੇਂ ਲਈ ਲੜੀਵਾਰ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਬਾਰ ਐਸੋਸੀਏਸ਼ਨ ਦੀ ਮੀਟਿੰਗ ਪ੍ਰਧਾਨ ਨਵਦੀਪ ਸਿੰਘ ਢਿੱਲੋਂ (ਐਡਵੋਕੇਟ) ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਪੰਜਾਬ ਬਾਰ ਐਸੋਸੀਏਸ਼ਨਜ਼ (ਜੁਆਇੰਟ ਐਕਸ਼ਨ ਕਮੇਟੀ) ਵੱਲੋਂ ਲਏ ਗਏ ਫ਼ੈਸਲਿਆਂ ਦਾ ਸਰਬਸੰਮਤੀ ਨਾਲ ਪੂਰਨ ਸਮਰਥਨ ਕਰਦਿਆਂ ਇੱਕ ਵਿਸ਼ੇਸ਼ ਮਤਾ ਪਾਸ ਕੀਤਾ ਗਿਆ। ਮੀਟਿੰਗ ਦੌਰਾਨ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਨੇ ਲੀਗਲ ਏਡ ਡਿਫੈਂਸ ਕੌਂਸਲ ਸਕੀਮ 'ਤੇ ਗੰਭੀਰ ਚਿੰਤਾ ਪ੍ਰਗਟਾਈ। ਸੂਬਾ ਪੱਧਰੀ ਸੱਦੇ ਤਹਿਤ 7 ਜੁਲਾਈ ਤੋਂ ਅਦਾਲਤੀ ਕੰਮਕਾਜ ਪੂਰੀ ਤਰ੍ਹਾਂ ਬੰਦ ਰੱਖ ਕੇ ਵਕੀਲ ਸਾਹਿਬਾਨ ਭੁੱਖ ਹੜਤਾਲ 'ਤੇ ਬੈਠ ਗਏ ਹਨ। ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ ਅਤੇ ਸਾਬਕਾ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ ਨੇ ਆਖਿਆ ਕਿ ਨਵੀਂ ਪਾਲਿਸੀ ਤਹਿਤ ਸਰਕਾਰ ਮੁਕੱਦਮੇ ਵੀ ਖ਼ੁਦ ਦਰਜ ਕਰੇਗੀ ਤੇ ਦੋਸ਼ੀਆਂ ਦੀ ਪੈਰਵੀ ਵੀ ਖ਼ੁਦ ਕਰੇਗੀ, ਜਿਸ ਨਾਲ ਆਮ ਲੋਕਾਂ ਨੂੰ ਨਿਰਪੱਖ ਇਨਸਾਫ਼ ਮਿਲਣ ਦੀ ਉਮੀਦ ਖ਼ਤਮ ਹੋ ਜਾਵੇਗੀ।ਇਹ ਸੰਘਰਸ਼ ਲੋਕਾਂ ਦੇ ਹਿੱਤਾਂ ਦੀ ਰਾਖੀ ਕਰਨ ਤੇ ਵਕੀਲਾਂ ਦੇ ਰੁਜ਼ਗਾਰ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਲਈ ਕੀਤਾ ਜਾ ਰਿਹਾ ਹੈ।ਜਦੋਂ ਤੱਕ ਚੀਫ਼ ਜਸਟਿਸ ਆਫ਼ ਇੰਡੀਆ ਜਾਂ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਵੱਲੋਂ ਮੌਜੂਦਾ ਕੰਟਰੈਕਟ ਆਧਾਰਿਤ ਲੀਗਲ ਏਡ ਡਿਫੈਂਸ ਕੌਂਸਲ ਪਾਲਿਸੀ ਨੂੰ ਰੱਦ ਕਰਨ ਦੇ ਆਦੇਸ਼ ਜਾਰੀ ਨਹੀਂ ਹੁੰਦੇ, ਇਹ ਹੜਤਾਲ ਪੰਜਾਬ ਤੇ ਹਰਿਆਣਾ ਵਿੱਚ ਲਗਾਤਾਰ ਜਾਰੀ ਰਹੇਗੀ। ?ਬਾਰ ਐਸੋਸੀਏਸ਼ਨ ਸਮਾਣਾ ਨੇ ਸਮੂਹ ਜੁਡੀਸ਼ੀਅਲ (ਨਿਆਇਕ) ਤੇ ਰੈਵੇਨਿਊ (ਮਾਲ) ਅਧਿਕਾਰੀਆਂ ਨੂੰ ਅਪੀਲ ਕੀਤੀ ਹੈ ਕਿ ਨੋ ਵਰਕ ਡੇਅ ਦੇ ਮੱਦੇਨਜ਼ਰ ਕੇਸਾਂ ਦੀ ਸੁਣਵਾਈ ਅਗਲੀਆਂ ਤਾਰੀਕਾਂ 'ਤੇ ਪਾਈਆਂ ਜਾਣ ਅਤੇ ਵਕੀਲਾਂ ਦੀ ਗੈਰ-ਹਾਜ਼ਰੀ ਕਾਰਨ ਕੋਈ ਵੀ ਪ੍ਰਤੀਕੂਲ ਹੁਕਮ ਪਾਸ ਨਾ ਕੀਤਾ ਜਾਵੇ।



# ਫਾਸ਼ੀਵਾਦੀ ਮੋਦੀ ਸਰਕਾਰ ਮਜ਼ਦੂਰ ਜਮਾਤ ਦੀ ਦੁਸ਼ਮਣ: ਜਾਮਾਰਾਏ, ਪੰਡੋਰੀ



ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐਮਪੀਆਈ) ਦੀ ਭਰਵੀਂ ਮੀਟਿੰਗ ਚੀਮਾ ਖੁਰਦ ਵਿਖੇ ਗੁਰਵੇਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ, ਬਲਦੇਵ ਸਿੰਘ ਪੰਡੋਰੀ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਫਿਰਕੂ ਨੀਤੀਆਂ ਤਹਿਤ ਫਾਸ਼ੀਵਾਦੀ ਰੁਝਾਨ ਰਾਹੀਂ ਘੱਟ ਗਿਣਤੀਆਂ, ਦਲਿਤਾਂ ਤੇ ਔਰਤਾਂ 'ਤੇ ਜ਼ੁਲਮ ਕਰਕੇ ਦੇਸ਼ ਵਿਚ ਫਿਰਕੂ ਜ਼ਹਿਰ ਨੂੰ ਘੋਲਿਆ ਜਾ ਰਿਹਾ ਹੈ।ਇਨ੍ਹਾਂ ਆਗੂਆਂ ਨੇ ਕਿਹਾ ਕਿ ਅੱਜ ਸਾਡੇ ਦੇਸ਼ ਦਾ ਮਜ਼ਦੂਰ, ਕਿਸਾਨ ਤੇ ਹੋਰ ਕਿਰਤੀ ਲੋਕ ਬੁਰੀ ਤਰ੍ਹਾਂ ਨਪੀੜੇ ਜਾ ਰਹੇ ਹਨ।ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਤੰਗ ਨਜ਼ਰੀ ਨੇ ਆਮ ਮਿਹਨਤਕਸ਼ ਲੋਕਾਂ ਨੂੰ ਤਰਸ ਦੇ ਪਾਤਰ ਬਣਾ ਦਿੱਤਾ ਹੈ।ਸਾਡੇ ਦੇਸ਼ ਆਮ ਮਜ਼ਦੂਰ ਤੋਂ ਲੈ ਕੇ ਦਰਮਿਆਨੇ ਤਬਕੇ ਤੱਕ ਸਭ ਲੋਕਾਂ ਨੂੰ ਬੁਰੀ ਤਰ੍ਹਾਂ ਕਰਜ਼ੇ ਦੇ ਜੰਜਾਲ ਵਿਚ ਫਸਾਇਆ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਅਮਰੀਕਾ ਸਾਮਰਾਜ ਦੇ ਦਬਾਅ ਤਹਿਤ ਮਹਿੰਗਾ ਡੀਜ਼ਲ ਪੈਟਰੋਲ ਗੈਸ ਖਰੀਦ ਕੇ ਸਾਡੇ ਲੋਕਾਂ ਤੇ ਮਹਿੰਗਾਈ ਦਾ ਵਾਧੂ ਬੋਝ ਪਾ ਰਹੀ ਹੈ, ਜਦਕਿ ਈਰਾਨ ਰੂਸ ਤੋਂ ਸਸਤਾ ਤੇਲ ਖਰੀਦਿਆ ਜਾ ਸਕਦਾ ਹੈ।ਮੋਦੀ ਸਰਕਾਰ ਦੇ ਹੱਕ ਦੇ ਕਾਨੂੰਨ ਤੋੜ ਕੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰ ਦਿੱਤੇ।ਪੰਜਾਬ ਨਾਲ ਵੀ ਕੇਂਦਰ ਸਰਕਾਰ ਧੱਕਾ ਕਰ ਰਹੀ ਹੈ।ਚੰਡੀਗੜ੍ਹ ਪੰਜਾਬ ਤੋਂ ਪੱਕੇ ਤੌਰ ਤੇ ਖੋਹਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਪੰਜਾਬ ਦੇ ਪਾਣੀਆਂ ਤੇ ਡਾਕਾ ਮਾਰਿਆ ਜਾ ਰਿਹਾ ਹੈ। ਪੰਜਾਬ ਸਮੇਤ ਹੋਰ ਰਾਜਾਂ ਦੇ ਬਣਦੇ ਫੈਡਰਲ ਹੱਕ ਖੋਹੇ ਜਾ ਰਹੇ ਹਨ।ਵਿਰੋਧੀ ਪਾਰਟੀਆਂ ਦੇ ਐੱਮਪੀ, ਐੱਮਐੱਲਏ ਖਰੀਦ ਤੇ ਈਡੀ ਰਾਹੀਂ ਡਰਾਏ ਜਾ ਰਹੇ ਹਨ।ਕਾਰਪੋਰੇਟ ਘਰਾਣਿਆਂ ਦੇ ਘਰ ਭਰਦਿਆਂ ਆਮ ਮਿਹਨਤਕਸ਼ ਲੋਕਾਂ ਦਾ ਲਹੂ ਪੀ ਰਹੀ ਹੈ।ਇਸ ਮੌਕੇ ਜਸਨੀਲ ਸਿੰਘ ਰਸੂਲਪੁਰ ਨੇ ਦੱਸਿਆ ਕਿ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਤਰਨ ਤਾਰਨ ਵਿਖੇ ਮਨਾਇਆ ਜਾ ਰਿਹਾ ਹੈ। 15 ਅਗਸਤ ਨੂੰ ਮਜ਼ਦੂਰਾਂ ਦੀਆਂ ਜਥੇਬੰਦੀਆਂ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਸ਼ਾਲ ਇਕੱਠ ਕੀਤਾ ਜਾ ਰਿਹਾ ਹੈ, ਪਰਿਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਮੀਤਾ ਕੌਰ ਸਾਬਕਾ ਸਰਪੰਚ ਚੀਮਾ ਖੁਰਦ, ਦਿਲਜੀਤ ਕੌਰ, ਮਨਪ੍ਰੀਤ ਕੌਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਨੌਜਵਾਨ ਦੀ ਡੇਂਗੂ ਨਾਲ ਮੌਤ



ਸਰਾਏ ਅਮਾਨਤ ਖਾਂ (ਮੱਖਣ ਮਨੇਜ)- ਬਿਜਲੀ ਬੋਰਡ 'ਚ ਤਾਇਨਾਤ ਐਕਸੀਅਨ ਤਰਸੇਮ ਕੁਮਾਰ ਦਾ ਨੌਜਵਾਨ ਪੁੱਤਰ ਵਰਦਾਨ ਡੇਂਗੂ ਦੀ ਬਿਮਾਰੀ ਨਾਲ ਜੰਗ ਹਾਰ ਗਿਆ ਜਿਸਦਾ ਬੁਲਬੁਲ ਦੀਆਂ ਅੜ੍ਹੀਆਂ ਵਿਚੋਂ ਨਮ ਅੱਖਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਇਸ ਦੁੱਖ ਦੀ ਘੜੀ ਮੌਕੇ ਕਰਨਬੀਰ ਸਿੰਘ ਬੁਰਜ ਹਲਕਾ ਇੰਚਾਰਜ ਤਰਨਤਾਰਨ ਕਾਂਗਰਸ ਪਾਰਟੀ, ਕੰਚਨਪ੍ਰੀਤ ਕੌਰ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ, ਜ਼ਿਲ੍ਹਾ ਪ੍ਰਧਾਨ ਕਾਂਗਰਸ ਰਾਜਬੀਰ ਸਿੰਘ ਭੁੱਲਰ, ਸਰਪੰਚ ਮਨਜੀਤ ਕੌਰ ਬਾਠ, ਸੀਨੀਅਰ ਅਕਾਲੀ ਆਗੂ ਪੂਰਨ ਸਿੰਘ ਝਬਾਲ, ਆਪ ਆਗੂ ਵਿਕਰਮ ਸਿੰਘ ਢਿੱਲੋਂ, ਸਰਬਜੀਤ ਸਿੰਘ ਗੰਡੀਵਿੰਡ ਪ੍ਰਧਾਨ ਸਵਰਨਕਾਰ ਯੂਨੀਅਨ ਝਬਾਲ, ਸਾਬਕਾ ਗੁਰਪਾਲ ਸਿੰਘ ਜਗਤਪੁਰਾ, ਚੇਅਰਮੈਨ ਰਮਨ ਕੁਮਾਰ, ਕਾਮਰੇਡ ਦਵਿੰਦਰ ਸੋਹਲ, ਦਿਲਬਾਗ ਸਿੰਘ ਠਠਗੜ੍ਹ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਪ੍ਰਧਾਨ ਅਸ਼ੋਕ ਕੁਮਾਰ, ਨੌਨਿਹਾਲ ਸਿੰਘ ਕਸੇਲ, ਸਰਪੰਚ ਗੁਰਦੇਵ ਸਿੰਘ ਰਿਓ ਛੀਨਾ, ਬਾਂਕਾ ਮਲਕ, ਪੱਪੂ ਮਲਕ, ਮਨਜੀਤ ਸਿੰਘ ਸੋਢੀ, ਸਰਪੰਚ ਪ੍ਰਿੰਸ ਐਮਾ, ਸੁਖਦੇਵ ਬਲਕਾਰ ਸਿੰਘ ਐਮਾ, ਸਰਪੰਚ ਪ੍ਰਗਟ ਸਿੰਘ ਮਲਵਈ, ਸਰਪੰਚ ਵਰਿੰਦਰਜੀਤ ਸਿੰਘ ਹੀਰਪੁਰ, ਬਲਵਿੰਦਰ ਸਿੰਘ, ਸਾਬਕਾ ਸਰਪੰਚ ਹਰਦਿਆਲ ਸਿੰਘ, ਸਾਬਕਾ ਸਰਪੰਚ ਬਲਵਿੰਦਰ ਸਿੰਘ ਬਾਬਾ ਲੰਗਾਹ, ਬਲਵਿੰਦਰ ਸਿੰਘ, ਮਨਜਿੰਦਰ ਲਹਿਰੀ, ਗੁਰਪ੍ਰੀਤ ਸਿੰਘ ਲਾਡੀ ਪੰਜਵੜ, ਸਰਵਨ ਸਿੰਘ ਸੋਹਲ, ਰਮੇਸ਼ ਕੁਮਾਰ ਬੰਟੀ, ਨਰਿੰਦਰ ਬੂਟ ਹਾਊਸ, ਕਾਕਾ ਕਰਿਆਨਾ ਸਟੋਰ, ਰਾਜੇਸ਼ ਕੁਮਾਰ ਰਾਜੂ, ਅਜ਼ਾਦੀ ਅੰਗਰੇਜ਼ ਸਿੰਘ, ਆੜ੍ਹਤੀ ਹਰੀਸ਼ ਨੰਦਾ ਲਾਲੀ, ਲੱਖਪਾਲ ਸਿੰਘ ਲਾਲੀ ਕਸੇਲ, ਮਹਿੰਦਰ ਸਿੰਘ ਪਤਾਸਿਆਂ ਵਾਲੇ, ਹੀਰਾ ਸਿੰਘ ਮੱਲੀ ਸਮੇਤ ਬਿਜਲੀ ਬੋਰਡ ਦੇ ਮੁਲਾਜ਼ਮਾਂ ਅਤੇ ਝਬਾਲ ਦੇ ਦੁਕਾਨਦਾਰਾਂ ਨੇ ਵੀ ਅੰਤਿਮ ਸੰਸਕਾਰ 'ਚ ਸ਼ਮੂਲੀਅਤ ਕੀਤੀ।

# 'ਹਿੰਦ-ਪਾਕਿ ਦੋਸਤੀ ਮੇਲਾ 14 ਤੇ 15 ਅਗਸਤ ਨੂੰ ਕਰਵਾਇਆ ਜਾਵੇਗਾ'



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਤਿੰਨ ਦਹਾਕਿਆਂ ਤੋਂ ਹਿੰਦ-ਪਾਕਿ ਦੋਸਤੀ ਲਈ ਯਤਨਸ਼ੀਲ ਸੰਸਥਾਵਾਂ ਹਿੰਦ-ਪਾਕਿ ਦੋਸਤੀ ਮੰਚ ਅਤੇ ਫੋਕਲੋਰ ਰਿਸਰਚ ਅਕਾਦਮੀ ਵੱਲੋਂ ਆਪਣੀਆਂ ਹਮ ਖਿਆਲੀ ਸੰਸਥਾਵਾਂ ਦੇ ਨਾਲ ਮਿਲ ਕੇ ਇਸ ਸਾਲ ਵੀ 14 ਅਤੇ 15 ਅਗਸਤ ਨੂੰ ਹਿੰਦ-ਪਾਕਿ ਦੋਸਤੀ ਮੇਲਾ ਕਰਵਾਇਆ ਜਾ ਰਿਹਾ ਹੈ। ਵਿਰਸਾ ਵਿਹਾਰ ਵਿਖੇ ਹਿੰਦ-ਪਾਕਿ ਦੋਸਤੀ ਮੰਚ ਦੇ ਜਨਰਲ ਸਕੱਤਰ ਸਤਨਾਮ ਮਾਣਕ ਅਤੇ ਫੋਕਲੋਰ ਰਿਸਰਚ ਅਕਾਦਮੀ ਦੇ ਪ੍ਰਧਾਨ ਰਮੇਸ਼ ਯਾਦਵ ਦੀ ਪ੍ਰਧਾਨਗੀ ਹੇਠ ਬੈਠਕ ਹੋਈ ਜਿਸ ਵਿਚ ਕਿਸਾਨ ਆਗੂ, ਸਾਹਿਤਕਾਰਾਂ, ਲੇਖਕਾਂ ਨੇ ਸ਼ਿਰਕਤ ਕੀਤੀ ਅਤੇ ਹਿੰਦ-ਪਾਕਿ ਦੋਸਤੀ ਮੇਲੇ ਦੀ ਸਫਲਤਾ ਲਈ ਵੱਖ-ਵੱਖ ਸੁਝਾਅ ਦਿੱਤੇ ਗਏ। ਇਸ ਦੌਰਾਨ ਭਾਰਤ ਪਾਕਿਸਤਾਨ ਵਪਾਰ ਸ਼ੁਰੂ ਕਰਨ, ਕਰਤਾਰਪੁਰ ਲਾਂਘਾ ਮੁੜ ਖੋਲ੍ਹਣ ਦੀ ਮੰਗ ਕੀਤੀ ਗਈ ਅਤੇ ਇਸ ਦੇ ਨਾਲ ਹੀ ਸਰਹੱਦ ਪਾਰ ਤੋਂ ਆ ਰਹੇ ਨਸ਼ੀਲੇ ਪਦਾਰਥਾਂ, ਹਥਿਆਰਾਂ ਦੀ ਸਮੱਗਲਿੰਗ ਅਤੇ ਗੈਂਗਸਟਰਵਾਦ ਦੀ ਨਿਖੇਧੀ ਕੀਤੀ ਗਈ ਅਤੇ ਅਜਿਹੀਆਂ ਸਰਗਰਮੀਆਂ ਨੂੰ ਬੰਦ ਕਰਵਾਉਣ ਲਈ ਦੋਵੇਂ ਸਰਕਾਰਾਂ ਤੋਂ ਮੰਗ ਕੀਤੀ ਗਈ। ਇਸ ਦੌਰਾਨ ਸੰਬੋਧਨ ਕਰਦੇ ਹੋਏ ਸਤਨਾਮ ਮਾਣਕ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦੇ 95 ਫੀਸਦੀ ਲੋਕ ਦੋਵਾਂ ਮੁਲਕਾਂ 'ਚ ਅਮਨ ਸ਼ਾਂਤੀ ਅਤੇ ਭਾਈਚਾਰਕ ਸਾਂਝ ਚਾਹੁੰਦੇ ਹਨ। ਸਰਕਾਰਾਂ ਵੱਲੋਂ ਅਜਿਹੇ ਹਾਲਾਤ ਪੈਦਾ ਕੀਤੇ ਜਾ ਰਹੇ ਹਨ ਕਿ ਦੋਵਾਂ ਮੁਲਕਾਂ ਦੇ ਵਿੱਚ ਤਣਾਅ ਬਣ ਰਿਹਾ ਹੈ। ਉਨ੍ਹਾਂ ਬਣ ਰਹੇ ਹਾਲਾਤ 'ਤੇ ਚਿੰਤਾ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਜੇ ਹਾਲਾਤ ਪੈਦਾ ਕੀਤੇ ਜਾ ਰਹੇ ਹਨ ਉਹ ਕਿਸੇ ਵੱਡੀ ਪਰਮਾਣੂ ਜੰਗ ਦਾ ਰੂਪ ਅਖਤਿਆਰ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਹਿੰਦ ਪਾਕ ਦੋਸਤੀ ਮੰਚ, ਕਿਰਤੀ ਕਿਸਾਨ ਯੂਨੀਅਨ, ਕੌਮੀ ਕਿਸਾਨ ਸਭਾ, ਪੰਜਾਬ ਕਿਸਾਨ ਯੂਨੀਅਨ ਰੁਲਦੂ ਅਤੇ ਇਨ੍ਹਾਂ ਦੀਆਂ ਸਹਯੋਗੀ ਸੰਸਥਾਵਾਂ ਵੱਲੋਂ ਲਗਾਤਾਰ 30 ਸਾਲ ਤੋਂ ਭਾਰਤ ਪਾਕਿਸਤਾਨ ਦੇ ਸੰਬੰਧਾਂ 'ਚ ਸੁਧਾਰ ਦੀ ਮੰਗ ਨੂੰ ਲੈ ਕੇ ਅਤੇ ਦੋਵਾਂ ਮੁਲਕਾਂ ਦੀ ਮਿੱਤਰਤਾ ਦੀ ਕਾਮਨਾ ਕਰਦੇ ਹੋਏ ਹਰ ਸਾਲ 14 ਅਤੇ 15 ਅਗਸਤ ਨੂੰ ਹਿੰਦ-ਪਾਕਿ ਦੋਸਤੀ ਮੇਲਾ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ 14 ਅਗਸਤ ਨੂੰ ਦੁਪਹਿਰ ਦੇ ਸਮੇਂ ਸੈਮੀਨਾਰ ਕਰਵਾਇਆ ਜਾਵੇਗਾ ਅਤੇ ਇਸੇ ਦਿਨ ਰਾਤ ਨੂੰ ਭਾਰਤ ਪਾਕਿਸਤਾਨ ਸਰਹੱਦ ਉੱਤੇ ਮੋਮਬੱਤੀਆਂ ਜਗਾ ਕੇ ਦੋਵਾਂ ਮੁਲਕਾਂ ਦੇ ਬੇਹਤਰ ਸਬੰਧਾਂ ਲਈ ਕਾਮਨਾ ਕੀਤੀ ਜਾਵੇਗੀ। ਸੁਰਜੀਤ ਜੱਜ ਨੇ ਵੱਖ-ਵੱਖ ਮੁਲਕਾਂ ਦਰਮਿਆਨ ਚੱਲ ਰਹੀ ਜੰਗ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਇਸ ਵੇਲੇ ਜੰਗ ਨੂੰ ਅੰਡਾਨੀ ਅਤੇ ਅੰਬਾਨੀ ਵਰਗੇ ਵੱਡੇ ਘਰਾਣੇ ਖਾ ਰਹੇ ਹਨ ਅਤੇ ਪੰਜਾਬ 'ਤੇ ਵੀ ਉਨ੍ਹਾਂ ਦੀ ਨਜ਼ਰ ਹੈ। ਉਨ੍ਹਾਂ ਪੰਜਾਬ ਦੀਆਂ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਹਿੰਦ-ਪਾਕਿ ਦੋਸਤੀ ਦਾ ਮੁੱਦਾ ਆਪਣੇ ਚੋਣ ਮਨੋਰਥ ਵਿੱਚ ਸ਼ਾਮਿਲ ਕਰਨ। ਇਸ ਮੌਕੇ ਰਮੇਸ਼ ਯਾਦਵ ਵੱਲੋਂ ਆਈਆਂ ਸ਼ਖਸੀਅਤਾਂ ਦਾ ਸਵਾਗਤ ਕੀਤਾ ਅਤੇ 14 ਅਗਸਤ ਨੂੰ ਕਰਵਾਏ ਜਾਣ ਵਾਲੇ ਸਮਾਗਮ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਸਭ ਦਾ ਧੰਨਵਾਦ ਕਮਲਜੀਤ ਕੌਰ ਜੱਸਲ ਵੱਲੋਂ ਕੀਤਾ ਗਿਆ। ਇਸ ਮੌਕੇ ਰਮਿੰਦਰ ਸਿੰਘ ਛੀਨਾ, ਗੁਰਜਿੰਦਰ ਸਿੰਘ ਬਘਿਆੜੀ, ਬਲਬੀਰ ਸਿੰਘ ਮੂਧਲ, ਲਖਬੀਰ ਸਿੰਘ ਨਿਜਾਮਪੁਰਾ, ਹਰਜੀਤ ਸਿੰਘ ਸਰਕਾਰੀਆ, ਪਰਮਿੰਦਰ ਸਿੰਘ ਬੀ. ਕੇ. ਯੂ ਪ੍ਰਧਾਨ, ਕਮਲ ਗਿੱਲ, ਮਨਜੀਤ ਸਿੰਘ ਧਾਲੀਵਾਲ, ਸਤੀਸ਼ ਝੀਂਗਣ, ਡਾ. ਪ੍ਰਭਜੋਤ, ਹਰੀਸ਼ ਸਾਬਰੀ ਆਦਿ ਸ਼ਾਮਿਲ ਸਨ।

# ਨਸ਼ੇ ਦਾ ਟੀਕਾ ਲਗਾਉਣ ਨਾਲ ਨੌਜਵਾਨ ਦੀ ਮੌਤ



ਝਬਾਲ (ਹਰਜਿੰਦਰ ਸਿੰਘ ਸੋਨੀ)- ਸਰਾਏ ਅਮਾਨਤ ਖਾਂ ਪੁਲਸ ਨੂੰ ਪਿੰਡ ਗੰਡੀਵਿੰਡ ਦੇ ਸ਼ਮਸ਼ਾਨਘਾਟ ਨੇੜਿਓਂ ਇਕ ਨੌਜਵਾਨ ਦੀ ਸ਼ੱਕੀ ਹਾਲਤ ਵਿੱਚ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਜਿਸ ਦੀ ਪਛਾਣ ਪ੍ਰਿੰਸਦੀਪ ਸਿੰਘ ਪੁੱਤਰ ਜਿਉਣ ਸਿੰਘ ਵਾਸੀ ਸਰਾਏ ਅਮਾਨਤ ਖਾਂ ਵਜੋਂ ਹੋਈ।ਇਸ ਸਬੰਧੀ ਦੁਖੀ ਮਨ ਨਾਲ ਮ੍ਰਿਤਕ ਨੌਜਵਾਨ ਦੇ ਪਿਤਾ ਜਿਉਣ ਸਿੰਘ ਵਾਸੀ ਸਰਾਏ ਅਮਾਨਤ ਖਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਸ ਦਾ ਪੁੱਤਰ ਪ੍ਰਿੰਸਦੀਪ ਸਿੰਘ (ਉਮਰ 24 ਸਾਲ) ਜੋ ਅਜੇ ਕੁਆਰਾ ਸੀ ਅਤੇ ਮਾੜੀ ਸੰਗਤ ਵਿੱਚ ਪੈ ਕੇ ਨਸ਼ੇ ਕਰਨ ਦਾ ਆਦੀ ਹੋ ਗਿਆ ਅਤੇ ਕੱਲ ਦਾ ਘਰੋਂ ਗਿਆ ਸੀ।ਬੀਤੀ ਸ਼ਾਮ ਸਰਾਏ ਅਮਾਨਤ ਖਾਂ ਥਾਣੇ ਦੀ ਪੁਲਸ ਨੂੰ ਕਿਸੇ ਨੇ ਇਸ ਬਾਰੇ ਸੂਚਨਾ ਦਿੱਤੀ। ਜਦੋਂ ਪੁਲਸ ਨੇ ਜਾ ਕੇ ਵੇਖਿਆ ਤਾਂ ਉਸ ਨੌਜਵਾਨ ਦੀ ਪਹਿਚਾਣ ਪ੍ਰਿੰਸਦੀਪ ਸਿੰਘ ਪੁੱਤਰ ਜਿਊਣ ਸਿੰਘ ਵਾਸੀ ਸਰਾਏ ਅਮਾਨਤ ਖਾਂ ਵਜੋਂ ਹੋਈ ਜਿਸ ਦੇ ਕੋਲੋਂ ਸਰਿੰਜ ਅਤੇ ਸੂਈ ਵੀ ਮਿਲੀ।ਇਸ ਤੋਂ ਸਾਬਤ ਹੁੰਦਾ ਕਿ ਉਸ ਨੇ ਨਸ਼ੇ ਦਾ ਟੀਕਾ ਲਗਾਇਆ ਜਿਸ ਨਾਲ ਉਸ ਦੀ ਮੌਤ ਹੋ ਗਈ।ਪੁਲਸ ਨੇ ਮ੍ਰਿਤਕ ਨੌਜਵਾਨ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਕਾਨੂੰਨੀ ਕਾਰਵਾਈ ਆਰੰਭ ਕਰ ਦਿੱਤੀ ਹੈ। ਵੱਖ-ਵੱਖ ਪਿੰਡਾਂ ਦੇ ਲੋਕਾਂ ਨੇ ਦੱਸਿਆ ਕਿ ਇਸ ਸਰਹੱਦੀ ਇਲਾਕੇ ਦੇ ਵੱਖ-ਵੱਖ ਸ਼ਮਸ਼ਾਨਘਾਟਾਂ ਅਤੇ ਹੋਰ ਵੀਰਾਨ ਪਏ ਥਾਵਾਂ ਤੇ ਅਕਸਰ ਹੀ ਨੌਜਵਾਨਾਂ ਨੂੰ ਨਸ਼ੀਲੇ ਟੀਕੇ ਲਗਾਉਂਦੇ ਦੇਖਿਆ ਜਾ ਸਕਦਾ ਹੈ ਅਤੇ ਨਸ਼ਾ ਸਰੇਆਮ ਟੌਫੀਆਂ ਵਾਂਗ ਵਿਕ ਰਿਹਾ ਹੈ।ਇਸ ਸਬੰਧੀ ਥਾਣਾ ਮੁਖੀ ਰਮਨ ਕੁਮਾਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮ੍ਰਿਤਕ ਨੌਜਵਾਨ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਕਰਵਾਉਣ ਉਪਰੰਤ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨ ਦੇ ਅਧਾਰ 'ਤੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

# ਬਿਜਲੀ ਮੁਲਾਜ਼ਮਾਂ ਵੱਲੋਂ ਮੰਗਾਂ ਮੰਨਵਾਉਣ ਲਈ ਏਕੇ ਦਾ ਪ੍ਰਦਰਸ਼ਨ



ਧਾਰੀਵਾਲ/ਹਰਚੋਵਾਲ, (ਇੰਦਰਜੀਤ ਸਿੰਘ ਵਿੱਕੀ)-ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੱਦੇ ਤੇ ਸਬ ਡਵੀਜ਼ਨ ਹਰਚੋਵਾਲ ਦੇ ਸਮੂਹ ਬਿਜਲੀ ਕਰਮਚਾਰੀਆਂ ਨੇ ਆਪਣੀਆਂ ਜਾਇਜ਼ ਮੰਗਾਂ ਦੇ ਸਮਰਥਨ ਵਿੱਚ ਸਮੂਹਿਕ ਛੁੱਟੀ ਕਰਕੇ ਹੜਤਾਲ ਕੀਤੀ ਅਤੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ ਕਰਮਚਾਰੀਆਂ ਨੇ ਸਰਕਾਰ ਤੋਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਤੁਰੰਤ ਹੱਲ ਕਰਨ ਦੀ ਮੰਗ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਇੰਪਲਾਈਜ਼ ਫੈਡਰੇਸ਼ਨ ਚਾਹਲ ਦੇ ਸਰਕਲ ਆਗੂ ਗੁਰਨਾਮ ਸਿੰਘ ਲੁਬਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ। ਉਨ੍ਹਾਂ ਕਿਹਾ ਕਿ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੀ ਅਗਵਾਈ ਹੇਠ ਸਮੁੱਚੇ ਪੰਜਾਬ ਦੇ ਬਿਜਲੀ ਮੁਲਾਜ਼ਮ ਪੂਰੀ ਏਕਤਾ ਨਾਲ ਸੰਘਰਸ਼ ਕਰ ਰਹੇ ਹਨ ਅਤੇ ਜਦੋਂ ਤੱਕ ਮੰਗਾਂ ਦਾ ਸੰਤੋਸ਼ਜਨਕ ਹੱਲ ਨਹੀਂ ਹੁੰਦਾ, ਉਦੋਂ ਤੱਕ ਇਹ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦਾ ਇਹ ਅੰਦੋਲਨ ਕਿਸੇ ਨਿੱਜੀ ਹਿੱਤ ਲਈ ਨਹੀਂ, ਸਗੋਂ ਬਿਜਲੀ ਬੋਰਡ, ਮੁਲਾਜ਼ਮਾਂ ਅਤੇ ਆਮ ਬਿਜਲੀ ਖਪਤਕਾਰਾਂ ਦੇ ਹਿੱਤਾਂ ਦੀ ਰੱਖਿਆ ਲਈ ਹੈ।ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਰਣਜੀਤ ਸਿੰਘ ਬੁੱਟਰ, ਲਵਪ੍ਰੀਤ ਸਿੰਘ, ਸੰਦੀਪ ਸਿੰਘ ਬਾਜਵਾ, ਯੂਨਿਸ ਮਸੀਹ, ਦਵਿੰਦਰ ਸਿੰਘ, ਸੰਦੀਪ ਕੁਮਾਰ ਅਤੇ ਪਰਮਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਬਿਜਲੀ ਮੁਲਾਜ਼ਮ ਹਾਜ਼ਰ ਸਨ। ਸਮੂਹ ਆਗੂਆਂ ਨੇ ਇੱਕ ਸੁਰ ਵਿੱਚ ਕਿਹਾ ਕਿ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮਨਵਾਉਣ ਤੱਕ ਸੰਘਰਸ਼ ਪੂਰੀ ਏਕਤਾ, ਅਨੁਸ਼ਾਸਨ ਅਤੇ ਦ੍ਰਿੜ ਇਰਾਦੇ ਨਾਲ ਜਾਰੀ ਰੱਖਿਆ ਜਾਵੇਗਾ।

# ਸਲੀਪਰ ਬੱਸ ਦੀ ਟੱਕਰ 'ਚ ਦੋ ਨੌਜਵਾਨਾਂ ਦੀ ਮੌਤ, ਚਾਰ ਜ਼ਖ਼ਮੀ

## ਗੁੱਸੇ 'ਚ ਆਈ ਭੀੜ ਨੇ ਬੱਸ ਨੂੰ ਅੱਗ ਲਗਾ ਦਿੱਤੀ



ਪਠਾਨਕੋਟ, (ਦਵਿੰਦਰ ਸਿੰਘ): ਪਠਾਨਕੋਟ-ਜਲੰਧਰ ਰਾਸ਼ਟਰੀ ਰਾਜਮਾਰਗ 'ਤੇ ਕੌਂਤਰਪੁਰ ਪਿੰਡ ਨੇੜੇ ਸਵੇਰੇ 8 ਵਜੇ ਦੇ ਕਰੀਬ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਦੋ ਨੌਜਵਾਨਾਂ ਦੀ ਮੌਤ ਹੋ ਗਈ ਅਤੇ ਚਾਰ ਹੋਰ ਗੰਭੀਰ ਜ਼ਖਮੀ ਹੋ ਗਏ।ਜ਼ਖਮੀਆਂ ਵਿੱਚ ਇੱਕ ਛੋਟੀ ਕੁੜੀ ਵੀ ਸ਼ਾਮਲ ਹੈ।ਹਾਦਸੇ ਤੋਂ ਬਾਅਦ ਗੁੱਸੇ ਵਿੱਚ ਆਈ ਭੀੜ ਨੇ ਸਲੀਪਰ ਬੱਸ ਨੂੰ ਅੱਗ ਲਗਾ ਦਿੱਤੀ।ਕੌਂਤਰਪੁਰ ਪਿੰਡ ਦੇ ਵਸਨੀਕ ਪ੍ਰਿਥਵੀਰਾਜ ਸਿੰਘ ਅਤੇ ਨਿਰਮਲ ਸਿੰਘ, ਜੋ ਮੌਕੇ 'ਤੇ ਮੌਜੂਦ ਸਨ, ਨੇ ਦੱਸਿਆ ਕਿ ਇੱਕ ਨਿੱਜੀ ਕੰਪਨੀ ਦੀ ਸਲੀਪਰ ਬੱਸ ਜਲੰਧਰ ਤੋਂ ਪਠਾਨਕੋਟ ਜਾ ਰਹੀ ਸੀ।ਬੱਸ ਨੇ ਪਹਿਲਾਂ ਸਕੂਟਰ ਸਵਾਰ ਇੱਕ ਔਰਤ ਨੂੰ ਟੱਕਰ ਮਾਰ ਦਿੱਤੀ ਅਤੇ ਫਿਰ ਦੋ ਮੋਟਰਸਾਈਕਲ ਸਵਾਰਾਂ ਨੂੰ ਟੱਕਰ ਮਾਰ ਦਿੱਤੀ।ਹਾਦਸਾ ਇੰਨਾ ਭਿਆਨਕ ਸੀ ਕਿ ਦੋ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਚਾਰ ਹੋਰ ਗੰਭੀਰ ਜ਼ਖਮੀ ਹੋ ਗਏ।ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਇਹ ਹਾਦਸਾ ਬੱਸ ਡਰਾਈਵਰ ਦੀ ਲਾਪਰਵਾਹੀ ਅਤੇ ਤੇਜ਼ ਰਫ਼ਤਾਰ ਕਾਰਨ ਹੋਇਆ ਹੈ। ਉਨ੍ਹਾਂ ਡਰਾਈਵਰ ਅਤੇ ਸਬੰਧਤ ਕੰਪਨੀ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ।ਹਾਦਸੇ ਦੀ ਜਾਣਕਾਰੀ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਨੂੰ ਕਾਬੂ ਹੇਠ ਕਰ ਲਿਆ। ਪੁਲਸ ਸੁਪਰਡੈਂਟ (ਐੱਸਪੀ) ਗੁਰ ਇਕਬਾਲ ਸਿੰਘ ਨੇ ਦੱਸਿਆ ਕਿ ਹਾਦਸੇ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਅਤੇ ਚਾਰ ਜ਼ਖਮੀ ਹੋ ਗਏ।ਹਾਦਸੇ ਤੋਂ ਬਾਅਦ ਗੁੱਸੇ ਵਿੱਚ ਆਈ ਭੀੜ ਨੇ ਬੱਸ ਨੂੰ ਅੱਗ ਲਗਾ ਦਿੱਤੀ।ਬੱਸ ਡਰਾਈਵਰ ਮੌਕੇ 'ਤੇ ਭੱਜ ਗਿਆ ਅਤੇ ਪੁਲਸ ਟੀਮਾਂ ਉਸਦੀ ਭਾਲ ਲਈ ਛਾਪੇਮਾਰੀ ਕਰ ਰਹੀਆਂ ਹਨ।ਪੁਲਸ ਸੁਪਰਡੈਂਟ (ਐੱਸਪੀ) ਨੇ ਦੱਸਿਆ ਕਿ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਨਤੀਜਿਆਂ ਦੇ ਆਧਾਰ 'ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਹਾਦਸੇ ਕਾਰਨ ਰਾਸ਼ਟਰੀ ਰਾਜਮਾਰਗ 'ਤੇ ਕੁਝ ਸਮੇਂ ਲਈ ਆਵਾਜਾਈ ਪ੍ਰਭਾਵਿਤ ਰਹੀ।ਬੱਸ ਨੂੰ ਅੱਗ ਲੱਗਣ ਦੀ ਸੂਚਨਾ ਮਿਲਣ 'ਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ।ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਤੁਰੰਤ ਕਾਰਵਾਈ ਕਰਦਿਆਂ ਅੱਗ ਬੁਝਾਈ ਅਤੇ ਇਸਨੂੰ ਹੋਰ ਫੈਲਣ ਤੋਂ ਰੋਕਿਆ।ਇਸ ਦੌਰਾਨ ਐੱਸਐੱਸਪੀ ਪਠਾਨਕੋਟ ਦਲਜਿੰਦਰ ਸਿੰਘ ਢਿੱਲੋਂ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ ਨੰਗਲ ਭੌਰ ਪੁਲਸ ਸਟੇਸ਼ਨ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਬੱਸ ਡਰਾਈਵਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਹੋਰ ਜਾਂਚ ਜਾਰੀ ਹੈ।

# ਵਰ੍ਹਦੇ ਮੀਂਹ 'ਚ ਲੋਕ ਮਿਲਣੀ; ਸਰਕਾਰ ਵੱਲੋਂ ਹਰ ਵਾਅਦਾ ਪੂਰਾ ਕਰਨ ਦੀ ਵਚਨਬੱਧਤਾ ਦੁਹਰਾਈ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਵਰ੍ਹਦੇ ਮੀਂਹ ਵਿੱਚ ਲੋਕ ਮਿਲਣੀ ਦੌਰਾਨ ਪਿੰਡ ਬੋਪਾਰਾਏ ਵਿਖੇ ਮਾਰਕੀਟ ਕਮੇਟੀ ਮਜੀਠਾ ਦੇ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ ਵੱਲੋਂ ਆਯੋਜਿਤ ਕੀਤੀ ਗਈ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਪੂਰੀ ਇਮਾਨਦਾਰੀ ਅਤੇ ਦ੍ਰਿੜ੍ਹ ਇਰਾਦੇ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਰਕਾਰੀ ਸਹੂਲਤਾਂ ਅਤੇ ਲੋਕ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਹੈ।ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਰੋਜ਼ਗਾਰ ਅਤੇ ਭ੍ਰਿਸ਼ਟਾਚਾਰ ਖ਼ਿਲਾਫ਼ ਕਾਰਵਾਈ ਵਰਗੇ ਖੇਤਰਾਂ ਵਿਚ ਮਹੱਤਵਪੂਰਨ ਕੰਮ ਕੀਤੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡਾਂ ਦੇ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ, ਕਿਸਾਨਾਂ ਦੀ ਭਲਾਈ ਅਤੇ ਔਰਤਾਂ ਦੇ ਸਸ਼ਕਤੀਕਰਨ ਲਈ ਕਈ ਅਹਿਮ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਸਕੀਮਾਂ ਬਾਰੇ ਘਰ-ਘਰ ਜਾ ਕੇ ਲੋਕਾਂ ਨੂੰ ਜਾਣੂ ਕਰਵਾਉਣ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਇੱਕਜੁੱਟ ਹੋ ਕੇ ਕੰਮ ਕਰਨ। ਇਸ ਮੌਕੇ ਉਨ੍ਹਾਂ ਨੇ ਪਿੰਡ ਵਾਸੀਆਂ ਦੀਆਂ ਦੁੱਖ ਤਕਲੀਫਾਂ ਨੂੰ ਬਹੁਤ ਹੀ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਮਾਰਕੀਟ ਕਮੇਟੀ ਮਜੀਠਾ ਦੇ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ ਵੱਲੋਂ ਤਲਬੀਰ ਸਿੰਘ ਗਿੱਲ ਨੂੰ ਪਿੰਡ ਬੋਪਾਰਾਏ ਵਿੱਚ ਆ ਕੇ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

# 23, 24 ਨੂੰ ਸਮੂਹਿਕ ਛੁੱਟੀ 'ਚ ਜਾਇੰਟ ਫੋਰਮ ਤੇ ਏਕਤਾ ਮੰਚ ਦੀ ਕਾਲ ਅਨੁਸਾਰ ਵਾਧਾ



ਬਿਆਸ (ਪਰਮਜੀਤ ਸਿੰਘ ਰੱਖੜਾ)-ਸਬ-ਡਵੀਜ਼ਨ ਰਈਆ ਦੇ ਮੁਲਾਜ਼ਮ ਸਾਥੀਆਂ ਵੱਲੋਂ ਬੁੱਧਵਾਰ ਦੂਸਰੇ ਦਿਨ ਵੀ ਜਾਇੰਟ ਫੋਰਮ ਅਤੇ ਏਕਤਾ ਮੰਚ ਸਾਂਝੇ ਥੜੇ ਵੱਲੋਂ ਉਲੀਕੇ ਗਏ ਪ੍ਰੋਗਰਾਮ ਅਨੁਸਾਰ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਦੀ ਘਟੀਆ ਮੈਨੇਜਮੈਂਟ ਵੱਲੋਂ ਜੋ ਕਿ ਪਿਛਲੇ ਲੰਮੇ ਸਮੇਂ ਤੋਂ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਅਹਿਮ ਮੰਗਾਂ ਨੂੰ ਸਰਕਾਰਾਂ ਵੱਲੋਂ ਅੱਖੋਂ-ਪਰੋਖੇ ਕੀਤਾ ਜਾ ਰਿਹਾ ਹੈ, ਜਿਵੇਂ ਕਿ ਪੇ ਬੈਂਡ ਲਾਗੂ , 18% ਡੀ ਏ ਕਿਸ਼ਤ, ਪੁਰਾਣੀ ਪੈਨਸ਼ਨ ਬਹਾਲੀ ਕਰਵਾਉਣਾ, ਬਰਾਬਰ ਕੰਮ ਬਰਾਬਰ ਤਨਖਾਹ, ਸੀ ਆਰ ਏ ਦੇ ਕੰਟਰੈਕਟ ਸਮੇਂ ਨੂੰ ਰੈਗੂਲਰ ਸੇਵਾ ਵਿਚ ਜੋੜਨਾ ਤੇ ਹੋਰ ਅਹਿਮ ਮੰਗਾਂ ਨੂੰ ਮੰਨਵਾਉਣ ਲਈ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ 23-24 ਨੂੰ ਸਮੂਹਿਕ ਛੁੱਟੀ ਵਿੱਚ ਜਾਇੰਟ ਫੋਰਮ ਅਤੇ ਏਕਤਾ ਮੰਚ ਦੀ ਕਾਲ ਅਨੁਸਾਰ ਵਾਧਾ ਕੀਤਾ ਗਿਆ। ਸੰਘਰਸ਼ ਵਿਚ ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਜਥੇਬੰਦੀ ਮੰਡਲ ਪ੍ਰਧਾਨ ਸਰਿੰਦਰ ਸਿੰਘ ਕੰਗ, ਡਿਪਟੀ ਜਨਰਲ ਸਕੱਤਰ ਪਵਨ ਕੁਮਾਰ ਰਈਆ, ਮੰਡਲ ਸਕੱਤਰ ਹਰਜੀਤ ਸਿੰਘ, ਸਬ ਡਵੀਜ਼ਨ ਪ੍ਰਧਾਨ ਹਰਜਿੰਦਰ ਸਿੰਘ, ਸਕੱਤਰ ਗੁਰਵਿੰਦਰ ਸਿੰਘ, ਗੁਰਮੁੱਖ ਸਿੰਘ ਪ੍ਰਧਾਨ ਕਰਮਚਾਰੀ ਦਲ, ਅਵਤਾਰ ਸਿੰਘ ਖੋਜਕੀਪੁਰ, ਲਵਪ੍ਰੀਤ ਸਿੰਘ ਕੈਸ਼ੀਅਰ, ਕੁਲਦੀਪ ਕੁਮਾਰ, ਵਰੁਨਦੀਪ ਸਿੰਘ, ਅਸ਼ੀਸ਼ ਕੁਮਾਰ ਆਰ ਏ, ਸੁਖਵਿੰਦਰ ਸਿੰਘ ਜੇ ਈ, ਗੁਰਭੇਜ ਸਿੰਘ ਨਾਗੋਕੇ, ਸਵਿੰਦਰ ਸਿੰਘ, ਹਰਜੀਤ ਸਿੰਘ ਜੇ ਈ, ਪ੍ਰਭਜੀਤ ਸਿੰਘ ਰਈਆ, ਬਲਵਿੰਦਰ ਸਿੰਘ, ਜੋਬਨਜੀਤ ਸਿੰਘ, ਸੰਦੀਪ ਕੁਮਾਰ, ਜੋਬਨਜੀਤ ਸਿੰਘ ਤੇ ਹੋਰ ਮੁਲਜ਼ਮ ਸਾਥੀਆਂ ਵੱਲੋਂ ਸਰਕਾਰਾ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

# ਭਾਰਤ-ਅਮਰੀਕਾ ਵਪਾਰ ਸੰਧੀ ਵਿਰੁੱਧ ਮੰਨਣ ਟੋਲ ਪਲਾਜ਼ੇ 'ਤੇ ਕਿਸਾਨਾਂ ਦਾ ਭਾਰੀ ਇਕੱਠ



ਝਬਾਲ (ਹਰਜਿੰਦਰ ਸਿੰਘ ਸੋਨੀ)-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ ਤੇ ਸਾਰੇ ਪੰਜਾਬ ਤਿੰਨ ਘੰਟਿਆਂ ਟੋਲ ਪਲਾਜੇ ਪਰਚੀ ਮੁਕਤ ਕੀਤੇ ਗਏ।ਇਸੇ ਸੱਦੇ ਨੂੰ ਭਰਵਾਂ ਹੁੰਗਾਰਾ ਦਿੰਦਿਆਂ ਸਥਾਨਕ ਮੰਨਣ ਪਿੰਡ ਵਾਲਾ ਟੋਲ ਪਲਾਜ਼ਾ ਪਰਚੀ ਮੁਕਤ ਕਰਨ ਲਈ ਕਿਸਾਨ ਵੱਡੀ ਗਿਣਤੀ ਵਿੱਚ ਇਕੱਠੇ ਹੋਏ।ਇਸ ਮੌਕੇ ਕਿਸਾਨ ਆਗੂਆਂ ਦਵਿੰਦਰ ਸੋਹਲ, ਰਤਨ ਸਿੰਘ ਢੰਡ, ਧਿਆਨ ਸਿੰਘ, ਹਰਦੀਪ ਸਿੰਘ ਰਸੂਲਪੁਰ, ਮਲਕੀਅਤ ਸਿੰਘ ਬਘਿਆੜੀ ਨੇ ਕਿਹਾ ਕਿ ਅੱਜ ਭਾਰਤ ਦੀ ਮੋਦੀ ਸਰਕਾਰ ਬੀ ਜੇ ਪੀ ਦੀ ਨੀਤੀ ਤਹਿਤ ਅਮਰੀਕੀ ਸਾਮਰਾਜ ਨਾਲ ਫਰੀ ਟਰੇਡ ਸਮਝੌਤੇ ਤਹਿਤ ਭਾਰਤ ਨੂੰ ਟੇਢੇ ਢੰਗ ਨਾਲ ਸਰਮਾਏਦਾਰੀ ਦੇ ਗੁਲਾਮ ਕਰਨ ਜਾ ਰਹੀ ਹੈ,ਜੋ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਟੋਲ ਪਲਾਜ਼ੇ ਤਿੰਨ ਘੰਟਿਆਂ ਲਈ ਫਰੀ ਕਰਕੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਦੱਸਣਾ ਚਾਹੁੰਦੇ ਹਾਂ ਕਿ ਕੇਂਦਰ ਦੀ ਸਰਕਾਰ ਅਮਰੀਕਾ ਸਾਮਰਾਜ ਨਾਲ ਸਮਝੌਤੇ ਤੋਂ ਬਾਜ਼ ਆਏ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਲੈਂਡ ਪੂਲਿੰਗ ਨੀਤੀ ਨੂੰ ਮੁੜ ਚਾਲੂ ਕਰਨ ਗਲਤੀ ਨਾ ਕਰੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੇਜਰ ਸਿੰਘ, ਲਾਡੀ ਸਰਪੰਚ, ਪੰਜਾਬ ਸਿੰਘ ਕਸੇਲ, ਕੁਲਬੀਰ ਸਿੰਘ ਕਸੇਲ, ਦਿਲਬਾਗ ਸਿੰਘ, ਮਲਕੀਅਤ ਸਿੰਘ ਬਘਿਆੜੀ, ਆਤਮਾ ਸਿੰਘ ਸੋਹਲ, ਅਸ਼ੋਕ ਸੋਹਲ, ਗੁਰਜੀਤ ਸਿੰਘ ਗੰਡੀਵਿੰਡ ਸਮੇਤ ਕਈ ਆਗੂ ਹਾਜ਼ਰ ਸਨ।

# ਕੱਥੂਨੰਗਲ ਟੋਲ ਪਲਾਜ਼ੇ 'ਤੇ ਕਿਸਾਨਾਂ ਦਾ ਪ੍ਰਦਰਸ਼ਨ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਨੇ ਜਸਪਾਲ ਸਿੰਘ ਨਾਗ ਕਲਾਂ, ਬਲਵਿੰਦਰ ਸਿੰਘ ਦੁਧਾਲਾ, ਜਗਜੀਵਨ ਸਿੰਘ ਤਲਵੰਡੀ ਫੁੰਮਣ, ਅਮਰੀਕ ਸਿੰਘ ਝੰਡੇਰ ਦੀ ਪ੍ਰਧਾਨਗੀ ਹੇਠ ਬਾਰਾਂ ਵਜੇ ਤੋਂ ਤਿੰਨ ਵਜੇ ਤੱਕ ਕੱਥੂਨੰਗਲ ਟੋਲ ਪਲਾਜ਼ਾ ਟੋਲ ਫ੍ਰੀ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਜਦੋਂ ਦੀ ਕੇਂਦਰ ਵਿੱਚ ਮੋਦੀ ਸਰਕਾਰ ਆਈ ਹੈ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਵਿਦਿਆਰਥੀਆਂ ਵਿਰੁੱਧ ਹਰ ਰੋਜ਼ ਮਾਰੂ ਫੈਸਲੈ ਕਰ ਰਹੀ ਹੈ। ਬੁਲਾਰਿਆਂ ਨੇ ਜੰਤਰ ਮੰਤਰ 'ਤੇ ਨੌਜਵਾਨਾਂ ਤੇ ਵਿਦਿਆਰਥੀਆਂ 'ਤੇ ਕੀਤੀ ਬੇਤਹਾਸ਼ਾ ਮਾਰ ਕੁਟਾਈ ਦਾ ਸਖਤ ਵਿਰੋਧ ਕੀਤਾ। ਇਸ ਮੌਕੇ ਲਖਵਿੰਦਰ ਸਿੰਘ ਮੰਜਿਆਂ ਵਾਲੀ, ਗੁਲਜਾਰ ਸਿੰਘ ਬਸੰਤ ਕੋਟ, ਅਮਰੀਕ ਸਿੰਘ ਝੰਡੇਰ, ਡਾ: ਪਲਵਿੰਦਰ ਸਿੰਘ ਪੰਡੋਰੀ, ਮਾ: ਹਰਭਜਨ ਸਿੰਘ ਟਰਪਈ, ਸੁੱਚਾ ਸਿੰਘ ਅਜਨਾਲਾ, ਮਾ: ਸਵਿੰਦਰ ਸਿੰਘ ਮੀਰਾਂਕੋਟ, ਰਜਿੰਦਰ ਸਿੰਘ ਤਲਵੰਡੀ, ਬਲਕਾਰ ਸਿੰਘ ਦੁਧਾਲਾ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਕਿਹਾ ਇਸ ਵਕਤ ਪੰਜਾਬ ਦੀ ਪੁਲਸ ਨਸ਼ੇ ਦੇ ਨਾਂਅ ਹੇਠ ਲੋਕਾਂ ਦੀ ਲੁੱਟ ਕਰ ਰਹੀ ਹੈ। ਇਸ ਮੌਕੇ ਉਗਰਾਹਾਂ ਕਿਸਾਨ ਜਥੇਬੰਦੀ ਨੇ ਵੱਧ ਤੋਂ ਵੱਧ ਕਿਸਾਨਾਂ ਨੂੰ ਲੈ ਕੇ ਸ਼ਮੂਲੀਅਤ ਕੀਤੀ ਅਤੇ ਆਏ ਲੋਕਾਂ ਦਾ ਧੰਨਵਾਦ ਕੀਤਾ।

# ਐੱਲ ਈ ਡੀ ਵੈਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾ ਰਹੀ ਪੰਜਾਬ ਸਰਕਾਰ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੇ ਗਏ ਵਿਸ਼ੇਸ਼ ਡਾਕੂਮੈਂਟਰੀ ਪ੍ਰੋਗਰਾਮ ਤਹਿਤ ਐੱਲ. ਈ. ਡੀ. ਸਕਰੀਨਾਂ ਵਾਲੀਆਂ ਵੈਨਾਂ ਰਾਹੀਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਅਤੇ ਸਿੱਖਿਆਵਾਂ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ।ਜ਼ਿਲ੍ਹੇ ਵਿੱਚ 4 ਵੈਨਾਂ ਵੱਲੋਂ ਰੋਜ਼ਾਨਾ ਚਾਰ ਪਿੰਡ ਕਵਰ ਕੀਤੇ ਜਾ ਰਹੇ ਹਨ ਅਤੇ ਹੁਣ ਤੱਕ ਜ਼ਿਲ੍ਹੇ ਦੇ 89 ਪਿੰਡਾਂ ਵਿੱਚ ਇਹ ਫ਼ਿਲਮ ਦਿਖਾਈ ਜਾ ਚੁੱਕੀ ਹੈ।।ਇਹ ਡਾਕੂਮੈਂਟਰੀ ਵੈਨ ਪਿੰਡ ਥਿੰਦ ਅਤੇ ਵਡਾਲਾ ਗਰੰਥੀਆਂ ਵਿਖੇ ਪਹੁੰਚੀ, ਜਿਥੇ ਵੈਨਾਂ 'ਤੇ ਲੱਗੀਆਂ ਐੱਲ. ਈ. ਡੀ. ਸਕਰੀਨਾਂ ਰਾਹੀਂ ਸਬੰਧਿਤ ਪਿੰਡਾਂ ਦੇ ਲੋਕਾਂ ਨੇ ਇਹ ਦਸਤਾਵੇਜ਼ੀ ਫ਼ਿਲਮ ਦੇਖੀ ਅਤੇ ਗੁਰੂ ਜੀ ਦੇ ਸਮਾਨਤਾ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।ਸੂਬੇ ਭਰ ਦੇ ਪਿੰਡਾਂ ਵਿੱਚ ਚਲਾਈਆਂ ਜਾ ਰਹੀਆਂ ਇਹ ਡਾਕੂਮੈਂਟਰੀ ਵੈਨਾਂ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦਾ ਹਿੱਸਾ ਹੈ।



*ਸੰਸਦ 'ਚ ਕਾਂਗਰਸ ਦੇ ਸਾਥੀ ਸੰਸਦ ਮੈਂਬਰਾਂ ਨਾਲ ਐੱਮ ਪੀ ਗੁਰਜੀਤ ਸਿੰਘ ਔਜਲਾ ਨੇ ਵੀ ਕਾਲੇ ਰੰਗ ਨੂੰ ਵਿਰੋਧ ਦੇ ਪ੍ਰਤੀਕ ਵਜੋਂ ਅਪਣਾਉਂਦਿਆਂ ਦੇਸ਼ ਭਰ ਦੇ ਵਿਦਿਆਰਥੀਆਂ ਨਾਲ ਹੋ ਰਹੀ ਨਾਇਨਸਾਫ਼ੀ, ਪੇਪਰ ਲੀਕ ਤੇ ਸਿੱਖਿਆ ਪ੍ਰਣਾਲੀ ਵਿੱਚ ਵਧ ਰਹੀਆਂ ਬੇਨਿਯਮੀਆਂ ਖ਼ਿਲਾਫ਼ ਆਪਣਾ ਰੋਸ ਦਰਜ ਕਰਵਾਇਆ। ਉਨ੍ਹਾਂ ਕਿਹਾ ਕਿ ਇਨਸਾਫ਼, ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਉਣ ਤੱਕ ਸੰਘਰਸ਼ ਜਾਰੀ ਰਹੇਗਾ। (ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)*

# ਗੁਰੂ ਰਵਿਦਾਸ ਜੀ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਪਿੰਡਾਂ 'ਚ ਬਣ ਰਹੀ ਪ੍ਰੇਰਨਾ ਦਾ ਸਰੋਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬਾ ਪੱਧਰ 'ਤੇ ਵੱਖ-ਵੱਖ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ ਅਤੇ ਮਹਾਨ ਸਿੱਖਿਆਵਾਂ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ-ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨ ਰਾਹੀਂ ਦਿਖਾਈ ਜਾ ਰਹੀ ਹੈ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਬੀਤੀ ਸ਼ਾਮ ਡਾਕੂਮੈਂਟਰੀ ਵੈਨ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਦੇਵੀਦਾਸਪੁਰਾ ਅਤੇ ਧੀਰੇਕੋਟ, ਜਦਕਿ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਬਿਆਸ ਅਤੇ ਦੋਲੋਨੰਗਲ ਵਿਖੇ ਪਹੁੰਚੀ। ਵੈਨ 'ਤੇ ਲੱਗੀ ਐੱਲ. ਈ. ਡੀ. ਸਕਰੀਨ ਰਾਹੀਂ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦੇਖੀ ਅਤੇ ਗੁਰੂ ਸਾਹਿਬ ਵੱਲੋਂ ਦਿੱਤੇ ਸਮਾਨਤਾ, ਪ੍ਰਭੂ ਭਗਤੀ, ਮਨੁੱਖਤਾ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ। ਦਸਤਾਵੇਜ਼ੀ ਫਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦੇ ਅਹਿਮ ਯੋਗਦਾਨ, ਮਨੁੱਖੀ ਕਦਰਾਂ-ਕੀਮਤਾਂ ਨੂੰ ਅਪਣਾਉਣ, ਸਮਾਜਿਕ ਬਰਾਬਰੀ, ਵਿਸ਼ਵ ਭਾਈਚਾਰੇ, ਸੇਵਾ ਅਤੇ ਮਿਹਨਤ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਉਪਦੇਸ਼ਾਂ ਨੂੰ ਆਮ ਲੋਕਾਂ, ਖਾਸ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਕੀਤਾ ਜਾ ਰਿਹਾ ਇਹ ਉਪਰਾਲਾ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਦਸਤਾਵੇਜ਼ੀ ਫਿਲਮਾਂ ਰਾਹੀਂ ਨੌਜਵਾਨਾਂ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਅਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨਾਲ ਜੋੜਨ ਵਿੱਚ ਵੱਡੀ ਮਦਦ ਮਿਲੇਗੀ। ਦਲਵਿੰਦਰਜੀਤ ਸਿੰਘ, ਆਈ.ਏ.ਐੱਸ., ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣਾ ਅਤੇ ਸਮਾਜ ਵਿੱਚ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦੇ ਮੁੱਲਾਂ ਨੂੰ ਹੋਰ ਮਜ਼ਬੂਤ ਕਰਨਾ ਹੈ। ਇਸ ਮੰਤਵ ਨਾਲ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨ ਰਾਹੀਂ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਲਗਾਤਾਰ ਜਾਰੀ ਰਹੇਗਾ।

# ਸਬ-ਇੰਸਪੈਕਟਰ ਸੁਰਜੀਤ ਸਿੰਘ ਗਿੱਲ ਡੀ ਜੀ ਪੀ ਡਿਸਕ ਨਾਲ ਸਨਮਾਨਿਤ



ਪੱਟੀ (ਸ਼ਮਸ਼ੇਰ ਸਿੰਘ ਯੋਧਾ)- ਜ਼ਿਲ੍ਹਾ ਤਰਨਤਾਰਨ ਦੇ ਐੱਸਐੱਸਪੀ ਸੁਰਿੰਦਰ ਲਾਂਬਾ ਵੱਲੋਂ ਪੰਜਾਬ ਪੁਲਸ ਵਿੱਚ ਆਪਣੀਆਂ ਸ਼ਾਨਦਾਰ ਸੇਵਾਵਾਂ, ਕਰਤੱਵਨਿਸ਼ਠਾ ਅਤੇ ਬਿਹਤਰੀਨ ਕਾਰਗੁਜ਼ਾਰੀ ਲਈ ਸਬ ਇੰਸਪੈਕਟਰ ਸੁਰਜੀਤ ਸਿੰਘ ਗਿੱਲ ਨੂੰ ਡੀਜੀਪੀ ਡਿਸਕ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐੱਸਐੱਸਪੀ ਤਰਨ ਤਾਰਨ ਨੇ ਕਿਹਾ ਕਿ ਸਬ ਇੰਸਪੈਕਟਰ ਸੁਰਜੀਤ ਸਿੰਘ ਗਿੱਲ ਬਤੌਰ ਸੀ. ਆਈ. ਏ. ਸਟਾਫ਼ ਤਰਨਤਾਰਨ ਵਿਖੇ ਤਾਇਨਾਤ ਹਨ ਅਤੇ ਉਹ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਫਰਜ਼ ਸਮਝਦੇ ਹੋਏ ਸੇਵਾਵਾਂ ਨਿਭਾ ਰਹੇ ਹਨ, ਜਿਸ ਨਾਲ ਉਨ੍ਹਾਂ ਹਮੇਸ਼ਾ ਪੁਲਸ ਮਹਿਕਮੇ ਦਾ ਮਾਣ ਵਧਾਇਆ ਹੈ।ਇਸ ਦੌਰਾਨ ਜਾਣਕਾਰੀ ਅਨੁਸਾਰ ਐੱਸ ਐੱਸ ਪੀ ਸੁਰਿੰਦਰ ਲਾਂਬਾ ਨੇ ਕਿਹਾ ਕਿ 31 ਪੁਲਸ ਕਰਮਚਾਰੀਆਂ ਨੂੰ ਡੀਜੀਪੀ ਡਿਸਕ ਨਾਲ ਸਨਮਾਨਿਤ ਕੀਤਾ ਗਿਆ ਹੈ ਤੇ ਇਸ ਤਰ੍ਹਾਂ ਦੇ ਸਨਮਾਨ ਪੁਲਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹੋਰ ਵੀ ਵਧੀਆ ਢੰਗ ਨਾਲ ਆਪਣੀ ਡਿਊਟੀ ਨਿਭਾਉਣ ਲਈ ਪ੍ਰੇਰਿਤ ਕਰਦੇ ਰਹਿਣਗੇ।ਸਨਮਾਨ ਪ੍ਰਾਪਤ ਕਰਨ ਉਪਰੰਤ ਸਬ ਇੰਸਪੈਕਟਰ ਸੁਰਜੀਤ ਸਿੰਘ ਗਿੱਲ ਨੇ ਪੰਜਾਬ ਪੁਲਸ ਦੇ ਸੀਨੀਅਰ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਆਪਣੀਆਂ ਜ਼ਿੰਮੇਵਾਰੀਆਂ ਨੂੰ ਹੋਰ ਵੀ ਵਧੀਆ ਤਰੀਕੇ ਨਾਲ ਨਿਭਾਉਂਦੇ ਰਹਿਣਗੇ।

# ਸੁਖਬੀਰ ਬਾਦਲ ਦੀ ਕੇਂਦਰ ਨੂੰ ਅਪੀਲ; ਮੁਜ਼ਾਹਰਾਕਾਰੀ ਵਿਦਿਆਰਥੀਆਂ ਦੇ ਮਸਲੇ ਜਲਦੀ ਹੱਲ ਕਰੋ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਰੋਸ ਮੁਜ਼ਾਹਰਾ ਕਰ ਰਹੇ ਵਿਦਿਆਰਥੀਆਂ, ਜਿਨ੍ਹਾਂ ਦੀ ਕੱਲ੍ਹ ਸੰਸਦ ਤੱਕ ਮਾਰਚ ਦੌਰਾਨ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ, ਦੇ ਮਸਲੇ ਜਲਦ ਹੱਲ ਕਰੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਸਾਨੂੰ ਇਹ ਗੱਲ ਧਿਆਨ ਵਿਚ ਰੱਖਣੀ ਚਾਹੀਦੀ ਹੈ ਕਿ ਇਹ ਸਾਡੇ ਬੱਚੇ ਹਨ। ਇਨ੍ਹਾਂ ਦਾ ਮੁੱਦਾ ਭਾਵੁਕ ਹੈ ਤੇ ਸਾਰਾ ਦੇਸ਼ ਇਸ ਤੋਂ ਪ੍ਰਭਾਵਿਤ ਹੈ। ਬਜਾਏ ਵਿਦਿਆਰਥੀਆਂ ਨਾਲ ਟਕਰਾਅ ਦੀ ਨੀਤੀ ਅਪਣਾਉਣ ਦੇ ਸਾਨੂੰ ਉਨ੍ਹਾਂ ਪ੍ਰਤੀ ਪਿਆਰ ਤੇ ਉਨ੍ਹਾਂ ਦਾ ਖਿਆਲ ਰੱਖਣ ਦੀ ਨੀਤੀ ਅਪਣਾਉਣੀ ਚਾਹੀਦੀਹੈ। ਜਦੋਂ ਇਕ ਵਾਰ ਡਾਂਗਾਂ ਦੀ ਥਾਂ ਪਿਆਰ ਨੇ ਲੈ ਲਈ ਤਾਂ ਮਸਲਾ ਤੁਰੰਤ ਹੱਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਸਾਰੇ ਪ੍ਰਦਰਸ਼ਨਕਾਰੀਆਂ ਭਾਵੇਂ ਉਹ ਬਿਜਲੀ ਬੋਰਡ ਦੇ ਮੁਲਾਜ਼ਮ ਹੋਣ ਜਾਂ ਫਿਰ ਮਨਰੇਗਾ ਵਰਕਰ ਸਭ 'ਤੇ ਤਸ਼ੱਦਦ ਢਾਹੁਣ ਸਮੇਤ ਬੇਰੁਖੀ ਦੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਦੀ ਆਵਾਜ਼ ਵੀ ਕੁਚਲੀ ਨਹੀਂ ਜਾਣੀ ਚਾਹੀਦੀ। ਉਹਨਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਖੇਤੀਬਾੜੀ ਬਾਰੇ ਭਾਰਤ-ਅਮਰੀਕਾ ਸਮਝੌਤੇ ਬਾਰੇ ਕਿਸਾਨਾਂ ਨਾਲ ਗੱਲਬਾਤ ਕਰਨ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਅਕਾਲੀ ਦਲ 24 ਜੁਲਾਈ ਨੂੰ ਮੀਰੀ-ਪੀਰੀ ਦਿਵਸ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸ਼ੁਰੂ ਹੋ ਰਹੇ ਖਾਲਸਾ ਮਾਰਚ ਵਿਚ ਵੱਧ ਚੜ੍ਹ ਕੇ ਭਾਗ ਲਵੇਗਾ। ਉਨ੍ਹਾਂ ਨੇ ਸ੍ਰੀ ਮੁਕਤਸਰ ਸਾਹਿਬ ਵਿਚ ਵਾਪਰੀ ਬੇਅਦਬੀ ਦੀ ਘਟਨਾ ਦੀ ਨਿਖੇਧੀ ਕੀਤੀ।

# ਈ ਟੀ ਓ ਨੇ ਕਾਲੇਕੇ-ਰਮਾਣਾ ਚੱਕ ਸੜਕ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਵਿਧਾਨ ਸਭਾ ਹਲਕਾ ਰਈਆ ਅਧੀਨ ਪਿੰਡ ਕਾਲੇਕੇ ਤੋਂ ਰਮਾਣਾ ਚੱਕ (ਵਾਇਆ ਬੇਰੀਆਂਵਾਲਾ) ਜਾਣ ਵਾਲੀ ਸੜਕ ਦੇ ਅੱਪਗ੍ਰੇਡੇਸ਼ਨ ਕਾਰਜ ਦਾ ਨੀਂਹ ਪੱਥਰ ਰੱਖਿਆ। ਪੰਜਾਬ ਸਰਕਾਰ ਵੱਲੋਂ 5.30 ਕਿਲੋਮੀਟਰ ਲੰਬੀ ਇਸ ਸੜਕ ਦੇ ਨਵੀਨੀਕਰਨ 'ਤੇ 4.55 ਕਰੋੜ ਰੁਪਏ ਦੀ ਲਾਗਤ ਆਵੇਗੀ।

ਇਸ ਮੌਕੇ ਕੈਬਨਿਟ ਮੰਤਰੀ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਵਿਸ਼ਵ-ਪੱਧਰੀ ਸੜਕੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਨਾ ਸਿਰਫ਼ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤ ਮਿਲੇਗੀ, ਸਗੋਂ ਖੇਤੀਬਾੜੀ, ਵਪਾਰ ਅਤੇ ਰੋਜ਼ਾਨਾ ਆਵਾਜਾਈ ਨੂੰ ਵੀ ਵੱਡਾ ਲਾਭ ਹੋਵੇਗਾ। ਉਨ੍ਹਾਂ ਦੱਸਿਆ ਕਿ ਸੜਕ ਦੇ ਨਿਰਮਾਣ ਲਈ ਟੈਂਡਰ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਹੈ ਅਤੇ ਪ੍ਰੋਜੈਕਟ ਨੂੰ ਅਗਲੇ ਛੇ ਮਹੀਨਿਆਂ ਵਿੱਚ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕੰਮ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸੜਕ ਦਾ ਨਿਰਮਾਣ ਨਿਰਧਾਰਤ ਤਕਨੀਕੀ ਮਾਪਦੰਡਾਂ ਅਨੁਸਾਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਚੌੜਾਈ 10 ਫੁੱਟ ਤੋਂ ਵਧਾ ਕੇ 18 ਫੁੱਟ ਕੀਤੀ ਜਾਵੇਗੀ, ਜਿਸ ਨਾਲ ਵਾਹਨਾਂ ਦੀ ਆਵਾਜਾਈ ਸੁਚਾਰੂ ਅਤੇ ਸੁਰੱਖਿਅਤ ਬਣੇਗੀ।

ਉਨ੍ਹਾਂ ਕਿਹਾ ਕਿ ਸੜਕ ਨੂੰ ਉੱਚ ਗੁਣਵੱਤਾ ਵਾਲੇ ਮਾਪਦੰਡਾਂ ਅਨੁਸਾਰ ਤਿਆਰ ਕੀਤਾ ਜਾਵੇਗਾ, ਜਿਸ ਨਾਲ ਇਸ ਦੀ ਮਜ਼ਬੂਤੀ, ਟਿਕਾਊਪਣ ਅਤੇ ਉਮਰ ਵਿੱਚ ਵਾਧਾ ਹੋਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਸੂਬੇ ਦੇ ਹਰ ਖੇਤਰ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਰਹਿਣਗੇ ਅਤੇ ਲੋਕਾਂ ਦੀ ਭਲਾਈ ਲਈ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

# ਧਿਆਨਪੁਰ ਵਿਖੇ ਮੁਫ਼ਤ ਕੈਂਪ 26 ਨੂੰ

ਬਿਆਸ (ਰੱਖੜਾ)-ਪੁਰਾਤਨ ਗੁਰਦੁਆਰਾ ਸਾਹਿਬ ਪਿੰਡ ਧਿਆਨਪੁਰ ਬਲਾਕ ਰਈਆ (ਅਮ੍ਰਿਤਸਰ) ਵਿਖੇ 'ਮਿਸ਼ਨ ਸਿਹਤਮੰਦ ਪੰਜਾਬ' ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 26 ਜੁਲਾਈ (ਐਤਵਾਰ ) ਨੂੰ ਚੈਰੀਟੇਬਲ ਲੈਬਾਰਟਰੀ ਕੈਂਪ ਰਜਿੰਦਰ ਸਿੰਘ ਸਹੋਤਾ ਜ਼ਿਲ੍ਹਾ ਪ੍ਰਧਾਨ ਸਮਾਜ ਸੇਵਾ ਹੈੱਲਪ ਲਾਈਨ ਅਤੇ ਐਂਟੀ ਕੁਰੱਪਸ਼ਨ, ਰਾਣਾ ਸਰਪੰਚ ਧਿਆਨਪੁਰ, ਸਾਬਕਾ ਸਰਪੰਚ ਮੇਜਰ ਸਿੰਘ ਅਤੇ ਸੁਖਵਿੰਦਰ ਸਿੰਘ ਮੱਤੇਵਾਲ ਪ੍ਰਧਾਨ ਸਮਾਜ ਸੇਵਕ ਸਭਾ ਰਈਆ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰਜਿੰਦਰ ਸਿੰਘ ਨੇ ਦੱਸਿਆ ਕਿ ਇਹ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲਗੇਗਾ।

ਕੈਂਪ ਵਿੱਚ ਕਿਡਨੀ ਦੇ 6 ਟੈਸਟ, ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕ੍ਰਿਏਟੀਨਿਨ, ਬਲੱਡ ਯੂਰੀਆ ਕ੍ਰਿਏਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਟੈਸਟ, ਬਲੱਡ ਗਲੂਕੋਜ਼/ ਸ਼ੂਗਰ ਦਾ ਇੱਕ ਟੈਸਟ ਆਦਿ ਬਿਲਕੁਲ ਮੁਫ਼ਤ ਕੀਤੇ ਜਾਣਗੇ। ਬਾਕੀ ਟੈਸਟਾਂ ਵੀ 75 ਪ੍ਰਤੀਸ਼ਤ ਘੱਟ ਰੇਟ ਤੇ ਕੀਤੇ ਜਾਣਗੇ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰਜਿੰਦਰ ਸਿੰਘ ਨੇ ਅਪੀਲ ਕੀਤੀ ਕਿ ਟੈਸਟ ਕਰਾਉਣ ਲਈ ਖ਼ਾਲੀ ਪੇਟ ਹੀ ਆਇਆ ਜਾਵੇ।

# ਅਮਨਦੀਪ ਕੌਰ ਨੇ ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਦੀ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸ਼੍ਰੀਮਤੀ ਅਮਨਦੀਪ ਕੌਰ ਨੇ ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲ ਲਿਆ ਹੈ ਅਤੇ ਉਨ੍ਹਾਂ ਦੇ ਨਾਲ ਵਾਈਸ ਚੇਅਰਮੈਨ ਮਨਦੀਪ ਸਿੰਘ ਗਿੱਲ ਵੀ ਮੌਜੂਦ ਸਨ।ਇਸ ਮੌਕੇ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ, ਮੁੱਖਦੇਵ ਸਿੰਘ ਆਲੋਵਾਲ, ਨਵ ਨਿਯੁਕਤ ਚੇਅਰਮੈਨ ਮਾਰਕੀਟ ਕਮੇਟੀ ਕਾਦੀਆਂ, ਚਰਨਜੀਤ ਸਿੰਘ, ਸਮੇਤ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬਲਾਕ ਸੰਮਤੀਆਂ ਦੇ ਚੇਅਰਮੈਨ ਅਤੇ ਮੈਂਬਰਾਂ ਸਮੇਤ ਵੱਖ ਵੱਖ ਸ਼ਖਸੀਅਤਾਂ ਮੌਜੂਦ ਸਨ।

ਅਹੁਦਾ ਸੰਭਾਲਣ ਉਪਰੰਤ ਅਮਨਦੀਪ ਕੌਰ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਪਰਮਾਤਮਾ ਦੀ ਮਿਹਰ ਸਦਕਾ ਉਨ੍ਹਾਂ ਨੂੰ ਵੱਡੀ ਜ਼ਿੰਮੇਵਾਰੀ ਮਿਲੀ ਹੈ ਅਤੇ ਉਹ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਸੂਬਾ ਪ੍ਰਧਾਨ ਅਮਨ ਅਰੋੜਾ, ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਜ਼ਿਲ੍ਹਾ ਪਲਾਨਿੰਗ ਬੋਰਡ ਗੁਰਦਾਸਪੁਰ ਦੇ ਚੇਅਰਮੈਨ ਅਤੇ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਦਾ ਧੰਨਵਾਦ ਕਰਦੇ ਹਨ ਕਿ ਉਨ੍ਹਾਂ ਨੇ ਮੇਰੇ 'ਤੇ ਵਿਸ਼ਵਾਸ ਪ੍ਰਗਟਾਇਆ ਤੇ ਜ਼ਿੰਮੇਵਾਰੀ ਸੌਂਪੀ।ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹੇ ਅੰਦਰ ਸਮੂਹਿਕ ਸਹਿਯੋਗ ਨਾਲ ਵਿਕਾਸ ਕਾਰਜਾਂ ਨੂੰ ਯਕੀਨੀ ਬਨਾਉਣਗੇ ਅਤੇ ਪਿੰਡਾਂ ਅੰਦਰ ਸਰਬਪੱਖੀ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕਰਵਾਏ ਜਾਣਗੇ।

ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਾਈਸ ਚੇਅਰਮੈਨ ਮਨਦੀਪ ਸਿੰਘ ਗਿੱਲ ਨੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪ ਪਾਰਟੀ ਵਲੋਂ ਦਿੱਤੀ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਿੰਡਾਂ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਚਹੁਪੱਖੀ ਵਿਕਾਸ ਕਾਰਜ ਕਰਵਾਏ ਜਾਣਗੇ।

# ਹੇਮੰਤ ਪਿੰਕੀ ਨੇ ਤਰੁਣ ਚੁੱਘ ਨੂੰ ਦਿੱਤੀ ਵਧਾਈ



ਛੇਹਰਟਾ, (ਮਨੋਜ ਕੁਮਾਰ) : ਭਾਜਪਾ ਪੰਜਾਬ ਦੇ ਸੀਨੀਅਰ ਨੇਤਾ ਤੇ ਮੀਡੀਆ ਪੈਨਲਿਸਟ ਹੇਮੰਤ ਮਹਿਰਾ ਪਿੰਕੀ ਨੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੂੰ ਰੱਖਿਆ ਮਾਮਲਿਆਂ ਬਾਰੇ ਸੰਸਦੀ ਸਲਾਹਕਾਰ ਕਮੇਟੀ ਵਿਚ ਨਾਮਜ਼ਦਗੀ 'ਤੇ ਵਧਾਈ ਤੇ ਸ਼ੁੱਭ ਕਾਮਨਾਵਾਂ ਦਿੱਤੀਆਂ ਹਨ। ਹੇਮੰਤ ਮਹਿਰਾ ਨੇ ਕਿਹਾ ਕਿ ਤਰੁਣ ਚੁੱਘ ਦਾ ਇਸ ਕਮੇਟੀ ਵਿਚ ਸ਼ਾਮਲ ਹੋਣਾ ਪੰਜਾਬ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਚੁੱਘ ਆਪਣੇ ਤਜਰਬੇ, ਦ੍ਰਿਸ਼ਟੀਕੋਣ ਤੇ ਰਾਸ਼ਟਰਵਾਦੀ ਦ੍ਰਿਸ਼ਟੀਕੋਣ ਨਾਲ ਕਮੇਟੀ ਦੇ ਕੰਮ ਵਿਚ ਮਹੱਤਵਪੂਰਨ ਯੋਗਦਾਨ ਪਾਉਣਗੇ ਅਤੇ ਹਥਿਆਰਬੰਦ ਸੈਨਾਵਾਂ ਦੇ ਹਿੱਤਾਂ ਤੇ ਦੇਸ਼ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਵਿਚ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣਗੇ।

ਉਨ੍ਹਾਂ ਕਿਹਾ ਕਿ ਪੰਜਾਬ ਨਾਇਕਾਂ ਤੇ ਫ਼ੌਜੀਆਂ ਦੀ ਧਰਤੀ ਰਹੀ ਹੈ ਅਤੇ ਤਰੁਣ ਚੁੱਘ ਦੀ ਇਸ ਮਹੱਤਵਪੂਰਨ ਕਮੇਟੀ ਵਿਚ ਨਿਯੁਕਤੀ ਨਾਲ ਪੰਜਾਬ ਦੀ ਆਵਾਜ਼ ਨੂੰ ਕੌਮੀ ਪੱਧਰ 'ਤੇ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਰੱਖਣ ਦਾ ਮੌਕਾ ਮਿਲੇਗਾ।

# ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵਾਲਿਆਂ ਵੱਲੋਂ ਬੂਟੇ ਲਗਾਉਣ ਦੀ ਸੇਵਾ ਨਿਰੰਤਰ ਜਾਰੀ



ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਜ਼ਿਲ੍ਹਾ ਤਰਨਤਾਰਨ ਅਧੀਨ ਪੈਂਦੇ ਪਿੰਡ ਸਰਹਾਲੀ ਵਿਖੇ ਪੜਾਅ ਗੁਰਦੁਆਰਾ ਸੰਤ ਬਾਬਾ ਤਾਰਾ ਸਿੰਘ ਜੀ ਦੇ ਅਸਥਾਨ 'ਤੇ ਸੰਤ ਮਹਾਂਪੁਰਖ ਬਾਬਾ ਸੁੱਖਾ ਸਿੰਘ ਜੀ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਹਰ ਸਾਲ ਬੂਟੇ ਲਗਾਏ ਜਾਂਦੇ ਹਨ।ਪਿਛਲੇ ਦੋ ਹਫਤੇ ਤੋਂ ਲਗਾਤਾਰ ਬੂਟੇ ਲਗਾਉਣ ਦੀ ਸੇਵਾ ਜਾਰੀ ਹੈ।ਸਰਹਾਲੀ ਤੋਂ ਚੋਹਲਾ ਸਾਹਿਬ ਵਾਲੀ ਸੜਕ ਦੇ ਦੋਨੋਂ ਪਾਸੇ ਬੂਟੇ ਲਗਾਉਣ ਤੋਂ ਬਾਅਦ ਹੁਣ ਸਰਹਾਲੀ ਸਾਹਿਬ ਤੋਂ ਪੱਟੀ ਰੋਡ ਤੇ ਬੂਟੇ ਲਗਾਉਣ ਦੀ ਸੇਵਾ ਕੀਤੀ ਜਾ ਰਹੀ ਹੈ।ਜ਼ਿਕਰਯੋਗ ਹੈ ਕਿ ਬਾਬਾ ਸੁੱਖਾ ਸਿੰਘ ਜੀ ਵੱਲੋਂ ਵਾਤਾਵਰਣ ਸੰਭਾਲ ਹਿੱਤ ਲਗਾਤਾਰ ਉਦਮ ਕੀਤੇ ਜਾ ਰਹੇ ਹਨ। ਉਨ੍ਹਾਂ ਵੱਲੋਂ ਜਥੇਦਾਰਾਂ ਦੀਆਂ ਡਿਊਟੀਆਂ ਲਗਾਈਆਂ ਹੋਈਆਂ ਹਨ ਕਿ ਬਰਸਾਤਾਂ ਸ਼ੁਰੂ ਹੋਣ ਤੋਂ ਪਹਿਲਾਂ ਬੂਟੇ ਲਗਾਉਣ ਦੀ ਸੇਵਾ ਨਿਰਵਿਘਨ ਨਿਭਾਈ ਜਾਵੇ।ਪਿੰਡ ਸਰਹਾਲੀ ਕਲਾਂ ਦੀ ਸੰਗਤ ਨੇ ਇਸ ਸੇਵਾ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਅਤੇ ਪਿੰਡ ਖਾਰਾ ਅਤੇ ਮੁਗਲ ਚੱਕ ਦੀ ਸੰਗਤ ਸੇਵਾ ਲਈ ਪਹੁੰਚ ਚੁੱਕੀ ਹੈ।ਉਨ੍ਹਾਂ ਕਿਹਾ ਕਿ ਲਗਾਏ ਗਏ ਬੂਟਿਆਂ ਦੀ ਸਾਂਭ ਸੰਭਾਲ ਦੀ ਸੇਵਾ ਸਾਰਾ ਸਾਲ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬੂਟਿਆਂ ਨੂੰ ਸਮੇਂ ਸਿਰ ਪਾਣੀ ਦੇਣਾ ਬਹੁਤ ਜ਼ਰੂਰੀ ਹੁੰਦਾ ਨਹੀਂ ਤਾਂ ਬੂਟੇ ਮੁਰਝਾ ਸਕਦੇ ਹਨ।

ਇਸ ਮੌਕੇ ਚੇਅਰਮੈਨ ਗੁਰਮਹਾਂਵੀਰ ਸਿੰਘ, ਜਥੇਦਾਰ ਬਾਬਾ ਹਿੰਮਤ ਸਿੰਘ, ਜਥੇਦਾਰ ਬਾਬਾ ਤਰਸੇਮ ਸਿੰਘ, ਜਥੇਦਾਰ ਬਾਬਾ ਬਲਬੀਰ ਸਿੰਘ, ਬਾਬਾ ਬਲਦੇਵ ਸਿੰਘ, ਸਰਪੰਚ ਸਾਹਿਬ ਸਿੰਘ, ਅਜੈਬ ਸਿੰਘ, ਅਰਜਨ ਸਿੰਘ, ਜਰਮਨ ਸਿੰਘ, ਗੁਰਬਾਜ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

# ਮੀਂਹ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਤੋਲਾ ਨੰਗਲ ਦੇ ਲੋਕ ਪ੍ਰੇਸ਼ਾਨ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਪਿੰਡ ਤੋਲਾ ਨੰਗਲ ਦੇ ਵਸਨੀਕਾਂ ਨੇ ਮੀਂਹ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਪੈਦਾ ਹੋਈਆਂ ਗੰਭੀਰ ਸਮੱਸਿਆਵਾਂ ਪ੍ਰਤੀ ਚਿੰਤਾ ਜ਼ਾਹਿਰ ਕਰਦਿਆਂ ਸਰਕਾਰ ਅਤੇ ਪਿੰਡ ਦੀ ਪੰਚਾਇਤ ਤੋਂ ਜਲਦੀ ਠੋਸ ਕਦਮ ਚੁੱਕਣ ਦੀ ਮੰਗ ਕੀਤੀ ਹੈ।ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਹਰ ਬਰਸਾਤ ਤੋਂ ਬਾਅਦ ਗਲੀਆਂ ਅਤੇ ਘਰਾਂ ਵਿੱਚ ਪਾਣੀ ਭਰ ਜਾਂਦਾ ਹੈ, ਜਿਸ ਕਾਰਨ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।ਪਿੰਡ ਵਾਸੀ ਸੁਖਜਿੰਦਰ ਸਿੰਘ, ਸੂਬੇਦਾਰ ਗੁਰਮੁਖ ਸਿੰਘ ਅਤੇ ਬਲਜੀਤ ਸਿੰਘ ਨੇ ਦੱਸਿਆ ਕਿ ਪਾਣੀ ਦੀ ਨਿਕਾਸੀ ਲਈ ਕੋਈ ਪੱਕਾ ਪ੍ਰਬੰਧ ਨਾ ਹੋਣ ਕਾਰਨ ਮੀਂਹ ਦਾ ਪਾਣੀ ਘਰਾਂ ਵਿੱਚ ਦਾਖ਼ਲ ਹੋ ਜਾਂਦਾ ਹੈ।ਖੜ੍ਹੇ ਪਾਣੀ ਕਾਰਨ ਮੱਖੀਆਂ ਅਤੇ ਮੱਛਰਾਂ ਦੀ ਭਰਮਾਰ ਹੋ ਰਹੀ ਹੈ, ਜਿਸ ਨਾਲ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਬਣਿਆ ਹੋਇਆ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਇਸ ਸਬੰਧੀ ਕਈ ਵਾਰ ਧਿਆਨ ਦਿਵਾਉਣ ਦੇ ਬਾਵਜੂਦ ਅਜੇ ਤੱਕ ਕੋਈ ਸਥਾਈ ਹੱਲ ਨਹੀਂ ਕੀਤਾ ਗਿਆ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਵੋਟ ਦੇ ਅਧਿਕਾਰ ਦੀ ਵਰਤੋਂ ਵਿਕਾਸ ਅਤੇ ਲੋਕ-ਹਿੱਤ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾਵੇ।ਇਸ ਮੌਕੇ ਪ੍ਰਦੀਪ ਸਿੰਘ, ਅਭਿਰਾਜ ਸਿੰਘ, ਸੁਖਜਿੰਦਰ ਸਿੰਘ ਸੁੱਖਾ, ਕਰਨਬੀਰ ਸਿੰਘ, ਸਿਮਰਨਜੀਤ ਸਿੰਘ, ਰੋਹਨਪ੍ਰੀਤ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਵੀ ਹਾਜ਼ਰ ਸਨ।

ਆਪਣਾ ਪੱਖ ਰੱਖਦਿਆਂ ਪਿੰਡ ਦੇ ਸਰਪੰਚ ਹਰਪਾਲ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਵਿਰੋਧ ਕਰਨ ਵਾਲੇ ਕੁਝ ਲੋਕਾਂ ਨੇ ਖੁਦ ਛੱਪੜਾਂ ਤੇ ਕਬਜ਼ੇ ਕੀਤੇ ਹੋਏ ਹਨ, ਜਿਸ ਕਾਰਨ ਨਿਕਾਸੀ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ।ਸਰਪੰਚ ਨੇ ਭਰੋਸਾ ਦਿਵਾਇਆ ਕਿ ਪਿੰਡ ਵਾਸੀਆਂ ਦੀ ਇਸ ਸਮੱਸਿਆ ਦਾ ਜਲਦੀ ਹੱਲ ਕਰਨ ਲਈ ਯਤਨ ਜਾਰੀ ਹਨ।

## ਬਹਿਰਾਮ ਟੋਲ ਪਲਾਜ਼ਾ ਤਿੰਨ ਘੰਟੇ ਲਈ ਕੀਤਾ ਫਰੀ



**ਬੰਗਾ (ਅਵਤਾਰ ਕਲੇਰ)**- ਸੰਯੁਕਤ ਕਿਸਾਨ ਮੋਰਚੇ ਦੀ ਕਾਲ ਤੇ ਕਿਸਾਨ ਜਥੇਬੰਦੀਆਂ, ਮਜ਼ਦੂਰ ਜਥੇਬੰਦੀਆਂ ਅਤੇ ਮੁਲਾਜ਼ਮ ਜਥੇਬੰਦੀਆਂ ਵਲੋਂ ਬਹਿਰਾਮ ਟੋਲ ਪਲਾਜ਼ਾ ਸਵੇਰੇ 11 ਤੋਂ 2 ਵਜੇ ਤੱਕ ਤਿੰਨ ਘੰਟੇ ਲਈ ਫਰੀ ਕੀਤਾ। ਜਥੇਬੰਦੀਆਂ ਦੇ ਆਗੂਆਂ ਕੁਲ ਹਿੰਦ ਕਿਸਾਨ ਸਭਾ (1936) ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਭੰਗਲ, ਗੁਰਮੁੱਖ ਸਿੰਘ ਫਰਾਲਾ, ਜੁਝਾਰ ਸਿੰਘ ਕੁੱਕੜ ਮਜਾਰਾ, ਭੁਪਿੰਦਰ ਸਿੰਘ ਬੜੈਚ, ਹਰਪਾਲ ਸਿੰਘ ਜਗਤਪੁਰ, ਰਣਜੀਤ ਸਿੰਘ ਰਟੈਂਡਾ, ਸੁਖਵਿੰਦਰ ਸਿੰਘ ਬੱਲੋਵਾਲ, ਤਰਸੇਮ ਸਿੰਘ ਬੈਂਸ, ਅਵਤਾਰ ਸਿੰਘ ਕੱਟ, ਸੁਰਿੰਦਰ ਸਿੰਘ ਮਹਿਰਮਪੁਰ, ਸਵਰਨ ਸਿੰਘ ਲਾਦੀਆਂ, ਮੋਹਣ ਸਿੰਘ, ਬੀਬੀ ਸੁਨੀਤਾ ਤਲਵੰਡੀ, ਕੁਲਦੀਪ ਸਿੰਘ, ਹਸ਼ਮਤ ਅਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਆਉਣ ਵਾਲੇ ਦਿਨਾਂ 'ਚ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕਰਨ ਜਾ ਰਹੀ ਹੈ। ਇਹ ਸਮਝੌਤਾ ਕਿਸਾਨੀ ਨੂੰ ਬਰਬਾਦ ਕਰ ਦੇਵੇਗਾ। ਜਿਸ ਨੂੰ ਰੱਦ ਕਰਵਾਉਣ ਲਈ ਕਿਸਾਨੀ ਕੋਲ ਸੰਘਰਸ਼ ਤੋਂ ਬਿਨਾਂ ਕੋਈ ਰਾਹ ਨਹੀਂ।

ਕਿਸਾਨੀ ਡੱਟ ਕੇ ਵਿਰੋਧ ਕਰਨ ਲਈ ਸਮੁਚੇ ਲੋਕਾਂ ਨੂੰ ਇਸ ਸੰਘਰਸ਼ ਵਿੱਚ ਹਿੱਸਾ ਲੈਣ ਦੀ ਅਪੀਲ ਕਰਦੀ ਹੈ। ਇਸ ਮੌਕੇ ਸੇਵਾ ਸਿੰਘ ਫਰਾਲਾ, ਬੀਬੀ ਅਮਰਜੀਤ ਕੌਰ ਚੱਕ ਗੁਰੂ, ਨਰੰਜਣ ਦਾਸ ਮੇਹਲੀ, ਰਾਮ ਆਸਰਾ, ਸੁਰਿੰਦਰ ਪਾਲ ਸਾਬਕਾ ਸਰਪੰਚ ਮੇਹਲੀ, ਦਲਵੀਰ ਰਾਮ ਨੰਬਰਦਾਰ, ਸੁਖਦੇਵ ਰਾਹੋਂ, ਗੁਰਦੀਪ ਸਿੰਘ ਦੀਪਾ, ਸੋਢੀ ਸਿੰਘ ਸਾਬਕਾ ਸਰਪੰਚ ਜਗਤਪੁਰ ਤੋਂ ਇਲਾਵਾ ਭਾਰੀ ਗਿਣਤੀ ਚ ਸਮਰਥਕ ਹਾਜ਼ਰ ਸਨ।

## ਜਨਰਲ ਕੈਟਾਗਰੀ ਦਾ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਨਿਯੁਕਤੀ ਨਾ ਕਰਨ ਖਿਲਾਫ਼ ਜਨਤਾ 'ਚ ਭਾਰੀ ਰੋਸ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੇ ਪ੍ਰਧਾਨ ਬਲਵੀਰ ਸਿੰਘ ਫਗਲਾਣਾ ਜਨਰਲ ਸਕੱਤਰ ਜਗਤਾਰ ਸਿੰਘ ਭੁੰਗਰਨੀ, ਗੁਰਦਿਆਲ ਸਿੰਘ ਜਲਵੇੜਾ, ਜਗਦੀਸ਼ ਸਿੰਗਲਾ, ਕੁਲਜੀਤ ਰਟੌਲ, ਜਸਬੀਰ ਸਿੰਘ ਗੜਾਂਗ, ਸਤਨਾਮ ਸਿੰਘ ਚਿੰਦੂ, ਜਸਵਿੰਦਰ ਸਿੰਘ ਸੰਘਾ, ਮਾਸਟਰ ਮਲਕੀਤ ਸਿੰਘ ਪ੍ਰਡੋਰੀ, ਬਲਵਿੰਦਰ ਸਿੰਘ ਭਾਮ, ਬਲਵੀਰ ਸਿੰਘ ਤੰਬੜ, ਜਸਬੀਰ ਸਿੰਘ ਭਾਮ, ਵਰਿੰਦਰ ਸਿੰਘ ਭਿੰਡਰ, ਲਖਬੀਰ ਸਿੰਘ ਪੱਟੀ, ਤਰਲੋਚਨ ਸਿੰਘ ਪੱਟੀ, ਵੱਲੋਂ ਪੰਜਾਬ ਸਰਕਾਰ ਦੀ ਨਿੰਦਾ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਬੋਰਡਾਂ ਕਾਰਪੋਰੇਸ਼ਨ ਅਤੇ ਵੱਖ ਵੱਖ ਜਾਤੀਆਂ ਨਾਲ ਸੰਬੰਧਿਤ ਕਮਿਸ਼ਨਰ ਬੋਰਡਾਂ ਦੇ ਚੇਅਰਪਰਸਨ ਵਾਈਸ ਚੇਅਰ ਪਰਸਨ ਅਤੇ ਮੈਂਬਰ ਨਿਯੁਕਤ ਕੀਤੇ ਜਾ ਰਹੇ ਹਨ, ਪ੍ਰੰਤੂ ਮਾਨ ਸਰਕਾਰ ਵੱਲੋਂ ਪੰਜਾਬ ਸਟੇਟ ਕਮਿਸ਼ਨ ਫਾਰ ਜਨਰਲ ਕੈਟਾਗਰੀ ਦਾ ਚੇਅਰਮੈਨ ਵਾਈਸ ਚੇਅਰਮੈਨ ਅਤੇ ਮੈਂਬਰਾਂ ਦੀ ਨਿਯੁਕਤੀ ਨਾ ਕਰਨ ਨਾਲ ਸਰਕਾਰ ਦਾ ਜਨਰਲ ਵਰਗ ਵਿਰੋਧੀ ਚਿਹਰਾ ਸਾਹਮਣੇ ਆਇਆ ਹੈ। ਮੁੱਖ ਮੰਤਰੀ ਪੰਜਾਬ ਸਮੇਤ ਲਗਭਗ ਸਾਰੇ ਹੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਕੈਬਨਟ ਮੰਤਰੀ ਅਤੇ ਐਮ ਐਲ ਏ ਨੂੰ ਵਾਰ ਵਾਰ ਮੰਗ ਪੱਤਰ ਦਿੱਤੇ ਗਏ ਹਨ, ਪ੍ਰੰਤੂ



ਜਨਰਲ ਵਰਗ ਨਾਲ ਸੰਬੰਧਿਤ ਕਮਿਸ਼ਨ ਦਾ ਚੇਅਰਮੈਨ ਸੰਯੁਕਤ ਨਾ ਕਰਕੇ ਜਨਰਲ ਵਰਗ ਨਾਲ ਵੱਡਾ ਧੋਖਾ ਹੈ। ਆਗੂਆਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਸਰਕਾਰ ਵੱਲੋਂ ਦੋ ਦਿਨ ਪਹਿਲਾਂ ਹੀ ਲਗਭਗ ਸਾਰੇ ਬੋਰਡਾਂ ਕਾਰਪੋਰੇਸ਼ਨਾਂ ਅਤੇ ਵੱਖ ਵੱਖ ਜਾਤੀਆਂ ਨਾਲ ਸੰਬੰਧਿਤ ਚੇਅਰਮੈਨ ਨਿਯੁਕਤ ਕਰਨ ਸਬੰਧੀ ਹੁਕਮ ਜਾਰੀ ਕੀਤੇ ਹਨ। ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਜਨਰਲ ਕੈਟਾਗਰੀ ਵੈਲਫੇਅਰ ਫੈਡਰੇਸ਼ਨ ਪੰਜਾਬ, ਜੱਟ ਮਹਾਂ ਸਭਾ, ਪੰਜਾਬ ਖੱਤਰੀ ਮਹਾਂ ਸਭਾ ਅਤੇ ਬ੍ਰਾਹਮਣ ਸਭਾ ਪੰਜਾਬ ਵਲੋਂ 26 ਤਰੀਕ ਨੂੰ ਸੰਗਰੂਰ ਵਿਖੇ ਇੱਕ ਵੱਡੀ ਮੀਟਿੰਗ ਕਰਕੇ ਆਉਣ ਵਾਲੇ ਸਮੇਂ ਵਿੱਚ ਤਿੱਖਾ ਸੰਘਰਸ਼ ਕਰਨ ਲਈ ਪ੍ਰੋਗਰਾਮ ਉਲੀਕਿਆ ਜਾਵੇਗਾ।

## ਮਿਸ਼ਨ ਸਵਸਥ ਕਵਚ ਨਾਲ ਸਿਹਤ ਜਾਗਰੂਕਤਾ ਨੂੰ ਮਿਲੇਗੀ ਨਵੀਂ ਦਿਸ਼ਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਅਤੇ ਦਯਾਨੰਦ ਮੈਡੀਕਲ ਕਾਲਜ ਐਂਡ ਹਸਪਤਾਲ ਲੁਧਿਆਣਾ ਦੇ ਸਾਂਝੇ ਉਪਰਾਲੇ ਨਾਲ ਮੰਗਲਵਾਰ ਨੂੰ ਡੀ.ਏ.ਵੀ. ਬੀ.ਐਡ. ਕਾਲਜ, ਹੁਸ਼ਿਆਰਪੁਰ ਵਿਖੇ ਮਿਸ਼ਨ ਸਵਸਥ ਕਵਚ ਦੀ ਸ਼ੁਰੂਆਤ ਕੀਤੀ ਗਈ ਅਤੇ ਸਿਖਲਾਈ ਸੈਸ਼ਨ ਵੀ ਕਰਵਾਇਆ ਗਿਆ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨਿਧੀ ਕੁਮੁਦ ਬੰਬਾਹ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਏ ਡੀ ਸੀ ਨੇ ਕਿਹਾ ਕਿ ਮਿਸ਼ਨ ਸਵਸਥ ਕਵਚ ਦਾ ਉਦੇਸ਼ ਲੋਕਾਂ ਵਿੱਚ ਸਿਹਤ ਸੰਬੰਧੀ ਜਾਗਰੂਕਤਾ ਵਧਾਉਣਾ, ਬਿਮਾਰੀਆਂ ਦੀ ਸਮੇਂ ਸਿਰ ਪਛਾਣ ਯਕੀਨੀ ਬਣਾਉਣਾ ਅਤੇ ਸਮਾਜ ਨੂੰ ਜੀਵਨ ਰੱਖਿਅਕ ਹੁਨਰਾਂ ਨਾਲ ਸਸ਼ਕਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸਿਹਤਮੰਦ ਸਮਾਜ ਦੀ ਉਸਾਰੀ ਵਿੱਚ ਲੋਕ ਭਾਗੀਦਾਰੀ ਅਤੇ ਜਾਗਰੂਕਤਾ ਸਭ ਤੋਂ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਪ੍ਰੋਗਰਾਮ ਦੌਰਾਨ ਭਾਗੀਦਾਰਾਂ ਨੂੰ ਕਾਰਡੀਓ ਪਲਮੋਨਰੀ ਰੀਸਸਿਟੇਸ਼ਨ (ਸੀ.ਪੀ.ਆਰ.), ਮੁੱਢਲੀ ਸਹਾਇਤਾ, ਬਲੱਡ ਪ੍ਰੈਸ਼ਰ (ਬੀ.ਪੀ.) ਦੀ ਜਾਂਚ ਅਤੇ ਬਾਡੀ ਮਾਸ ਇੰਡੈਕਸ (ਬੀ.ਐਮ.ਆਈ.) ਬਾਰੇ ਵਿਹਾਰਕ ਸਿਖਲਾਈ



ਦਿੱਤੀ ਗਈ। ਨਰਸਿੰਗ ਸਕੂਲ ਦੇ ਵਿਦਿਆਰਥੀਆਂ ਨੇ ਸੀ ਪੀ ਆਰ ਅਤੇ ਬੀ.ਪੀ. ਮਾਪਣ ਦੀ ਹੈਂਡਜ਼-ਆਨ ਸਿਖਲਾਈ ਪ੍ਰਾਪਤ ਕੀਤੀ। ਇਸ ਮੌਕੇ ਰਾਸ਼ਟਰੀ ਬਾਲ ਸਿਹਤ ਪ੍ਰੋਗਰਾਮ (ਆਰ ਬੀ ਐਸ ਕੇ) ਦੀਆਂ ਮੋਬਾਈਲ ਸਿਹਤ ਟੀਮਾਂ ਵੀ ਮੌਜੂਦ ਸਨ। ਏ ਡੀ ਸੀ ਨੇ ਦੱਸਿਆ ਕਿ ਸਿਖਲਾਈ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਭਵਿੱਖ ਵਿੱਚ ਮਾਸਟਰ ਟ੍ਰੇਨਰ ਵਜੋਂ ਸਮਾਜ ਵਿੱਚ ਸਿਹਤ ਜਾਗਰੂਕਤਾ ਫੈਲਾਉਣ ਦਾ ਕੰਮ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਟ੍ਰੇਨਿੰਗ ਲੈਣ ਵਾਲਿਆਂ ਨੂੰ ਸਰਟੀਫਿਕੇਟ ਵੀ ਦਿੱਤੇ ਜਾਣਗੇ।

## 'ਗੁਰੂ ਰਵਿਦਾਸ ਜੀ ਦੇ ਜੀਵਨ ਅਧਾਰਤ ਡਾਕੂਮੈਂਟਰੀ ਸ਼ੋਅ ਨੂੰ ਮਿਲ ਰਿਹੈ ਭਰਪੂਰ ਹੁੰਗਾਰਾ'

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਭਾਵਨਾ ਨਾਲ ਮਨਾਉਣ ਤਹਿਤ ਲੋਕਾਂ ਨੂੰ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੋਂ ਜਾਣੂ ਕਰਵਾਉਣ ਲਈ ਵਿਸ਼ੇਸ਼ ਡਾਕੂਮੈਂਟਰੀ ਲਗਾਤਾਰ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡਾਂ ਵਿਚ ਦਿਖਾਈ ਜਾ ਰਹੀ ਹੈ। ਇਹ ਪ੍ਰਗਟਾਵਾ ਸੁਖਪਾਲ ਸਿੰਘ ਐਸ.ਡੀ.ਐਮ ਸ੍ਰੀ ਅਨੰਦਪੁਰ ਸਾਹਿਬ ਨੇ ਕਰਦਿਆ ਦੱਸਿਆ ਸ੍ਰੀ ਗੁਰੂ ਰਵਿਦਾਸ ਜੀ ਦਾ ਸੰਦੇਸ਼ ਦਿੰਦੀ ਵਿਸ਼ੇਸ਼ ਡਾਕੂਮੈਂਟਰੀ ਰੋਜ਼ਾਨਾ ਦੋ ਪਿੰਡਾਂ 'ਚ ਲੋਕ ਬਹੁਤ ਉਤਸ਼ਾਹ ਨਾਲ ਦੇਖ ਰਹੇ ਹਨ। ਐਸ.ਡੀ.ਐਮ. ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਗਰੂਰ ਤੋਂ ਇਨ੍ਹਾਂ ਵਿਸ਼ੇਸ਼ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਨ੍ਹਾਂ ਵਿਸ਼ੇਸ਼ ਵੈਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫ਼ੇ ਅਤੇ ਪਵਿੱਤਰ ਸਿੱਖਿਆਵਾਂ 'ਤੇ ਆਧਾਰਤ 30 ਮਿੰਟ ਦੀ ਦਸਤਾਵੇਜ਼ੀ ਪਿੰਡ-ਪਿੰਡ ਵਿੱਚ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੀਤੀ ਰਾਤ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਲੰਮਲੈਹੜੀ ਤੇ ਨਾਨੋਵਾਲ ਵਿਖੇ ਦਿਖਾਈ ਗਈ। ਇਸ ਦਸਤਾਵੇਜ਼ੀ ਨੂੰ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਦੇਖਦੇ ਹੋਏ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕਰ ਰਹੇ ਹਨ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਮਾਨ ਵੱਲੋਂ ਵਿਕਾਸ ਕਾਰਜਾਂ ਲਈ ਸੰਬੰਧਤ ਵਿਭਾਗਾਂ ਦੇ ਅਫ਼ਸਰਾਂ ਨਾਲ ਮੀਟਿੰਗ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਹਲਕਾ ਨਕੋਦਰ ਅਧੀਨ ਪਿੰਡਾਂ ਵਿੱਚ ਗ੍ਰਾਮ ਪੰਚਾਇਤ ਵੱਲੋਂ ਵਿਕਾਸ ਕਾਰਜਾਂ, ਵਾਟਰ ਸਪਲਾਈ, ਸੜਕਾਂ ਦੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲੈਣ ਲਈ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਸੰਬੰਧਤ ਵਿਭਾਗਾਂ ਦੇ ਅਫ਼ਸਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਐਕਸੀਅਨ ਵਾਟਰ ਸਪਲਾਈ ਧਰਮਿੰਦਰ ਸਿੰਘ, ਐਸ.ਡੀ.ਓ ਰਾਜੀਵ ਖਡਵਾਲ, ਐਸ. ਡੀ.ਓ. ਮਨਜੀਤ ਸਿੰਘ, ਐਕਸੀਅਨ ਮੰਡੀ ਬੋਰਡ ਮਨਦੀਪ ਸਿੰਘ, ਐਸ.ਡੀ.ਓ.ਅਸ਼ੋਕ ਕੁਮਾਰ, ਐਸ ਡੀ.ਓ.ਮਨਪ੍ਰੀਤ ਸਿੰਘ ਅਤੇ ਜੇ.ਈ. ਬੀ.ਡੀ.ਓ.ਨੂਰਮਹਿਲ ਅਸ਼ੋਕ ਕੁਮਾਰ, ਜੇ.ਈ. ਰਾਜਪ੍ਰੀਤ, ਪੰਚਾਇਤ ਅਫਸਰ ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ, ਜਿਹਨਾਂ ਵਿਕਾਸ ਕਾਰਜਾਂ ਦੀ ਰਿਪੋਰਟ ਸਾਂਝੀ ਕੀਤੀ। ਇਸ ਮੌਕੇ ਬੀਬੀ ਮਾਨ ਨੇ ਇਹਨਾਂ ਵਿਕਾਸ ਕਾਰਜਾਂ ਨੂੰ ਰਫ਼ਤਾਰ ਕਿਵੇਂ ਵਧਾਈ ਜਾ ਸਕਦੀ ਹੈ ਬਾਰੇ ਵਿਚਾਰ ਵਟਾਂਦਰਾ ਕਰਦਿਆਂ ਹਲਕੇ ਅੰਦਰ ਚੱਲ ਰਹੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਗ੍ਰਾਮ ਪੰਚਾਇਤਾਂ ਵੱਲੋਂ ਅਤੇ ਇਕੱਤਰ ਲੋਕਾਂ ਵੱਲੋਂ ਵਿਕਾਸ ਕਾਰਜਾਂ ਵਾਟਰ ਸਪਲਾਈ, ਸੜਕਾਂ ਬਣਾਉਣ ਦੇ ਚੱਲ ਰਹੇ ਕੰਮਾਂ ਬਾਰੇ, ਰਹਿੰਦੀਆਂ ਬਨਣ ਵਾਲੀਆਂ ਸੜਕਾਂ ਨੂੰ ਜਲਦ ਬਣਾਉਣ ਲਈ ਕੀਤੀ ਮੰਗ ਦਾ ਜ਼ਿਕਰ ਕੀਤਾ ਗਿਆ। ਬੀਬੀ ਮਾਨ ਨੇ ਆਖਿਆ ਕਿ ਲੋਕਾਂ ਦੇ ਸੁਖ ਸਹੂਲਤ ਲਈ ਚੱਲ ਰਹੇ ਉਸਾਰੀ ਦੇ ਕੰਮਾਂ ਨੂੰ ਜਲਦ ਮੁਕੰਮਲ ਕਰਨ ਲਈ ਆਖਿਆ।

## ਗੁਰਮਤਿ ਸਮਾਗਮ ਮੌਕੇ ਮੈਡੀਕਲ ਤੇ ਖ਼ੂਨਦਾਨ ਕੈਂਪ

**ਬੰਗਾ (ਅਵਤਾਰ ਕਲੇਰ)**- ਗੁਰਦੁਆਰਾ ਬਾਬਾ ਬਿਹਾਰੀ ਵਾਲਾ ਜੀ, ਪਿੰਡ ਨੌਰਾ ਵਿਖੇ ਬਾਬਾ ਬਿਹਾਰੀ ਜੀ, ਬਾਬਾ ਸਾਹਿਬ ਸਿੰਘ ਬੇਦੀ ਜੀ, ਸੰਤ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਗੁਰਦੁਆਰਾ ਕਿਲ੍ਹਾ ਅਨੰਦਗੜ੍ਹ ਸਾਹਿਬ ਅਤੇ ਸਮੂਹ ਗੁੰਬੀ ਸਿੰਘਾਂ ਤੇ ਸੇਵਾਦਾਰਾਂ ਦੀ ਪਾਵਨ ਯਾਦ ਨੂੰ ਸਮਰਪਿਤ 18ਵੇਂ ਗੁਰਮਤਿ ਸਮਾਗਮ ਦੇ ਮੌਕੇ ਮੈਡੀਕਲ ਕੈਂਪ ਅਤੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਸਮਾਗਮ ਦਾ ਆਰੰਭ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਹੋਇਆ। ਬਾਬਾ ਸਰਬਜੋਤ ਸਿੰਘ ਬੇਦੀ ਊਨਾ ਸਾਹਿਬ (17ਵੀਂ ਅੰਸ਼ ਗੁਰੂ ਨਾਨਕ ਦੇਵ ਜੀ), ਬਾਬਾ ਭਾਗ ਸਿੰਘ ਕਜਲੇ ਵਾਲੇ, ਬਾਬਾ ਜੋਗਿੰਦਰ ਸਿੰਘ ਅਟਾਰੀ ਵਾਲੇ, ਬਾਬਾ ਗੁਰਬਚਨ ਸਿੰਘ ਪਠਲਾਵਾ ਵਾਲੇ, ਬਾਬਾ ਸਤਨਾਮ ਸਿੰਘ ਮੁੱਖ ਸੇਵਾਦਾਰ ਕਿਲ੍ਹਾ ਅਨੰਦਗੜ੍ਹ ਸਾਹਿਬ, ਅਨੰਦਪੁਰ ਸਾਹਿਬ, ਬਾਬਾ ਬਲਜਿੰਦਰ ਸਿੰਘ ਜੋਤੀ ਸਰੂਪ ਵਾਲੇ, ਗਿਆਨੀ ਸਰਬਜੀਤ ਸਿੰਘ ਲੁਧਿਆਣਾ ਵਾਲੇ, ਜਥੇਦਾਰ ਬਾਬਾ ਨੌਰੰਗ ਸਿੰਘ ਤਰਨਾ ਦਲ ਹਰੀਆਂ ਬੇਲਾਂ ਵਾਲੇ, ਜਥੇਦਾਰ ਬਾਬਾ ਸਵਰਨਜੀਤ ਸਿੰਘ ਮਿਸਲ ਸ਼ਹੀਦਾ ਤਰਨਾ ਦਲ, ਜਥੇਦਾਰ ਮਲਕੀਤ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ ਅਤੇ ਕੁਲਵਿੰਦਰ ਸਿੰਘ ਢਾਹਾਂ, ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ਸਮੇਤ ਅਨੇਕਾਂ ਧਾਰਮਿਕ, ਸਮਾਜਿਕ ਅਤੇ ਪੰਥਕ ਸ਼ਖ਼ਸੀਅਤਾਂ ਨੇ ਕੈਂਪ ਦਾ ਦੌਰਾ ਕਰਕੇ



ਨਿਸ਼ਕਾਮ ਸੇਵਾ ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ। ਬੁਲਾਰਿਆਂ ਨੇ ਕਿਹਾ ਕਿ ਸਿੱਖ ਧਰਮ ਦਾ ਸਰਬੱਤ ਦੇ ਭਲੇ ਦਾ ਮਹਾਨ ਸਿਧਾਂਤ ਮਨੁੱਖਤਾ ਦੀ ਸੇਵਾ, ਸਿਹਤ ਸੰਭਾਲ ਅਤੇ ਖ਼ੂਨਦਾਨ ਵਰਗੇ ਲੋਕ ਭਲਾਈ ਦੇ ਕਾਰਜਾਂ ਰਾਹੀਂ ਹੀ ਸਾਕਾਰ ਹੁੰਦਾ ਹੈ। ਮੈਡੀਕਲ ਕੈਂਪ ਵਿੱਚ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਡਾ. ਕੁਲਦੀਪ ਸਿੰਘ ਦੀ ਅਗਵਾਈ ਹੇਠ ਮੈਡੀਕਲ ਟੀਮ ਨੇ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਦੇ ਮਰੀਜ਼ਾਂ ਦੇ ਬੀ ਪੀ ਦੇ ਮਰੀਜ਼ਾਂ ਦੀ ਫਰੀ ਜਾਂਚ ਕੀਤੀ ਗਈ। ਇਸ ਦੌਰਾਨ ਮਰੀਜ਼ਾਂ ਦਾ ਮੁਫ਼ਤ ਸ਼ੂਗਰ ਟੈਸਟ, ਬੀਪੀ ਚੈੱਕਅੱਪ ਕਰਨ ਉਪਰੰਤ ਮੁਫ਼ਤ ਦਵਾਈਆਂ ਵੀ ਪ੍ਰਦਾਨ ਕੀਤੀਆਂ ਗਈਆਂ। ਨੌਰਾ ਤੋਂ ਆਪਟੋਮੀਟਰੀਅਸ ਪ੍ਰਵੀਨ ਕੁਮਾਰ ਬ੍ਰਾਈਟ ਵਿਜ਼ਨ ਵੱਲੋਂ ਮੁਫ਼ਤ ਐਨਕਾਂ ਵੀ ਪ੍ਰਦਾਨ ਕੀਤੀਆਂ ਗਈਆਂ। ਖ਼ੂਨਦਾਨ ਕੈਂਪ ਵਿੱਚ 21 ਨੌਜਵਾਨਾਂ ਅਤੇ ਬੀਬੀਆਂ ਨੇ ਉਤਸ਼ਾਹ ਨਾਲ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ। ਕੈਂਪ ਵਿਚ 200 ਤੋਂ ਵੱਧ ਮਰੀਜ਼ਾਂ ਨੇ ਲਾਭ ਪ੍ਰਾਪਤ ਕੀਤਾ। ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਸਰਟੀਫਿਕੇਟ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਕੈਂਪ ਸਮਾਗਮ ਲਈ ਗੁਰਦੁਆਰਾ ਬਾਬਾ ਬਿਹਾਰੀ ਵਾਲਾ ਜੀ, ਪਿੰਡ ਨੌਰਾ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਲਵਿੰਦਰ ਸਿੰਘ, ਸੈਕਟਰੀ ਸਤਵਿੰਦਰ ਸਿੰਘ, ਮੀਤ ਪ੍ਰਧਾਨ ਪ੍ਰੀਤਮ ਸਿੰਘ, ਮੀਤ ਪ੍ਰਧਾਨ ਮੋਹਨ ਸਿੰਘ, ਰਵਿੰਦਰ ਸਿੰਘ ਖਜ਼ਾਨਚੀ ਅਤੇ ਸਮੂਹ ਕਮੇਟੀ ਮੈਂਬਰਾਂ ਨੇ ਇਲਾਕੇ ਦੀਆਂ ਸੰਗਤਾਂ ਵੱਲੋਂ ਮਿਲੇ ਭਰਪੂਰ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਪਰਮਜੀਤ ਸਿੰਘ ਨੌਰਾ, ਦਵਿੰਦਰ ਸਿੰਘ ਪਾਬਲਾ, ਡਾ ਰਾਹੁਲ ਗੋਇਲ ਬੀ ਟੀ ਓ, ਮਨਜੀਤ ਸਿੰਘ ਬਲੱਡ ਬੈਂਕ ਇੰਚਾਰਜ, ਟੈਕਨੀਸ਼ੀਅਨ ਹਿਮਾਂਸ਼ੂ ਕੁਮਾਰ ਪਾਂਡੇ, ਹਰਦੀਪ ਸੰਧੀ ਸਟਾਫ ਵੀ ਹਾਜ਼ਰ ਸਨ।

## ਵਿਦਿਆਰਥੀਆਂ 'ਤੇ ਕੀਤੇ ਲਾਠੀਚਾਰਜ ਦੀ ਡਾ. ਅੰਬੇਡਕਰ ਸੰਘਰਸ਼ ਮੋਰਚਾ ਵੱਲੋਂ ਸਖ਼ਤ ਸ਼ਬਦਾਂ 'ਚ ਨਿਖੇਧੀ

**ਨਕੋਦਰ (ਮਨਜੀਤ ਮਾਨ)**- ਦਿੱਲੀ ਜੰਤਰ ਮੰਤਰ 'ਤੇ ਪ੍ਰਦਰਸ਼ਨ ਕਰ ਰਹੇ ਸੈਂਕੜੇ ਵਿਦਿਆਰਥੀਆਂ 'ਤੇ ਕੀਤੇ ਲਾਠੀਚਾਰਜ ਦੀ ਡਾ ਅੰਬੇਡਕਰ ਸੰਘਰਸ਼ ਮੋਰਚਾ ਭਾਰਤ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ। ਮੋਰਚੇ ਦੇ ਰਾਸ਼ਟਰੀ ਪ੍ਰਧਾਨ ਤਰਲੋਕ ਵੇਡਲ ਨੇ ਕਿਹਾ



ਕਿ 29 ਵਿਦਿਆਰਥੀਆਂ ਵੱਲੋਂ ਨੀਟ ਪੇਪਰ ਲੀਕ ਮਾਮਲੇ ਕਰਕੇ ਕੀਤੀ ਆਤਮ ਹੱਤਿਆਂ ਲਈ ਜ਼ਿੰਮੇਵਾਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਜੰਤਰ ਮੰਤਰ ਵਿਖੇ ਪ੍ਰਦਰਸ਼ਨ ਕਰ ਰਹੇ ਸੈਂਕੜੇ ਵਿਦਿਆਰਥੀਆਂ 'ਤੇ ਕੀਤੇ ਲਾਠੀਚਾਰਜ, ਭਾਜਪਾ ਸਰਕਾਰ ਦੇ ਇਸ਼ਾਰੇ 'ਤੇ ਦਿੱਲੀ ਪੁਲਸ ਦੁਆਰਾ ਸੁੱਟੇ ਗਏ ਅੱਥਰੂ ਗੈਸ ਦੇ ਗੋਲਿਆਂ ਕਾਰਨ ਸੈਂਕੜੇ ਪ੍ਰਦਰਸ਼ਨਕਾਰੀਆਂ ਦੇ ਗੰਭੀਰ ਜ਼ਖ਼ਮੀ ਹੋਣ ਦੀ ਘਟਨਾ ਘੋਰ ਨਿੰਦਣਯੋਗ ਹੈ। ਉਹਨਾਂ ਕਿਹਾ ਹੈ ਕਿ ਵਿਦਿਆਰਥੀਆਂ 'ਤੇ ਕੇਂਦਰ ਸਰਕਾਰ ਦੇ ਇਸ ਜ਼ੁਲਮ ਨੇ ਜਨਰਲ ਡਾਇਰ ਦੇ ਜਲ੍ਹਿਆਂਵਾਲਾ ਬਾਗ ਦੇ ਜ਼ੁਲਮ ਨੂੰ ਯਾਦ ਕਰਵਾ ਦਿੱਤਾ ਹੈ। ਉਹਨਾਂ ਵਿਦਿਆਰਥੀਆਂ ਨੂੰ ਅਰਬਨ ਨਕਸਲੀ ਅਤੇ ਪਾਕਿਸਤਾਨੀ ਕਹਿਣ ਵਾਲੇ ਭਾਜਪਾ ਨੇਤਾਵਾਂ ਦੇ ਬਿਆਨਾਂ ਦੀ ਵੀ ਨਿੰਦਾ ਕੀਤੀ। ਉਹਨਾਂ ਕਿਹਾ ਕਿ ਬਹੁਜਨ ਐਕਸ਼ਨ ਫਰੰਟ ਬੈਨਰ ਹੇਠ ਜਥੇਬੰਦੀਆਂ ਦੇ ਨੇਤਾਵਾਂ ਦੀ ਹੋਈ ਵਰਚੂਅਲ ਮੀਟਿੰਗ 'ਚ ਫੈਸਲਾ ਕੀਤਾ ਗਿਆ ਹੈ ਕਿ ਵਿਦਿਆਰਥੀਆਂ 'ਤੇ ਹੋਏ ਜ਼ੁਲਮ ਦੇ ਵਿਰੋਧ 'ਚ ਕੇਂਦਰ ਸਰਕਾਰ ਵਿਰੁੱਧ ਵੱਡੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

## ਹੈਰੋਇਨ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਨਵਾਂਸ਼ਹਿਰ ਪੁਲਸ ਵਲੋਂ 2 ਗ੍ਰਾਮ ਹੈਰੋਇਨ ਸਮੇਤ ਇਕ ਨੌਜਵਾਨ ਨੂੰ ਕਾਬੂ ਕੀਤਾ ਗਿਆ। ਪੁਲਸ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਐਚ ਸੀ ਨਰੇਸ਼ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਥਾਣਾ ਸਿਟੀ ਨਵਾਸ਼ਹਿਰ ਤੋਂ ਹੁੰਦੇ ਹੋਏ ਪਿੰਡ ਅਮਰਗੜ੍ਹ ਵੱਲ ਨੂੰ ਜਾ ਰਹੇ ਸੀ। ਪੁਲਸ ਪਾਰਟੀ ਨਾਖਾਂ ਵਾਲੇ ਬਾਗ ਨੇੜੇ ਪੁਲੀ ਕੋਲ ਪੁੱਜੀ ਤਾਂ ਇੱਕ ਵਿਅਕਤੀ ਨੇ ਪੁਲਸ ਪਾਰਟੀ ਦੀ ਗੱਡੀ ਦੇਖ ਕੇ ਘਬਰਾ ਕੇ ਆਪਣੇ ਖੱਬੇ ਹੱਥ ਵਿਚ ਫੜੀ ਇੱਕ ਪਾਰਦਰਸ਼ੀ ਵਜ਼ਨਦਾਰ ਲਿਫਾਫੀ ਨੇੜੇ ਘਾਹ ਫੂਸ ਵਿਚ ਸੁੱਟ ਦਿੱਤੀ ਤਾਂ ਉਸ ਵਿਅਕਤੀ ਨੂੰ ਕਾਬੂ ਕਰਕੇ ਨਾਂਅ ਪਤਾ ਪੁੱਛਿਆ। ਜਿਸ ਨੇ ਆਪਣਾ ਨਾਂਅ ਪ੍ਰਿੰਸ ਪੁੱਤਰ ਰਾਕੇਸ਼ ਕੁਮਾਰ ਵਾਸੀ ਵਾਲਮੀਕਿ ਮੁਹੱਲਾ ਨਵਾਂਸ਼ਹਿਰ ਦੱਸਿਆ। ਉਸ ਵੱਲੋਂ ਸੁੱਟੀ ਲਿਫਾਫੀ ਵਿਚੋਂ 2 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਪੁਲਸ ਨੇ ਕਥਿਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਐੱਲ ਪੀ ਯੂ ਵਿਦਿਆਰਥੀਆਂ ਦਾ ਇੰਟਰਨਸ਼ਿਪ ਪ੍ਰੋਗਰਾਮ

**ਆਦਮਪੁਰ (ਪਰਮਜੀਤ ਸਿੰਘ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਏਅਰਲਾਈਨਜ਼, ਏਅਰਪੋਰਟ ਅਤੇ ਹੋਸਪਿਟੈਲਿਟੀ ਵਿਭਾਗ ਦੇ ਪੰਜ ਵਿਦਿਆਰਥੀਆਂ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਆਦਮਪੁਰ ਹਵਾਈ ਅੱਡੇ 'ਤੇ ਆਪਣਾ ਇੰਟਰਨਸ਼ਿਪ ਪ੍ਰੋਗਰਾਮ ਸਫਲਤਾਪੂਰਵਕ ਪੂਰਾ ਕੀਤਾ। ਇਸ ਪ੍ਰੋਗਰਾਮ ਰਾਹੀਂ



ਵਿਦਿਆਰਥੀਆਂ ਨੇ ਹਵਾਬਾਜ਼ੀ ਖੇਤਰ ਦੇ ਤਕਨੀਕੀ ਅਤੇ ਪ੍ਰਬੰਧਕੀ ਪਹਿਲੂਆਂ ਵਿੱਚ ਵਿਆਪਕ ਵਿਹਾਰਕ ਅਨੁਭਵ ਪ੍ਰਾਪਤ ਕੀਤਾ।ਇਸ ਸਿਖਲਾਈ ਦੌਰਾਨ, ਵਿਦਿਆਰਥੀਆਂ ਨੇ ਹਵਾਬਾਜ਼ੀ ਉਦਯੋਗ ਦੀਆਂ ਪੇਚੀਦਗੀਆਂ ਨੂੰ ਸਮਝਿਆ। ਪ੍ਰੋਗਰਾਮ ਦੇ ਅੰਤ 'ਤੇ, ਆਦਮਪੁਰ ਹਵਾਈ ਅੱਡੇ ਦੇ ਡਾਇਰੈਕਟਰ ਪੁਸ਼ਪੇਂਦਰ ਕੁਮਾਰ ਨਾਰਾਇਣ ਨੇ ਪੰਜਾਂ ਵਿਦਿਆਰਥੀਆਂ - ਆਸ਼ਨਾ ਸ਼ਰਮਾ, ਮਾਨਿਆ ਸ਼ਰਮਾ, ਪ੍ਰਵੀਨ ਕੌਰ, ਵਰਿੰਦਰ ਸਿੰਧੂ ਅਤੇ ਇਸ਼ਿਕਾ ਥਾਪਾ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਸ਼ੰਸਾ ਪੱਤਰ ਭੇਟ ਕੀਤੇ।ਇਸ ਮੌਕੇ ਡੀ ਜੀ ਐਮ ਅਮਿਤ ਕੁਮਾਰ, ਮੈਨੇਜਰ ਸੂਰਜ ਯਾਦਵ, ਜੇਈ ਸੂਰਿਆ ਪ੍ਰਤਾਪ ਅਤੇ ਮੁੱਖ ਸੁਰੱਖਿਆ ਅਧਿਕਾਰੀ ਮੋਹਨ ਪੰਵਾਰ ਸਮੇਤ ਸੀਨੀਅਰ ਹਵਾਈ ਅੱਡੇ ਦੇ ਅਧਿਕਾਰੀ ਮੌਜੂਦ ਸਨ।

## ਬੱਚੀ ਨਾਲ ਅਸ਼ਲੀਲ ਹਰਕਤ ਕਰਨ ਵਾਲੇ ਦੁਕਾਨਦਾਰ ਖਿਲਾਫ ਮਾਮਲਾ ਦਰਜ

**ਅੱਡਾ ਸਰਾਂ (ਜਸਵੀਰ ਕਾਜਲ)**- ਇਲਾਕੇ ਦੇ ਕਿਸੇ ਪਿੰਡ ਨਾਲ ਸੰਬੰਧਤ 7 ਵਰ੍ਹਿਆਂ ਦੀ ਬੱਚੀ ਨਾਲ ਅਸ਼ਲੀਲ ਹਰਕਤ ਕਰਨ ਦੇ ਦੋਸ਼ ਵਿਚ ਟਾਂਡਾ ਪੁਲਸ ਨੇ ਬਜ਼ੁਰਗ ਦੁਕਾਨਦਾਰ ਦੇ ਖਿਲਾਫ ਪੋਕਸੋ ਐਕਟ ਅਧੀਨ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਲੜਕੀ ਦੀ ਮਾਤਾ ਦੇ ਬਿਆਨ ਦੇ ਅਧਾਰ 'ਤੇ ਹਰਭਜਨ ਸਿੰਘ ਪੁੱਤਰ ਕਰਤਾਰਾ ਸਿੰਘ ਦੇ ਖਿਲਾਫ ਦਰਜ ਕੀਤਾ ਹੈ। ਆਪਣੇ ਬਿਆਨ ਵਿਚ ਲੜਕੀ ਦੀ ਮਾਤਾ ਨੇ ਦੱਸਿਆ ਕਿ 27 ਜੂਨ ਦੀ ਸ਼ਾਮ ਨੂੰ ਜਦੋਂ ਉਸ ਦੀ ਲੜਕੀ ਦੁਕਾਨ 'ਤੇ ਚਾਟ ਵਾਲਾ ਕੋਈ ਸਮਾਨ ਲੈਣ ਗਈ ਤਾਂ ਵਾਪਸ ਆਉਣ 'ਤੇ ਘਬਰਾਈ ਹੋਈ ਉਸ ਦੀ ਲੜਕੀ ਨੇ ਦੱਸਿਆ ਕਿ ਦੁਕਾਨਦਾਰ ਨੇ ਉਸ ਨਾਲ ਗਲਤ ਤਰੀਕੇ ਨਾਲ ਜਿਸਮਾਨੀ ਛੇੜਛਾੜ ਕੀਤੀ ਹੈ ਅਤੇ ਉਹ ਉਸ ਨੂੰ ਧੱਕਾ ਮਾਰ ਕੇ ਉੱਥੋਂ ਨਿਕਲ ਆਈ ਹੈ। ਜਦੋਂ ਉਹ ਆਪਣੀ ਬੇਟੀ ਨੂੰ ਲੈ ਕੇ ਦੁਕਾਨਦਾਰ ਕੋਲ ਘਟਨਾ ਬਾਰੇ ਪੁੱਛਣ ਗਈ ਤਾਂ ਉਹ ਅੱਗਿਓਂ ਉਸ ਨੂੰ ਡਰਾਉਣ ਧਮਕਾਉਣ ਲੱਗ ਪਿਆ। ਪੁਲਸ ਨੇ ਲੜਕੀ ਦੀ ਮਾਤਾ ਵੱਲੋਂ ਲਾਏ ਗਏ ਦੋਸ਼ਾਂ ਦੇ ਅਧਾਰ 'ਤੇ ਮਾਮਲਾ ਦਰਜ ਕੀਤਾ ਹੈ ਅਤੇ ਇੰਸਪੈਕਟਰ ਚਰਨਜੀਤ ਕੌਰ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਐਡਵੋਕੇਟ ਫਾਰ ਫਾਰਮਾਸਿਸਟਸ ਐਂਡ ਹੈਲਥਕੇਅਰ ਵੱਲੋਂ ਵਿਦਿਆਰਥੀਆਂ 'ਤੇ ਲਾਠੀਚਾਰਜ ਦੀ ਨਿਖੇਧੀ

**ਜਲੰਧਰ (ਰਾਜੇਸ਼ ਥਾਪਾ)**- ਐਡਵੋਕੇਟ ਫਾਰ ਫਾਰਮਾਸਿਸਟਸ ਐਂਡ ਹੈਲਥਕੇਅਰ ਜਲੰਧਰ ਦੇ ਪ੍ਰਧਾਨ ਐਡਵੋਕੇਟ ਗੁਰਨਾਮ ਸਿੰਘ ਕਾਲਕੇ ਅਤੇ ਜਨਰਲ ਸਕੱਤਰ ਐਡਵੋਕੇਟ ਗੁਰੂ ਅਮਰਦੀਪ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਕਿ ਵੱਖ-ਵੱਖ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਨਾਲ ਪੁਲਸ ਵੱਲੋਂ ਕੀਤੀ ਜਾ ਰਹੀ ਸਖ਼ਤ ਕਾਰਵਾਈ ਬਹੁਤ ਹੀ ਮੰਦਭਾਗੀ ਅਤੇ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀਆਂ ਜਾਇਜ਼ ਮੰਗਾਂ ਨੂੰ ਸੁਣਨ ਦੀ ਬਜਾਏ ਉਨ੍ਹਾਂ 'ਤੇ ਲਾਠੀਚਾਰਜ ਕਰਨਾ ਜਾਂ ਡਰਾਉਣੀਆਂ ਧਾਰਾਵਾਂ ਹੇਠ ਕੇਸ ਦਰਜ ਕਰਨਾ ਲੋਕਤੰਤਰਕ ਮੁੱਲਾਂ ਦੇ ਖ਼ਿਲਾਫ਼ ਹੈ। ਇਸ ਤਰ੍ਹਾਂ ਦੀ ਕਾਰਵਾਈ ਨਾਲ ਨੌਜਵਾਨਾਂ ਵਿੱਚ ਨਿਰਾਸ਼ਾ ਅਤੇ ਬੇਚੈਨੀ ਦਾ ਮਾਹੌਲ ਬਣਦਾ ਹੈ।ਐਡਵੋਕੇਟ ਗੁਰਨਾਮ ਸਿੰਘ ਕਾਲਕੇ ਨੇ ਕਿਹਾ ਕਿ ਸਰਕਾਰ ਨੂੰ ਵਿਦਿਆਰਥੀਆਂ ਨਾਲ ਸੰਵਾਦ ਰਾਹੀਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੱਢਣਾ ਚਾਹੀਦਾ ਹੈ, ਨਾ ਕਿ ਬਲ ਪ੍ਰਯੋਗ ਰਾਹੀਂ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।ਹ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਅਧਿਕਾਰੀ ਵੱਲੋਂ ਅਣਉਚਿਤ ਬਲ ਦੀ ਵਰਤੋਂ ਕੀਤੀ ਗਈ ਹੈ ਤਾਂ ਉਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ।ਜਨਰਲ ਸਕੱਤਰ ਐਡਵੋਕੇਟ ਗੁਰੂ ਅਮਰਦੀਪ ਨੇ ਪੰਜਾਬ ਦੇ ਗ੍ਰਹਿ ਮੰਤਰੀ ਨੂੰ ਅਪੀਲ ਕੀਤੀ ਕਿ ਇਸ ਪੂਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।



## ਇੰਟਰ-ਹਾਊਸ ਮੁਕਾਬਲੇ ਕਰਵਾਏ

**ਗੁਰਾਇਆ (ਬਿੰਦਰ)**- ਸੁਮਨ ਐਸ ਟੀ ਐਸ ਵਰਲਡ ਸਕੂਲ ਵੱਲੋਂ ਸਕੂਲ ਦੇ ਆਡੀਟੋਰੀਅਮ ਵਿੱਚ ਇੰਟਰ-ਹਾਊਸ ਮੁਕਾਬਲਿਆਂ ਦੀ ਇੱਕ ਸ਼ਾਨਦਾਰ ਲੜੀ ਦਾ ਆਯੋਜਨ ਕੀਤਾ ਗਿਆ। ਇਹਨਾਂ ਮੁਕਾਬਲਿਆਂ ਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਆਤਮ-ਵਿਸ਼ਵਾਸ, ਸੰਚਾਰ ਹੁਨਰ (ਕਮਿਊਨੀਕੇਸ਼ਨ ਸਕਿੱਲਜ਼) ਅਤੇ ਆਪਸੀ ਤਾਲਮੇਲ ਦਾ ਪ੍ਰਦਰਸ਼ਨ ਕਰਨ ਲਈ ਇੱਕ ਬਿਹਤਰ ਮੰਚ ਪ੍ਰਦਾਨ ਕੀਤਾ।ਸਮਾਗਮ ਦੀ ਸ਼ੁਰੂਆਤ ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਲਈ 'ਪਰੀ ਕਹਾਣੀਆਂ' ਦੇ ਦਿਲਚਸਪ ਵਿਸ਼ੇ 'ਤੇ ਆਧਾਰਿਤ ਫੈਂਸੀ ਡਰੈੱਸ ਮੁਕਾਬਲੇ ਨਾਲ ਹੋਈ। ਨੰਨ੍ਹੇ-ਮੁੰਨੇ ਬੱਚਿਆਂ ਨੇ



ਆਪਣੀਆਂ ਮਨਪਸੰਦ ਪਰੀ ਕਹਾਣੀਆਂ ਦੇ ਪਾਤਰਾਂ ਦੇ ਰੂਪ ਵਿੱਚ ਸਜ ਕੇ ਅਤੇ ਪੂਰੇ ਆਤਮ-ਵਿਸ਼ਵਾਸ ਨਾਲ ਪੇਸ਼ਕਾਰੀ ਦੇ ਕੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੁਕਾਬਲੇ ਵਿੱਚ ਆਕਸਫੋਰਡ ਹਾਊਸ ਨੇ ਪਹਿਲਾ, ਹਾਰਵਰਡ ਹਾਊਸ ਨੇ ਦੂਜਾ ਅਤੇ ਕੈਂਬਰਿਜ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ।ਤੀਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਰੋਲ ਪਲੇਅ (ਸਕਿੱਟ) ਮੁਕਾਬਲਾ ਕਰਵਾਇਆ ਗਿਆ, ਜਿਸ ਦੇ ਵਿਸ਼ੇ 'ਵਿਦਿਆਰਥੀ ਅਨੁਸ਼ਾਸਨ' ਅਤੇ 'ਚੰਗੀਆਂ ਆਦਤਾਂ' ਸਨ। ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਅਦਾਕਾਰੀ ਰਾਹੀਂ ਅਨੁਸ਼ਾਸਨ, ਇਮਾਨਦਾਰੀ, ਸਮੇਂ ਦੀ ਪਾਬੰਦੀ, ਸਫ਼ਾਈ ਅਤੇ ਸਤਿਕਾਰ ਦੀ ਮਹੱਤਤਾ 'ਤੇ ਚਾਨਣਾ ਪਾਉਂਦੇ ਹੋਏ ਪ੍ਰੇਰਨਾਦਾਇਕ ਸੰਦੇਸ਼ ਦਿੱਤੇ। ਇਸ ਵਿੱਚ ਵੀ ਆਕਸਫੋਰਡ ਹਾਊਸ ਨੇ ਪਹਿਲਾ, ਹਾਰਵਰਡ ਹਾਊਸ ਨੇ ਦੂਜਾ ਅਤੇ ਕੈਂਬਰਿਜ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਸਮਾਗਮ ਦਾ ਇੱਕ ਮੁੱਖ ਆਕਰਸ਼ਣ 'ਏ.ਆਈ'-ਜਨਰੇਟਿਡ ਦੇਸ਼ ਭਗਤੀ ਦਾ ਸਮੂਹ ਗਾਨ ਮੁਕਾਬਲਾ ਰਿਹਾ, ਜਿੱਥੇ ਹਰੇਕ ਹਾਊਸ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਮਦਦ ਨਾਲ ਤਿਆਰ ਕੀਤੇ ਵਿਲੱਖਣ ਦੇਸ਼ ਭਗਤੀ ਦੇ ਗੀਤ ਪੇਸ਼ ਕੀਤੇ।

## ਨੌਜਵਾਨਾਂ ਦੀ ਆਵਾਜ਼ ਦਬਾਉਣ ਵਾਲੀ ਸਰਕਾਰ ਨੂੰ ਲੋਕਤੰਤਰ ਦੀ ਗੱਲ ਕਰਨ ਦਾ ਕੋਈ ਹੱਕ ਨਹੀਂ : ਪੀਯੂਸ਼

**ਫਿਲੌਰ (ਨਿਰਮਲ)**- ਬਲਾਕ ਯੂਥ ਕਾਂਗਰਸ ਫਿਲੌਰ ਦੇ ਵਾਈਸ ਪ੍ਰਧਾਨ ਪੀਯੂਸ਼ ਨੇ ਜੰਤਰ-ਮੰਤਰ ਦਿੱਲੀ ਵਿਖੇ ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਹੱਕ ਵਿੱਚ ਚੱਲ ਰਹੇ ਸੰਘਰਸ਼ ਦਾ ਸਮਰਥਨ ਕਰਦਿਆਂ ਕਿਹਾ ਕਿ ਅੱਜ ਦੇਸ਼ ਦਾ ਨੌਜਵਾਨ ਆਪਣੇ ਹੱਕਾਂ



ਅਤੇ ਆਪਣੇ ਭਵਿੱਖ ਲਈ ਆਵਾਜ਼ ਚੁੱਕ ਰਿਹਾ ਹੈ, ਪਰ ਸਰਕਾਰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਲੋਕਤੰਤਰਕ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਪੀਯੂਸ਼ ਨੇ ਕਿਹਾ ਕਿ ਦਿੱਲੀ ਵਿੱਚ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਬੁਲੰਦ ਕਰ ਰਹੇ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਲੈਣਾ ਸਰਕਾਰ ਦੀ ਤਾਨਾਸ਼ਾਹੀ ਸੋਚ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼੍ਰੀ ਮੋਹਿਤ ਮਹਿੰਦਰਾ ਸ਼ਰਮਾ ਸ਼ੁਭੀ ਅਤੇ ਸਮੁੱਚੀ ਯੂਥ ਕਾਂਗਰਸ ਨੌਜਵਾਨਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦੀ ਹੈ ਤਾਂ ਸਰਕਾਰ ਉਨ੍ਹਾਂ ਨਾਲ ਗੱਲਬਾਤ ਕਰਨ ਦੀ ਬਜਾਏ ਆਗੂਆਂ ਨੂੰ ਹਿਰਾਸਤ ਵਿੱਚ ਲੈ ਰਹੀ ਹੈ। ਇਹ ਕੇਂਦਰ ਸਰਕਾਰ ਦੀ ਨਿਰਾਸ਼ਾ ਅਤੇ ਡਰ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੌਜਵਾਨਾਂ ਦੇ ਸਵਾਲਾਂ ਦਾ ਜਵਾਬ ਦੇਣ ਤੋਂ ਭੱਜ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਜਿੰਨਾ ਮਰਜ਼ੀ ਨੌਜਵਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰੇ, ਪਰ ਯੂਥ ਦੀ ਆਵਾਜ਼ ਨਾ ਕਦੇ ਦੱਬੀ ਹੈ ਅਤੇ ਨਾ ਹੀ ਦੱਬੇਗੀ। ਨੌਜਵਾਨਾਂ ਦੇ ਹੱਕਾਂ ਲਈ ਸਾਡੀ ਲੜਾਈ ਸੜਕ ਤੋਂ ਲੈ ਕੇ ਸੰਸਦ ਤੱਕ ਜਾਰੀ ਰਹੇਗੀ।ਪੀਯੂਸ਼ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਆਪਣੀ ਤਾਨਾਸ਼ਾਹੀ ਸੋਚ ਛੱਡ ਕੇ ਨੌਜਵਾਨਾਂ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕਰਨੀ ਚਾਹੀਦੀ ਹੈ। ਲੋਕਤੰਤਰ ਨੂੰ ਹਿਰਾਸਤਾਂ ਅਤੇ ਲਾਠੀਚਾਰਜ ਨਾਲ ਨਹੀਂ, ਲੋਕਾਂ ਦੀ ਆਵਾਜ਼ ਸੁਣ ਕੇ ਮਜ਼ਬੂਤ ਕੀਤਾ ਜਾਂਦਾ ਹੈ। ਯੂਥ ਕਾਂਗਰਸ ਹਰ ਉਸ ਨੌਜਵਾਨ ਦੇ ਨਾਲ ਖੜ੍ਹੀ ਹੈ ਜੋ ਆਪਣੇ ਹੱਕ ਅਤੇ ਆਪਣੇ ਭਵਿੱਖ ਲਈ ਸੰਘਰਸ਼ ਕਰ ਰਿਹਾ ਹੈ।

## ਧਨਾਸ ਸਕੂਲ ਦੇ ਬੱਚਿਆਂ ਨੂੰ ਪੁਸਤਕਾਂ ਵੰਡੀਆਂ

**ਚੰਡੀਗੜ੍ਹ (ਸੁਰਜੀਤ ਸੁਮਨ)**- ਜਨ ਸੇਵਾ ਸਹਿਯੋਗ ਫਾਊਂਡੇਸ਼ਨ ਵੱਲੋਂ ਚੰਡੀਗੜ੍ਹ ਦੇ ਚਰਚਿਤ ਪਿੰਡ ਪੀ.ਐਮ. ਸ੍ਰੀ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਧਨਾਸ ਵਿਖੇ ਛੋਟੇ ਬੱਚਿਆਂ ਨੂੰ



ਪੁਸਤਕਾਂ ਤੇ ਚਾਕਲੇਟ ਵੰਡੇ ਗਏ। ਇਸ ਪਹਿਲ ਦਾ ਉਦੇਸ਼ ਬੱਚਿਆਂ ਨੂੰ ਸਿੱਖਿਆ ਪ੍ਰਤੀ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਣਾ ਹੈ। ਇਸ ਮੌਕੇ ਫਾਊਂਡੇਸ਼ਨ ਦੇ ਪ੍ਰਧਾਨ ਦਵਿੰਦਰ ਪ੍ਰਤਾਪ ਸਿੰਘ ਦੇ ਨਾਲ ਊਸ਼ਮ ਮਹੀਆ, ਜਗਦੀਸ਼ ਸਿੰਘ ਅਤੇ ਰਾਜੇਸ਼ ਕੁਮਾਰ ਸ਼ਾਮਲ ਸਨ। ਫਾਊਂਡੇਸ਼ਨ ਦੇ ਸਾਰੇ ਮੈਂਬਰਾਂ ਨੇ ਮਿਲ ਕੇ ਇਸ ਸੇਵਾ ਕਾਰਜ ਨੂੰ ਸਫਲਤਾਪੂਰਵਕ ਸਿਰੇ ਚੜ੍ਹਾਇਆ। ਉਨ੍ਹਾਂ ਕਿਹਾ ਕਿ ਫਾਊਂਡੇਸ਼ਨ ਦਾ ਮੰਨਣਾ ਹੈ ਕਿ ਸਿੱਖਿਆ, ਸਮਾਜ ਸੇਵਾ ਵਿਕਾਸ ਦੀ ਮਜ਼ਬੂਤ ਨੀਂਹ ਹੁੰਦੀ ਹੈ। ਬੱਚਿਆਂ ਨਾਲ ਸਮਾਂ ਬਿਤਾਉਣ ਅਤੇ ਉਨ੍ਹਾਂ ਨੂੰ ਪੁਸਤਕਾਂ ਤੇ ਚਾਕਲੇਟ ਵੰਡਣ ਦਾ ਕਾਰਜ ਇੱਕ ਛੋਟਾ ਜਿਹਾ ਯਤਨ ਹੈ, ਪਰੰਤੂ ਬੱਚਿਆਂ ਦੇ ਚਿਹਰਿਆਂ ਦੀ ਖੁਸ਼ੀ ਨੇ ਇਨ੍ਹਾਂ ਪਲਾਂ ਨੂੰ ਯਾਦਗਾਰੀ ਬਣਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਫਾਊਂਡੇਸ਼ਨ ਸਮਾਜਿਕ ਕਾਰਜਾਂ ਲਈ ਹਮੇਸ਼ਾ ਅਜਿਹੇ ਯਤਨ ਜਾਰੀ ਰੱਖੇਗੀ।

## ਵਫ਼ਦ ਨਰਿੰਦਰ ਮੋਦੀ ਨੂੰ ਆਸਟ੍ਰੇਲੀਆ 'ਚ ਮਿਲਿਆ

**ਕਪੂਰਥਲਾ (ਮਨਜੀਤ ਮਾਨ)**- ਦੁਰਗਾ ਮਾਤਾ ਰੌਕ ਟੈਂਪਲ ਆਸਟ੍ਰੇਲੀਆ ਦੇ ਪ੍ਰਧਾਨ ਕੁਲਵੰਤ ਰਾਏ ਜੋਸ਼ੀ ਵਾਸੀ ਕਾਲਾ ਸੰਘਿਆਂ ਜ਼ਿਲ੍ਹਾ ਕਪੂਰਥਲਾ ਹਾਲ ਵਾਸੀ ਆਸਟ੍ਰੇਲੀਆ ਤੇ ਦੁਰਗਾ ਮਾਤਾ ਪ੍ਰਬੰਧਕ ਕਮੇਟੀ ਦਾ ਵਫ਼ਦ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਆਸਟ੍ਰੇਲੀਆ ਦੇ ਮੈਲਬੌਰਨ ਸ਼ਹਿਰ ਵਿਖੇ ਮਿਲਿਆ ਜਿਥੇ ਉਕਤ ਆਗੂਆਂ ਨੇ ਬਾਈ ਨਰਿੰਦਰ ਮੋਦੀ ਨੂੰ ਆਸਟ੍ਰੇਲੀਆ ਦੇ ਮੰਦਰਾਂ ਤੇ ਬਿਜ਼ਨਸ ਸਬੰਧੀ ਕਈ ਅਹਿਮ ਵਿਚਾਰਾਂ ਕੀਤੀਆਂ



ਜਿਥੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਫ਼ਦ ਨੂੰ ਭਰੋਸਾ ਦਿਵਾਉਂਦੇ ਹੋਏ ਕਿਹਾ ਕਿ ਹਿੰਦੁਸਤਾਨ ਵਾਸੀਆਂ ਨੇ ਵਿਦੇਸ਼ਾਂ ਵਿੱਚ ਵੀ ਆ ਕੇ ਆਪਣੇ ਵਧੀਆ ਕਾਰੋਬਾਰ ਚਲਾਏ ਹੋਏ ਹਨ। ਉਨ੍ਹਾਂ ਹੋਰ ਕਿਹਾ ਕਿ ਉਹ ਇੰਡੀਆ ਵਿੱਚ ਵੀ ਤੇ ਵਿਦੇਸ਼ਾਂ ਵਿੱਚ ਵੀ ਆਉਣ ਵਾਲੇ ਸਮੇਂ ਵਿੱਚ ਦੇਸ਼ ਨੂੰ ਇੱਕ ਚੰਗੇ ਨਕਸ਼ੇ ਕਦਮਾਂ 'ਤੇ ਲੈ ਕੇ ਆਉਣ ਦੇ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਦੁਰਗਾ ਮਾਤਾ ਰੌਕ ਟੈਂਪਲ ਆਸਟ੍ਰੇਲੀਆ ਦੇ ਸਮੂਹ ਮੈਂਬਰ ਅਤੇ ਅਹੁਦੇਦਾਰ ਹਾਜ਼ਰ ਸਨ।

## ਆਜ਼ਾਦੀ ਦਿਵਸ ਸਮਾਗਮ ਲਈ ਅਧਿਕਾਰੀਆਂ ਦੀਆਂ ਜ਼ਿੰਮੇਵਾਰੀਆਂ ਨਿਰਧਾਰਤ ਕੀਤੀਆਂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ, ਲਖਵਿੰਦਰ ਸਿੰਘ ਆਧੀ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਮੀਟਿੰਗ ਦੌਰਾਨ ਆਜ਼ਾਦੀ ਦਿਵਸ ਸਮਾਗਮ ਨੂੰ ਨਿਰਵਿਘਨ



ਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਵਾਸਤੇ ਅਧਿਕਾਰੀਆਂ ਦੀਆਂ ਜ਼ਿੰਮੇਵਾਰੀਆਂ ਨਿਰਧਾਰਤ ਕੀਤੀਆਂ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮਾਗਮ ਦੌਰਾਨ ਮਾਰਚ ਪਾਸਟ, ਵਿਦਿਆਰਥੀਆਂ ਵੱਲੋਂ ਮਾਸ ਪੀ.ਟੀ. ਸ਼ੋਅ ਅਤੇ ਦੇਸ਼ ਭਗਤੀ ਦੀ ਭਾਵਨਾ 'ਤੇ ਆਧਾਰਤ ਸੱਭਿਆਚਾਰਕ ਸਮਾਗਮ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਦੇ ਪ੍ਰਾਪਤੀਆਂ ਵਾਲੇ ਅਧਿਕਾਰੀਆਂ/ਕਰਮਚਾਰੀਆਂ ਤੋਂ ਇਲਾਵਾ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਉਪਲਬਧੀਆਂ ਹਾਸਲ ਕਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਪੁਲਸ ਵਿਭਾਗ ਨੂੰ ਸੁਰੱਖਿਆ ਦੇ ਪੁਖ਼ਤਾ ਬੰਦੋਬਸਤ, ਢੁੱਕਵੀਂ ਪਾਰਕਿੰਗ, ਟ੍ਰੈਫਿਕ ਦੇ ਬਦਲਵੇਂ ਪ੍ਰਬੰਧ ਸਮੇਤ ਹੋਰ ਲੋੜੀਂਦੇ ਇੰਤਜ਼ਾਮ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸੰਬੰਧਤ ਅਧਿਕਾਰੀਆਂ ਨੂੰ ਸਮਾਗਮ ਵਾਲੇ ਸਥਾਨ ਦੇ ਨਾਲ-ਨਾਲ ਚੌਂਕਾਂ ਦੀ ਸਾਫ-ਸਫਾਈ, ਸਜਾਵਟ, ਬੈਠਣ ਦੇ ਪ੍ਰਬੰਧ, ਪੀਣ ਵਾਲੇ ਪਾਣੀ, ਸੁਖਾਲੀ ਐਂਟਰੀ, ਨਿਰਵਿਘਨ ਬਿਜਲੀ ਸਪਲਾਈ, ਫਾਇਰ ਬ੍ਰਿਗੇਡ, ਲੋੜੀਂਦੀਆਂ ਮੈਡੀਕਲ ਟੀਮਾਂ ਦੀ ਤਾਇਨਾਤੀ ਆਦਿ ਸਮੇਤ ਸਮੁੱਚੇ ਜ਼ਰੂਰੀ ਇੰਤਜ਼ਾਮ ਸਮੇਂ ਸਿਰ ਯਕੀਨੀ ਬਣਾਉਣ ਦੀ ਹਦਾਇਤ ਵੀ ਕੀਤੀ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸਫਲਤਾ ਨਾਲ ਅੱਗੇ ਵਧ ਰਹੀ : ਸੱਜਣ, ਧਾਮੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ੇ ਵਿਰੁੱਧ ਦੇ ਸਾਰਥਕ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ, ਜਿੱਥੇ ਇੱਕ ਪਾਸੇ ਵੱਡੀ ਗਿਣਤੀ ਵਿੱਚ ਨੌਜਵਾਨ ਨਸ਼ੇ ਛੱਡ



ਰਹੇ ਹਨ ਉੱਥੇ ਹੀ ਹਜ਼ਾਰਾਂ ਇਲਾਜ ਵੀ ਕਰਵਾ ਰਹੇ ਹਨ। ਇਹ ਪ੍ਰਗਟਾਵਾ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਕੋਆਰਡੀਨੇਟਰ ਸਰਪੰਚ ਪਰਵਿੰਦਰ ਸਿੰਘ ਸੱਜਣ ਅਤੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੀ ਮਹਿਲਾ ਵਿੰਗ ਦੀ ਇੰਚਾਰਜ ਰਜਵੰਤ ਕੌਰ ਧਾਮੀ ਵੱਲੋਂ ਇੱਥੇ ਹਲਕਾ ਸ਼ਾਮਚੁਰਾਸੀ ਦੇ ਪਾਰਟੀ ਦਫਤਰ ਵਿੱਚ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆ ਕੀਤਾ ਗਿਆ। ਪਰਵਿੰਦਰ ਸੱਜਣ ਅਤੇ ਰਜਵੰਤ ਕੌਰ ਧਾਮੀ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਦੇ ਤੰਤਰ ਨੂੰ ਤੋੜਨ ਵਿੱਚ ਸਫਲਤਾ ਵੱਲ ਵਧ ਰਹੀ ਹੈ, ਇਸ ਮੁਹਿੰਮ ਤਹਿਤ ਹੁਣ ਤੱਕ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਚੁੱਕਾ ਹੈ। ਇਸ ਮੌਕੇ ਰਜਵੰਤ ਕੌਰ ਧਾਮੀ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਵਿੱਚ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਹੇਠ ਜਿੱਥੇ ਰਿਕਾਰਡ ਵਿਕਾਸ ਹੋ ਰਿਹਾ ਹੈ ਉੱਥੇ ਹੀ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਘਰ-ਘਰ ਤੱਕ ਪੁੱਜ ਰਹੀਆਂ ਹਨ। ਇਸ ਮੌਕੇ ਨਸ਼ਾ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਬਣਾਏ ਗਏ ਨਵੇਂ ਬਲਾਕ ਕੋਆਰਡੀਨੇਟਰਾਂ ਮੀਨਾ ਰਾਣੀ ਸਰਪੰਚ ਸ਼ੇਰਪੁਰ, ਰਵੀਇੰਦਰ ਸਿੰਘ ਸਰਪੰਚ ਡਗਾਣਾ, ਸਰਪੰਚ ਸੁਖਵਿੰਦਰ ਸਿੰਘ ਸਰਹਾਲਾ, ਸੰਦੀਪ ਸਿੰਘ ਘਾਸੀਪੁਰ, ਆਸ਼ਾ ਰਾਣੀ ਕਬੀਰਪੁਰ ਸ਼ੇਖਾ, ਰਣਵੀਰ ਸਿੰਘ, ਕੁਲਵਿੰਦਰ ਕੌਰ, ਗੋਲਡੀ ਦਾ ਸਨਮਾਨ ਵੀ ਕੀਤਾ ਗਿਆ। ਇਸ ਸਮੇਂ ਮਨਜਿੰਦਰ ਸਿੰਘ ਰਿੰਕੂ ਜਿਲ੍ਹਾ ਵਾਈਸ ਕੋਆਰਡੀਨੇਟਰ, ਆਦੇਸ਼ ਠਾਕੁਰ, ਥਾਣਾ ਬੁੱਲ੍ਹੋਵਾਲ ਦੇ ਐਸ.ਐਚ.ਓ. ਪਰਮਿੰਦਰ ਸਿੰਘ, ਹਰਿਆਣਾ ਦੇ ਐਸ.ਐਚ.ਓ. ਕਿਰਨ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

## ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਲਈ ਲੜਾਈ ਲੜ ਰਹੀ ਕਾਂਗਰਸ : ਗਿਲਜੀਆਂ

**ਅੱਡਾ ਸਰਾਂ, (ਜਸਵੀਰ ਕਾਜਲ)**- ਨੀਟ ਪੇਪਰ ਲੀਕ ਦੇ ਵਿਰੋਧ ਅਤੇ ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਦੀ ਲੜਾਈ ਕਾਂਗਰਸ ਪਾਰਟੀ ਰਾਹੁਲ ਗਾਂਧੀ ਦੀ ਅਗਵਾਈ ਵਿਚ ਮਜ਼ਬੂਤੀ ਨਾਲ ਲੜ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਪਿੰਡ ਬਸੀ ਜਲਾਲ ਵਿਚ ਕਾਂਗਰਸ ਟੀਮ ਦੀ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਉਨ੍ਹਾਂ ਆਖਿਆ ਕਿ ਸਿੱਖਿਆ ਸੁਧਾਰ ਨੂੰ ਲੈਕੇ ਦਿੱਲੀ ਆਪਣੀ ਆਵਾਜ਼ ਬੁਲੰਦ ਕਰ ਰਹੇ ਵਿਦਿਆਰਥੀਆਂ ਤੇ ਮੋਦੀ ਸਰਕਾਰ ਦੀ ਪੁਲਸ ਵੱਲੋਂ ਕੀਤੇ ਜਾ ਰਹੇ ਜਬਰ ਦੇ ਵਿਰੋਧ ਵਿਚ ਕਾਂਗਰਸ ਲੀਡਰਸ਼ਿਪ ਵੱਲੋਂ ਪਾਰਟੀ ਵੱਲੋਂ ਸ਼ਾਂਤਮਈ ਪ੍ਰਦਰਸ਼ਨ ਦੌਰਾਨ ਸਰਕਾਰ ਨੇ ਪੁਲਸ ਰਾਹੀਂ ਧੱਕੇਸ਼ਾਹੀ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਆਖਿਆ ਕਿ ਕਾਂਗਰਸ ਪਾਰਟੀ ਵਿਦਿਆਰਥੀਆਂ



ਦੀ ਲੜਾਈ ਮਜ਼ਬੂਤੀ ਨਾਲ ਲੜੇਗੀ। ਗਿਲਜੀਆਂ ਨੇ ਦੂਜੇ ਪਾਸੇ ਪੰਜਾਬ ਸਰਕਾਰ ਵੱਲੋਂ ਮਨਰੇਗਾ ਕਰਮਚਾਰੀਆਂ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਦਾ ਵਿਰੋਧ ਕਰਦੇ ਹੋਏ ਆਖਿਆ ਕਿ ਅੱਜ ਕਿਸਾਨ ਮਜ਼ਦੂਰ ਕਰਮਚਾਰੀ ਅਤੇ ਪੈਨਸ਼ਨਰ ਹਰੇਕ ਵਰਗ ਦੁਖੀ ਹੈ।ਇਸ ਮੌਕੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਨੇ ਵੀ ਸਰਕਾਰ ਦੀਆਂ ਧੱਕੇਸ਼ਾਹੀਆਂ ਦੇ ਖਿਲਾਫ ਇੱਕਜੁੱਟ ਹੋਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਹਰਮੇਸ਼ ਬਸੀਜਲਾਲ, ਮਨਜੀਤ ਸਿੰਘ ਮਨੀ, ਸਾਬਕਾ ਸਰਪੰਚ ਹਰਵਿੰਦਰ ਸਿੰਘ, ਨੰਬਰਦਾਰ ਮਨਜੀਤ ਸਿੰਘ, ਸਾਬਕਾ ਸਰਪੰਚ ਲਖਵੀਰ ਸਿੰਘ ਕਾਲਾ, ਗੁਰਜੀਤ ਢਿੱਲੋਂ, ਤਰਵਿੰਦਰ ਸਿੰਘ, ਮਹਿੰਦਰਪਾਲ ਸਿੰਘ, ਜੋਗਿੰਦਰ ਸਿੰਘ ਬਿੱਲਾ, ਰਾਜਵਿੰਦਰ ਕੌਰ, ਕਰਮ ਸਿੰਘ, ਇੰਦਰਜੀਤ ਸਿੰਘ, ਸੁਖਵੀਰ ਚੰਦ ਫੌਜੀਆਦਿ ਮੌਜੂਦ ਸਨ।

## ਜਸਵੀਰ ਸਿੰਘ ਰਾਜਾ ਵੱਲੋਂ ਅਸ਼ੋਕ ਕੁਮਾਰ ਸੈਣੀ ਦਾ ਸਨਮਾਨ

**ਟਾਂਡਾ ਉੜਮੁੜ, (ਮਿਥਲੇਸ਼ ਗਰਗ,ਜਸਵਿੰਦਰ ਸੰਧੂ)**- ਸਮਾਜ ਸੇਵਕ ਅਸ਼ੋਕ ਕੁਮਾਰ ਸੈਣੀ ਨੂੰ ਵਿਧਾਇਕ ਜਸਵੀਰ ਸਿੰਘ ਰਾਜਾ (ਟਾਂਡਾ) ਵੱਲੋਂ ਪਾਰਟੀ ਆਗੂਆਂ, ਵਰਕਰਾਂ ਅਤੇ ਸਥਾਨਕ ਨਿਵਾਸੀਆਂ ਵੱਲੋਂ ਹਾਜ਼ਰ ਇੱਕ ਜਨਤਕ ਇਕੱਠ ਵਿੱਚ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਧਾਇਕ ਨੇ ਅਸ਼ੋਕ ਕੁਮਾਰ ਸੈਣੀ ਨੂੰ ਸਮਾਜ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਤਿਕਾਰ ਅਤੇ ਪ੍ਰਸ਼ੰਸਾ ਦੇ ਪ੍ਰਤੀਕ ਵਜੋਂ ਇੱਕ ਗੁਲਦਸਤਾ ਅਤੇ



ਇੱਕ ਰਸਮੀ ਸਕਾਰਫ਼ ਭੇਟ ਕੀਤਾ। ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਵਿਧਾਇਕ ਜਸਵੀਰ ਸਿੰਘ ਰਾਜਾ ਨੇ ਅਸ਼ੋਕ ਕੁਮਾਰ ਸੈਣੀ ਦੀ ਸਮਾਜ ਪ੍ਰਤੀ ਸਮਰਪਣ ਅਤੇ ਸੇਵਾ ਲਈ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਵਿੱਚ ਉਨ੍ਹਾਂ ਦੀ ਨਿਰੰਤਰ ਸਫਲਤਾ ਦੀ ਕਾਮਨਾ ਕੀਤੀ।

## ਜਲਦ ਰਿਲੀਜ਼ ਹੋਵੇਗਾ ਕੇ ਐੱਸ ਕਰਨ ਦਾ ਨਵਾਂ ਗੀਤ 'ਡ੍ਰੀਮ'

**ਕਪੂਰਥਲਾ (ਪ੍ਰੀਤ ਸੰਗੋਜਲਾ)**- ਐੱਸ ਬੀ ਕੇ ਰਿਕਾਰਡਜ਼ ਯੂ ਕੇ ਦੇ ਬੈਨਰ ਹੇਠ ਪੰਜਾਬੀ ਗਾਇਕ ਕੇ ਐੱਸ ਕਰਨ ਦਾ ਨਵਾਂ ਗੀਤ 'ਡ੍ਰੀਮ' ਜਲਦ ਹੀ ਸਰੋਤਿਆਂ ਦੀ ਕਚਹਿਰੀ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਗੀਤ



ਦੀ ਵੀਡੀਓ ਦੀ ਸ਼ੂਟਿੰਗ ਸਫਲਤਾਪੂਰਵਕ ਮੁਕੰਮਲ ਹੋ ਗਈ ਹੈ, ਜਿਸ ਨੂੰ ਲੈ ਕੇ ਪੂਰੀ ਟੀਮ ਵਿੱਚ ਉਤਸ਼ਾਹ ਦਾ ਮਾਹੌਲ ਹੈ। ਗੀਤ ਵਿੱਚ ਕੇ ਐੱਸ ਕਰਨ ਦੇ ਨਾਲ ਮੁੱਖ ਅਦਾਕਾਰਾ ਵਜੋਂ ਨੇਹਾ ਹੀਰ ਨੇ ਆਪਣੀ ਸ਼ਾਨਦਾਰ ਅਦਾਕਾਰੀ ਨਾਲ ਚਾਰ ਚੰਨ ਲਗਾਏ ਹਨ। ਗੀਤ ਦਾ ਸੰਗੀਤ ਇਕੋਸ਼ੇਡ ਵੱਲੋਂ ਤਿਆਰ ਕੀਤਾ ਗਿਆ ਹੈ, ਜਦਕਿ ਵੀਡੀਓ ਦਾ ਨਿਰਦੇਸ਼ਨ ਪ੍ਰਸਿੱਧ ਡਾਇਰੈਕਟਰ ਰੰਜੀਤ ਉੱਪਲ ਨੇ ਕੀਤਾ ਹੈ। ਸ਼ੂਟਿੰਗ ਦੌਰਾਨ ਮੇਕਅਪ ਦੀ ਜ਼ਿੰਮੇਵਾਰੀ ਯੂਨੀਕ ਮੁਸਕਾਨ ਨੇ ਬਖ਼ੂਬੀ ਨਿਭਾਈ।ਸ਼ੂਟਿੰਗ ਮੌਕੇ ਗਾਇਕ ਕੇ ਐੱਸ ਕਰਨ ਦੇ ਪਿਤਾ ਅਤੇ ਐੱਸ ਬੀ ਕੇ ਰਿਕਾਰਡਜ਼ ਯੂ ਕੇ ਦੇ ਪ੍ਰੋਡਿਊਸਰ ਪਰਮਜੀਤ ਸੰਨੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਪੂਰੀ ਟੀਮ ਦਾ ਹੌਸਲਾ ਵਧਾਇਆ।ਗੀਤ ਨਾਲ ਜੁੜੀ ਟੀਮ ਨੇ ਭਰੋਸਾ ਜਤਾਇਆ ਕਿ 'ਡ੍ਰੀਮ' ਆਪਣੇ ਮਿੱਠੇ ਸੰਗੀਤ, ਪ੍ਰਭਾਵਸ਼ਾਲੀ ਬੋਲ ਅਤੇ ਦਿਲਕਸ਼ ਵੀਡੀਓ ਰਾਹੀਂ ਸਰੋਤਿਆਂ ਦੇ ਦਿਲਾਂ 'ਚ ਖਾਸ ਥਾਂ ਬਣਾਏਗਾ। ਗੀਤ ਦੇ ਰਿਲੀਜ਼ ਹੋਣ ਦੀ ਉਡੀਕ ਪੰਜਾਬੀ ਸੰਗੀਤ ਪ੍ਰੇਮੀਆਂ ਵੱਲੋਂ ਬੇਸਬਰੀ ਨਾਲ ਕੀਤੀ ਜਾ ਰਹੀ ਹੈ।

## ਵਕੀਲਾਂ ਵੱਲੋਂ ਧਰਨਾ ਜਾਰੀ



**ਫਿਲੌਰ (ਨਿਰਮਲ)**- ਸੁਰਜੀਤ ਖੈਤਾਨ ਐਡਵੋਕੇਟ ਸਕੱਤਰ, ਬਾਰ ਐਸੋਸੀਏਸ਼ਨ ਫਿਲੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਲੀਗਲ ਏਡ ਡਿਫੈਂਸ ਕੌਂਸਲ ਨੀਤੀ ਦੇ ਵਿਰੋਧ ਵਿੱਚ ਚੱਲ ਰਹੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਲਈ ਬਾਰ ਐਸੋਸੀਏਸ਼ਨ ਫਿਲੌਰ ਵੱਲੋਂ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਭੁੱਖ ਹੜਤਾਲ ਜਾਰੀ ਹੈ।ਇਹ ਲੜਾਈ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਸਮੂਹ ਵਕੀਲ ਭਾਈਚਾਰੇ, ਨੌਜਵਾਨ ਵਕੀਲਾਂ ਦੇ ਭਵਿੱਖ ਅਤੇ ਵਕਾਲਤ ਪੇਸ਼ੇ ਦੀ ਮਰਯਾਦਾ ਦੀ ਰੱਖਿਆ ਲਈ ਹੈ। ਸਾਡੀ ਏਕਤਾ, ਸਬਰ ਅਤੇ ਦ੍ਰਿੜ ਨਿਸ਼ਚਾ ਹੀ ਸਾਡੀ ਸਭ ਤੋਂ ਵੱਡੀ ਤਾਕਤ ਹੈ।ਉਨ੍ਹਾਂ ਕਿਹਾ ਕਿ ਸਮੂਹ ਮੈਂਬਰ ਨੂੰ ਬੇਨਤੀ ਕਰਦਾ ਹਾਂ ਕਿ ਇਸ ਸੰਘਰਸ਼ ਵਿੱਚ ਆਪਣੀ ਹਾਜ਼ਰੀ ਅਤੇ ਸਹਿਯੋਗ ਨਾਲ ਬਾਰ ਐਸੋਸੀਏਸ਼ਨ ਦੀ ਏਕਤਾ ਨੂੰ ਹੋਰ ਮਜ਼ਬੂਤ ਕਰੋ।

## ਸਿਲਵਰ ਓਕ ਸਕੂਲ ਦੀ ਚੈੱਸ ਟੀਮ ਨੇ ਗੋਲਡ ਮੈਡਲ ਜਿੱਤਿਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਹਬਾਜ਼ਪੁਰ ਦੀ ਚੈਸ ਟੀਮ ਨੇ ਪੰਜਾਬ ਸਕੂਲ ਜੋਨਲ ਖੇਡਾਂ ਦੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਤੇ ਕਬਜ਼ਾ ਕੀਤਾ ਅਤੇ ਜ਼ਿਲਾ ਪੱਧਰ ਤੇ ਐਂਟਰੀ ਕੀਤੀ।

ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਦੀ ਚੈਸ ਟੀਮ ਦੇ ਖਿਡਾਰੀਆਂ



ਹੁਸਨਦੀਪ, ਰਿਧਮ, ਗੁਰਮਾਨਦੀਪ ਸਿੰਘ, ਜਤਿਨ ਪ੍ਰੀਤ ਸਿੰਘ ਅਤੇ ਅਰਸ਼ਦੀਪ ਸਿੰਘ ਨੇ ਪੰਜਾਬ ਬੋਰਡ ਜੋਨਲ ਖੇਡਾਂ ਦੇ ਵਿੱਚ ਹਿੱਸਾ ਲੈਂਦੇ ਹੋਏ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਗੋਲਡ ਮੈਡਲ ਜਿੱਤ ਕੇ ਜ਼ਿਲ੍ਹਾ ਪੱਧਰ ਦੇ ਮੁਕਾਬਲਿਆਂ ਵਿੱਚ ਐਂਟਰੀ ਕੀਤੀ। ਉਹਨਾਂ ਦੱਸਿਆ ਕਿ ਬੱਚਿਆਂ ਦੀ ਅਣਥੱਕ ਮਿਹਨਤ ਅਤੇ ਕੋਚ ਦੀ ਦਿੱਤੀ ਹੋਈ ਟ੍ਰੇਨਿੰਗ ਦਾ ਹੀ ਨਤੀਜਾ ਹੈ ਕਿ ਬੱਚੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਕੇ ਗੋਲਡ ਮੈਡਲ ਜਿੱਤ ਕੇ ਲਿਆਏ।

ਇਸ ਮੌਕੇ ਤੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਪੰਕਜ, ਸੁਰੇਸ਼, ਸੁਸ਼ੀਲ, ਬਲਦੇਵ, ਰੁਪਿੰਦਰ, ਬਲਜੀਤ, ਅਰਚਨਾ, ਵਿਸ਼ਾਲੀ, ਗੁਰਪ੍ਰੀਤ, ਨੇਹਾ, ਸੁਮਨ, ਰਾਜਵਿੰਦਰ, ਬਲਜੀਤ, ਪਰਮਜੀਤ, ਰਾਜਵੀਰ, ਇਕਬਾਲ, ਵਿਨੇ, ਸ਼ਿਲਪਾ, ਰਮਨ, ਸੋਨੂ, ਰਜਮੀਤ, ਹਰਮਿੰਦਰ, ਹਰਜੀਤ, ਗੁਰਦੇਵ, ਹਰਕਮਲ, ਅਜੇ, ਕੁਲਬੀਰ, ਕੁਲਦੀਪ ਅਤੇ ਹੋਰ ਸਟਾਫ ਮੌਜੂਦ ਸੀ।

## ਵੈਟਰਨਰੀ ਇੰਸਪੈਕਟਰ ਵੱਲੋਂ ਰੋਸ ਰੈਲੀ 31 ਨੂੰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਨਰੀ ਇੰਸਪੈਕਟਰ ਪਿਛਲੇ ਚਾਰ ਸਾਲ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ ਹਨ। ਇਸ ਸੰਬੰਧ ਵਿੱਚ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਦੀਆਂ ਬਹੁਤ ਸਾਰੀਆਂ ਮੀਟਿੰਗਾਂ ਵਿਭਾਗ ਦੇ ਮਾਨਯੋਗ ਮੰਤਰੀ ਗੁਰਮੀਤ ਸਿੰਘ ਖੁਡੀਆਂ ਅਤੇ ਵਿਭਾਗ ਦੀ ਅਫਸਰਸ਼ਾਹੀ ਨਾਲ ਹੋ ਚੁੱਕੀਆਂ ਹਨ, ਪਰ ਬੜੇ ਅਫਸੋਸ ਦੀ ਗੱਲ ਹੈ, ਕਿ ਵੈਟਨਰੀ ਇੰਸਪੈਕਟਰਾਂ ਦੀ ਇੱਕ ਵੀ ਮੰਗ ਹੁਣ ਤੱਕ ਪੂਰੀ ਨਹੀਂ ਕੀਤੀ ਗਈ। ਹਰ ਮੀਟਿੰਗ ਵਿੱਚ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੂੰ ਇਹ ਵਿਸ਼ਵਾਸ ਦਵਾਇਆ ਗਿਆ, ਕਿ ਉਨ੍ਹਾਂ ਦੀਆਂ ਮੰਗਾਂ ਬਿਲਕੁਲ ਜਾਇਜ਼ ਹਨ ਤੇ ਸਰਕਾਰ ਜਲਦੀ ਹੀ ਉਹਨਾਂ ਦੀਆਂ ਮੰਗਾਂ ਨੂੰ ਪੂਰੀਆਂ ਕਰ ਦੇਵੇਗੀ। ਮੰਗਾਂ ਨੂੰ ਲੈ ਕੇ ਵੈਟਰਨਰੀ ਇੰਸਪੈਕਟਰ ਵਰਕ ਟੂ ਰੂਲ ਤੇ ਚੱਲ ਰਹੇ ਹਨ, ਲਗਭਗ 150 ਦਿਨ ਪੂਰੇ ਹੋਣ ਵਾਲੇ ਹਨ। ਅਫਸਰ ਸ਼ਾਹੀ ਦੇ ਵਤੀਰੇ ਤੋਂ ਤੰਗ ਆ ਕੇ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਨੇ 31 ਜੁਲਾਈ ਨੂੰ ਡਾਇਰੈਕਟਰ ਪਸ਼ੂ ਪਾਲਣ ਦੇ ਦਫ਼ਤਰ ਸਾਹਮਣੇ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਹੈ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹੋਇਆਂ ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ, ਜਨਰਲ ਸਕੱਤਰ ਬਿਪਨ ਗੋਇਲ, ਮੁੱਖ ਸਲਾਹਕਾਰ ਦਲਜੀਤ ਸਿੰਘ ਚਾਹਲ ਨੇ ਦੱਸਿਆ ਕਿ 31 ਜੁਲਾਈ ਨੂੰ ਡਾਇਰੈਕਟਰ ਪਸ਼ੂ ਪਾਲਣ ਦੇ ਦਫਤਰ ਮੁਹਾਲੀ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਮੁੱਖ ਮੰਤਰੀ ਪੰਜਾਬ ਦੇ ਦਫਤਰ ਵੱਲ ਨੂੰ ਮਾਰਚ ਕੀਤਾ ਜਾਵੇਗਾ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ 'ਤੇ ਸੰਗਤ ਦਾ ਅਟੁੱਟ ਵਿਸ਼ਵਾਸ : ਰਾਮ ਕਿਸ਼ਨ ਮਹਿਮੀ

**ਹੁਸ਼ਿਆਰਪੁਰ (ਓ ਪੀ ਰਾਣਾ )** ਰਾਮ ਕਿਸ਼ਨ ਮਹਿਮੀ ਐਮ ਬੀ ਈ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ ਯੂ ਕੇ ਯੂਰਪ ਐਂਡ ਅਬਰੌਡ ਨੇ ਇਕ ਬਿਆਨ ਜਾਰੀ ਕਰਕੇ ਸਪੱਸ਼ਟ ਕੀਤਾ ਕਿ ਯੂ ਕੇ ਸਭਾ ਨਾਲ ਸਬੰਧਿਤ ਸਾਰੇ ਹੀ ਗੁਰੂ ਘਰਾਂ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੈ ਅਤੇ ਸਮੁੱਚੀਆਂ ਗੁਰੂ ਘਰ ਕਮੇਟੀਆਂ ਅਤੇ ਸੰਗਤ ਦਾ ਗੁਰੂ ਗ੍ਰੰਥ ਸਾਹਿਬ ਵਿੱਚ ਅਟੁੱਟ ਵਿਸ਼ਵਾਸ ਹੈ।ਸਾਰੀਆਂ ਗੁਰੂ ਘਰ ਕਮੇਟੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ



ਵਿੱਚ ਦਰਜ ਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਹਮੇਸ਼ਾ ਕਾਰਜਸ਼ੀਲ ਹਨ।ਉਨ੍ਹਾਂ ਇਹ ਵੀ ਕਿਹਾ ਕਿ ਯੂ ਕੇ ਸਭਾ ਕਿਸੇ ਵੀ ਮਹਾਂਪੁਰਖਾਂ ਦੇ ਡੇਰਿਆਂ ਅੰਦਰ ਦਖਲਅੰਦਾਜ਼ੀ ਨਹੀਂ ਕਰਦੀ ਉਹ ਆਪਣੀ ਮਰਿਆਦਾ ਅਤੇ ਪਰੰਪਰਾ ਅਨੁਸਾਰ ਆਪਣੇ ਡੇਰਿਆਂ ਦਾ ਸੰਚਾਲਨ ਕਰਦੇ ਹਨ ।ਯੂ ਕੇ ਸਭਾ ਇਹ ਆਸ ਵੀ ਕਰਦੀ ਹੈ ਕਿ ਕੋਈ ਵੀ ਡੇਰਾ ਜਾਂ ਸੰਤ ਮਹਾਂਪੁਰਖ ਯੂ ਕੇ ਸਭਾ ਦੇ ਕੰਮਾਂ ਵਿੱਚ ਕਿਸੇ ਕਿਸਮ ਦੀ ਦਖਲਅੰਦਾਜ਼ੀ ਨਹੀਂ ਕਰੇਗਾ ।ਯੂ ਕੇ ਸਭਾ ਸਾਰੇ ਹੀ ਮਹਾਂਪੁਰਖਾਂ ਦਾ ਬਰਾਬਰ ਸਨਮਾਨ ਕਰਦੀ ਹੈ।

## ਨਵੇਂ ਰਾਸ਼ਨ ਕਾਰਡਾਂ ਲਈ ਅਰਜ਼ੀਆਂ ਦੀ ਮੰਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ, ਪੰਜਾਬ ਵੱਲੋਂ ਯੋਗ ਪਰਵਾਰਾਂ ਤੋਂ ਨਵੇਂ ਰਾਸ਼ਨ ਕਾਰਡ ਬਣਵਾਉਣ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਜਿਹੜੇ ਨਾਗਰਿਕ ਨਿਰਧਾਰਤ ਯੋਗਤਾ ਸ਼ਰਤਾਂ ਪੂਰੀਆਂ ਕਰਦੇ ਹਨ ਅਤੇ ਜਿਨ੍ਹਾਂ ਕੋਲ ਪਹਿਲਾਂ ਤੋਂ ਵੈਲਿਡ ਰਾਸ਼ਨ ਕਾਰਡ ਨਹੀਂ ਹੈ, ਉਹ ਲੋੜੀਂਦੇ ਦਸਤਾਵੇਜ਼ਾਂ ਸਮੇਤ ਆਪਣੀ ਅਰਜ਼ੀ ਨਿਰਧਾਰਤ ਸਮੇਂ ਅੰਦਰ ਜਮ੍ਹਾਂ ਕਰਵਾ ਸਕਦੇ ਹਨ।ਬਿਨੈਕਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਅਰਜ਼ੀ ਵਿੱਚ ਦਿੱਤੀ ਜਾਣ ਵਾਲੀ ਸਾਰੀ ਜਾਣਕਾਰੀ ਸਹੀ ਅਤੇ ਪੂਰੀ ਭਰਨ। ਅਰਜ਼ੀ ਦੇ ਨਾਲ ਪਰਵਾਰ ਦੇ ਸਾਰੇ ਮੈਂਬਰਾਂ ਦੇ ਆਧਾਰ ਕਾਰਡ, ਰਿਹਾਇਸ਼ ਦਾ ਸਬੂਤ ਅਤੇ ਵਿਭਾਗ ਵੱਲੋਂ ਨਿਰਧਾਰਤ ਹੋਰ ਲੋੜੀਂਦੇ ਦਸਤਾਵੇਜ਼ ਜ਼ਰੂਰ ਨੱਥੀ ਕੀਤੇ ਜਾਣ।

## ਐੱਮ ਐੱਲ ਏ ਨੇ ਪੰਜ ਪਿੰਡਾਂ ਨੂੰ ਪਾਣੀ ਵਾਲਾ ਟੈਂਕ ਸਮਰਪਿਤ ਕੀਤਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਮਜ਼ਬੂਤੀ ਦਿੰਦਿਆਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਰਾਜੋਮਾਜਰਾ, ਪੰਡਵਾਲਾ, ਖੇੜੀ ਗੁੱਜਰਾਂ, ਗੁਰੂ ਨਾਨਕ ਕਲੋਨੀ ਅਤੇ ਝਵਾਂਸਾ ਦੇ ਵਾਸੀਆਂ ਨੂੰ ਪਾਣੀ ਵਾਲਾ ਟੈਂਕ ਸਮਰਪਿਤ ਕੀਤਾ।ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਇਹ ਸਹੂਲਤ ਪਿੰਡ ਵਾਸੀਆਂ ਦੀਆਂ ਰੋਜ਼ਾਨਾ ਪਾਣੀ ਦੀਆਂ ਲੋੜਾਂ ਪੂਰੀਆਂ ਕਰਨ ਦੇ ਨਾਲ-ਨਾਲ ਅੱਗ ਲੱਗਣ ਵਰਗੀਆਂ ਐਮਰਜੈਂਸੀ ਸਥਿਤੀਆਂ ਦੌਰਾਨ ਵੀ ਬੇਹੱਦ ਲਾਹੇਵੰਦ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ



ਸਭ ਤੋਂ ਵੱਡੀ ਤਰਜੀਹ ਹੈ।ਵਿਧਾਇਕ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਲੋਕਾਂ ਦੀਆਂ ਲੋੜਾਂ ਅਤੇ ਸਥਾਨਕ ਜ਼ਰੂਰਤਾਂ ਅਨੁਸਾਰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਪਿੰਡਾਂ ਦੇ ਵਸਨੀਕਾਂ ਨੂੰ ਸ਼ਹਿਰਾਂ ਦੇ ਬਰਾਬਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਇਸ ਮੌਕੇ ਸਬੰਧਤ ਪਿੰਡਾਂ ਦੇ ਸਰਪੰਚ, ਬਲਾਕ ਸੰਮਤੀ ਦੇ ਚੇਅਰਮੈਨ ਪ੍ਰਦੀਪ ਸਚਦੇਵਾ, ਬਲਾਕ ਸੰਮਤੀ ਮੈਂਬਰ ਅਤੇ ਬੀ.ਡੀ.ਪੀ.ਓ. ਡੇਰਾਬੱਸੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਓ.ਐੱਸ.ਡੀ. ਨੇ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦਾ ਲਿਆ ਜਾਇਜ਼ਾ

**ਧੂਰੀ/ਸੰਗਰੂਰ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਤੇ ਡਿਪਟੀ ਕਮਿਸ਼ਨਰ ਪ੍ਰਨਮਦੀਪ ਕੌਰ ਨੇ ਸ਼ਹਿਰ ਵਿੱਚ ਕਰੀਬ 45 ਕਰੋੜ ਰੁਪਏ ਦੀ ਲਾਗਤ ਨਾਲ ਚੱਲ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ।ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਦਿਆਂ ਸਾਰੇ ਪ੍ਰੋਜੈਕਟ ਨਿਰਧਾਰਤ ਸਮਾਂ-ਸੀਮਾ ਅੰਦਰ ਉੱਚ ਗੁਣਵੱਤਾ ਨਾਲ ਮੁਕੰਮਲ ਕਰਨ ਤੇ ਕੰਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਨਾ ਵਰਤਣ ਦੇ ਨਿਰਦੇਸ਼ ਦਿੱਤੇ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੂੰ ਆਧੁਨਿਕ, ਸੁੰਦਰ ਤੇ ਹਰ ਪੱਖੋਂ ਵਿਕਸਤ ਸ਼ਹਿਰ ਵਜੋਂ ਸਥਾਪਤ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕਰਨ, ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਸ਼ਹਿਰ ਦੀ ਸੁੰਦਰਤਾ ਵਿੱਚ ਵਾਧਾ ਕਰਨ, ਹਰਿਆਵਲੀ ਨੂੰ ਉਤਸ਼ਾਹਤ ਕਰਨ ਤੇ ਖੇਡਾਂ ਲਈ ਬਿਹਤਰ ਬੁਨਿਆਦੀ ਢਾਂਚਾ ਵਿਕਸਤ ਕਰਨ ਦੇ ਮੰਤਵ ਨਾਲ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਧੂਰੀ ਸ਼ਹਿਰ ਵਿੱਚ ਵੱਖ-ਵੱਖ ਪਾਰਕਾਂ ਦੇ ਵਿਕਾਸ ਤੇ ਸੁੰਦਰੀਕਰਨ, ਨਿਰਮੋਹ ਸਰੋਵਰ ਹਾਲ ਦੇ ਅਪਗ੍ਰੇਡੇਸ਼ਨ, ਕ੍ਰਾਂਤੀ ਚੌਕ ਤੇ ਸ਼ੰਭੂਕ ਚੌਕ ਦੇ ਸੁੰਦਰੀਕਰਨ, ਸ਼ਹਿਰ ਦੇ ਤਿੰਨਾਂ ਪ੍ਰਵੇਸ਼ ਦੁਆਰਾਂ ਦੇ ਸੁੰਦਰੀਕਰਨ, ਸ਼ਹਰ ਬਾਜ਼ਾਰ ਦੇ ਪੁਨਰ ਵਿਕਾਸ, ਵੱਖ-ਵੱਖ ਸੜਕਾਂ ਦੇ ਅਪਗ੍ਰੇਡੇਸ਼ਨ, ਨਵੇਂ ਗ੍ਰੀਨ ਸਪੇਸ ਤੇ ਪਾਰਕਾਂ ਦੀ ਉਸਾਰੀ, ਪਾਣੀ ਸਪਲਾਈ ਪ੍ਰਣਾਲੀ ਦੇ ਵਿਸਥਾਰ, ਸੀਵਰੇਜ ਟਰੀਟਮੈਂਟ ਪਲਾਂਟ (ਐਸ.ਟੀ.ਪੀ.) ਤੇ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਕਈ ਮਹੱਤਵਪੂਰਨ ਪ੍ਰੋਜੈਕਟ ਜੰਗੀ ਪੱਧਰ 'ਤੇ ਚੱਲ ਰਹੇ ਹਨ। ਓ.ਐਸ.ਡੀ. ਸੁਖਵੀਰ ਸਿੰਘ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਰ ਪ੍ਰੋਜੈਕਟ ਦੀ ਨਿਯਮਿਤ ਨਿਗਰਾਨੀ ਯਕੀਨੀ ਬਣਾਈ ਜਾਵੇ ਤੇ ਕੰਮਾਂ ਦੀ ਗੁਣਵੱਤਾ ਨਾਲ ਕਿਸੇ ਵੀ ਕੀਮਤ 'ਤੇ ਸਮਝੌਤਾ ਨਾ ਕੀਤਾ ਜਾਵੇ, ਤਾਂ ਜੋ ਉਨ੍ਹਾਂ ਨੂੰ ਇਨ੍ਹਾਂ ਵਿਕਾਸ ਕਾਰਜਾਂ ਦਾ ਲਾਭ ਜਲਦ ਦੇਂ ਜਲਦ ਮਿਲ ਸਕੇ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨਾ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਦ੍ਰਿੜ੍ਹਤਾ ਨਾਲ ਕੰਮ ਕਰ ਰਹੀ ਹੈ ਤੇ ਧੂਰੀ ਹਲਕੇ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ 'ਚ ਵਿਕਾਸ ਦੀ ਰਫ਼ਤਾਰ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਜਾਰੀ ਰਹੇਗੀ।




# ਸੌਂਦ ਨੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਸੌਂਪੇ ਨਿਯੁਕਤੀ ਪੱਤਰ

**ਦੋਰਾਹਾ (ਹਰਮਿੰਦਰ ਸੇਠ)** ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਖੰਨਾ ਵਿਖੇ ਸਮਾਗਮ ਦੌਰਾਨ ਹਲਕੇ ਦੇ 14 ਪਿੰਡਾਂ ਦੀਆਂ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ।ਉਨ੍ਹਾਂ ਨਿਯੁਕਤ ਹੋਈਆਂ ਵਰਕਰਾਂ ਤੇ ਹੈਲਪਰਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ। ਸ੍ਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਾਰਦਰਸ਼ੀ, ਨਿਰਪੱਖ ਤੇ ਯੋਗਤਾ ਅਧਾਰਤ ਭਰਤੀ ਪ੍ਰਕਿਰਿਆ ਨੂੰ ਯਕੀਨੀ ਬਣਾ ਰਹੀ ਹੈ।ਉਨ੍ਹਾਂ ਕਿਹਾ ਕਿ ਹੁਣ ਸਿਫ਼ਾਰਸ਼ਾਂ ਵਾਲੀ ਨੀਤ ਨੂੰ ਖ਼ਤਮ ਕਰਕੇ ਪੰਜਾਬ ਸਰਕਾਰ ਦੀਆਂ ਧੀਆਂ ਨੂੰ ਬਿਨਾਂ ਕਿਸੇ ਸਿਫ਼ਾਰਸ਼, ਰਿਸ਼ਵਤ ਜਾਂ ਪੱਖਪਾਤ-ਖੁਆਰੀ ਦੇ ਸਿਰਫ਼ ਆਪਣੀ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਪ੍ਰਾਪਤ ਹੋ ਰਹੀਆਂ ਹਨ। ਉਨ੍ਹਾਂ ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਨੌਜਵਾਨਾਂ, ਖਾਸ ਕਰਕੇ ਔਰਤਾਂ ਨੂੰ ਰੁਜ਼ਗਾਰ ਦੇ ਬਰਾਬਰ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭੂਮਿਕਾ ਸਮਾਜ ਵਿੱਚ ਬਹੁਤ ਮਹੱਤਵਪੂਰਨ ਹੈ, ਕਿਉਂਕਿ ਉਹ ਬੱਚਿਆਂ ਦੇ ਪੋਸ਼ਣ, ਸਿੱਖਿਆ ਤੇ ਮਾਵਾਂ ਦੀ ਸਿਹਤ ਨਾਲ ਜੁੜੀਆਂ ਸਰਕਾਰੀ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ। ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਨਵ-ਨਿਯੁਕਤ ਵਰਕਰਾਂ ਤੇ ਹੈਲਪਰਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਇਮਾਨਦਾਰੀ, ਸਮਰਪਣ ਤੇ ਸੇਵਾ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਅਤੇ ਸਰਕਾਰ ਦੀਆਂ ਭਲਾਈ ਸਕੀਮਾਂ ਨੂੰ ਹਰ ਲਾਭਪਾਤਰੀ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਉਣ।



# ਮੁਲਾਜ਼ਮ ਜਥੇਬੰਦੀਆਂ ਵੱਲੋਂ ਦੂਸਰੇ ਦਿਨ ਵੀ ਰੋਸ ਪ੍ਰਦਰਸ਼ਨ



**ਬੁਢਲਾਡਾ (ਅਸ਼ੋਕ ਲਾਕੜਾ)**- ਪਾਵਰਕਾਮ ਦੇ ਸਾਂਝਾ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ, ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰ ਯੂਨੀਅਨ (ਏਟਕ) ਪੈਨਸ਼ਨਰ ਵੈਲਫੇਅਰ ਫੈਡਰੇਸ਼ਨ ਪਹਿਲਵਾਨ, ਮੁਲਾਜ਼ਮ ਯੂਨਾਈਟਡ ਆਰਗੇਨਾਈਜ਼ੇਸ਼ਨ ਦੇ ਸੱਦੇ ਅਨੁਸਾਰ ਅੱਜ ਵੀਰਵਾਰ ਦੂਜੇ ਦਿਨ ਸਮੂਹ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਮੂਹਿਕ ਛੁੱਟੀ ਤੇ ਰਹਿ ਕੇ ਧਰਨਾ ਪ੍ਰਦਰਸ਼ਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਜਥੇਬੰਦੀਆਂ ਦੇ ਸੱਦੇ ਅਨੁਸਾਰ ਸਮੂਹਿਕ ਛੁੱਟੀ ਵਿੱਚ ਦਿਨ ਦਾ ਵਾਧਾ ਕਰਕੇ 23 ਜੁਲਾਈ ਅਤੇ 24 ਜੁਲਾਈ ਲਈ ਸੰਘਰਸ਼ ਦਾ ਐਲਾਨ ਕਰ ਦਿੱਤਾ ਗਿਆ ਹੈ। ਜਥੇਬੰਦੀਆਂ ਦੇ ਆਗੂਆਂ ਅਨੁਸਾਰ ਜੇਕਰ ਮੁਲਾਜ਼ਮ ਮਸਲੇ ਜਲਦੀ ਹੱਲ ਨਾ ਕੀਤੇ ਤਾਂ ਬਿਜਲੀ ਮੁਲਾਜ਼ਮਾਂ ਦਾ ਸੰਘਰਸ਼ ਲਗਾਤਾਰ ਅੱਗੇ ਵਧੇਗਾ ਜਿਸ ਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਹੋਵੇਗੀ। ਅੱਜ ਦੇ ਰੋਸ ਧਰਨੇ ਵਿੱਚ ਇੰਪਲਾਇਜ਼ ਫੈਡਰੇਸ਼ਨ ਪਹਿਲਵਾਨ ਦੇ ਸੂਬਾ ਮੀਤ ਪ੍ਰਧਾਨ ਵਰਿੰਦਰਪਾਲ ਲਾਡੀ, ਸੁਖਪ੍ਰੀਤ ਸਿੰਘ ਮੰਡਲ ਆਗੂ, ਅੰਮ੍ਰਿਤਪਾਲ ਸਿੰਘ ਸਕੱਤਰ, ਬਲਰਾਜ ਸਿੰਘ ਪ੍ਰਧਾਨ, ਅਨਪ੍ਰੀਤ ਸਿੰਘ, ਜਤਿੰਦਰ ਮੁਖ ਮੰਡਲ ਪ੍ਰਧਾਨ ਟੀ.ਐਸ.ਯੂ., ਪ੍ਰਦੀਪ ਸਿੰਘ, ਜਸਵੀਰ ਕੁਮਾਰ, ਸੁਖਪਾਲ ਸਿੰਘ, ਜਸੀਰ ਕੁਮਾਰ ਮੰਡਲ ਪ੍ਰਧਾਨ ਐਮ.ਐਸ.ਯੂ., ਗੁਰਪ੍ਰੀਤ ਫਫੜੇ, ਗੁਰਸੇਵਕ ਸਿੰਘ ਮੰਡਲ ਆਗੂ ਐਮ.ਯੂ.ਓ., ਬਲਵੀਰ ਸਿੰਘ ਪੈਨਸ਼ਨਰ ਆਗੂ ਲਖਨ ਲਾਲ ਸੋ, ਜਗਤਾਰ ਗੋਲਾ, ਬਿੱਕਰ ਸਿੰਘ ਮਘਾਣੀਆ, ਅਮਰਜੀਤ ਸਿੰਘ ਸਿੱਧੂ ਪੈਨਸ਼ਨਰ ਸੂਬਾ ਆਗੂ, ਬਲਦੇਵ ਸਿੰਘ ਮੰਢਾਲੀ ਸੂਬਾ ਆਗੂ, ਸਤਿਗੁਰ ਸਿੰਘ, ਕਰਤਾਰ ਸਿੰਘ, ਦਰਸ਼ਨ ਜੋਗਾ, ਗੁਰਦਰਸ਼ਨ ਸਿੰਘ ਟਾਹਲੀਆਂ ਆਦਿ ਆਗੂਆਂ ਨੇ ਸੰਬੋਧਨ ਕੀਤਾ।

### 25 ਤੱਕ ਟੀਕਾਕਰਨ ਦੀ ਵਿਸ਼ੇਸ਼ ਮੁਹਿੰਮ : ਡਾ. ਲਖਬੀਰ ਕੌਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ ਪੂਜਾ/ ਪਰਮਜੀਤ ਸਿੰਘ)**- ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ 20 ਤੋਂ 25 ਜੁਲਾਈ 2026 ਤੱਕ ਖਸਰਾ-ਰੁਬੈਲਾ (ਐਮ.ਆਰ.) ਟੀਕਾਕਰਨ ਦੀ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਕਾਰਜਕਾਰੀ ਸਿਵਲ ਸਰਜਨ ਡਾ. ਲਖਬੀਰ ਕੌਰ ਨੇ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ 9 ਮਹੀਨੇ ਤੋਂ 5 ਸਾਲ ਤੱਕ ਦੇ ਉਹਨਾਂ ਬੱਚਿਆਂ ਨੂੰ ਐਮ.ਆਰ. ਦਾ ਟੀਕਾ ਲਗਾਉਣਾ ਹੈ, ਜੋ ਕਿਸੇ ਕਾਰਨ ਨਿਯਮਤ ਟੀਕਾਕਰਨ ਤੋਂ ਵਾਂਝੇ ਰਹਿ ਗਏ ਹਨ। ਉਨ੍ਹਾਂ ਕਿਹਾ ਕਿ ਖਸਰਾ ਅਤੇ ਰੁਬੈਲਾ ਗੰਭੀਰ ਬਿਮਾਰੀਆਂ ਹਨ ਅਤੇ ਇਨ੍ਹਾਂ ਤੋਂ ਬਚਾਅ ਲਈ ਸਮੇਂ ਸਿਰ ਟੀਕਾਕਰਨ ਸਭ ਤੋਂ ਪ੍ਰਭਾਵਸ਼ਾਲੀ ਅਤੇ ਸੁਰੱਖਿਅਤ ਤਰੀਕਾ ਹੈ।

## ਕਿਸਾਨ ਸਾਡੇ ਮੁਲਕ ਦੇ ਅੰਨਦਾਤਾ ਹਨ- ਮਾਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਹਿੰਦੁਸਤਾਨ ਦੇ ਕਿਸਾਨਾਂ, ਜਿਮੀਦਾਰਾਂ ਦੀਆਂ ਫ਼ਸਲਾਂ ਨੂੰ ਅਤੇ ਉਨ੍ਹਾਂ ਦੀਆਂ ਜ਼ਮੀਨਾਂ ਤੇ ਉਨ੍ਹਾਂ ਦੇ ਸਮਾਜਿਕ ਸਥਿਤੀਆਂ ਨੂੰ ਨਜ਼ਰਅੰਦਾਜ਼ ਕਰਕੇ ਅਮਰੀਕਾ ਜਾਂ ਹੋਰ ਮੁਲਕਾਂ ਨਾਲ ਕਿਸਾਨੀ ਮੁੱਦਿਆਂ 'ਤੇ ਸਮਝੌਤੇ ਕਰ ਰਹੇ ਹਨ, ਜਿਨ੍ਹਾਂ ਨਾਲ ਕਿਸਾਨਾਂ ਜਿਮੀਦਾਰਾਂ ਦੇ ਜੀਵਨ ਨਾਲ ਇਹ ਖਿਲਵਾੜ ਕਰਨ ਵਾਲੀਆਂ ਕਾਰਵਾਈਆਂ ਹਨ। ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਭਾਰਤ ਦੇ ਹੁਕਮਰਾਨਾਂ ਵੱਲੋਂ ਕਿਸਾਨਾਂ ਜਿਮੀਦਾਰਾਂ ਨੂੰ ਨਜ਼ਰਅੰਦਾਜ਼ ਕਰਕੇ ਅਮਰੀਕਾ ਨਾਲ ਕੀਤੇ ਜਾ ਰਹੇ ਸਮਝੌਤਿਆਂ ਅਤੇ ਵੱਡੇ ਘਰਾਣਿਆਂ ਨੂੰ ਲਾਭ ਪਹੁੰਚਾਉਣ ਵਾਲੀਆਂ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਪ੍ਰਗਟ ਕੀਤੇ।

# ਹੋਲੀ ਹਾਰਟ ਸਕੂਲ 'ਚ ਧੂਮ-ਧਾਮ ਨਾਲ ਮਨਾਇਆ ਸੌਕਰ ਡੇਅ

**ਅਜੀਤਵਾਲ (ਨਛੱਤਰ ਸੰਧੂ)** ਹੋਲੀ ਹਾਰਟ ਸਕੂਲ ਵਿੱਚ ਖੇਡਾਂ ਤੇ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਇੱਕ ਸ਼ਾਨਦਾਰ ਸੌਕਰ ਡੇਅ (ਫੁੱਟਬਾਲ ਦਿਵਸ) ਦਾ ਆਯੋਜਨ ਕੀਤਾ ਗਿਆ।ਸਕੂਲ ਦਾ ਵਿਸ਼ਾਲ ਖੇਡ ਮੈਦਾਨ ਰੰਗ-ਬਿਰੰਗੇ ਝੰਡਿਆਂ ਤੇ ਖਿਡਾਰੀਆਂ ਦੇ ਉਤਸ਼ਾਹ ਨਾਲ ਗੂੰਜ ਉੱਠਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ੍ਰੀਮਤੀ ਪਲਤਾ ਰਿਬਨ ਕੱਟ ਕੇ ਅਤੇ ਆਕਾਸ਼ ਵਿੱਚ ਗੁਬਾਰੇ ਛੱਡ ਕੇ ਕੀਤੀ ਗਈ। ਦਿਨ ਭਰ ਚੱਲੇ ਇਸ ਫੁੱਟਬਾਲ ਟੂਰਨਾਮੈਂਟ ਵਿੱਚ ਵੱਖ-ਵੱਖ ਜਮਾਤਾਂ ਦੀਆਂ ਟੀਮਾਂ ਵਿਚਕਾਰ ਬਹੁਤ ਹੀ ਰੋਮਾਂਚਕ ਤੇ ਫਸਵੇਂ ਮੁਕਾਬਲੇ ਦੇਖਣ ਨੂੰ ਮਿਲੇ।ਨੰਨ੍ਹੇ-ਮੁੰਨੇ ਤੇ ਸੀਨੀਅਰ ਖਿਡਾਰੀਆਂ ਨੇ ਮੈਦਾਨ ਵਿੱਚ ਆਪਣੇ ਬਿਹਤਰੀਨ ਡ੍ਰਿਬਲਿੰਗ, ਪਾਸਿੰਗ ਅਤੇ ਗੋਲ ਕਰਨ ਦੇ ਹੁਨਰ ਦਾ ਪ੍ਰਦਰਸ਼ਨ ਕਰਕੇ ਦਰਸ਼ਕਾਂ ਨੂੰ ਮੰਤਰ ਮੁਗਧ ਕਰ ਦਿੱਤਾ।ਮੈਦਾਨ ਦੇ ਬਾਹਰ ਬੈਠੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਦੇ ਜੋਸ਼ੀਲੇ ਨਾਅਰਿਆਂ ਨੇ ਖਿਡਾਰੀਆਂ ਦੇ ਹੌਸਲੇ ਨੂੰ ਚਾਰ ਚੰਨ ਲਾ ਦਿੱਤੇ। ਖੇਡ ਦੇ ਨਾਲ-ਨਾਲ ਸਾਰੇ ਖਿਡਾਰੀਆਂ ਨੇ ਉੱਚ ਦਰਜੇ ਦੀ ਖੇਡ ਭਾਵਨਾ, ਟੀਮ ਵਰਕ ਤੇ ਅਨੁਸ਼ਾਸਨ ਦਾ ਸ਼ਾਨਦਾਰ ਸੁਨੇਹਾ ਦਿੱਤਾ।ਫਾਈਨਲ ਮੁਕਾਬਲੇ ਵਿੱਚ ਜੇਤੂ ਰਹਿਣ ਵਾਲੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਚੈਂਪੀਅਨ ਦੀ ਟ੍ਰਾਫੀ ਆਪਣੇ ਨਾਮ ਕੀਤੀ।ਸਮਾਗਮ ਦੇ ਅੰਤ ਵਿੱਚ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜੇਤੂ ਅਤੇ ਉੱਪ-ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਮੈਡਲ, ਸ਼ੀਲਡਾਂ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦੇ ਪ੍ਰਿੰਸੀਪਲ ਸ਼ਾਸਤ੍ਰੀ ਗੁਲੇਰੀਆ ਨੇ ਆਪਣੇ ਸੰਬੋਧਨ ਵਿੱਚ ਸਾਰੇ ਖਿਡਾਰੀਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਖੇਡਾਂ ਸਾਡੇ ਜੀਵਨ ਵਿੱਚ ਅਨੁਸ਼ਾਸਨ, ਸਹਿਯੋਗ ਤੇ ਨਰੋਈ ਸਿਹਤ ਦਾ ਸੰਚਾਰ ਕਰਦੀਆਂ ਹਨ।

# 400 ਮੀਟਰ ਦੌੜ 'ਚ 76 ਸਾਲਾ ਸ਼ਫ਼ੀਕ ਖ਼ਾਨ ਨੇ ਪ੍ਰਾਪਤ ਕੀਤਾ ਦੂਜਾ ਸਥਾਨ



**ਮਲੇਰਕੋਟਲਾ (ਅਸਗਰ ਪਰਿਹਾਰ)** ਅਕਾਲ ਫ਼ਿਜ਼ੀਕਲ ਅਕੈਡਮੀ ਵੱਲੋਂ ਸਵ. ਮਿਲਖਾ ਸਿੰਘ (ਫਲਾਇੰਗ ਸਿੱਖ) ਦੀ ਯਾਦ ਨੂੰ ਸਮਰਪਤ ਚੌਥਾ ਵਿਸ਼ਾਲ ਅਥਲੈਟਿਕਸ ਮੁਕਾਬਲਾ ਗੁਰਦੁਆਰਾ ਲਵੇਰੀਸਰ ਸਾਹਿਬ ਚੌਕ, ਡੂੰਘੇ ਮੰਡੀ ਜ਼ਿਲ੍ਹਾ ਬਠਿੰਡਾ ਵਿਖੇ ਬੜੀ ਧੂਮ-ਧਾਮ ਨਾਲ ਕਰਾਇਆ ਗਿਆ। ਇਸ ਖੇਡ ਮੁਕਾਬਲੇ 'ਚ 400 ਮੀਟਰ ਬਜ਼ੁਰਗਾਂ (60 ਸਾਲ ਤੋਂ ਉੱਪਰ) ਦੀ ਸ਼੍ਰੇਣੀ 'ਚ ਮਾਲੇਰਕੋਟਲਾ ਦੇ 76 ਸਾਲਾ ਬਜ਼ੁਰਗ ਅਥਲੀਟ ਸ਼ਫ਼ੀਕ ਖ਼ਾਨ (ਰਿਟਾਇਰਡ ਸੁਪਰਡੈਂਟ, ਇਨਕਮ ਟੈਕਸ ਵਿਭਾਗ) ਨੇ ਆਪਣੀ ਸ਼ਾਨਦਾਰ ਖੇਡ ਤੇ ਜ਼ਬਰਦਸਤ ਫਿਟਨੈੱਸ ਦਾ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕਰਕੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ।ਇਸ ਸ਼ਾਨਦਾਰ ਪ੍ਰਾਪਤੀ ਲਈ ਪ੍ਰਬੰਧਕਾਂ ਵੱਲੋਂ ਉਨ੍ਹਾਂ ਨੂੰ 1100 ਰੁਪਏ ਨਕਦ ਇਨਾਮ ਤੇ ਕੱਪ (ਟਰਾਫ਼ੀ) ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਸ਼ਫ਼ੀਕ ਖ਼ਾਨ ਇਸ ਤੋਂ ਪਹਿਲਾਂ ਵੀ ਸਟੇਟ, ਨੈਸ਼ਨਲ ਤੇ ਕੌਮੀ ਪੱਧਰ ਦੇ ਅਥਲੈਟਿਕਸ ਮੁਕਾਬਲਿਆਂ ਵਿੱਚ ਕਈ ਗੋਲਡ, ਸਿਲਵਰ ਤੇ ਬ੍ਰੌਂਜ਼ (ਕਾਂਸੀ) ਦੇ ਮੈਡਲ ਜਿੱਤ ਕੇ ਮਾਲੇਰਕੋਟਲਾ ਦਾ ਮਾਣ ਵਧਾ ਚੁੱਕੇ ਹਨ। ਆਪਣੀ ਜਿੱਤ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ 76 ਸਾਲਾ ਸ਼ਫ਼ੀਕ ਖ਼ਾਨ ਨੇ ਕਿਹਾ ਕਿ ਉਮਰ ਸਿਰਫ਼ ਇੱਕ ਨੰਬਰ ਹੈ, ਜੇਕਰ ਇਰਾਦੇ ਮਜ਼ਬੂਤ ਹੋਣ ਅਤੇ ਨਿਯਮਿਤ ਮਿਹਨਤ ਕੀਤੀ ਜਾਵੇ ਤਾਂ ਹਰ ਮੁਕਾਮ ਹਾਸਲ ਕੀਤਾ ਜਾ ਸਕਦਾ ਹੈ।ਇਸ ਦੇ ਨਾਲ ਹੀ ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਪ੍ਰੇਰਨਾ ਦਿੰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਮੋਬਾਈਲ ਤੇ ਨਸ਼ਿਆਂ ਦੀ ਦਲਦਲ ਤੋਂ ਦੂਰ ਰਹਿ ਕੇ ਖੇਡਾਂ ਅਤੇ ਕਸਰਤ ਨਾਲ ਜੁੜਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਖੇਡਾਂ ਨਾਲ ਨਾ ਸਿਰਫ਼ ਸਰੀਰ ਫਿੱਟ ਰਹਿੰਦਾ ਹੈ, ਸਗੋਂ ਮਾਨਸਿਕ ਤੌਰ 'ਤੇ ਵੀ ਮਜ਼ਬੂਤੀ ਮਿਲਦੀ ਹੈ।

ਮਾਮਲਾ ਅਕਾਲੀ ਆਗੂ 'ਤੇ ਹੋਈ ਫਾਇਰਿੰਗ ਦਾ

# ਦੋਸ਼ੀਆਂ ਦੀ ਗ੍ਰਿਫ਼ਤਾਰੀ ਸੰਬੰਧੀ ਲੋਕਾਂ ਨੇ ਥਾਣੇ ਅੱਗੇ ਦਿੱਤਾ ਧਰਨਾ

**ਬਰੇਟਾ (ਰੀਤਵਾਲ)** ਅਕਾਲੀ ਦਲ ਦੇ ਆਗੂ ਦਲਵੀਰ ਸਿੰਘ ਉਰਫ ਕਾਲਾ ਜਵੰਦਾ 'ਤੇ ਹੋਈ ਫਾਇਰਿੰਗ ਦੀ ਘਟਨਾ ਨੂੰ ਲੈ ਕੇ ਸ਼ਹਿਰ ਵਾਸੀਆਂ ਤੇ ਪਾਰਟੀ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਦੋਸ਼ੀਆਂ ਦੀ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਅੱਜ ਵੱਡੀ ਗਿਣਤੀ ਵਿੱਚ ਵੱਖ-ਵੱਖ ਜਥੇਬੰਦੀਆਂ ਤੇ ਰਾਜਨੀਤਕ ਪਾਰਟੀਆਂ ਅਤੇ ਸ਼ਹਿਰ ਦੇ ਆੜ੍ਹਤੀਆਂ ਨੇ ਬਰੇਟਾ ਥਾਣੇ ਅੱਗੇ ਧਰਨਾ ਦੇ ਕੇ ਰੋਸ ਪ੍ਰਗਟ ਕੀਤਾ। ਧਰਨਾਕਾਰੀਆਂ ਨੇ ਪੁਲਸ ਪ੍ਰਸ਼ਾਸਨ ਤੇ 'ਆਪ' ਸਰਕਾਰ ਦੇ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਤੇ ਦੋਸ਼ ਲਾਇਆ ਕਿ ਘਟਨਾ ਨੂੰ ਵਾਪਰਿਆਂ ਕਾਫ਼ੀ ਸਮਾਂ ਬੀਤ ਜਾਣ ਦੇ ਬਾਵਜੂਦ ਪੁਲਸ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਨਾਕਾਮ ਰਹੀ ਹੈ।ਧਰਨਾਕਾਰੀਆਂ ਨੇ ਕਿਹਾ ਕਿ ਜੇਕਰ ਜਲਦ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ ਤੇ ਥਾਣੇ ਅੱਗੇ ਪੱਕਾ ਮੋਰਚਾ ਲਾਇਆ ਜਾਵੇਗਾ। ਆੜ੍ਹਤੀਆ ਐਸੋਸੀਏਸ਼ਨ ਦੇ ਆਗੂ ਜਤਿੰਦਰ ਮੋਹਨ ਗਰਗ ਨੇ ਕਿਹਾ ਕਿ ਸ਼ਹਿਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ ਤੇ ਪ੍ਰਸ਼ਾਸਨ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ।ਉਨ੍ਹਾਂ ਇਲਾਕਾ ਤੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਇਸ ਗੁੰਡਾਗਰਦੀ ਨੂੰ ਨਕੇਲ ਪਾਉਣ ਦੇ ਲਈ ਇਕਜੁਟ ਹੋਣ ਦੀ ਲੋੜ ਹੈ।ਉਨ੍ਹਾਂ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ 24 ਘੰਟਿਆਂ ਦੇ ਅੰਦਰ ਰਹਿੰਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ, ਨਹੀਂ ਤਾਂ ਸ਼ਹਿਰ ਵਾਸੀ ਫਿਰ ਤੋਂ ਥਾਣੇ ਦਾ ਘਿਰਾਓ ਕਰਨਗੇ।



# ਸਿਹਤ ਵਿਭਾਗ ਵੱਲੋਂ ਅੱਖਾਂ ਦੀ ਜਾਂਚ ਲਈ ਮੁਫ਼ਤ ਵਿਸ਼ੇਸ਼ ਕੈਂਪ ਅੱਜ

**ਫਾਜ਼ਿਲਕਾ, (ਨਿਸ਼ਾ ਸ਼ਰਮਾ)** ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ. ਕਵਿਤਾ ਸਿੰਘ ਸਿਵਲ ਸਰਜਨ ਤੇ ਡਾ. ਉਪਿੰਦਰ ਸਿੰਘ ਦੀ ਦੇਖ-ਰੇਖ 'ਚ ਸਿਹਤ ਵਿਭਾਗ ਵੱਲੋਂ 'ਨੈਸ਼ਨਲ ਪ੍ਰੋਗਰਾਮ ਫ਼ਾਰ ਕੰਟਰੋਲ ਆਫ਼ ਬਲਾਈਂਡਨੈੱਸ' ਤਹਿਤ ਜ਼ਿਲ੍ਹੇ ਵਿੱਚ 45 ਸਾਲ ਤੋਂ ਵੱਧ ਉਮਰ ਦੇ ਲੋਕਾਂ ਲਈ ਅੱਖਾਂ ਦੀ ਜਾਂਚ ਦੇ ਵਿਸ਼ੇਸ਼ ਕੈਂਪ ਲਾਏ ਜਾ ਰਹੇ ਹਨ। ਕਵਿਤਾ ਸਿੰਘ ਨੇ ਦੱਸਿਆ ਕਿ ਅੱਖਾਂ ਨਾਲ ਸੰਬੰਧਿਤ ਸਮੱਸਿਆਵਾਂ ਜਿਵੇਂ ਨਜ਼ਰ ਦਾ ਕਮਜ਼ੋਰ ਹੋਣਾ, ਚਸ਼ਮੇ ਦੀ ਲੋੜ ਤੇ ਅੱਖਾਂ ਦੇ ਹੋਰ ਬਿਮਾਰੀਆਂ ਵਿੱਚ ਵਾਧਾ ਹੋ ਰਿਹਾ ਹੈ, ਇਸ ਲਈ ਇਹ ਕੈਂਪ ਲੋਕਾਂ ਨੂੰ ਸਮੇਂ ਸਿਰ ਜਾਂਚ ਅਤੇ ਇਲਾਜ ਦੀ ਸਹੂਲਤ ਮੁਹੱਈਆ ਕਰਾਉਣ ਲਈ ਲਾਏ ਜਾ ਰਹੇ ਹਨ।ਇਨ੍ਹਾਂ ਕੈਂਪਾਂ ਵਿੱਚ ਮਾਹਿਰ ਡਾਕਟਰਾਂ ਵੱਲੋਂ ਅੱਖਾਂ ਦੀ ਸਕ੍ਰੀਨਿੰਗ, ਨੇੜੇ ਦੀ ਨਜ਼ਰ ਦੀਆਂ ਐਨਕਾਂ ਤੇ ਦਵਾਈਆਂ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਇਹ ਕੈਂਪ ਸਿਹਤ ਸੰਸਥਾਵਾਂ ਵਿੱਚ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸਹੂਲਤਾਂ ਦੇਣ ਦੇ ਉਦੇਸ਼ ਨਾਲ ਲਾਏ ਜਾ ਰਹੇ ਹਨ।ਪਹਿਲਾ ਕੈਂਪ 23 ਜੁਲਾਈ ਨੂੰ ਸਿਵਲ ਹਸਪਤਾਲ ਵਿਖੇ ਲਾਇਆ ਜਾਵੇਗਾ।ਇਸ ਵਿੱਚ ਡਾ. ਸ਼ਾਲੂ ਸਮਾਰੀਆ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ। ਡਾ. ਸ਼ਾਲੂ ਸਮਰੀਆ ਅੱਖਾਂ ਦੇ ਰੋਗਾਂ ਦੇ ਮਾਹਿਰ ਨੇ ਦੱਸਿਆ ਕਿ ਜੇਕਰ ਜਾਂਚ ਦੌਰਾਨ ਕਿਸੇ ਮਰੀਜ਼ ਵਿੱਚ ਅੱਖਾਂ ਵਿੱਚ ਚਿੱਟਾ ਮੋਤੀਆ ਪਾਇਆ ਜਾਂਦਾ ਹੈ ਤਾਂ ਉਸ ਦਾ ਅਪ੍ਰੇਸ਼ਨ ਤੇ ਇਲਾਜ ਸਰਕਾਰੀ ਹਸਪਤਾਲ ਵਿਚ ਬਿਲਕੁਲ ਮੁਫ਼ਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮੁਫ਼ਤ ਐਨਕਾਂ ਲੈਣ ਲਈ ਮਰੀਜ਼ਾਂ ਨੂੰ ਆਪਣਾ ਕੋਈ ਵੀ ਸਰਕਾਰੀ ਪਛਾਣ ਪੱਤਰ ਜਿਵੇਂ ਕਿ ਆਧਾਰ ਕਾਰਡ, ਵੋਟਰ ਕਾਰਡ, ਰਾਸ਼ਨ ਕਾਰਡ ਜਾਂ ਪੈਨ ਕਾਰਡ ਨਾਲ ਲਿਆਉਣਾ ਲਾਜ਼ਮੀ ਹੈ।ਵਿਨੋਦ ਖੁਰਾਣਾ, ਮਨਜੀਤ ਸਿੰਘ, ਦਿਵੇਸ਼ ਕੁਮਾਰ ਤੇ ਪਰਮਜੀਤ ਕੌਰ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਨਵੇਂ ਰਾਸ਼ਨ ਕਾਰਡ ਬਣਾਉਣ ਲਈ ਅਰਜ਼ੀਆਂ 11 ਤੱਕ ਲਈਆਂ ਜਾਣਗੀਆਂ : ਡਾ. ਰਵਿੰਦਰ ਕੌਰ



**ਪਟਿਆਲਾ, (ਰਜਿੰਦਰ ਸਿੰਘ ਥਿੰਦ)** ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਐਲਾਨ ਕੀਤੇ ਤੇ ਪੰਜਾਬ ਸਰਕਾਰ ਵੱਲੋਂ ਲਏ ਫ਼ੈਸਲੇ ਅਨੁਸਾਰ ਨੈਸ਼ਨਲ ਫੂਡ ਸਿਕਿਉਰਿਟੀ ਐਕਟ, 2013/ਸਮਾਰਟ ਰਾਸ਼ਨ ਕਾਰਡ ਸਕੀਮ ਅਧੀਨ ਨਵੇਂ ਰਾਸ਼ਨ ਕਾਰਡ ਬਣਾਉਣ ਤੇ ਮੌਜੂਦਾ ਰਾਸ਼ਨ ਕਾਰਡਾਂ 'ਚ ਮੈਂਬਰ ਸ਼ਾਮਲ ਕਰਨ ਲਈ ਆਨਲਾਇਨ ਅਰਜ਼ੀਆਂ ਪ੍ਰਾਪਤ ਕੀਤੀਆਂ ਜਾਣੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਯੋਗ ਪਰਿਵਾਰਾਂ/ਲਾਭਪਾਤਰੀਆਂ ਨੂੰ ਇੱਕ ਪਾਰਦਰਸ਼ੀ, ਨਿਰਪੱਖ ਤੇ ਤਕਨਾਲੋਜੀ-ਅਧਾਰਤ ਪ੍ਰਕਿਰਿਆ ਰਾਹੀਂ ਸ਼ਾਮਲ ਕੀਤਾ ਜਾਵੇ।ਨਵੇਂ ਰਾਸ਼ਨ ਕਾਰਡ ਬਣਾਉਣ ਜਾਂ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਮੈਂਬਰ ਸ਼ਾਮਲ ਕਰਨ ਲਈ ਫਾਰਮ, ਅੰਗਰੇਜ਼ੀ ਤੇ ਪੰਜਾਬੀ ਭਾਸ਼ਾ 'ਚ ਵਿਭਾਗੀ ਵੈਬਸਾਇਟ ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ। ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਬਿਨੈਕਾਰ ਫਾਰਮ ਭਰਨ ਤੋਂ ਪਹਿਲਾਂ ਫਾਰਮ ਦੇ ਨਾਲ ਦਿੱਤੀਆਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹਨ ਅਤੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਹੀ ਮੁਕੰਮਲ ਅਰਜ਼ੀ ਜਮ੍ਹਾਂ ਕਰਾਉਣ।ਬਿਨੈਕਾਰ ਆਪਣੀਆਂ ਅਰਜ਼ੀਆਂ ਨਜ਼ਦੀਕੀ ਸੇਵਾ ਕੇਂਦਰ/ਕਾਮਨ ਸਰਵਿਸ ਸੈਂਟਰ (ਸੀਐਸਸੀ)ਜਾ ਕੇ ਅਨਲਾਇਨ ਜਮ੍ਹਾਂ ਕਰਾ ਸਕਦਾ ਹੈ।ਸੇਵਾ ਕੇਂਦਰ/ਸੀਐਸਸੀ ਰਾਹੀਂ ਅਰਜ਼ੀ ਸਫਲਤਾਪੂਰਵਕ ਜਮ੍ਹਾਂ ਹੋਣ 'ਤੇ ਬਿਨੈਕਾਰ ਨੂੰ 100 ਰੁਪਏ ਪ੍ਰਤੀ ਫਾਰਮ ਪ੍ਰੋਸੈਸਿੰਗ ਫੀਸ ਵੀ ਜਮ੍ਹਾਂ ਕਰਾਉਣੀ ਪਵੇਗੀ। ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਨੇ ਹੋਰ ਕਿਹਾ ਕਿ ਬਿਨੈਕਾਰ ਆਪਣੀ ਅਰਜ਼ੀ ਖੁਦ ਵੀ ਸਿੱਧੇ ਤੌਰ 'ਤੇ ਪੋਰਟਲ ਰਾਹੀਂ ਆਨਲਾਈਨ ਜਮ੍ਹਾਂ ਕਰਾ ਸਕਦੇ ਹਨ ਤੇ ਫਾਰਮ ਆਨਲਾਈਨ ਜਮ੍ਹਾਂ ਕਰਾਉਣ ਲਈ ਬਿਨੈਕਾਰ ਨੂੰ ਕੋਈ ਵੀ ਫੀਸ ਨਹੀਂ ਦੇਣੀ ਪਵੇਗੀ।ਇਸ ਤੋਂ ਇਲਾਵਾ ਬਿਨੈਕਾਰ ਆਪਣਾ ਫਾਰਮ ਸਮੇਤ ਦਸਤਾਵੇਜ਼ ਤੇ 100 ਰੁਪਏ ਪ੍ਰਤੀ ਫਾਰਮ ਫੀਸ ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਇਜ਼ ਅਤੇ ਖਪਤਕਾਰ ਮਾਮਲੇ, ਪਟਿਆਲਾ ਦੇ ਦਫ਼ਤਰ ਦੇ ਕਮਰਾ ਨੰਬਰ ਨੰਬਰ 417, ਏ ਬਲਾਕ ਮਿੰਨੀ ਸਕੱਤਰੇਤ ਪਟਿਆਲਾ ਵਿਖੇ ਵੀ ਜਮ੍ਹਾਂ ਕਰਾ ਸਕਦਾ ਹੈ।

# ਪੰਜਾਬ ਦਾ ਸਭ ਤੋਂ ਮਹਿੰਗਾ ਟੋਲ ਪਲਾਜ਼ਾ ਕੀਤਾ ਪਰਚੀ ਮੁਕਤ



**ਲੁਧਿਆਣਾ (ਰੈਕਟਰ ਕਥੂਰੀਆ)** ਸੰਯੁਕਤ ਕਿਸਾਨ ਮੋਰਚੇ ਤੇ ਸੱਦੇ 'ਤੇ ਸਭ ਤੋਂ ਮਹਿੰਗਾ ਲੋਡੂਵਾਲ ਟੋਲ ਪਲਾਜ਼ਾ ਕਿਸਾਨ ਜਥੇਬੰਦੀਆਂ ਵੱਲੋਂ ਪਰਚੀ ਮੁਕਤ ਕਰਕੇ ਕੇਂਦਰ ਦੀ ਭਾਜਪਾ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ।ਟੋਲ 'ਤੇ ਧਰਨਾ ਸ਼ੁਰੂ ਕਰਨ ਤੋਂ ਪਹਿਲਾਂ ਮਤਾ ਪਾਸ ਕਰਕੇ ਦਿੱਲੀ ਦੀ ਪੁਲਸ ਵੱਲੋ ਜੰਤਰ-ਮੰਤਰ ਅਤੇ ਯੂਨੀਵਰਸਿਟੀ ਵਿੱਚ ਹੱਕੀ ਸੰਘਰਸ਼ ਕਰ ਰਹੇ ਲੋਕਾਂ 'ਤੇ ਅਣਮਨੁੱਖੀ ਤਸ਼ੱਦਦ ਕਰਨ ਵਾਲੀ ਭਾਜਪਾ ਦੀ ਫ਼ਾਸ਼ੀਵਾਦੀ ਕੇਂਦਰ ਸਰਕਾਰ ਦੀ ਨਿੰਦਾ ਕੀਤੀ ਤੇ ਮੰਗ ਕੀਤੀ ਕਿ ਕੇਂਦਰੀ ਸਿੱਖਿਆ ਮੰਤਰੀ ਅਸਤੀਫਾ ਦੇਵੇ।ਗ੍ਰਿਫ਼ਤਾਰ ਕੀਤੇ ਗਏ ਸੰਘਰਸ਼ਸ਼ੀਲ ਲੋਕਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਆਖਿਆ ਕਿ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ।ਕਿਸਾਨਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ ਤੇ ਰਹਿੰਦੀਆਂ ਮੰਗਾਂ ਨੂੰ ਮੰਨਿਆ ਜਾਵੇ। ਦਿੱਲੀ ਮੋਰਚੇ ਸਮੇਤ ਦੇਸ਼ ਭਰ ਵਿੱਚ ਕਿਸਾਨੀ ਅੰਦੋਲਨਾਂ ਦੌਰਾਨ ਕਿਸਾਨਾਂ 'ਤੇ ਦਰਜ ਕੀਤੇ ਗਏ ਸਾਰੇ ਪੁਲਸ ਕੇਸ ਵਾਪਸ ਲਏ ਜਾਣ ਅਤੇ ਸ਼ਹੀਦ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜ਼ਾ ਦਿੱਤਾ ਜਾਵੇ।ਲਖੀਮਪੁਰ ਖੀਰੀ ਘਟਨਾ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ ਤੇ ਪੀੜਤ ਪਰਿਵਾਰਾਂ ਨੂੰ ਪੂਰਾ ਇਨਸਾਫ਼ ਮਿਲੇ ਇਸ ਦੀ ਵੀ ਮੰਗ ਕੀਤੀ।

# ਗੁਰੂ ਰਵੀਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਪ੍ਰਚਾਰ ਵੈਨ ਲੋਹਾਰਾ ਪੁੱਜੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਵਿਧਾਨ ਸਭਾ ਹਲਕੇ ਦੇ ਪਿੰਡ ਲੋਹਾਰਾ ਅਤੇ ਬੁੱਟਰ ਸ਼ਰੀਂਹ ਵਿਖੇ ਪਹੁੰਚੀ।ਪਿੰਡ ਵਾਸੀਆਂ ਨੇ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਜਾਣਕਾਰੀ ਹਾਸਲ ਕੀਤੀ। ਪ੍ਰਚਾਰ ਵੈਨ ਰਾਹੀਂ ਅੱਧੇ ਘੰਟੇ ਦੀ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਤੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਡਾਕੂਮੈਂਟਰੀ ਸ਼ੋਅ ਦਾ ਪ੍ਰਦਰਸ਼ਨ ਕੀਤਾ ਗਿਆ, ਜਿਸ ਨੇ ਦਰਸ਼ਕਾਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਨਾਲ ਨੇੜਿਓਂ ਜਾਣੂ ਕਰਾਇਆ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪੁਚਾਇਆ ਜਾ ਰਿਹਾ ਹੈ।

# ਝਾੜ ਸਾਹਿਬ ਕਾਲਜ ਦਾ ਐੱਮ.ਏ (ਪੰਜਾਬੀ) ਦਾ ਨਤੀਜਾ ਸ਼ਾਨਦਾਰ ਰਿਹਾ

**ਸਮਰਾਲਾ, (ਸੁਰਜੀਤ ਸਿੰਘ)** ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਐੱਮ.ਏ (ਪੰਜਾਬੀ) ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ।ਐੱਮ.ਏ (ਪੰਜਾਬੀ) ਸਮੈਸਟਰ ਦੂਜਾ ਦੀ ਵਿਦਿਆਰਥਣ ਸੰਗੀਤਾ ਰਾਣੀ ਨੇ ਕਾਲਜ 'ਚੋਂ ਪਹਿਲਾ ਸਥਾਨ, ਜੋਤੀ ਰਾਣੀ ਨੇ ਦੂਜਾ ਸਥਾਨ ਅਤੇ ਹਸ਼ਨਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਤੇ ਆਰਟਸ ਵਿਭਾਗ ਦੇ ਸਟਾਫ ਮੈਂਬਰਾ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ। ਇਸ ਲਈ ਸਮੇਂ-ਸਮੇਂ 'ਤੇ ਵਿਦਿਆਰਥਣਾਂ ਲਈ ਸ਼ਖ਼ਸੀਅਤ ਉਸਾਰੂ ਗਤੀਵਿਧੀਆਂ ਕਰਾਈਆਂ ਜਾਂਦੀਆਂ ਹਨ।ਕਾਲਜ ਵਿਖੇ ਲੜਕੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਅਰਨ ਬਾਇ ਲਰਨ ਪਾਲਿਸੀ ਤਹਿਤ ਵੱਖ-ਵੱਖ ਕਿੱਤਿਆਂ ਨਾਲ ਜੋੜਿਆ ਜਾਂਦਾ ਹੈ, ਤਾਂ ਜੁ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜਬੂਤ ਕੀਤਾ ਜਾ ਸਕੇ। ਉਮੀਦ ਹੈ ਕਿ ਭਵਿੱਖ ਵਿੱਚ ਵੀ ਸਾਡੀਆਂ ਵਿਦਿਆਰਥਣਾਂ ਇਸੇ ਤਰਾਂ ਦ੍ਰਿੜ ਮਿਹਨਤ ਤੇ ਲਗਨ ਸਦਕਾ ਵਧੀਆ ਨਤੀਜਾ ਪ੍ਰਾਪਤ ਕਰਕੇ ਅਧਿਆਪਕਾਂ ਤੇ ਮਾਪਿਆਂ ਦਾ ਨਾਂਅ ਰੌਸ਼ਨ ਕਰਨਗੀਆਂ।

# ਪੈਨਸ਼ਨਰਾਂ ਨੇ ਜੰਤਰ-ਮੰਤਰ ਅੰਦੋਲਨਕਾਰੀਆਂ 'ਤੇ ਕੀਤੇ ਜਬਰ ਦੀ ਨਿੰਦਾ



**ਧੂਰੀ, (ਸੁਖਦੇਵ ਧੂਰੀ)** ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਨੇ ਪੇਪਰ ਲੀਕ ਮਾਮਲੇ ਵਿੱਚ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਅੰਦੋਲਨ ਕਰ ਰਹੇ ਵਿਦਿਆਰਥੀਆਂ 'ਤੇ ਦਿੱਲੀ ਪੁਲਸ ਤੇ ਕੇਂਦਰੀ ਬਲਾਂ ਵੱਲੋਂ ਕੀਤੇ ਅੰਨ੍ਹੇਵਾਹ ਲਾਠੀਚਾਰਜ ਦੀ ਘੋਰ ਨਿੰਦਾ ਕਰਦਿਆਂ ਕਿਹਾ ਹੈ ਕਿ ਸਰਕਾਰ ਨੂੰ ਜ਼ਿਦ ਛੱਡ ਕੇ ਗੱਲਬਾਤ ਰਾਹੀਂ ਮਾਮਲੇ ਨੂੰ ਗੰਭੀਰਤਾ ਨਾਲ ਹੱਲ ਕਰਨ ਬਾਰੇ ਸੋਚਣਾ ਚਾਹੀਦਾ ਹੈ ਪ੍ਰਧਾਨ ਸੁਖਦੇਵ ਸ਼ਰਮਾ ਦੀ ਅਗਵਾਈ ਹੇਠ ਹੋਈ ਐਮਰਜੈਂਸੀ ਮੀਟਿੰਗ ਦੌਰਾਨ ਬੁਲਾਰਿਆਂ ਜਸਦੇਵ ਸਿੰਘ ਕਾਰਜਕਾਰੀ ਪ੍ਰਧਾਨ, ਚਰਨਜੀਤ ਸਿੰਘ ਕੈਂਥ, ਬਹਾਦਰ ਸਿੰਘ ਬੇਨੜਾ ਨੇ ਕਿਹਾ ਕਿ ਇਸ ਤਸ਼ੱਦਦ ਨੇ ਜੱਲਿਆਂ ਵਾਲੇ ਬਾਗ਼ ਦੀ ਯਾਦ ਤਾਜ਼ਾ ਕਰਾ ਦਿੱਤੀ ਹੈ ਜਿੱਥੇ ਅੰਗਰੇਜ਼ ਸਰਕਾਰ ਦੀ ਸ਼ਹਿ 'ਤੇ ਜਨਰਲ ਡਾਇਰ ਨੇ ਨਿਹੱਥੇ ਨਾਗਰਿਕਾਂ 'ਤੇ ਅੰਨ੍ਹੇਵਾਹ ਗੋਲੀਆਂ ਚਲਾਈਆਂ ਸਨ ਅਤੇ ਸੈਂਕੜੇ ਬੇਕਸੂਰ ਲੋਕ ਸ਼ਹੀਦ ਹੋਏ ਸਨ।ਉਨ੍ਹਾਂ ਅੱਗੇ ਕਿਹਾ ਕਿ ਜਦੋਂ ਅੰਮ੍ਰਿਤ ਕਾਲ ਦਾ ਇਹ ਹਾਲ ਹੈ ਤਾਂ ਬਾਕੀ ਸਮੇਂ ਬਾਰੇ ਕਲਪਨਾ ਕਰਨਾ ਵੀ ਸਮਝ ਤੋਂ ਪਰੇ ਹੈ।ਜਿਵੇਂ ਭਜਾ-ਭਜਾ ਕੇ ਅਤੇ ਘਸੀਟ-ਘਸੀਟ ਕੇ ਨੌਜਵਾਨ ਲੜਕੀਆਂ ਤੇ ਲੜਕਿਆਂ ਨੂੰ ਹਜ਼ਾਰਾਂ ਦੀ ਗਿਣਤੀ ਵਿੱਚ ਫੱਟੜ ਕੀਤਾ ਹੈ, ਇਹ ਸਰਕਾਰ ਦੇ ਜ਼ਾਲਮ ਤੇ ਫਾਸ਼ੀ ਚਿਹਰੇ ਨੂੰ ਉਜਾਗਰ ਕਰਦਾ ਹੈ।ਕੇਂਦਰ ਸਰਕਾਰ ਪੇਪਰ ਲੀਕ ਮਾਮਲੇ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਥਾਂ 'ਤੇ ਸਰਕਾਰ ਦੀ ਕਾਰਗੁਜ਼ਾਰੀ ਉਪਰ ਸਵਾਲ ਖੜ੍ਹੇ ਕਰਨ ਵਾਲਿਆਂ ਨੂੰ ਹੀ ਸਬਕ ਸਿਖਾਉਣ ਦੇ ਰਾਹ ਪੈ ਗਈ ਹੈ।ਉਨ੍ਹਾਂ ਕਿਹਾ ਕਿ ਬੇਰੁਜ਼ਗਾਰ ਨੌਜਵਾਨਾਂ ਵਿੱਚ ਪਲ਼ ਰਹੀ ਬੇਚੈਨੀ ਦੇਸ਼ ਨੂੰ ਕਿਸ ਮੋੜ 'ਤੇ ਲੈ ਜਾਵੇਗੀ, ਸਰਕਾਰ ਨੂੰ ਇਸ ਗੱਲ ਦਾ ਧਿਆਨ ਰੱਖਣਾ ਚਾਹੀਦਾ ਹੈ ਅਤੇ ਜ਼ਿੱਦ ਛੱਡ ਕੇ ਵਿਦਿਆਰਥੀਆਂ ਦੇ ਮਸਲੇ ਹੱਲ ਕਰਨੇ ਚਾਹੀਦੇ ਹਨ।

# ਸੁਵਿਧਾ ਕੇਂਦਰ ਸਮੇਂ ਦੀਆਂ ਸਰਕਾਰਾਂ ਦੀ ਬੇਰੁਖੀ ਦਾ ਸ਼ਿਕਾਰ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ/ਪਰਮਜੀਤ ਸਿੰਘ)** - ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਮੀਡੀਆ ਟੀਮ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਨੂੰ ਸਰਕਾਰੀ ਸੇਵਾਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਪਿੰਡਾਂ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਸੁਵਿਧਾ ਕੇਂਦਰ ਸਥਾਪਿਤ ਕੀਤੇ ਗਏ ਸਨ। ਇਨ੍ਹਾਂ ਕੇਂਦਰਾਂ ਰਾਹੀਂ ਲੋਕਾਂ ਨੂੰ ਜਨਮ ਸਰਟੀਫਿਕੇਟ, ਮੌਤ ਸਰਟੀਫਿਕੇਟ, ਰਿਹਾਇਸ਼ੀ ਸਰਟੀਫਿਕੇਟ, ਆਮਦਨ ਸਰਟੀਫਿਕੇਟ ਅਤੇ ਹੋਰ ਕਈ ਸਰਕਾਰੀ ਸੇਵਾਵਾਂ ਇੱਕੋ ਥਾਂ 'ਤੇ ਪ੍ਰਾਪਤ ਹੋ ਜਾਂਦੀਆਂ ਸਨ, ਜਿਸ ਕਾਰਨ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਹੀਂ ਕੱਟਣੇ ਪੈਂਦੇ ਸਨ। ਪਰ ਸਮੇਂ ਦੇ ਬਦਲਾਅ ਅਤੇ ਸਰਕਾਰਾਂ ਦੀ ਬੇਰੁਖੀ ਕਾਰਨ ਇਹ ਸੁਵਿਧਾ ਕੇਂਦਰ ਹੁਣ ਆਪਣੀ ਪਛਾਣ ਲੱਗਭਗ ਗੁਆ ਚੁੱਕੇ ਹਨ। ਪੰਜਾਬ ਦੇ ਕਈ ਪਿੰਡਾਂ ਵਿੱਚ ਬਣੇ ਇਹ ਕੇਂਦਰ ਅੱਜ ਖੰਡਰ ਦਾ ਰੂਪ ਧਾਰ ਚੁੱਕੇ ਹਨ, ਜਿਸ ਦੀ ਤਾਜ਼ਾ ਮਿਸਾਲ ਪਿੰਡ ਬਧਾਈ ਤੋਂ ਮਿਲਦੀ ਹੈ, ਇੱਥੇ ਬਣਿਆ ਸੁਵਿਧਾ ਕੇਂਦਰ ਖੰਡਰ ਦਾ ਰੂਪ ਧਾਰਨ ਕਰ ਚੁੱਕਾ ਹੈ। ਇਸ ਤੋਂ ਇਲਾਵਾ ਕਈ ਥਾਵਾਂ 'ਤੇ ਇਮਾਰਤਾਂ ਦੀ ਸੰਭਾਲ ਨਾ ਹੋਣ ਕਾਰਨ ਦਰਵਾਜ਼ੇ ਅਤੇ ਖਿੜਕੀਆਂ ਟੁੱਟ ਚੁੱਕੀਆਂ ਹਨ, ਜਦ ਕਿ ਕੁਝ ਥਾਵਾਂ 'ਤੇ ਲੋਕਾਂ ਵੱਲੋਂ ਇਨ੍ਹਾਂ ਅੰਦਰ ਪਾਥੀਆਂ ਥੱਪੀਆਂ ਜਾ ਰਹੀਆਂ ਹਨ। ਕਈ ਕੇਂਦਰਾਂ ਵਿੱਚ ਭਰਿੰਡਾਂ ਦੇ ਛੱਤੇ ਲੱਗੇ ਹੋਏ ਹਨ ਅਤੇ ਇਮਾਰਤਾਂ ਸੁੰਨੀਆਂ ਪਈਆਂ ਹਨ, ਜੋ ਨਸ਼ੇੜੀਆਂ ਦਾ ਅੱਡਾ ਵੀ ਬਣ ਚੁੱਕੇ ਹਨ। ਇਲਾਕੇ ਦੇ ਲੋਕਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਿੰਡਾਂ ਵਿੱਚ ਬਣੇ ਸੁਵਿਧਾ ਕੇਂਦਰਾਂ ਨੂੰ ਮੁੜ ਚਾਲੂ ਕੀਤਾ ਜਾਵੇ ਅਤੇ ਲੋੜੀਂਦਾ ਸਟਾਫ਼ ਤੇ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ।

# ਮਾਲੇਰਕੋਟਲਾ ਹਲਕੇ 'ਚ 11 ਨਵੇਂ ਰਾਸ਼ਨ ਡਿਪੂ ਅਲਾਟ : ਡਾ. ਜਮੀਲ ਉਰ ਰਹਿਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**- ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਨਤਕ ਵੰਡ ਪ੍ਰਣਾਲੀ ਨੂੰ ਹੋਰ ਮਜ਼ਬੂਤ, ਪਾਰਦਰਸ਼ੀ ਅਤੇ ਲੋਕ-ਪੱਖੀ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਵਿੱਚ 11 ਨਵੇਂ ਰਾਸ਼ਨ ਡਿਪੂ ਅਲਾਟ ਕੀਤੇ ਗਏ ਹਨ। ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਬੁੱਧਵਾਰ ਨੂੰ ਨਵੇਂ ਚੁਣੇ ਗਏ ਡਿਪੂ ਧਾਰਕਾਂ ਨੂੰ ਅਲਾਟਮੈਂਟ ਲੈਟਰ ਤਕਸੀਮ ਕੀਤੇ। ਇਸ ਮੌਕੇ ਵਿਧਾਇਕ ਡਾ.ਜਮੀਲ ਉਰ ਰਹਿਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਯੋਗ ਪਰਿਵਾਰ ਤੱਕ ਜ਼ਰੂਰੀ ਖੁਰਾਕੀ ਵਸਤਾਂ ਦੀ ਸੁਖਾਲੀ ਅਤੇ ਨਿਰਵਿਘਨ ਪਹੁੰਚ ਯਕੀਨੀ ਬਣਾਉਣ ਲਈ ਲਗਾਤਾਰ ਅਹਿਮ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਵੇਂ ਰਾਸ਼ਨ ਡਿਪੂ ਅਲਾਟ ਹੋਣ ਨਾਲ ਲੋਕਾਂ ਨੂੰ ਆਪਣੇ ਨੇੜੇ ਹੀ ਜ਼ਰੂਰੀ ਖੁਰਾਕੀ ਵਸਤਾਂ ਪ੍ਰਾਪਤ ਕਰਨ ਦੀ ਸਹੂਲਤ ਮਿਲੇਗੀ ਅਤੇ ਜਨਤਕ ਵੰਡ ਪ੍ਰਣਾਲੀ ਦੀ ਪਹੁੰਚ ਹੋਰ ਵਿਸ਼ਾਲ ਹੋਵੇਗੀ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਜਾਫਰ ਅਲੀ, ਜ਼ਿਲ੍ਹਾ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਕੰਟਰੋਲਰ ਮੁਨੀਸ ਪਜਨੀ ਅਤੇ ਇੰਸਪੈਕਟਰ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਰਸਮਿੰਦਰ ਸਿੰਘ ਵੀ ਮੌਜੂਦ ਸਨ।

# ਇਨਲਿਸਟਮੈਂਟ ਵਰਕਰਾਂ ਦੇ ਪੱਕੇ ਰੁਜਗਾਰ ਲਈ ਤੁਰੰਤ ਨੋਟੀਫਿਕੇਸ਼ਨ ਜਾਰੀ ਹੋਵੇ -ਵਰਿੰਦਰ ਮੋਮੀ



**ਜਲਾਲਾਬਾਦ (ਜੀਤ ਕੁਮਾਰ)** - ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਅਤੇ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ ਨੇ ਇਥੇ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਵੱਲੋਂ ਪੰਜਾਬ ਭਵਨ ਚੰਡੀਗੜ੍ਹ ਵਿੱਚ ਯੂਨੀਅਨ ਦੇ ਨਾਲ 8 ਜੁਲਾਈ ਨੂੰ ਪੈਨਲ ਮੀਟਿੰਗ ਕਰਕੇ ਭਰੋਸਾ ਦਿੱਤਾ ਗਿਆ ਸੀ ਕਿ ਪੰਜਾਬ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ-2026 ਅਤੇ 'ਪੰਜਾਬ ਕੰਟਰੈਕਚੁਅਲ ਪ੍ਰਸੋਨਲ ਬਿੱਲ 2026' ਵਿੱਚ ਆਊਟਸੋਰਸ ਕਾਮਿਆਂ ਦੇ ਨਾਲ-ਨਾਲ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਕਾਮਿਆਂ ਨੂੰ ਵੀ 20 ਜੁਲਾਈ ਤੱਕ ਐਕਟ ਵਿੱਚ ਸ਼ਾਮਲ ਕਰ ਲਿਆ ਜਾਵੇਗਾ ਪ੍ਰੰਤੂ ਅੱਜ ਸਾਡੇ ਨਾਲ ਉਸ ਸਮੇਂ ਬਹੁਤ ਵੱਡਾ ਧੋਖਾ ਹੋਇਆ ਜਦੋਂ 8 ਜੁਲਾਈ ਦੀ ਪੈਨਲ ਮੀਟਿੰਗ ਵਿਚ ਬਣੀ ਸਹਿਮਤੀ ਦੇ ਉਲਟ ਇੰਨਲਿਸਟਮੈਟ ਵਰਕਰਾਂ ਨੂੰ ਨਵੇ ਐਕਟ ਵਿੱਚੋਂ ਹੁਣ ਤੱਕ ਬਹਾਰ ਰੱਖਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਹੁਣ ਯੂਨੀਅਨ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਜੇਕਰ ਇਸ ਸਬੰਧੀ ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਵੱਲੋਂ ਤੁਰੰਤ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ ਤਾਂ ਯੂਨੀਅਨ ਮਜਬੂਰੀ ਵੱਸ ਅੰਦੋਲਨ ਸ਼ੁਰੂ ਕਰਨ ਲਈ ਮਜਬੂਰ ਹੋਵੇਗੀ, ਜਿਸਦੇ ਨਿੱਕਲਣ ਵਾਲੇ ਨਤੀਜਿਆਂ ਦੇ ਜੁੰਮੇਵਾਰੀ ਸਿੱਧੇ ਰੂਪ ਵਿੱਚ ਪੰਜਾਬ ਸਰਕਾਰ ਅਤੇ ਵਿਭਾਗੀ ਅਧਿਕਾਰੀ ਹੋਣਗੇ। ਇਸ ਮੌਕੇ ਹੋਰਾਂ ਤੋਂ ਇਲਾਵਾ ਸੂਬਾ ਆਗੂ ਹਾਕਮ ਸਿੰਘ ਧਨੇਠਾ, ਜਗਰੂਪ ਸਿੰਘ, ਭੁਪਿੰਦਰ ਸਿੰਘ ਕੁਤਬੇਵਾਲ, ਰੁਪਿੰਦਰ ਸਿੰਘ, ਗੁਰਵਿੰਦਰ ਸਿੰਘ ਬਾਠ,ਮਨਪ੍ਰੀਤ ਸਿੰਘ, ਤੇਜਿੰਦਰ ਸਿੰਘ ਮਾਨ, ਬਲਜੀਤ ਸਿੰਘ ਭੱਟੀ, ਪ੍ਰਦੂਮਣ ਸਿੰਘ, ਮੇਜ਼ਰ ਸਿੰਘ, ਉਂਕਾਰ ਸਿੰਘ, ਜਸਬੀਰ ਸਿੰਘ ਜਿੰਦਵੜੀ ਵੀ ਮੌਜੂਦ ਸਨ।

# ਮੁਕਤਸਰ ਦੇ ਅਧਿਆਪਕਾਂ ਵੱਲੋਂ ਰੋਸ ਮਾਰਚ, ਕੇਂਦਰ ਸਰਕਾਰ ਦੀ ਅਰਥੀ ਫੂਕੀ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ/ਪਰਮਜੀਤ ਸਿੰਘ)**- ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ ਟੀ ਐੱਫ) ਅਤੇ ਹੋਰ ਅਧਿਆਪਕ ਜਥੇਬੰਦੀਆਂ ਨੇ ਦਿੱਲੀ ਵਿੱਚ ਵਿਦਿਆਰਥੀਆਂ 'ਤੇ ਹੋਏ ਲਾਠੀਚਾਰਜ ਦੇ ਵਿਰੋਧ ਵਿੱਚ ਮੁਕਤਸਰ ਵਿਖੇ ਰੋਸ ਮਾਰਚ ਕੱਢਿਆ ਅਤੇ ਕੋਟਕਪੂਰਾ ਚੌਂਕ ਵਿੱਚ ਕੇਂਦਰ ਸਰਕਾਰ ਦੀ ਅਰਥੀ ਫੂਕੀ। ਰੈਲੀ ਨੂੰ ਸੰਬੋਧਨ ਕਰਦਿਆਂ ਆਗੂਆਂ ਪਵਨ ਕੁਮਾਰ ਅਤੇ ਲਖਵੀਰ ਸਿੰਘ ਹਰੀਕੇ ਨੇ ਦੋਸ਼ ਲਾਇਆ ਕਿ ਨੀਟ ਸਮੇਤ ਵੱਖ-ਵੱਖ ਭਰਤੀ ਪ੍ਰੀਖਿਆਵਾਂ ਦੇ ਪੇਪਰ ਲੀਕ ਮਾਮਲਿਆਂ ਨੂੰ ਲੈ ਕੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਦਿੱਲੀ ਪੁਲਿਸ ਵੱਲੋਂ ਲਾਠੀਚਾਰਜ ਕੀਤਾ ਗਿਆ। ਉਨ੍ਹਾਂ ਦੋਸ਼ੀ ਪੁਲਿਸ ਅਧਿਕਾਰੀਆਂ ਵਿਰੁੱਧ ਕਾਰਵਾਈ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕੀਤੀ।

# ਸੱਕਾਂਵਾਲੀ 'ਚ ਖਿੱਲਰੇ ਮਿਲੇ ਗੁਟਕਾ ਸਾਹਿਬ ਦੇ ਪਾਵਨ ਅੰਗ, ਗਿੱਦੜਬਾਹਾ ਦੇ ਗੁਰੂ ਘਰ 'ਚ ਗੋਲਕ ਨੂੰ ਚੋਰਾਂ ਨੇ ਬਣਾਇਆ ਨਿਸ਼ਾਨਾ

**ਸ਼੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ/ ਪਰਮਜੀਤ)** ਅਕਾਲੀ ਸਰਕਾਰ ਦੌਰਾਨ ਪੰਜਾਬ 'ਚ ਹੋਈਆਂ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀਆਂ ਦੇ ਮਾਮਲੇ ਵਿੱਚ ਆਮ ਆਦਮੀ ਪਾਰਟੀ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦੋਸ਼ੀਆਂ ਨੂੰ ਕਾਨੂੰਨੀ ਕਟਹਿਰੇ ਵਿੱਚ ਖੜੇ ਕਰਨ ਦੇ ਕੀਤੇ ਐਲਾਨ ਤੋਂ ਬਾਅਦ ਵਿਸ਼ੇਸ਼ ਜਾਂਚ ਟੀਮ ਵੱਲੋ ਸੁਖਬੀਰ ਬਾਦਲ ਨੂੰ ਜਾਂਚ ਵਿੱਚ ਸ਼ਾਮਲ ਹੋਣ ਲਈ ਬੁਲਾਇਆ ਗਿਆ ਸੀ, ਪ੍ਰੰਤੂ ਇਸੇ ਹੀ ਅਹਿਮ ਘਟਨਾਕ੍ਰਮ ਤੋਂ ਪਹਿਲਾਂ ਸੁਖਬੀਰ ਬਾਦਲ ਦੇ ਜੱਦੀ ਜ਼ਿਲ੍ਹੇ ਸ਼੍ਰੀ ਮੁਕਤਸਰ ਸਾਹਿਬ ਦੇ ਵਿੱਚ ਦੂਹਰਾ ਬੇਅਦਬੀ ਕਾਂਡ ਵਾਪਰ ਗਿਆ।ਹੈਰਾਨੀ ਦੀ ਗੱਲ ਤਾਂ ਰਹੀ ਜਿੱਥੇ ਇਹ ਬੇਅਦਬੀਆਂ ਹੋਈਆਂ ਉਹਨਾਂ ਦੋਹਾਂ ਵਿਧਾਨ ਸਭਾ ਹਲਕਿਆਂ ਵਿੱਚ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ ਦੇ ਹੀ ਵਿਧਾਇਕ ਹਨ ਤੇ ਇੱਕ ਥਾਂ 'ਤੇ ਆਮ ਆਦਮੀ ਪਾਰਟੀ ਦੀ ਪੰਚਾਇਤ ਅਤੇ ਦੂਜੀ ਥਾਂ ਤੇ ਆਮ ਆਦਮੀ ਪਾਰਟੀ ਦੇ ਕੌਂਸਲਰ ਸਾਹਿਬਾਨਾਂ ਨੂੰ ਲੋਕਾਂ ਨੇ ਵੱਡਾ ਫ਼ਤਵਾ ਦੇ ਕੇ ਕੁਰਸੀਆਂ ਸੰਭਾਲੀਆਂ ਹੋਈਆਂ ਹਨ। ਪਹਿਲੇ ਮਾਮਲੇ ਵਿੱਚ ਪਿੰਡ ਸੱਕਾਂਵਾਲੀ 'ਚ ਗੁਰੂ ਘਰ ਦੇ ਨਜ਼ਦੀਕ ਇੱਕ ਗਲੀ ਵਿੱਚੋਂ ਪਾਵਨ ਪਵਿੱਤਰ ਸ੍ਰੀ ਗੁਟਕਾ ਸਾਹਿਬ ਜੀ ਦੇ ਅੰਗ ਖਿੱਲਰੇ ਹੋਏ ਮਿਲੇ।ਪਿੰਡ ਸੱਕਾਂਵਾਲੀ ਵਿੱਚ ਇਸ ਵੇਲੇ ਆਮ ਆਦਮੀ ਪਾਰਟੀ ਦੀ ਪੰਚਾਇਤ ਹੋਣ ਦੇ ਚੱਲਦਿਆਂ ਸਵੇਰ ਵੇਲੇ ਦੀ ਵਾਪਰੀ ਇਸ ਘਟਨਾ ਸਬੰਧੀ ਬਾਅਦ ਦੁਪਹਿਰ ਤੱਕ ਵੀ ਕਿਸੇ ਨੂੰ ਕੰਨੋ-ਕੰਨ ਭਿਣਕ ਨਹੀਂ ਲੱਗਣ ਦਿੱਤੀ ਗਈ। ਦੂਜੇ ਮਾਮਲੇ ਵਿੱਚ ਇਤਿਹਾਸਕ ਗੁਰਦੁਆਰਾ ਦਸਵੀਂ ਪਾਤਸ਼ਾਹੀ ਪਿਓਰੀ ਰੋਡ ਦੇ ਗੁਰੂ ਘਰ ਵਿੱਚ ਅਣਪਛਾਤੇ ਚੋਰਾਂ ਨੇ ਗੁਰੂ ਘਰ ਅੰਦਰ ਰਾਤ ਸਮੇਂ ਦਾਖਲ ਹੁੰਦਿਆਂ ਗੁਰਦੁਆਰਾ ਸਾਹਿਬ ਦੀ ਗੋਲਕ ਨੂੰ ਨਿਸ਼ਾਨਾ ਬਣਾਇਆ।ਦੱਸਣਯੋਗ ਹੈ ਕਿ ਜਿਸ ਇਲਾਕੇ ਵਿੱਚ ਇਹ ਗੁਰਦੁਆਰਾ ਸਾਹਿਬ ਸਥਿਤ ਹੈ, ਉਸ ਇਲਾਕੇ ਦਾ ਐਮ.ਸੀ. ਸੱਤਾਧਾਰੀ ਆਮ ਆਦਮੀ ਪਾਰਟੀ ਨਾਲ ਸਬੰਧਿਤ ਹੈ। ਪਿੰਡ



ਸੱਕਾਂਵਾਲੀ ਤੋਂ ਆਮ ਆਦਮੀ ਪਾਰਟੀ ਦੇ ਸਰਪੰਚ ਸੁਖਪਾਲ ਸਿੰਘ ਸੰਧੂ ਨੇ ਪਹਿਲਾਂ ਤਾਂ ਮੀਡੀਆ ਟੀਮ ਨੂੰ ਫੋਨ ਕਾਲ ਕਰਕੇ ਇਤਰਾਜ਼ ਪ੍ਰਗਟਾਇਆ ਕਿ ਤੁਸੀਂ ਮੌਕੇ 'ਤੇ ਪਹੁੰਚੇ ਬਿਨਾਂ ਹੀ ਖਬਰ ਨੂੰ ਕਿਉਂ ਪ੍ਰਕਾਸ਼ਿਤ ਕਰ ਰਹੇ ਹੋ ? ਜਦੋਂ ਮੀਡੀਆ ਟੀਮ ਨੇ ਉਨ੍ਹਾਂ ਨੂੰ ਸਵਾਲ ਕੀਤਾ ਕੀ ਤੁਸੀਂ ਬਿਆਨ ਦੇਣ ਲਈ ਤਿਆਰ ਹੋ, ਤਾਂ ਉਨ੍ਹਾਂ ਜਵਾਬ ਦਿੱਤਾ ਕਿ ਪਿੰਡ ਦੇ ਲੋਕ ਜਵਾਬ ਦੇਣਗੇ, ਪ੍ਰੰਤੂ ਕਿਸੇ ਵੀ ਗੱਲ 'ਤੇ ਸਰਪੰਚ ਵੱਲੋਂ ਤਸੱਲੀ ਨਾ ਪ੍ਰਗਟਾਉਣ ਦੇ ਹਾਲਾਤਾਂ ਨੇ ਵੱਡੇ ਸਵਾਲ ਖੜੇ ਕਰ ਦਿੱਤੇ ਹਨ ਕਿ ਆਖਰਕਾਰ ਪਿੰਡ ਸੱਕਾਂਵਾਲੀ ਦੀ ਪੰਚਾਇਤ ਇਸ ਮਾਮਲੇ ਨੂੰ ਪਬਲਿਕ ਡੋਮੇਨ ਵਿੱਚ ਆਉਣ ਤੋਂ ਕਥਿਤ ਰੂਪ ਵਿੱਚ ਕਿਉਂ ਰੋਕਦੀ ਪ੍ਰਤੀਤ ਹੋ ਰਹੀ ਸੀ। ਐਸ.ਐਸ.ਪੀ. ਅਭਿਮੰਨਿਊ ਰਾਣਾ ਨੇ ਇਸ ਬੇਹੱਦ ਗੰਭੀਰ ਸ਼੍ਰੇਣੀ ਦੇ ਦੋਹਾਂ ਅਪਰਾਧਾਂ ਵਿੱਚ ਬਿਨਾਂ ਕਿਸੇ ਦੇਰੀ ਤੁਰੰਤ ਪੁਲਿਸ ਨੂੰ ਮੁਕੱਦਮਾ ਦਰਜ ਕਰਨ ਸਮੇਤ ਇਸ ਮਾਮਲੇ ਵਿੱਚ ਦੋ ਦਰਜਨ ਤੋਂ ਵਧੇਰੇ ਟੀਮਾਂ ਦੀ ਸਥਾਪਨਾ ਕਰਦਿਆਂ ਬੇਅਦਬੀ ਜਿਹੇ ਗੰਭੀਰ ਅਪਰਾਧਿਕ ਮਾਮਲੇ ਦੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਦੇ ਸਖਤ ਅਦੇਸ਼ ਜਾਰੀ ਕਰਨ ਸਮੇਤ ਦੋਹਾਂ ਮਾਮਲਿਆਂ ਵਿੱਚ ਪਰਚੇ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਆਰੰਭ ਕੀਤੇ ਜਾਣ ਦੀ ਜਾਣਕਾਰੀ ਗੈਰ ਪ੍ਰਮਾਣਕ ਸੂਤਰਾਂ ਦੇ ਹਵਾਲਿਓਂ ਸਾਹਮਣੇ ਆਈ ਹੈ। ਸੱਕਾਂਵਾਲੀ ਅੰਦਰ ਹੋਈ ਪਾਵਨ ਪਵਿੱਤਰ ਸ੍ਰੀ ਗੁਟਕਾ ਸਾਹਿਬ ਜੀ ਦੇ ਅੰਗਾਂ ਦੀ ਬੇਅਦਬੀ ਦੇ ਮਾਮਲੇ ਵਿੱਚ ਬਿਨਾਂ ਕਿਸੇ ਦੇਰੀ ਤੋਂ ਪਹੁੰਚੇ ਇਤਿਹਾਸਿਕ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਦੇ ਮੁੱਖ ਸੇਵਾਦਾਰ (ਮੈਨੇਜਰ) ਭਾਈ ਨਿਰਮਲਜੀਤ ਸਿੰਘ ਕੋਲਿਆਂਵਾਲੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਆਗੂਆਂ ਨੇ ਮੌਕੇ 'ਤੇ ਪਿੰਡ ਸੱਕਾਂਵਾਲੀ ਪਹੁੰਚ ਕੇ ਸਤਿਕਾਰ ਤੇ ਮਰਿਆਦਾ ਸਹਿਤ ਸ਼੍ਰੀ ਗੁਟਕਾ ਸਾਹਿਬ ਦੇ ਅੰਗਾਂ ਨੂੰ ਅਗਲੇਰੀਆਂ ਰਸਮਾਂ ਵਾਸਤੇ ਇਕੱਤਰਿਤ ਕੀਤਾ।ਇਸ ਦੇ ਨਾਲ ਹੀ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਾਈ ਨਿਰਮਲਜੀਤ ਸਿੰਘ ਨੇ ਪੰਜਾਬ ਸਰਕਾਰ ਨੂੰ ਇਸ ਮਾਮਲੇ ਵਿੱਚ ਸਖ਼ਤ ਕਾਨੂੰਨੀ ਕਾਰਵਾਈ ਦੀ ਅਪੀਲ ਕੀਤੀ ਹੈ।

# ਹੇਮਕੁੰਟ ਸਕੂਲ 'ਚ ਐੱਨ.ਸੀ.ਸੀ ਸੀਨੀਅਰ ਵਿੰਗ ਲੜਕਿਆਂ ਦੀ ਚੋਣ



**ਕੋਟ ਈਸੇ ਖਾਂ (ਅਰੋੜਾ)** ਸ੍ਰੀ ਹੇਮਕੁੰਟ ਸੀਨੀ.ਸੈਕੰ.ਸਕੂਲ ਕੋਟ-ਈਸੇ-ਖਾਂ ਵਿਖੇ ਐੱਨ.ਸੀ.ਸੀ ਲੜਕੇ ਤੇ ਲੜਕੀਆਂ ਦੇ ਯੂਨਿਟ ਚੱਲ ਰਹੇ ਹਨ, ਜਿੱਥੇ ਪੜ੍ਹਾਈ ਤੇ ਖੇਡਾਂ ਦੇ ਨਾਲ ਨਾਲ ਸਮੇਂ-ਸਮੇਂ ਹੋਰ ਕਈ ਪ੍ਰਕਾਰ ਦੀਆਂ ਗਤੀਵਿਧੀਆਂ ਕਰਾਈਆਂ ਜਾਂਦੀਆਂ ਹਨ।ਹਰ ਸਾਲ ਹੀ ਨਵੇਂ ਵਿਦਿਆਰਥੀਆਂ ਦੀ ਐੱਨ.ਸੀ.ਸੀ ਲਈ ਇਨਰੋਲਮੈਂਟ ਕੀਤੀ ਜਾਂਦੀ ਹੈ।ਇਸ ਤਹਿਤ 13 ਪੰਜਾਬ ਲੜਕੇ ਬਟਾਲੀਅਨ ਫ਼ਿਰੋਜ਼ਪੁਰ ਸੀ.ਓ ਸੀ.ਐੱਸ.ਚੰਦਰ ਸੇਖਰ ਸ਼ਰਮਾ ਦੀ ਯੋਗ ਅਗਵਾਈ ਹੇਠ ਸ੍ਰੀ ਹੇਮਕੁੰਟ ਸੀਨੀ.ਸੈਕੰ. ਸਕੂਲ 'ਚ ਸੀਨੀਅਰ ਵਿੰਗ ਦੀ ਨਵੀਂ 2026-27 ਭਰਤੀ ਹੋਈ। ਸਕੂਲ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਵੀ ਸ਼ਾਮਲ ਸਨ।ਪ੍ਰਿੰਸੀਪਲ ਨੇ ਕੈਡਿਟਸ ਨੂੰ ਐੱਨ.ਸੀ.ਸੀ ਦੇ ਰੂਲਜ਼ ਤੋਂ ਜਾਗਰੂਕ ਕਰਾਇਆ ਤੇ ਐੱਨ.ਸੀ.ਸੀ ਦੇ ਫ਼ਾਇਦੇ ਤੇ ਇਸ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਸਕੂਲ ਦੇ ਐੱਨ.ਸੀ.ਸੀ ਏ.ਐੱਨ.ਓ ਮਹੇਸ਼ ਕੁਮਾਰ ਦੀ ਮੌਜੂਦਗੀ 'ਚ ਹਵਾਲਦਾਰ ਗੁਰਦੀਪ ਸਿੰਘ ਤੇ ਪ੍ਰਦੀਪ ਸਿੰਘ ਨੇ ਗਿਆਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਦੀ ਇੰਟਰਵਿਊ ਉਪਰੰਤ 29 ਯੋਗ ਕੈਡਿਟਸ ਐੱਨ.ਸੀ.ਸੀ ਸੀਨੀਅਰ ਵਿੰਗ ਲਈ ਚੁਣਿਆ। ਉਨ੍ਹਾਂ ਨੇ ਐੱਨ.ਸੀ.ਸੀ ਕੈਡਿਟਸ ਨੂੰ ਜੀਵਨ 'ਚ ਦੇਸ਼ ਪ੍ਰਤੀ ਜ਼ਿੰਮੇਵਾਰੀ ਤੇ ਚੰਗੇ ਭਵਿੱਖ ਤੋਂ ਜਾਗਰੂਕ ਕਰਾਇਆ।

# 10 ਲੱਖ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਸ਼ੁਰੂਆਤ ਨਾਲ ਖੁਸ਼ੀ ਦੀ ਲਹਿਰ- ਖਾਲਸਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ 10 ਲੱਖ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਸ਼ੁਰੂਆਤ ਦਾ ਸਵਾਗਤ ਕਰਦਿਆਂ ਚੇਅਰਮੈਨ ਅੰਮ੍ਰਿਤਪਾਲ ਸਿੰਘ ਖਾਲਸਾ ਦੀਨਾ ਸਾਹਿਬ ਨੇ ਕਿਹਾ ਕਿ ਸਰਕਾਰ ਦੇ ਇਸ ਲੋਕ-ਪੱਖੀ ਫੈਸਲੇ ਨਾਲ ਲੰਬੇ ਸਮੇਂ ਤੋਂ ਰਾਸ਼ਨ ਕਾਰਡ ਬਣਨ ਦੀ ਉਡੀਕ ਕਰ ਰਹੇ ਹਜ਼ਾਰਾਂ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਆਮ ਵਰਗ ਵਿੱਚ ਖੁਸ਼ੀ ਦੀ ਲਹਿਰ ਹੈ। ਖਾਲਸਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹਮੇਸ਼ਾ ਲੋਕ ਹਿੱਤਾਂ ਨੂੰ ਪਹਿਲ ਦਿੱਤੀ ਹੈ ਅਤੇ ਇਹ ਫੈਸਲਾ ਵੀ ਉਸੇ ਵਚਨਬੱਧਤਾ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਕਾਫ਼ੀ ਲੰਬੇ ਸਮੇਂ ਤੋਂ ਹਜ਼ਾਰਾਂ ਯੋਗ ਪਰਿਵਾਰ ਨਵੇਂ ਰਾਸ਼ਨ ਕਾਰਡ ਬਣਨ ਦੀ ਉਡੀਕ ਕਰ ਰਹੇ ਸਨ, ਜਿਸ ਨੂੰ ਹੁਣ ਸਰਕਾਰ ਨੇ ਪੂਰਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਰਾਸ਼ਨ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਡਿਜੀਟਲ ਵੈਰੀਫਿਕੇਸ਼ਨ ਰਾਹੀਂ ਪਾਰਦਰਸ਼ੀ ਬਣਾਇਆ ਗਿਆ ਹੈ, ਜਿਸ ਨਾਲ ਅਸਲ ਹੱਕਦਾਰਾਂ ਨੂੰ ਹੀ ਇਸ ਯੋਜਨਾ ਦਾ ਲਾਭ ਮਿਲੇਗਾ ਅਤੇ ਕਿਸੇ ਵੀ ਤਰ੍ਹਾਂ ਦੀ ਗੜਬੜ ਦੀ ਸੰਭਾਵਨਾ ਨਹੀਂ ਰਹੇਗੀ। ਅੰਤ ਵਿੱਚ ਉਨ੍ਹਾਂ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਦੀ ਭਲਾਈ ਲਈ ਚੁੱਕਿਆ ਗਿਆ ਹਰ ਕਦਮ ਪੰਜਾਬ ਨੂੰ ਹੋਰ ਮਜ਼ਬੂਤ ਅਤੇ ਖੁਸ਼ਹਾਲ ਬਣਾਉਣ ਵੱਲ ਇੱਕ ਅਹਿਮ ਯਤਨ ਹੈ।

# ਜੋਗਾ ਵਿਖੇ ਮੁਲਾਜ਼ਮਾਂ ਵੱਲੋਂ ਦੂਸਰੇ ਦਿਨ ਵੀ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**- ਵੰਡ ਉਪ ਮੰਡਲ ਸਬ ਡਵੀਜ਼ਨ ਪੀ.ਐਸ.ਪੀ.ਸੀ.ਐਲ. ਜੋਗਾ ਵਿਖੇ ਪਾਵਰਕਾਮ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ/ਮਸਲਿਆਂ ਸਬੰਧੀ ਲਗਾਤਾਰ ਕੀਤੀ ਜਾ ਰਹੀ ਅਣਦੇਖੀ ਅਤੇ ਵਾਅਦਾ ਖਿਲਾਫੀ ਦੇ ਰੋਸ ਵਜੋਂ ਪੀ.ਐਸ.ਈ.ਬੀ. ਇੰਪਲਾਈਜ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ ਗਰਿੱਡ ਸਬ ਸਟੇਸ਼ਨ ਇੰਪਲਾਈਜ ਯੂਨੀਅਨ, ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨ ਯੂਨੀਅਨ ਏਟਕ ,ਪੈਨਸ਼ਨ ਵੈਲਫੇਅਰ ਫੈਡਰੇਸ਼ਨ ਪਹਿਲਵਾਨ ਅਤੇ ਮੁਲਾਜ਼ਮ ਯੂਨਾਈਟਡ ਔਰਗੇਨਾਈਜੇਸ਼ਨ ਵੱਲੋਂ ਦੋ ਦਿਨ ਦੀ ਸਮੂਹਿਕ ਛੁੱਟੀ ਦੌਰਾਨ ਦੂਸਰੇ ਦਿਨ ਸਰਕਾਰ ਅਤੇ ਪੀ.ਐਸ.ਪੀ. ਸੀ.ਐਲ. ਮੈਨੇਜਮੈਂਟ ਵਿਰੁੱਧ ਪਿੱਟ ਸਿਆਪਾ ਕੀਤਾ। ਧਰਨੇ ਦੌਰਾਨ ਸਬ ਡਿਵੀਜ਼ਨ ਪ੍ਰਧਾਨ ਸੰਦੀਪ ਮੱਤੀ ਇੰਪਲਾਈਜ ਫੈਡਰੇਸ਼ਨ ਪਹਿਲਵਾਨ, ਅਮਰੀਕ ਸਿੰਘ ਸਬ ਡਿਵੀਜ਼ਨ ਪ੍ਰਧਾਨ ਇੰਪਲਾਈਜ ਫੈਡਰੇਸ਼ਨ ਏਟਕ, ਬਲਵੀਰ ਸਿੰਘ ਜੋਗਾ ਸੀਨੀਅਰ ਮੀਤ ਸਬ ਡਿਵੀਜ਼ਨ ਪ੍ਰਧਾਨ ਐਮ.ਯੂ.ਓ., ਅੰਗਰੇਜ ਸਿੰਘ ਮੌਜੋ, ਸੁਖਵਿੰਦਰ ਸਿੰਘ ਕੋਟੜਾ, ਸਵਰਨ ਸਿੰਘ ਸਰਕਲ ਆਗੂ ਏਟਕ, ਰਾਜਵਿੰਦਰਦਾਸ ਪੈਨਸ਼ਨਰ ਯੂਨੀਅਨ, ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਮੈਨੇਜਮੈਂਟ ਸਾਡੀਆਂ ਹੱਕੀ ਮੰਗਾਂ ਪੂਰੀਆਂ ਨਹੀਂ ਕਰਦੀ ਤਾਂ ਜਥੇਬੰਦੀਆਂ ਦੇ ਫੈਸਲੇ ਅਨੁਸਾਰ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

## ਜ਼ੀਰਕਪੁਰ ਨੂੰ ਮਿਲੇਗਾ ਨਵਾਂ ਸੀਵਰੇਜ ਪਲਾਂਟ : ਵਿਰਕ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜ਼ੀਰਕਪੁਰ ਸ਼ਹਿਰ ਵਿੱਚ ਸੀਵਰੇਜ ਨਿਕਾਸੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਨਗਰ ਕੌਂਸਲ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਵਿਰਕ ਨੇ ਕੌਂਸਲ ਦੇ ਅਧਿਕਾਰੀਆਂ ਅਤੇ ਤਕਨੀਕੀ ਟੀਮ ਸਮੇਤ



ਸ਼ਹਿਰ ਦੇ ਸੀਵਰੇਜ ਟ੍ਰੀਟਮੈਂਟ ਪਲਾਂਟ (ਐਸ.ਟੀ.ਪੀ.) ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਪਲਾਂਟ ਦੀ ਕਾਰਜਪ੍ਰਣਾਲੀ, ਸੀਵਰੇਜ ਦੇ ਸ਼ੁੱਧੀਕਰਨ ਦੀ ਪ੍ਰਕਿਰਿਆ ਅਤੇ ਟਰੀਟ ਕੀਤੇ ਜਾ ਰਹੇ ਪਾਣੀ ਦੀ ਗੁਣਵੱਤਾ ਦਾ ਜਾਇਜ਼ਾ ਲਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਗੁਰਪ੍ਰੀਤ ਵਿਰਕ ਨੇ ਦੱਸਿਆ ਕਿ ਇਸ ਅਚਾਨਕ ਨਿਰੀਖਣ ਦਾ ਮੁੱਖ ਮਕਸਦ ਇਹ ਯਕੀਨੀ ਬਣਾਉਣਾ ਸੀ ਕਿ ਸ਼ਹਿਰ ਦਾ ਮੌਜੂਦਾ ਐਸ ਟੀ ਪੀ. ਆਪਣੀ ਪੂਰੀ ਸਮਰੱਥਾ ਨਾਲ ਸੁਚਾਰੂ ਢੰਗ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਨਿਰੀਖਣ ਦੌਰਾਨ ਪਲਾਂਟ ਦੀ ਕਾਰਗੁਜ਼ਾਰੀ ਸੰਤੋਸ਼ਜਨਕ ਪਾਈ ਗਈ ਹੈ ਅਤੇ ਇਹ ਇਸ ਵੇਲੇ ਕਰੀਬ 17.3 ਐੱਮ ਐੱਲ ਡੀ ਦੇ ਲੋਡ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲ ਰਿਹਾ ਹੈ। ਸ਼ਹਿਰ ਦੀ ਤੇਜ਼ੀ ਨਾਲ ਵਧ ਰਹੀ ਆਬਾਦੀ ਅਤੇ ਭਵਿੱਖ ਦੀਆਂ ਲੋੜਾਂ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਪ੍ਰਧਾਨ ਵਿਰਕ ਨੇ ਕਿਹਾ ਕਿ ਜ਼ੀਰਕਪੁਰ ਦੇ ਵਿਸਥਾਰ ਨੂੰ ਦੇਖਦਿਆਂ ਵਾਧੂ ਐਸ.ਟੀ.ਪੀ. ਪਲਾਂਟਾਂ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਸਨੌਲੀ ਪਿੰਡ ਵਿੱਚ ਕਰੀਬ 60 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਐਸ.ਟੀ.ਪੀ. ਸਥਾਪਤ ਕਰਨ ਦੀ ਯੋਜਨਾ ਬਣਾਈ ਗਈ ਸੀ, ਪਰ ਇਹ ਪ੍ਰੋਜੈਕਟ ਅਦਾਲਤੀ ਕਾਰਵਾਈਆਂ ਅਤੇ ਹੋਰ ਕਾਰਨਾਂ ਕਰਕੇ ਅੱਗੇ ਨਹੀਂ ਵੱਧ ਸਕਿਆ। ਇਸ ਮੌਕੇ ਪ੍ਰਧਾਨ ਗੁਰਪ੍ਰੀਤ ਵਿਰਕ ਨੇ ਐਲਾਨ ਕੀਤਾ ਕਿ ਹੁਣ ਨਗਰ ਕੌਂਸਲ ਵੱਲੋਂ ਪੀ.ਆਰ.-7 ਰੋਡ 'ਤੇ 55 ਐੱਮ.ਐੱਲ.ਡੀ. ਸਮਰੱਥਾ ਵਾਲਾ ਨਵਾਂ ਸੀਵਰੇਜ ਟ੍ਰੀਟਮੈਂਟ ਪਲਾਂਟ ਸਥਾਪਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਨਾਲ ਸਬੰਧਤ ਤਕਨੀਕੀ ਪ੍ਰਕਿਰਿਆ ਲਗਭਗ ਮੁਕੰਮਲ ਹੋ ਚੁੱਕੀ ਹੈ ਅਤੇ ਅਗਲੇ ਡੇਢ ਮਹੀਨੇ ਦੇ ਅੰਦਰ ਇਸ ਦਾ ਜ਼ਮੀਨੀ ਕੰਮ ਸ਼ੁਰੂ ਕਰਨ ਦਾ ਟੀਚਾ ਰੱਖਿਆ ਗਿਆ ਹੈ।

## ਆਰ ਐੱਮ ਪੀ ਆਈ ਨੇ ਕੇਂਦਰ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਗਟਾਇਆ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਪਿੰਡ ਮੁਠੱਡਾ ਕਲਾਂ ਦੇ ਚੌਂਕ 'ਚ ਕੇਂਦਰ ਸਰਕਾਰ ਦਾ ਪੁਤਲਾ ਫੂਕ ਕੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ।



ਦਿੱਲੀ 'ਚ ਵਿਦਿਆਰਥੀਆਂ ਉਪਰ ਕੀਤੇ ਵਹਿਸ਼ੀਆਨਾ ਲਾਠੀਚਾਰਜ ਅਤੇ ਇਸ ਤੋਂ ਪਹਿਲਾਂ ਸੋਨਮ ਵਾਂਗਚੁੱਕ ਨੂੰ ਜਿਸ ਢੰਗ ਨਾਲ ਚੁੱਕ ਲਿਆ ਗਿਆ, ਉਸ ਨਾਲ ਆਮ ਲੋਕਾਂ ਦੀ ਆਵਾਜ਼ ਬੰਦੀ ਦਾ ਕੰਮ ਕੀਤਾ ਗਿਆ। ਇਸ ਮੌਕੇ ਮਨਜਿੰਦਰ ਸਿੰਘ ਢੇਸੀ ਨੇ ਕਿਹਾ ਕਿ ਵਿਦਿਆਰਥੀਆਂ ਦੀ ਮੰਗ ਰਹੀ ਹੈ ਕਿ ਦੇਸ਼ ਦਾ ਸਿੱਖਿਆ ਮੰਤਰੀ ਅਸਤੀਫ਼ਾ ਦੇਵੇ ਕਿਉਂਕਿ ਨੀਟ ਦੀ ਪ੍ਰੀਖਿਆ ਦੌਰਾਨ ਨਕਲ ਹੋਈ ਅਤੇ ਵੀਹ ਦੇ ਕਰੀਬ ਵਿਦਿਆਰਥੀਆਂ ਨੇ ਆਤਮ ਹੱਤਿਆ ਕੀਤੀ। ਦਿੱਲੀ ਦੀ ਉਕਤ ਘਟਨਾ ਤੋਂ ਬਿਨਾਂ ਬੰਗਾਲ 'ਚ ਜਿਓਤੀ ਬਾਸੂ ਦੀ ਯਾਦਗਾਰ ਬਣਾਉਣ ਲਈ ਪੈਸੇ ਇਕੱਠੇ ਕਰ ਰਹੇ ਲੋਕਾਂ ਉਪਰ ਉਥੋਂ ਦੀ ਸਰਕਾਰ ਦੀ ਸ਼ਹਿ 'ਤੇ ਕਾਤਲਾਨਾ ਹਮਲਾ ਕੀਤਾ ਗਿਆ। ਇਸ ਤੋਂ ਇਲਾਵਾ ਰਾਹੁਲ ਸੰਕਰਤਾਇਣ ਦੇ ਬੁੱਤ ਨੂੰ ਨੁਕਸਾਨ ਪੁਚਾਏ ਜਾਣ ਦੀ ਘਟਨਾ ਵੀ ਵਾਪਰੀ ਹੈ। ਇਸ ਮੌਕੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਮੈਂਬਰ ਕੁਲਵੰਤ ਸਿੰਘ ਸੰਧੂ, ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ, ਸੂਬਾ ਸਕੱਤਰੇਤ ਮੈਂਬਰ ਡਾ. ਸਰਬਜੀਤ ਮੁਠੱਡਾ, ਸੂਬਾ ਕਮੇਟੀ ਮੈਂਬਰ ਪਰਮਜੀਤ ਰੰਧਾਵਾ ਤੇ ਸ਼ਿਵ ਤਿਵਾੜੀ, ਜ਼ਿਲ੍ਹਾ ਕਮੇਟੀ ਮੈਂਬਰ ਕੁਲਦੀਪ ਫਿਲੌਰ, ਮੇਜਰ ਫਿਲੌਰ, ਕੁਲਜੀਤ ਫਿਲੌਰ, ਕੁਲਦੀਪ ਕੌੜਾ ਤੋਂ ਇਲਾਵਾ ਹੋਰ ਬਹੁਤ ਸਾਰੇ ਪਾਰਟੀ ਕਾਰਕੁੰਨ ਹਾਜ਼ਰ ਸਨ ।

## ਰੋਟਰੀ ਕਲੱਬ ਜਲੰਧਰ ਵੈਸਟ ਵੱਲੋਂ ਜੀ ਐੱਨ ਡੀ ਯੂ ਕਾਲਜ 'ਚ ਰੁੱਖ ਲਗਾਓ ਮੁਹਿੰਮ

**ਜਲੰਧਰ (ਕਮਲਜੀਤ ਬਾਬਲਕੇ)**- ਵਾਤਾਵਰਨ ਦੀ ਸੰਭਾਲ ਅਤੇ ਹਰਿਆਵਲ ਨੂੰ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਰੋਟਰੀ ਕਲੱਬ (ਜਲੰਧਰ ਵੈਸਟ) ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਲਾਡੋਵਾਲੀ ਰੋਡ, ਵਿਖੇ ਰੁੱਖ ਲਗਾਓ ਮੁਹਿੰਮ ਅਧੀਨ ਸਦਾਬਹਾਰ ਬੂਟੇ ਲਗਵਾਏ ਗਏ। ਇਸ ਮੌਕੇ ਕਾਲਜ ਕੈਂਪਸ ਵਿੱਚ ਵੱਖ-ਵੱਖ ਕਿਸਮਾਂ ਦੇ ਪੌਦੇ ਲਗਾਏ ਗਏ ਅਤੇ ਵਾਤਾਵਰਨ ਦੀ ਸੁਰੱਖਿਆ ਲਈ ਸਾਂਝੇ ਯਤਨਾਂ ਦਾ ਸੱਦਾ ਦਿੱਤਾ ਗਿਆ।ਸਮਾਗਮ ਵਿੱਚ ਕਾਲਜ ਦੀ ਪ੍ਰਿੰਸੀਪਲ ਪ੍ਰੋ. (ਡਾ.) ਨਵਜੋਤ ਨੇ ਆਪਣੇ ਸੰਬੋਧਨ ਦੌਰਾਨ ਰੋਟਰੀ ਕਲੱਬ ਜਲੰਧਰ ਵੈਸਟ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਰੁੱਖ ਕੁਦਰਤੀ ਸੰਤੁਲਨ ਨੂੰ ਕਾਇਮ ਰੱਖਣ, ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨੂੰ ਘਟਾਉਣ ਅਤੇ ਮਨੁੱਖੀ ਜੀਵਨ ਨੂੰ ਸਿਹਤਮੰਦ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਰੁੱਖ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਨੂੰ ਵੀ ਆਪਣੀ ਸਮਾਜਿਕ ਜ਼ਿੰਮੇਵਾਰੀ ਸਮਝਣ।ਇਹ ਮੁਹਿੰਮ ਰੋਟਰੀ ਕਲੱਬ ਦੇ ਚੀਫ਼ ਕਲੱਬ ਐਡਵਾਈਜ਼ਰ ਤੇ ਡੀ ਆਰ ਐੱਫ ਸੀ ਰੋਟੇਰੀਅਨ ਡਾ. ਐੱਸ.ਪੀ.ਐੱਸ. ਗਰੋਵਰ ਦੀ ਰਹਿਨੁਮਾਈ ਹੇਠ ਕਲੱਬ ਦੇ ਪ੍ਰਧਾਨ ਰੋਟੇਰੀਅਨ ਤਰਸੇਮ ਸਿੰਘ ਅਤੇ ਸਕੱਤਰ ਰੋਟੇਰੀਅਨ



ਹਰਬਿੰਦਰ ਸਿੰਘ ਦੀ ਅਗਵਾਈ ਵਿੱਚ ਕਰਵਾਈ ਗਈ।ਇਸ ਮੌਕੇ ਰੋਟੇਰੀਅਨ ਇੰਜੀ. ਕੁਲਦੀਪ ਸਿੰਘ, ਸੰਦੀਪ ਸ਼ਰਮਾ, ਰਾਜ ਕੁਮਾਰ, ਚੇਤਨ ਕਪੂਰ ਅਤੇ ਚਰਨਬੀਰ ਸਿੰਘ ਨੇ ਪੌਦੇ ਲਗਾ ਕੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ। ਕਾਲਜ ਦੇ ਅਧਿਆਪਕ ਡਾ. ਆਸ਼ੀਸ਼ ਅਰੋੜਾ, ਡਾ. ਸੰਜੀਵ ਅਰੋੜਾ, ਡਾ. ਸੋਨੀਆ ਕੁੰਦਰਾ, ਡਾ. ਮਨਦੀਪ ਕੌਰ ਡਾ. ਪਰਵਿੰਦਰ ਕੌਰ ਢਿੱਲੋਂ ਅਤੇ ਡਾ. ਨੇਹਾ ਕਾਲੜਾ ਨੇ ਵੀ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਈ।

## ਵਿਦਿਆਰਥੀਆਂ 'ਤੇ ਲਾਠੀਚਾਰਜ ਨਿੰਦਣਯੋਗ : ਧਾਲੀਵਾਲ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**- ਸਾਬਕਾ ਆਈ ਏ ਐਸ ਅਧਿਕਾਰੀ ਅਤੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਨੀਟ ਪੇਪਰ ਲੀਕ ਮਾਮਲੇ ਵਿੱਚ ਦੇਸ਼ ਭਰ ਦੇ ਲੱਖਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਦੀਆਂ ਚਿੰਤਾਵਾਂ ਦੇ ਬਾਵਜੂਦ ਕੇਂਦਰ ਸਰਕਾਰ ਦੀ ਚੁੱਪੀ ਬਹੁਤ ਹੀ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਜਦੋਂ ਵਿਦਿਆਰਥੀ ਆਪਣੇ ਭਵਿੱਖ ਅਤੇ ਇਨਸਾਫ਼ ਦੀ ਮੰਗ ਨੂੰ ਲੈ ਕੇ ਆਵਾਜ਼ ਉਠਾ ਰਹੇ ਸਨ, ਤਾਂ ਸਰਕਾਰ ਨੇ ਉਨ੍ਹਾਂ ਦੀ ਪੀੜਾ ਨੂੰ ਗੰਭੀਰਤਾ ਨਾਲ ਨਹੀਂ ਲਿਆ। ਉਲਟਾ ਦਿੱਲੀ ਪੁਲਿਸ ਵੱਲੋਂ ਉਨ੍ਹਾਂ 'ਤੇ ਅੱਥਰੂ ਗੈਸ ਦੇ ਗੋਲੇ ਛੱਡੇ ਗਏ ਅਤੇ ਲਾਠੀਚਾਰਜ ਕੀਤਾ ਗਿਆ, ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਇੰਨਾ ਹੀ ਨਹੀਂ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਿਵਾਸ ਸਥਾਨ ਦੇ ਬਾਹਰ ਕਾਂਗਰਸ ਨੇਤਾ ਰਾਹੁਲ ਗਾਂਧੀ ਅਤੇ ਕਾਂਗਰਸੀ ਸੰਸਦ ਮੈਂਬਰ ਵਿਦਿਆਰਥੀਆਂ ਦੇ ਮੁੱਦੇ 'ਤੇ ਸ਼ਾਂਤਮਈ ਅਤੇ ਲੋਕਤਾਂਤਰਿਕ ਢੰਗ ਨਾਲ ਜਵਾਬ ਮੰਗ ਰਹੇ ਸਨ, ਪਰ ਦਿੱਲੀ ਪੁਲਿਸ ਨੇ ਉਨ੍ਹਾਂ ਨਾਲ ਵੀ ਧੱਕਾ-ਮੁੱਕੀ ਕੀਤੀ ਅਤੇ ਜ਼ਬਰਦਸਤੀ ਹਿਰਾਸਤ ਵਿੱਚ ਲੈ ਲਿਆ। ਕੇਂਦਰ ਸਰਕਾਰ ਨੂੰ ਇਸ ਮੁੱਦੇ 'ਤੇ ਚੁੱਪ ਰਹਿਣ ਦੀ ਬਜਾਏ ਦੇਸ਼ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਪੇਪਰ ਲੀਕ ਦੇ ਦੋਸ਼ੀਆਂ ਖ਼ਿਲਾਫ਼ ਕੀ ਕਾਰਵਾਈ ਕੀਤੀ ਗਈ ਹੈ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਕਿਹੜੇ ਠੋਸ ਕਦਮ ਚੁੱਕੇ ਜਾ ਰਹੇ ਹਨ।

## ਰਸ਼ਦੀਪ ਕੌਰ ਦੀ ਰਾਸ਼ਟਰਮੰਡਲ ਤੇ ਏਸ਼ੀਆਈ ਖੇਡਾਂ ਲਈ ਚੋਣ

**ਜਲੰਧਰ (ਸ਼ੈਲੀ ਐਲਬਰਟ)**- ਸਾਬਕਾ ਵਿਦਿਆਰਥਣ ਅਤੇ ਖਿਡਾਰਨ ਰਸ਼ਦੀਪ ਕੌਰ ਦੀ ਰਾਸ਼ਟਰਮੰਡਲ ਖੇਡਾਂ ਅਤੇ ਏਸ਼ਿਆਈ ਖੇਡਾਂ ਵੱਚ ਭਾਰਤ ਦੀ ਨੁਮਾਇੰਦਗੀ ਕਰਨ ਲਈ ਚੋਣ ਹੋਈ ਹੈ। ਸਾਲ 2022 ਦੀ ਗ੍ਰੈਜੂਏਟ ਰਸ਼ਦੀਪ ਦੀ ਇਹ ਉਪਲਬਧੀ ਉਸਦੀ ਅਣਥੱਕ ਮਿਹਨਤ,ਦ੍ਰਿੜ੍ਹ ਇਰਾਦੇ ਅਤੇ ਖੇਡਾਂ ਪ੍ਰਤੀ ਸਮਰਪਣ ਦੀ ਮੂੰਹ ਬੋਲਦੀ ਤਸਵੀਰ ਹੈ। ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਅਤੇ ਮਾਣ ਪ੍ਰਗਟ ਕਰਦਿਆਂ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਰਸ਼ਦੀਪ ਕੌਰ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਕਿਹਾ ਕਿ ਉਸ ਨੇ ਸੰਸਥਾ ਅਤੇ ਦੇਸ਼ ਦਾ ਨਾਂਅ ਵਿਸ਼ਵ ਪੱਧਰ 'ਤੇ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਦੁਨੀਆ ਦੇ ਦੋ ਸਭ ਤੋਂ ਵੱਕਾਰੀ ਬਹੁ-ਖੇਡ ਮੁਕਾਬਿਲਆਂ ਲਈ ਰਸ਼ਦੀਪ ਦੀ ਚੋਣ ਉਸਦੀ ਸਖ਼ਤ ਮਿਹਨਤ, ਦ੍ਰਿੜ੍ਹ ਸੰਕਲਪ ਅਤੇ ਐਚਐਮਵੀ ਵੱਲੋਂ ਪ੍ਰਦਾਨ ਕੀਤੀ ਗਈ ਉੱਚ ਪੱਧਰੀ ਖੇਡ ਸਿਖਲਾਈ ਦਾ ਪ੍ਰਮਾਣ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਰਸ਼ਦੀਪ ਦੀ ਇਹ ਉਪਲਬਧੀ ਸੰਸਥਾ ਦੀਆਂ ਨੌਜਵਾਨ ਖਿਡਾਰਨਾਂ ਲਈ ਪ੍ਰੇਰਣਾ ਸਰੋਤ ਬਣੇਗੀ ਅਤੇ ਉਹਨਾਂ ਨੂੰ ਵੀ ਖੇਡਾਂ ਦੇ ਖੇਤਰ ਵਿੱਚ ਉੱਚੀਆਂ ਬੁਲੰਦੀਆਂ ਛੂਹਣ ਲਈ ਉਤਸ਼ਾਹਿਤ ਕਰੇਗੀ।



## ਅਮਰਨਾਥ ਯਾਤਰਾ ਲਈ ਟੋਲ ਪਲਾਜ਼ੇ ਫਰੀ ਕਰੇ ਕੇਂਦਰ ਸਰਕਾਰ : ਰਾਹੁਲ ਖੰਨਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਭਗਵਾਨ ਸ਼ਿਵ ਦੇ ਦਰਸ਼ਨਾਂ ਲਈ ਸ਼ਰਧਾਲੂ ਹਰ ਸਾਲ ਜੰਮੂ ਕਸ਼ਮੀਰ 'ਚ ਪੈਂਦੇ ਅਮਰਨਾਥ ਧਾਮ ਜਾਣ ਲਈ ਸੜਕ ਰਸਤੇ ਆਪਣੇ ਵਾਹਨਾਂ ਰਾਹੀਂ ਜਾਂਦੇ ਹਨ ਅਤੇ ਇਨ੍ਹਾਂ ਸ਼ਰਧਾਲੂਆਂ ਨੂੰ ਰਸਤੇ 'ਚ ਪੈਂਦੇ ਟੋਲ ਪਲਾਜਿਆਂ ਦੇ ਵਾਧੂ ਖਰਚਿਆਂ ਤੋਂ ਬਚਾਉਣ ਲਈ ਕੇਂਦਰ ਸਰਕਾਰ ਨੂੰ ਲਿਖਤੀ ਅਪੀਲ ਕਰਨ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ।



ਮੀਟਿੰਗ ਚ ਸ਼ਾਮਿਲ ਸ਼ਿਵ ਸੈਨਾ ਯੁਵਾ ਨੇਤਾ ਰਾਜੂ ਖੋਸਲਾ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਜ਼ਿਲ੍ਹਾ ਵਾਈਸ ਚੇਅਰਮੈਨ ਸੰਜੀਵ ਖੰਨਾ, ਸਿਟੀ ਪ੍ਰਧਾਨ ਰਾਜੀਵ ਖੰਨਾ, ਸਿਟੀ ਵਾਈਸ ਪ੍ਰਧਾਨ ਬਬਲੂ, ਰਵੀ ਚੌਹਾਨ, ਅਮਨ ਮਾਹਲਾ, ਸੂਰਜ ਕੁਮਾਰ, ਸੰਨੀ ਮਾਹਲਾ, ਜੋਨਾ ਅਤੇ ਵੱਖ-ਵਖ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਸ਼ਿਵ ਸੇਨਾ ਵਰਕਰਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ। ਹਾਜਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਹਰ ਸਾਲ ਭਾਰਤ ਦੇ ਵੱਖ-ਵੱਖ ਸਟੇਟਾਂ ਵਿੱਚੋਂ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਆਪਣੇ ਵਾਹਨਾਂ ਵਿੱਚ ਸੜਕ ਰਾਸਤੇ ਰਾਹੀਂ ਭਗਵਾਨ ਸ਼ਿਵ ਦੇ ਜੰਮੂ ਕਸ਼ਮੀਰ 'ਚ ਪੈਂਦੇ ਅਮਰਨਾਥ ਧਾਮ ਦੇ ਦਰਸ਼ਨਾਂ ਲਈ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਹ ਸ਼ਰਧਾਲੂ ਬੜੀ ਸ਼ਰਧਾ ਨਾਲ ਅਮਰਨਾਥ ਯਾਤਰਾ ਤੇ ਜਾਂਦੇ ਹਨ ਅਤੇ ਇਨ੍ਹਾਂ ਸ਼ਰਧਾਲੂਆਂ ਦੇ ਖਾਣ ਪੀਣ ਅਤੇ ਆਰਾਮ ਕਰਨ ਲਈ ਜਿੱਥੇ ਬਾਬਾ ਜੀ ਦੇ ਸ਼ਰਧਾਲੂ ਰਸਤਿਆਂ ਵਿੱਚ ਲੰਗਰ ਆਦਿ ਲਗਾਉਂਦੇ ਹਨ ਉਥੇ ਜੰਮੂ ਕਸ਼ਮੀਰ ਸਰਕਾਰ ਵੀ ਇਨ੍ਹਾਂ ਦੀਆਂ ਸਹੂਲਤਾਂ ਲਈ ਕਈ ਪ੍ਰਕਾਰ ਦੇ ਪੁਖਤਾ ਪ੍ਰਬੰਧ ਕਰਨ ਤੋਂ ਇਲਾਵਾ ਇਨ੍ਹਾਂ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਵੀ ਯਕੀਨੀ ਬਣਾਉਣ ਦੇ ਹਰ ਸੰਭਵ ਯਤਨ ਕਰਦੀ ਹੈ। ਰਾਹੁਲ ਖੰਨਾ ਨੇ ਕੇਂਦਰ ਸਰਕਾਰ ਨੂੰ ਪੁਰਜੋਰ ਅਪੀਲ ਕਰਦੇ ਹੋਏ ਕਿਹਾ ਕਿ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਅਮਰਨਾਥ ਧਾਮ ਜਾਣ ਵਾਲੇ ਸ਼ਰਧਾਲੂਆਂ ਦੇ ਵਾਹਨਾਂ ਲਈ ਭਾਰਤ ਦੇ ਸਾਰੇ ਟੋਲ ਪਲਾਜੇ ਫਰੀ ਕੀਤੇ ਜਾਣ।

## ਜ਼ਿਲ੍ਹੇ 'ਚੋਂ ਤੀਜਾ ਸਥਾਨ ਪ੍ਰਾਪਤ ਕਰਨ ਵਾਲੀ ਮੁਸਕਾਨ ਸਨਮਾਨਤ

**ਬਲਾਚੌਰ (ਜਸਵਿੰਦਰ ਬੈਂਸ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ (ਰਜਿ. 295) ਤਹਿਸੀਲ ਬਲਾਚੌਰ ਦੀ ਮਾਸਿਕ ਮੀਟਿੰਗ ਬਲਾਕ ਪ੍ਰਧਾਨ ਡਾ. ਤਜਿੰਦਰ ਸਿੰਘ ਜੋਤ ਦੀ ਪ੍ਰਧਾਨਗੀ ਹੇਠ ਸਫ਼ਲਤਾਪੂਰਵਕ ਸੰਪੰਨ ਹੋਈ। ਮੀਟਿੰਗ ਦੀ ਸ਼ੁਰੂਆਤ ਵਿੱਚ ਜਨਰਲ ਸਕੱਤਰ ਡਾ. ਗਿਆਨ ਸਿੰਘ ਨੇ ਪਿਛਲੇ ਮਹੀਨੇ ਦੀਆਂ ਜਥੇਬੰਦਕ ਗਤੀਵਿਧੀਆਂ ਦੀ ਰਿਪੋਰਟ ਪੜ੍ਹ ਕੇ ਸੁਣਾਈ।ਇਸ ਮੀਟਿੰਗ ਵਿੱਚ ਡਾ. ਸੁਨੀਤਾ ਚੈਰੀਟੇਬਲ ਹਸਪਤਾਲ ਤੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ, ਜਦਕਿ ਕੇ.ਸੀ. ਕਾਲਜ ਨਵਾਂਸ਼ਹਿਰ ਤੋਂ ਡਾ. ਰੁਚਿਕਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਆਪਣੇ ਕਾਲਜ ਦੇ ਵੱਖ-ਵੱਖ ਕੋਰਸਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸੂਬਾ ਕਮੇਟੀ ਦੇ ਉਪ ਪ੍ਰਧਾਨ ਡਾ. ਦਿਲਦਾਰ ਸਿੰਘ ਚਾਹਲ ਅਤੇ ਜ਼ਿਲ੍ਹਾ ਪ੍ਰਧਾਨ ਡਾ. ਕਸ਼ਮੀਰ ਸਿੰਘ ਢਿੱਲੋਂ ਵੀ ਉਚੇਚੇ ਤੌਰ 'ਤੇ ਹਾਜ਼ਰ ਹੋਏ। ?ਮੀਟਿੰਗ ਦੌਰਾਨ ਬਲਾਕ ਦੇ ਵਾਈਸ ਪ੍ਰਧਾਨ ਡਾ. ਪਿੰਕਾ ਦੀ ਲੜਕੀ ਮੁਸਕਾਨ, ਜਿਸ ਨੇ ਦਸਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚੋਂ ਜ਼ਿਲ੍ਹੇ ਵਿੱਚੋਂ ਤੀਸਰਾ ਸਥਾਨ ਹਾਸਲ ਕਰਕੇ ਇਲਾਕੇ ਦਾ ਮਾਣ ਵਧਾਇਆ ਸੀ, ਨੂੰ ਯੂਨੀਅਨ ਵੱਲੋਂ ਵਿਸ਼ੇਸ਼ ਤੌਰ 'ਤੇ ਮੈਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਮਾਗਮ ਦੌਰਾਨ ਭਗਤ ਕਬੀਰ ਦਾ ਪ੍ਰਕਾਸ਼ ਦਿਹਾੜਾ ਵੀ ਲੱਡੂਆਂ ਦਾ ਪ੍ਰਸ਼ਾਦ ਵੰਡ ਕੇ ਬੜੀ ਸ਼ਰਧਾ ਨਾਲ ਮਨਾਇਆ ਗਿਆ। ਚੇਅਰਮੈਨ ਡਾ. ਮਨੋਹਰ ਲਾਲ ਨੇ ਭਗਤ ਕਬੀਰ ਦੇ ਜੀਵਨ ਅਤੇ ਰਚਨਾਵਾਂ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਕਬੀਰ ਅਨੁਸਾਰ ਸੱਚੀ ਭਗਤੀ ਮਨ ਦੀ ਪਵਿੱਤਰਤਾ ਨਾਲ ਹੁੰਦੀ ਹੈ, ਬਾਹਰੀ ਆਡੰਬਰਾਂ ਨਾਲ ਨਹੀਂ। ਉਨ੍ਹਾਂ ਨੇ ਜਾਤ-ਪਾਤ, ਰੰਗ-ਰੂਪ ਅਤੇ ਉਚ-ਨੀਚ ਦੇ ਵਿਤਕਰੇ ਦਾ ਜ਼ੋਰਦਾਰ ਖੰਡਨ ਕੀਤਾ। ?ਬਲਾਕ ਪ੍ਰਧਾਨ ਡਾ. ਤੇਜਿੰਦਰ ਸਿੰਘ ਜੋਤ ਨੇ ਬਰਸਾਤੀ ਮੌਸਮ ਦੌਰਾਨ ਫ਼ੈਲਣ ਵਾਲੀਆਂ ਬੀਮਾਰੀਆਂ ਬਾਰੇ ਜਾਗਰੂਕ ਕਰਦਿਆਂ ਕਿਹਾ ਕਿ ਬਰਸਾਤ ਦੇ ਨਾਲ ਹੀ ਡੇਂਗੂ ਵਰਗੀਆਂ ਗੰਭੀਰ ਬੀਮਾਰੀਆਂ ਦਾ ਖ਼ਤਰਾ ਵਧ ਜਾਂਦਾ ਹੈ।



## ਯੋਗੇਸ਼ ਸਪਰਾ ਭਾਜਪਾ ਵਰਕਰਾਂ ਵੱਲੋਂ ਸਨਮਾਨਤ

**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਭਾਰਤੀ ਜਨਤਾ ਪਾਰਟੀ ਦੀ ਇੱਕ ਵਿਸ਼ੇਸ਼ ਮੀਟਿੰਗ ਟਾਂਡਾ ਵਿਖੇ ਹੋਈ। ਜ਼ਿਲ੍ਹਾ ਯੁਵਾ ਮੋਰਚਾ ਦੇ ਪ੍ਰਧਾਨ ਵੀਨੂ ਪੰਡਿਤ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਭਾਜਪਾ ਦੇ ਨਵ ਨਿਯੁਕਤ ਜਿਲਾ ਪ੍ਰਧਾਨ ਯੋਗੇਸ਼ ਸਪਰਾ, ਪਲੈਨਿੰਗ ਬੋਰਡ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਤੇ ਸਟੇਟ ਐਗਜ਼ੈਕਟਿਵ ਮੈਂਬਰ ਜਵਾਹਰ ਖੁਰਾਣਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੁੰਦੇ ਹੋਏ ਭਾਜਪਾ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਪਾਰਟੀ ਦੀ ਮਜਬੂਤੀ ਵਾਸਤੇ ਭਾਜਪਾ ਵਰਕਰਾਂ ਨੂੰ ਲਾਮਬੰਦ ਕੀਤਾ। ਇਸ ਮੌਕੇ ਸਭ ਤੋਂ ਪਹਿਲਾਂ ਨਵ ਨਿਯੁਕਤ ਜ਼ਿਲਾ ਪ੍ਰਧਾਨ ਯੋਗੇਸ਼ ਸਪਰਾ ਦਾ ਭਾਜਪਾ ਵਰਕਰਾਂ ਵੱਲੋਂ ਸ੍ਰੀ ਜਵਾਹਰ ਖੁਰਾਣਾ ਦੀ ਅਗਵਾਈ ਵਿੱਚ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਮੀਟਿੰਗ ਦੌਰਾਨ ਯੁਵਾ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਵੀਨੂ ਪੰਡਿਤ, ਜੁਗਰਾਜ ਸਿੰਘ ਗੁਰੂ, ਲਲਿਤ ਕੁਮਾਰ, ਰਾਜ ਕੁਮਾਰ, ਦਰਸ਼ਨ ਕੁਮਾਰ, ਪਾਲਾ ਸਰਪੰਚ, ਅਸ਼ਵਨੀ ਜੈਨ, ਰੇਸ਼ਮ ਸਿੰਘ, ਵਿੱਕੀ ਮਦਾਨ, ਮਨੀਸ਼ ਕੁਮਾਰ, ਗੋਪਾਲ ਦਾਸ, ਦੀਪਕ ਮਹਾ ਪਵਨ ਖੁਰਾਨਾ, ਜਤਿੰਦਰ ਸਿੰਘ, ਅਜੇਪਾਲ ਸਿੰਘ ਸੈਣੀ ਹੀਰਾ ਪੁਰੀ, ਸੁਰਿੰਦਰ ਜਾਜਾ, ਨਰਿੰਦਰ ਤੁਲੀ, ਡਿੰਪੀ ਸੈਣੀ, ਸੂਰਜ ਸੈਣੀ ਲਖਬੀਰ ਸਿੰਘ, ਸਨੀ ਕੁਮਾਰ, ਭਿੰਦਾ ਪਹਿਲਵਾਨ ਵੀ ਹਾਜ਼ਰ ਵੀ ਹਾਜ਼ਰ ਸਨ।



## ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ-ਪਿੰਡ ਦਿਖਾਈ ਜਾ ਰਹੀ ਡਾਕੂਮੈਂਟਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਮਰਪਿਤ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ। ਇਸੇ ਲੜੀ ਤਹਿਤ ਐਤਵਾਰ ਨੂੰ ਪਿੰਡ ਮਾਂਝੀ, ਕੁਰਾਂਗਣਾ, ਫੱਤੋਵਾਲ ਅਤੇ ਸਠਿਆਲ ਵਿੱਚ ਐੱਲ ਈ ਡੀ ਸਕ੍ਰੀਨ ਰਾਹੀਂ ਲਗਭਗ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫ਼ਿਲਮ ਦਿਖਾਈ ਗਈ। ਡਾਕੂਮੈਂਟਰੀ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਫਲਸਫੇ, ਆਪਸੀ ਭਾਈਚਾਰੇ, ਮਨੁੱਖਤਾ ਅਤੇ ਸਮਾਜਿਕ ਸਦਭਾਵਨਾ ਬਾਰੇ ਦਿੱਤੇ ਸੰਦੇਸ਼ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਗਿਆ।ਪੰਜਾਬ ਸਰਕਾਰ ਦੇ ਇਸ ਉਪਰਾਲੇ ਤਹਿਤ ਜ਼ਿਲੇ ਵਿਚ ਤਿੰਨ ਵੈਨਾ ਰਾਹੀ ਰੋਜ਼ਾਨਾਂ 6 ਪਿੰਡਾਂ ਵਿਚ ਇਹ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ। ਇਸ ਮੌਕੇ ਪਿੰਡਾਂ ਦੇ ਸਰਪੰਚਾਂ, ਪੰਚਾਇਤ ਨੁਮਾਇੰਦਿਆਂ, ਨੌਜਵਾਨਾਂ, ਮਹਿਲਾਵਾਂ, ਬਜ਼ੁਰਗਾਂ ਅਤੇ ਪਿੰਡ ਵਾਸੀਆਂ ਵਲੋਂ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਡਾਕੂਮੈਂਟਰੀ ਦੇਖੀ ਜਾ ਰਹੀ ਹੈ।ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਸ ਵਿਸ਼ੇਸ਼ ਮੁਹਿੰਮ ਦੀ ਸ਼ਲਾਘਾ ਕਰਦਿਆਂ ਪਿੰਡਾਂ ਦੇ ਵਸਨੀਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਅਤੇ ਮਨੁੱਖੀ ਭਲਾਈ ਲਈ ਦਿੱਤੇ ਉਨ੍ਹਾਂ ਦੇ ਪ੍ਰੇਰਨਾਦਾਇਕ ਸੰਦੇਸ਼ਾਂ ਨੂੰ ਜਾਣਨ ਅਤੇ ਸਮਝਣ ਦਾ ਮੌਕਾ ਮਿਲ ਰਿਹਾ ਹੈ। ਪਿੰਡ ਵਾਸੀਆਂ ਨੇ ਡਾਕੂਮੈਂਟਰੀ ਨੂੰ ਪ੍ਰੇਰਨਾਦਾਇਕ ਅਤੇ ਸਮਾਜ ਲਈ ਮਾਰਗਦਰਸ਼ਕ ਦੱਸਿਆ।



## ਬਲਾਕ ਪੱਧਰੀ ਬੈਂਕਰਜ਼ ਕਮੇਟੀ ਦੀਆਂ ਮੀਟਿੰਗਾਂ ਸ਼ੁਰੂ



**ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**- ਵਿੱਤੀ ਵਰ੍ਹੇ 2026-27 ਦੀ ਪਹਿਲੀ ਤਿਮਾਹੀ (1 ਅਪ੍ਰੈਲ ਤੋਂ 30 ਜੂਨ, 2026) ਦੀ ਸਮਾਪਤੀ 'ਤੇ ਸਮੀਖਿਆ ਲਈ ਬਲਾਕ ਪੱਧਰੀ ਬੈਂਕਰਜ਼ ਕਮੇਟੀ ਦੀਆਂ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ।ਇਸੇ ਲੜੀ ਤਹਿਤ ਐੱਲ ਡੀ ਐੱਮ ਜਲੰਧਰ ਐੱਮ ਐੱਸ ਮੋਤੀ ਨੇ ਬਲਾਕ ਲੋਹੀਆਂ ਅਤੇ ਸ਼ਾਹਕੋਟ ਵਿਖੇ ਮੀਟਿੰਗਾਂ ਕਰਕੇ ਬੈਂਕਾਂ ਦੇ ਬਲਾਕ ਨੁਮਾਇੰਦਿਆਂ ਅਤੇ ਲਾਈਨ ਵਿਭਾਗਾਂ ਦੇ ਅਧਿਕਾਰੀਆਂ ਨਾਲ ਨਵੇਂ ਵਿੱਤੀ ਸਾਲ ਲਈ ਬੈਂਕਾਂ ਨੂੰ ਦਿੱਤੇ ਗਏ ਸਾਲਾਨਾ ਕਰਜ਼ ਯੋਜਨਾ ਦੇ ਟੀਚਿਆਂ ਅਤੇ ਉਨ੍ਹਾਂ ਦੀ ਪ੍ਰਾਪਤੀ ਲਈ ਕੁਝ ਮਹੱਤਵਪੂਰਨ ਜਾਣਕਾਰੀਆਂ ਸਾਂਝੀਆਂ ਕੀਤੀਆਂ।ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਪੀ ਐੱਮ ਸਵੈ ਨਿਧੀ ਸਮੇਤ ਸਰਕਾਰ ਵੱਲੋਂ ਪ੍ਰਾਯੋਜਿਤ ਕਰਜ਼ਾ ਸਕੀਮਾਂ ਤਹਿਤ ਬੈਂਕਾਂ ਵਿੱਚ ਲੰਬਿਤ ਅਰਜ਼ੀਆਂ ਦਾ ਜ਼ਿਕਰ ਕੀਤਾ।

ਐਲ ਡੀ ਐੱਮ ਨੇ ਤੁਰੰਤ ਇਨ੍ਹਾਂ ਦੇ ਨਿਪਟਾਰੇ ਲਈ ਬੈਂਕਾਂ ਨੂੰ ਹਦਾਇਤ ਕੀਤੀ ਤਾਂ ਜੋ ਜ਼ਿਲ੍ਹੇ ਦੇ ਕਰਜ਼ਾ ਜਮ੍ਹਾ ਅਨੁਪਾਤ ਹੋਰ ਬਿਹਤਰ ਹੋ ਸਕੇ।ਮੀਟਿੰਗ ਦੌਰਾਨ ਰੁਡਸੈੱਟ ਸੰਸਥਾ ਜਲੰਧਰ ਦੇ ਡਾਇਰੈਕਟਰ ਮਨਜੀਤ ਸਿੰਘ ਨੇ ਸੰਸਥਾ ਵਿੱਚ ਨੌਜਵਾਨਾਂ ਨੂੰ ਸਵੈ ਰੋਜ਼ਗਾਰ ਨਾਲ ਜੋੜਨ ਲਈ ਚਲਾਏ ਜਾਂਦੇ ਕਿੱਤਾਮੁਖੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ।ਮੀਟਿੰਗ ਵਿੱਚ ਬੈਂਕਾਂ ਦੇ ਬਲਾਕ ਨੁਮਾਇੰਦੇ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਅੱਖਾਂ ਦੀਆਂ ਸਮੱਸਿਆਵਾਂ ਦਾ ਇਲਾਜ ਟਾਲਣਾ ਹੋ ਸਕਦੈ ਖਤਰਨਾਕ

**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਲਾਲ ਦੀ ਅਗਵਾਈ ਹੇਠ ਪਿੰਡ ਟਕਾਰਲਾ ਤੇ ਪੋਜੇਵਾਲ ਵਿਖੇ ਬਜ਼ੁਰਗਾਂ ਦੀਆਂ ਅੱਖਾਂ ਦੀ ਸਕ੍ਰੀਨਿੰਗ ਲਈ ਵਿਸ਼ੇਸ਼ ਕੈਂਪ ਆਯੋਜਿਤ ਕੀਤੇ ਗਏ। ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾ. ਅਕਸ਼ੈ



ਠਾਕੁਰ ਤੇ ਅਪਥਾਲਮਿਕ ਅਫ਼ਸਰ ਹਰਜਿੰਦਰ ਸਿੰਘ ਵੱਲੋਂ ਟਕਾਰਲਾ ਵਿਖੇ 40 ਬਜ਼ੁਰਗਾਂ ਦੀਆਂ ਅੱਖਾਂ ਦੀ ਸਕ੍ਰੀਨਿੰਗ ਕੀਤੀ ਗਈ, ਜਿਨ੍ਹਾਂ ਵਿੱਚੋਂ 6 ਨੂੰ ਮੋਤੀਏ ਦੇ ਅਪਰੇਸ਼ਨ ਲਈ ਹਸਪਤਾਲ ਬੁਲਾਇਆ ਗਿਆ। ਇਸੇ ਤਰ੍ਹਾਂ ਪੋਜੇਵਾਲ ਵਿਖੇ 72 ਬਜ਼ੁਰਗਾਂ ਦੀਆਂ ਅੱਖਾਂ ਦੀ ਸਕਰੀਨਿੰਗ ਕੀਤੀ ਤੇ 9 ਨੂੰ ਮੋਤੀਏ ਦੇ ਅਪਰੇਸ਼ਨ ਲਈ ਬੁਲਾਇਆ ਗਿਆ।ਸਕ੍ਰੀਨਿੰਗ ਉਪਰੰਤ ਲੋੜਵੰਦ ਤੇ ਯੋਗ ਲਾਭਪਾਤਰੀਆਂ ਨੂੰ ਮੁਫ਼ਤ ਐਨਕਾਂ ਉਪਲੱਬਧ ਕਰਵਾਈਆਂ ਗਈਆਂ। ਨਾਲ ਹੀ ਲੋਕਾਂ ਨੂੰ ਅੱਖਾਂ ਦੀ ਨਿਯਮਿਤ ਜਾਂਚ ਕਰਵਾਉਣ ਤੇ ਨਜ਼ਰ ਸੰਬੰਧੀ ਸਮੱਸਿਆ ਹੋਣ 'ਤੇ ਤੁਰੰਤ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਲਾਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅੱਖਾਂ ਦੀ ਸਿਹਤ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ ਅਤੇ ਹਰ ਵਿਅਕਤੀ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਅੱਖਾਂ ਦੀ ਜਾਂਚ ਜ਼ਰੂਰ ਕਰਵਾਏ। ਉਨ੍ਹਾਂ ਕਿਹਾ ਕਿ ਅੱਖਾਂ ਦੀਆਂ ਸਮੱਸਿਆਵਾਂ ਦਾ ਇਲਾਜ ਟਾਲਣਾ ਖਤਰਨਾਕ ਹੋ ਸਕਦਾ ਹੈ।

## ਚੱਬੇਵਾਲ ਨੇ ਵਿਕਾਸ ਕਾਰਜਾਂ ਦੀ ਕੀਤੀ ਸਮੀਖਿਆ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਬਲਾਕ ਹੁਸ਼ਿਆਰਪੁਰ-2 ਦੇ ਬੀ ਡੀ ਪੀ ਓ ਅਤੇ ਬਲਾਕ ਅਧੀਨ ਆਉਂਦੀਆਂ ਗ੍ਰਾਮ ਪੰਚਾਇਤਾਂ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ। ਇਸ ਦੌਰਾਨ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ



ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ ਅਤੇ ਲੰਬਿਤ ਪ੍ਰੋਜੈਕਟਾਂ ਨੂੰ ਜਲਦੀ ਮੁਕੰਮਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਮੀਟਿੰਗ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਸੜਕਾਂ, ਗਲੀਆਂ-ਨਾਲੀਆਂ, ਪੀਣ ਵਾਲੇ ਪਾਣੀ ਦੀਆਂ ਸਕੀਮਾਂ, ਸੀਵਰੇਜ, ਸਟਰੀਟ ਲਾਈਟਾਂ, ਕਮਿਊਨਿਟੀ ਭਵਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਵਿਕਾਸ ਕਾਰਜਾਂ ਦੀ ਮੌਜੂਦਾ ਸਥਿਤੀ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਦੇ ਨਾਲ ਹੀ ਜਿਨ੍ਹਾਂ ਕੰਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ ਹੋ ਰਹੀ ਹੈ, ਉਨ੍ਹਾਂ ਦੇ ਕਾਰਨਾਂ ਦਾ ਜਾਇਜ਼ਾ ਲੈ ਕੇ ਉਨ੍ਹਾਂ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕਰਨ ਲਈ ਯੋਜਨਾ ਤਿਆਰ ਕੀਤੀ ਗਈ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਬੇਨਿਯਮਤਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਹਰ ਯੋਜਨਾ ਨੂੰ ਪੂਰੀ ਪਾਰਦਰਸ਼ਤਾ, ਉੱਚ ਗੁਣਵੱਤਾ ਅਤੇ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨਾ ਸਰਕਾਰ ਦੀ ਪਹਿਲ ਹੈ। ਵਿਧਾਇਕ ਨੇ ਅਧਿਕਾਰੀਆਂ ਅਤੇ ਪੰਚਾਇਤ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਨੇ ਸਰਕਾਰ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਉਸ 'ਤੇ ਖਰਾ ਉਤਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

## ਐੱਮ ਐੱਲ ਏ ਨੇ ਸਟੇਡੀਅਮ ਅਤੇ ਓਪਨ ਜਿਮ ਦਾ ਨੀਂਹ ਪੱਥਰ ਰੱਖਿਆ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਰਫ਼ਤਾਰ ਦੇਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ, ਉਨ੍ਹਾਂ ਦੇ ਹੱਲ ਲਈ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਪੰਡਵਾਲਾ, ਖੇੜੀ, ਸੁੰਡਰਾ ਅਤੇ ਨਿੰਬੂਆ ਵਿਖੇ ਲੋਕ ਮਿਲਣੀਆਂ ਕੀਤੀਆਂ ਗਈਆਂ।ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪਿੰਡ ਪੰਡਵਾਲਾ ਵਿਖੇ 11.50 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਅਤੇ ਓਪਨ ਜਿਮ ਦੇ ਵਿਕਾਸ ਕਾਰਜ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਇਹ ਸਹੂਲਤ ਪਿੰਡ ਦੇ ਨੌਜਵਾਨਾਂ ਤੇ ਵਸਨੀਕਾਂ ਨੂੰ ਖੇਡਾਂ ਤੇ ਸਿਹਤਮੰਦ ਜੀਵਨਸ਼ੈਲੀ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗੀ।ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣ ਕੇ ਉਨ੍ਹਾਂ ਦਾ ਹੱਲ ਕੀਤਾ ਜਾ ਰਿਹਾ ਹੈ ਅਤੇ ਵਿਕਾਸ ਕਾਰਜ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਕਰਵਾਏ ਜਾ ਰਹੇ ਹਨ।

## ਸ੍ਰੀ ਗੁਰੂ ਰਵਿਦਾਸ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ

**ਜਲੰਧਰ (ਸੁਰਿੰਦਰ ਕੁਮਾਰ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ। ਇਸੇ ਲੜੀ ਤਹਿਤ ਸੋਮਵਾਰ ਨੂੰ ਪਿੰਡ ਧੀਰੋਵਾਲ, ਖੁਰਦਪੁਰ, ਸ਼ਿਵਦਾਸਪੁਰ, ਘੋੜੇਵਾਹੀ, ਕੋਟਲਾ ਜੰਗਾ, ਨੰਗਲ ਜੀਵਨ ਅਤੇ ਸਿਆਣੀਵਾਲੀ ਵਿਖੇ ਐਲ.ਈ.ਡੀ. ਸਕਰੀਨ ਰਾਹੀਂ ਕਰੀਬ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ ਅਤੇ ਉਨ੍ਹਾਂ ਵੱਲੋਂ ਮਨੁੱਖਤਾ ਦੀ ਭਲਾਈ, ਆਪਸੀ ਭਾਈਚਾਰੇ ਅਤੇ ਸਰਬ ਸਾਂਝੀਵਾਲਤਾ ਦੇ ਦਿੱਤੇ ਸੰਦੇਸ਼ ਤੋਂ ਜਾਣੂ ਕਰਵਾਇਆ ਗਿਆ। ਵੱਡੀ ਗਿਣਤੀ ਪਿੰਡ ਵਾਸੀਆਂ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਨੂੰ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਦੇਖਿਆ। ਡਾਕੂਮੈਂਟਰੀ ਵਿੱਚ ਸ੍ਰੀ ਗੁਰੂ ਰਵਿਦਾਸ ਦੇ ਜੀਵਨ ਦੇ ਮਹੱਤਵਪੂਰਨ ਪੱਖਾਂ, ਉਨ੍ਹਾਂ ਦੇ ਉੱਚ ਆਦਰਸ਼ਾਂ, ਸਮਾਜਿਕ ਨਿਆਂ, ਮਨੁੱਖਤਾ ਦੀ ਸੇਵਾ, ਸੱਚ, ਕਿਰਤ ਅਤੇ ਸਮਾਨਤਾ ਦੇ ਸੁਨੇਹੇ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਹੈ। ਪੰਜਾਬ ਸਰਕਾਰ ਦੀ ਪਹਿਲ ਤਹਿਤ ਜ਼ਿਲ੍ਹੇ ਵਿੱਚ 3 ਡਾਕੂਮੈਂਟਰੀ ਵੈਨਾਂ ਰਾਹੀਂ ਰੋਜ਼ਾਨਾਂ 6 ਪਿੰਡਾਂ ਵਿੱਚ ਇਹ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ।



## ਭਾਰਤੀ ਫੌਜ 'ਚ ਲਾਅ ਗ੍ਰੈਜੂਏਟਸ ਤੋਂ ਆਨਲਾਈਨ ਅਰਜ਼ੀਆਂ ਦੀ ਮੰਗ

**ਜਲੰਧਰ (ਸੁਰਿੰਦਰ ਕੁਮਾਰ)**- ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖ਼ਲਾਈ ਬਿਊਰੋ ਨੀਲਮ ਮਹੇ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਭਾਰਤੀ ਫੌਜ ਵਿੱਚ ਸ਼ੋਰਟ ਸਰਵਿਸ ਕਮਿਸ਼ਨ ਤਹਿਤ ਜੇ ਏ ਜੀ ਐਂਟਰੀ ਸਕੀਮ (ਅਪ੍ਰੈਲ 2027) ਤਹਿਤ ਯੋਗ ਲਾਅ ਗ੍ਰੈਜੂਏਟਸ (ਅਣਵਿਆਹੇ ਲੜਕੇ ਅਤੇ ਲੜਕੀਆਂ) ਪਾਸੋਂ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਯੋਗਤਾ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਉਮੀਦਵਾਰ ਨੇ ਐਲ.ਐਲ.ਬੀ.ਡਿਗਰੀ ਵਿੱਚ ਘੱਟੋ-ਘੱਟ 55 ਫੀਸਦੀ ਅੰਕ ਪ੍ਰਾਪਤ ਕੀਤੇ ਹੋਣ, ਦਸੰਬਰ 2025 ਵਿੱਚ ਹੋਈ ਕਲੈਟ ਪੀ ਜੀ ਪ੍ਰੀਖਿਆ-2026 ਦਿੱਤੀ ਹੋਵੇ। ਉਮੀਦਵਾਰ ਦੀ ਉਮਰ 1 ਜਨਵਰੀ 2027 ਨੂੰ 21 ਤੋਂ 27 ਸਾਲ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ 10 ਅਸਾਮੀਆਂ ਲਈ ਨਿਰਧਾਰਿਤ ਚੋਣ ਪ੍ਰਕਿਰਿਆ ਉਪਰੰਤ ਚੁਣੇ ਗਏ ਉਮੀਦਵਾਰਾਂ ਨੂੰ ਆਫਿਸਰ ਟ੍ਰੇਨਿੰਗ ਅਕੈਡਮੀ, ਚੇਨਈ ਵਿਖੇ 49 ਹਫ਼ਤਿਆਂ ਦੀ ਟ੍ਰੇਨਿੰਗ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਪ੍ਰਤੀ ਮਹੀਨਾ 56,100 ਰੁਪਏ ਸਟਾਈਪੈਂਡ ਅਤੇ ਟ੍ਰੇਨਿੰਗ ਤੋਂ ਬਾਅਦ ਲਗਭਗ 17-18 ਲੱਖ ਰੁਪਏ ਸਲਾਨਾ ਤਨਖਾਹ ਹੋਵੇਗੀ।ਉਨ੍ਹਾਂ ਦੱਸਿਆ ਕਿ ਚਾਹਵਾਨ ਉਮੀਦਵਾਰ 17 ਅਗਸਤ 2026, ਦੁਪਹਿਰ 3 ਵਜੇ ਤੱਕ ਆਨਲਾਈਨ ਅਰਜ਼ੀਆਂ ਦੇ ਸਕਦੇ ਹਨ। ਵਧੇਰੇ ਜਾਣਕਾਰੀ ਭਾਰਤੀ ਫੌਜ ਦੀ ਵੈੱਬਸਾਈਟ www.joinin-dianarmy.nic.in ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ।

## ਟੈਨਿਸ ਚੈਂਪੀਅਨਸ਼ਿਪ 'ਚ ਵਿਦਿਆਰਥੀਆਂ ਦਾ ਬਿਹਤਰੀਨ ਪ੍ਰਦਰਸ਼ਨ



**ਬਲਾਚੌਰ (ਜਸਵਿੰਦਰ ਬੈਂਸ)**- ਦ ਨੋਰਵੁੱਡ ਸਕੂਲ ਚਾਹਲ ਦੇ ਵਿਦਿਆਰਥੀਆਂ ਨੇ ਸੋਲਨ ਹਿਮਾਚਲ ਪ੍ਰਦੇਸ਼ ਵਿਖੇ ਦੁਰਗਾ ਪਬਲਿਕ ਸਕੂਲ ਵਿੱਚ ਆਯੋਜਿਤ ਸੀ ਬੀ ਐਸ ਸੀ ਕਲੱਸਟਰ ਲਾਨ ਟੈਨਿਸ ਚੈਂਪੀਅਨਸ਼ਿਪ ਵਿੱਚ ਬਿਹਤਰੀਨ ਖੇਡ ਦਾ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ?ਸਕੂਲ ਪ੍ਰਬੰਧਕਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦੀਆਂ ਅੰਡਰ-14 ਅਤੇ ਅੰਡਰ-17 ਵਰਗ ਦੀਆਂ ਲੜਕਿਆਂ ਅਤੇ ਲੜਕੀਆਂ ਦੀਆਂ ਟੀਮਾਂ ਨੇ ਟੂਰਨਾਮੈਂਟ ਦੌਰਾਨ ਪੂਰੇ ਉਤਸ਼ਾਹ, ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਨਾਲ ਭਾਗ ਲਿਆ। ਖਿਡਾਰੀਆਂ ਨੇ ਹਰ ਮੁਕਾਬਲੇ ਵਿੱਚ ਜਜ਼ਬੇ ਨਾਲ ਖੇਡਦਿਆਂ ਟੀਮ ਵਰਕ ਦੀ ਬਿਹਤਰੀਨ ਮਿਸਾਲ ਪੇਸ਼ ਕੀਤੀ ਅਤੇ ਖੇਡ ਖੇਤਰ ਦਾ ਕੀਮਤੀ ਤਜਰਬਾ ਹਾਸਲ ਕੀਤਾ।ਇਸ ਮੌਕੇ ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਜਿੱਤ ਅਤੇ ਹਾਰ ਖੇਡਾਂ ਦਾ ਅਹਿਮ ਹਿੱਸਾ ਹਨ, ਪਰ ਅਜਿਹੇ ਰਾਸ਼ਟਰੀ/ਖੇਤਰੀ ਪੱਧਰ ਦੇ ਮੁਕਾਬਲੇ ਵਿਦਿਆਰਥੀਆਂ ਅੰਦਰ ਲੀਡਰਸ਼ਿਪ, ਅਨੁਸ਼ਾਸਨ ਅਤੇ ਮੁਕਾਬਲੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਵਿਦਿਆਰਥੀਆਂ ਦੀ ਇਸ ਲਗਨ ਅਤੇ ਮਿਹਨਤ 'ਤੇ ਸਮੂਹ ਸਕੂਲ ਪਰਿਵਾਰ ਨੂੰ ਬਹੁਤ ਮਾਣ ਹੈ। ?ਸਕੂਲ ਦੇ ਪ੍ਰਿੰਸੀਪਲ ਅਤੇ ਮੈਨੇਜਮੈਂਟ ਨੇ ਖਿਡਾਰੀਆਂ ਸਮੇਤ ਸਮੁੱਚੇ ਕੋਚਿੰਗ ਸਟਾਫ਼ ਨੂੰ ਮੁਬਾਰਕਬਾਦ ਦਿੱਤੀ ਅਤੇ ਉਮੀਦ ਜਤਾਈ ਕਿ ਵਿਦਿਆਰਥੀ ਭਵਿੱਖ ਵਿੱਚ ਵੀ ਇਸੇ ਜਜ਼ਬੇ ਨਾਲ ਮਿਹਨਤ ਕਰਦੇ ਹੋਏ ਹੋਰ ਵੱਡੀਆਂ ਮੱਲਾਂ ਮਾਰਨਗੇ।

## ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਗੁਰਮਤਿ ਸਮਾਗਮ 25 ਨੂੰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਿਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਜਥੇਬੰਦੀ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾ, ਮਾਤਾ ਗੰਗਾ ਜੀ ਵੈਲਫੇਅਰ ਸੋਸਾਇਟੀ ਅਤੇ ਬੀਬੀਆਂ ਦੇ ਜਥੇ ਵੱਲੋਂ ਮਹਾਨ ਗੁਰਮਤਿ ਸਮਾਗਮ 25 ਜੁਲਾਈ ਦਿਨ ਸ਼ਨੀਵਾਰ ਨੂੰ ਹੋਵੇਗਾ। ਨਗਰ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਿੱਖ ਪੰਥ ਦੇ ਮਹਾਨ ਇਤਿਹਾਸ ਵਿੱਚ ਬੀਬੀਆਂ ਵੱਲੋਂ ਪਾਏ ਗਏ ਮਹਾਨ ਯੋਗਦਾਨ ਅਤੇ ਲਾਸਾਨੀ ਸ਼ਹਾਦਤਾਂ ਨੂੰ ਸਮਰਪਤ ਸ਼ਾਮ 7 ਵਜੇ ਤੋਂ ਲੈ ਕੇ 10 ਵਜੇ ਤੱਕ ਕਰਵਾਏ ਜਾ ਰਹੇ ਸਮਾਗਮ ਦੇ ਬਾਰੇ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸਮਾਗਮ ਦੌਰਾਨ ਸੋ ਦਰ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਾਵੇਗੀ। ਉਪਰੰਤ ਸਮਾਗਮ ਦੌਰਾਨ ਇੰਟਰਨੈਸ਼ਨਲ ਢਾਡੀ ਜਥਾ ਭਾਈ ਸਰੂਪ ਸਿੰਘ ਕਡਿਆਣਾ, ਬਾਬਾ ਹਰਭਜਨ ਸਿੰਘ ਸੋਤਲੇ ਵਾਲੇ, ਭਾਈ ਕੁਲਵਿੰਦਰ ਸਿੰਘ ਕੰਗਮਾਈ ਵਾਲੇ, ਗਿਆਨੀ ਅਮਰਜੀਤ ਸਿੰਘ ਗਾਲਿਬ ਅਤੇ ਹੋਰ ਰਾਗੀ ਢਾਡੀ ਜਥੇ ਪਹੁੰਚ ਕਰਕੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਨਗੇ ਤੇ ਸਿੱਖ ਪੰਥ ਦੇ ਮਹਾਨ ਇਤਿਹਾਸ ਦੇ ਚਾਨਣਾ ਪਾਉਣਗੇ। ਇਸ ਮੌਕੇ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਨੇ ਨਗਰ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਸਮਾਗਮ ਵਿੱਚ ਹਾਜ਼ਰੀ ਲਗਵਾਉਣ ਲਈ ਬੇਨਤੀ ਕੀਤੀ ਹੈ। ਉਹਨਾਂ ਦੱਸਿਆ ਕਿ ਇਸ ਮੌਕੇ ਚਾਹ ਪਕੌੜੇ ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।



## ਰੋਜ਼ਗਾਰ ਮੇਲਾ 24 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵੱਲੋਂ 24 ਜੁਲਾਈ ਨੂੰ ਇਸ ਦਫਤਰ ਵਿਖੇ ਰੋਜ਼ਗਾਰ ਮੇਲਾ ਦਾ ਆਯੋਜਨ ਕੀਤਾ ਜਾਵੇਗਾ। ਇਸ ਰੋਜ਼ਗਾਰ ਮੇਲੇ ਵਿੱਚ ਆਈ ਸੀ ਆਈ ਸੀ ਆਈ ਬੈਂਕ,ਐਸ ਬੀ ਆਈ ਕਰੈਡਿਟ ਕੇਅਰ, ਜੀ ਐਨ ਏ. ਐਕਸਲ, ਬਲਿੰਕ-ਇਟ, ਸਵਰਾਜ ਟ੍ਰੈਕਟਰਜ਼, ਸੋਨਾਲਿਕਾ ਟ੍ਰੈਕਟਰਜ਼, ਸੈਂਚੁਰੀ ਪਲਾਈਵੁੱਡ, ਅਤੇ ਰੈਕਸਾ ਸਕਿਊਰਿਟੀ ਕੰਪਨੀ ਵੱਲੋਂ ਭਾਗ ਲਿਆ ਜਾ ਰਿਹਾ ਹੈ। ਇਸ ਰੋਜ਼ਗਾਰ ਮੇਲੇ ਵਿੱਚ ਅੱਠਵੀਂ, ਦਸਵੀਂ, ਬਾਰਵੀਂ, ਤੇ ਆਈ.ਟੀ.ਆਈ. (ਸਾਰੇ ਟ੍ਰੇਡਜ਼), ਡਿਪਲੋਮਾ ਗ੍ਰੈਜੂਏਸ਼ਨ ਪਾਸ ਪ੍ਰਾਰਥੀਆਂ ਦੀ ਓਪਰੇਟਰ, ਹੈਲਪਰ, ਸਕਿਊਰਿਟੀ ਗਾਰਡ, ਪਿਕਰ-ਪੈਕਰ, ਸੇਲਜ਼ ਐਗਜੀਕਿਊਟਿਵ ਅਤੇ ਰੀਲੇਸ਼ਨਸ਼ਿਪ ਮੈਨੇਜਰ ਦੀਆਂ ਅਸਾਮੀਆਂ ਲਈ ਭਰਤੀ ਕੀਤੀ ਜਾਵੇਗੀ। ਇਨ੍ਹਾਂ ਕੰਪਨੀਆਂ ਵੱਲੋਂ ਭਰਤੀ ਕੀਤੇ ਜਾਣ ਵਾਲੇ ਪ੍ਰਾਰਥੀਆਂ ਨੂੰ 13500-26500/- ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ। ਇਸ ਦੇ ਲਈ ਉਮੀਦਵਾਰ ਦੀ ਉਮਰ 18 ਤੋਂ 45 ਸਾਲ ਹੋਣੀ ਚਾਹੀਦੀ ਹੈ। ਚਾਹਵਾਨ ਯੋਗ ਪ੍ਰਾਰਥੀ ਮਿਤੀ 24 ਜੁਲਾਈ ਦਿਨ ਸ਼ੁੱਕਰਵਾਰ ਨੂੰ ਸਵੇਰੇ 10:00 ਵਜੇ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਹਿਲੀ ਮੰਜਿਲ, ਐਮ.ਐਸ.ਡੀ.ਸੀ. ਬਿਲਡਿੰਗ, ਸਰਕਾਰੀ ਆਈ.ਟੀ.ਆਈ. ਕੰਪਲੈਕਸ, ਜਲੰਧਰ ਰੋਡ, ਹੁਸ਼ਿਆਰਪੁਰ ਵਿਖੇ ਆਪਣੇ ਰਿਜ਼ਿਊਮ ਦੀਆਂ 3-4 ਕਾਪੀਆਂ ਸਮੇਤ ਇਸ ਰੋਜ਼ਗਾਰ ਮੇਲਾ ਵਿਚ ਹਿੱਸਾ ਲੈ ਕੇ ਰੋਜ਼ਗਾਰ ਮੇਲੇ ਦਾ ਲਾਭ ਪ੍ਰਾਪਤ ਕਰ ਸਕਦੇ ਹਨ।

## ਧਿਆਨੂੰ ਮਾਜਰਾ 'ਚ ਧਾਰਮਿਕ ਸਮਾਗਮ ਕਰਵਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਗੁਰਦੁਆਰਾ ਭੋਰਾ ਸਾਹਿਬ, ਪਿੰਡ ਧਿਆਨੂੰ ਮਾਜਰਾ ਵਿਖੇ ਪੂਰਨ ਬ੍ਰਹਮ ਗਿਆਨੀ ਸੰਤ ਬਾਬਾ ਮਹਿੰਦਰ ਸਿੰਘ (ਧਿਆਨੂੰ ਮਾਜਰੇ ਵਾਲਿਆਂ) ਦੀ ਪਾਵਨ ਯਾਦ ਨੂੰ ਸਮਰਪਤ ਮਹਾਨ



ਗੁਰਮਤਿ ਸਮਾਗਮ ਕਰਵਾਇਆ ਗਿਆ। ਜਾਣਕਾਰੀ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਖੰਡ ਪਾਠਾਂ ਦੀ ਲੜੀ ਦੇ ਭੋਗ ਪਾਏ ਗਏ। ਇਹ ਸਮਾਗਮ ਗੁਰਦੁਆਰਾ ਭੋਰਾ ਸਾਹਿਬ ਦੇ ਮੌਜੂਦਾ ਮੁਖੀ ਸੰਤ ਬਾਬਾ ਬਲਵੀਰ ਸਿੰਘ ਧਿਆਨੂੰ ਮਾਜਰੇ ਵਾਲਿਆਂ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨ ਅਜੀਤ ਸਿੰਘ ਧਿਆਨੂੰ ਮਾਜਰਾ, ਸ਼ੇਰ ਸਿੰਘ, ਮਾਸਟਰ ਬਲਵੀਰ ਸਿੰਘ, ਸਰਬਜੀਤ ਸਿੰਘ, ਬਲਦੇਵ ਸਿੰਘ, ਸੁਖਵਿੰਦਰ ਸਿੰਘ (ਸੁੱਖਾ) ਪੋਹਲੋ ਮਾਜਰਾ, ਲਵੀ ਗੌਤਮ ਅਤੇ ਬਲਜਿੰਦਰ ਸਿੰਘ ਸਮੇਤ ਹੋਰ ਪ੍ਰਬੰਧਕਾਂ ਅਤੇ ਸੇਵਾਦਾਰਾਂ ਨੇ ਸਮਾਗਮ ਦੀ ਸਫ਼ਲਤਾ ਲਈ ਅਹਿਮ ਯੋਗਦਾਨ ਪਾਇਆ।ਇਸ ਮੌਕੇ ਸਮਾਗਮ ਦੌਰਾਨ ਬਾਬਾ ਸੁਖਬੀਰ ਸਿੰਘ ਕੰਧੋਲਾ, ਢਾਡੀ ਮਲਕੀਅਤ ਸਿੰਘ ਪਪਰਾਲੀ, ਬਾਬਾ ਸੁਖਜੀਤ ਸਿੰਘ ਮਾਣੇਮਾਜਰਾ, ਬਾਬਾ ਦਿਲਵਰ ਸਿੰਘ ਪੋਹਲੋਮਾਜਰਾ, ਬਾਬਾ ਗੁਰਵਿੰਦਰ ਸਿੰਘ ਪੰਡੋਰੀ, ਬਾਬਾ ਅਮ੍ਰਿਤਪਾਲ ਸਿੰਘ ਖੰਨਾ ਅਤੇ ਬਾਬਾ ਗੁਰਪ੍ਰੀਤ ਸਿੰਘ ਨੱਥੂ ਮਾਜਰੇ ਵਾਲਿਆਂ ਨੇ ਆਪਣੇ ਜਥਿਆਂ ਸਮੇਤ ਕਥਾ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਹਾਜ਼ਰੀ ਭਰਨ ਵਾਲੇ ਜੱਥਿਆਂ, ਮਹਾਂ ਪੁਰਸ਼ਾਂ ਅਤੇ ਪਤਵੰਤੇ ਸੱਜਣਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਦੇ ਕੇ ਸਨਮਾਨਤ ਕੀਤਾ ਗਿਆ।ਅਰਦਾਸ ਉਪਰੰਤ ਗੁਰੂ ਕਾ ਅਟੁੱਟ ਲੰਗਰ ਵਰਤਿਆ ।

## ਸੜਕ ਹਾਦਸੇ 'ਚ ਇੱਕ ਜ਼ਖ਼ਮੀ

**ਬਲਾਚੌਰ (ਜਸਵਿੰਦਰ ਬੈਂਸ)** ਬਲਾਚੌਰ-ਰੋਪੜ ਰਾਸ਼ਟਰੀ ਮਾਰਗ 'ਤੇ ਕਮਾਲਪੁਰ ਕੱਟ ਨੇੜੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਇੱਕ



ਅਣਪਛਾਤੇ ਵਾਹਨ ਦੀ ਫੇਟ ਲੱਗਣ ਕਾਰਨ ਸਕੂਟਰੀ ਚਾਲਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ, ਜਿਸ ਨੂੰ ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਸਿਵਲ ਹਸਪਤਾਲ ਬਲਾਚੌਰ ਵਿਖੇ ਭਰਤੀ ਕਰਵਾਇਆ। ?ਘਟਨਾ ਬਾਰੇ ਜਾਣਕਾਰੀ ਦਿੰਦਿਆਂ ਟੀਮ ਨੇ ਦੱਸਿਆ ਕਿ ਉਨ੍ਹਾਂ ਨੂੰ ਕਿਸੇ ਰਾਹਗੀਰ ਨੇ ਸੂਚਨਾ ਦਿੱਤੀ ਸੀ ਕਿ ਕਮਾਲਪੁਰ ਕੱਟ ਨੇੜੇ ਇੱਕ ਹਾਦਸਾ ਵਾਪਰ ਗਿਆ ਹੈ। ਸੂਚਨਾ ਮਿਲਦੇ ਹੀ ਜਦੋਂ ਸੜਕ ਸੁਰੱਖਿਆ ਫੋਰਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਕੀਤੀ ਤਾਂ ਪਤਾ ਲੱਗਿਆ ਕਿ ਅਮਨਦੀਪ ਕੌਰ , ਵਾਸੀ ਪਰਾਗਪੁਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਆਪਣੀ ਐਕਸੈਸ ਸਕੂਟਰੀ 'ਤੇ ਬਲਾਚੌਰ ਤੋਂ ਰੋਪੜ ਵਾਲੇ ਪਾਸੇ ਨਹਿਰ ਵਾਲੇ ਪਾਸੇ ਜਾ ਰਹੀ ਸੀ।ਇਸ ਦੌਰਾਨ ਕਿਸੇ ਅਣਪਛਾਤੇ ਵਾਹਨ ਨੇ ਉਸ ਦੀ ਸਕੂਟਰੀ ਨੂੰ ਜ਼ੋਰਦਾਰ ਫੇਟ ਮਾਰ ਦਿੱਤੀ, ਜਿਸ ਕਾਰਨ ਉਹ ਸਕੂਟਰੀ ਸਮੇਤ ਸੜਕ 'ਤੇ ਡਿੱਗ ਕੇ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਈ। ਹਾਦਸੇ ਤੋਂ ਤੁਰੰਤ ਬਾਅਦ ਟੀਮ ਨੇ ਜ਼ਖ਼ਮੀ ਲੜਕੀ ਨੂੰ ਇਲਾਜ ਲਈ ਸਿਵਲ ਹਸਪਤਾਲ ਬਲਾਚੌਰ ਪਹੁੰਚਾਇਆ।ਇਸ ਦੇ ਨਾਲ ਹੀ ਟੀਮ ਵੱਲੋਂ ਅਗਲੇਰੀ ਕਾਰਵਾਈ ਲਈ ਥਾਣਾ ਕਾਠਗੜ੍ਹ ਦੀ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਸੜਕ ਤੋਂ ਹਾਦਸਾਗ੍ਰਸਤ ਵਾਹਨ ਹਟਾ ਕੇ ਟਰੈਫਿਕ ਵਿਵਸਥਾ ਨੂੰ ਮੁਕੰਮਲ ਰੂਪ ਵਿੱਚ ਬਹਾਲ ਕਰਵਾ ਦਿੱਤਾ ਗਿਆ ਹੈ।

## ਮਾਈ ਭਾਰਤ ਦੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸਹਾਇਕ ਕਮਿਸ਼ਨਰ (ਜਨਰਲ), ਸਾਹਿਬਜ਼ਾਦਾ ਅਜੀਤ ਸਿੰਘ ਨਗਰ ਡਾ. ਅੰਕਿਤਾ ਕਾਂਸਲ. ਵੱਲੋਂ ਮਾਈ ਭਾਰਤ (ਮੇਰਾ ਯੁਵਾ ਭਾਰਤ) ਦੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ ਗਈ। ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵੱਖ-ਵੱਖ ਪਹਿਲਕਦਮੀਆਂ ਦੀ ਸਮੀਖਿਆ ਕੀਤੀ ਗਈ। ਮੀਟਿੰਗ ਦੌਰਾਨ ਮਾਈ ਭਾਰਤ ਸਬੰਧੀ ਵਿਸਥਾਰਪੂਰਵਕ ਪੇਸ਼ਕਾਰੀ ਡਿਪਟੀ ਡਾਇਰੈਕਟਰ ਮੋਹਿਤ ਕੁਮਾਰ ਸੈਣੀ ਵਲੋਂ ਦਿੱਤੀ ਗਈ। ਮਾਈ ਭਾਰਤ, ਯੁਵਕ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਅਧੀਨ ਇੱਕ ਖੁਦਮੁਖਤਿਆਰ ਸੰਸਥਾ ਹੈ, ਜਿਸ ਦੀ ਸ਼ੁਰੂਆਤ ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ 31 ਅਕਤੂਬਰ, 2023 ਨੂੰ ਕੀਤੀ ਗਈ ਸੀ। ਇਸ ਦਾ ਉਦੇਸ਼ ਮਜ਼ਬੂਤ, ਹੁਨਰਮੰਦ ਅਤੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਨੌਜਵਾਨ ਪੀੜ੍ਹੀ ਦਾ ਨਿਰਮਾਣ ਕਰਨਾ ਹੈ। ਮੀਟਿੰਗ ਵਿੱਚ ਦੱਸਿਆ ਗਿਆ ਕਿ ਮਾਈ ਭਾਰਤ 15 ਤੋਂ 29 ਸਾਲ ਦੀ ਉਮਰ ਦੇ ਨੌਜਵਾਨਾਂ ਲਈ ਇੱਕ ਏਕੀਕ੍ਰਿਤ ਡਿਜੀਟਲ ਪਲੇਟਫਾਰਮ ਹੈ, ਜਿਸ ਰਾਹੀਂ ਨੌਜਵਾਨਾਂ ਨੂੰ ਵਲੰਟੀਅਰਿੰਗ, ਤਜਰਬੇ ਅਧਾਰਿਤ ਸਿੱਖਿਆ, ਲੀਡਰਸ਼ਿਪ ਵਿਕਾਸ, ਹੁਨਰ ਵਿਕਾਸ, ਸਮਾਜ ਸੇਵਾ ਅਤੇ ਰਾਸ਼ਟਰ ਨਿਰਮਾਣ ਦੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਦੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ। ਸਹਾਇਕ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਮਾਈ ਭਾਰਤ ਵਲੰਟੀਅਰ ਰਜਿਸਟ੍ਰੇਸ਼ਨ ਲਈ ਵਿਸ਼ੇਸ਼ ਮੁਹਿੰਮ ਚਲਾਉਣ 'ਤੇ ਜ਼ੋਰ ਦਿੱਤਾ ਤਾਂ ਜੋ ਸਾਰੇ ਯੋਗ ਨੌਜਵਾਨਾਂ ਦੀ ਮਾਈ ਭਾਰਤ ਪੋਰਟਲ ਤੇ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾ ਸਕੇ। ਇਹ ਮੁਹਿੰਮ ਵਿਦਿਅਕ ਸੰਸਥਾਵਾਂ, ਯੁਵਾ ਸੰਗਠਨਾਂ, ਸਰਕਾਰੀ ਵਿਭਾਗਾਂ ਅਤੇ ਵਲੰਟੀਅਰਾਂ ਦੇ ਸਹਿਯੋਗ ਨਾਲ ਚਲਾਈ ਜਾਵੇਗੀ। ਉਨ੍ਹਾਂ ਵਿਦਿਅਕ ਸੰਸਥਾਵਾਂ ਨੂੰ ਰਜਿਸਟ੍ਰੇਸ਼ਨ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸਕੂਲਾਂ ਅਤੇ ਕਾਲਜਾਂ ਵਿੱਚ ਵਿਸ਼ੇਸ਼ ਰਜਿਸਟ੍ਰੇਸ਼ਨ ਕੈਂਪ ਲਗਾਏ ਜਾਣ।

## ਡਾਕਟਰ ਪਰਾਸ਼ਰ ਵੱਲੋਂ ਸਿਵਲ ਹਸਪਤਾਲ ਕਪੂਰਥਲਾ ਦੀ ਮੋਰਚਰੀ ਦਾ ਨਿਰੀਖਣ

**ਫਗਵਾੜਾ (ਡਾ. ਰਮਨ)**- ਸਿਵਲ ਸਰਜਨ ਡਾਕਟਰ ਰਾਜੀਵ ਪਰਾਸ਼ਰ ਵੱਲੋਂ ਸਿਵਲ ਹਸਪਤਾਲ ਕਪੂਰਥਲਾ ਸਥਿਤ ਮੋਰਚਰੀ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਦੌਰਾਨ ਮੋਰਚਰੀ ਵਿੱਚ ਸਫ਼ਾਈ, ਰੱਖ-ਰਖਾਅ, ਬਿਜਲੀ ਪ੍ਰਬੰਧ, ਕੋਲਡ ਚੈਂਬਰ ਦੀ ਕਾਰਜਸ਼ੀਲਤਾ, ਰਿਕਾਰਡਾਂ ਦੀ ਸਾਂਭ-ਸੰਭਾਲ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਨਿਰੀਖਣ ਦੌਰਾਨ ਸਿਵਲ ਸਰਜਨ ਡਾਕਟਰ ਰਾਜੀਵ ਪਰਾਸ਼ਰ ਨੇ ਸੰਬੰਧਤ ਸਟਾਫ਼ ਨੂੰ ਮੋਰਚਰੀ ਵਿੱਚ ਸਫ਼ਾਈ ਦੇ ਉੱਚ ਮਿਆਰ ਬਣਾਈ ਰੱਖਣ, ਬਾਇਓ-ਮੈਡੀਕਲ ਵੇਸਟ ਦੇ ਨਿਯਮਾਂ ਅਨੁਸਾਰ ਨਿਪਟਾਰੇ ਨੂੰ ਯਕੀਨੀ ਬਣਾਉਣ ਅਤੇ ਮ੍ਰਿਤਕਾਂ ਦੇ ਵਾਰਸਾਂ ਨਾਲ ਸੰਵੇਦਨਸ਼ੀਲ ਅਤੇ ਸਨਮਾਨਜਨਕ ਵਿਵਹਾਰ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਸਾਰੇ ਰਿਕਾਰਡ ਨਿਯਮਾਂ ਅਨੁਸਾਰ ਅਪਡੇਟ ਰੱਖਣ ਅਤੇ ਉਪਕਰਨਾਂ ਦੀ ਸਮੇਂ-ਸਮੇਂ 'ਤੇ ਜਾਂਚ ਕਰਨ ਲਈ ਵੀ ਕਿਹਾ ਗਿਆ।ਡਾਕਟਰ ਪਰਾਸ਼ਰ ਨੇ ਕਿਹਾ ਕਿ ਮਰੀਜ਼ਾਂ ਅਤੇ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਅਜਿਹੇ ਨਿਰੀਖਣ ਨਿਯਮਤ ਤੌਰ 'ਤੇ ਜਾਰੀ ਰਹਿਣਗੇ, ਤਾਂ ਜੋ ਸਿਹਤ ਸੰਸਥਾਵਾਂ ਵਿੱਚ ਗੁਣਵੱਤਾ ਅਤੇ ਪਾਰਦਰਸ਼ਤਾ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਸਿਵਲ ਸਰਜਨ ਨੇ ਹਦਾਇਤ ਕੀਤੀ ਕਿ ਹਸਪਤਾਲ ਦੀ ਮੋਰਚਰੀ, ਜਿੱਥੇ ਪੋਸਟਮਾਰਟਮ ਕੀਤੇ ਜਾਂਦੇ ਹਨ, ਦੀ ਚੈਕਿੰਗ ਸਮੇਂ ਸਮੇਂ 'ਤੇ ਕੀਤੀ ਜਾਵੇ।ਮੋਰਚਰੀ ਵਿੱਚ ਲੱਗੇ ਸਾਰੇ ਫ੍ਰੀਜ਼ਰ ਪੂਰੀ ਤਰ੍ਹਾਂ ਕਾਰਜਸ਼ੀਲ ਹੋਣੇ ਚਾਹੀਦੇ ਹਨ।



ਕੋਈ ਵੀ ਲਾਵਾਰਿਸ ਲਾਸ਼ ਮੋਰਚਰੀ ਵਿੱਚ ਤਿੰਨ ਦਿਨਾਂ ਤੋਂ ਵੱਧ ਸਮੇਂ ਲਈ ਨਹੀਂ ਰਹਿਣੀ ਚਾਹੀਦੀ। ਜੇਕਰ ਕੋਈ ਲਾਵਾਰਿਸ ਲਾਸ਼ ਤਿੰਨ ਦਿਨਾਂ ਤੋਂ ਵੱਧ ਸਮੇਂ ਤੋਂ ਮੋਰਚਰੀ ਵਿੱਚ ਪਈ ਹੋਵੇ ਤਾਂ ਉਸ ਦੇ ਪੋਸਟਮਾਰਟਮ ਅਤੇ ਨਿਪਟਾਰੇ ਲਈ ਤੁਰੰਤ ਪੁਲਸ ਅਧਿਕਾਰੀਆਂ ਨਾਲ ਸੰਪਰਕ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਐਸ.ਐਮ.ਓ. ਖੁਦ ਨਿੱਜੀ ਤੌਰ 'ਤੇ ਮੋਰਚਰੀ ਦੀ ਜਾਂਚ ਕਰਨਾ ਯਕੀਨੀ ਬਣਾਉਣ।ਮੰਗਲਵਾਰ ਐਸ ਡੀ ਐਚ ਸੁਲਤਾਨਪੁਰ ਲੋਧੀ ਤੇ ਫਗਵਾੜਾ ਦੀਆਂ ਮੋਰਚਰੀਆਂ ਦੀ ਵੀ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਸਹਾਇਕ ਸਿਵਲ ਸਰਜਨ ਡਾਕਟਰ ਅੰਨੂ ਸ਼ਰਮਾ, ਸੁਪਰਡੈਂਟ ਰਾਮ ਅਵਤਾਰ ਹਾਜ਼ਰ ਸਨ।

## ਆਰ ਟੀ ਓ ਨੇ ਨਿਯਮਾਂ ਦੀ ਉਲੰਘਣਾ ਕਰਨ 'ਤੇ ਦੋ ਬੱਸਾਂ ਦੇ ਕੀਤੇ ਚਲਾਨ

**ਹੁਸ਼ਿਆਰਪੁਰ, (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਅਨੁਸਾਰ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਖੇਤਰੀ ਟਰਾਂਸਪੋਰਟ ਅਫ਼ਸਰ (ਆਰ ਟੀ ਓ) ਅਮਨਦੀਪ ਕੌਰ ਘੁੰਮਣ ਨੇ ਮੰਗਲਵਾਰ ਨੂੰ ਜ਼ਿਲ੍ਹੇ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਵਾਹਨਾਂ ਦੀ ਵਿਸ਼ੇਸ਼ ਜਾਂਚ



ਮੁਹਿੰਮ ਚਲਾਈ। ਇਸ ਦੌਰਾਨ ਵੱਖ-ਵੱਖ ਸਕੂਲਾਂ ਦੀਆਂ ਕੁੱਲ 15 ਸਕੂਲ ਬੱਸਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ। ਜਾਂਚ ਦੌਰਾਨ ਬੱਸਾਂ ਦੇ ਲੋੜੀਂਦੇ ਦਸਤਾਵੇਜ਼, ਫਿਟਨੈੱਸ ਸਰਟੀਫਿਕੇਟ, ਪਰਮਿਟ, ਬੀਮਾ, ਪ੍ਰਦੂਸ਼ਣ ਸਰਟੀਫਿਕੇਟ, ਅੱਗ ਬੁਝਾਉਣ ਵਾਲੇ ਯੰਤਰ, ਮੁੱਢਲੀ ਸਹਾਇਤਾ ਕਿੱਟ, ਜੀ ਪੀ ਐਸ, ਸੀ ਸੀ ਟੀ ਵੀ ਕੈਮਰੇ ਅਤੇ ਹੋਰ ਸੁਰੱਖਿਆ ਮਾਪਦੰਡਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਸੁਰੱਖਿਆ ਨਿਯਮਾਂ ਦੀ ਉਲੰਘਣਾ ਪਾਏ ਜਾਣ 'ਤੇ 2 ਸਕੂਲ ਬੱਸਾਂ ਦੇ ਚਲਾਨ ਕੀਤੇ ਗਏ।ਆਰ ਟੀ ਓ ਅਮਨਦੀਪ ਕੌਰ ਘੁੰਮਣ ਨੇ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਸਕੂਲ ਵਾਹਨਾਂ ਲਈ ਨਿਰਧਾਰਤ ਸਾਰੇ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸੇਫ ਸਕੂਲ ਵਾਹਨ ਨੀਤੀ ਤਹਿਤ ਅਜਿਹੀਆਂ ਵਿਸ਼ੇਸ਼ ਜਾਂਚ ਮੁਹਿੰਮਾਂ ਭਵਿੱਖ ਵਿੱਚ ਵੀ ਨਿਯਮਿਤ ਤੌਰ 'ਤੇ ਜਾਰੀ ਰਹਿਣਗੀਆਂ। ਨਿਯਮਾਂ ਦੀ ਅਣਦੇਖੀ ਕਰਨ ਵਾਲੇ ਵਾਹਨ ਚਾਲਕਾਂ/ਸੰਚਾਲਕਾਂ ਵਿਰੁੱਧ ਮੋਟਰ ਵਾਹਨ ਐਕਟ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ, ਤਾਂ ਜੋ ਵਿਦਿਆਰਥੀਆਂ ਨੂੰ ਸੁਰੱਖਿਅਤ ਅਤੇ ਸੁਚੱਜੀ ਆਵਾਜਾਈ ਸਹੂਲਤ ਮੁਹੱਈਆ ਕਰਵਾਈ ਜਾ ਸਕੇ।

## ਬਿਜਲੀ ਮੁਲਾਜ਼ਮ ਦੋ ਦਿਨਾਂ ਦੀ ਸਮੂਹਿਕ ਛੁੱਟੀ ਲੈ ਕੇ ਹੜਤਾਲ 'ਤੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬਿਜਲੀ ਮੁਲਾਜ਼ਮਾਂ ਦੇ ਸਾਂਝੇ ਫਰੰਟ 'ਤੇ ਸਥਾਨਕ ਬਿਜਲੀ ਕਰਮਚਾਰੀਆਂ ਨੇ ਉਪ ਮੰਡਲ ਦਫ਼ਤਰ ਮੂਹਰੇ ਗੇਟ ਰੈਲੀ ਕੀਤੀ। ਗੇਟ ਰੈਲੀ ਦੀ ਪ੍ਰਧਾਨਗੀ



ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਪ੍ਰਧਾਨ ਇੰਦਰਜੀਤ ਸਿੰਘ ਅਤੇ ਐਂਪਲਾਈਜ਼ ਫੈਡਰੇਸ਼ਨ ਪ੍ਰਧਾਨ ਕੁਲਦੀਪ ਸਿੰਘ ਕੀਤੀ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜ਼ਮੈਂਟ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨ ਕੇ ਕਰਮਚਾਰੀਆਂ ਨਾਲ ਧੋਖਾ ਕਰ ਰਹੀ ਹੈ। ਮੈਨੇਜਮੈਂਟ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਵੀ ਲਾਗੂ ਕਰਨ ਤੋਂ ਭੱਜ ਰਹੀ ਹੈ ਜਿਸ ਦੇ ਖਿਲਾਫ਼ ਬਿਜਲੀ ਮੁਲਾਜ਼ਮਾਂ 'ਚ ਰੋਸ ਹੈ। ਸਰਕਾਰ ਤੇ ਮੈਨੇਜਮੈਂਟ ਦੀ ਵਾਅਦਾ ਖ਼ਿਲਾਫ਼ੀ ਵਿਰੁਧ ਬਿਜਲੀ ਮੁਲਾਜ਼ਮ ਬੀਤੀ ਅੱਧੀ ਰਾਤ ਤੋਂ ਦੋ ਰੋਜ਼ਾ ਸਮੂਹਿਕ ਹੜਤਾਲ 'ਤੇ ਚਲੇ ਗਏ ਹਨ, ਇਨ੍ਹਾਂ ਦਿਨਾਂ 'ਚ ਕੋਈ ਵੀ ਮੁਲਾਜ਼ਮ ਡਿਊਟੀ ਨਹੀਂ ਕਰੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਤਾਂ ਸੰਘਰਸ਼ ਨੂੰ ਤੇਜ਼ ਕਰਦਿਆਂ ਸਮੂਹਿਕ ਛੁੱਟੀ 'ਚ ਵਾਧਾ ਕੀਤਾ ਜਾਵੇਗਾ। ਹੋਰਨਾਂ ਤੋਂ ਇਲਾਵਾ ਇਸ ਮੌਕੇ ਇੰਦਰਜੀਤ ਸਿੰਘ, ਸਰਬਜੀਤ ਸਿੰਘ, ਰਾਜੇਸ਼ ਕੁਮਾਰ, ਕੁਲਦੀਪ ਸਿੰਘ, ਅਸ਼ੋਕ ਕੁਮਾਰ, ਰਜਿੰਦਰ ਕੁਮਾਰ, ਵਿਨੇ ਕੁਮਾਰ, ਸੁਨੀਲ ਪਲਿਆਲ, ਅਮਿਤ ਕੁਮਾਰ, ਉਂਕਾਰ ਸਿੰਘ, ਨਰਿੰਦਰ ਕੁਮਾਰ, ਦਿਨੇਸ਼ ਕੁਮਾਰ, ਰਾਜੀਵ ਮਾਲੀਆ ਆਦਿ ਹਾਜ਼ਰ ਸਨ।